ਚੰਡੀਗੜ੍ਹ/ਗੜ੍ਹਸ਼ੰਕਰ, 5 ਜੂਨ (ਚ.ਨ.ਸ.): ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਵੱਲੋਂ ਸ਼ੇਰੇ-ਏ-ਪੰਜਾਬ ਮੈਰਿਜ ਪੈਲੇਸ, ਪਿੰਡ ਪਦਰਾਣਾ ਵਿਖੇ ਇੱਕ ਵਿਸ਼ੇਸ਼ ਲੋਕ ਮਿਲਣੀ ਕੀਤੀ ਗਈ। ਇਸ ਲੋਕ ਮਿਲਣੀ 'ਚ ਇਲਾਕੇ ਦੇ ਵੱਖ-ਵੱਖ ਪਿੰਡਾਂ ਤੋਂ ਵੱਡੀ ਗਿਣਤੀ 'ਚ ਲੋਕਾਂ ਨੇ ਸ਼ਮੂਲੀਅਤ ਕਰਦਿਆਂ ਆਪਣੀਆਂ ਸਮੱਸਿਆਵਾਂ, ਮੰਗਾਂ ਤੇ ਵਿਕਾਸ ਨਾਲ ਸਬੰਧਤ ਮੁੱਦੇ ਡਿਪਟੀ ਸਪੀਕਰ ਦੇ ਧਿਆਨ 'ਚ ਲਿਆਂਦੇ। ਲੋਕ ਮਿਲਣੀ ਦੌਰਾਨ ਡਿਪਟੀ ਸਪੀਕਰ ਰੌੜੀ ਨੇ ਹਰ ਇੱਕ ਸ਼ਿਕਾਇਤ ਤੇ ਮੰਗ ਨੂੰ ਗੰਭੀਰਤਾ ਨਾਲ ਸੁਣਦਿਆਂ ਮੌਕੇ 'ਤੇ ਹੀ ਮੌਜੂਦ ਸਬੰਧਤ ਅਧਿਕਾਰੀਆਂ ਨੂੰ ਲੋੜੀਂਦੇ ਨਿਰਦੇਸ਼ ਜਾਰੀ ਕੀਤੇ ਤੇ ਕਿਹਾ ਕਿ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਦੇ ਚੱਕਰ ਕੱਟਣ ਲਈ ਮਜਬੂਰ ਨਹੀਂ ਕਰਨਾ ਚਾਹੀਦਾ। ਡਿਪਟੀ ਸਪੀਕਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਚਲਾਈ "ਸਰਕਾਰ ਤੁਹਾਡੇ ਦੁਆਰ" ਮੁਹਿੰਮ ਤਹਿਤ ਲੋਕਾਂ ਦੀਆਂ ਸਮੱਸਿਆਵਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਹੀ ਹੱਲ ਕਰਨ ਲਈ ਪੰਜਾਬ ਸਰਕਾਰ ਵਚਨਬੱਧ ਹੈ। ਲੋਕ ਮਿਲਣੀਆਂ ਦਾ ਮਕਸਦ ਵੀ ਆਮ ਲੋਕਾਂ ਤੇ ਪ੍ਰਸ਼ਾਸਨ ਵਿਚਕਾਰ ਦੂਰੀ ਘਟਾਉਣਾ ਤੇ ਲੋਕਾਂ ਨੂੰ ਤੁਰੰਤ ਰਾਹਤ ਪ੍ਰਦਾਨ ਕਰਨਾ ਸ਼ਾਮਲ ਹੈ।

ਰੌੜੀ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਲੋਕਾਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਲਈ ਨਿਰਧਾਰਤ ਸਮਾਂ-ਸੀਮਾ ਤੈਅ ਕੀਤੀ ਜਾਵੇ ਤੇ ਲੰਬਿਤ ਪਏ ਮਾਮਲਿਆਂ ਨੂੰ ਤਰਜੀਹ ਦੇ ਆਧਾਰ 'ਤੇ ਹੱਲ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨਾ ਹੀ ਲੋਕ ਪ੍ਰਤੀਨਿਧੀਆਂ ਤੇ ਪ੍ਰਸ਼ਾਸਨ ਦੀ ਸਾਂਝੀ ਜ਼ਿੰਮੇਵਾਰੀ ਹੈ। ਇਸ ਮੌਕੇ ਡਿਪਟੀ ਸਪੀਕਰ ਰੌੜੀ ਨੇ ਹਾਜ਼ਰ ਲੋਕਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਹਲਕਾ ਗੜ੍ਹਸ਼ੰਕਰ ਦੇ ਵਿਕਾਸ ਲਈ ਕਈ ਮਹੱਤਵਪੂਰਨ ਪ੍ਰੋਜੈਕਟ ਚਲਾਏ ਜਾ ਰਹੇ ਹਨ ਤੇ ਆਉਣ ਵਾਲੇ ਸਮੇਂ 'ਚ ਵਿਕਾਸ ਕਾਰਜਾਂ ਨੂੰ ਹੋਰ ਤੇਜ਼ੀ ਨਾਲ ਅੱਗੇ ਵਧਾਇਆ ਜਾਵੇਗਾ। ਪ੍ਰੋਗਰਾਮ ਦੇ ਅੰਤ 'ਚ ਲੋਕਾਂ ਨੇ ਰੌੜੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੀਆਂ ਲੋਕ ਮਿਲਣੀਆਂ ਨਾਲ ਆਮ ਲੋਕਾਂ ਨੂੰ ਆਪਣੀ ਗੱਲ ਸਿੱਧੇ ਤੌਰ 'ਤੇ ਪ੍ਰਸ਼ਾਸਨ ਤੇ ਲੋਕ ਪ੍ਰਤੀਨਿਧੀਆਂ ਤੱਕ ਪਹੁੰਚਾਉਣ ਦਾ ਮੌਕਾ ਮਿਲਦਾ ਹੈ, ਜਿਸ ਨਾਲ ਸਮੱਸਿਆਵਾਂ ਦੇ ਹੱਲ ਦੀ ਪ੍ਰਕਿਰਿਆ ਹੋਰ ਪ੍ਰਭਾਵਸ਼ਾਲੀ ਬਣਦੀ ਹੈ। ਇਸ ਲੋਕ ਮਿਲਣੀ ਦੌਰਾਨ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਇਲਾਕੇ ਦੇ ਪਤਵੰਤੇ ਵਿਅਕਤੀ, ਪੰਚਾਇਤੀ ਨੁਮਾਇੰਦੇ, ਸਮਾਜ ਸੇਵੀ, ਪਾਰਟੀ ਆਗੂ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਸਨ।

ਈ.ਟੀ.ਓ. ਵੱਲੋਂ ਸੂਬੇ ਦੇ ਸੜਕ ਵਿਕਾਸ ਕਾਰਜਾਂ ਦਾ ਜਾਇਜ਼ਾ, ਮਾਨਸੂਨ ਸੀਜ਼ਨ ਤੋਂ ਪਹਿਲਾਂ ਸਖ਼ਤੀ ਨਾਲ ਨਿਗਰਾਨੀ ਦੇ ਦਿੱਤੇ ਨਿਰਦੇਸ਼

ਚੰਡੀਗੜ੍ਹ, 5 ਜੂਨ (ਚ.ਨ.ਸ.): ਪੰਜਾਬ ਦੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਪੀ.ਆਰ.ਬੀ.ਡੀ.ਬੀ. ਦਫ਼ਤਰ, ਐਸ.ਏ.ਐਸ. ਨਗਰ (ਮੁਹਾਲੀ) ਵਿਖੇ ਹੋਈ ਮੀਟਿੰਗ ਦੌਰਾਨ ਪੰਜਾਬ ਭਰ ਵਿੱਚ ਸੜਕ ਵਿਕਾਸ ਕਾਰਜਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ। ਕੈਬਨਿਟ ਮੰਤਰੀ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਲੋਂ ਸੂਬੇ 'ਚ 45000 ਕਿਲੋਮੀਟਰ ਸੜਕਾਂ ਦੇ ਨਿਰਮਾਣ ਅਤੇ ਨਵੀਨੀਕਰਨ ਦੇ ਕੰਮ ਕਰਵਾਏ ਜਾ ਰਹੇ ਹਨ। ਮੀਟਿੰਗ ਦੌਰਾਨ ਉਨ੍ਹਾਂ ਲੋਕ ਨਿਰਮਾਣ ਵਿਭਾਗ ਦੇ ਅਧਿਕਾਰ ਖੇਤਰ ਵਿੱਚ ਆਉਣ ਵਾਲੇ ਰਾਜ ਮਾਰਗਾਂ ਤੇ ਲਿੰਕ ਸੜਕਾਂ ਨਾਲ ਸਬੰਧਤ ਚੱਲ ਰਹੇ ਕੰਮਾਂ ਦੀ ਹਲਕਾ ਅਤੇ ਮੰਡਲ-ਵਾਰ ਸਥਿਤੀ ਦਾ ਮੁਲਾਂਕਣ ਕੀਤਾ। ਮਿੱਥੇ ਸਮੇ ਵਿੱਚ ਕੰਮਾਂ ਨੂੰ ਮੁਕੰਮਲ ਕਰਨ ਤੇ ਜ਼ੋਰ ਦਿੰਦਿਆਂ ਕੈਬਨਿਟ ਮੰਤਰੀ ਨੇ ਸਾਰੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਮਾਨਸੂਨ ਸੀਜ਼ਨ ਦੀ ਸ਼ੁਰੂਆਤ ਤੋਂ ਪਹਿਲਾਂ-ਪਹਿਲਾਂ ਚੱਲ ਰਹੇ ਹਰੇਕ ਕੰਮ ਨੂੰ ਮੁਕੰਮਲ ਕਰਨਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਨੇ ਇੰਜੀਨੀਅਰ-ਇਨ-ਚੀਫ਼ ਗਗਨਦੀਪ ਸਿੰਘ ਨੂੰ ਪ੍ਰਗਤੀ ਦੀ ਰੋਜ਼ਾਨਾ ਆਧਾਰ 'ਤੇ ਨਿਗਰਾਨੀ ਕਰਨ ਅਤੇ ਹਰੇਕ ਪ੍ਰੋਜੈਕਟ ਲਈ ਰੋਜ਼ਾਨਾ ਆਧਾਰ 'ਤੇ ਪ੍ਰਗਤੀ ਦੀ ਮਾਨੀਟ੍ਰਿੰਗ ਸ਼ੀਟ ਬਣਾਉਣ ਦੇ ਨਿਰਦੇਸ਼ ਦਿੱਤੇ ਤਾਂ ਜੋ ਕੋਈ ਵੀ ਕੰਮ ਸਮਾਂ-ਸੀਮਾ ਤੋਂ ਨਾ ਖੁੰਝੇ। ਉਨ੍ਹਾਂ ਅੱਗੇ ਹਦਾਇਤ ਕੀਤੀ ਕਿ ਲੁੱਕ ਤੇ ਹੋਰ ਸਾਰੀ ਲੋੜੀਂਦੀ ਉਸਾਰੀ ਸਮੱਗਰੀ ਦਾ ਭੰਡਾਰਣ ਕਰ ਕੇ ਕੰਮਾਂ ਨੂੰ ਨਿਰਵਿਘਨ ਨੇਪਰੇ ਚਾੜ੍ਹਨਾ ਯਕੀਨੀ ਬਣਾਇਆ ਜਾਵੇ।

ਕੁਆਲਿਟੀ ਕੰਟਰੋਲ 'ਤੇ ਜ਼ੋਰ ਦਿੰਦਿਆਂ ਲੋਕ ਨਿਰਮਾਣ ਮੰਤਰੀ ਨੇ ਅਧਿਕਾਰੀਆਂ ਨੂੰ ਚੰਗੀ ਮਿਆਰ ਦੇ ਕੰਮ ਕਰਵਾਉਣ ਨੂੰ ਯਕੀਨੀ ਬਣਾਉਣ ਦੀ ਸਰਕਾਰ ਦੀ ਜ਼ੀਰੋ ਟੌਲਰਸ ਨੀਤੀ ਬਾਰੇ ਆਗਾਹ ਕੀਤਾ ਤਾਂ ਜੋ ਲੋਕਾਂ ਦਾ ਪੈਸਾ ਕਿਸੇ ਵੀ ਰੂਪ ਵਿੱਚ ਬਰਬਾਦ ਨਾ ਹੋਵੇ। ਉਨ੍ਹਾਂ ਅੱਗੇ ਹਦਾਇਤ ਕੀਤੀ ਕਿ ਸਬੰਧਤ ਅਧਿਕਾਰੀਆਂ ਵੱਲੋਂ ਹਰ ਪੱਧਰ 'ਤੇ ਨਿਰੰਤਰ ਜਾਂਚ ਅਤੇ ਨਿਰੀਖਣ ਕੀਤਾ ਜਾਵੇ ਤਾਂ ਜੋ ਜ਼ਮੀਨੀ ਪੱਧਰ 'ਤੇ ਉੱਚ ਮਿਆਰਾਂ ਨੂੰ ਸਖ਼ਤੀ ਨਾਲ ਕਾਇਮ ਰੱਖਿਆ ਜਾ ਸਕੇ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਉਹ ਹਰ ਪੜਾਅ 'ਤੇ ਲੋੜੀਂਦੇ ਸਾਈਨ ਬੋਰਡ, ਲੇਨ ਮਾਰਕਿੰਗ ਤੇ ਕੁਆਲਿਟੀ ਕੰਟਰੋਲ ਮਾਪਦੰਡਾਂ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਉਣ। ਕੈਬਨਿਟ ਮੰਤਰੀ ਨੇ ਸਾਰੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਫੰਡਾਂ ਸਬੰਧੀ ਬਕਾਇਆ ਮੰਗਾਂ ਤੁਰੰਤ ਦਰਜ ਕਰਕੇ ਅਦਾਈਗੀਆਂ ਕੀਤੀਆਂ ਜਾਣ ਤਾਂ ਜੋ ਕੰਮਾਂ ਦੀ ਪ੍ਰਗਤੀ ਵਿੱਚ ਕੋਈ ਦੇਰੀ ਨਾ ਹੋਵੇ। ਲੋਕ ਨਿਰਮਾਣ ਮੰਤਰੀ ਨੇ ਕਿਹਾ ਕਿ ਉਹ ਮੁੜ ਛੇਤੀ ਹੀ ਕੰਮਾਂ ਦੀ ਪ੍ਰਗਤੀ ਦੀ ਦੁਬਾਰਾ ਸਮੀਖਿਆ ਕਰਨਗੇ ਅਤੇ ਮੀਟਿੰਗ ਦੌਰਾਨ ਜਾਰੀ ਨਿਰਦੇਸ਼ਾਂ ਦੀ ਪਾਲਣਾ ਦਾ ਜਾਇਜ਼ਾ ਵੀ ਲੈਣਗੇ। ਮੀਟਿੰਗ ਵਿੱਚ ਹਾਜ਼ਰ ਮਹਿਕਮੇ ਦੇ ਅਧਿਕਾਰੀਆਂ ਵਿੱਚ ਇੰਜੀਨੀਅਰ-ਇਨ-ਚੀਫ਼ ਗਗਨਦੀਪ ਸਿੰਘ, ਮੁੱਖ ਇੰਜੀਨੀਅਰਜ਼ ਅਨਿਲ ਗੁਪਤਾ, ਅਰਸਦੀਪ ਸਿੰਘ ਤੇ ਸਾਰੇ ਸੁਪਰੀਟੈਂਡਟ ਇੰਜੀਨੀਅਰ ਸ਼ਾਮਿਲ ਸਨ।

ਪੱਛਮੀ ਕਮਾਨ, ਸੀਮਾ ਸੁਰੱਖਿਆ ਬਲ ਨੇ ਵਿਸ਼ਵ ਵਾਤਾਵਰਨ ਦਿਵਸ ਮੌਕੇ 'ਰੁੱਖ ਲਗਾਓ' ਮੁਹਿੰਮ ਚਲਾਈ

ਚੰਡੀਗੜ੍ਹ, 5 ਜੂਨ (ਚ.ਨ.ਸ.): ਸੀਮਾ ਸੁਰੱਖਿਆ ਬਲ, ਪੱਛਮੀ ਕਮਾਂਡ ਨੇ 5 ਜੂਨ ਨੂੰ 'ਵਿਸ਼ਵ ਵਾਤਾਵਰਣ ਦਿਵਸ' ਦੇ ਮੌਕੇ 'ਤੇ ਇੱਕ ਵੱਡੇ ਪੈਮਾਨੇ 'ਤੇ ਰੁੱਖ ਲਗਾਓ ਮੁਹਿੰਮ ਚਲਾਈ, ਜੋ ਕਿ ਵਾਤਾਵਰਨ ਦੀ ਸੁਰੱਖਿਆ ਤੇ ਟਿਕਾਊ ਜੀਵਨ ਪ੍ਰਤੀ ਬਲ ਦੀ ਅਟੁੱਟ ਵਚਨਬੱਧਤਾ ਨੂੰ ਦਰਸਾਉਂਦੀ ਹੈ। ਸਤੀਸ਼ ਐਸ ਖੰਡਾਰੇ, ਆਈਏਐੱਸ, ਐਡੀਸ਼ਨਲ ਡਾਇਰੈਕਟਰ ਜਨਰਲ, ਪੱਛਮੀ ਕਮਾਂਡ, ਸੀਮਾ ਸੁਰੱਖਿਆ ਬਲ ਨੇ ਇੱਕ ਪੌਦਾ ਲਗਾ ਕੇ ਰਸਮੀ ਤੌਰ 'ਤੇ ਮੁਹਿੰਮ ਦੀ ਸ਼ੁਰੂਆਤ ਕੀਤੀ। ਇਸ ਪ੍ਰੋਗਰਾਮ ਵਿੱਚ ਅਧਿਕਾਰੀਆਂ, ਜਵਾਨਾਂ ਤੇ ਨਾਗਰਿਕਾਂ ਨੇ ਸਰਗਰਮੀ ਨਾਲ ਹਿੱਸਾ ਲਿਆ, ਜੋ ਕਿ ਵਾਤਾਵਰਣ ਦੀ ਸੁਰੱਖਿਆ ਪ੍ਰਤੀ ਫੋਰਸ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਸੀਮਾ ਸੁਰੱਖਿਆ ਬਲ ਦੇ ਲਖਨੌਰ ਕੈਂਪਸ ਵਿੱਚ ਨਿੰਮ, ਪਿੱਪਲ, ਅਸ਼ੋਕਾ ਤੇ ਫਲਦਾਰ ਬੂਟਿਆਂ ਸਮੇਤ ਸਥਾਨਕ ਬੂਟੇ ਲਗਾਏ ਗਏ। ਇਸ ਮੌਕੇ 'ਤੇ ਬੋਲਦੇ ਹੋਏ, ਐਡੀਸ਼ਨਲ ਡਾਇਰੈਕਟਰ ਜਨਰਲ, ਪੱਛਮੀ ਕਮਾਂਡ ਨੇ ਵਾਤਾਵਰਣ ਦੀ ਸੁਰੱਖਿਆ ਲਈ ਹਰੇਕ ਨਾਗਰਿਕ ਤੇ ਵਰਦੀਧਾਰੀ ਕਰਮਚਾਰੀਆਂ ਦੀ ਜ਼ਿੰਮੇਵਾਰੀ 'ਤੇ ਜ਼ੋਰ ਦਿੱਤਾ ਅਤੇ ਇੱਕ ਹਰਿਆਲੀ ਤੇ ਟਿਕਾਊ ਭਾਰਤ ਪ੍ਰਤੀ ਸੀਮਾ ਸੁਰੱਖਿਆ ਬਲ ਦੇ ਸੰਕਲਪ ਨੂੰ ਦੁਹਰਾਇਆ। ਬਿਹਤਰ ਜੀਵਨ ਨਿਰਬਾਹ ਨੂੰ ਯਕੀਨੀ ਬਣਾਉਣ ਲਈ ਵਿਸ਼ਵ ਵਾਤਾਵਰਣ ਦਿਵਸ ਤੇ ਮੌਨਸੂਨ ਦੇ ਮੌਸਮ ਦੌਰਾਨ ਅਜਿਹੀਆਂ ਮੁਹਿੰਮਾਂ ਵਿੱਚ ਸੀਮਾ ਸੁਰੱਖਿਆ ਬਲ ਵੱਲੋਂ ਹਰ ਸਾਲ ਬੂਟੇ ਲਗਾਏ ਜਾਂਦੇ ਹਨ।

ਇਹ ਰੁੱਖ ਲਗਾਓ ਮੁਹਿੰਮ ਕਸ਼ਮੀਰ ਤੋਂ ਲੈ ਕੇ ਗੁਜਰਾਤ ਤੱਕ ਸਾਰੇ ਫਰੰਟੀਅਰ ਹੈੱਡਕੁਆਰਟਰਾਂ 'ਚ ਬੀਓਪੀ ਪੱਧਰ ਤੱਕ ਆਯੋਜਿਤ ਕੀਤੀ ਗਈ, ਜਿਸ ਵਿੱਚ ਜਵਾਨਾਂ ਦੇ ਪਰਿਵਾਰਕ ਮੈਂਬਰਾਂ ਨੇ ਵੀ ਪੂਰੇ ਉਤਸ਼ਾਹ ਤੇ ਜੋਸ਼ ਨਾਲ ਹਿੱਸਾ ਲਿਆ। ਮਾਰੂਥਲ, ਮਿੱਟੀ ਦੇ ਖੁਰਨ ਆਦਿ ਵਰਗੀਆਂ ਵਾਤਾਵਰਣਿਕ ਸਮੱਸਿਆਵਾਂ ਨਾਲ ਨਿਪਟਣ ਲਈ ਇਸ ਰੁੱਖ ਲਗਾਓ ਮੁਹਿੰਮ 'ਚ ਰੇਗਿਸਤਾਨ, ਖਾੜੀ, ਬੰਜਰ ਜ਼ਮੀਨਾਂ ਆਦਿ ਮੁੱਖ ਖੇਤਰ ਹਨ। ਇਸ ਰੁੱਖ ਲਗਾਓ ਮੁਹਿੰਮ ਦੌਰਾਨ ਪੱਛਮੀ ਸਰਹੱਦ ਦੇ ਪੂਰੇ ਖੇਤਰ ਵਿੱਚ 65 ਹਜ਼ਾਰ ਤੋਂ ਵੱਧ ਬੂਟੇ ਲਗਾਏ ਗਏ ਹਨ। ਐਡੀਸ਼ਨਲ ਡਾਇਰੈਕਟਰ ਜਨਰਲ, ਪੱਛਮੀ ਕਮਾਂਡ ਨੇ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਸੀਮਾ ਸੁਰੱਖਿਆ ਬਲ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਦੇ ਆਪਣੇ ਮੁੱਢਲੇ ਉਦੇਸ਼ਾਂ ਦੇ ਨਾਲ-ਨਾਲ ਆਪਣੀਆਂ ਸਮਾਜਿਕ ਜ਼ਿੰਮੇਵਾਰੀਆਂ ਪ੍ਰਤੀ ਹਮੇਸ਼ਾ ਵਚਨਬੱਧ ਰਿਹਾ ਹੈ।

ਸੀ.ਈ.ਓ. ਪੰਜਾਬ ਨੇ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਸਬੰਧੀ ਆਈ.ਟੀ. ਮਾਡਿਊਲਾਂ 'ਤੇ ਸਿਖਲਾਈ ਸੈਸ਼ਨ ਕਰਵਾਇਆ

ਚੰਡੀਗੜ੍ਹ, 5 ਜੂਨ (ਚ.ਨ.ਸ.): ਭਾਰਤੀ ਚੋਣ ਕਮਿਸ਼ਨ (ਈ.ਸੀ.ਆਈ.) ਵੱਲੋਂ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ.) 2026 ਲਈ ਪ੍ਰੋਗਰਾਮ ਦੀ ਪਾਲਣਾ ਤਹਿਤ ਪੰਜਾਬ, ਹਰਿਆਣਾ ਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ ਚੋਣ ਅਧਿਕਾਰੀਆਂ ਤੇ ਤਕਨੀਕੀ ਅਧਿਕਾਰੀਆਂ ਲਈ ਇੱਕ ਵੱਡ ਅਕਾਰੀ ਸਿਖਲਾਈ ਪ੍ਰੋਗਰਾਮ ਕਰਵਾਇਆ ਗਿਆ। ਇਹ ਸਿਖਲਾਈ ਸੈਸ਼ਨ ਚੋਣ ਕਮਿਸ਼ਨ ਵੱਲੋਂ ਚੱਲ ਰਹੇ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਅਭਿਆਸ ਦੌਰਾਨ ਅਧਿਕਾਰੀਆਂ ਨੂੰ ਸਥਾਪਤ ਕੀਤੀਆਂ ਜਾ ਰਹੀਆਂ ਸੂਚਨਾ ਤਕਨਾਲੋਜੀ ਪ੍ਰਣਾਲੀਆਂ ਤੇ ਸਾਫਟਵੇਅਰ ਐਪਲੀਕੇਸ਼ਨਾਂ ਨਾਲ ਚੰਗੀ ਤਰ੍ਹਾਂ ਜਾਣੂ ਕਰਵਾਉਣ ਲਈ ਆਯੋਜਿਤ ਕੀਤਾ ਗਿਆ ਸੀ। ਇਸ ਪਹਿਲ ਦਾ ਉਦੇਸ਼ ਇਕਸਾਰ ਪ੍ਰਕਿਰਿਆਤਮਕ ਸਮਝ ਪੈਦਾ ਕਰਨਾ, ਆਈਟੀ ਤਿਆਰੀ ਨੂੰ ਮਜ਼ਬੂਤ ਕਰਨਾ ਅਤੇ ਵੋਟਰ ਸੂਚੀਆਂ ਦੀ ਸੋਧ ਪ੍ਰਕਿਰਿਆ ਦੇ ਸਹਿਜ, ਕੁਸ਼ਲ ਲਾਗੂਕਰਨ ਨੂੰ ਯਕੀਨੀ ਬਣਾਉਣਾ ਹੈ।

ਮੁੱਖ ਚੋਣ ਅਫ਼ਸਰ (ਸੀ.ਈ.ਓ.), ਪੰਜਾਬ ਅਨਿੰਦਿਤਾ ਮਿਤਰਾ ਨੇ ਕਿਹਾ ਕਿ ਵਿਸ਼ੇਸ਼ ਤੀਬਰ ਸੋਧ ਇਹ ਯਕੀਨੀ ਬਣਾਉਣ ਲਈ ਇੱਕ ਮਹੱਤਵਪੂਰਨ ਅਭਿਆਸ ਹੈ ਕਿ ਅੰਤਿਮ ਵੋਟਰ ਸੂਚੀਆਂ ਪੂਰੀ ਤਰ੍ਹਾਂ ਸਹੀ, ਸਮਾਵੇਸ਼ੀ ਤੇ ਅੱਪ ਟੂ ਡੇਟ ਹੋਣ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਲੋਕਤੰਤਰੀ ਪ੍ਰਕਿਰਿਆ ਦੀ ਪੂਰਨ ਅਖੰਡਤਾ ਅਤੇ ਪਾਰਦਰਸ਼ਤਾ ਨੂੰ ਬਣਾਈ ਰੱਖਣ ਲਈ ਚੰਗੀ ਤਰ੍ਹਾਂ ਸਿਖਲਾਈ ਪ੍ਰਾਪਤ ਕਰਮਚਾਰੀ ਤੇ ਨਵੀਨਤਕਨਾਲੋਜੀ ਦੀ ਰਣਨੀਤਕ ਵਰਤੋਂ ਬੁਨਿਆਦੀ ਪਹਿਲੂ ਹਨ। ਤਕਨੀਕੀ ਸੈਸ਼ਨਾਂ ਦੀ ਅਗਵਾਈ ਭਾਰਤੀ ਚੋਣ ਕਮਿਸ਼ਨ ਦੇ ਸੀਨੀਅਰ ਅਧਿਕਾਰੀਆਂ ਤੇ ਆਈ.ਟੀ. ਮਾਹਿਰਾਂ ਨੇ ਕੀਤੀ। ਭਾਰਤੀ ਚੋਣ ਕਮਿਸ਼ਨ ਦੇ ਮੁੱਖ ਭਾਗੀਦਾਰਾਂ ਤੇ ਫੈਸਿਲੀਟੇਟਜ਼ ਵਿੱਚ ਡਾ. ਸੀਮਾ ਖੰਨਾ ਤੇ ਤਕਨੀਕੀ ਮਾਹਿਰਾਂ ਦੀ ਇੱਕ ਵਿਸ਼ੇਸ਼ ਟੀਮ ਸ਼ਾਮਲ ਸੀ।

ਸੈਸ਼ਨ ਦੀ ਸਮਾਪਤੀ ਕਰਦਿਆਂ ਪੰਜਾਬ ਦੇ ਮੁੱਖ ਚੋਣ ਅਫ਼ਸਰ ਨੇ ਭਾਰਤੀ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਦੇ ਅਨੁਸਾਰ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਨੂੰ ਪੂਰੀ ਤਰ੍ਹਾਂ ਪੇਸ਼ੇਵਰ, ਪਾਰਦਰਸ਼ੀ ਅਤੇ ਨਾਗਰਿਕ-ਕੇਂਦ੍ਰਿਤ ਢੰਗ ਨਾਲ ਲਾਗੂ ਕਰਨ ਸਬੰਧੀ ਸੂਬੇ ਦੇ ਚੋਣ ਅਮਲੇ ਦੀ ਦ੍ਰਿੜ ਵਚਨਬੱਧਤਾ ਨੂੰ ਦੁਹਰਾਇਆ।

ਪੰਜਾਬ ਨੇ ਵਧਾਈ ਐਚ.ਪੀ.ਵੀ. ਸੁਰੱਖਿਆ: ਡਾ. ਅਦਿੱਤੀ ਸਲਾਰੀਆ ਨੇ ਸਰਵਾਈਕਲ ਕੈਂਸਰ ਵਿਰੁੱਧ ਮਜ਼ਬੂਤ ਰਣਨੀਤੀ ਦਾ ਦਿੱਤਾ ਭਰੋਸਾ

ਚੰਡੀਗੜ੍ਹ, 5 ਜੂਨ (ਚ.ਨ.ਸ.): ਪੰਜਾਬ ਵਿੱਚ, ਹਿਊਮਨ ਪੈਪੀਲੋਮਾਵਾਇਰਸ (ਐਚ.ਪੀ.ਵੀ.) ਟੀਕਾਕਰਨ ਮੁਹਿੰਮ ਦੀ ਸ਼ੁਰੂਆਤੀ ਕਵਰੇਜ ਬਾਰੇ ਹਾਲ ਹੀ ਵਿੱਚ ਪ੍ਰਕਾਸ਼ਿਤ ਹੋਈਆਂ ਮੀਡੀਆ ਰਿਪੋਰਟਾਂ ਨੂੰ ਸਿਰੇ ਤੋਂ ਖਾਰਿਜ ਕਰਦਿਆਂ ਸਿਹਤ ਸੇਵਾਵਾਂ (ਪਰਿਵਾਰ ਭਲਾਈ) ਦੀ ਡਾਇਰੈਕਟਰ, ਡਾ. ਅਦਿੱਤੀ ਸਲਾਰੀਆ ਨੇ ਇਸ ਨੂੰ ਨਕਾਰਾਤਮ ਬਿਰਤਾਂਤ ਸਿਰਜਣ ਦੀ ਕੋਸ਼ਿਸ਼ ਦੱਸਿਆ। ਉਨ੍ਹਾਂ ਜ਼ੋਰ ਦਿੰਦਿਆਂ ਕਿਹਾ ਕਿ ਖੇਤਰ ਤੋਂ ਪ੍ਰਾਪਤ ਅੱਪਡੇਟ ਅੰਕੜਿਆਂ ਤੋਂ ਪਤਾ ਲੱਗਦਾ ਹੈ ਕਿ ਪੰਜਾਬ ਦੀ ਟੀਕਾਕਰਨ ਮੁਹਿੰਮ ਲਗਾਤਾਰ ਅੱਗੇ ਵਧ ਰਹੀ ਹੈ, ਜਿਸ ਤਹਿਤ ਘਰ-ਘਰ ਜਾ ਕੇ ਹੈੱਡਕਾਉਂਟ ਸਰਵੇਖਣ ਰਾਹੀਂ ਪਛਾਣੀਆਂ ਗਈਆਂ 1,84,484 ਯੋਗ ਕੁੜੀਆਂ ਵਿੱਚੋਂ 28,718 ਕੁੜੀਆਂ ਦਾ ਟੀਕਾਕਰਨ ਪਹਿਲਾਂ ਹੀ ਕੀਤਾ ਜਾ ਚੁੱਕਾ ਹੈ। ਜਿਸ ਤੋਂ ਪਤਾ ਲਗਦਾ ਹੈ ਕਿ ਲਗਭਗ 16 ਫੀਸਦੀ ਕਵਰੇਜ ਹੋ ਚੁੱਕੀ ਹੈ। ਡਾ. ਅਦਿੱਤੀ ਸਲਾਰੀਆ ਨੇ ਸਪੱਸ਼ਟ ਕੀਤਾ ਕਿ ਭਾਵੇਂ ਰਾਜ ਵਿਆਪੀ ਜਨਤਕ ਸਿਹਤ ਪ੍ਰੋਗਰਾਮਾਂ ਦੇ ਸ਼ੁਰੂਆਤੀ ਪੜਾਵਾਂ ਵਿੱਚ ਕੁਝ ਪ੍ਰਬੰਧਕੀ ਤੇ ਸਮਾਜਿਕ ਰੁਕਾਵਟਾਂ ਦਾ ਸਾਹਮਣਾ ਕਰਨਾ ਪਿਆ, ਪਰ ਵਿਭਾਗ ਵੱਲੋਂ ਇਨ੍ਹਾਂ ਨੂੰ ਪੂਰੀ ਸਰਗਰਮੀ ਤੇ ਪ੍ਰਭਾਵੀ ਢੰਗ ਨਾਲ ਨਜਿੱਠਿਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਹ ਪ੍ਰੋਗਰਾਮ ਤਹਿਤ ਚੁਣੇ ਹੋਈਆਂ ਮਨੋਨੀਤ ਸਿਹਤ ਸੰਸਥਾਵਾਂ ਅਤੇ ਕਮਿਊਨਿਟੀ ਹਸਪਤਾਲਾਂ ਵਿੱਚ ਸਵਦੇਸ਼ੀ ਤੌਰ 'ਤੇ ਵਿਕਸਤ ਕੀਤਾ ਇਹ ਵੈਕਸੀਨ ਕਿਸ਼ੋਰ ਲੜਕੀਆਂ ਦੇ ਮੁਫਤ ਲਗਾਇਆ ਜਾਂਦਾ ਹੈ, ਜੋ ਕਿ ਪੰਜਾਬ ਭਰ ਦੀਆਂ ਲੜਕੀਆਂ ਦੀ ਸੁਰੱਖਿਆ ਲਈ ਬਹੁਤ ਅਹਿਮ ਹੈ। ਡਾਇਰੈਕਟਰ ਨੇ ਕਿਹਾ ਸ਼ੁਰੂਆਤੀ ਅੰਕੜਿਆਂ ਨੂੰ ਨਕਾਰਾਤਮਕਤਾ ਨਾਲ ਦੇਖਣ ਦੀ ਬਜਾਏ, ਬੁਨਿਆਦੀ ਆਧਾਰ ਵਜੋਂ ਦੇਖਿਆ ਜਾਣਾ ਚਾਹੀਦਾ ਹੈ ਕਿਉਂਕਿ ਸੂਬਾ ਇਸ ਮੁਹਿੰਮ ਨੂੰ ਤੇਜ਼ੀ ਨਾਲ ਅੱਗੇ ਵਧਾ ਰਿਹਾ ਹੈ।

ਡਾ. ਅਦਿੱਤੀ ਸਲਾਰੀਆ ਨੇ ਦੱਸਿਆ ਕਿ ਮੁਹਿੰਮ ਦੇ ਸ਼ੁਰੂਆਤੀ ਪੜਾਅ ਦੌਰਾਨ ਸਕੂਲੀ ਪ੍ਰੀਖਿਆਵਾਂ ਤੇ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਫੈਲਾਈ ਜਾ ਰਹੀ ਗਲਤ ਜਾਣਕਾਰੀ ਤੇ ਨਕਾਰਾਤਮਕ ਵੀਡੀਓਜ਼ ਕਾਰਨ ਮੁਹਿੰਮ ਦੀ ਰਫ਼ਤਾਰ ਮੱਠੀ ਰਹੀ। ਇਨ੍ਹਾਂ ਚਿੰਤਾਵਾਂ ਨੂੰ ਦੂਰ ਕਰਨ ਲਈ ਸਿਹਤ ਵਿਭਾਗ ਨੇ ਜਾਗਰੂਕਤਾ ਗਤੀਵਿਧੀਆਂ ਵਿੱਚ ਤੇਜ਼ੀ ਲਿਆਂਦੀ ਅਤੇ ਸਰਵਾਈਕਲ ਕੈਂਸਰ ਨੂੰ ਰੋਕਣ ਵਿੱਚ ਟੀਕਾਕਰਨ ਦੀ ਮਹੱਤਤਾ, ਪ੍ਰਭਾਵਸ਼ੀਲਤਾ ਅਤੇ ਲਾਭਾਂ ਸਬੰਧੀ ਜਾਣਕਾਰੀ ਦੇਣ ਵਾਲੇ ਕਈ ਜਾਗਰੂਕਤਾ ਵੀਡੀਓ ਜਾਰੀ ਕੀਤੇ। ਜ਼ਿਕਰਯੋਗ ਹੈ ਕਿ ਡਾ. ਅਦਿੱਤੀ ਸਲਾਰੀਆ ਨੇ ਖੁਦ ਵੀ ਟੀਕਾਕਰਨ ਸਵੀਕ੍ਰਿਤੀ ਨੂੰ ਹੁਲਾਰਾ ਦੇਣ ਅਤੇ ਯੋਗ ਲਾਭਪਾਤਰੀਆਂ ਨੂੰ ਟੀਕਾਕਰਨ ਲਈ ਉਤਸ਼ਾਹਿਤ ਕਰਨ ਲਈ ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਜਾਗਰੂਕਤਾ ਵੀਡੀਓ ਜਾਰੀ ਕੀਤੇ। ਜਿਸ ਦੇ ਨਤੀਜੇ ਵਜੋਂ ਹੁਣ ਔਸਤਨ 700-800 ਕੁੜੀਆਂ ਦਾ ਹਰ ਰੋਜ਼ ਟੀਕਾਕਰਨ ਕੀਤਾ ਜਾ ਰਿਹਾ ਹੈ, ਜੋ ਕਿ ਵਧ ਰਹੀ ਸਵੀਕ੍ਰਿਤੀ ਤੇ ਭਰੋਸੇਯੋਗਤਾ ਨੂੰ ਦਰਸਾਉਂਦਾ ਹੈ। ਡਾ. ਅਦਿੱਤੀ ਸਲਾਰੀਆ ਨੇ ਟੀਕੇ ਦੀ ਸੁਰੱਖਿਆ ਤੇ ਗਰਭ ਧਾਰਨ ਕਰਨ ਵਿੱਚ ਇਸ ਦੇ ਮਾਰੂ ਪ੍ਰਭਾਵਾਂ ਬਾਰੇ ਫੈਲਾਈਆਂ ਜਾ ਰਹੀਆਂ ਚਿੰਤਾਵਾਂ ਤੇ ਗੁਮਰਾਹਕੁੰਨ ਅਫ਼ਵਾਹਾਂ ਨੂੰ ਜ਼ੋਰਦਾਰ ਢੰਗ ਨਾਲ ਦੂਰ ਕੀਤਾ। ਉਨ੍ਹਾਂ ਸਪੱਸ਼ਟ ਤੌਰ 'ਤੇ ਕਿਹਾ ਕਿ ਇਹ ਦਾਅਵੇ ਪੂਰੀ ਤਰ੍ਹਾਂ ਬੇਬੁਨਿਆਦ, ਵਿਗਿਆਨਕ ਤੌਰ 'ਤੇ ਗ਼ੈਰ-ਵਾਜਿਬ ਅਤੇ ਸਾਡੇ ਬੱਚਿਆਂ ਦੀ ਭਲਾਈ ਲਈ ਉਲਟ ਹਨ। ਐਚ.ਪੀ.ਵੀ. ਟੀਕਾ, ਵਿਗਿਆਨਕ ਤੌਰ 'ਤੇ ਮਨਜ਼ੂਰਸ਼ੁਦਾ ਟੀਕਾ ਹੈ, ਜੋ ਸਰਵਾਈਕਲ ਕੈਂਸਰ ਤੋਂ ਸੁਰੱਖਿਆ ਪ੍ਰਦਾਨ ਕਰਦਾ ਹੈ ਤੇ ਔਰਤਾਂ ਵਿੱਚ ਕੈਂਸਰ ਦੀ ਰੋਕਥਾਮ ਲਈ ਸਭ ਤੋਂ ਵੱਧ ਲਾਭਕਾਰੀ ਹੈ। ਇਹ ਟੀਕਾ ਵਾਇਰਸ ਨੂੰ ਕਾਰਸੀਨੋਜਨਿਕ ਤਬਦੀਲੀਆਂ ਲਿਆਉਣ ਤੋਂ ਰੋਕਣ ਲਈ ਲੋੜੀਂਦੀਆਂ ਐਂਟੀਬਾਡੀਜ਼ ਬਣਾਉਂਦਾ ਹੈ, ਇਸ ਤਰ੍ਹਾਂ ਸਰਵਾਈਕਲ ਕੈਂਸਰ ਦੇ ਮੂਲ ਕਾਰਨ ਨੂੰ ਸਿੱਧੇ ਤੌਰ 'ਤੇ ਬੇਅਸਰ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦਾ ਹੈ।

ਡਾਇਰੈਕਟਰ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸਮਾਜਿਕ ਝਿਜਕ ਨੂੰ ਦੂਰ ਕਰਨ ਅਤੇ ਚੱਲੇ ਆ ਰਹੇ ਮਨੋਕਲਪਿਤ ਵਿਚਾਰਾਂ ਨਾਲ ਨਜਿੱਠਣ ਲਈ ਪੰਜਾਬ ਸਰਕਾਰ ਆਪਣੇ ਜਨ ਸਿੱਖਿਆ ਅਤੇ ਮੀਡੀਆ ਵਿੰਗ ਰਾਹੀਂ ਆਪਣੀਆਂ ਤੀਬਰ ਆਈ.ਈ.ਸੀ. (ਸੂਚਨਾ, ਸਿੱਖਿਆ ਅਤੇ ਸੰਚਾਰ) ਗਤੀਵਿਧੀਆਂ ਦਾ ਤੇਜ਼ੀ ਨਾਲ ਪਾਸਾਰ ਕਰ ਹੈ ਤਾਂ ਜੋ ਇਸ ਸਬੰਧੀ ਲੋਕਾਂ ਦੇ ਵਿਸ਼ਵਾਸ ਨੂੰ ਪੂਰੀ ਤਰ੍ਹਾਂ ਮਜ਼ਬੂਤ ਕੀਤਾ ਜਾ ਸਕੇ। ਸਥਾਨਕ ਕਵਰੇਜ ਸਬੰਧੀ ਖ਼ਬਰਾਂ ਵਿੱਚ ਦਿੱਤੇ ਗਏ ਸ਼ੁਰੂਆਤੀ ਅੰਕੜਿਆਂ ਬਾਰੇ ਗੱਲ ਕਰਦਿਆਂ ਡਾ. ਅਦਿੱਤੀ ਸਲਾਰੀਆ ਨੇ ਦੱਸਿਆ ਕਿ ਜ਼ਿਲ੍ਹਿਆ ਦੁਆਰਾ ਪੇਸ਼ ਕੀਤੀ ਗਈ ਰਿਪੋਰਟ ਰਾਜ ਭਰ ਵਿੱਚ ਇਸ ਟੀਕਾਕਰਨ ਮੁਹਿੰਮ ਦੀ ਸਫ਼ਲਤਾ ਨੂੰ ਦਰਸਾਉਂਦੀ ਹੈ। ਸ੍ਰੀ ਮੁਕਤਸਰ ਸਾਹਿਬ ਇੱਕ ਮੋਹਰੀ ਸੂਬੇ ਵਜੋਂ ਉਭਰਿਆ ਹੈ, ਜਿਸਨੇ ਆਪਣੀ ਟੀਚਾਗਤ ਆਬਾਦੀ ਦੀ 54% ਕਵਰੇਜ ਹਾਸਲ ਕੀਤੀ ਹੈ। ਉਤਸ਼ਾਹਜਨਕ ਪ੍ਰਗਤੀ ਦਿਖਾਉਣ ਵਾਲੇ ਹੋਰ ਜ਼ਿਲ੍ਹਿਆਂ ਵਿੱਚ ਗੁਰਦਾਸਪੁਰ 43%, ਹੁਸ਼ਿਆਰਪੁਰ 33%, ਅੰਮ੍ਰਿਤਸਰ 32% ਤੇ ਤਰਨ ਤਾਰਨ 26% ਸ਼ਾਮਲ ਹਨ। ਸਾਰੇ ਜ਼ਿਲ੍ਹਿਆਂ ਦੇ ਸਿਵਲ ਸਰਜਨਾਂ ਨੂੰ ਰਸਮੀ ਤੌਰ 'ਤੇ ਸਥਾਨਕ ਟੀਕਾਕਰਨ ਨੈੱਟਵਰਕ ਨੂੰ ਮਜ਼ਬੂਤ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ ਅਤੇ ਉਨ੍ਹਾਂ ਨੂੰ ਮਜਬੂਤ ਯੋਜਨਾਵਾਂ ਘੜਨ ਲਈ ਗਰਮੀਆਂ ਦੀਆਂ ਛੁੱਟੀਆਂ ਦਾ ਫਾਇਦਾ ਲੈਣ ਲਈ ਕਿਹਾ ਗਿਆ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਪ੍ਰਦਰਸ਼ਨ ਵਿੱਚ ਪਿੱਛੇ ਚੱਲ ਰਹੇ ਖੇਤਰਾਂ ਦੇ ਪਾੜੇ ਨੂੰ ਢੁਕਵੀਂ ਤਰ੍ਹਾਂ ਪੂਰਿਆ ਜਾ ਸਕੇ।

ਇਸ ਤੇਜ਼ ਪ੍ਰਗਤੀ ਪਿੱਛੇ ਦਾ ਇੱਕ ਮੁੱਖ ਕਾਰਕ ਆਸ਼ਾ ਵਰਕਰਾਂ ਸਮੇਤ ਫਰੰਟਲਾਈਨ ਸਿਹਤ ਕਰਮਚਾਰੀਆਂ ਦੇ ਅਣਥੱਕ ਯਤਨ ਹਨ, ਜੋ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਵੀ ਰੋਜ਼ਾਨਾ ਘਰੇਲੂ ਦੌਰੇ ਕਰ ਰਹੇ ਹਨ। ਡਾ. ਅਦਿੱਤੀ ਸਲਾਰੀਆ ਨੇ ਮੁੜ ਪੁਸ਼ਟੀ ਕੀਤੀ ਕਿ ਸਰਵਾਈਕਲ ਕੈਂਸਰ ਵਿਰੁੱਧ ਰਾਜ ਦਾ ਰੋਕਥਾਮ ਢਾਂਚਾ ਪੂਰੀ ਤਰ੍ਹਾਂ ਮਜ਼ਬੂਤ ਹੈ। ਸਿਹਤ ਅਧਿਕਾਰੀਆਂ ਨੇ ਵਿਸ਼ਵਾਸ ਜਤਾਇਆ ਹੈ ਕਿ ਆਉਣ ਵਾਲੇ ਹਫ਼ਤਿਆਂ ਵਿੱਚ ਟੀਕਾਕਰਨ ਮੁਹਿੰਮ ਹੋਰ ਤੇਜ਼ ਹੁੰਦੀ ਜਾਵੇਗੀ ਕਿਉਂਕਿ ਸਕੂਲ ਖੁੱਲ੍ਹਣ ਨਾਲ ਜਾਗਰੂਕਤਾ ਗਤੀਵਿਧੀਆਂ ਹੋਰ ਤੇਜ਼ ਹੋ ਜਾਣਗੀਆਂ। ਕਈ ਜ਼ਿਲ੍ਹਿਆਂ ਵਿੱਚ ਰੋਜ਼ਾਨਾ ਆਧਾਰ 'ਤੇ ਟੀਕਾਕਰਨ ਕਰਵਾਉਣ ਵਾਲਿਆਂ ਦੀ ਵਧਦੀ ਗਿਣਤੀ ਅਤੇ ਸ਼ਾਨਦਾਰ ਪ੍ਰਦਰਸ਼ਨ ਕਿਸ਼ੋਰ ਲੜਕੀਆਂ ਦੀ ਸਿਹਤ ਸੁਰੱਖਿਆ ਪ੍ਰਤੀ ਪੰਜਾਬ ਸਰਕਾਰ ਤੇ ਇਸਦੇ ਸਿਹਤ ਸੰਭਾਲ ਕਰਮਚਾਰੀਆਂ ਦੀ ਦ੍ਰਿੜ ਵਚਨਬੱਧਤਾ ਨੂੰ ਦਰਸਾਉਂਦਾ ਹੈ। ਡਾ. ਸਲਾਰੀਆ ਨੇ ਮਾਪਿਆਂ, ਅਧਿਆਪਕਾਂ ਅਤੇ ਭਾਈਚਾਰਕ ਆਗੂਆਂ ਨੂੰ ਰਾਜ ਸਰਕਾਰ ਨਾਲ ਸਰਗਰਮੀ ਨਾਲ ਮਿਲ ਕੇ ਚੱਲਣ ਦੀ ਅਪੀਲ ਕਰਦਿਆਂ ਅਖ਼ੀਰ ਵਿੱਚ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਪੰਜਾਬ ਦੀਆਂ ਧੀਆਂ ਲਈ ਇੱਕ ਸਿਹਤਮੰਦ ਅਤੇ ਕੈਂਸਰ-ਮੁਕਤ ਭਵਿੱਖ ਯਕੀਨੀ ਬਣਾਉਣਾ ਸਮੇਂ ਦੀ ਲੋੜ ਹੈ।

ਸੰਪਾਦਕੀ

ਹਾਦਸੇ ਅਚਾਨਕ ਨਹੀਂ ਹੁੰਦੇ

ਕਿਸੇ ਵੀ ਹਾਦਸੇ ਤੋਂ ਸਭ ਤੋਂ ਮਹੱਤਵਪੂਰਨ ਸਬਕ ਇਹ ਹੋਣਾ ਚਾਹੀਦਾ ਹੈ ਕਿ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨੂੰ ਦੁਬਾਰਾ ਨਾ ਵਾਪਰਨ ਲਈ ਪ੍ਰਬੰਧ ਕੀਤੇ ਜਾਣ। ਹਾਲਾਂਕਿ, ਅਜਿਹਾ ਲਗਦਾ ਹੈ ਕਿ ਇਮਾਰਤਾਂ ਵਿੱਚ ਅੱਗ ਲੱਗਣ ਅਤੇ ਜਾਨੀ ਨੁਕਸਾਨ ਦੀਆਂ ਰੋਜ਼ਾਨਾ ਦੀਆਂ ਘਟਨਾਵਾਂ ਤੋਂ ਨਾ ਸਿੱਖਣ ਦੀ ਲਾਪਰਵਾਹੀ ਆਮ ਹੋ ਗਈ ਹੈ। ਰਾਜਧਾਨੀ ਦਿੱਲੀ ਵਿੱਚ ਇੱਕ ਇਮਾਰਤ ਵਿੱਚ ਅੱਗ ਲੱਗਣ ਕਾਰਨ 21 ਲੋਕਾਂ ਨੇ ਆਪਣੀਆਂ ਜਾਨਾਂ ਗੁਆ ਦਿੱਤੀਆਂ। ਅਗਲੇ ਦਿਨ, ਵੀਰਵਾਰ ਨੂੰ ਬਿਹਾਰ ਦੇ ਮੁਜ਼ੱਫਰਪੁਰ ਵਿੱਚ ਇੱਕ ਨਿੱਜੀ ਹਸਪਤਾਲ ਦੇ ਇੰਟੈਂਸਿਵ ਕੇਅਰ ਯੂਨਿਟ (ਆਈਸੀਯੂ) ਵਿੱਚ ਇੱਕ ਵੱਡੀ ਅੱਗ ਲੱਗ ਗਈ, ਜਿਸ ਵਿੱਚ ਪੰਜ ਲੋਕਾਂ ਦੀ ਮੌਤ ਦੀ ਰਿਪੋਰਟ ਕੀਤੀ ਗਈ। ਇਸ ਘਟਨਾ ਨੇ ਇੱਕ ਵਾਰ ਫਿਰ ਸਿਹਤ ਸੰਭਾਲ ਵਿੱਚ ਪ੍ਰਣਾਲੀਗਤ ਕਮੀਆਂ ਨੂੰ ਉਜਾਗਰ ਕੀਤਾ ਹੈ। ਮਰੀਜ਼ ਆਮ ਤੌਰ 'ਤੇ ਆਪਣੀ ਜਾਨ ਬਚਾਉਣ ਦੀ ਉਮੀਦ ਵਿੱਚ ਇਲਾਜ ਲਈ ਕਿਸੇ ਵੀ ਹਸਪਤਾਲ ਜਾਂਦੇ ਹਨ। ਪਰ ਜਦੋਂ ਉਨ੍ਹਾਂ ਦੀ ਜਾਨ ਨੂੰ ਸਭ ਤੋਂ ਸੁਰੱਖਿਅਤ ਮੰਨੇ ਜਾਂਦੇ ਕਮਰੇ ਵਿੱਚ ਖ਼ਤਰਾ ਹੁੰਦਾ ਹੈ, ਤਾਂ ਜ਼ਿੰਮੇਵਾਰ ਕੌਣ ਹੈ? ਜਿਸ ਤਰ੍ਹਾਂ ਹਸਪਤਾਲਾਂ ਵਿੱਚ ਸੁਰੱਖਿਆ ਨਿਯਮਾਂ ਨੂੰ ਨਜ਼ਰਅੰਦਾਜ਼ ਕੀਤਾ ਜਾ ਰਿਹਾ ਹੈ, ਉਸ ਤੋਂ ਸਪੱਸ਼ਟ ਹੁੰਦਾ ਹੈ ਕਿ ਦਵਾਈ ਇੱਕ ਅਜਿਹਾ ਕਾਰੋਬਾਰ ਬਣ ਗਿਆ ਹੈ ਜਿੱਥੇ ਜ਼ਿੰਦਗੀ ਦੀ ਕੋਈ ਕੀਮਤ ਨਹੀਂ ਜਾਪਦੀ। ਪਿਛਲੇ ਕੁਝ ਸਾਲਾਂ ਵਿੱਚ ਹਸਪਤਾਲਾਂ ਵਿੱਚ ਅੱਗ ਲੱਗਣ ਦੌਰਾਨ ਅੱਗ ਸੁਰੱਖਿਆ ਮਾਪਦੰਡਾਂ ਵਿੱਚ ਗੰਭੀਰ ਕਮੀਆਂ ਦੀ ਵਾਰ-ਵਾਰ ਪਛਾਣ ਕੀਤੀ ਗਈ ਹੈ। ਬਿਹਾਰ ਵਿੱਚ ਸਿਹਤ ਸੇਵਾਵਾਂ ਦੀ ਸਥਿਤੀ ਕੋਈ ਭੇਤ ਨਹੀਂ ਹੈ। ਮੁਜ਼ੱਫਰਪੁਰ ਦੀ ਘਟਨਾ ਨੇ ਹਸਪਤਾਲ ਵਿੱਚ ਘੋਰ ਲਾਪਰਵਾਹੀ ਦੀ ਹੱਦ ਨੂੰ ਉਜਾਗਰ ਕਰ ਦਿੱਤਾ ਹੈ। ਇਸ ਮਾਮਲੇ ਦੀ ਜਾਂਚ ਲਈ ਸੀਨੀਅਰ ਅਧਿਕਾਰੀਆਂ ਦੀ ਪੰਜ ਮੈਂਬਰੀ ਟੀਮ ਬਣਾਈ ਗਈ ਹੈ। ਜਨਤਾ ਨੂੰ ਸ਼ਾਇਦ ਕਦੇ ਪਤਾ ਨਹੀਂ ਹੋਵੇਗਾ ਕਿ ਜਾਂਚ ਰਿਪੋਰਟ ਕਦੋਂ ਜਾਰੀ ਕੀਤੀ ਜਾਵੇਗੀ ਜਾਂ ਕੀ ਕਾਰਵਾਈ ਕੀਤੀ ਜਾਵੇਗੀ। ਹਾਲਾਂਕਿ, ਇਸ ਘਟਨਾ ਵਿੱਚ ਮਰਨ ਵਾਲੇ ਮਰੀਜ਼ ਕਦੇ ਘਰ ਨਹੀਂ ਪਰਤਣਗੇ। ਬਿਹਤਰ ਹੁੰਦਾ ਜੇਕਰ ਸਿਹਤ ਵਿਭਾਗ ਤੁਰੰਤ ਹਸਪਤਾਲ ਤੋਂ ਜਵਾਬ ਮੰਗਦਾ ਕਿ ਉਸਨੇ ਮਰੀਜ਼ਾਂ ਦੀ ਸੁਰੱਖਿਆ ਲਈ ਐਮਰਜੈਂਸੀ ਐਗਜ਼ਿਟ ਸਮੇਤ ਅੱਗ ਸੁਰੱਖਿਆ ਉਪਾਅ ਪਹਿਲਾਂ ਕਿਉਂ ਨਹੀਂ ਲਾਗੂ ਕੀਤੇ ਸਨ। ਇਹ ਹੈਰਾਨੀਜਨਕ ਹੈ ਕਿ ਹਸਪਤਾਲ ਦੇ ਅਹਾਤੇ ਵਿੱਚ ਸ਼ਾਰਟ ਸਰਕਟ ਵਰਗੀਆਂ ਸਮੱਸਿਆਵਾਂ ਨਾਲ ਨਜਿੱਠਣ ਲਈ ਸਾਵਧਾਨੀ ਉਪਾਅ ਅਤੇ ਬੁਨਿਆਦੀ ਪ੍ਰਬੰਧ ਜ਼ਰੂਰੀ ਨਹੀਂ ਸਮਝੇ ਜਾਂਦੇ। ਜਾਂਚ ਅਤੇ ਰਾਹਤ ਦੇ ਭਰੋਸੇ ਤੋਂ ਪਰੇ, ਸਵਾਲ ਇਹ ਰਹਿੰਦਾ ਹੈ: ਪ੍ਰਸ਼ਾਸਨ ਨੂੰ ਇੰਨੀ ਵਿਆਪਕ ਲਾਪਰਵਾਹੀ ਲਈ ਕਦੋਂ ਜਵਾਬਦੇਹ ਠਹਿਰਾਇਆ ਜਾਵੇਗਾ? ਮਾਲਵੀਆ ਨਗਰ ਦੇ ਇੱਕ ਹੋਟਲ ਵਿੱਚ ਭਿਆਨਕ ਅੱਗ ਲੱਗਣ ਨਾਲ ਦੁਖਦਾਈ ਤੌਰ 'ਤੇ 21 ਲੋਕਾਂ ਦੀ ਜਾਨ ਚਲੀ ਗਈ ਹੈ। ਇਸ ਘਟਨਾ ਨੇ ਇੱਕ ਵਾਰ ਫਿਰ ਰਾਜਧਾਨੀ ਦਿੱਲੀ ਵਿੱਚ ਮਾੜੇ ਨਾਗਰਿਕ ਪ੍ਰਸ਼ਾਸਨ ਅਤੇ ਸੁਰੱਖਿਆ ਪ੍ਰਬੰਧਾਂ ਨੂੰ ਬੇਨਕਾਬ ਕਰ ਦਿੱਤਾ ਹੈ। 3 ਜੂਨ, 2026, ਬੁੱਧਵਾਰ, 3 ਜੂਨ, 2026 ਦੀ ਸਵੇਰ ਨੂੰ ਦੱਖਣੀ ਦਿੱਲੀ ਦੇ ਹੌਜ਼ ਰਾਣੀ (ਮਾਲਵੀਆ ਨਗਰ) ਖੇਤਰ ਵਿੱਚ ਫਲੋਰਿਸ਼ ਸਟੇਅ ਬੀ ਐਂਡ ਬੀ ਹੋਟਲ ਵਿੱਚ ਇੱਕ ਵੱਡੀ ਅੱਗ ਲੱਗ ਗਈ, ਜਿਸ ਵਿੱਚ 21 ਲੋਕਾਂ ਦੀ ਮੌਤ ਹੋ ਗਈ। ਮ੍ਰਿਤਕਾਂ ਵਿੱਚ 18 ਵਿਦੇਸ਼ੀ ਨਾਗਰਿਕ ਸ਼ਾਮਲ ਸਨ ਜੋ ਦਿੱਲੀ ਦੇ ਵੱਡੇ ਹਸਪਤਾਲਾਂ ਵਿੱਚ ਇਲਾਜ ਲਈ ਆਏ ਸਨ। ਇਸ ਦਿਲ ਦਹਿਲਾ ਦੇਣ ਵਾਲੀ ਤ੍ਰਾਸਦੀ ਨੇ ਪੂਰੀ ਰਾਸ਼ਟਰੀ ਰਾਜਧਾਨੀ ਨੂੰ ਝੰਜੋੜ ਕੇ ਰੱਖ ਦਿੱਤਾ ਹੈ। ਇਹ ਸਿਰਫ਼ ਇੱਕ ਹਾਦਸਾ ਨਹੀਂ ਹੈ, ਸਗੋਂ ਭ੍ਰਿਸ਼ਟ ਪ੍ਰਣਾਲੀ, ਪ੍ਰਸ਼ਾਸਨਿਕ ਸੁਸਤਤਾ ਅਤੇ ਮਨੁੱਖੀ ਜਾਨਾਂ ਨਾਲ ਖੇਡਣ ਵਾਲੇ ਨਿਯਮਾਂ ਅਤੇ ਕਾਨੂੰਨਾਂ ਦੀ ਅਣਦੇਖੀ ਦੀ ਇੱਕ ਹੋਰ ਖੂਨੀ ਉਦਾਹਰਣ ਹੈ।

-ਜਗਜੀਤ ਸਿੰਘ ਦਰਦੀ

ਅੱਜ ਸਾਕਾ ਨੀਲਾ ਤਾਰਾ ਦਿਵਸ ਅਤੇ ਪੰਜਾਬ ਦੀ ਨਵੀਂ ਰੋਸ਼ਨੀ

ਹੁਣ ਇਤਿਹਾਸ, ਮਨੋਵਿਗਿਆਨ ਅਤੇ ਨਵੇਂ ਭਵਿੱਖ ਦੀ ਆਸ

ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਜੂਨ ਦਾ ਮਹੀਨਾ ਪੰਜਾਬ ਲਈ ਹਮੇਸ਼ਾ ਇੱਕ ਭਾਵਨਾਤਮਕ ਅਤੇ ਇਤਿਹਾਸਕ ਤੌਰ 'ਤੇ ਭਾਰੀ ਮਹੀਨਾ ਰਿਹਾ ਹੈ। ਅੱਜ ਉਹ ਦਿਨ ਹੈ ਜਦੋਂ ਸਾਡੀ ਯਾਦ ਵਿੱਚ ਫ਼ਿਰ ਉਹ ਘਾਤਕ ਘੜੀਆਂ ਘੁੰਮਦੀਆਂ ਹਨ — ਸਾਕਾ ਨੀਲਾ ਤਾਰਾ (ਆਪ੍ਰੇਸ਼ਨ ਬਲੂ ਸਟਾਰ), ਜਿਸ ਨੇ 1 ਤੋਂ 10 ਜੂਨ 1984 ਵਿਚਾਲੇ ਸ੍ਰੀ ਹਰਿਮੰਦਰ ਸਾਹਿਬ ਅਤੇ ਅਕਾਲ ਤਖ਼ਤ ਸਾਹਿਬ ਉੱਤੇ ਫੌਜੀ ਹਮਲਾ ਕੀਤਾ। ਇਸ ਨੂੰ ਤੀਜਾ ਘੱਲੂਘਾਰਾ ਵੀ ਕਿਹਾ ਜਾਂਦਾ ਹੈ। ਇਸ ਘਟਨਾ ਨੇ ਨਾ ਸਿਰਫ਼ ਸਿੱਖ ਭਾਵਨਾਵਾਂ ਨੂੰ ਡੂੰਘਾ ਜ਼ਖ਼ਮ ਦਿੱਤਾ ਹੈ, ਬਲਕਿ ਪੂਰੇ ਪੰਜਾਬ ਦੇ ਇਤਿਹਾਸ, ਰਾਜਨੀਤੀ ਅਤੇ ਲੋਕਾਂ ਦੇ ਮਨੋਵਿਗਿਆਨ ਨੂੰ ਬਦਲ ਕੇ ਰੱਖ ਦਿੱਤਾ। ਇਸ ਸੰਦਰਭ ਵਿੱਚ ਇਹ ਪੁੱਛਣਾ ਲਾਜ਼ਮੀ ਹੈ ਕਿ ਕੀ ਪੰਜਾਬ ਹੁਣ ਕਿਸੇ ਨਵੀਂ ਦਿਸ਼ਾ ਅਤੇ ਨਵੀਂ ਰੌਸ਼ਨੀ ਵੱਲ ਵਧ ਰਿਹਾ ਹੈ?

ਇਥੇ ਅਸੀਂ ਇਤਿਹਾਸਕ ਪ੍ਰਸੰਗ, ਰਾਜਨੀਤੀ, ਲੋਕ ਮਨੋਵਿਗਿਆਨ, ਆਰਥਿਕ-ਸਮਾਜਿਕ ਪਹਿਲੂਆਂ ਅਤੇ ਭਵਿੱਖੀ ਸੰਭਾਵਨਾਵਾਂ 'ਤੇ ਵਿਸਥਾਰ ਨਾਲ ਚਰਚਾ ਕਰਾਂਗੇ। ਇਹ ਇਕ ਇਤਿਹਾਸਕ ਪ੍ਰਸੰਗ ਹੈ ਇੱਕ ਜ਼ਖ਼ਮ ਜੋ ਅਜੇ ਵੀ ਤਾਜ਼ਾ ਹੈ। ਸਾਕਾ ਨੀਲਾ ਤਾਰਾ ਇੱਕ ਵੱਡੀ ਤ੍ਰਾਸਦੀ ਸੀ। ਭਾਰਤੀ ਫੌਜ ਨੇ ਅੰਮ੍ਰਿਤਸਰ ਦੇ ਸਭ ਤੋਂ ਪਵਿੱਤਰ ਸਥਾਨ ਉੱਤੇ ਟੈਂਕ ਅਤੇ ਭਾਰੀ ਹਥਿਆਰਾਂ ਨਾਲ ਹਮਲਾ ਕੀਤਾ। ਅਧਿਕਾਰਤ ਅੰਕੜਿਆਂ ਅਨੁਸਾਰ ਸੈਂਕੜੇ ਲੋਕ ਸ਼ਹੀਦ ਹੋ ਗਏ, ਜਿਨ੍ਹਾਂ ਵਿੱਚ ਨਿਰਦੋਸ਼ ਯਾਤਰੀ ਅਤੇ ਸ਼ਰਧਾਲੂ ਵੀ ਸਨ। ਅਕਾਲ ਤਖ਼ਤ ਦੀ ਢਾਹ ਇੱਕ ਭਾਵਨਾਤਮਕ ਤੌਰ 'ਤੇ ਅਪਮਾਨਜਨਕ ਘਟਨਾ ਬਣ ਗਈ। ਇਸ ਤੋਂ ਬਾਅਦ ਇੰਦਰਾ ਗਾਂਧੀ ਦਾ ਕਤਲ ਅਤੇ ਉਸ ਤੋਂ ਬਾਅਦ ਵਾਲੇ ਸਿੱਖ ਵਿਰੋਧੀ ਦੰਗੇ ਨੇ ਜ਼ਖ਼ਮ ਨੂੰ ਹੋਰ ਡੂੰਘਾ ਕੀਤਾ।

ਅੱਜ ਇਸ ਘਟਨਾ ਦੀਆਂ ਜੜ੍ਹਾਂ ਲੰਬੀਆਂ ਸਨ-ਅਨੰਦਪੁਰ ਸਾਹਿਬ ਮਤਾ, ਧਰਮ ਯੁੱਧ ਮੋਰਚਾ, ਭਿੰਡਰਾਂਵਾਲੇ ਦਾ ਉਭਾਰ ਅਤੇ ਕੇਂਦਰ-ਰਾਜ ਵਿਵਾਦ। ਪਰ ਫੌਜੀ ਕਾਰਵਾਈ ਨੇ ਇਸ ਨੂੰ ਇੱਕ ਨਵੀਂ ਮਿਆਰ ਉੱਤੇ ਲੈ ਗਿਆ। ਇਸ ਨੇ ਸਿੱਖਾਂ ਵਿੱਚ ਇੱਕ ਭਾਵਨਾ ਪੈਦਾ ਕੀਤੀ ਕਿ ਉਨ੍ਹਾਂ ਦੀ ਧਰਮਿਕ ਅਤੇ ਸਭਿਆਚਾਰਕ ਹਸਤੀ ਨੂੰ ਚੁਣੌਤੀ ਦਿੱਤੀ ਗਈ ਹੈ। ਇਹ ਯਾਦ ਅੱਜ ਵੀ ਪੰਜਾਬੀਆਂ ਦੇ ਮਨ ਵਿੱਚ ਤਾਜ਼ਾ ਹੈ, ਖਾਸ ਕਰਕੇ ਉਨ੍ਹਾਂ ਘਰਾਂ ਵਿੱਚ ਜਿੱਥੇ ਕਿਸੇ ਨੇ ਆਪਣੇ ਰਿਸ਼ਤੇਦਾਰ ਗੁਆਏ ਹਨ ਪਰ ਇਤਿਹਾਸ ਨੂੰ ਇੱਕ ਪਾਸੇ ਰੱਖ ਕੇ ਵੇਖੀਏ ਤਾਂ ਇਸ ਘਟਨਾ ਨੇ ਪੰਜਾਬ ਨੂੰ ਇੱਕ ਲੰਬੇ ਅਸਥਿਰਤਾ ਵਾਲੇ ਦੌਰ ਵਿੱਚ ਧੱਕ ਦਿੱਤਾ।

1980ਵਿਆਂ ਅਤੇ 90ਵਿਆਂ ਵਿੱਚ ਖਾੜਕੂਵਾਦ, ਫੌਜੀ ਕਾਰਵਾਈਆਂ (ਆਪ੍ਰੇਸ਼ਨ ਬਲੈਕ ਥੰਡਰ ਆਦਿ), ਐਨਕਾਊਂਟਰ ਅਤੇ ਰਾਜਨੀਤਿਕ ਅਸਥਿਰਤਾ ਨੇ ਰਾਜ ਨੂੰ ਤਬਾਹ ਕੀਤਾ। ਹਜ਼ਾਰਾਂ ਨੌਜਵਾਨ

ਮਾਰੇ ਗਏ, ਲੱਖਾਂ ਪਰਵਾਸ ਕਰ ਗਏ ਅਤੇ ਆਰਥਿਕਤਾ ਢਹਿ-ਢੇਰੀ ਹੋ ਗਈ।

ਲੋਕ ਮਨੋਵਿਗਿਆਨ: ਟ੍ਰਾਊਮਾ ਤੋਂ ਰਿਕਵਰੀ ਤੱਕ ਪੰਜਾਬੀਆਂ ਦਾ ਮਨੋਵਿਗਿਆਨ ਇਸ ਘਟਨਾ ਨਾਲ ਡੂੰਘਾ ਪ੍ਰਭਾਵਿਤ ਹੋਇਆ। ਇੱਕ ਪਾਸੇ ਗੁੱਸਾ, ਅਪਮਾਨ ਅਤੇ ਵਿਸ਼ਵਾਸਘਾਤ ਦੀ ਭਾਵਨਾ ਸੀ, ਦੂਜੇ ਪਾਸੇ ਇੱਕ ਲਚਕੀਲਾਪਣ ਅਤੇ ਆਪਣੀ ਪਛਾਣ ਨੂੰ ਮਜ਼ਬੂਤ ਕਰਨ ਦੀ ਇੱਛਾ।

ਸਿੱਖ ਭਾਈਚਾਰੇ ਵਿੱਚ ਇੱਕ ਵਿਕਟਿਮਹੁੱਡ ਦੀ ਭਾਵਨਾ ਪੈਦਾ ਹੋਈ, ਜਿਸ ਨੇ ਲੰਬੇ ਸਮੇਂ ਤੱਕ ਰਾਜਨੀਤੀ ਅਤੇ ਸਮਾਜ ਨੂੰ ਪ੍ਰਭਾਵਿਤ ਕੀਤਾ।ਪਰ ਸਮਾਂ ਬਦਲਦਾ ਹੈ। ਆਧੁਨਿਕ ਪੰਜਾਬ ਵਿੱਚ ਨਵੀਂ ਪੀੜ੍ਹੀ — ਜਿਨ੍ਹਾਂ ਨੇ 1984 ਨੂੰ ਸਿਰਫ਼ ਇਤਿਹਾਸ ਵਜੋਂ ਪੜ੍ਹਿਆ ਹੈ — ਵਧੇਰੇ ਪ੍ਰੈਗਮੈਟਿਕ ਹੈ। ਉਹ ਨੌਕਰੀਆਂ, ਆਰਥਿਕ ਤਰੱਕੀ, ਡਰੱਗਾਂ ਵਿਰੋਧੀ ਲੜਾਈ ਅਤੇ ਆਪਣੇ ਭਵਿੱਖ ਬਾਰੇ ਚਿੰਤਤ ਹਨ। ਟ੍ਰਾਊਮਾ ਅਜੇ ਵੀ ਮੌਜੂਦ ਹੈ, ਪਰ ਇਹ ਹੁਣ ਵਧੇਰੇ ਯਾਦਗਾਰੀ ਬਣ ਚੁੱਕਾ ਹੈ ਤੇ ਰੋਜ਼ਾਨਾ ਜੀਵਨ ਦਾ ਹਿੱਸਾ ਘੱਟ ਹੋ ਰਿਹਾ ਹੈ।

ਅੱਜ ਗੁਰਦੁਆਰਿਆਂ ਵਿੱਚ ਯਾਦਗਾਰੀ, ਗੀਤ ਅਤੇ ਲਿਖਤਾਂ ਰਾਹੀਂ ਇਸ ਨੂੰ ਜਿਉਂਦਾ ਰੱਖਿਆ ਜਾਂਦਾ ਹੈ, ਪਰ ਇਸ ਨਾਲ ਭਵਿੱਖ ਵੱਲ ਵਧਣ ਵਿੱਚ ਰੋਕ ਨਹੀਂ ਲੱਗ ਰਹੀ।ਮਨੋਵਿਗਿਆਨੀ ਤੌਰ 'ਤੇ, ਪੰਜਾਬ ਵਿੱਚ ਇੱਕ 'ਕਲੈਕਟਿਵ ਮੈਮਰੀ' ਹੈ ਜੋ ਰਾਜਨੀਤੀ ਵਿੱਚ ਵਰਤੀ ਜਾਂਦੀ ਹੈ। ਅਕਾਲੀ ਦਲ ਵਰਗੀਆਂ ਪਾਰਟੀਆਂ ਇਸ ਨੂੰ ਭਾਵਨਾਤਮਕ ਤੌਰ 'ਤੇ ਵਰਤਦੀਆਂ ਹਨ, ਜਦਕਿ ਆਪ ਅਤੇ ਹੋਰ ਨਵੀਆਂ ਤਾਕਤਾਂ ਵਿਕਾਸ ਅਤੇ ਭਲਾਈ ਉੱਤੇ ਜ਼ਿਆਦਾ ਧਿਆਨ ਦਿੰਦੀਆਂ ਹਨ। ਇਹ ਤਬਦੀਲੀ ਮਨੋਵਿਗਿਆਨਕ ਤੌਰ 'ਤੇ ਮਹੱਤਵਪੂਰਨ ਹੈ — ਲੋਕ ਅਜੇ ਵੀ ਆਪਣੀਆਂ ਜੜ੍ਹਾਂ ਨਾਲ ਜੁੜੇ ਹਨ, ਪਰ ਉਹ ਇੱਕ ਬਿਹਤਰ ਭਵਿੱਖ ਚਾਹੁੰਦੇ ਹਨ।

ਅੱਜ ਪੰਜਾਬ ਦੀ ਰਾਜਨੀਤੀ ਪੁਰਾਣੀਆਂ ਲਕੀਰਾਂ ਤੋਂ ਨਵੀਆਂ ਸੰਭਾਵਨਾਵਾਂ ਵੱਲ 1984 ਤੋਂ ਬਾਅਦ ਪੰਜਾਬੀ ਰਾਜਨੀਤੀ ਵਿੱਚ ਅਕਾਲੀਆਂ ਅਤੇ ਕਾਂਗਰਸ ਦਾ ਵਰਚਸਵ ਰਿਹਾ ਹੈ। ਖਾੜਕੂਵਾਦ ਤੋਂ ਬਾਅਦ ਅਕਾਲੀਆਂ ਨੇ ਆਪਣੇ ਆਪ ਨੂੰ ਮੁੜ ਬਣਾਇਆ, ਪਰ ਭ੍ਰਿਸ਼ਟਾਚਾਰ ਅਤੇ ਪਰਿਵਾਰਵਾਦ ਨੇ ਉਨ੍ਹਾਂ ਨੂੰ ਕਮਜ਼ੋਰ ਕੀਤਾ। ਆਪ ਦਾ ਉਭਾਰ 2014 ਤੋਂ ਬਾਅਦ ਇੱਕ ਬਦਲਾਅ ਵਜੋਂ ਆਇਆ, ਜਿਸ ਨੇ 2022 ਵਿੱਚ ਭਰਪੂਰ ਜਿੱਤ ਹਾਸਲ ਕੀਤੀ। ਭਗਵੰਤ ਮਾਨ ਸਰਕਾਰ ਨੇ ਡਰੱਗਾਂ, ਭ੍ਰਿਸ਼ਟਾਚਾਰ ਅਤੇ ਭਲਾਈ ਯੋਜਨਾਵਾਂ ਉੱਤੇ ਧਿਆਨ ਦਿੱਤਾ ਹੈ।

ਅੱਜ 2026-27 ਵਿੱਚ ਆਉਣ ਵਾਲੀਆਂ ਚੋਣਾਂ ਵਿੱਚ BJP ਵੀ ਆਪਣੀ ਹਾਜ਼ਰੀ ਵਧਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਪੰਜਾਬ ਵਿੱਚ ਹੁਣ ਚਾਰ-ਪੰਜ ਧਿਰਾਂ ਵਿਚਾਲੇ ਮੁਕਾਬਲਾ ਹੈ।ਆਪ ਕਾਂਗਰਸ, ਅਕਾਲੀਆਂ, ਭਾਜਪਾ ਅਤੇ ਹੋਰ ਛੋਟੀਆਂ ਧਿਰਾਂ। ਇਹ ਬਹੁ-ਧਿਰੀ ਰਾਜਨੀਤੀ ਇੱਕ ਨਵੀਂ ਦਿਸ਼ਾ ਦਾ ਸੰਕੇਤ ਹੈ। ਪੁਰਾਣੀਆਂ ਧਰਮਿਕ ਅਤੇ ਭਾਵਨਾਤਮਕ ਲਕੀਰਾਂ ਅਜੇ ਵੀ ਹਨ, ਪਰ ਵਿਕਾਸ, ਰੁਜ਼ਗਾਰ ਅਤੇ ਖੇਤੀ ਸੰਕਟ ਵਰਗੇ ਮੁੱਦੇ ਵਧੇਰੇ ਮਹੱਤਵ ਰੱਖਦੇ ਹਨ। ਅੱਜ ਹੁਣ ਚੁਣੌਤੀਆਂ ਵੀ ਬਹੁਤ ਹਨ। ਡਰੱਗ ਮਾਫੀਆ, ਬੇਰੁਜ਼ਗਾਰੀ, ਖੇਤੀਬਾੜੀ ਦਾ ਸੰਕਟ (ਪਾਣੀ ਅਤੇ ਮਿੱਟੀ ਦੀ ਖਰਾਬੀ), ਨੌਜਵਾਨਾਂ ਦਾ ਪਰਵਾਸ ਅਤੇ ਕੇਂਦਰ ਨਾਲ ਰਿਸ਼ਤੇ ਇੱਕ ਵੱਡਾ ਮੁੱਦਾ ਬਣੇ ਹੋਏ ਹਨ। 1984 ਵਾਲੀ ਭਾਵਨਾ ਅਜੇ ਵੀ ਕੁਝ ਧਿਰਾਂ ਵੱਲੋਂ ਰਾਜਨੀਤੀ ਲਈ ਵਰਤੀ ਜਾਂਦੀ ਹੈ, ਜੋ ਨਵੀਂ ਰੌਸ਼ਨੀ ਲਈ ਰੋਕ ਬਣ ਸਕਦੀ ਹੈ।ਆਰਥਿਕ ਅਤੇ ਸਮਾਜਿਕ ਪਹਿਲੂ ਪੰਜਾਬ ਇੱਕ ਵਾਰ ਭਾਰਤ ਦਾ ਅਨਾਜ ਭੰਡਾਰ ਸੀ, ਪਰ ਹੁਣ ਖੇਤੀ ਉੱਤੇ ਨਿਰਭਰਤਾ ਘਟ ਰਹੀ ਹੈ। ਗ੍ਰੀਨ ਰਿਵੋਲਿਊਸ਼ਨ ਦਾ ਮਾਡਲ ਥੱਕ ਚੁੱਕਾ ਹੈ। ਨਵੀਂ ਰੌਸ਼ਨੀ ਲਈ ਉਦਯੋਗਿਕਰਨ, ਟੈਕਨਾਲੋਜੀ, ਟੂਰਿਜ਼ਮ (ਧਾਰਮਿਕ ਅਤੇ ਇਤਿਹਾਸਕ) ਅਤੇ ਵਪਾਰ ਉੱਤੇ ਧਿਆਨ ਦੇਣਾ ਪਵੇਗਾ।

ਅੱਜ ਡਾਇਸਪੋਰਾ ਨਾਲ ਜੋੜ ਕੇ ਇਨਵੈਸਟਮੈਂਟ ਲਿਆਉਣਾ ਚਾਹੀਦਾ ਹੈ।ਸਮਾਜਿਕ ਤੌਰ 'ਤੇ, ਔਰਤਾਂ ਦੀ ਭਾਗੀਦਾਰੀ ਵਧ ਰਹੀ ਹੈ, ਯੁਵਕਾਂ ਵਿੱਚ ਸਿੱਖਿਆ ਦਾ ਪੱਧਰ ਉੱਚਾ ਹੋ ਰਿਹਾ ਹੈ ਅਤੇ ਸਮਾਜਿਕ ਤਣਾਅ ਘੱਟ ਹੋ ਰਿਹਾ ਹੈ। ਪਰ ਡਰੱਗਾਂ ਅਤੇ ਆਤਮਹੱਤਿਆਵਾਂ ਵਰਗੀਆਂ ਸਮੱਸਿਆਵਾਂ ਅਜੇ ਵੀ ਚਿੰਤਾ ਵਧਾਉਂਦੀਆਂ ਹਨ। ਇਸ ਲਈ ਇੱਕ ਸਮਗਰ ਰਣਨੀਤੀ ਲੋੜੀਂਦੀ ਹੈ ਜੋ ਇਤਿਹਾਸ ਨੂੰ ਮੰਨਦੀ ਹੋਈ ਭਵਿੱਖ ਉੱਤੇ ਧਿਆਨ ਦੇਵੇ।ਕੀ ਨਵੀਂ ਦਿਸ਼ਾ ਸੰਭਵ ਹੈ?

ਅੱਜ ਪੰਜਾਬ ਇੱਕ ਨਵੀਂ ਰੌਸ਼ਨੀ ਵੱਲ ਵਧ ਰਿਹਾ ਹੈ, ਪਰ ਇਹ ਯਾਤਰਾ ਆਸਾਨ ਨਹੀਂ। **ਲੋੜ ਹੈ:ਭਾਵਨਾਤਮਕ ਇਲਾਜ:** ਇਤਿਹਾਸ ਨੂੰ ਮੰਨਣਾ ਅਤੇ ਮਾਫੀ-ਸੁਲ੍ਹਾ ਦੀ ਪ੍ਰਕਿਰਿਆ ਚਲਾਉਣਾ। ਕੇਂਦਰ ਅਤੇ ਰਾਜ ਵਿਚਾਲੇ ਵਿਸ਼ਵਾਸ ਵਧਾਉਣਾ।

ਅੱਜ ਰਾਜਨੀਤਿਕ ਪਰਿਪੱਕਤਾ ਧਰਮ ਅਤੇ ਭਾਵਨਾਵਾਂ ਤੋਂ ਉਪਰ ਉੱਠ ਕੇ ਵਿਕਾਸ ਉੱਤੇ ਫੋਕਸ। ਭ੍ਰਿਸ਼ਟਾਚਾਰ ਖਤਮ ਕਰਨਾ।

ਆਰਥਿਕ ਤਬਦੀਲੀ ਖੇਤੀ ਤੋਂ ਵਿਭਿੰਨਤਾ ਵੱਲ। ਸਿੱਖਿਆ ਅਤੇ ਹੁਨਰ ਵਿਕਾਸ ਉੱਤੇ ਜ਼ੋਰ ਦਿੱਤਾ ਜਾਵੇ ਅਤੇ ਨੌਜਵਾਨਾਂ ਨੂੰ ਜੋੜਨਾ: ਉਨ੍ਹਾਂ ਨੂੰ ਰਾਜਨੀਤੀ ਅਤੇ ਵਿਕਾਸ ਵਿੱਚ ਭਾਗੀਦਾਰ ਬਣਾਉਣਾ ਤਾਂ ਜੋ ਉਹ ਗੁੱਸੇ ਵੱਲ ਨਾ ਮੁੜਨ ਅਤੇ ਸਭਿਆਚਾਰਕ ਗੌਰਵ ਨਾਲ ਸਿੱਖ ਇਤਿਹਾਸ ਅਤੇ ਗੁਰੂਆਂ ਦੀਆਂ ਸਿਖਿਆਵਾਂ ਨੂੰ ਸ਼ਾਂਤੀ ਅਤੇ ਤਰੱਕੀ ਲਈ ਵਰਤਮਾਨ ਸਮੇਂ ਵਿੱਚ ਲੋੜ ਹੈ। ਅੱਜ ਪੰਜਾਬੀਆਂ ਵਿੱਚ ਇੱਕ ਅਜੇ ਵੀ ਤਾਕਤ ਹੈ ਜੋ ਯੁੱਧਾਂ, ਘੱਲੂਘਾਰਿਆਂ ਅਤੇ ਤਬਾਹੀ ਤੋਂ ਬਾਅਦ ਵੀ ਉੱਠੀ ਹੈ। ਉਹ ਖੇਤੀਬਾੜੀ, ਫੌਜ ਅਤੇ ਵਿਦੇਸ਼ਾਂ ਵਿੱਚ ਚਮਕਦੇ ਹਨ। ਇਸ ਤਾਕਤ ਨੂੰ ਜੇਕਰ ਸਹੀ ਦਿਸ਼ਾ ਮਿਲੀ ਤਾਂ ਪੰਜਾਬ ਫਿਰ ਭਾਰਤ ਦਾ ਇੱਕ ਮਾਡਲ ਰਾਜ ਬਣ ਸਕਦਾ ਹੈ।

ਯਾਦ ਰੱਖੋ, ਪਰ ਅੱਗੇ ਵਧੋ ਸਾਕਾ ਨੀਲਾ ਤਾਰਾ ਇੱਕ ਯਾਦਗਾਰ ਹੈ ਜੋ ਅਸੀਂ ਕਦੇ ਨਹੀਂ ਭੁੱਲਣਾ ਚਾਹੀਦਾ। ਇਸ ਨੇ ਸਾਨੂੰ ਸਿਖਾਇਆ ਕਿ ਧਰਮ ਅਤੇ ਰਾਜਨੀਤੀ ਦਾ ਮਿਸ਼ਰਣ ਖਤਰਨਾਕ ਹੋ ਸਕਦਾ ਹੈ ਅਤੇ ਸੰਵਾਦ ਦੀ ਘਾਟ ਤਬਾਹੀ ਲਿਆਉਂਦੀ ਹੈ। ਪਰ ਇਸ ਨਾਲ ਫਸ ਕੇ ਰਹਿਣਾ ਵੀ ਗਲਤ ਹੈ।

ਅੱਜ ਪੰਜਾਬ ਨੂੰ ਇੱਕ ਨਵੀਂ ਰੌਸ਼ਨੀ ਚਾਹੀਦੀ ਹੈ — ਜਿੱਥੇ ਗੁਰੂ ਨਾਨਕ ਦੀਆਂ ਸਿਖਿਆਵਾਂ (ਸੇਵਾ, ਸਿਮਰਨ ਅਤੇ ਸੰਗਤ) ਆਧੁਨਿਕ ਵਿਕਾਸ ਨਾਲ ਜੁੜੀਆਂ ਹੋਣ।ਲੋਕਾਂ ਦਾ ਮਨੋਵਿਗਿਆਨ ਬਦਲ ਰਿਹਾ ਹੈ — ਉਹ ਗੱਲਬਾਤ, ਵਿਕਾਸ ਅਤੇ ਏਕਤਾ ਚਾਹੁੰਦੇ ਹਨ। ਰਾਜਨੀਤੀ ਜੇਕਰ ਇਸ ਨੂੰ ਸਮਝ ਲਈ ਤਾਂ ਪੰਜਾਬ ਇੱਕ ਨਵੀਂ ਸਵੇਰ ਵੱਲ ਵਧ ਸਕਦਾ ਹੈ। ਇਹ ਯਾਤਰਾ ਚੁਣੌਤੀਪੂਰਨ ਹੈ, ਪਰ ਅਸੰਭਵ ਨਹੀਂ।

ਆਓ ਹੁਣ ਯਾਦ ਰੱਖੀਏ — ਇਤਿਹਾਸ ਸਾਡਾ ਗੁਰੂ ਹੈ, ਪਰ ਭਵਿੱਖ ਸਾਡਾ ਬੱਚਾ ਹੈ। ਉਸ ਨੂੰ ਇੱਕ ਉੱਜਵਲ ਦੁਨੀਆਂ ਦਿਓ ਅਤੇ ਭਵਿੱਖ ਵੱਲ ਇੱਕ ਉਮੀਦ ਭਰੀ ਨਜ਼ਰ ਰੱਖਦਾ ਹੈ।

ਪੰਜਾਬ ਦੇ ਟਕਸਾਲੀ ਭਾਜਪਾਈ ਪਲੋਸ ਲਏ !

☛ ਭਾਜਪਾ ਨੇ ਕੇਵਲ ਸਿੰਘ ਢਿੱਲੋਂ ਨੂੰ ਪ੍ਰਧਾਨ ਬਣਾ ਕੇ ਸਿੱਖਾਂ ਨੂੰ ਭਰਮਾਇਆ ਤੇ ਹੁਣ ਤੁਰਣ ਚੁੱਘ ਨੂੰ ਰਾਜਸਭਾ ਦੀ ਮੈਂਬਰੀ ਦੇ ਕੇ ਹਿੰਦੂਆਂ ਨੂੰ ਟੁੱਟਣ ਤੋਂ ਬਚਾਇਆ

☛ ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਦੀ ਭੂਮਿਕਾ ਬਦਲਣੀ ਤੈਅ, ਪੰਜਾਬ ਚੋਣਾਂ ਵਿੱਚ ਝੋਕਿਆ, ਕਾਰਗੁਜ਼ਾਰੀ ਤੋਂ ਪਹਿਲਾਂ ਖੜ੍ਹੇ ਹੋਏ ਸਵਾਲ।

ਕਮਲਜੀਤ ਸਿੰਘ ਬਨਵੈਤ
98147 34035

ਪੰਜਾਬ ਭਾਰਤੀ ਜਨਤਾ ਪਾਰਟੀ ਦੇ ਨਵੇਂ ਬਣੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਦੀ ਚੰਡੀਗੜ੍ਹ ਵਿੱਚ ਤਿੰਨ ਜੂਨ ਨੂੰ ਜਦੋਂ ਤਾਜਪੋਸ਼ੀ ਹੋ ਰਹੀ ਸੀ ਤਾਂ ਸਟੇਜ ਉੱਤੇ ਬੈਠੇ ਦੂਜੇ ਆਗੂਆਂ ਦੇ ਚਿਹਰੇ ਦੇਖਣ ਵਾਲੇ ਸਨ। ਚਿਹਰਿਆਂ ਦੇ ਹਾਵ ਭਾਵ ਨੂੰ ਲੈ ਕੇ ਪੱਤਰਕਾਰਾਂ ਦੇ ਸੋਸ਼ਲ ਮੀਡੀਆ ਗਰੁੱਪਾਂ ਉੱਤੇ ਕਈ ਤਰ੍ਹਾਂ ਦੀਆਂ ਤਸਵੀਰਾਂ ਘੁੰਮਦੀਆਂ ਰਹੀਆਂ। ਕਿਸੇ ਦੇ ਚਿਹਰੇ ਦਾ ਰੰਗ ਉੱਡਿਆ ਹੋਇਆ ਸੀ। ਕੋਈ ਅੱਖਾਂ ਗੱਡੀ ਸੋਚਾਂ ਵਿੱਚ ਦਿਸ ਰਿਹਾ ਸੀ ਜਦੋਂ ਕਿ ਹੋਰ ਕਈਆਂ ਚਿਹਰਿਆਂ ਦੀ ਪਿਲੱਤਣ ਸਾਫ਼ ਝਲਕ ਰਹੀ ਸੀ। ਕਿਸੇ ਨੂੰ ਪ੍ਰਧਾਨਗੀ ਹੱਥੋਂ ਨਿਕਲਣ ਦਾ ਗਮ ਸੀ। ਕਿਸੇ ਉੱਤੇ ਪ੍ਰਧਾਨਗੀ ਦਾ ਗੁਣਾ ਨਾ ਪੈਣ ਦਾ ਦੁੱਖ ਖਾ ਰਿਹਾ ਸੀ। ਕੇਂਦਰੀ ਰਾਜ ਮੰਤਰੀ ਨੂੰ ਦਿੱਲੀ ਤੋਂ ਬੋਰੀਆ ਬਿਸਤਰਾ ਗੋਲ ਹੋਣ ਤੋਂ ਬਾਅਦ ਵੀ ਪ੍ਰਧਾਨਗੀ ਨੂੰ ਹੱਥ ਨਾ ਪੈਣ ਦਾ ਝੋਰਾ।

ਨਵੇਂ ਬਣੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਸਭ ਦਾ ਸਾਥ ਸਭ ਦਾ ਵਿਕਾਸ ਦਾ ਨਾਅਰਾ ਦਿੰਦੇ ਰਹੇ, ਹਾਲਾਂਕਿ ਟਕਸਾਲੀ ਭਾਜਪਾਈਆਂ ਦੀ ਨਾਰਾਜ਼ਗੀ ਦੀ ਭਿਣਕ ਉਹਨਾਂ ਦੇ ਪਹਿਲਾਂ ਹੀ ਕੰਨੀ ਪੈ ਚੁੱਕੀ ਸੀ। ਭਾਜਪਾ ਦੀ ਪ੍ਰਧਾਨਗੀ ਤੋਂ ਤੌਬਾ ਕਰ ਚੁੱਕੇ ਸੁਨੀਲ ਜਾਖੜ ਨੇ ਆਪਣਾ ਗੁੱਸਾ ਵਧੀਆ ਢੰਗ ਨਾਲ ਕੱਢ ਲਿਆ। ਉਹਨਾਂ ਦੇ ਬੋਲਾਂ ਵਿੱਚ ਹਿਰਖ ਸੀ ਕਿ ਪ੍ਰਧਾਨਗੀਆਂ ਦੇਣ ਵੇਲੇ ਜਾਤ, ਪਾਤ, ਖੇਤਰ, ਰੰਗ ਰੂਪ ਤੋਲਿਆ ਜਾਂਦਾ ਹੈ। ਉਹਨਾਂ ਨੇ ਕਿਹਾ ਕਿ ਕੇਵਲ ਸਿੰਘ ਢਿੱਲੋਂ ਵਿੱਚੋਂ ਤਾਂ ਉਹ ਸਿਰਫ਼ ਇੱਕ ਪੰਜਾਬੀ ਚਿਹਰਾ ਦੇਖ ਰਹੇ ਹਨ। ਸ਼ਾਇਦ ਉਹਨਾਂ ਨੇ ਕੈਪਟਨ ਅਮਰਿੰਦਰ ਸਿੰਘ ਦੀ ਮੁੱਖ ਮੰਤਰੀ ਦੀ ਕੁਰਸੀ ਖੁਸਣ ਤੋਂ ਬਾਅਦ ਉਹਨਾਂ ਉੱਤੇ ਗੁਣਾਂ ਪੈਣ ਦੇ ਬਾਵਜੂਦ ਚਰਨਜੀਤ ਸਿੰਘ ਚੰਨੀ ਨੂੰ ਮੁੱਖ ਮੰਤਰੀ ਬਣਾਉਣ ਦਾ ਗੁਬਾਰ ਕੱਢਿਆ ਹੋਵੇ। ਕੇਵਲ ਸਿੰਘ ਢਿੱਲੋਂ ਕਹਿੰਦੇ ਨੇ ਕਿ ਉਹਨਾਂ ਦੀ ਚੋਣ ਆਮ ਆਦਮੀ ਪਾਰਟੀ ਦਾ ਸੰਗਰੂਰ ਵਿੱਚਲਾ ਕਿਲਾ ਢਾਹੁਣ ਲਈ ਕੀਤੀ ਗਈ ਹੈ। ਉਹ ਸੰਗਰੂਰ ਜਿੱਥੋਂ ਉਹ ਪਿਛਲੀ ਤਿੰਨ ਵਾਰ ਚੋਣ ਹਾਰਦੇ ਰਹੇ ਹਨ।

ਪੰਜਾਬ ਦੇ ਭਾਜਪਾਈਆਂ ਅੰਦਰਲੀ ਨਾਰਾਜ਼ਗੀ ਦੀ ਸੂਹ ਦਿੱਲੀ ਤੱਕ ਪੁੱਜਣ ਲੱਗਿਆਂ ਰਾਹ ਵਿੱਚ ਕਿਧਰੇ ਰੁਕੀ ਨਹੀਂ ਤਾਂ ਹਾਈ ਕਮਾਂਡ ਨੇ ਪਲੋਸਣ ਲਈ ਅੰਮ੍ਰਿਤਸਰ ਵਾਸੀ ਅਤੇ ਪਾਰਟੀ ਦੇ ਕੌਮੀ ਜਰਨਲ ਸਕੱਤਰ ਤਰਨ ਚੁੱਘ ਨੂੰ ਰਾਜ ਸਭਾ ਦੀ ਮੈਂਬਰੀ ਥਾਲੀ ਵਿੱਚ ਪਰੋਸ ਦੇਣ ਦਾ ਐਲਾਨ ਕਰ ਦਿੱਤਾ। ਉਹ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਪਸੰਦ ਦੱਸੇ ਜਾ ਰਹੇ ਹਨ। ਪੰਜਾਬ ਵਿੱਚ ਵਿਧਾਨ ਸਭਾ ਦੀਆਂ ਚੋਣਾਂ ਕਰਕੇ ਵੀ ਉਹਨਾਂ ਦਾ ਦਾਅ ਲੱਗਿਆ ਹੋ ਸਕਦਾ ਹੈ। ਭਾਰਤੀ ਜਨਤਾ ਪਾਰਟੀ ਨੇ ਸਿਆਸੀ ਸੰਤੁਲਨ ਬਣਾਉਣ ਦਾ ਮੌਕਾ ਸੰਭਾਲ ਲਿਆ ਹੈ। ਇਸ ਨਾਲ ਪੰਜਾਬ ਦੇ ਭਾਜਪਾ ਜਾਂ ਅੰਦਰਲੀ ਅਸੰਤੁਸ਼ਟੀ ਸ਼ਾਂਤ ਹੋ ਜਾਵੇਗੀ।

ਭਾਰਤੀ ਜਨਤਾ ਪਾਰਟੀ ਨੇ ਹੁਣੇ ਜਿਹੇ ਭਾਜਪਾ ਦੇ ਪੰਜਾਬ ਇਕਾਈ ਦੀ ਕਮਾਨ ਜੱਟ ਸਿੱਖ ਤੇ ਕਈ ਦਹਾਕੇ ਕਾਂਗਰਸ ਵਿੱਚ ਰਹੇ ਕੇਵਲ ਸਿੰਘ ਢਿੱਲੋਂ ਨੂੰ ਸੰਭਾਲੀ ਹੈ। ਇਸ ਨਾਲ ਪੰਜਾਬ ਦੇ ਪੇਂਡੂ ਖੇਤਰ ਸਿੱਖ ਭਾਈਚਾਰੇ ਉਹਨੂੰ ਪਰੋਸਣ ਦਾ ਇੱਕ ਹੋਰ ਹਮਲਾ ਮਾਰਿਆ ਗਿਆ ਹੈ। ਪਾਰਟੀ ਦੇ ਪੱਕੇ ਸ਼ਹਿਰੀ ਹਿੰਦੂ ਵੋਟ ਬੈਂਕ ਅਤੇ ਲੰਮੇ ਸਮੇਂ ਤੋਂ ਸੰਗਠਨ ਵਿੱਚ ਕੰਮ ਕਰ ਰਹੇ ਕੇਡਰ ਦੇ ਵਿੱਚ ਇਹ ਚਰਚਾ ਸ਼ੁਰੂ ਹੋ ਗਈ ਹੈ ਕਿ ਉਹਨਾਂ ਦੀ ਭੂਮਿਕਾ ਸੀਮਤ ਨਹੀਂ ਸਗੋਂ ਕਿਸੇ ਵੇਲੇ ਵੀ ਦਾਅ ਲੱਗ ਸਕਦਾ ਹੈ।

ਤਾਜ਼ਾ ਮਾਹੌਲ ਵਿੱਚ ਟਕਸਾਲੀ ਨੇਤਾ ਤਰੁਣ ਚੁੱਘ ਨੂੰ ਰਾਜ ਸਭਾ ਭੇਜ ਕੇਂਦਰੀ ਹਾਈ ਕਮਾਂਡ ਨੇ ਸੁਨੇਹਾ ਦਿੱਤਾ ਹੈ ਕਿ ਭਾਰਤੀ ਜਨਤਾ ਪਾਰਟੀ ਕੰਮ ਕਰਨ ਵਾਲਿਆਂ ਦੀ ਦੇਰ ਸਵੇਰ ਕਦਰ ਪਾਉਂਦੀ ਹੀ ਰਹੀ ਹੈ। ਸਿਆਸੀ ਪੰਡਤਾਂ ਦਾ ਮੰਨਣਾ ਹੈ ਕਿ ਭਾਜਪਾ ਪੰਜਾਬ ਵਿੱਚ ਬੜੀ ਸੋਚੀ ਸਮਝੀ ਨੀਤੀ ਤਹਿਤ ਦੋਹਰੀ ਨੀਤੀ ਲੈ ਕੇ ਚੱਲ ਰਹੀ ਹੈ। ਇੱਕ ਪਾਸੇ ਦੂਜੀਆਂ ਪਾਰਟੀਆਂ ਤੋਂ ਆਪਣੀ ਪਾਰਟੀ ਵਿੱਚ ਸ਼ਾਮਿਲ ਕੀਤਾ ਜਾ ਰਿਹਾ ਹੈ ਦੂਜੇ ਪਾਸੇ ਆਪਣੀ ਹੀ ਪਾਰਟੀ ਦੇ ਪੁਰਾਣੇ ਵਰਕਰ ਦਾ ਮੁੱਲ ਪਾਇਆ ਹੈ। ਭਾਰਤੀ ਜਨਤਾ ਪਾਰਟੀ ਆਪਣੀ ਪਾਰਟੀ ਵਰਕਰਾਂ ਦਾ ਭਰੋਸਾ ਬਣਾਈ ਰੱਖਣਾ ਚਾਹੁੰਦੀ ਹੈ। ਚੁੱਘ ਨੂੰ ਰਾਜਸਭਾ ਦੀ ਮੈਂਬਰੀ ਦੇਣੀ ਇਸੇ ਰਣਨੀਤੀ ਦਾ ਇੱਕ ਹਿੱਸਾ ਹੈ।

ਪੰਜਾਬ ਵਿੱਚ ਲੋਕ ਸਭਾ ਚੋਣ ਹਾਰਨ ਤੋਂ ਬਾਅਦ ਵੀ ਭਾਜਪਾ ਨੇ ਬਿੱਟੂ ਨੂੰ ਕੇਂਦਰ ਵਿੱਚ ਰਾਜ ਮੰਤਰੀ ਅਤੇ ਰਾਜਸਭਾ ਵਿੱਚ ਭੇਜ ਕੇ ਪੰਜਾਬ ਦੇ ਪ੍ਰਮੁੱਖ ਸਿੱਖ ਚਿਹਰੇ ਵਜੋਂ ਉਭਾਰਿਆ ਸੀ। ਹੁਣ ਚੁੱਘ ਨੂੰ ਅੱਗੇ ਲਿਆ ਕੇ ਇਹ ਸਾਫ ਸੰਕੇਤ ਦਿੱਤਾ ਹੈ ਕਿ ਪਾਰਟੀ ਰਵਨੀਤ ਸਿੰਘ ਬਿੱਟੂ ਦਾ ਬੋਰੀਆ ਬਿਸਤਰਾ ਕੇਂਦਰ ਵਿੱਚੋਂ ਗੋਲ ਕਰਕੇ ਪੂਰੀ ਤਰ੍ਹਾਂ ਵਿਧਾਨ ਸਭਾ ਚੋਣਾਂ ਵਿੱਚ ਝੋਕਣਾ ਚਾਹੁੰਦੀ ਹੈ। ਪਿਛਲੇ ਡੇਢ ਦਹਾਕੇ ਤੋਂ ਕੇਂਦਰ ਵਿੱਚ ਪੰਜਾਬ ਦੀ ਪ੍ਰਤੀਨਿਧਤਾ ਕਰਨ ਤੋਂ ਬਾਅਦ ਉਸ ਦੇ ਆਪਣੀ ਧਰਤੀ ਉੱਤੇ ਪੈਰ ਲੱਗ ਸਕਣਗੇ ਕਿ ਨਹੀਂ ਇਹ ਇੱਕ ਵੱਖਰਾ ਸਵਾਲ ਹੈ।

ਭਾਰਤੀ ਜਨਤਾ ਪਾਰਟੀ 2027 ਵਿੱਚ ਕੇਵਲ ਸੀਟਾਂ ਦੀ ਗਿਣਤੀ ਹੀ ਨਹੀਂ ਵਧਾਉਣਾ ਚਾਹੁੰਦੀ ਸਗੋਂ ਸਰਕਾਰ ਬਣਾਉਣ ਦੀ ਤਾਕਤ ਵਿੱਚ ਵੀ ਹੈ। ਭਾਰਤੀ ਜਨਤਾ ਪਾਰਟੀ ਨੇ 2024 ਦੀਆਂ ਲੋਕ ਸਭਾ ਚੋਣਾਂ ਵਿੱਚ 18.5 ਫੀਸਦੀ ਵੋਟਾਂ ਲਈਆਂ ਸਨ। ਉਸ ਤੋਂ ਪਹਿਲਾਂ ਦੀਆਂ ਚੋਣਾਂ ਵਿੱਚ ਵੋਟਾਂ ਛੇ ਫ਼ੀਸਦੀ ਤੱਕ ਸਿਮਟ ਗਈਆਂ ਸਨ। ਹੁਣ ਜਦੋਂ ਭਾਰਤੀ ਜਨਤਾ ਪਾਰਟੀ ਦਾ ਸ਼੍ਰੋਮਣੀ ਅਕਾਲੀ ਦਲ ਬਾਦਲ ਨਾਲ ਸਿਆਸੀ ਗੱਠਜੋੜ ਨਹੀਂ ਰਿਹਾ ਤਾਂ ਘੱਟੋ ਘੱਟ ਕਿੰਗ ਮੇਕਰ ਦਾ ਰੋਲ ਜ਼ਰੂਰ ਅਦਾ ਕਰਨਾ ਚਾਹੇਗੀ। ਇੰਜ ਭਾਰਤੀ ਜਨਤਾ ਪਾਰਟੀ ਹਿੰਦੂ ਸ਼ਹਿਰੀ ਵੋਟਰ ਤੋਂ ਬਿਨਾਂ ਦਲਿਤ ਵਰਗ, ਜੱਟ ਸਿੱਖ ਅਤੇ ਰਵਾਇਤੀ ਪਾਰਟੀਆਂ ਤੋਂ ਨਾਰਾਜ਼ ਲੋਕਾਂ ਨੂੰ ਆਪਣੇ ਕਲਾਵੇ ਵਿੱਚ ਲੈਣਾ ਚਾਹੁੰਦੀ ਹੈ। ਭਾਰਤੀ ਜਨਤਾ ਪਾਰਟੀ ਨੇ ਪੱਛਮੀ ਬੰਗਾਲ ਤੋਂ ਬਾਅਦ ਆਪਣੀਆਂ ਨਜ਼ਰਾਂ ਪੰਜਾਬ 'ਤੇ ਕਰ ਰੱਖੀਆਂ ਹਨ। ਭਾਜਪਾ ਦੀ ਉੱਪਰਲੀ ਲੀਡਰਸ਼ਿਪ ਬੜੇ ਸਬਰ ਨਾਲ ਚੱਲ ਰਹੀ ਹੈ ਕਿ 2027 ਨਹੀਂ ਤਾਂ 2032 ਸਹੀ। ਪੰਜਾਬੀਆਂ ਦਾ ਸੁਭਾਅ ਨਾ ਬਦਲਿਆ ਤਾਂ ਉਮੀਦ 2037 ਤੱਕ ਵੀ ਰੱਖਣੀ ਪੈਣੀ ਹੈ।

ਨੌਕਰਸ਼ਾਹਾਂ ਵੱਲੋਂ ਲਿਖੀਆਂ ਪੁਸਤਕਾਂ ਸਿੱਖ ਸੰਘਰਸ਼ ਦੀ ਪਵਿੱਤਰ ਮਨੋਭਾਵਨਾ ਨੂੰ ਝੂਠਾ ਕਰਨ ਦਾ ਬਿਰਤਾਂਤ ਸਿਰਜਦੀਆਂ ਹਨ



ਬਘੇਲ ਸਿੰਘ ਧਾਲੀਵਾਲ
99142-58142

ਜੂਨ ਦੇ ਪਹਿਲੇ ਹਫਤੇ ਜਦੋਂ ਸਿੱਖ ਉਸ ਤੀਜੇ ਘੱਲੂਘਾਰੇ ਦੀ ਪਵਿੱਤਰ ਯਾਦ ਨੂੰ ਦੁਬਾਰਾ ਤਾਜ਼ਾ ਕਰਦੇ ਹਨ, ਤਾਂ ਉਹਨਾਂ ਦਿਨਾਂ ਵਿੱਚ ਬਹੁਤ ਸਾਰੀਆਂ ਉਹ ਪੁਸਤਕਾਂ ਦੀਆਂ ਲਿਖਤਾਂ ਅਕਸਰ ਹੀ ਅਖਬਾਰਾਂ ਦੇ ਪੰਨਿਆਂ 'ਤੇ ਪ੍ਰਮੁੱਖਤਾ ਨਾਲ ਛਪਦੀਆਂ ਹਨ, ਜਿਹੜੀਆਂ ਸਾਬਕਾ ਨੌਕਰਸ਼ਾਹਾਂ ਵੱਲੋਂ ਲਿਖੀਆਂ ਗਈਆਂ ਹਨ। ਭਾਵੇਂ ਇਹਨਾਂ ਨੂੰ ਛਾਪਣ ਦੇ ਪਿੱਛੇ ਕੋਈ ਮੰਦਭਾਵਨਾ ਨਹੀਂ ਹੁੰਦੀ, ਸਗੋਂ ਇਹ ਮਹਿਜ਼ ਇਤਿਹਾਸਿਕ ਸਰੋਤਾਂ ਦੀ ਜਾਣਕਾਰੀ ਨੂੰ ਜਨਤਕ ਕਰਨਾ ਹੀ ਅਸਲ ਮਕਸਦ ਹੁੰਦਾ ਹੈ, ਪਰ ਜਾਣੇ ਅਣਜਾਣੇ ਵਿੱਚ ਛਾਪੀਆਂ ਇਹ ਲਿਖਤਾਂ ਕੌਮ ਲਈ ਬੇਹੱਦ ਘਾਤਕ ਹਨ। ਜਦੋਂ ਵੀ ਜੂਨ 1984 ਦੇ ਸ੍ਰੀ ਅਕਾਲ ਤਖ਼ਤ ਸਾਹਿਬ ਉੱਤੇ ਫੌਜੀ ਹਮਲੇ, ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਸਮੇਤ ਕੌਮੀ ਸ਼ਹੀਦਾਂ ਅਤੇ ਲੱਖਾਂ ਦੀ ਗਿਣਤੀ 'ਚ ਬੇਦੋਸ਼ਿਆਂ ਦੀਆਂ ਸ਼ਹਾਦਤਾਂ ਜਾਂ ਉਸ ਤੋਂ ਬਾਅਦ ਚੱਲੇ ਸਿੱਖ ਸੰਘਰਸ਼ ਦੀ ਗੱਲ ਹੁੰਦੀ ਹੈ ਤਾਂ ਬੇਹੱਦ ਖਤਰਨਾਕ ਸਿਰਜੇ ਗਏ ਝੂਠੇ ਬਿਰਤਾਂਤ ਦਾ ਸੱਚ ਸਾਹਮਣੇ ਰੂਪਮਾਨ ਹੋਇਆ ਦਿਖਾਈ ਦਿੰਦਾ ਹੈ। ਸਿੱਖਾਂ 'ਤੇ ਆਪਣੇ ਇਤਿਹਾਸ ਪ੍ਰਤੀ ਲਾਪਰਵਾਹੀ ਦੇ ਦੋਸ਼ ਮੁੱਢੋਂ ਹੀ ਲੱਗਦੇ ਰਹੇ ਹਨ, ਇਹ ਸੱਚ ਵੀ ਹੈ,ਕਿਉਂਕਿ ਮਹਿਜ਼ ਸਾਢੇ ਪੰਜ ਕੁ ਸੌ ਸਾਲ ਦੇ ਇਤਿਹਾਸ ਵਿੱਚ ਦੁਬਿਧਾ ਹੋਣੀ ਕੌਮ ਦੀ ਲਾਪਰਵਾਹੀ ਨੂੰ ਸਪੱਸ਼ਟ ਕਰਦੀ ਹੈ। ਗੁਰੂ ਕਾਲ ਅਤੇ ਉਸ ਤੋਂ ਬਾਅਦ ਦੇ ਇਤਿਹਾਸ ਵਿੱਚ ਸਿੱਖ ਵਿਰੋਧੀ ਤਾਕਤਾਂ ਵੱਲੋਂ ਬਹੁਤ ਕੁੱਝ ਰਲਗੱਡ ਕਰਕੇ ਇਤਿਹਾਸ ਨੂੰ ਝੂਠਾ ਕਰਨ ਦੇ ਯਤਨ ਕੀਤੇ ਗਏ ਹਨ,ਪਰ ਕੌਮ ਨੇ ਇਸਨੂੰ ਕੋਈ ਬਹੁਤੀ ਗੰਭੀਰਤਾ ਨਾਲ ਨਹੀਂ ਲਿਆ, ਇੱਥੋਂ ਤੱਕ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਛਾਪੀਆਂ ਕਈ ਪੁਸਤਕਾਂ ਵੀ ਅਜਿਹੇ ਵਿਵਾਦਾਂ ਵਿੱਚ ਘਿਰੀਆਂ ਹੋਈਆਂ ਹਨ। ਜੇਕਰ 1984 ਵਾਲੇ ਦੌਰ ਦੀ ਗੱਲ ਕੀਤੀ ਜਾਵੇ, ਤਾਂ ਇਥੇ ਵੀ ਬੇਹੱਦ ਗੰਭੀਰ ਸਵਾਲ ਉੱਠਦੇ ਹਨ ਕਿ ਆਖਿਰ ਉਸ ਸਮੇਂ ਦਾ ਇਤਿਹਾਸ ਕਿਹੜੀਆਂ ਕਲਮਾਂ ਨੇ ਲਿਖਿਆ ਹੈ, ਕਿਹੜੀ ਨਜ਼ਰ ਨਾਲ ਲਿਖਿਆ ਗਿਆ ਹੈ ਅਤੇ ਸਭ ਤੋਂ ਵੱਡੀ ਗੱਲ ਕਿ ਉਸ ਖਤਰਨਾਕ ਬਿਰਤਾਂਤ ਨੂੰ ਸਮਝਿਆ ਕਿਉਂ ਨਹੀਂ ਗਿਆ। ਅਫਸੋਸ ਦੀ ਗੱਲ ਇਹ ਹੈ ਕਿ ਉਸ ਦੌਰ ਤੋਂ ਬਾਅਦ ਪੰਜਾਬ ਵਿੱਚ ਤਾਇਨਾਤ ਰਹੇ ਪੁਲਿਸ ਅਫਸਰਾਂ, ਖੁਫੀਆ ਏਜੰਸੀਆਂ ਨਾਲ ਜੁੜੇ ਅਧਿਕਾਰੀਆਂ, ਫੌਜੀ ਅਧਿਕਾਰੀਆਂ, ਪੱਤਰਕਾਰਾਂ ਅਤੇ ਦਿੱਲੀ ਦੇ ਸੱਤਾ ਕੇਂਦਰ ਨਾਲ ਜੁੜੇ ਲੋਕਾਂ ਨੇ ਪੁਸਤਕਾਂ ਲਿਖੀਆਂ। ਕਿਸੇ ਨੇ ਅੱਤਵਾਦ ਵਿਰੋਧੀ ਲੜਾਈ ਦੇ ਨਾਮ ਹੇਠ ਆਪਣੀ ਭੂਮਿਕਾ ਨੂੰ ਨਾਇਕ ਵਾਂਗ ਪੇਸ਼ ਕੀਤਾ, ਕਿਸੇ ਨੇ ਸਿੱਖ ਨੌਜਵਾਨਾਂ ਨੂੰ ਐਕਸਟਰੀਮਿਸਟ ਜਾਂ ਮਿਸਗਾਈਡਡ ਯੂਥ ਲਿਖਿਆ, ਕਿਸੇ ਨੇ ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਨੂੰ ਕੱਟੜਵਾਦੀ ਆਖਿਆ ਅਤੇ ਕਿਸੇ ਨੇ ਪੂਰੇ ਸਿੱਖ ਸੰਘਰਸ਼ ਨੂੰ ਪਾਕਿਸਤਾਨੀ ਸਾਜਿਸ਼ ਜਾਂ ਕਾਨੂੰਨ-ਵਿਵਸਥਾ ਦਾ ਮਸਲਾ ਦਿਖਾ ਦਿੱਤਾ। ਸੋਚਣ ਵਾਲੀ ਗੱਲ ਇਹ ਹੈ ਕਿ ਅਜਿਹਾ ਲਿਖਣ ਵਾਲੇ ਉਹੀ ਲੋਕ ਸਨ ਜੋ ਉਸ ਸਮੇਂ ਸੱਤਾ ਦਾ ਹਿੱਸਾ ਸਨ, ਰਾਜ ਦੇ ਸਿੱਖ ਵਿਰੋਧੀ ਬਿਰਤਾਂਤ ਨੂੰ ਪ੍ਰਚਾਰਨ ਵਾਲੇ, ਕੋਈ ਡੀ.ਸੀ., ਕੋਈ ਐਸ.ਐਸ.ਪੀ, ਕੋਈ ਆਈ.ਬੀ. ਅਧਿਕਾਰੀ, ਕੋਈ ਰਾਅ ਅਧਿਕਾਰੀ ਅਤੇ ਕੁੱਝ ਦਿੱਲੀ ਦੇ ਨੀਤੀਕਾਰਾਂ ਨਾਲ ਜੁੜੇ ਹੋਏ ਪੱਤਰਕਾਰ, ਉਹਨਾਂ ਦੇ ਹੱਥ ਵਿੱਚ ਰਾਜ ਦੀ ਤਾਕਤ ਵੀ ਸੀ, ਰਿਕਾਰਡ ਵੀ ਸੀ ਅਤੇ ਮੀਡੀਆ ਵੀ ਸੀ। ਫਿਰ ਉਹਨਾਂ ਨੇ ਇੱਕ ਪੱਖ ਨੂੰ ਇਤਿਹਾਸ ਬਣਾ ਕੇ ਪੇਸ਼ ਕਰ ਦਿੱਤਾ। ਇਸ ਬਿਰਤਾਂਤ ਦਾ ਦੁਖਦਾਈ ਪੱਖ ਇਹ ਹੈ ਕਿ ਸਿੱਖ ਸਮਾਜ ਦਾ ਵੱਡਾ ਹਿੱਸਾ ਵੀ ਉਹਨਾਂ ਲਿਖਤਾਂ ਨੂੰ ਹੀ ਅੰਤਿਮ ਸੱਚ ਮੰਨਣ ਲੱਗ ਪਿਆ, ਜਿਹੜਾ ਸਿੱਖ ਇਤਿਹਾਸ ਦੀ ਮੂਲ ਭਾਵਨਾ ਨੂੰ ਹੀ ਝੂਠ ਦਿਖਾ ਕੇ ਬਦਲਣ ਲਈ ਯਤਨਸ਼ੀਲ ਹੈ। ਅੱਜ ਜੇਕਰ ਕੋਈ ਨੌਜਵਾਨ ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਬਾਰੇ ਜਾਣਨਾ ਚਾਹੇ ਤਾਂ ਉਸਦੇ ਹੱਥ ਵਿੱਚ ਸਭ ਤੋਂ ਪਹਿਲਾਂ ਕਿਸੇ ਰਿਟਾਇਰ ਪੁਲਿਸ ਅਫਸਰ ਦੀ, ਕਿਸੇ ਰਿਟਾਇਰ ਫੌਜੀ ਜਰਨੈਲ ਦੀ ਜਾਂ ਕਿਸੇ ਖੁਫੀਆ ਏਜੰਸੀ ਦੇ ਰਿਟਾਇਰ ਹੋਏ ਅਧਿਕਾਰੀਆਂ ਦੀ ਪੁਸਤਕ ਆਉਂਦੀ ਹੈ, ਜਾਂ ਇਹ ਕਿਹਾ ਜਾਵੇ ਕਿ ਉਹਨਾਂ ਦੀਆਂ ਲਿਖਤਾਂ ਨੂੰ ਪਹਿਲ ਦਿੱਤੀ ਜਾਂਦੀ ਹੈ, ਜਿਨ੍ਹਾਂ ਵੱਲੋਂ ਸੰਤਾਂ ਨੂੰ ਇੱਕ ਅਜਿਹੇ ਦਰਿੰਦੇ ਮਨੁੱਖ ਵਜੋਂ ਪੇਸ਼ ਕੀਤਾ ਜਾਂਦਾ ਹੈ ਜੋ ਸਿਰਫ ਹਿੰਸਾ ਚਾਹੁੰਦਾ ਸੀ। ਪਰ ਕੋਈ ਇਹ ਨਹੀਂ ਦੱਸਦਾ ਕਿ ਉਹੀ ਸੰਤ ਜਰਨੈਲ ਸਿੰਘ ਭਿੰਡਰਾਂਵਾਲੇ ਸਨ,ਜਿਨ੍ਹਾਂ ਨੇ ਪਤਿੱਤ ਹੋ ਚੁੱਕੀ ਸਿੱਖ ਜੁਆਨੀ ਨੂੰ ਸਾਬਤ ਸੂਰਤ ਬਣਨ ਦਾ ਟਰੈਂਡ ਚਲਾਇਆ ਸੀ, ਉਹ ਪੰਜਾਬ ਦੇ ਪਾਣੀਆਂ, ਹੱਕਾਂ ਹਿੱਤਾਂ ਅਤੇ ਸਿੱਖ ਪਛਾਣ ਦੀ ਗੱਲ ਕਰਦੇ ਸਨ। ਉਹ ਸ੍ਰੀ ਅਨੰਦਪੁਰ ਸਾਹਿਬ ਦੇ ਮਤੇ ਨੂੰ ਲਾਗੂ ਕਰਵਾਉਣ ਦੀ ਲੜਾਈ ਲੜਦੇ ਸਨ, ਜਿਹੜਾ ਸਮੂਹ ਪੰਜਾਬੀਆਂ ਦੇ ਸਾਂਝੇ ਹਿਤਾਂ ਸਮੇਤ ਸੂਬਿਆਂ ਨੂੰ ਵੱਧ ਅਧਿਕਾਰ ਦੇਣ ਦੀ ਵਕਾਲਤ ਕਰਦਾ ਹੈ। ਉਪਰੋਕਤ ਪੁਸਤਕਾਂ ਵਿੱਚ ਇਹ ਬਿਲਕੁਲ ਨਹੀਂ ਦੱਸਿਆ ਗਿਅ ਕਿ ਸੰਤ ਭਿੰਡਰਾਂਵਾਲੇ ਅਤੇ ਉਹਨਾਂ ਦੇ ਸਿਰਲੱਥ ਸਿੰਘਾਂ ਦਾ ਨਿੱਕਾ ਜਿਹਾ ਜਥਾ ਪਹਾੜ ਜਿੱਡਾ ਦਿਲ ਲੈ ਕੇ ਲੱਖਾਂ ਦੀ ਗਿਣਤੀ ਵਿੱਚ ਮਾਰੂ ਅਤੇ ਪਾਬੰਦੀਸ਼ੁਦਾ ਰਸਾਇਣਿਕ ਹਥਿਆਰਾਂ ਨਾਲ ਲੈਸ ਭਾਰਤੀ ਫੌਜ ਨੂੰ ਪਵਿੱਤਰ ਸ੍ਰੀ ਦਰਬਾਰ ਸਾਹਿਬ ਦੀ ਹਦੂਦ ਅੰਦਰ ਦਾਖਲ ਹੋਣ ਤੋਂ ਰੋਕਣ ਲਈ ਵੱਡੇ ਹੌਂਸਲੇ ਨਾਲ ਲੜੇ ਸਨ ਅਤੇ ਸਿਫਤੀ ਦੇ ਘਰ ਨੂੰ ਬੰਬਾਂ ਤੋਪਾਂ ਟੈਂਕਾਂ ਨਾਲ ਉਡਾਉਣ ਵਾਲਿਆਂ ਸਾਹਮਣੇ ਹਿੱਕ ਡਾਹ ਕੇ ਖੜ੍ਹੇ ਸਨ। ਉਹ ਅੱਤਵਾਦੀ, ਵੱਖਵਾਦੀ ਨਹੀਂ ਸਨ, ਬਲਕਿ ਉਹਨਾਂ ਦਾ ਆਪਣੇ ਵਤਨ ਦੀ ਮਿੱਟੀ 'ਤੇ ਇਹ ਦਾਅਵਾ ਸੀ ਕਿ "ਸਿੱਖ ਭਾਰਤ ਵਿੱਚ ਦੂਜੇ ਦਰਜੇ ਦੇ ਸ਼ਹਿਰੀ ਬਣ ਕੇ ਨਹੀਂ ਸਗੋਂ ਇੱਕ ਨੰਬਰ ਦੇ ਸ਼ਹਿਰੀ ਬਣਕੇ ਰਹਿਣਗੇ,ਪਰ ਸਰਕਾਰੀ ਕਲਮਾਂ ਨੇ ਇਹ ਪੱਖ ਇਮਾਨਦਾਰੀ ਨਾਲ ਲਿਖਣ ਦੀ ਬਜਾਏ ਬੜੀ ਚਤੁਰਾਈ ਨਾਲ ਲਿਖਿਆ।ਉਸ ਮੌਕੇ ਦੇ ਕੁਝ ਵਿਦੇਸ਼ੀ ਪੱਤਰਕਾਰਾਂ ਦੀਆਂ ਰਿਪੋਰਟਾਂ ਤੋਂ ਇਲਾਵਾ ਬਾਕੀ ਵੱਡਾ ਹਿੱਸਾ ਸਰਕਾਰੀ ਬਿਆਨਾਂ ਉੱਤੇ ਹੀ ਨਿਰਭਰ ਰਿਹਾ। ਅੰਮ੍ਰਿਤਸਰ ਵਿੱਚ ਕਰਫਿਊ ਲਗਾ ਦਿੱਤਾ ਗਿਆ। ਪੱਤਰਕਾਰਾਂ ਵੱਲੋਂ ਲਿਖੇ ਜਾਂਦੇ ਜ਼ਮੀਨੀ ਹਾਲਤਾਂ ਨੂੰ ਦਬਾਅ ਲਿਆ ਜਾਂਦਾ ਸੀ। ਮਰਨ ਵਾਲਿਆਂ ਦੀ ਅਸਲੀ ਗਿਣਤੀ ਅੱਜ ਤੱਕ ਸਵਾਲਾਂ ਦੇ ਘੇਰੇ ਵਿੱਚ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਦੀ ਤਬਾਹੀ ਦੀਆਂ ਤਸਵੀਰਾਂ ਦੁਨੀਆ ਤੋਂ ਲੁਕਾਈਆਂ ਗਈਆਂ। ਫਿਰ ਉਸੇ ਰਾਜ ਮਸ਼ੀਨਰੀ ਨਾਲ ਜੁੜੇ ਲੋਕਾਂ ਨੇ ਸਾਲਾਂ ਬਾਅਦ ਕਿਤਾਬਾਂ ਲਿਖ ਕੇ ਆਪਣੀ ਕਾਰਵਾਈ ਨੂੰ ਜ਼ਰੂਰੀ ਅਤੇ ਸਹੀ ਸਾਬਤ ਕਰਨ ਦੀ ਕੋਸ਼ਿਸ਼ ਕੀਤੀ ਹੈ, ਜਿਨ੍ਹਾਂ ਲੋਕਾਂ ਉੱਤੇ ਦੋਸ਼ ਸੀ ਕਿ ਉਹਨਾਂ ਨੇ ਪੰਜਾਬ ਵਿੱਚ ਜਬਰ ਕੀਤਾ, ਫਰਜ਼ੀ ਮੁਕਾਬਲੇ ਕਰਵਾਏ, ਹਜ਼ਾਰਾਂ ਨੌਜਵਾਨ ਗਾਇਬ ਕੀਤੇ, ਉਹੀ ਲੋਕ ਜਦੋਂ ਇਤਿਹਾਸ ਲਿਖਣ ਤਾਂ ਉਸਨੂੰ ਨਿਰਪੱਖ ਕਿਵੇਂ ਮੰਨਿਆ ਜਾ ਸਕਦਾ ਹੈ? ਇਹ ਵੀ ਸੱਚ ਹੈ ਕਿ ਬਹੁਤ ਸਾਰੇ ਸਿੱਖ ਬੁੱਧੀਜੀਵੀਆਂ, ਲੇਖਕਾਂ, ਪੱਤਰਕਾਰਾਂ ਅਤੇ ਸੰਘਰਸ਼ ਨੂੰ ਨੇੜੇ ਤੋਂ ਵੇਖਣ ਵਾਲਿਆਂ ਨੇ ਇਸ ਪਾਸੇ ਇਮਾਨਦਾਰੀ ਨਾਲ ਚੰਗਾ ਕੰਮ ਕੀਤਾ ਹੈ ਪਰ ਇਹ ਸਚਾਈ ਹੈ ਕਿ ਉਹਨਾਂ ਲਿਖਤਾਂ ਨੂੰ ਮੀਡੀਆ, ਪ੍ਰਕਾਸ਼ਨ ਘਰ ਅਤੇ ਯੂਨੀਵਰਸਿਟੀ ਵਾਲਾ ਉਹ ਮੰਚ ਨਹੀਂ ਮਿਲਿਆ ਜੋ ਸਰਕਾਰੀ ਅਧਿਕਾਰੀਆਂ ਦੀਆਂ ਕਿਤਾਬਾਂ ਨੂੰ ਮਿਲਿਆ। ਨਤੀਜਾ ਇਹ ਹੈ ਕਿ ਸਿੱਖ ਵਿਰੋਧੀ ਸਿਰਜੇ ਗਏ ਵਿਰਤਾਂਤ ਨੂੰ ਅਧਿਕਾਰਕ ਇਤਿਹਾਸ ਮੰਨਿਆ ਜਾ ਰਿਹਾ ਹੈ ਅਤੇ ਦੂਜਾ ਪੱਖ ਭਾਵਨਾਤਮਕ ਲਿਖਤ ਕਹਿ ਕੇ ਪਾਸੇ ਕਰ ਦਿੱਤਾ ਗਿਆ। ਇਹ ਸਿੱਖ ਕੌਮ ਲਈ ਬਹੁਤ ਖਤਰਨਾਕ ਵਰਤਾਰਾ ਹੈ। ਜਦੋਂ ਇੱਕ ਪੀੜ੍ਹੀ ਆਪਣੇ ਸ਼ਹੀਦਾਂ ਨੂੰ ਸਰਕਾਰੀ ਸ਼ਬਦਾਵਲੀ ਵਿੱਚ ਪੜ੍ਹਨ ਲੱਗ ਪਵੇ, ਤਾਂ ਆਪਣੇ ਯੋਧੇ ਅੱਤਵਾਦੀ ਅਤੇ ਸੰਘਰਸ਼, ਲਾਅ ਐਂਡ ਆਰਡਰ ਪ੍ਰਾਬਲਮ ਵਾਂਗ ਦਿਖਾਈ ਦੇਣ ਲੱਗ ਪੈਣਾ ਸੁਭਾਵਿਕ ਹੈ, ਕਿਉਂਕਿ ਸਾਡੀ ਨਵੀਂ ਪੀੜ੍ਹੀ ਨੇ ਆਪਣਾ ਇਤਿਹਾਸ, ਆਪਣੇ ਵਿਦਵਾਨਾਂ, ਆਪਣੇ ਦਸਤਾਵੇਜ਼ਾਂ ਅਤੇ ਆਪਣੇ ਪੰਥਕ ਸਰੋਤਾਂ ਨੂੰ ਘੱਟ ਪੜ੍ਹਿਆ ਹੈ ਅਤੇ ਰਾਜ ਦੇ ਬਣਾਏ ਨੈਰੇਟਿਵ ਨੂੰ ਵੱਧ ਪੜ੍ਹਿਆ ਸੁਣਿਆ ਹੈ। ਇਹ ਵੀ ਕੌੜਾ ਸੱਚ ਹੈ ਕਿ ਬਹੁਤ ਸਾਰੇ ਸਿੱਖ ਬੁੱਧੀਜੀਵੀ ਵੀ ਅਣਜਾਣੇ ਜਾਂ ਜਾਣਬੁੱਝ ਕੇ ਉਸੇ ਸਰਕਾਰੀ ਭਾਸ਼ਾ ਨੂੰ ਸਹੀ ਦੁਹਰਾਉਣ ਦੀ ਕੋਸ਼ਿਸ਼ ਵਿੱਚ ਲੱਗੇ ਹੋਏ ਹਨ। ਖੁਦ ਸਿੱਖ ਲੇਖਕਾਂ ਨੇ ਵੀ ਮਿਲੀਟੈਂਸੀ,ਐਕਸਟਰੀਮਿਸਟ, ਸੈਪਰੇਟਿਸਟ ਵਾਇਲੈਂਸ ਵਰਗੇ ਸ਼ਬਦ ਵਰਤ ਕੇ ਸਿੱਖ ਸੰਘਰਸ਼ ਦੇ ਇਤਿਹਾਸ ਨੂੰ ਗਲਤ ਰੰਗਤ ਦੇਣ ਦੀ ਕੋਸ਼ਿਸ਼ ਕੀਤੀ। ਜਦੋਂਕਿ ਸੱਚ ਇਹ ਹੈ ਕਿ ਪੰਜਾਬ ਦਾ ਉਹ ਸੰਘਰਸ਼ ਅੱਤਵਾਦ ਨਹੀਂ, ਬਲਕਿ ਉਹ ਪੰਜਾਬ ਦੇ ਸਾਹਾਂ ਨਾਲ ਜੁੜਿਆ ਪਾਣੀਆਂ ਦਾ ਮਸਲਾ ਸੀ, ਸੰਵਿਧਾਨਕ ਧੋਖਿਆਂ ਦਾ ਮਸਲਾ ਸੀ, 1978 ਦੀ ਨਿਰੰਕਾਰੀਆਂ ਵਾਲੀ ਹਿਰਦੇਵੇਧਕ ਘਟਨਾ ਦਾ ਮਸਲਾ ਸੀ, ਆਨੰਦਪੁਰ ਸਾਹਿਬ ਮਤੇ ਦਾ ਮਸਲਾ ਸੀ, ਸਭ ਤੋਂ ਮਹੱਤਵਪੂਰਨ ਗੱਲ ਕਿ ਉਹ ਸਿੱਖ ਪਛਾਣ ਨੂੰ ਜਿਊਂਦਾ ਰੱਖਣ ਦਾ ਮਸਲਾ ਸੀ। ਜੇਕਰ ਇਹ ਸਭ ਕੁਝ ਹਟਾ ਕੇ ਕੇਵਲ ਟੈਰੋਰਿਜਮ ਲਿਖ ਦਿੱਤਾ ਜਾਵੇ ਤਾਂ ਇਤਿਹਾਸ ਦੇ ਅਰਥ ਹੀ ਬਦਲ ਜਾਂਦੇ ਹਨ। ਸਭ ਤੋਂ ਦੁੱਖ ਵਾਲੀ ਗੱਲ ਇਹ ਹੈ ਕਿ ਜਿਨ੍ਹਾਂ ਪੁਲਿਸ ਅਧਿਕਾਰੀਆਂ ਦੇ ਸਮੇਂ ਹਜ਼ਾਰਾਂ ਨੌਜਵਾਨ ਗਾਇਬ ਹੋਏ, ਜਿਨ੍ਹਾਂ ਉੱਤੇ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਦੇ ਦੋਸ਼ ਲੱਗੇ, ਜਿਨ੍ਹਾਂ ਦੇ ਦੌਰ ਵਿੱਚ ਫਰਜ਼ੀ ਮੁਕਾਬਲੇ ਆਮ ਸ਼ਬਦ ਬਣ ਗਿਆ, ਉਹਨਾਂ ਲੋਕਾਂ ਨੂੰ ਅੱਜ ਸ਼ਾਂਤੀ ਦੇ ਦੂਤ ਵਜੋਂ ਪੇਸ਼ ਕੀਤਾ ਜਾ ਰਿਹਾ ਹੈ। ਕਈਆਂ ਦੀਆਂ ਕਿਤਾਬਾਂ ਯੂਨੀਵਰਸਿਟੀਆਂ ਵਿੱਚ ਪੜ੍ਹਾਈਆਂ ਜਾਂਦੀਆਂ ਹਨ। ਮੀਡੀਆ ਉਹਨਾਂ ਦੇ ਇੰਟਰਵਿਊ ਕਰਦਾ ਹੈ। ਪਰ ਉਹਨਾਂ ਮਾਵਾਂ ਦੀ ਆਵਾਜ਼ ਕੌਣ ਸੁਣਦਾ ਹੈ, ਜਿਨ੍ਹਾਂ ਦੇ ਪੁੱਤ ਕਦੇ ਵਾਪਸ ਨਹੀਂ ਆਏ, ਉਹਨਾਂ ਚੁੱਲਿਆਂ ਦੇ ਦਰਦ ਨੂੰ ਕੌਣ ਲਿਖੇਗਾ, ਜਿਨ੍ਹਾਂ ਵਿੱਚ ਦਹਾਕਿਆਂ ਤੋਂ ਅੱਗ ਨਹੀਂ ਬਲੀ ਅਤੇ ਉਹਨਾਂ ਪਿੰਡਾਂ ਦੀ ਗਵਾਹੀ ਕੌਣ ਲਿਖੇਗਾ ਜਿੱਥੇ ਲੰਮੇ ਅਰਸੇ ਤੋਂ ਬਰਾਤ ਨਹੀਂ ਚੜ੍ਹੀ। ਸਿੱਖ ਇਤਿਹਾਸ ਦਾ ਸਭ ਤੋਂ ਵੱਡਾ ਦੁਖਾਂਤ ਇਹ ਹੈ ਕਿ ਝੂਠ ਨੂੰ ਵਾਰ-ਵਾਰ ਦੁਹਰਾ ਕੇ ਸੱਚ ਬਣਾਇਆ ਜਾ ਰਿਹਾ ਹੈ। ਇਸ ਲਈ ਲੋੜ ਹੈ ਕਿ ਸਿੱਖ ਆਪਣੇ ਇਤਿਹਾਸ ਨੂੰ ਖੁਦ ਲਿਖਣ, ਪਿੰਡਾਂ ਦੀਆਂ ਗਵਾਹੀਆਂ ਇਕੱਠੀਆਂ ਕੀਤੀਆਂ ਜਾਣ, ਜੇਲ੍ਹਾਂ ਕੱਟ ਚੁੱਕੇ ਸਿੰਘਾਂ ਦੀਆਂ ਦਾਸਤਾਨਾਂ ਲਿਖੀਆਂ ਜਾਣ। ਸ਼ਹੀਦ ਪਰਿਵਾਰਾਂ ਦੀਆਂ ਗੱਲਾਂ ਬਾਤਾਂ ਰਿਕਾਰਡ ਕੀਤੀਆਂ ਜਾਣ। 1984 ਤੋਂ ਬਾਅਦ ਦੇ ਪੰਜਾਬ ਨੂੰ ਸਿੱਖ ਨਜ਼ਰੀਏ ਤੋਂ ਡੌਕੂਮੈਂਟ ਕੀਤਾ ਜਾਵੇ। ਯੂਨੀਵਰਸਿਟੀਆਂ ਵਿੱਚ ਖੋਜ ਹੋਵੇ। ਨੌਜਵਾਨਾਂ ਨੂੰ ਦੋਵੇਂ ਪੱਖ ਪੜ੍ਹਾਏ ਜਾਣ ਤਾਂ ਜੋ ਉਹ ਝੂਠੇ ਬਿਰਤਾਂਤ ਨੂੰ ਵੀ ਸਮਝ ਸਕਣ। ਜੇ ਸਿੱਖ ਆਪਣੇ ਇਤਿਹਾਸ ਨੂੰ ਸਾਂਭਣ ਲਈ ਗੰਭੀਰ ਨਹੀਂ ਹੋਣਗੇ, ਤਾਂ ਵਿਰੋਧੀ ਤਾਕਤਾਂ ਸਿੱਖ ਇਤਿਹਾਸ ਨੂੰ ਆਪਣੇ ਢੰਗ ਨਾਲ ਪਰਿਭਾਸ਼ਿਤ ਕਰਨਗੀਆਂ। ਇਸ ਲਈ ਉਸ ਝੂਠੇ ਬਿਰਤਾਂਤ ਨੂੰ ਚੁਣੌਤੀ ਦੇਣ ਦੀ ਲੋੜ ਹੈ, ਜੋ ਜੂਨ 1984 ਨੂੰ ਓਪਰੇਸ਼ਨ ਅਤੇ ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਨੂੰ ਸਮੱਸਿਆ ਕਹਿੰਦਾ ਹੈ, ਪਰ ਉਹਨਾਂ ਦੇ ਪਿੱਛੇ ਖੜ੍ਹੇ ਲੱਖਾਂ ਸਿੱਖਾਂ ਦੀ ਮਨੋਸਥਿਤੀ ਨਹੀਂ ਸਮਝਦਾ, ਜਾਂ ਇਹ ਕਹਿਣਾ ਵੀ ਗਲਤ ਨਹੀਂ ਹੋਵੇਗਾ ਕਿ ਉਸ ਸਿੱਖ ਮਨੋ ਸਥਿੱਤੀ ਨੂੰ ਹੀ ਬਦਲਣਾ ਚਾਹੁੰਦਾ ਹੈ, ਜਿਹੜੀ ਜੂਨ 1984 ਦੇ ਫੌਜੀ ਹਮਲੇ ਨੂੰ ਤੀਜੇ ਘੱਲੂਘਾਰੇ ਦੇ ਨਾਮ ਨਾਲ ਯਾਦ ਕਰਦੀ ਹੈ, ਜਿਸਦੇ ਜ਼ਖਮ ਸਿੱਖ ਮਨਾਂ ਵਿੱਚ ਰਹਿੰਦੀ ਦੁਨੀਆਂ ਤੱਕ ਰਿਸਦੇ ਰਹਿਣਗੇ।

ਉਜਾਗਰ ਸਿੰਘ

94178 13072

ਸਰੀਰਕ ਜ਼ਖ਼ਮ ਸਮੇਂ ਦੇ ਬੀਤਣ ਨਾਲ ਰਿਸਣ ਤੋਂ ਹਟ ਜਾਂਦੇ ਹਨ ਪ੍ਰੰਤੂ ਮਾਨਸਿਕ ਜ਼ਖ਼ਮ ਹਮੇਸ਼ਾ ਅੱਲੇ ਰਹਿੰਦੇ ਹਨ ਤੇ ਰਿਸਣੇ ਕਦੀ ਬੰਦ ਨਹੀਂ ਹੁੰਦੇ। ਜੇਕਰ ਸਰੀਰਕ ਤੇ ਮਾਨਸਿਕ ਦੋਵੇਂ ਤਰ੍ਹਾਂ ਦੇ ਜ਼ਖ਼ਮ ਹੋਣ ਤਾਂ ਫਿਰ ਉਹ ਰਿਸਣੇ ਬੰਦ ਹੋ ਜਾਣ, ਇਹ ਸਵਾਲ ਹੀ ਪੈਦਾ ਨਹੀਂ ਹੁੰਦਾ।

ਸਿੱਖਾਂ ਦੇ ਸਰਬੋਤਮ ਧਾਰਮਿਕ ਅਸਥਾਨ ਸ੍ਰੀ ਹਰਿਮੰਦਰ ਸਾਹਿਬ ਅਤੇ ਹੋਰ 40 ਦੇ ਕਰੀਬ ਗੁਰੂ ਘਰਾਂ 'ਤੇ ਭਾਰਤੀ ਫ਼ੌਜ ਵੱਲੋਂ ਕੀਤੇ ਗਏ ਅਤਿਅੰਤ ਦੁੱਖਦਾਈ ਬਲਿਊ ਸਟਾਰ ਆਪ੍ਰੇਸ਼ਨ ਨੂੰ ਭਾਵੇਂ 42 ਸਾਲ ਹੋ ਗਏ ਹਨ ਪ੍ਰੰਤੂ ਉਸ ਦੇ ਜ਼ਖ਼ਮ ਅਜੇ ਵੀ ਅੱਲੇ ਹੀ ਹਨ, ਰਿਸਦੇ ਹਨ ਤੇ ਹਮੇਸ਼ਾ ਰਿਸਦੇ ਹੀ ਰਹਿਣਗੇ। ਸਿੱਖਾਂ ਨੂੰ ਕੁਝ ਲੋਕ ਸਲਾਹ ਦਿੰਦੇ ਹਨ ਕਿ ਉਸ ਮੰਦਭਾਗੀ ਹਮਲੇ ਨੂੰ ਭੁੱਲ ਜਾਓ। ਇਹ ਕਹਿਣਾ ਸੌਖਾ ਹੈ, ਭੁੱਲਣਾ ਨਾਮੁਮਕਿਨ ਹੈ। ਜਿਸ ਦਾ ਦਿਲ ਵਲੂੰਧਰਿਆ ਗਿਆ ਹੋਵੇ, ਉਸ ਦਾ ਦੁੱਖ ਉਹ ਹੀ ਮਹਿਸੂਸ ਕਰ ਸਕਦਾ ਹੈ।

ਸਰਕਾਰੀ ਕਰੂਰਤਾ ਦੀ ਚੀਸ ਖ਼ਤਮ ਹੋਣ ਵਾਲੀ ਨਹੀਂ ਹੈ। ਕੋਈ ਵੀ ਗੁਰੂ ਦਾ ਸੱਚਾ ਸਿੱਖ ਉਸ ਅਣਮਨੁੱਖੀ ਹਮਲੇ ਦੇ ਸੰਤਾਪ ਨੂੰ ਭੁੱਲਣ ਦੀ ਗੁਸਤਾਖ਼ੀ ਕਰ ਹੀ ਨਹੀਂ ਸਕਦਾ। ਅਣਗਿਣਤ ਬੇਦੋਸ਼ੇ ਸ਼ਰਧਾਲੂਆਂ ਦੇ ਡੁਲ੍ਹੇ ਖ਼ੂਨ ਸਿਆਸਤਦਾਨਾਂ ਦੀਆਂ ਰੂਹਾਂ ਨੂੰ ਤੜਪਾਉਂਦੇ ਰਹਿਣਗੇ। ਸ੍ਰੀ ਹਰਿਮੰਦਰ ਸਾਹਿਬ 'ਤੇ ਹਮਲਾ ਭਾਰਤ ਦੀ ਉਸ ਫ਼ੌਜ ਵੱਲੋਂ ਕੀਤਾ ਗਿਆ, ਜਿਸ ਵਿਚ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਕਰਨ ਲਈ ਕੁਰਬਾਨੀਆਂ ਦੇਣ ਵਾਲਿਆਂ ਵਿਚ ਸਿੱਖ ਸ਼ਾਮਲ ਹੀ ਨਹੀਂ, ਸਗੋਂ ਮੋਹਰੀ ਭੂਮਿਕਾ ਨਿਭਾਉਂਦੇ ਰਹੇ ਹਨ।

ਦੁੱਖ ਇਸ ਗੱਲ ਦਾ ਵੀ ਹੈ ਕਿ ਸ੍ਰੀ ਹਰਿਮੰਦਰ ਸਾਹਿਬ 'ਤੇ ਹਮਲਾ ਕਰਨ ਵਾਲੇ ਫ਼ੌਜੀਆਂ ਦੀ ਅਗਵਾਈ ਦੋ ਸਿੱਖ ਜਰਨੈਲ ਆਰਐੱਸ ਦਿਆਲ, ਸਲਾਹਕਾਰ ਰਾਜਪਾਲ ਪੰਜਾਬ ਅਤੇ ਲੈਫ. ਜਨਰਲ ਕੁਲਦੀਪ ਸਿੰਘ ਬਰਾੜ ਕਰ ਰਹੇ ਸਨ। ਏਥੇ ਹੀ ਬੱਸ ਨਹੀਂ, ਦੇਸ਼ ਦੀਆਂ ਫ਼ੌਜਾਂ ਦੇ ਮੁਖੀ ਭਾਰਤ ਦੇ ਰਾਸ਼ਟਰਪਤੀ ਗਿਆਨੀ ਜ਼ੈਲ ਸਿੰਘ ਅਤੇ ਗ੍ਰਹਿ ਮੰਤਰੀ ਬੂਟਾ ਸਿੰਘ ਦੋਵੇਂ ਅੰਮ੍ਰਿਤਧਾਰੀ ਸਿੱਖ ਸਨ। ਇੰਦਰਾ ਗਾਂਧੀ ਨੇ ਸੰਸਦ 'ਚ ਹੋਈ ਡਿਬੇਟ 'ਚ ਕਿਹਾ ਸੀ ਕਿ ਪੰਜਾਬ ਦੀ ਸਮੱਸਿਆ ਦਾ ਕੋਈ ਹੱਲ ਨਾ ਲੱਭਣ ਅਤੇ ਸ੍ਰੀ ਹਰਿਮੰਦਰ ਸਾਹਿਬ 'ਤੇ ਹਮਲੇ ਦੀ ਜ਼ਿੰਮੇਵਾਰ ਸ਼੍ਰੋਮਣੀ ਅਕਾਲੀ ਦਲ ਦੀ ਲੀਡਰਸ਼ਿਪ ਖ਼ੁਦ ਹੈ ਕਿਉਂਕਿ ਹਰ ਮੀਟਿੰਗ ਵਿਚ ਉਹ ਨਵੀਂ ਮੰਗ ਰੱਖ ਦਿੰਦੇ ਸਨ।

ਕੇਂਦਰ ਸਰਕਾਰ ਨੇ ਜਰਨੈਲ ਸਿੰਘ ਭਿੰਡਰਾਂਵਾਲੇ ਅਤੇ ਸਮੁੱਚੇ ਸਿੱਖਾਂ ਨੂੰ ਲੋਕਾਂ ਦੇ ਕਟਹਿਰੇ ਵਿਚ ਖੜ੍ਹਾ ਕਰ ਦਿੱਤਾ ਹੈ। ਖਾਸ ਤੌਰ 'ਤੇ ਸਿੱਖਾਂ ਦੇ ਨੇਤਾ ਜਿਹੜੇ ਕੇਂਦਰੀ ਮੰਤਰੀਆਂ ਨਾਲ ਮੀਟਿੰਗਾਂ ਵਿਚ ਹਿੱਸਾ ਲੈਂਦੇ ਰਹੇ, ਉਨ੍ਹਾਂ ਵਿੱਚੋਂ ਕਿਸੇ ਇਕ ਨੇ ਵੀ ਇਨ੍ਹਾਂ ਗੱਲਾਂ ਦਾ ਖੰਡਨ ਨਹੀਂ ਕੀਤਾ। ਇਸ ਲਈ ਇਕਪਾਸੜ ਕਹਾਣੀ ਮੀਡੀਆ ਵਿਚ ਆਉਂਦੀ ਰਹੀ। ਇਹ ਸਾਰਾ ਕੁਝ ਇੰਟਰਨੈੱਟ 'ਤੇ ਪਿਆ ਹੈ ਤੇ ਰਹਿੰਦੀ ਦੁਨੀਆ ਤੱਕ ਪਿਆ ਰਹੇਗਾ।

ਜਦੋਂ ਵੀ ਕੋਈ ਬਲਿਊ ਸਟਾਰ ਆਪ੍ਰੇਸ਼ਨ ਬਾਰੇ ਜਾਨਣ ਲਈ ਇੰਟਰਨੈੱਟ ਤੋਂ ਪਤਾ ਕਰੇਗਾ ਤਾਂ ਇਹੋ ਨੈਗੇਟਿਵ ਜਵਾਬ ਮਿਲੇਗਾ। ਇਸ ਸਭ ਕੁਝ ਦੀ ਜ਼ਿੰਮੇਵਾਰ ਸ਼੍ਰੋਮਣੀ ਅਕਾਲੀ ਦਲ ਦੀ ਪੁਰਾਣੀ ਲੀਡਰਸ਼ਿਪ ਹੈ। ਬਲਿਊ ਸਟਾਰ ਆਪ੍ਰੇਸ਼ਨ ਤੋਂ ਬਾਅਦ ਸ਼੍ਰੋਮਣੀ ਅਕਾਲੀ ਦਲ ਦੀਆਂ ਚਾਰ ਵਾਰ ਸਰਕਾਰਾਂ ਰਹੀਆਂ। ਕਿਸੇ ਨੇ ਵੀ ਇਨ੍ਹਾਂ ਗੰਭੀਰ ਇਲਜ਼ਾਮਾਂ ਦਾ ਖੰਡਨ ਨਹੀਂ ਕੀਤਾ ਅਤੇ ਨਾ ਹੀ ਕੋਈ ਸਾਰਥਕ ਜਾਣਕਾਰੀ ਦੇਣ ਦੀ ਕੋਸ਼ਿਸ਼ ਕੀਤੀ ਹੈ।

ਬਲਿਊ ਸਟਾਰ ਆਪ੍ਰੇਸ਼ਨ ਤੋਂ ਬਾਅਦ ਫ਼ੌਜ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਮਿਲੇ ਹਥਿਆਰਾਂ ਦੀ ਨੁਮਾਇਸ਼ ਲਾ ਕੇ ਬਦਨਾਮ ਕੀਤਾ। ਇਸ ਦਾ ਵੀ ਅਕਾਲੀਆਂ ਦੀ ਲੀਡਰਸ਼ਿਪ ਨੇ ਖੰਡਨ ਨਹੀਂ ਕੀਤਾ। ਜੇ ਹਥਿਆਰਾਂ ਦਾ ਬਰਾਮਦ ਹੋਣਾ ਸੱਚ ਹੈ ਤਾਂ ਇਹ ਹਥਿਆਰ ਸ੍ਰੀ ਹਰਿਮੰਦਰ ਸਾਹਿਬ ਦੇ ਆਲੇ-ਦੁਆਲੇ ਸੁਰੱਖਿਆ ਫੋਰਸਾਂ ਦੇ ਨਾਕਿਆਂ ਰਾਹੀਂ ਲੰਘ ਕੇ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਕਿਵੇਂ ਪਹੁੰਚੇ? ਜਨਰਲ ਸੁਬੇਗ ਸਿੰਘ 'ਤੇ ਇਲਜ਼ਾਮ ਹੈ ਕਿ ਉਸ ਨੇ ਨੌਜਵਾਨਾਂ ਨੂੰ ਹਥਿਆਰਾਂ ਨਾਲ ਲਾਮਬੰਦ ਕਰਨ ਵਿਚ ਭੂਮਿਕਾ ਨਿਭਾਈ ਸੀ। ਇਸ ਦੀ ਵੀ ਪੜਤਾਲ ਹੋਣੀ ਜ਼ਰੂਰੀ ਚਾਹੀਦੀ ਸੀ। ਹਮਲੇ ਤੋਂ ਪਹਿਲਾਂ ਹੋਰ ਕੋਈ ਬਦਲ ਕਿਉਂ ਨਹੀਂ ਵਰਤਿਆ ਗਿਆ? ਇਨ੍ਹਾਂ ਸਵਾਲਾਂ ਦੇ ਜਵਾਬ ਵੀ ਅਜੇ ਬਕਾਇਆ ਹਨ।

ਅਸਲ ਵਿਚ ਸ਼੍ਰੋਮਣੀ ਅਕਾਲੀ ਦਲ 'ਤੇ ਕਾਬਜ ਸਿੱਖ ਸਿਆਸਤਦਾਨ ਆਪਣੀ ਜ਼ਿੰਮੇਵਾਰੀ ਨਿਭਾਉਣ ਵਿਚ ਨਾਕਾਮ ਹੋ ਗਏ ਸਨ। ਉਨ੍ਹਾਂ ਨੂੰ ਜਰਨੈਲ ਸਿੰਘ ਭਿੰਡਰਾਂਵਾਲੇ ਦੇ ਸਿੱਖੀ ਦੇ ਪ੍ਰਚਾਰ ਤੇ ਪ੍ਰਸਾਰ ਕਰਨ ਕਰਕੇ ਡਰ ਲੱਗ ਰਿਹਾ ਸੀ ਕਿਉਂਕਿ ਭਿੰਡਰਾਂਵਾਲੇ ਦੀ ਸਿੱਖ ਜਗਤ ਵਿਚ ਹਰਮਨਪਿਆਰਤਾ ਵਧ ਰਹੀ ਸੀ। ਸ਼੍ਰੋਮਣੀ ਅਕਾਲੀ ਦਲ ਦੀ ਸਮੁੱਚੀ ਲੀਡਰਸ਼ਿਪ ਦੀ ਧੜਕਣ ਤੇਜ਼ ਹੋ ਰਹੀ ਸੀ ਕਿ ਕਿਤੇ ਉਹ ਸ਼੍ਰੋਮਣੀ ਅਕਾਲੀ ਦਲ 'ਤੇ ਕਾਬਜ ਨਾ ਹੋ ਜਾਵੇ। ਅੰਦਰਖਾਤੇ ਸਾਰੀ ਸ਼੍ਰੋਮਣੀ ਅਕਾਲੀ ਦਲ ਦੀ ਲੀਡਰਸ਼ਿਪ ਭਿੰਡਰਾਂਵਾਲੇ ਦੇ ਵਿਰੁੱਧ ਬੋਲ ਰਹੀ ਸੀ।

ਉਨ੍ਹਾਂ ਨੇ ਤਾਂ ਇੱਥੋਂ ਤੱਕ ਇਲਜ਼ਾਮ ਲਗਾ ਦਿੱਤਾ ਸੀ ਕਿ ਭਿੰਡਰਾਂਵਾਲੇ ਨੂੰ ਗਿਆਨੀ ਜ਼ੈਲ ਸਿੰਘ ਅਕਾਲੀਆਂ ਵਿਰੁੱਧ ਵਰਤ ਰਿਹਾ ਹੈ। ਕਈ ਪੁਸਤਕਾਂ ਲਿਖਣ ਵਾਲੇ ਸਿੱਖ, ਜਿਨ੍ਹਾਂ ਵਿਚ ਸਾਬਕਾ ਰਾਅ ਦੇ ਮੁਖੀ ਜੀਪੀਐੱਸ ਸਿੱਧੂ, ਪੀਸੀ ਅਲੈਗਜ਼ੈਂਡਰ, ਏਪੀ ਪਾਂਡੇ ਅਤੇ ਕੁਝ ਹੋਰ ਅਧਿਕਾਰੀ ਵੀ ਸ਼ਾਮਲ ਹਨ, ਨੇ ਵੀ ਇਹੋ ਸ਼ੱਕ ਪ੍ਰਗਟ ਕੀਤਾ ਸੀ ਜਦਕਿ ਇਸ ਵਿਚ ਕੋਈ ਸੱਚਾਈ ਨਹੀਂ ਸੀ। ਪੰਜਾਬ ਦੇ ਤੱਤਕਾਲੀ ਮੁੱਖ ਮੰਤਰੀ ਦਰਬਾਰਾ ਸਿੰਘ ਅਤੇ ਗਿਆਨੀ ਜ਼ੈਲ ਸਿੰਘ ਦੀ ਸਿਆਸੀ ਲੜਾਈ ਕਰਕੇ ਦਰਬਾਰਾ ਸਿੰਘ ਦਾ ਧੜਾ ਵੀ ਇਹੋ ਇਲਜ਼ਾਮ ਲਾਈ ਜਾ ਰਿਹਾ ਸੀ।

ਸਿਆਸਤਦਾਨ ਹਮੇਸ਼ਾ ਦੂਜਿਆਂ ਦੇ ਮੋਢਿਆਂ 'ਤੇ ਰੱਖ ਕੇ ਵਾਰ ਕਰਦੇ ਹਨ। ਮੈਂ ਜਰਨੈਲ ਸਿੰਘ ਭਿੰਡਰਾਂਵਾਲੇ ਦੀ ਵਕਾਲਤ ਨਹੀਂ ਕਰ ਰਿਹਾ ਪ੍ਰੰਤੂ ਇਸ ਗੱਲ ਦਾ ਕੋਈ ਪ੍ਰਮਾਣ ਨਹੀਂ ਕਿ ਉਹ ਕਿਸੇ ਧਰਮ ਦੇ ਵਿਰੁੱਧ ਉਕਸਾ ਰਹੇ ਹੋਣ। ਭਿੰਡਰਾਂਵਾਲੇ ਵਿਰੁੱਧ ਇਹ ਸਾਰੀਆਂ ਅਫ਼ਵਾਹਾਂ ਬਹੁ-ਸੰਮਤੀ ਲੋਕਾਂ ਵੱਲੋਂ ਫੈਲਾਈਆਂ ਜਾ ਰਹੀਆਂ ਸਨ। ਉਨ੍ਹਾਂ ਨੇ ਕਦੀ ਖ਼ਾਲਿਸਤਾਨ ਦੀ ਮੰਗ ਨਹੀਂ ਕੀਤੀ ਸੀ ਪ੍ਰੰਤੂ ਇਹ ਜ਼ਰੂਰ ਕਿਹਾ ਸੀ ਕਿ ਜੇ ਦੇਣ ਤਾਂ ਕੋਈ ਇਨਕਾਰ ਨਹੀਂ। ਉਹ ਹਰ ਧਰਮ ਦੇ ਲੋਕਾਂ ਨੂੰ ਆਪੋ-ਆਪਣੇ ਧਰਮ ਵਿਚ ਪਰਪੱਕ ਰਹਿਣ ਲਈ ਕਹਿੰਦੇ ਸਨ। ਹਰ ਸਮੱਸਿਆ ਦਾ ਹੱਲ ਗੱਲਬਾਤ ਨਾਲ ਹੀ ਹੁੰਦਾ ਹੈ। ਆਸਾਮ ਵਿਚ ਚਾਰ ਸਾਲ ਹਿੰਸਕ ਮਾਹੌਲ ਰਿਹਾ। ਆਖਰ ਕੇਂਦਰ ਸਰਕਾਰ ਨਾਲ ਗੱਲਬਾਤ ਤੋਂ ਬਾਅਦ ਸਮਝੌਤਾ ਹੋ ਗਿਆ। ਪੰਜਾਬ ਵਿਚ ਸਮਝੌਤਾ ਕਿਉਂ ਨਹੀਂ ਹੋਇਆ? ਸਿੱਖ ਜਗਤ ਨੂੰ ਗੰਭੀਰਤਾ ਨਾਲ ਵਿਚਾਰਨ ਦੀ ਲੋੜ ਹੈ। ਸ਼੍ਰੋਮਣੀ ਅਕਾਲੀ ਦਲ ਦੀ ਲੀਡਰਸ਼ਿਪ ਨੇ ਕੇਂਦਰੀ ਮੰਤਰੀਆਂ ਨਾਲ ਬਾਰਾਂ ਮੀਟਿੰਗਾਂ ਕੀਤੀਆਂ ਪ੍ਰੰਤੂ ਇਹ ਗੱਲਬਾਤ ਸਿਰੇ ਕਿਉਂ ਨਹੀਂ ਚੜ੍ਹੀ? ਕਿਉਂਕਿ ਅਕਾਲੀ ਲੀਡਰਸ਼ਿਪ ਸਮਝੌਤਾ ਜਾਂ ਤਾਂ ਕਰਨਾ ਨਹੀਂ ਚਾਹੁੰਦੀ ਸੀ ਜਾਂ ਕਮਜ਼ੋਰ ਹੋਣ ਕਰਕੇ ਫ਼ੈਸਲਾ ਨਹੀਂ ਕਰ ਸਕੀ।

ਸ਼੍ਰੋਮਣੀ ਅਕਾਲੀ ਦਲ ਦੀ ਲੀਡਰਸ਼ਿਪ ਨੇ ਇਕ ਵਾਰ ਤਾਂ ਤੱਤਕਾਲੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਨਾਲ ਵੀ ਗੱਲਬਾਤ ਕੀਤੀ ਸੀ। ਹਰ ਵਾਰ ਸ਼੍ਰੋਮਣੀ ਅਕਾਲੀ ਦਲ ਦੀ ਲੀਡਰਸ਼ਿਪ ਮੀਟਿੰਗ ਵਿਚ ਇਹ ਕਹਿੰਦੀ ਰਹੀ ਕਿ ਬਾਅਦ ਵਿਚ ਦੱਸਾਂਗੇ। ਇਸ ਦਾ ਤਾਂ ਇਹੋ ਅਰਥ ਨਿਕਲਦਾ ਹੈ ਕਿ ਉਹ ਸਮਝੌਤਾ ਕਰਨਾ ਨਹੀਂ ਚਾਹੁੰਦੇ ਸੀ। ਸ਼੍ਰੋਮਣੀ ਅਕਾਲੀ ਦਲ ਦੇ ਨੇਤਾਵਾਂ ਨਾਲ ਆਖ਼ਰੀ ਮੀਟਿੰਗ 26 ਮਈ 1984 ਨੂੰ ਹੋਈ ਸੀ। ਕੇਂਦਰ ਸਰਕਾਰ ਵੀ ਸੰਜੀਦਾ ਨਹੀਂ ਸੀ। ਇਕ ਪਾਸੇ ਮੀਟਿੰਗਾਂ ਕਰ ਰਹੀ ਸੀ ਤੇ ਦੂਜੇ ਪਾਸੇ ਬਲਿਊ ਸਟਾਰ ਆਪ੍ਰੇਸ਼ਨ ਦੀ ਤਿਆਰੀ ਕਰ ਰਹੀ ਸੀ। ਇਹ ਆਪ੍ਰੇਸ਼ਨ ਇਕ ਦਿਨ ਦਾ ਫ਼ੈਸਲਾ ਨਹੀਂ ਸੀ। ਲਗਪਗ ਇਕ ਸਾਲ ਤੋਂ ਤਿਆਰੀ ਕੀਤੀ ਜਾ ਰਹੀ ਸੀ। ਰਾਜੀਵ ਗਾਂਧੀ ਨੇ ਮਾਰਚ 1984 ਵਿਚ ਜਰਨੈਲ ਸਿੰਘ ਭਿੰਡਰਾਂਵਾਲੇ ਨੂੰ ਧਾਰਮਿਕ ਸੰਤ ਪੁਰਸ਼ ਕਿਹਾ ਸੀ। ਫਿਰ ਇੰਨੀ ਜਲਦੀ ਉਸ ਨੂੰ ਅੱਤਵਾਦੀ ਬਣਾ ਦਿੱਤਾ।

ਇਨ੍ਹਾਂ ਸਾਰੀਆਂ ਗੱਲਾਂ ਦੀ ਪੜਚੋਲ ਕਰਨੀ ਬਣਦੀ ਹੈ। ਅੱਜ ਤੱਕ ਮੀਟਿੰਗਾਂ ਵਿਚ ਸ਼ਾਮਲ ਹੋਣ ਵਾਲੇ ਕਿਸੇ ਅਕਾਲੀ ਨੇਤਾ ਨੇ ਇਹ ਨਹੀਂ ਦੱਸਿਆ ਕਿ ਸਮਝੌਤਾ ਕਿਉਂ ਨਹੀਂ ਸਿਰੇ ਚੜ੍ਹ ਸਕਿਆ? ਉਨ੍ਹਾਂ ਵਿੱਚੋਂ ਕੁਝ ਨੇਤਾ ਤਾਂ ਅੱਜ ਵੀ ਜਿਉਂਦੇ ਹਨ। ਵੱਖ-ਵੱਖ ਸਮੇਂ ਵੱਖ-ਵੱਖ ਮੀਟਿੰਗਾਂ ਵਿਚ ਪਰਕਾਸ਼ ਸਿੰਘ ਬਾਦਲ, ਜਥੇਦਾਰ ਗੁਰਚਰਨ ਸਿੰਘ ਟੌਹੜਾ, ਸੰਤ ਹਰਚੰਦ ਸਿੰਘ ਲੌਂਗੋਵਾਲ, ਸੁਰਜੀਤ ਸਿੰਘ ਬਰਨਾਲਾ, ਬਲਬੰਤ ਸਿੰਘ, ਰਵੀਇੰਦਰ ਸਿੰਘ, ਕੈਪਟਨ ਅਮਰਿੰਦਰ ਸਿੰਘ ਆਦਿ ਸ਼ਾਮਲ ਹੁੰਦੇ ਰਹੇ ਸਨ। ਉਹ ਵੀ ਚੁੱਪ ਬੈਠੇ ਰਹੇ। ਇਹ ਵੀ ਪ੍ਰਧਾਨ ਮੰਤਰੀ ਦੇ ਦਫ਼ਤਰ ਦੇ ਰਿਕਾਰਡ ਵਿਚ ਹੈ ਕਿ ਭਿੰਡਰਾਂਵਾਲੇ ਦਾ 19 ਫਰਵਰੀ 1983 ਦਾ ਲਿਖਿਆ ਇਕ ਖ਼ਤ ਇਕ ਅਖ਼ਬਾਰ ਦੇ ਸੰਪਾਦਕ ਭਰਪੂਰ ਸਿੰਘ ਬਲਬੀਰ ਨੇ ਇੰਦਰਾ ਗਾਂਧੀ ਨੂੰ ਨਿੱਜੀ ਤੌਰ 'ਤੇ ਮਿਲ ਕੇ ਦੇ ਕੇ ਦਿੱਤਾ ਸੀ ਤੇ ਫਿਰ ਇੰਦਰਾ ਗਾਂਧੀ ਨੇ ਉਸ ਖ਼ਤ ਦਾ ਜਵਾਬ ਭਰਪੂਰ ਸਿੰਘ ਬਲਬੀਰ ਰਾਹੀਂ ਦੋ ਦਿਨ ਬਾਅਦ 21 ਫਰਵਰੀ 1983 ਨੂੰ ਭਿੰਡਰਾਂਵਾਲੇ ਨੂੰ ਭਿਜਵਾਇਆ ਸੀ। ਮਰਹੂਮ ਪੱਤਰਕਾਰ ਦਲਬੀਰ ਸਿੰਘ ਦੇ ਸੰਪਰਕ ਰਾਹੀਂ ਪਤਾ ਲੱਗਿਆ ਸੀ ਕਿ ਭਿੰਡਰਾਂਵਾਲੇ ਨਾਲ ਇੰਦਰਾ ਗਾਂਧੀ ਦੀ ਮੀਟਿੰਗ ਵੀ ਤੈਅ ਹੋ ਗਈ ਸੀ ਪ੍ਰੰਤੂ ਐਨ ਮੌਕੇ 'ਤੇ ਕੁਝ ਵਿਅਕਤੀਆਂ ਨੇ ਅੜਿਕਾ ਪਾ ਕੇ ਮੀਟਿੰਗ ਰੱਦ ਕਰਵਾ ਦਿੱਤੀ ਸੀ। ਜੇ ਸਮਝੌਤਾ ਹੋ ਜਾਂਦਾ ਤਾਂ ਸਿੱਖਾਂ ਨੂੰ ਅਜਿਹੇ ਹਾਲਾਤ ਵਿੱਚੋਂ ਨਾ ਗੁਜ਼ਰਨਾ ਪੈਂਦਾ। ਸਿੱਖਾਂ ਨੂੰ ਇਕਮੁੱਠ ਹੋ ਕੇ ਆਪਣੇ 'ਤੇ ਲੱਗੇ ਇਲਜ਼ਾਮਾਂ ਬਾਰੇ ਸਪੱਸ਼ਟੀਕਰਨ ਦੇਣਾ ਚਾਹੀਦਾ ਹੈ, ਤਾਂ ਜੋ ਸੰਸਾਰ ਵਿਚ ਸਿੱਖਾਂ ਦਾ ਅਕਸ ਬਲਿਊ ਸਟਾਰ ਬਾਰੇ ਸਾਫ਼ ਹੋ ਸਕੇ, ਪ੍ਰੰਤੂ ਇਹ ਤਾਂ ਕੁਰਸੀਆਂ ਪਿੱਛੇ ਹੀ ਲੜੀ ਜਾ ਰਹੇ ਹਨ।

-ਸਾਬਕਾ ਜ਼ਿਲ੍ਹਾ ਲੋਕ ਸੰਪਰਕ ਅਧਿਕਾਰੀ

ਹਰ ਸਮੱਸਿਆ ਦਾ ਹੱਲ ਗੱਲਬਾਤ ਨਾਲ ਹੀ ਹੁੰਦਾ ਹੈ। ਆਸਾਮ ਵਿਚ ਚਾਰ ਸਾਲ ਹਿੰਸਕ ਮਾਹੌਲ ਰਿਹਾ। ਆਖਰ ਕੇਂਦਰ ਸਰਕਾਰ ਨਾਲ ਗੱਲਬਾਤ ਤੋਂ ਬਾਅਦ ਸਮਝੌਤਾ ਹੋ ਗਿਆ। ਪੰਜਾਬ ਵਿਚ ਸਮਝੌਤਾ ਕਿਉਂ ਨਹੀਂ ਹੋਇਆ? ਸਿੱਖ ਜਗਤ ਨੂੰ ਗੰਭੀਰਤਾ ਨਾਲ ਵਿਚਾਰਨ ਦੀ ਲੋੜ ਹੈ। ਸ਼੍ਰੋਮਣੀ ਅਕਾਲੀ ਦਲ ਦੀ ਲੀਡਰਸ਼ਿਪ ਨੇ ਕੇਂਦਰੀ ਮੰਤਰੀਆਂ ਨਾਲ ਬਾਰਾਂ ਮੀਟਿੰਗਾਂ ਕੀਤੀਆਂ ਪ੍ਰੰਤੂ ਇਹ ਗੱਲਬਾਤ ਸਿਰੇ ਕਿਉਂ ਨਹੀਂ ਚੜ੍ਹੀ? ਕਿਉਂਕਿ ਅਕਾਲੀ ਲੀਡਰਸ਼ਿਪ ਸਮਝੌਤਾ ਜਾਂ ਤਾਂ ਕਰਨਾ ਨਹੀਂ ਚਾਹੁੰਦੀ ਸੀ ਜਾਂ ਕਮਜ਼ੋਰ ਹੋਣ ਕਰਕੇ ਫ਼ੈਸਲਾ ਨਹੀਂ ਕਰ ਸਕੀ।



ਜੂਨ 1984 ਸਿੱਖ ਮਾਨਸਿਕਤਾ 'ਤੇ ਅਜਿਹਾ ਜ਼ਖ਼ਮ ਐ ਜੋ ਹਰ ਸਾਲ ਨਾਸੂਰ ਬਣ ਕੇ ਵਹਿੰਦਾ....

ਅੰਮ੍ਰਿਤਸਰ: ਜੂਨ 1984 ਸਿੱਖ ਮਾਨਸਿਕਤਾ 'ਤੇ ਅਜਿਹਾ ਜ਼ਖ਼ਮ ਐ ਜੋ ਹਰ ਸਾਲ ਨਾਸੂਰ ਬਣ ਕੇ ਵਹਿੰਦਾ। ਇਸ ਦੀ ਪੀੜ ਅੱਜ ਇੰਨੇ ਸਾਲਾਂ ਮਗਰੋਂ ਵੀ ਹਰ ਸਿੱਖ ਦੀ ਅੱਖ ਵਿਚੋਂ ਸਾਫ਼ ਨਜ਼ਰ ਆਉਂਦੀ ਹੈ। ਦਰਅਸਲ ਇਹ ਹਮਲਾ ਭਾਵੇਂ 6 ਜੂਨ 1984 ਨੂੰ ਹੋਇਆ ਸੀ।

ਪਰ ਇਸ ਦੀ ਤਿਆਰੀ ਬਹੁਤ ਸਮਾਂ ਪਹਿਲਾਂ ਹੀ ਹੋ ਚੁੱਕੀ ਸੀ। 28 ਮਈ 1984 ਨੂੰ ਭਾਰਤ ਸਰਕਾਰ ਵੱਲੋਂ ਪੂਰੇ ਪੰਜਾਬ ਵਿਚ ਫ਼ੌਜ ਤਾਇਨਾਤ ਕਰਨ ਦੇ ਹੁਕਮ ਜਾਰੀ ਕਰ ਦਿੱਤੇ ਗਏ। ਸ਼ਹਿਰਾਂ ਦੇ ਗਲੀਆਂ ਮੁਹੱਲਿਆਂ ਵਿਚ ਫ਼ੌਜ ਹਰਲ ਹਰਲ ਕਰਦੀ ਫਿਰ ਰਹੀ ਸੀ। ਅੰਮ੍ਰਿਤਸਰ ਵਿਚ ਫ਼ੌਜ ਸ਼ਹਿਰ ਤੋਂ ਹਟਵੇਂ ਫ਼ੌਜ ਦੇ ਕੈਂਪਾਂ ਵਿਚ ਸੀ। ਪਿੰਡਾਂ ਵਿਚ ਫ਼ੌਜ ਵੱਲੋਂ ਅੰਮ੍ਰਿਤਧਾਰੀ ਸਿੰਘਾਂ ਨੂੰ ਸ਼ੱਕ ਭਰੀਆਂ ਨਜ਼ਰਾਂ ਨਾਲ ਦੇਖਿਆ ਜਾ ਰਿਹਾ ਸੀ। ਸ਼ਹਿਰ ਤੋਂ ਬਾਹਰ ਬੈਠੀ ਫ਼ੌਜ ਦੀ ਨਕਲੋ ਹਰਕਤ ਦੇਖ ਕੇ ਇੰਝ ਲਗਦਾ ਸੀ ਕਿ ਜਿਵੇਂ ਫ਼ੌਜ ਕੁੱਝ ਵੱਡਾ ਕਰ ਗੁਜ਼ਰਨ ਦੀ ਤਾਕ ਵਿਚ ਬੈਠੀ ਹੋਵੇ।

ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਸਰਦਾਰ ਗੁਰਦੇਵ ਸਿੰਘ ਨੇ ਫ਼ੌਜ ਦੇ ਸ੍ਰੀ ਦਰਬਾਰ ਸਾਹਿਬ ਵਿਚ ਦਾਖ਼ਲੇ ਦੇ ਸਰਕਾਰੀ ਹੁਕਮਾਂ 'ਤੇ ਦਸਤਖ਼ਤ ਕਰਨ ਤੋਂ ਇਨਕਾਰ ਕਰ ਦਿੱਤਾ, ਜਿਸ ਕਾਰਨ ਉਨ੍ਹਾਂ ਨੂੰ ਜ਼ਬਰੀ ਲੰਬੀ ਛੁੱਟੀ 'ਤੇ ਭੇਜ ਦਿੱਤਾ ਗਿਆ।

ਉਸ ਵੇਲੇ ਦੇ ਗਵਰਨਰ ਬੀਡੀ ਪਾਂਡੇ ਨੇ ਤੁਰੰਤ ਰਮੇਸ਼ਇੰਦਰ ਸਿੰਘ ਨੂੰ ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਦਾ ਚਾਰਜ ਸੌਂਪ ਦਿੱਤਾ, ਜਿਸ ਨੇ ਦਰਬਾਰ ਸਾਹਿਬ 'ਚ ਫ਼ੌਜ ਦੇ ਦਾਖ਼ਲੇ ਵਾਲੇ ਹੁਕਮਾਂ 'ਤੇ ਬਿਨਾਂ ਕਿਸੇ ਝਿਜਕ ਦੇ ਦਸਤਖ਼ਤ ਕਰ ਦਿੱਤੇ।

ਭਾਰਤੀ ਫ਼ੌਜ ਦੇ ਮੁਖੀ ਜਨਰਲ ਅਰੁਣ ਸ੍ਰੀਧਰ ਵੈਦਿਆ ਵੱਲੋਂ ਪੱਛਮੀ ਕਮਾਨ ਦੇ ਲੈਫਟੀਨੈਂਟ ਜਨਰਲ ਕੇ ਸੁੰਦਰ ਨੂੰ ਇਸ ਅਪਰੇਸ਼ਨ ਦਾ ਮੁਖੀ ਥਾਪਿਆ ਗਿਆ ਜਦਕਿ ਰਣਜੀਤ ਸਿੰਘ ਦਿਆਲ ਨੂੰ ਗਵਰਨਰ ਪੰਜਾਬ ਦਾ ਸੁਰੱਖਿਆ ਸਲਾਹਕਾਰ ਨਾਮਜ਼ਦ ਕੀਤਾ ਗਿਆ।

ਇਸ ਤੋਂ ਇਲਾਵਾ ਜਨਰਲ ਕੁਲਦੀਪ ਸਿੰਘ ਸ੍ਰੀ ਦਰਬਾਰ ਸਾਹਿਬ 'ਤੇ ਹਮਲਾ ਕਰਨ ਦੀ ਅਗਵਾਈ ਲਈ ਅੰਮ੍ਰਿਤਸਰ ਆ ਪੁੱਜਾ ਸੀ। ਸੀਆਰਪੀਐਫ ਨੇ ਪਹਿਲਾਂ ਤੋਂ ਹੀ ਹਮਲੇ ਦੀ ਤਿਆਰੀ ਕੀਤੀ ਹੋਈ ਸੀ। ਸ੍ਰੀ ਦਰਬਾਰ ਸਾਹਿਬ ਦੇ ਆਲੇ ਦੁਆਲੇ ਮੋਰਚਾਬੰਦੀ ਹੋ ਚੁੱਕੀ ਸੀ।

1 ਜੂਨ 1984 ਨੂੰ ਸਾਢੇ 12 ਵਜੇ ਸੀਆਰਪੀਐਫ ਨੇ ਬਿਨਾਂ ਕਿਸੇ ਭੜਕਾਹਟ ਦੇ ਸ੍ਰੀ ਦਰਬਾਰ ਸਾਹਿਬ ਵੱਲ ਗੋਲੀਆਂ ਚਲਾਉਣੀਆਂ ਸ਼ੁਰੂ ਕਰ ਦਿੱਤੀਆਂ। ਮਸਲਾ ਪੈਦਾ ਕਰਨਾ ਸਰਕਾਰ ਲਈ ਕੋਈ ਔਖਾ ਕੰਮ ਨਹੀਂ ਸੀ। ਸ੍ਰੀ ਦਰਬਾਰ ਸਾਹਿਬ ਨਾਲ ਲਗਦੇ ਇਲਾਕੇ ਦੇ ਮੋਚੀ ਬਜ਼ਾਰ ਵਿਚ ਇਕ ਕੰਧ ਦੀ ਉਸਾਰੀ ਨੂੰ ਲੈ ਕੇ ਸੀਆਰਪੀਐਫ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਕੁੱਝ ਅਧਿਕਾਰੀਆਂ ਵਿਚਾਲੇ ਤਕਰਾਰਬਾਜ਼ੀ ਹੋ ਗਈ।

ਸੀਆਰਪੀਐਫ ਨੇ ਬਿਨਾਂ ਕਿਸੇ ਦੇਰੀ ਗੋਲੀ ਚਲਾ ਦਿੱਤੀ, ਦੂਜੇ ਬੰਨਿਓਂ ਵੀ ਗੋਲੀ ਦਾ ਜਵਾਬ ਦਿੱਤਾ ਗਿਆ। ਇਹ ਗੋਲੀਬਾਰੀ ਦੇਰ ਸ਼ਾਮ ਤਕ ਜਾਰੀ ਰਹੀ। ਇਸ ਗੋਲੀਬਾਰੀ ਦੌਰਾਨ ਗੁਰਦੁਆਰਾ ਬਾਬਾ ਅਟਲ ਰਾਏ 'ਤੇ ਮੋਰਚਾ ਮੱਲੀ ਬੈਠੇ ਭਾਈ ਮਹਿੰਗਾ ਸਿੰਘ ਬੱਬਰ ਸ਼ਹੀਦ ਹੋ ਗਏ, ਜਿਨ੍ਹਾਂ ਦਾ ਅੰਤਮ ਸਸਕਾਰ ਸ੍ਰੀ ਦਰਬਾਰ ਸਾਹਿਬ ਕੰਪਲੈਕਸ ਵਿਚ ਹੀ ਕੀਤਾ ਗਿਆ। ਪੂਰੇ ਸ਼ਹਿਰ ਵਿਚ ਕਰਫਿਊ ਲੱਗ ਚੁੱਕਾ ਸੀ, ਜਿਸ ਕਾਰਨ ਪੂਰੇ ਸ਼ਹਿਰ ਦੇ ਲੋਕ ਸਹਿਮੇ ਹੋਏ ਸਨ।

1 ਜੂਨ ਦੀ ਹੋਈ ਗੋਲੀਬਾਰੀ ਮਗਰੋਂ ਅਗਲੀ ਸਵੇਰ ਯਾਨੀ 2 ਜੂਨ ਨੂੰ ਸ਼ਹਿਰ ਦੇ ਸਿੱਖ ਅਤੇ ਦੂਰ ਦੁਰਾਡਿਓਂ ਸਿੱਖ ਸੰਗਤਾਂ ਵਹੀਰਾਂ ਘੱਤ ਕੇ ਸ੍ਰੀ ਦਰਬਾਰ ਸਾਹਿਬ ਵੱਲ ਤੁਰ ਪਈਆਂ। ਖ਼ਬਰ ਅੱਗ ਦੀ ਤਰ੍ਹਾਂ ਫੈਲ ਗਈ ਸੀ ਕਿ ਸੀਆਰਪੀਐਫ ਨੇ ਸ੍ਰੀ ਦਰਬਾਰ ਸਾਹਿਬ ਵੱਲ ਗੋਲੀ ਚਲਾਈ ਹੈ।

ਸਰਕਾਰ ਨੇ ਸਾਰੀਆਂ ਅਖ਼ਬਾਰਾਂ ਬੰਦ ਕਰ ਦਿੱਤੀਆਂ ਕਿਉਂਕਿ ਭਾਰਤ ਸਰਕਾਰ ਚਾਹੁੰਦੀ ਸੀ ਕਿ ਉਸ ਦੇ ਇਸ ਕਾਲੇ ਕਾਰਨਾਮੇ ਦੀ ਰਿਪੋਰਟ ਕਿਸੇ ਤੱਕ ਨਾ ਪੁੱਜੇ। ਇਸ ਲਈ ਅੰਮ੍ਰਿਤਸਰ ਵਿਚ ਤਾਇਨਾਤ ਵਿਦੇਸ਼ੀ ਪੱਤਰਕਾਰਾਂ ਨੂੰ ਪੰਜਾਬ ਵਿਚੋਂ ਬਾਹਰ ਚਲੇ ਜਾਣ ਦੀ ਫ਼ਰਮਾਨ ਜਾਰੀ ਕਰ ਦਿੱਤੇ ਗਏ।

ਇਸ ਗੋਲੀਬਾਰੀ ਤੋਂ ਬਾਅਦ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਗੁਰਚਰਨ ਸਿੰਘ ਟੌਹੜਾ ਵੀ 2 ਜੂਨ ਨੂੰ ਸ੍ਰੀ ਦਰਬਾਰ ਸਾਹਿਬ ਵਿਖੇ ਆਣ ਪੁੱਜੇ। ਸ਼ਾਮ ਤਕ ਕੁੱਝ ਫ਼ੌਜੀ ਅਧਿਕਾਰੀ ਸਾਦੇ ਕੱਪੜਿਆਂ ਵਿਚ ਸ੍ਰੀ ਦਰਬਾਰ ਸਾਹਿਬ ਕੰਪਲੈਕਸ ਦਾ ਮੁਆਇਨਾ ਕਰ ਗਏ ਸਨ। ਇਸ ਮੁਆਇਨੇ ਦਾ ਮਕਸਦ ਜਨਰਲ ਸੁਬੇਗ ਸਿੰਘ ਦੀ ਜੰਗੀ ਤਿਆਰੀ ਦਾ ਜਾਇਜ਼ਾ ਲੈਣਾ ਸੀ।

ਇੰਦਰਾ ਗਾਂਧੀ ਵੱਲੋਂ ਦਿੱਤੇ ਭਾਸ਼ਣ ਦੇ ਤੁਰੰਤ ਮਗਰੋਂ ਅੰਮ੍ਰਿਤਸਰ ਸ਼ਹਿਰ ਦਾ ਬਾਕੀ ਦੇਸ਼ ਨਾਲੋਂ ਸੰਪਰਕ ਟੁੱਟ ਗਿਆ। ਟੈਲੀਫ਼ੋਨ ਦੀਆਂ ਲਾਈਨਾਂ ਤਕ ਕੱਟ ਦਿੱਤੀਆਂ ਗਈਆਂ। 3 ਜੂਨ ਨੂੰ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਪੁਰਬ ਸੀ। ਦਰਬਾਰ ਸਾਹਿਬ ਦੇ ਚਾਰੇ ਪਾਸੇ ਦੋਵੇਂ ਧਿਰਾਂ ਮੋਰਚਾਬੰਦੀ ਕਰ ਰਹੀਆਂ ਸਨ।

ਲੋਕਲ ਤੇ ਕੁੱਝ ਵੱਡੇ ਪੱਤਰਕਾਰ ਸੰਤ ਜਰਨੈਲ ਸਿੰਘ ਖ਼ਾਲਸਾ ਨੂੰ ਮਿਲਣ ਲਈ ਅਕਾਲ ਤਖ਼ਤ ਆਏ। ਹਰ ਪੱਤਰਕਾਰ ਕੋਲ ਕਈ ਸਵਾਲ ਸਨ ਪਰ ਇਕ ਸਵਾਲ ਸਭ ਦਾ ਸਾਂਝਾ ਸੀ। ਹਰ ਕੋਈ ਉਸ ਦਾ ਜਵਾਬ ਭਾਲਦਾ ਸੀ, ਜੇ ਹਮਲਾ ਹੋਇਆ ਤਾਂ ਕੀ ਹੋਵੇਗਾ? ਸੰਤ ਕੁੱਝ ਪਲਾਂ ਲਈ ਖਾਮੋਸ਼ ਹੋ ਗਏ ਤੇ ਜਵਾਬ ਦਿੱਤਾ ''ਮੇਰੇ ਗੁਰੂ ਨੇ ਕੜਾ ਦਿੱਤੈ ਚੂੜੀ ਨਹੀਂ, ਲੋਹੇ ਦੇ ਚਣੇ ਚਬਾ ਦਿਆਂਗੇ।''

4 ਜੂਨ ਦੀ ਸਵੇਰ ਰਾਗੀ ਸਿੰਘ ਬੇਨਤੀ ਅਤੇ ਬੀਰ ਰਸ ਦੇ ਸ਼ਬਦਾਂ ਨਾਲ ਆਸਾ ਦੀ ਵਾਰ ਦਾ ਕੀਰਤਨ ਗਾਇਨ ਕਰ ਰਹੇ ਸਨ। ਘੜੀਆਂ 'ਤੇ 4 ਵੱਜ ਕੇ 45 ਮਿੰਟ ਦਾ ਸਮਾਂ ਸੀ। ਜਲ੍ਹਿਆਂ ਵਾਲੇ ਬਾਗ਼ ਦੇ ਪਾਸੇ ਤੋਂ ਇਕ ਛੂਕਦਾ ਹੋਇਆ ਗੋਲਾ ਆਇਆ ਅਤੇ ਆਵਾਜ਼ ਨਾਲ ਪੂਰਾ ਵਾਤਾਵਰਣ ਗੂੰਜ ਉਠਿਆ।

ਪਰਿਕਰਮਾ ਵਿਚ ਔਰਤਾਂ ਅਤੇ ਬੱਚਿਆਂ ਦਾ ਬੁਰਾ ਹਾਲ ਸੀ। ਚਾਰੇ ਪਾਸੇ ਤੋਂ ਗੋਲੀ ਚੱਲਣੀ ਸ਼ੁਰੂ ਹੋ ਗਈ ਪਰ ਫਿਰ ਵੀ ਸ਼ਬਦ ਗੁਰਬਾਣੀ ਦਾ ਪ੍ਰਵਾਹ ਜਾਰੀ ਸੀ। ਧੜਾਧੜ ਲਾਸ਼ਾਂ ਡਿਗ ਰਹੀਆਂ ਸਨ, ਫਾਈਰਿੰਗ ਪੂਰੇ ਜ਼ੋਬਨ 'ਤੇ ਸੀ। ਇੰਨੇ ਨੂੰ ਇਕ ਬੌਂਬ ਸ੍ਰੀ ਦਰਬਾਰ ਸਾਹਿਬ ਨੂੰ ਬਿਜਲੀ ਸਪਲਾਈ ਦੇਣ ਵਾਲੇ ਬਿਜਲੀ ਘਰ 'ਤੇ ਡਿੱਗਾ। ਸ੍ਰੀ ਦਰਬਾਰ ਦੇ ਆਸਪਾਸ ਦੇ ਇਲਾਕਿਆਂ ਦੀ ਬਿਜਲੀ ਬੰਦ ਹੋ ਗਈ। 5 ਜੂਨ ਦੀ ਰਾਤ ਵੀ ਗੋਲੀਬਾਰੀ ਵਿਚ ਲੰਘ ਗਈ।

6 ਜੂਨ ਦਾ ਦਿਨ ਚੜ੍ਹ ਆਇਆ, ਸੰਤਾਂ ਦੇ ਨਿੱਜੀ ਸਹਾਇਕ ਭਾਈ ਰਛਪਾਲ ਸਿੰਘ ਅਪਣੀ ਸਿੰਘਣੀ ਬੀਬੀ ਪ੍ਰੀਤਮ ਕੌਰ ਅਤੇ ਅਪਣੇ 15 ਦਿਨਾਂ ਦੇ ਪੁੱਤਰ ਮਨਪ੍ਰੀਤ ਸਿੰਘ ਨੂੰ ਲੈ ਕੇ ਪਰਿਕਰਮਾ ਵਿਚ ਹੀ ਸਨ। ਇਸੇ ਦੌਰਾਨ ਨਵਜਾਤ ਸਿੱਖ ਬੱਚੇ ਮਨਪ੍ਰੀਤ ਸਿੰਘ ਨੂੰ ਗੋਲੀ ਵੱਜੀ, ਜਿਸ ਦੀ ਮੌਕੇ 'ਤੇ ਹੀ ਮੌਤ ਹੋ ਗਈ।

ਕੁੱਝ ਸਮੇਂ ਬਾਅਦ ਭਾਈ ਰਛਪਾਲ ਸਿੰਘ ਵੀ ਸ਼ਹੀਦ ਹੋ ਗਏ। ਸੰਤ ਜਰਨੈਲ ਸਿੰਘ ਖ਼ਾਲਸਾ ਅਪਣੇ ਸਾਥੀ ਸਿੰਘਾਂ ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਬਾਹਰ ਆ ਗਏ। ਅਜੇ ਸੰਤ ਨਿਸ਼ਾਨ ਸਾਹਿਬ ਦੇ ਨੇੜੇ ਹੀ ਪੁੱਜੇ ਸਨ ਕਿ ਇਕ ਬਰੱਸਟ ਸੰਤ ਜੀ ਦੇ ਆ ਵੱਜਾ, ਜਿਸ ਕਾਰਨ ਉਹ ਮੌਕੇ 'ਤੇ ਹੀ ਸ਼ਹੀਦ ਹੋ ਗਏ।

ਸੰਤਾਂ ਦੀ ਲਾਸ਼ ਨੂੰ ਲੈ ਕੇ ਫ਼ੌਜੀ ਘੰਟਾ ਘਰ ਪੁੱਜੇ। ਲਾਸ਼ ਨੂੰ ਤਸਦੀਕ ਕਰਵਾਉਣ ਲਈ ਲੋਕਾਂ ਦੀ ਖੋਜ ਹੋਣ ਲੱਗੀ। ਸ਼ਾਮ ਨੂੰ ਸੰਤਾਂ ਦੇ ਭਰਾ ਕੈਪਟਨ ਹਰਚਰਨ ਸਿੰਘ ਰੋਡੇ ਅੰਮ੍ਰਿਤਸਰ ਆ ਗਏ, ਜਿਨ੍ਹਾਂ ਨੇ ਸੰਤਾਂ ਦੀ ਲਾਸ਼ ਨੂੰ ਤਸਦੀਕ ਕੀਤਾ। ਗੋਲੀ ਅਜੇ ਵੀ ਚੱਲ ਰਹੀ ਸੀ। ਸ੍ਰੀ ਦਰਬਾਰ ਸਾਹਿਬ ਦੀ ਪਰਿਕਰਮਾ ਤੇ ਸਰੋਵਰ ਵਿਚ ਲਾਸ਼ਾਂ ਹੀ ਲਾਸ਼ਾਂ ਪਈਆਂ ਸਨ, ਜ਼ਖ਼ਮੀ ਦਰਦ ਨਾਲ ਕਰਾਹ ਰਹੇ ਸਨ। ਕੁੱਝ ਲੋਕਾਂ ਨੂੰ ਬੰਦੀ ਬਣਾ ਕੇ ਪਰਿਕਰਮਾ ਵਿਚ ਬਿਠਾਇਆ ਹੋਇਆ ਸੀ।

6 ਜੂਨ ਸ਼ਾਮ ਤਕ ਗੋਲੀਬਾਰੀ ਘੱਟ ਹੋ ਗਈ। ਲੜਨ ਵਾਲੇ ਸਿੰਘ ਜਾਂ ਤਾਂ ਸ਼ਹੀਦ ਹੋ ਚੁੱਕੇ ਸਨ ਜਾਂ ਫਿਰ ਫੜੇ ਜਾ ਚੁੱਕੇ ਸਨ। ਫ਼ੌਜ ਵੱਲੋਂ ਪਰਿਕਰਮਾ ਵਿਚ ਮੌਜੂਦ ਲਾਸ਼ਾਂ ਨੂੰ ਹਟਾਉਣ ਦਾ ਕੰਮ ਕੀਤਾ ਜਾ ਰਿਹਾ ਸੀ।

ਲਾਸ਼ਾਂ ਦੀ ਹਾਲਤ ਇਸ ਹੱਦ ਤਕ ਗਲ਼ ਚੁੱਕੀਆਂ ਸਨ ਕਿ ਅੰਗ ਵੀ ਹੱਥ ਲਾਇਆਂ ਲੱਥ ਰਹੇ ਸਨ। ਲਾਸ਼ਾਂ 'ਤੇ ਡੀਡੀਟੀ ਦਾ ਛਿੜਕਾਅ ਕੀਤਾ ਗਿਆ। ਸੰਤਾਂ ਦੀ ਲਾਸ਼ ਨੂੰ ਘੰਟਾ ਘਰ ਦੀ ਬਾਹੀ 'ਤੇ ਰੱਖਿਆ ਗਿਆ ਸੀ। ਉਨ੍ਹਾਂ ਦੇ ਕੇਸ ਖੁੱਲ੍ਹੇ ਹੋਏ ਸਨ, ਚਿਹਰੇ ਤੱਕ 'ਤੇ ਗੋਲੀਆਂ ਵੱਜੀਆਂ ਹੋਈਆਂ ਸਨ। ਇਕ ਲੱਤ ਵੀ ਗੋਲੀਆਂ ਵੱਜ ਕੇ ਟੁੱਟ ਕੇ ਲਮਕੀ ਹੋਈ ਸੀ।

ਬ੍ਰਿਗੇਡੀਅਰ ਓਂਕਾਰ ਸਿੰਘ ਗੋਰਾਇਆ ਜੋ ਇਸ ਅਸਾਵੀਂ ਜੰਗ ਵਿਚ ਸ਼ਾਮਲ ਸੀ, ਨੇ ਦੱਸਿਆ ਕਿ ਮੈਂ 1965 ਤੇ 1971 ਦੀ ਜੰਗ ਵਿਚ ਵੀ ਭਾਗ ਲਿਆ ਸੀ ਪਰ ਇੰਨੀਆਂ ਲਾਸ਼ਾਂ ਮੈਂ ਉਸ ਲੜਾਈ ਵਿਚ ਵੀ ਨਹੀਂ ਸੀ ਦੇਖੀਆਂ।

ਅਖ਼ੀਰ ਦੁਪਹਿਰ ਨੂੰ ਸ੍ਰੀ ਦਰਬਾਰ ਸਾਹਿਬ ਦੀ ਸਫ਼ਾਈ ਕਰਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪ੍ਰਕਾਸ਼ ਕਰਨ ਦੀ ਤਿਆਰੀ ਸ਼ੁਰੂ ਕੀਤੀ ਗਈ। ਸਰਕਾਰੀ ਅੰਕੜਿਆਂ ਮੁਤਾਬਕ ਇਸ ਹਮਲੇ ਵਿਚ ਕੁੱਲ 5 ਹਜ਼ਾਰ ਲੋਕ ਸ਼ਹੀਦ ਹੋਏ ਅਤੇ 80 ਤੋਂ 90 ਦੇ ਕਰੀਬ ਫ਼ੌਜੀ ਵੀ ਮਾਰੇ ਗਏ।

ਇਸ ਤੋਂ ਇਲਾਵਾ ਹਜ਼ਾਰ ਤੋਂ ਜ਼ਿਆਦਾ ਸਿੱਖਾਂ ਨੂੰ ਫੜ ਕੇ ਜੇਲ੍ਹ ਭੇਜਿਆ ਗਿਆ। ਜੂਨ 1984 ਵਿਚ ਹੋਏ ਇਸ ਹਮਲੇ ਦੇ ਜ਼ਖ਼ਮ ਅੱਜ 36 ਸਾਲਾਂ ਮਗਰੋਂ ਵੀ ਹਰੇ ਹਨ ਅਤੇ ਇਸ ਖ਼ੂਨੀ ਸਾਕੇ ਦਾ ਦਰਦ ਹਰ ਸਿੱਖ ਦੇ ਮਨ ਵਿਚ ਇਕ ਚੰਗਿਆੜੀ ਦੀ ਤਰ੍ਹਾਂ ਸੁਲਘ ਰਿਹਾ।

ਸੰਤਾਂ ਦੀ ਲਾਸ਼ ਨੂੰ ਲੈ ਕੇ ਫ਼ੌਜੀ ਘੰਟਾ ਘਰ ਪੁੱਜੇ। ਲਾਸ਼ ਨੂੰ ਤਸਦੀਕ ਕਰਵਾਉਣ ਲਈ ਲੋਕਾਂ ਦੀ ਖੋਜ ਹੋਣ ਲੱਗੀ। ਸ਼ਾਮ ਨੂੰ ਸੰਤਾਂ ਦੇ ਭਰਾ ਕੈਪਟਨ ਹਰਚਰਨ ਸਿੰਘ ਰੋਡੇ ਅੰਮ੍ਰਿਤਸਰ ਆ ਗਏ, ਜਿਨ੍ਹਾਂ ਨੇ ਸੰਤਾਂ ਦੀ ਲਾਸ਼ ਨੂੰ ਤਸਦੀਕ ਕੀਤਾ। ਗੋਲੀ ਅਜੇ ਵੀ ਚੱਲ ਰਹੀ ਸੀ। ਸ੍ਰੀ ਦਰਬਾਰ ਸਾਹਿਬ ਦੀ ਪਰਿਕਰਮਾ ਤੇ ਸਰੋਵਰ ਵਿਚ ਲਾਸ਼ਾਂ ਹੀ ਲਾਸ਼ਾਂ ਪਈਆਂ ਸਨ, ਜ਼ਖ਼ਮੀ ਦਰਦ ਨਾਲ ਕਰਾਹ ਰਹੇ ਸਨ। ਕੁੱਝ ਲੋਕਾਂ ਨੂੰ ਬੰਦੀ ਬਣਾ ਕੇ ਪਰਿਕਰਮਾ ਵਿਚ ਬਿਠਾਇਆ ਹੋਇਆ ਸੀ।

ਭਾਰਤ-ਅਮਰੀਕਾ ਟਰੇਡ ਡੀਲ ਖ਼ਿਲਾਫ਼ ਬੀਕੇਯੂ ਚੜੂਨੀ ਨੇ ਕੀਤਾ ਪੁਤਲਾ ਫੂਕ ਪ੍ਰਦਰਸ਼ਨ

ਬੋਲੀ ਵਾਧਾ ਰਕਮ ਆਈਟਮ ਨੰ. 2	ਰੁ. 50,000/- (ਰੁਪਏ ਸਿਰਫ਼ ਪੰਜਾਹ ਹਜ਼ਾਰ)
ਬੋਲੀ ਵਾਧਾ ਰਕਮ ਆਈਟਮ ਨੰ. 3	ਰੁ. 50,000/- (ਰੁਪਏ ਸਿਰਫ਼ ਪੰਜਾਹ ਹਜ਼ਾਰ)
ਈ-ਨਿਲਾਮੀ ਦੀ ਮਿਤੀ ਅਤੇ ਸਮਾਂ ਆਈਟਮ ਨੰ. 1	23-06-2026, 11:00 AM ਤੋਂ 11:30 AM ਤੱਕ (ਵਿਕਰੀ ਖਤਮ ਹੋਣ ਤੱਕ 5 ਮਿੰਟ ਦੇ ਅਸੀਮਤ ਸਵੈ ਵਾਧਿਆ ਸਮੇਤ)
ਈ-ਨਿਲਾਮੀ ਦੀ ਮਿਤੀ ਅਤੇ ਸਮਾਂ ਆਈਟਮ ਨੰ. 2	23-06-2026 12.30 PM ਤੋਂ 01:00 PM ਤੱਕ (ਵਿਕਰੀ ਖਤਮ ਹੋਣ ਤੱਕ 5 ਮਿੰਟ ਦੇ ਅਸੀਮਤ ਸਵੈ ਵਾਧਿਆ ਸਮੇਤ)
ਈ-ਨਿਲਾਮੀ ਦੀ ਮਿਤੀ ਅਤੇ ਸਮਾਂ ਆਈਟਮ ਨੰ. 3	23-06-2026 02.00 PM ਤੋਂ 02:30 PM ਤੱਕ (ਵਿਕਰੀ ਖਤਮ ਹੋਣ ਤੱਕ 5 ਮਿੰਟ ਦੇ ਅਸੀਮਤ ਸਵੈ ਵਾਧਿਆ ਸਮੇਤ)

ਵਿਕਰੀ ਦੇ ਵਿਸਤ੍ਰਿਤ ਨਿਯਮਾਂ ਅਤੇ ਸ਼ਰਤਾਂ ਲਈ, ਕਿਰਪਾ ਕਰਕੇ ਸਾਊਥ ਇੰਡੀਅਨ ਬੈਂਕ ਲਿਮਟਿਡ, (ਸੁਰੱਖਿਅਤ ਕਰਜ਼ਦਾਤਾ) ਦੀ ਵੈੱਬਸਾਈਟ www. southindianbank.com ਦੇ ਵੈੱਬ ਪੋਰਟਲ ਵਿੱਚ ਦਿੱਤੇ ਗਏ ਲਿੰਕ ਨੂੰ ਵੇਖੋ। ਵੇਰਵੇ https://bankauctions.in 'ਤੇ ਵੀ ਉਪਲਬਧ ਹਨ। ਜਾਇਦਾਦ ਦੇ ਨਿਰੀਖਣ, ਈ-ਨਿਲਾਮੀ ਦੇ ਨਿਯਮਾਂ ਅਤੇ ਸ਼ਰਤਾਂ ਜਾਂ ਬੋਲੀ ਜਮ੍ਹਾਂ ਕਰਨ ਦੇ ਸੰਬੰਧ ਵਿੱਚ ਕਿਸੇ ਵੀ ਹੋਰ ਸਪਸ਼ਟੀਕਰਨ ਲਈ, ਕਿਰਪਾ ਕਰਕੇ ਸਾਊਥ ਇੰਡੀਅਨ ਬੈਂਕ ਲਿਮਟਿਡ ਨਾਲ 7738-602-229/7309-655-552/9007-046-006 (ਸੰਪਰਕ ਨੰਬਰ) ’ਤੇ ਸੰਪਰਕ ਕਰੋ।

ਸਹੀ/-ਅਧਿਕਾਰਤ ਅਧਿਕਾਰੀ

SHRIRAM Finance

ਸ਼੍ਰੀਰਾਮ ਫਾਈਨੈਂਸ ਲਿਮਟਿਡ
ਰਜਿਸਟਰਡ ਦਫ਼ਤਰ: ਲਿਮਟਿਡ ਰਜਿਸਟਰਡ ਦਫਤਰ ਸ਼੍ਰੀ ਟਾਵਰਜ਼, ਪਲਾਟ ਨੰ. 14ਏ, ਸਾਊਥ ਫੇਜ਼, ਇੰਡਸਟਰੀਅਲ ਅਸਟੇਟ, ਗਿੰਡੀ, ਚੇਨਈ ਤਾਮਿਲਨਾਡੂ-600032, ਤਾਮਿਲਨਾਡੂ, ਅਤੇ ਵੋਕਹਾਰਟ ਟਾਵਰਜ਼, ਲੈਵਲ-3, ਸੀ-2, ਜੀ ਬਲਾਕ, ਬਦਰਾ-ਕੁਰਲਾ ਕੰਪਲੈਕਸ, ਬਾਂਦਰਾ (ਪੂਰਬੀ) ਮੁੰਬਈ-40051

ਸ਼ਾਖਾ ਦਫਤਰ : ਰਾਇਲ ਕੰਪਲੈਕਸ, ਦੁਕਾਨ ਨੰ. 26, ਨੇੜੇ ਅੰਬੇਡਕਰ ਚੌਕ, ਸਮਾਣਾ 147101

ਸੰਕੇਤਕ ਕਬਜ਼ਾ ਸੂਚਨਾ (ਦੇਖੋ ਨਿਯਮ 8 (1)) (ਅਚੱਲ ਸੰਪੱਤੀ ਲਈ)

ਜਿੱਥੇ, ਹੇਠਾਂ ਹਸਤਾਖਰ ਕਰਨ ਵਾਲੇ ਨੇ ਵਿੱਤੀ ਸੰਪਤੀਆਂ ਦੀ ਸੁਰੱਖਿਆ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਐਕਟ, 2002 (ਉਕਤ ਐਕਟ) ਦੇ ਉਪਬੰਧਾਂ ਦੇ ਤਹਿਤ ਸ਼੍ਰੀਰਾਮ ਫਾਈਨੈਂਸ ਲਿਮਟਿਡ (SFL) ਦੇ ਅਧਿਕਾਰਤ ਅਧਿਕਾਰੀ ਹੋਣ ਦੇ ਨਾਤੇ ਅਤੇ ਸੁਰੱਖਿਆ ਹਿੱਤ (ਲਾਗੂਕਰਨ) ਨਿਯਮ, 2002 (ਉਕਤ ਨਿਯਮ) ਦੇ ਨਿਯਮ 3 ਦੇ ਨਾਲ ਪੜ੍ਹੇ ਗਏ ਉਕਤ ਐਕਟ ਦੀ ਧਾਰਾ 13(2) ਦੇ ਤਹਿਤ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ, ਕਰਜ਼ਦਾਰਾਂ ਦੇ ਵੇਰਵਿਆਂ ਨੂੰ ਮੰਗ ਨੋਟਿਸ ਜਾਰੀ ਕੀਤੇ।

ਕਰਜ਼ਦਾਰ ਰਕਮ ਵਾਪਸ ਕਰਨ ਵਿੱਚ ਅਸਫਲ ਰਹਿਣ ਕਰਕੇ, ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਹਸਤਾਖਰ ਕਰਨ ਵਾਲੇ ਨੇ **29 ਮਈ 2026** ਨੂੰ ਉਕਤ ਨਿਯਮਾਂ ਦੇ ਨਿਯਮ 8 ਦੇ ਨਾਲ ਪੜ੍ਹੇ ਗਏ ਉਕਤ ਐਕਟ ਦੀ ਧਾਰਾ 13(4) ਦੇ ਤਹਿਤ ਉਸਨੂੰ/ਉਸਨੂੰ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਹੇਠਾਂ ਦੱਸੀ ਗਈ ਜਾਇਦਾਦ ਦਾ **ਸੰਕੇਤਕ ਕਬਜ਼ਾ** ਲੈ ਲਿਆ ਹੈ।

ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਮ ਅਤੇ ਪਤਾ	ਜਾਇਦਾਦ ਦਾ ਵੇਰਵਾ	ਮੰਗ ਨੋਟਿਸ ਅਨੁਸਾਰ ਬਕਾਇਆ ਰਕਮ ਅਤੇ ਮੰਗ ਸੂਚਨਾ ਦੀ ਮਿਤੀ
1) ਮੈਸਰਜ਼ ਰੋਹਿਤ ਮੋਬਾਈਲ ਵਰਕਸ ਨੇੜੇ ਗਾਂਧੀ ਗਰਾਉਂਡ ਸਮਾਣਾ ਰਾਹੀਂ ਇਸ ਦੇ ਪ੍ਰੋਪ. ਅਸ਼ੋਕ ਕੁਮਾਰ ਪੁੱਤਰ ਧਰਮਪਾਲ, ਵਾਸੀ ਮਕਾਨ ਨੰ. 289/60 ਵਾਰਡ ਨੰ: 6 ਘਰਮੀ ਪੱਤੀ ਸਮਾਣਾ ਜ਼ਿਲ੍ਹਾ ਪਟਿਆਲਾ ਅਸ਼ੋਕ ਕੁਮਾਰ ਪੁੱਤਰ ਧਰਮਪਾਲ, ਮਕਾਨ ਨੰ. 289/60 ਵਾਰਡ ਨੰ: 6 ਘਰਮੀ ਪੱਤੀ ਸਮਾਣਾ ਜ਼ਿਲ੍ਹਾ ਪਟਿਆਲਾ 2) ਆਸ਼ਾ ਰਾਣੀ ਪਤਨੀ ਅਸ਼ੋਕ ਕੁਮਾਰ ਪੁੱਤਰ ਧਰਮਪਾਲ, ਵਾਸੀ ਮਕਾਨ ਨੰ 289/60 ਵਾਰਡ ਨੰ 6 ਘਰਮੀ ਪੱਤੀ ਸਮਾਣਾ ਜ਼ਿਲ੍ਹਾ ਪਟਿਆਲਾ	CDSNGTF1509300010- ਅਚੱਲ ਜਾਇਦਾਦ ਦਾ ਵੇਰਵਾ: ਜਾਇਦਾਦ/ਮਕਾਨ ਨੰਬਰ 60/289, ਰਕਬਾ 66.66 ਵਰਗ ਗਜ਼, ਨੇੜੇ ਸਿੰਘ ਸਭਾ ਗੁਰਦੁਆਰਾ, ਸਨਹੀਦ ਚੌਕ ਬਾਜ਼ਾਰ, ਸਮਾਣਾ ਵਿਖੇ ਸਥਿਤ। ਤਹਿਸੀਲ ਸਮਾਣਾ, ਜ਼ਿਲ੍ਹਾ ਪਟਿਆਲਾ, ਵਿਕਰੀ ਡੀਡ ਜਿਸ ਵਿੱਚ ਵਸੀਕਾ ਨੰਬਰ 3075 ਮਿਤੀ: 18/10/2004 ਹੈ। ਉੱਤਰ: 30-00 ਗਲੀ, ਦੱਖਣ: 30-00 ਗਲੀ, ਪੂਰਬ 20-00” 11 ਹਰਭਗਵਾਨ ਰਾਮ, ਪੱਛਮ 20’-00 11 ਰਾਮ ਚੰਦ	6119131.00 ਰੁਪਏ (ਇਕਾਹਠ ਲੱਖ ਉਨ੍ਹੀ ਹਜ਼ਾਰ ਇੱਕ ਸੌ ਇਕੱਤੀ ਰੁਪਏ ਅਤੇ ਜ਼ੀਰੋ ਪੈਸੇ ਸਿਰਫ਼) ਖਾਤਾ ਨੰਬਰ: - CDSNGTF1509300010 ਮੰਗ ਸੂਚਨਾ ਮਿਤੀ 03-03-2026

ਇਹ ਨੋਟਿਸ ਆਮ ਜਨਤਾ ਨੂੰ ਇਹ ਵੀ ਚੇਤਾਵਨੀ ਦੇਣ ਲਈ ਹੈ ਕਿ SFL ਦਾ ਅਧਿਕਾਰਤ ਅਧਿਕਾਰੀ ਉੱਪਰ ਦੱਸੀ ਗਈ ਅਚੱਲ ਜਾਇਦਾਦ ਦੇ ਕਾਨੂੰਨੀ ਸੰਕੇਤਕ ਕਬਜ਼ੇ ਵਿੱਚ ਹੈ ਅਤੇ ਕਰਜ਼ਦਾਰ ਜਾਂ ਕੋਈ ਵੀ ਵਿਅਕਤੀ ਇਸ ਨੋਟਿਸ ਦੀ ਪ੍ਰਾਪਤੀ ਤੋਂ ਬਾਅਦ, SFL ਦੀ ਪੂਰਵ ਲਿਖਤੀ ਸਹਿਮਤੀ ਤੋਂ ਬਿਨਾਂ, ਇਸ ਨੋਟਿਸ ਵਿੱਚ ਜ਼ਿਕਰ ਕੀਤੀ ਗਈ ਉਪਰੋਕਤ ਸੁਰੱਖਿਅਤ ਸੰਪਤੀਆਂ ਵਿੱਚੋਂ ਕਿਸੇ ਨੂੰ ਵੀ ਵਿਕਰੀ, ਲੀਜ਼ ਜਾਂ ਕਿਸੇ ਹੋਰ ਤਰੀਕੇ ਨਾਲ ਟ੍ਰਾਂਸਫਰ ਨਹੀਂ ਕਰੇਗਾ।

ਮਿਤੀ : 29.05.2026 ਸਥਾਨ : ਮਾਨਸਾ ਅਧਿਕਾਰਤ ਅਧਿਕਾਰੀ, ਸ਼੍ਰੀਰਾਮ ਫਾਇਨਾਂਸ ਲਿਮਟਿਡ

SHRIRAM Finance

ਸ਼੍ਰੀਰਾਮ ਫਾਈਨੈਂਸ ਲਿਮਟਿਡ
ਰਜਿਸਟਰਡ ਦਫ਼ਤਰ: ਲਿਮਟਿਡ ਰਜਿਸਟਰਡ ਦਫਤਰ ਸ਼੍ਰੀ ਟਾਵਰਜ਼, ਪਲਾਟ ਨੰ. 14ਏ, ਸਾਊਥ ਫੇਜ਼, ਇੰਡਸਟਰੀਅਲ ਅਸਟੇਟ, ਗਿੰਡੀ, ਚੇਨਈ ਤਾਮਿਲਨਾਡੂ-600032, ਤਾਮਿਲਨਾਡੂ, ਅਤੇ ਵੋਕਹਾਰਟ ਟਾਵਰਜ਼, ਲੈਵਲ-3, ਸੀ-2, ਜੀ ਬਲਾਕ, ਬਦਰਾ-ਕੁਰਲਾ ਕੰਪਲੈਕਸ, ਬਾਂਦਰਾ (ਪੂਰਬੀ) ਮੁੰਬਈ-40051

ਸ਼ਾਖਾ ਦਫਤਰ : ਨੇੜੇ ਨਾਨਕਸਰ ਗੁਰਦੁਆਰਾ, ਸਾਹਮਣੇ ਟੁੱਟਗੁਰੂ ਹਸਪਤਾਲ, ਬਰਨਾਲਾ 148101

ਸੰਕੇਤਕ ਕਬਜ਼ਾ ਸੂਚਨਾ (ਦੇਖੋ ਨਿਯਮ 8 (1)) (ਅਚੱਲ ਸੰਪੱਤੀ ਲਈ)

ਜਿੱਥੇ, ਹੇਠਾਂ ਹਸਤਾਖਰ ਕਰਨ ਵਾਲੇ ਨੇ ਵਿੱਤੀ ਸੰਪਤੀਆਂ ਦੀ ਸੁਰੱਖਿਆ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਐਕਟ, 2002 (ਉਕਤ ਐਕਟ) ਦੇ ਉਪਬੰਧਾਂ ਦੇ ਤਹਿਤ ਸ਼੍ਰੀਰਾਮ ਫਾਈਨੈਂਸ ਲਿਮਟਿਡ (SFL) ਦੇ ਅਧਿਕਾਰਤ ਅਧਿਕਾਰੀ ਹੋਣ ਦੇ ਨਾਤੇ ਅਤੇ ਸੁਰੱਖਿਆ ਹਿੱਤ (ਲਾਗੂਕਰਨ) ਨਿਯਮ, 2002 (ਉਕਤ ਨਿਯਮ) ਦੇ ਨਿਯਮ 3 ਦੇ ਨਾਲ ਪੜ੍ਹੇ ਗਏ ਉਕਤ ਐਕਟ ਦੀ ਧਾਰਾ 13(2) ਦੇ ਤਹਿਤ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ, ਕਰਜ਼ਦਾਰਾਂ ਦੇ ਵੇਰਵਿਆਂ ਨੂੰ ਮੰਗ ਨੋਟਿਸ ਜਾਰੀ ਕੀਤੇ।

ਕਰਜ਼ਦਾਰ ਰਕਮ ਵਾਪਸ ਕਰਨ ਵਿੱਚ ਅਸਫਲ ਰਹਿਣ ਕਰਕੇ, ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਹਸਤਾਖਰ ਕਰਨ ਵਾਲੇ ਨੇ **28 ਮਈ 2026** ਨੂੰ ਉਕਤ ਨਿਯਮਾਂ ਦੇ ਨਿਯਮ 8 ਦੇ ਨਾਲ ਪੜ੍ਹੇ ਗਏ ਉਕਤ ਐਕਟ ਦੀ ਧਾਰਾ 13(4) ਦੇ ਤਹਿਤ ਉਸਨੂੰ/ਉਸਨੂੰ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਹੇਠਾਂ ਦੱਸੀ ਗਈ ਜਾਇਦਾਦ ਦਾ **ਸੰਕੇਤਕ ਕਬਜ਼ਾ** ਲੈ ਲਿਆ ਹੈ।

ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਮ ਅਤੇ ਪਤਾ	ਜਾਇਦਾਦ ਦਾ ਵੇਰਵਾ	ਮੰਗ ਨੋਟਿਸ ਅਨੁਸਾਰ ਬਕਾਇਆ ਰਕਮ ਅਤੇ ਮੰਗ ਸੂਚਨਾ ਦੀ ਮਿਤੀ
1) ਸ੍ਰੀ ਪਰਦੀਪ ਸਿੰਘ ਪੁੱਤਰ ਸ. ਭੁਪਿੰਦਰ ਸਿੰਘ ਵਾਸੀ ਪੱਟੀ ਬੀਰ ਸਿੰਘ, ਨੇੜੇ ਨੈਣੇਵਾਲ ਰੋਡ, ਭਦੌੜ ਤਹਿਸੀਲ ਤਪਾ, ਜਿਲ੍ਹਾ ਬਰਨਾਲਾ ਸ਼੍ਰੀਮਤੀ ਸਰਬਜੀਤ ਕੌਰ ਮਾਰਫਤ ਸ੍ਰੀ ਰੂਪ ਸਿੰਘ ਪੁੱਤਰ ਭਜਨ ਸਿੰਘ, ਵਾਰਡ ਨੰਬਰ-13, ਤਪਾ (ਰ)। ਬਰਨਾਲਾ, ਤਪਾ, ਪੰਜਾਬ। 2.) ਸ਼੍ਰੀਮਤੀ ਰਾਜਦੀਪ ਕੌਰ ਮਾਰਫਤ ਸ੍ਰੀ ਪਰਦੀਪ ਸਿੰਘ ਪੁੱਤਰ ਸ੍ਰੀ ਭੁਪਿੰਦਰ ਸਿੰਘ ਵਾਸੀ ਪੱਤੀ ਬੀਰ ਸਿੰਘ, ਨੇੜੇ ਨੈਣੇਵਾਲ ਰੋਡ, ਭਦੌੜ ਤਹਿਸੀਲ ਤਪਾ, ਜ਼ਿਲ੍ਹਾ ਬਰਨਾਲਾ।	BARSTF1608300008- ਅਚੱਲ ਜਾਇਦਾਦ ਦਾ ਵੇਰਵਾ ਕੁੱਲ ਪਲਾਟ ਖੇਤਰ 1188 ਵਰਗ ਫੁੱਟ ਜਾਂ 132 ਵਰਗ ਫੁੱਟ ਜਾਂ 0 ਕਨਾਲ 5 ਮਰਲੇ ਕੁੱਲ ਕਵਰਡ ਖੇਤਰ: 643 ਵਰਗ ਫੁੱਟ ਖੇਵਟ ਨੰਬਰ 35/300 ਖਸਰਾ ਨੰਬਰ 452//2/3/2(12-11) ਟੁਕੜੇ 1 ਕੁੱਲ 12 ਕਨਾਲ 11 ਮਰਲੇ 5/261 ਹਿੱਸਾ ਭਾਵ 0 ਕਨਾਲ 5 ਮਰਲੇ ਪੱਟੀ ਬੀਰ ਸਿੰਘ ਭਦੌੜ ਬੀ ਤਹਿਸੀਲ ਤਪਾ ਜ਼ਿਲ੍ਹਾ ਬਰਨਾਲਾ ਵਿਖੇ ਜਮ੍ਹਾਂਬੰਦੀ 2012-2013 ਅਨੁਸਾਰ ਸਥਿਤ ਹੈ। ਪੂਰਬ: - 16’-0” ਗਲੀ ਪੱਛਮ: 16’-0” ਦਾਣਾ ਮੰਡੀ, ਭਦੌੜ, ਉੱਤਰ: 74’-3” ਸ਼੍ਰੀਮਤੀ ਨੀਰ ਸ਼ਰਮਾ ਨੂੰ ਵੇਚੀ ਗਈ ਜਾਇਦਾਦ ਦਾ ਕੁਝ ਹਿੱਸਾ ਉੱਤਰ: 74’-3” ਸ੍ਰੀ. ਕਪੂਰਾ ਸਿੰਘ (ਮੁਲਾਂਕਣ ਰਿਕਾਰਡ ਅਨੁਸਾਰ ਸਾਈਡਜ਼)	2037356/- ਰੁਪਏ (ਵੀਹ ਲੱਖ ਸੈਂਤੀ ਹਜ਼ਾਰ ਤਿੰਨ ਸੌ ਛਪੰਜਾ ਰੁਪਏ ਅਤੇ ਜ਼ੀਰੋ ਪੈਸੇ ਸਿਰਫ਼) ਖਾਤਾ ਨੰਬਰ:- BARSTF1608300008 ਮੰਗ ਨੋਟਿਸ ਮਿਤੀ 13-03-2026

ਇਹ ਨੋਟਿਸ ਆਮ ਜਨਤਾ ਨੂੰ ਇਹ ਵੀ ਚੇਤਾਵਨੀ ਦੇਣ ਲਈ ਹੈ ਕਿ SFL ਦਾ ਅਧਿਕਾਰਤ ਅਧਿਕਾਰੀ ਉੱਪਰ ਦੱਸੀ ਗਈ ਅਚੱਲ ਜਾਇਦਾਦ ਦੇ ਕਾਨੂੰਨੀ ਸੰਕੇਤਕ ਕਬਜ਼ੇ ਵਿੱਚ ਹੈ ਅਤੇ ਕਰਜ਼ਦਾਰ ਜਾਂ ਕੋਈ ਵੀ ਵਿਅਕਤੀ ਇਸ ਨੋਟਿਸ ਦੀ ਪ੍ਰਾਪਤੀ ਤੋਂ ਬਾਅਦ, SFL ਦੀ ਪੂਰਵ ਲਿਖਤੀ ਸਹਿਮਤੀ ਤੋਂ ਬਿਨਾਂ, ਇਸ ਨੋਟਿਸ ਵਿੱਚ ਜ਼ਿਕਰ ਕੀਤੀ ਗਈ ਉਪਰੋਕਤ ਸੁਰੱਖਿਅਤ ਸੰਪਤੀਆਂ ਵਿੱਚੋਂ ਕਿਸੇ ਨੂੰ ਵੀ ਵਿਕਰੀ, ਲੀਜ਼ ਜਾਂ ਕਿਸੇ ਹੋਰ ਤਰੀਕੇ ਨਾਲ ਟ੍ਰਾਂਸਫਰ ਨਹੀਂ ਕਰੇਗਾ।

ਮਿਤੀ : 28.05.2026 ਸਥਾਨ : ਬਰਨਾਲਾ ਅਧਿਕਾਰਤ ਅਧਿਕਾਰੀ, ਸ਼੍ਰੀਰਾਮ ਫਾਇਨਾਂਸ ਲਿਮਟਿਡ

SHRIRAM Finance

ਸ਼੍ਰੀਰਾਮ ਫਾਇਨਾਂਸ ਲਿਮਟਿਡ
ਪੰਜੀਕ੍ਰਿਤ ਦਫ਼ਤਰ : ਲਿਮਟਿਡ ਪੰਜੀਕ੍ਰਿਤ ਦਫ਼ਤਰ ਪਤਾ : ਸ਼੍ਰੀ ਟਾਵਰਜ਼, ਪਲਾਟ ਨੰ. 14ਏ, ਸਾਊਥ ਫੇਜ਼, ਇੰਡਸਟ੍ਰੀਅਲ ਅਸਟੇਟ, ਗਿੰਡੀ, ਚੇਨਈ, ਤਾਮਿਲਨਾਡੂ-600032, ਤਾਮਿਲਨਾਡੂ ਅਤੇ ਵੌਕਹਾਰਡ ਟਾਵਰਜ਼, ਲੈਵਲ-3, ਸੀ-2, ਜੀ ਬਲਾਕ, ਬਾਂਦਰਾ-ਕੁਰਲਾ ਕੰਪਲੈਕਸ, ਬਾਂਦਰਾ (ਪੂਰਬ) ਮੁੰਬਈ-40051

ਸ਼ਾਖਾ ਦਫ਼ਤਰ : ਰੋਇਲ ਕੰਪਲੈਕਸ, ਦੁਕਾਨ ਨੰ. 26, ਨੇੜੇ ਅੰਬੇਡਕਰ ਚੌਕ, ਸਮਾਣਾ 147101

ਸੰਕੇਤਕ ਕਬਜ਼ਾ ਸੂਚਨਾ (ਦੇਖੋ ਨਿਯਮ 8 (1)) (ਅਚੱਲ ਸੰਪੱਤੀ ਦੇ ਲਈ)

ਜਿੱਥੇ, ਸ਼੍ਰੀਰਾਮ ਫਾਈਨੈਂਸ ਲਿਮਟਿਡ (SFL) ਦੇ ਅਧਿਕਾਰਤ ਅਧਿਕਾਰੀ ਵਜੋਂ, ਹੇਠ ਹਸਤਾਖਰ ਕਰਨ ਵਾਲੇ ਨੇ ਵਿੱਤੀ ਸੰਪਤੀਆਂ ਦੀ ਸੁਰੱਖਿਆ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਐਕਟ, 2002 (ਉਕਤ ਐਕਟ) ਦੇ ਉਪਬੰਧਾਂ ਦੇ ਤਹਿਤ ਅਤੇ ਸੁਰੱਖਿਆ ਹਿੱਤ (ਲਾਗੂਕਰਨ) ਨਿਯਮ, 2002 (ਉਕਤ ਨਿਯਮ) ਦੇ ਨਿਯਮ 3 ਦੇ ਨਾਲ ਪੜ੍ਹੇ ਗਏ ਉਕਤ ਐਕਟ ਦੀ ਧਾਰਾ 13(12) ਦੇ ਤਹਿਤ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ, ਕਰਜ਼ਦਾਰ ਨੂੰ ਮੰਗ ਨੋਟਿਸ ਜਾਰੀ ਕੀਤੇ, ਜਿਨ੍ਹਾਂ ਦੇ ਵੇਰਵੇ ਹੇਠਾਂ ਦਿੱਤੀ ਸਾਰਣੀ ਵਿੱਚ ਉਕਤ ਮੰਗ ਨੋਟਿਸਾਂ ਵਿੱਚ ਦੱਸੀ ਗਈ ਰਕਮ ਦੀ ਅਦਾਇਗੀ ਕਰਨ ਲਈ ਦਿੱਤੇ ਗਏ ਹਨ।

ਕਰਜ਼ਦਾਰਾਂ ਵੱਲੋਂ ਰਕਮ ਵਾਪਸ ਕਰਨ ਵਿੱਚ ਅਸਫਲ ਰਹਿਣ ਕਰਕੇ, ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨ ਹਸਤਾਖ਼ਰੀ ਨੇ **29 ਮਈ 2026** ਨੂੰ ਉਕਤ ਐਕਟ ਦੀ ਧਾਰਾ 13(4) ਦੇ ਨਿਯਮ 8 ਦੇ ਤਹਿਤ ਉਸਨੂੰ ਦਿੱਤੇ ਗਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠਾਂ ਦੱਸੀ ਗਈ ਜਾਇਦਾਦ ਦਾ ਸੰਕੇਤਕ ਕਬਜ਼ਾ ਲੈ ਲਿਆ ਹੈ।

ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਮ ਅਤੇ ਪਤਾ	ਸੰਪੱਤੀ ਦੇ ਵੇਰਵੇ	ਮੰਗ ਸੂਚਨਾ ਅਨੁਸਾਰ ਬਕਾਇਆ ਰਕਮ ਅਤੇ ਮੰਗ ਸੂਚਨਾ ਦੀ ਮਿਤੀ
1. ਮੈਸਰਜ਼ ਮਿੱਲ ਮਹਿੰਦਰ ਰਾਈਸ ਮਿੱਲ ਪਿੰਡ ਤਲਵੰਡੀ ਮਲਿਕ ਇਸ ਦੇ ਪ੍ਰੋਪ ਅੰਮ੍ਰਿਤ ਅਵਤਾਰ ਸਪੁੱਤਰ ਸ੍ਰੀ ਸੁਖਵੰਤ ਸਿੰਘ ਵਾਰਡ ਨੰਬਰ 12 ਸਮਾਣਾ ਸਮਾਣਾ ਪਟਿਆਲਾ ਪੰਜਾਬ। ਇਸ ਤੋਂ ਇਲਾਵਾ ਅੰਮ੍ਰਿਤ ਅਵਤਾਰ ਪੁੱਤਰ ਸੁਖਵੰਤ ਸਿੰਘ ਵਾਰਡ ਨੰਬਰ 12 ਸਮਾਣਾ ਸਮਾਣਾ ਪਟਿਆਲਾ ਪੰਜਾਬ। 2.) ਕਰਮਦੀਪ ਕੌਰ ਪਤਨੀ ਅੰਮ੍ਰਿਤ ਅਵਤਾਰ ਪੁੱਤਰ: ਸੁਖਵੰਤ ਸਿੰਘ ਵਾਰਡ ਨੰਬਰ 12 ਸਮਾਣਾ ਸਮਾਣਾ ਪਟਿਆਲਾ ਪੰਜਾਬ 147101 3. ਨਿਰਮਲਾ ਦੇਵੀ ਪਤਨੀ ਸੁਖਵੰਤ ਸਿੰਘ ਵਾਰਡ ਨੰਬਰ 12 ਸਮਾਣਾ ਸਮਾਣਾ ਪਟਿਆਲਾ ਪੰਜਾਬ	CDSNGTF1509300008- ਅਚੱਲ ਜਾਇਦਾਦ ਦਾ ਵੇਰਵਾ: ਜਾਇਦਾਦ/ਮਕਾਨ ਨੰਬਰ 60/289, ਰਕਬਾ 66.66 ਵਰਗ ਗਜ਼, ਵਿਕਰੀ ਡੀਡ ਜਿਸ ਵਿੱਚ ਵਸੀਕਾ ਨੰਬਰ 3075 ਮਿਤੀ: 18/10/2004 ਅਨੁਸਾਰ ਨੇੜੇ ਸਿੰਘ ਸਭਾ ਗੁਰਦੁਆਰਾ, ਸਨਹੀਦ ਚੌਕ ਬਾਜ਼ਾਰ, ਸਮਾਣਾ, ਤਹਿਸੀਲ ਸਮਾਣਾ, ਜ਼ਿਲ੍ਹਾ ਪਟਿਆਲਾ ਵਿਖੇ ਸਥਿਤ ਹੈ। ਉੱਤਰ 30-00 ਸਟਰੀਲ, ਦੱਖਣੀ 30-00 ਗਲੀ, ਪੂਰਬ 20-00÷ 11 ਹਰ ਭਗਵਾਨ ਰਾਮ, ਪੱਛਮ 20’-00 11! ਰਾਮ ਚੰਦ	5774876.00 ਰੁਪਏ ਸਤਵੰਜਾ ਲੱਖ ਚੌਹੱਤਰ ਹਜ਼ਾਰ ਅੱਠ ਸੌ ਛੇਹੱਤਰ ਰੁਪਏ ਅਤੇ ਜ਼ੀਰੋ ਪੈਸੇ ਕੇਵਲ A/c No: - CDSNGTF1509300008 Demand Notice dated 03-03-2026

ਇਹ ਨੋਟਿਸ ਆਮ ਜਨਤਾ ਨੂੰ ਇਹ ਵੀ ਚੇਤਾਵਨੀ ਦੇਣ ਲਈ ਹੈ ਕਿ SFL ਦਾ ਅਧਿਕਾਰਤ ਅਧਿਕਾਰੀ ਉੱਪਰ ਦੱਸੀ ਗਈ ਅਚੱਲ ਜਾਇਦਾਦ ਦਾ ਕਾਨੂੰਨੀ ਸੰਕੇਤਕ ਕਬਜ਼ਾ ਰੱਖਦਾ ਹੈ ਅਤੇ ਕਰਜ਼ਦਾਰ ਜਾਂ ਕੋਈ ਵੀ ਵਿਅਕਤੀ ਇਸ ਨੋਟਿਸ ਦੀ ਪ੍ਰਾਪਤੀ ਤੋਂ ਬਾਅਦ, SFL ਦੀ ਪੂਰਵ ਲਿਖਤੀ ਸਹਿਮਤੀ ਤੋਂ ਬਿਨਾਂ, ਇਸ ਨੋਟਿਸ ਵਿੱਚ ਦਰਸਾਈ ਗਈ ਉਪਰੋਕਤ ਸੁਰੱਖਿਅਤ ਜਾਇਦਾਦਾਂ ਵਿੱਚੋਂ ਕਿਸੇ ਨੂੰ ਵੀ ਵਿਕਰੀ, ਲੀਜ਼ ਜਾਂ ਕਿਸੇ ਹੋਰ ਤਰੀਕੇ ਨਾਲ ਟਰਾਂਸਫਰ ਨਹੀਂ ਕਰੇਗਾ।

ਮਿਤੀ : 29.05.2026 ਸਥਾਨ : ਸਮਾਣਾ ਅਧਿਕਾਰਤ ਅਧਿਕਾਰੀ, ਸ਼੍ਰੀਰਾਮ ਫਾਇਨਾਂਸ ਲਿਮਟਿਡ

SHRIRAM Finance

ਸ਼੍ਰੀਰਾਮ ਫਾਈਨੈਂਸ ਲਿਮਟਿਡ
ਰਜਿਸਟਰਡ ਦਫ਼ਤਰ: ਲਿਮਟਿਡ ਰਜਿਸਟਰਡ ਦਫਤਰ ਸ਼੍ਰੀ ਟਾਵਰਜ਼, ਪਲਾਟ ਨੰ. 14ਏ, ਸਾਊਥ ਫੇਜ਼, ਇੰਡਸਟਰੀਅਲ ਅਸਟੇਟ, ਗਿੰਡੀ, ਚੇਨਈ ਤਾਮਿਲਨਾਡੂ-600032, ਤਾਮਿਲਨਾਡੂ, ਅਤੇ ਵੋਕਹਾਰਟ ਟਾਵਰਜ਼, ਲੈਵਲ-3, ਸੀ-2, ਜੀ ਬਲਾਕ, ਬਦਰਾ-ਕੁਰਲਾ ਕੰਪਲੈਕਸ, ਬਾਂਦਰਾ (ਪੂਰਬੀ) ਮੁੰਬਈ-40051

ਸ਼ਾਖਾ ਦਫਤਰ : ਸਾਹਮਣੇ ਅਰਵਿੰਦ ਨਗਰ, ਨਹਿਰੂ ਕਾਲਜ ਰੋਡ, ਉੱਪਰ ਐਚਡੀਐਫਸੀ ਬੈਂਕ ਮਾਨਸਾ-151505

ਸੰਕੇਤਕ ਕਬਜ਼ਾ ਸੂਚਨਾ (ਦੇਖੋ ਨਿਯਮ 8 (1)) (ਅਚੱਲ ਸੰਪੱਤੀ ਲਈ)

ਜਿੱਥੇ, ਹੇਠਾਂ ਹਸਤਾਖਰ ਕਰਨ ਵਾਲੇ ਨੇ ਵਿੱਤੀ ਸੰਪਤੀਆਂ ਦੀ ਸੁਰੱਖਿਆ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਐਕਟ, 2002 (ਉਕਤ ਐਕਟ) ਦੇ ਉਪਬੰਧਾਂ ਦੇ ਤਹਿਤ ਸ਼੍ਰੀਰਾਮ ਫਾਈਨੈਂਸ ਲਿਮਟਿਡ (SFL) ਦੇ ਅਧਿਕਾਰਤ ਅਧਿਕਾਰੀ ਹੋਣ ਦੇ ਨਾਤੇ ਅਤੇ ਸੁਰੱਖਿਆ ਹਿੱਤ (ਲਾਗੂਕਰਨ) ਨਿਯਮ, 2002 (ਉਕਤ ਨਿਯਮ) ਦੇ ਨਿਯਮ 3 ਦੇ ਨਾਲ ਪੜ੍ਹੇ ਗਏ ਉਕਤ ਐਕਟ ਦੀ ਧਾਰਾ 13(2) ਦੇ ਤਹਿਤ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ, ਕਰਜ਼ਦਾਰਾਂ ਦੇ ਵੇਰਵਿਆਂ ਨੂੰ ਮੰਗ ਨੋਟਿਸ ਜਾਰੀ ਕੀਤੇ।

ਕਰਜ਼ਦਾਰ ਰਕਮ ਵਾਪਸ ਕਰਨ ਵਿੱਚ ਅਸਫਲ ਰਹਿਣ ਕਰਕੇ, ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਹਸਤਾਖਰ ਕਰਨ ਵਾਲੇ ਨੇ **28 ਮਈ 2026** ਨੂੰ ਉਕਤ ਨਿਯਮਾਂ ਦੇ ਨਿਯਮ 8 ਦੇ ਨਾਲ ਪੜ੍ਹੇ ਗਏ ਉਕਤ ਐਕਟ ਦੀ ਧਾਰਾ 13(4) ਦੇ ਤਹਿਤ ਉਸਨੂੰ/ਉਸਨੂੰ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਹੇਠਾਂ ਦੱਸੀ ਗਈ ਜਾਇਦਾਦ ਦਾ **ਸੰਕੇਤਕ ਕਬਜ਼ਾ** ਲੈ ਲਿਆ ਹੈ।

ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਮ ਅਤੇ ਪਤਾ	ਜਾਇਦਾਦ ਦਾ ਵੇਰਵਾ	ਮੰਗ ਨੋਟਿਸ ਅਨੁਸਾਰ ਬਕਾਇਆ ਰਕਮ ਅਤੇ ਮੰਗ ਸੂਚਨਾ ਦੀ ਮਿਤੀ
1) ਮੈਸ. ਲਕਸ਼ਮੀ ਗਾਰਮੈਂਟਸ ਰਾਹੀਂ ਪ੍ਰੋਪ. ਅਨੀਤਾ ਰਾਣੀ ਪਤਨੀ ਨਟਵਰ ਲਾਲ ਵਾਸੀ ਨੇੜੇ ਕੋਟ ਦਾ ਟਿੱਬਾ ਵਾਰਡ ਨੰ 7 ਮਾਨਸਾ ਇਥੇ ਵੀ ਅਨੀਤਾ ਰਾਣੀ ਪਤਨੀ ਨਟਵਰ ਲਾਲ ਵਾਸੀ ਕੋਟ ਦਾ ਟਿੱਬਾ ਵਾਰਡ ਨੰ 7 ਮਾਨਸਾ ਨੇੜੇ, 2) ਸ੍ਰੀ ਨਟਵਰ ਲਾਲ ਪੁੱਤਰ ਕ੍ਰਿਸ਼ਨ ਚੰਦ ਵਾਸੀ ਕੋਟ ਦਾ ਟਿੱਬਾ ਵਾਰਡ ਨੰ 7 ਮਾਨਸਾ ਨੇੜੇ। 3) ਸ਼੍ਰੀ ਮੁਕੇਸ਼ ਕੁਮਾਰ ਪੁੱਤਰ ਕ੍ਰਿਸ਼ਨ ਚੰਦ ਵਾਸੀ ਨੇੜੇ ਕੋਟ ਦਾ ਟਿੱਬਾ ਵਾਰਡ ਨੰ 7 ਮਾਨਸਾ	MANBHTF1802170006 ਅਚੱਲ ਸੰਪੱਤੀ: ਮਕਾਨ 4.25 ਮਰਲੇ ਦੀ ਜਾਇਦਾਦ ਯਾਨੀ 425/16000 ਹਿੱਸੇ ਦਾ 8 ਕਨਾਲ 00 ਮਰਲੇ ਦਾ ਹਿੱਸਾ ਜੋ ਕਿ ਖਸਰਾ ਨੰਬਰ 149//3 (8-0) ਖੇਵਟ ਅਤੇ ਖਾਤਾ ਨੰਬਰ 121/292, 2012-13 ਦੇ ਸਾਲ ਲਈ ਜਮ੍ਹਾਂਬੰਦੀ ਵਿੱਚ ਸ਼ਾਮਲ ਹੈ, ਕੁੱਲ ਜ਼ਮੀਨ 4.25 ਮਰਲੇ ਨਟਵਰ ਲਾਲ 2/3 ਹਿੱਸੇ ਅਤੇ ਮੁਕੇਸ਼ ਕੁਮਾਰ 1/3 ਹਿੱਸੇ ਦੀ ਮਲਕੀਅਤ ਹੈ, ਮਾਨਸਾ ਕਲਾਂ ਤਹਿਸੀਲ ਅਤੇ ਜ਼ਿਲ੍ਹਾ ਮਾਨਸਾ ਵਿਖੇ ਸਥਿਤ ਹੈ। ਕੁੱਲ ਖੇਤਰਫਲ 4.25 ਮਰਲੇ ਫੁੱਟ = 128.56 ਗਜ਼, ਮਾਨਸਾ ਕਲਾਂ ਤਹਿਸੀਲ ਅਤੇ ਜ਼ਿਲ੍ਹਾ ਮਾਨਸਾ। ਹੇਠ ਲਿਖੇ ਅਨੁਸਾਰ ਹੱਦਬੰਦੀ:- ਉੱਤਰ: ਮੱਘਰ ਸਿੰਘ ਵਾਲਾ ਪਾਸਾ 61 ਫੁੱਟ, ਦੱਖਣ: ਰਾਣੀ ਕੌਰ ਵਾਲਾ ਪਾਸਾ 55 ਫੁੱਟ, ਪੂਰਬ: ਗਲੀ ਚੌੜੀ 20 ਫੁੱਟ ਪਾਸੇ 20, ਪੱਛਮ: ਮਹਿੰਦਰ ਸਿੰਘ ਵਾਲਾ ਪਾਸਾ 20	2831390/- ਰੁਪਏ (ਅਠਾਈ ਲੱਖ ਇਕੱਤੀ ਹਜ਼ਾਰ ਤਿੰਨ ਸੌ ਨੱਬੇ ਰੁਪਏ ਅਤੇ ਜ਼ੀਰੋ ਪੈਸੇ ਸਿਰਫ਼) ਖਾਤਾ ਨੰਬਰ: - MANBHTF1802170006 ਮੰਗ ਨੋਟਿਸ ਮਿਤੀ 20-3-2026

ਇਹ ਨੋਟਿਸ ਆਮ ਜਨਤਾ ਨੂੰ ਇਹ ਵੀ ਚੇਤਾਵਨੀ ਦੇਣ ਲਈ ਹੈ ਕਿ SFL ਦਾ ਅਧਿਕਾਰਤ ਅਧਿਕਾਰੀ ਉੱਪਰ ਦੱਸੀ ਗਈ ਅਚੱਲ ਜਾਇਦਾਦ ਦੇ ਕਾਨੂੰਨੀ ਸੰਕੇਤਕ ਕਬਜ਼ੇ ਵਿੱਚ ਹੈ ਅਤੇ ਕਰਜ਼ਦਾਰ ਜਾਂ ਕੋਈ ਵੀ ਵਿਅਕਤੀ ਇਸ ਨੋਟਿਸ ਦੀ ਪ੍ਰਾਪਤੀ ਤੋਂ ਬਾਅਦ, SFL ਦੀ ਪੂਰਵ ਲਿਖਤੀ ਸਹਿਮਤੀ ਤੋਂ ਬਿਨਾਂ, ਇਸ ਨੋਟਿਸ ਵਿੱਚ ਜ਼ਿਕਰ ਕੀਤੀ ਗਈ ਉਪਰੋਕਤ ਸੁਰੱਖਿਅਤ ਸੰਪਤੀਆਂ ਵਿੱਚੋਂ ਕਿਸੇ ਨੂੰ ਵੀ ਵਿਕਰੀ, ਲੀਜ਼ ਜਾਂ ਕਿਸੇ ਹੋਰ ਤਰੀਕੇ ਨਾਲ ਟ੍ਰਾਂਸਫਰ ਨਹੀਂ ਕਰੇਗਾ।

ਮਿਤੀ : 28.05.2026 ਸਥਾਨ : ਮਾਨਸਾ ਅਧਿਕਾਰਤ ਅਧਿਕਾਰੀ, ਸ਼੍ਰੀਰਾਮ ਫਾਇਨਾਂਸ ਲਿਮਟਿਡ

SHRIRAM Finance

ਸ਼੍ਰੀਰਾਮ ਫਾਇਨਾਂਸ ਲਿਮਟਿਡ
ਪੰਜੀਕ੍ਰਿਤ ਦਫ਼ਤਰ : ਲਿਮਟਿਡ ਪੰਜੀਕ੍ਰਿਤ ਦਫ਼ਤਰ ਪਤਾ : ਸ਼੍ਰੀ ਟਾਵਰਜ਼, ਪਲਾਟ ਨੰ. 14ਏ, ਸਾਊਥ ਫੇਜ਼, ਇੰਡਸਟ੍ਰੀਅਲ ਅਸਟੇਟ, ਗਿੰਡੀ, ਚੇਨਈ, ਤਾਮਿਲਨਾਡੂ-600032, ਤਾਮਿਲਨਾਡੂ ਅਤੇ ਵੌਕਹਾਰਡ ਟਾਵਰਜ਼, ਲੈਵਲ-3, ਸੀ-2, ਜੀ ਬਲਾਕ, ਬਾਂਦਰਾ-ਕੁਰਲਾ ਕੰਪਲੈਕਸ, ਬਾਂਦਰਾ (ਪੂਰਬ) ਮੁੰਬਈ-40051

ਸ਼ਾਖਾ ਦਫ਼ਤਰ : ਸਾਹਮਣੇ ਅਰਵਿੰਦ ਨਗਰ, ਨਹਿਰੂ ਕਾਲਜ ਰੋਡ, ਸਾਹਮਣੇ ਐਚਡੀਐਫਸੀ ਬੈਂਕ ਮਾਨਸਾ 151505

ਸੰਕੇਤਕ ਕਬਜ਼ਾ ਸੂਚਨਾ (ਦੇਖੋ ਨਿਯਮ 8 (1)) (ਅਚੱਲ ਸੰਪੱਤੀ ਦੇ ਲਈ)

ਜਿੱਥੇ, ਸ਼੍ਰੀਰਾਮ ਫਾਈਨੈਂਸ ਲਿਮਟਿਡ (SFL) ਦੇ ਅਧਿਕਾਰਤ ਅਧਿਕਾਰੀ ਵਜੋਂ, ਹੇਠ ਹਸਤਾਖਰ ਕਰਨ ਵਾਲੇ ਨੇ ਵਿੱਤੀ ਸੰਪਤੀਆਂ ਦੀ ਸੁਰੱਖਿਆ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਐਕਟ, 2002 (ਉਕਤ ਐਕਟ) ਦੇ ਉਪਬੰਧਾਂ ਦੇ ਤਹਿਤ ਅਤੇ ਸੁਰੱਖਿਆ ਹਿੱਤ (ਲਾਗੂਕਰਨ) ਨਿਯਮ, 2002 (ਉਕਤ ਨਿਯਮ) ਦੇ ਨਿਯਮ 3 ਦੇ ਨਾਲ ਪੜ੍ਹੇ ਗਏ ਉਕਤ ਐਕਟ ਦੀ ਧਾਰਾ 13(12) ਦੇ ਤਹਿਤ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ, ਕਰਜ਼ਦਾਰ ਨੂੰ ਮੰਗ ਨੋਟਿਸ ਜਾਰੀ ਕੀਤੇ, ਜਿਨ੍ਹਾਂ ਦੇ ਵੇਰਵੇ ਹੇਠਾਂ ਦਿੱਤੀ ਸਾਰਣੀ ਵਿੱਚ ਉਕਤ ਮੰਗ ਨੋਟਿਸਾਂ ਵਿੱਚ ਦੱਸੀ ਗਈ ਰਕਮ ਦੀ ਅਦਾਇਗੀ ਕਰਨ ਲਈ ਦਿੱਤੇ ਗਏ ਹਨ।

ਕਰਜ਼ਦਾਰਾਂ ਵੱਲੋਂ ਰਕਮ ਵਾਪਸ ਕਰਨ ਵਿੱਚ ਅਸਫਲ ਰਹਿਣ ਕਰਕੇ, ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨ ਹਸਤਾਖ਼ਰੀ ਨੇ **28 ਮਈ 2026** ਨੂੰ ਉਕਤ ਐਕਟ ਦੀ ਧਾਰਾ 13(4) ਦੇ ਨਿਯਮ 8 ਦੇ ਤਹਿਤ ਉਸਨੂੰ ਦਿੱਤੇ ਗਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠਾਂ ਦੱਸੀ ਗਈ ਜਾਇਦਾਦ ਦਾ ਸੰਕੇਤਕ ਕਬਜ਼ਾ ਲੈ ਲਿਆ ਹੈ।

ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਮ ਅਤੇ ਪਤਾ	ਸੰਪੱਤੀ ਦੇ ਵੇਰਵੇ	ਮੰਗ ਸੂਚਨਾ ਅਨੁਸਾਰ ਬਕਾਇਆ ਰਕਮ ਅਤੇ ਮੰਗ ਸੂਚਨਾ ਦੀ ਮਿਤੀ
1) ਸ਼੍ਰੀ ਰਾਮ ਪੁੱਤਰ ਭੋਲਾ ਰਾਮ ਭੱਠਾ ਬਸਤੀ ਵਾਰਡ ਨੰਬਰ 3 ਮਾਨਸਾ ਮਾਨਸਾ ਮਾਨਸਾ ਪੰਜਾਬ 151505, 2) ਸ਼੍ਰੀਮਤੀ ਜੋਤੀ ਰਾਣੀ ਪਤਨੀ ਰਾਮ ਪੁੱਤਰ ਭੋਲਾ ਰਾਮ ਭੱਠਾ ਬਸਤੀ ਵਾਰਡ ਨੰਬਰ 3 ਮਾਨਸਾ ਮਾਨਸਾ ਮਾਨਸਾ ਪੰਜਾਬ 151505	MANBHTF1904290001 ਅਚੱਲ ਜਾਇਦਾਦ ਦਾ ਵੇਰਵਾ: 6.63 ਮਰਲੇ ਦਾ ਮਕਾਨ ਭਾਵ 63 ਕਨਾਲ 14 ਮਰਲੇ ਦਾ 663/127400 ਹਿੱਸਾ ਜਿਸ ਵਿੱਚ ਖਸਰਾ ਨੰਬਰ 409(20-8) 364(23-13) 407(0-16) 408(1817) ਖੇਵਟ ਅਤੇ ਖਾਤਾ ਨੰਬਰ 1955/4210 ਤੋਂ 4214 ਸ਼ਾਮਲ ਹੈ, ਜੋ ਕਿ 2013-14 ਦੀ ਜਮ੍ਹਾਂਬੰਦੀ ਅਨੁਸਾਰ, ਕੁੱਲ ਜ਼ਮੀਨ 6.63 ਮਰਲੇ ਜਾਇਦਾਦ ਸ਼੍ਰੀਮਤੀ ਜੋਤੀ ਰਾਣੀ ਪਤਨੀ ਰਾਮ ਕੁਮਾਰ ਪੁੱਤਰ ਭੋਲਾ ਰਾਮ ਵਾਸੀ ਭੱਠਾ ਬਸਤੀ, ਵਾਰਡ ਨੰਬਰ 15, ਮਾਨਸਾ ਤਹਿਸੀਲ ਅਤੇ ਜ਼ਿਲ੍ਹਾ ਮਾਨਸਾ ਦੀ ਮਲਕੀਅਤ ਹੈ। ਹੇਠ ਲਿਖੇ ਅਨੁਸਾਰ ਹੱਦਬੰਦੀ:- ਪੂਰਬ -24’00’’ ਗਲੀ, ਪੱਛਮ -24’ 00’’ ਹਰਬੰਸ ਲਾਲ ਦੀ ਖੁੱਲ੍ਹੀ ਜ਼ਮੀਨ, ਉਤਰ-75’03’’ ਮਾਲਕ ਹੁਣ ਸ਼ੰਕਰ ਸਿੰਘ ਦੱਖਣ -75’03’’ ਗੰਡਾ ਰਾਮ	2025011.00 ਰੁਪਏ (ਵੀਹ ਲੱਖ ਪੱਚੀ ਹਜ਼ਾਰ ਗਿਆਰਾਂ ਰੁਪਏ ਅਤੇ ਜ਼ੀਰੋ ਪੈਸੇ ਕੇਵਲ) A/c No: - MANBHTF1904290001 Demand Notice dated 20-3-2026

ਇਹ ਨੋਟਿਸ ਆਮ ਜਨਤਾ ਨੂੰ ਇਹ ਵੀ ਚੇਤਾਵਨੀ ਦੇਣ ਲਈ ਹੈ ਕਿ SFL ਦਾ ਅਧਿਕਾਰਤ ਅਧਿਕਾਰੀ ਉੱਪਰ ਦੱਸੀ ਗਈ ਅਚੱਲ ਜਾਇਦਾਦ ਦਾ ਕਾਨੂੰਨੀ ਸੰਕੇਤਕ ਕਬਜ਼ਾ ਰੱਖਦਾ ਹੈ ਅਤੇ ਕਰਜ਼ਦਾਰ ਜਾਂ ਕੋਈ ਵੀ ਵਿਅਕਤੀ ਇਸ ਨੋਟਿਸ ਦੀ ਪ੍ਰਾਪਤੀ ਤੋਂ ਬਾਅਦ, SFL ਦੀ ਪੂਰਵ ਲਿਖਤੀ ਸਹਿਮਤੀ ਤੋਂ ਬਿਨਾਂ, ਇਸ ਨੋਟਿਸ ਵਿੱਚ ਦਰਸਾਈ ਗਈ ਉਪਰੋਕਤ ਸੁਰੱਖਿਅਤ ਜਾਇਦਾਦਾਂ ਵਿੱਚੋਂ ਕਿਸੇ ਨੂੰ ਵੀ ਵਿਕਰੀ, ਲੀਜ਼ ਜਾਂ ਕਿਸੇ ਹੋਰ ਤਰੀਕੇ ਨਾਲ ਟਰਾਂਸਫਰ ਨਹੀਂ ਕਰੇਗਾ।

ਮਿਤੀ : 28.05.2026 ਸਥਾਨ : ਮਾਨਸਾ ਅਧਿਕਾਰਤ ਅਧਿਕਾਰੀ, ਸ਼੍ਰੀਰਾਮ ਫਾਇਨਾਂਸ ਲਿਮਟਿਡ

SHRIRAM Finance

ਸ਼੍ਰੀਰਾਮ ਫਾਇਨਾਂਸ ਲਿਮਟਿਡ
ਪੰਜੀਕ੍ਰਿਤ ਦਫ਼ਤਰ : ਲਿਮਟਿਡ ਪੰਜੀਕ੍ਰਿਤ ਦਫ਼ਤਰ ਪਤਾ : ਸ਼੍ਰੀ ਟਾਵਰਜ਼, ਪਲਾਟ ਨੰ. 14ਏ, ਸਾਊਥ ਫੇਜ਼, ਇੰਡਸਟ੍ਰੀਅਲ ਅਸਟੇਟ, ਗਿੰਡੀ, ਚੇਨਈ, ਤਾਮਿਲਨਾਡੂ-600032, ਤਾਮਿਲਨਾਡੂ ਅਤੇ ਵੌਕਹਾਰਡ ਟਾਵਰਜ਼, ਲੈਵਲ-3, ਸੀ-2, ਜੀ ਬਲਾਕ, ਬਾਂਦਰਾ-ਕੁਰਲਾ ਕੰਪਲੈਕਸ, ਬਾਂਦਰਾ (ਪੂਰਬ) ਮੁੰਬਈ-40051

ਸ਼ਾਖਾ ਦਫ਼ਤਰ : ਮੌੜ ਰੋਡ, ਰਾਮਪੁਰਾ ਫੂਲ, ਪੰਜਾਬ

ਸੰਕੇਤਕ ਕਬਜ਼ਾ ਸੂਚਨਾ (ਦੇਖੋ ਨਿਯਮ 8 (1)) (ਅਚੱਲ ਸੰਪੱਤੀ ਦੇ ਲਈ)

ਜਿੱਥੇ, ਸ਼੍ਰੀਰਾਮ ਫਾਈਨੈਂਸ ਲਿਮਟਿਡ (SFL) ਦੇ ਅਧਿਕਾਰਤ ਅਧਿਕਾਰੀ ਵਜੋਂ, ਹੇਠ ਹਸਤਾਖਰ ਕਰਨ ਵਾਲੇ ਨੇ ਵਿੱਤੀ ਸੰਪਤੀਆਂ ਦੀ ਸੁਰੱਖਿਆ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਐਕਟ, 2002 (ਉਕਤ ਐਕਟ) ਦੇ ਉਪਬੰਧਾਂ ਦੇ ਤਹਿਤ ਅਤੇ ਸੁਰੱਖਿਆ ਹਿੱਤ (ਲਾਗੂਕਰਨ) ਨਿਯਮ, 2002 (ਉਕਤ ਨਿਯਮ) ਦੇ ਨਿਯਮ 3 ਦੇ ਨਾਲ ਪੜ੍ਹੇ ਗਏ ਉਕਤ ਐਕਟ ਦੀ ਧਾਰਾ 13(12) ਦੇ ਤਹਿਤ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ, ਕਰਜ਼ਦਾਰ ਨੂੰ ਮੰਗ ਨੋਟਿਸ ਜਾਰੀ ਕੀਤੇ, ਜਿਨ੍ਹਾਂ ਦੇ ਵੇਰਵੇ ਹੇਠਾਂ ਦਿੱਤੀ ਸਾਰਣੀ ਵਿੱਚ ਉਕਤ ਮੰਗ ਨੋਟਿਸਾਂ ਵਿੱਚ ਦੱਸੀ ਗਈ ਰਕਮ ਦੀ ਅਦਾਇਗੀ ਕਰਨ ਲਈ ਦਿੱਤੇ ਗਏ ਹਨ।

ਕਰਜ਼ਦਾਰਾਂ ਵੱਲੋਂ ਰਕਮ ਵਾਪਸ ਕਰਨ ਵਿੱਚ ਅਸਫਲ ਰਹਿਣ ਕਰਕੇ, ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨ ਹਸਤਾਖ਼ਰੀ ਨੇ **29 ਮਈ 2026** ਨੂੰ ਉਕਤ ਐਕਟ ਦੀ ਧਾਰਾ 13(4) ਦੇ ਨਿਯਮ 8 ਦੇ ਤਹਿਤ ਉਸਨੂੰ ਦਿੱਤੇ ਗਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠਾਂ ਦੱਸੀ ਗਈ ਜਾਇਦਾਦ ਦਾ ਸੰਕੇਤਕ ਕਬਜ਼ਾ ਲੈ ਲਿਆ ਹੈ।

ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਮ ਅਤੇ ਪਤਾ	ਸੰਪੱਤੀ ਦੇ ਵੇਰਵੇ	ਮੰਗ ਸੂਚਨਾ ਅਨੁਸਾਰ ਬਕਾਇਆ ਰਕਮ ਅਤੇ ਮੰਗ ਸੂਚਨਾ ਦੀ ਮਿਤੀ
1. ਸ੍ਰੀ ਬਲਬੀਰ ਸਿੰਘ ਪੁੱਤਰ ਸਾਧੂ ਸਿੰਘ ਵਾਸੀ ਮਕਾਨ ਨੰਬਰ 71 ਸਿਰੀਏ ਵਾਲਾ ਤਹਿਸੀਲ ਰਾਮਪੁਰਾਫੂਲ, ਜਿਲਾ ਬਠਿੰਡਾ 2. ਸ੍ਰੀ ਜਸਵਿੰਦਰ ਸਿੰਘ ਪੁੱਤਰ ਸਾਧੂ ਸਿੰਘ ਵਾਸੀ ਨੰਬਰ 71 ਸਿਰੀਏ ਵਾਲਾ ਤਹਿਸੀਲ ਰਾਮਪੁਰਾ ਫੂਲ, ਜਿਲਾ ਬਠਿੰਡਾ	MOGACTF1602110006 ਅਚੱਲ ਜਾਇਦਾਦ ਦਾ ਵੇਰਵਾ 15 ਮਰਲੇ ਦਾ ਜਾਇਦਾਦ ਵਾਲਾ ਖੇਤਰ, ਜਿਸ ਵਿੱਚ ਖਸਰਾ ਨੰਬਰ 201, 202, 579, 1237/1, 1284/3, 1285, 1286, 1287, 1288, 1836. 1838/2, 1837/2, 1838/1/1, 1838/1/2, 1284/1, 1284/2, ਖਾਤਾ ਨੰਬਰ 483/1054 ਤੋਂ 1059 ਸ਼ਾਮਲ ਹਨ, ਜਿਵੇਂ ਕਿ ਸਾਲ 2012-13 ਦੀ ਜਮ੍ਹਾਂਬੰਦੀ ਵਿੱਚ ਦਿਖਾਇਆ ਗਿਆ ਹੈ, ਵਿਕਰੀ ਡੀਡ ਵਸੀਕਾ ਨੰਬਰ 135 ਮਿਤੀ: 15/05/2015 ਅਨੁਸਾਰ ਪਿੰਡ ਸਿਰੀਏ ਵਾਲਾ, ਐਚ.ਬੀ. ਨੰਬਰ 183, ਤਹਿਸੀਲ ਭਗਤਾ ਭਾਈ ਕਾ, ਜ਼ਿਲ੍ਹਾ ਬਠਿੰਡਾ ਦੀ ਮਾਲੀਆ ਜਾਇਦਾਦ ਦੇ ਅੰਦਰ ਸਥਿਤ ਹੈ। ਫ਼ਰੀਆ ਵਿਕਰੀ ਡੀਡ ਦੇ ਅਨੁਸਾਰ, ਸ਼੍ਰੀ ਸਾਧੂ ਸਿੰਘ ਦੇ ਪੁੱਤਰ ਬਲਵੀਰ ਸਿੰਘ ਅਤੇ ਜਸਵਿੰਦਰ ਸਿੰਘ ਕੈਪਸ਼ਨਡ ਜਾਇਦਾਦ ਦੇ ਮਾਲਕ ਹਨ। ਹੇਠ ਲਿਖੇ ਅਨੁਸਾਰ ਹੱਦਬੰਦੀ:- ਉੱਤਰ: 37’-12÷ ਰੋਡ ਬਾਜਾਖਾਨਾ - ਬਰਨਾਲਾ ਰੋਡ, ਦੱਖਣ: 37’-1 1/2” ਅਜਾਇਬ ਸਿੰਘ, ਪੂਰਬ: 110’ ਅਜਾਇਬ ਸਿੰਘ, ਪੱਛਮ: 110’ ਯਾਦਵਿੰਦਰ ਸਿੰਘ	31,89,761 ਰੁਪਏ (ਇਕੱਤੀ ਲੱਖ ਉਨਾਨਵੇ ਹਜ਼ਾਰ ਸੱਤ ਸੌ ਇਕਾਹਠ ਰੁਪਏ ਅਤੇ ਜ਼ੀਰੋ ਪੈਸੇ ਕੇਵਲ) A/c No: - MOGACTF1602110006 Demand Notice dated 16-03-2026

ਇਹ ਨੋਟਿਸ ਆਮ ਜਨਤਾ ਨੂੰ ਇਹ ਵੀ ਚੇਤਾਵਨੀ ਦੇਣ ਲਈ ਹੈ ਕਿ SFL ਦਾ ਅਧਿਕਾਰਤ ਅਧਿਕਾਰੀ ਉੱਪਰ ਦੱਸੀ ਗਈ ਅਚੱਲ ਜਾਇਦਾਦ ਦਾ ਕਾਨੂੰਨੀ ਸੰਕੇਤਕ ਕਬਜ਼ਾ ਰੱਖਦਾ ਹੈ ਅਤੇ ਕਰਜ਼ਦਾਰ ਜਾਂ ਕੋਈ ਵੀ ਵਿਅਕਤੀ ਇਸ ਨੋਟਿਸ ਦੀ ਪ੍ਰਾਪਤੀ ਤੋਂ ਬਾਅਦ, SFL ਦੀ ਪੂਰਵ ਲਿਖਤੀ ਸਹਿਮਤੀ ਤੋਂ ਬਿਨਾਂ, ਇਸ ਨੋਟਿਸ ਵਿੱਚ ਦਰਸਾਈ ਗਈ ਉਪਰੋਕਤ ਸੁਰੱਖਿਅਤ ਜਾਇਦਾਦਾਂ ਵਿੱਚੋਂ ਕਿਸੇ ਨੂੰ ਵੀ ਵਿਕਰੀ, ਲੀਜ਼ ਜਾਂ ਕਿਸੇ ਹੋਰ ਤਰੀਕੇ ਨਾਲ ਟਰਾਂਸਫਰ ਨਹੀਂ ਕਰੇਗਾ।

ਮਿਤੀ : 29.05.2026 ਸਥਾਨ : ਰਾਮਪੁਰਾ ਫੂਲ ਅਧਿਕਾਰਤ ਅਧਿਕਾਰੀ, ਸ਼੍ਰੀਰਾਮ ਫਾਇਨਾਂਸ ਲਿਮਟਿਡ

"ਤਿੰਨ ਜੂਨ ਤੱਕ ਤਾਂ ਰਾਜਪਾਲ ਨੂੰ ਵੀ ਨਹੀਂ ਪਤਾ ਸੀ ਕਿ ਕੀ ਹੋਣਾ ਹੈ?" ਇਹ ਕਹਿਣਾ ਹੈ ਰਮੇਸ਼ ਇੰਦਰ ਸਿੰਘ ਦਾ ਜੋ ਕਿ ਆਪਰੇਸ਼ਨ ਬਲੂ ਸਟਾਰ ਸਮੇਂ ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਸਨ।

ਉਹ ਬਾਅਦ ਵਿੱਚ ਪ੍ਰਕਾਸ਼ ਸਿੰਘ ਬਾਦਲ ਦੀ ਪੰਜਾਬ ਸਰਕਾਰ ਦੇ ਗ੍ਰਹਿ ਸਕੱਤਰ ਰਹੇ ਤੇ ਫਿਰ ਪੰਜਾਬ ਦੇ ਮੁੱਖ ਸਕੱਤਰ ਵਜੋਂ ਸੇਵਾ ਮੁਕਤ ਹੋਏ।

ਬੀਬੀਸੀ ਪੰਜਾਬੀ ਨੇ ਆਪਰੇਸ਼ਨ ਬਲੂ ਸਟਾਰ ਦੇ ਸਮੁੱਚੇ ਘਟਨਾਕ੍ਰਮ ਤੇ ਉਸ ਵਿਚਲੀ ਉਨ੍ਹਾਂ ਦੀ ਵਿਵਾਦਿਤ ਭੂਮਿਕਾ ਬਾਰੇ ਉਨ੍ਹਾਂ ਨਾਲ ਖ਼ਾਸ ਗੱਲਬਾਤ ਕੀਤੀ।

ਰਮੇਸ਼ ਇੰਦਰ ਸਿੰਘ ਨੇ ਦੱਸਿਆ ਕਿ, "ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ ਇਕੱਲਾ, ਇੱਕ ਗੁਰਦੁਆਰਾ ਨਹੀਂ ਸੀ ਜਿੱਥੇ ਫ਼ੌਜੀ ਕਾਰਵਾਈ ਹੋਈ। ਇਸ ਤੋਂ ਇਲਾਵਾ ਪੰਜਾਬ ਦੇ 35-38 ਹੋਰ ਗੁਰਦੁਆਰੇ ਸਨ, ਜਿੱਥੇ ਫੌਜੀ ਕਾਰਵਾਈ ਹੋਈ।"

"ਜਿਨ੍ਹਾਂ ਵਿੱਚ ਤਿੰਨੇ ਤਖ਼ਤ ਆ ਜਾਂਦੇ ਹਨ, ਤਖ਼ਤ ਅਕਾਲ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਤਖ਼ਤ ਦਮਦਮਾ ਸਾਹਿਬ। ਇਹ ਤਾਂ ਅੰਮ੍ਰਿਤਸਰ ਦਾ ਹਿੱਸਾ ਨਹੀਂ ਸਨ, ਉੱਥੋਂ ਦੇ ਡੀਸੀਜ਼ ਨੇ ਵੀ ਕੋਈ ਨਿਰਦੇਸ਼ ਨਹੀਂ ਦਿੱਤੇ।"

"ਸੂਬਾ ਸਰਕਾਰ ਨੇ ਇੱਕ ਵਾਰ ਰੈਕੁਜ਼ੇਸ਼ਨ ਲੈਟਰ (ਬੇਨਤੀ ਪੱਤਰ) ਫੌਜ ਨੂੰ ਦੇ ਦਿੱਤੀ ਜੋ ਕਿ ਅਮਰੀਕ ਸਿੰਘ ਪੂੰਨੀ ਵੱਲੋਂ ਲਿਖੀ ਹੋਈ ਸੀ। ਉਸ ਤੋਂ ਬਾਅਦ ਫ਼ੌਜ ਨੂੰ ਇਕੱਲੇ-ਇਕੱਲੇ ਕਾਰਵਾਈ ਲਈ ਹੁਕਮ ਦੀ ਲੋੜ ਨਹੀਂ ਸੀ, ਨਾ ਉਨ੍ਹਾਂ ਨੇ ਲਏ ਕਿਸੇ ਤੋਂ।"

ਸਵਾਲ: ਤੁਹਾਨੂੰ ਲਗਦਾ ਹੈ ਕਿ ਕੋਈ ਹੋਰ ਬਦਲ ਸੀ, ਇਸ ਕਾਰਵਾਈ ਦਾ?

"ਇਸ ਬਾਰੇ ਫ਼ੌਜ ਵਿੱਚ ਵੀ ਦੋ ਰਾਇ ਸਨ ਜਿਸ ਬਾਰੇ ਬਾਅਦ ਵਿੱਚ ਪਤਾ ਲੱਗਿਆ। ਜਰਨਲ ਨਈਅਰ ਉਸ ਸਮੇਂ ਦੇ ਹੈੱਡ ਆਫ਼ ਦਿ ਮਿਲਟਰੀ ਆਪ੍ਰੇਸ਼ਨਜ਼ ਆਰਮੀ ਹੈੱਡਕੁਆਟਰ ਸੀ। ਉਨ੍ਹਾਂ ਨੇ ਬਾਅਦ ਵਿੱਚ ਆਪਣੀ ਕਿਤਾਬ ਵਿੱਚ ਦੱਸਿਆ ਕਿ ਮਈ ਦੇ ਮਹੀਨੇ ਵਿੱਚ ਪੰਜਾਬ ਨਾਲ ਨਜਿੱਠਣ ਲਈ ਇੱਕ ਰੂਪਰੇਖਾ ਬਣਾਈ ਸੀ।"

"ਇਸ ਰੂਪਰੇਖਾ ਵਿੱਚ ਪੂਰੇ ਜ਼ੋਰ ਨਾਲ ਕਿਹਾ ਗਿਆ ਸੀ ਕਿ ਫ਼ੌਜੀ ਕਾਰਵਾਈ ਨਾ ਕੀਤੀ ਜਾਵੇ। ਉਨ੍ਹਾਂ ਦੀ ਸਲਾਹ ਸੀ ਕਿ ਜੇ ਆਰਮੀ ਐਕਸ਼ਨ ਟਾਲਿਆ ਨਹੀਂ ਜਾ ਸਕਦਾ ਤਾਂ ਉਸ ਨੂੰ ਪਹਿਲਾਂ ਮਿਲਟਰੀ ਆਪ੍ਰੇਸ਼ਨ ਵਜੋਂ ਨਹੀਂ ਕੀਤਾ ਜਾਣਾ ਚਾਹੀਦਾ ਸਗੋਂ ਮਨੋਵਿਗਿਆਨਕ ਆਪ੍ਰੇਸ਼ਨ ਵਜੋਂ ਕਰੋ।"

"ਮਿਲੀਟੈਂਟਾਂ ਦਾ ਮਨੋਬਲ ਖ਼ਤਮ ਕਰੋ। ਉਨ੍ਹਾਂ ਦੇ ਖ਼ਿਲਾਫ਼ ਜਨਤਕ ਰਾਇ ਬਣਾਓ। ਫਿਰ ਘੇਰਾਬੰਦੀ ਕਰ ਕੇ ਇੱਕ ਅਪ੍ਰੇਸ਼ਨ ਹੋ ਸਕਦਾ ਹੈ।"

"ਬਲੂ ਸਟਾਰ ਤੋਂ ਬਾਅਦ ਦੋ ਮਿਸਾਲਾਂ ਹਨ। ਬੈਲਕ ਥੰਡਰ ਬਾਰੇ ਤੁਸੀਂ ਸੁਣਿਆ ਹੋਏਗਾ। ਬਲੈਕ ਥੰਡਰ ਵੀ ਦੋ ਹੋਏ ਹਨ, ਬਲੈਕ ਥੰਡਰ-ਵਨ ਤੇ ਟੂ। ਬਲੈਕ ਥੰਡਰ-ਟੂ ਜਿਹੜਾ ਕੇਪੀ ਐੱਸ ਗਿੱਲ ਦੇ ਸਮੇਂ ਹੋਇਆ ਜਿਸ ਦੀ ਜ਼ਿਆਦਾ ਮਸ਼ਹੂਰੀ ਹੋ ਗਈ। ਬਲੈਕ ਥੰਡਰ-ਵਨ ਮੇਰੇ ਟਾਈਮ 'ਤੇ ਹੋਇਆ ਸੀ।"

"26 ਅਪਰੈਲ 1986 ਨੂੰ ਮਿਲੀਟੈਂਟਜ਼ ਦੀ ਪੰਥਕ ਕਮੇਟੀ ਨੇ ਦਰਬਾਰ ਸਾਹਿਬ ਦੇ ਕਮਰਾ ਨੰਬਰ 46 ਤੋਂ ਖ਼ਾਲਿਸਤਾਨ ਦਾ ਐਲਾਨ ਕਰ ਦਿੱਤਾ, ਖ਼ਾਲਿਸਤਾਨ ਕਮਾਂਡੋ ਫੋਰਸ ਬਣਾ ਦਿੱਤੀ।"

"ਸਟੇਟ ਨਾਲ ਜੰਗ ਦਾ ਐਲਾਨ ਕਰ ਦਿੱਤਾ। ਉਸ ਸਮੇਂ ਦੀ ਪੰਜਾਬ ਸਰਕਾਰ ਜਿਸਦੇ ਮੁੱਖ ਮੰਤਰੀ ਸੁਰਜੀਤ ਸਿੰਘ ਬਰਨਾਲਾ ਸਨ ਅਤੇ ਰਜੀਵ ਗਾਂਧੀ ਪ੍ਰਧਾਨ ਮੰਤਰੀ ਸੀ। ਉਨ੍ਹਾਂ ਨੇ ਫੈਸਲਾ ਕਰ ਲਿਆ ਕਿ ਇਨ੍ਹਾਂ ਖ਼ਿਲਾਫ਼ ਕਾਰਵਾਈ ਕਰੋ ਅਤੇ ਐੱਨਐੱਸਜੀ ਆਈ। ਬਰਨਾਲਾ ਸਾਹਿਬ ਦੇ ਸਾਨੂੰ ਸਪਸ਼ਟ ਹੁਕਮ ਸਨ ਕਿ ਦਰਬਾਰ ਸਾਹਬ 'ਤੇ ਗੋਲੀ ਨਹੀਂ ਚੱਲਣੀ ਚਾਹੀਦੀ।"

"ਉਸੇ ਤਰ੍ਹਾਂ ਘੇਰਾਬੰਦੀ ਹੋ ਗਈ। ਜਦੋਂ ਐੱਨਐੱਸਜੀ ਤੇ ਪੁਲਿਸ ਨੇ ਪਰਿਕਰਮਾ ਵਗੈਰਾ ਹੋਰ ਸਾਰੀ ਸਰਾਂ ਤੇ ਲੰਗਰ ਕਲੀਅਰ ਕਰ ਲਿਆ। ਫਿਰ ਉਹ ਕਹਿੰਦੇ ਹੁਣ ਅਸੀਂ ਦਰਬਾਰ ਸਾਹਿਬ ਜਾਵਾਂਗੇ ਤੇ ਗੋਲੀ ਸਾਡੇ ਉੱਤੇ ਚੱਲੀ ਤਾਂ ਅਸੀਂ ਵੀ ਚਲਾਵਾਂਗੇ। ਉੱਥੇ ਮੈਂ ਸਟੈਂਡ ਲਿਆ ਕਿ ਸਰਕਾਰ ਦੀਆਂ ਹਦਾਇਤਾਂ ਸਪਸ਼ਟ ਹਨ ਕਿ ਤੁਸੀਂ ਦਰਬਾਰ ਸਾਹਿਬ ਵੱਲ ਗੋਲੀ ਨਹੀਂ ਚਲਾਓਗੇ।"

"ਉਨ੍ਹਾਂ ਕਿਹਾ ਕਿ ਫਿਰ ਅਸੀਂ ਅਪ੍ਰੇਸ਼ਨ ਨਹੀਂ ਕਰ ਸਕਦੇ, ਤੁਸੀਂ ਇਸ ਆਪਰੇਸ਼ਨ ਨੂੰ ਸਾਂਭ ਲਓ। ਰੇਬੈਰੂ ਵੀ ਉੱਥੇ ਹੀ ਹਾਜ਼ਰ ਸਨ, ਅਸੀਂ ਸਾਰੇ ਕੰਟਰੋਲ ਰੂਮ ਵਿੱਚ ਬੈਠੇ ਸੀ।"

"ਐੱਸ.ਐੱਸ ਵਿਰਕ ਜੋ ਕਿ ਉਸ ਸਮੇਂ ਦੇ ਐੱਸਐੱਸਪੀ ਸਨ ਅਤੇ ਬਾਅਦ ਵਿੱਚ ਮਹਾਰਾਸ਼ਟਰਾ ਦੇ ਡੀਜੀ ਬਣੇ। ਅਸੀਂ ਦੋਹਾਂ ਨੇ ਸਲਾਹ ਕੀਤੀ ਕਿ ਖ਼ਤਰਾ ਮੁੱਲ ਲੈ ਲੈਂਦੇ ਹਾਂ ਅਤੇ ਅੰਦਰ ਜਾ ਕੇ ਅਪੀਲ ਕਰੀਏ।"

"ਬਲੂ ਸਟਾਰ ਵੇਲੇ ਇਹ ਬੜਾ ਵੱਡਾ ਮਸਲਾ ਆਇਆ ਸੀ ਕਿ ਬਾਹਰੋਂ ਪਬਲਿਕ ਰਿਲੇਸ਼ਨ ਵੈਨ ਦੀ ਆਵਾਜ਼ ਨਹੀਂ ਸੁਣੀ।"

"ਅਸੀਂ ਦੋਨੋਂ ਦਰਬਾਰ ਸਾਹਿਬ ਨਿਹੱਥੇ ਹੋ ਕੇ ਦਾਖ਼ਲ ਹੋਏ। ਪਰਿਕਰਮਾ ਵਿੱਚ ਜਾ ਕੇ ਹੱਥ ਵਾਲੇ ਸਪੀਕਰ ਨਾਲ ਮੈਂ ਐਲਾਨ ਕੀਤੀ ਕਿ ਮੈਂ ਡਿਪਟੀ ਕਮਿਸ਼ਨ ਅੰਮ੍ਰਿਤਸਰ ਬੋਲ ਰਿਹਾ ਹਾਂ, ਤੁਹਾਨੂੰ ਮੈਂ ਬੇਨਤੀ ਕਰਦਾਂ ਕਿ ਦਰਬਾਰ ਸਾਹਿਬ ਦੀ ਮਰਿਆਦਾ ਨੂੰ ਦੇਖਦੇ ਹੋਏ ਤੁਸੀਂ ਬਾਹਰ ਆ ਜਾਓ।"

"ਦੋ-ਤਿੰਨ ਵਾਰ ਅਪੀਲਾਂ ਕੀਤੀਆਂ ਅਤੇ ਇੱਕ ਸ਼ਖ਼ਸ ਦਰਬਾਰ ਸਾਹਿਬ ਦੇ ਉੱਪਰ ਚੜ੍ਹ ਗਿਆ। ਉੱਥੋਂ ਉਸ ਨੇ ਕੱਪੜਾ ਹਿਲਾ ਕੇ ਕਿਹਾ ਕਿ ਹੁਣ ਸਾਨੂੰ ਤੁਹਾਡੇ 'ਤੇ ਕੋਈ ਇਤਬਾਰ ਨਹੀਂ ਰਿਹਾ ਇਸ ਲਈ ਤੁਸੀਂ ਗਿਆਨੀ ਪੂਰਨ ਸਿੰਘ ਨੂੰ ਲਿਆਓ। ਗਿਆਨੀ ਪੂਰਨ ਸਿੰਘ ਐੱਸਜੀਪੀਸੀ ਦੇ ਗ੍ਰੰਥੀ ਸਨ ਜੋ ਬਾਅਦ ਵਿੱਚ ਜੱਥੇਦਾਰ ਬਣੇ।"

"ਅਸੀਂ ਕਿਹਾ ਠੀਕ ਹੈ ਜੀ, ਸਾਨੂੰ ਕੋਈ ਇਤਰਾਜ਼ ਨਹੀਂ। ਉਨ੍ਹਾਂ ਨੂੰ ਬੁਲਾਉਣ ਲਈ ਕਿਸੇ ਨੂੰ ਭੇਜਿਆ। ਉਹ ਦਰਬਾਰ ਸਾਹਿਬ ਦੇ ਨੇੜੇ ਹੀ ਰਹਿੰਦੇ ਸੀ। ਉਨ੍ਹਾਂ ਨੇ ਪਹਿਲੀ ਵਾਰ ਇਨਕਾਰ ਕਰ ਦਿੱਤਾ ਪਰ ਦੂਜੀ ਵਾਰ ਮੰਨ ਗਏ ਅਤੇ ਆ ਗਏ।"

"ਉਨ੍ਹਾਂ ਨੇ ਅਪੀਲ ਕੀਤੀ ਕਿ ਅੰਦਰ ਆਓ। ਪੂਰਨ ਸਿੰਘ ਆਪਣੀ ਜ਼ਿੰਦਗੀ ਨੂੰ ਖ਼ਤਰੇ ਵਿੱਚ ਪਾ ਕੇ ਦਰਬਾਰ ਸਾਹਿਬ ਦੇ ਅੰਦਰ ਗਏ। ਉਨ੍ਹਾਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਨੂੰ ਯਕੀਨ ਦੁਆਇਆ। ਤਕਰੀਬਨ 130-35 ਬੰਦੇ ਲਾਈਨ ਬੰਨ੍ਹ ਕੇ ਦਰਬਾਰ ਸਾਹਿਬ ਚੋਂ ਬਾਹਰ ਆਏ ਤੇ ਇੱਕ ਵੀ ਗੋਲੀਬਾਰੀ ਦਾ ਹਾਦਸਾ ਨਹੀਂ ਹੋਇਆ।"

ਸਵਾਲ: ਇਸ ਤਰ੍ਹਾਂ ਦੇ ਐਲਾਨ ਬਲੂ ਸਟਾਰ ਸਮੇਂ ਕਿਉਂ ਨਹੀਂ ਕੀਤੇ ਗਏ?

"ਪਬਲਿਕ ਰਿਲੇਸ਼ਨ ਵਿਭਾਗ ਵੱਲੋਂ ਮੈਂ ਇੱਕ ਐਲਾਨ ਕਰਵਾਇਆ ਸੀ ਪਰ ਉਹ ਪ੍ਰਭਾਵੀ ਨਹੀਂ ਸੀ।"

ਸਵਾਲ: ਉਸਦਾ ਕੀ ਕਾਰਨ ਹੈ?

"ਉਸ ਦਾ ਕਾਰਨ ਹੈ ਕਿ ਐਲਾਨ ਫੌਜ ਨੂੰ ਕਰਨਾ ਚਾਹੀਦਾ ਸੀ। ਗੋਲੀਆਂ ਚੱਲ ਰਹੀਆਂ ਸਨ ਦੋਵੇਂ ਪਾਸੇ। ਟੈਂਕ ਦੇ ਉੱਤੇ ਸਪੀਕਰ ਲਾ ਕੇ ਕੋਲੇ ਜਾ ਕੇ ਐਲਾਨ ਹੋਣਾ ਚਾਹੀਦਾ ਸੀ। ਪਬਲਿਕ ਰਿਲੇਸ਼ਨ ਦੀ ਵੈਨ ਸੀ ਜੋ ਕਿ ਨਿਹੱਥੀ ਸੀ। ਉਹ ਦੋਵੇਂ ਪਾਸੇ ਗਈ-ਸਰਾਂ ਵਾਲੇ ਪਾਸੇ ਵੀ ਅਤੇ ਘੰਟਾ ਘਰ ਵਾਲੇ ਪਾਸੇ ਵੀ ਗਈ। ਉਨ੍ਹਾਂ ਨੇ ਤਕਰੀਬਨ ਅੱਧਾ ਘੰਟਾ ਐਲਾਨ ਕੀਤਾ, ਦੋ ਵਾਰ ਐਲਾਨ ਕੀਤਾ।"

"ਤਕਰੀਬਨ 129 ਬੰਦੇ ਬਾਹਰ ਆ ਵੀ ਗਏ ਸੀ। ਉਨ੍ਹਾਂ ਦੀਆਂ ਜ਼ਿੰਦਗੀਆਂ ਬਚ ਗਈਆਂ।"

ਸਵਾਲ: ਤੁਸੀਂ ਇਹ ਮੰਨਦੇ ਹੋ ਕਿ ਪੂਰਾ ਮੌਕਾ ਨਹੀਂ ਦਿੱਤਾ ਗਿਆ, ਐਲਾਨ ਸਹੀ ਤਰੀਕੇ ਨਾਲ ਨਹੀਂ ਹੋ ਸਕੀਆਂ, ਜਾਨਾਂ ਬਚ ਸਕਦੀਆਂ ਸਨ?

"ਮੈਂ ਮੌਕੇ 'ਤੇ ਨਹੀਂ ਸੀ ਜਦੋਂ ਫੌਜ ਅੰਦਰ ਗਈ। ਮੈਨੂੰ ਜੋ ਵੇਰਵੇ ਸ਼ਾਮਿਲ ਫੌਜੀ ਅਫ਼ਸਰਾਂ ਨੇ ਦੱਸੇ ਸਨ ਉਹ ਹੀ ਦੱਸ ਸਕਦਾ ਹਾਂ। ਉਨ੍ਹਾਂ ਵਿੱਚੋਂ ਕਈ ਗੱਲਾਂ ਬਾਹਰ ਵੀ ਆਈਆਂ।"

"ਜਿਵੇਂ ਮਿਸਾਲ ਵਜੋਂ ਬ੍ਰਿਗੇਡੀਅਰ ਓਂਕਾਰ ਸਿੰਘ ਗੁਰਾਇਆ, ਉਨ੍ਹਾਂ ਨੇ ਕਿਤਾਬ ਲਿਖੀ ਬਲੂ ਸਟਾਰ 'ਤੇ, ਜਰਨਲ ਕੇ ਐੱਸ ਬਰਾੜ ਨੇ ਵੀ ਕਿਤਾਬ ਲਿਖੀ ਹੈ।"

ਸਵਾਲ: ਇਹ ਵੀ ਕਿਹਾ ਜਾਂਦਾ ਹੈ, ਆਪਰੇਸ਼ਨ ਬਲੂ ਸਟਾਰ ਬਾਰੇ ਵਿਰੋਧੀ ਰਾਇ ਹੈ ਕਿ ਬੜਾ ਯੋਜਨਾਬੱਧ ਆਪਰੇਸ਼ਨ ਸੀ। ਦੂਜੇ ਪਾਸੇ ਸਰਕਾਰ ਦਾ ਕਹਿਣਾ ਹੈ ਕਿ ਮੌਕੇ 'ਤੇ ਫੈਸਲਾ ਲਿਆ ਗਿਆ।

"ਮੈਨੂੰ ਇਸਦੀ ਕੋਈ ਨਿੱਜੀ ਜਾਣਕਾਰੀ ਨਹੀਂ ਹੈ। ਜੇ ਕੋਈ ਯੋਜਨਾ ਹੋਵੇਗੀ ਤਾਂ ਉਹ ਜ਼ਿਲ੍ਹਾ ਪੱਧਰੀ ਨਹੀਂ ਹੁੰਦਾ, ਇਹ ਉੱਚ ਪੱਧਰੀ ਫੈਸਲੇ ਹੁੰਦੇ ਹਨ।"

"ਪਰ ਜਿਸ ਤਰ੍ਹਾਂ ਇਹ ਕਾਰਵਾਈ ਹੋਈ ਉਸ ਤੋਂ ਇਹ ਲੱਗਦਾ ਹੈ ਕਿ ਇਹ ਬੜਾ ਅਡਹਾਕ ਜਿਹਾ ਆਪਰੇਸ਼ਨ ਸੀ। ਬਿਨਾਂ ਕਿਸੇ ਵਿਚਾਰੇ ਅੰਜਾਮ ਦਿੱਤਾ।"

ਸਵਾਲ: ਅਡਹਾਕ ਕਿਵੇਂ?

"ਬਹੁਤ ਮਾੜੀ ਤਰ੍ਹਾਂ ਇਸ ਆਪਰੇਸ਼ਨ ਨੂੰ ਅੰਜਾਮ ਦਿੱਤਾ ਗਿਆ। ਇਹ ਯੋਜਨਾਬੱਧ ਨਹੀਂ ਸੀ।"

ਸਵਾਲ: "ਮਾੜੀ ਤਰ੍ਹਾਂ ਕੀਤਾ", ਮਤਲਬ?

"ਇਸ ਦੀ ਕਾਰਵਾਈ ਮਾੜੀ ਤਰ੍ਹਾਂ ਕੀਤੀ ਗਈ। ਆਪਰੇਸ਼ਨ ਨੂੰ ਅੰਜਾਮ ਦਿੰਦੇ ਹੋਏ ਫੌਜ ਦੀਆਂ ਵੀ ਬੜੀਆਂ ਮੌਤਾਂ ਹੋਈਆਂ। ਕਿੰਨਾ ਲਮਕ ਗਿਆ, ਟੈਂਕ ਵਰਤਣੇ ਪਏ, ਆਰਟਿਲਰੀ ਵਰਤਣੀ ਪਈ।

ਸਵਾਲ: ਇੰਗਲੈਂਡ ਦੀ ਭੂਮਿਕਾ ਬਾਰੇ ਵੀ ਗੱਲ ਹੁੰਦੀ ਹੈ ਕਈ ਵਾਰੀ, ਉਸ ਬਾਰੇ ਕੀ ਦੱਸ ਸਕਦੇ ਹੋ ਸਾਨੂੰ?"

"ਮੈਨੂੰ ਇਸਦੀ ਕੋਈ ਨਿੱਜੀ ਜਾਣਕਾਰੀ ਨਹੀਂ ਹੈ ਕਿ ਇੰਗਲੈਂਡ ਦੀ ਕੀ ਭੂਮਿਕਾ ਸੀ। ਮੈਂ ਸਿਰਫ਼ ਅਖ਼ਬਰਾਂ ਵਿੱਚ ਹੀ ਪੜ੍ਹਿਆ ਹੈ। ਪਰ ਇੰਨੀ ਜਾਣਕਾਰੀ ਹੈ ਕਿ ਫੌਜ ਦੀ ਯੋਜਨਾ ਸੀ ਕਿ ਅਕਾਲ ਤਖ਼ਤ ਸਾਹਿਬ ਤੇ ਸਟੱਨ ਗ੍ਰਨੇਡ ਤੇ ਗੈਸ ਗ੍ਰਨੇਡ ਸਿੱਟ ਕੇ ਅਚਾਨਕ ਕਮਾਂਡੋ ਹਮਲਾ ਹੋਵੇ।"

ਸਵਾਲ: ਕਿੰਨੇ ਲੋਕ ਮਾਰੇ ਗਏ ਇਹ ਵੀ ਵਿਵਾਦ ਰਿਹਾ ਹੈ

"ਇੱਕ ਓਂਕਾਰ ਸਿੰਘ ਬਾਜਵਾ, ਡੀਐੱਸਪੀ ਸਿਟੀ ਸੀ। ਲਾਸ਼ਾਂ ਹਟਾਉਣ ਦਾ ਕੰਮ ਸਭ ਤੋਂ ਪਹਿਲਾਂ ਪੁਲਿਸ ਨੇ ਸ਼ੁਰੂ ਕੀਤਾ ਸੀ ਕਿਉਂਕਿ ਮੌਤਾਂ ਤਿੰਨ ਤਰੀਕ ਨੂੰ ਹੀ ਸ਼ੁਰੂ ਹੋ ਗਈਆਂ ਸਨ।"

"ਜਿਸ ਕਾਰਨ ਕਈ ਲਾਸ਼ਾਂ ਖ਼ਰਾਬ ਹੋ ਗਈਆਂ ਸਨ। ਮੁਸ਼ਕ ਆਉਣਾ ਸ਼ੁਰੂ ਹੋ ਗਿਆ ਸੀ। ਪੁਲਿਸ ਤੋਂ ਸਾਂਭਿਆ ਨਹੀਂ ਗਿਆ। ਬਾਅਦ ਵਿੱਚ ਮਿਉਂਸੀਪਲ ਕੌਂਸਲ ਦੀਆਂ ਸੇਵਾਵਾਂ ਸਰਕਾਰ ਨੇ ਲਈਆਂ।"

"ਓਂਕਾਰ ਸਿੰਘ ਬਾਜਵਾ ਮੌਕੇ 'ਤੇ ਮੌਜੂਦ ਰਹੇ। ਉਨ੍ਹਾਂ ਨੇ 6,7, ਤੇ ਕੁਝ 8 ਤਰੀਕ ਨੂੰ ਨਾਗਰਿਕਾਂ ਦੀਆਂ 717 ਲਾਸ਼ਾਂ ਦਰਬਾਰ ਸਾਹਿਬ ਤੋਂ ਗਿਣੀਆਂ ਸਨ।"

"ਇਸ ਤਰ੍ਹਾਂ ਤਕਰੀਬਨ 780-83 ਦੇ ਕਰੀਬ ਲਾਸ਼ਾਂ ਦੀ ਗਿਣਤੀ ਹੋਈ।"

ਸਵਾਲ: ਕੈਪਟਨ ਅਮਰਿੰਦਰ ਸਿੰਘ ਨੇ ਵੀ ਭਾਰਤ ਸਰਕਾਰ ਨੂੰ ਲਿਖਿਆ ਸੀ ਕਿ ਬੜੇ ਇਤਿਹਾਸਕ ਦਸਤਾਵੇਜ਼ ਤੇ ਹੋਰ ਰਿਕਾਰਡ ਹਟਾਇਆ ਗਿਆ ਸੀ, ਉਹ ਵਾਪਸ ਕੀਤਾ ਜਾਵੇ। ਦੱਸ ਸਕਦੇ ਹੋ ਕੀ ਚੀਜ਼ਾਂ ਹਟਾਈਆਂ ਗਈਆਂ ਤੇ ਕਿੱਥੇ ਹਨ ਉਹ ਇਸ ਸਮੇਂ?

"ਇਸ ਤਰ੍ਹਾਂ ਹੈ ਕਿ ਦਰਬਾਰ ਸਾਹਿਬ ਕੰਪਲੈਕਸ ਦੇ ਕਮਰੇ ਖਾੜਕੂਆਂ ਕੋਲ ਸਨ। ਉਨ੍ਹਾਂ ਦਾ ਕਾਫ਼ੀ ਰਿਕਾਰਡ ਸੀਬੀਆਈ ਨੇ ਜਾਂਚ ਲਈ ਕਬਜ਼ੇ ਵਿੱਚ ਲਿਆ। ਵਿਵਾਦ ਲਾਈਬਰੇਰੀ ਦਾ ਹੈ।"

"ਆਪਰੇਸ਼ਨ ਤੋਂ ਬਾਅਦ ਫੌਜ ਨੇ ਕਈ ਕੋਰਟ ਆਫ਼ ਇਨਕੁਆਰੀਆਂ ਬਿਠਾਈਆਂ, ਜਿਸ ਵਿੱਚ ਉਨ੍ਹਾਂ ਨੇ ਆਪਣੇ ਨਾਲ ਐੱਸਜੀਪੀਸੀ ਤੇ ਜਿਲ੍ਹਾ ਪ੍ਰਸ਼ਾਸਨ ਦੇ ਨੁਮਾਇੰਦੇ ਸ਼ਾਮਲ ਕੀਤੇ ਸਨ।"

"ਜਿਵੇਂ ਤੋਸ਼ੇਖ਼ਾਨੇ ਦਾ ਇੱਕ ਵੱਖਰਾ ਬੋਰਡ ਸੀ। ਅਕਾਲ ਤਖ਼ਤ ਸਾਹਿਬ ਦਾ ਵੱਖਰਾ ਬੋਰਡ ਸੀ। ਇਸੇ ਤਰ੍ਹਾਂ ਲਾਇਬਰੇਰੀ ਦਾ ਵੀ ਇੱਕ ਬੋਰਡ ਬਣਿਆ। ਉਸ ਦੇ ਵਿੱਚ ਮੇਰਾ ਨੌਮਿਨੀ ਇੱਕ ਮੈਜਿਸਟਰੇਟ ਸੀ ਅਤੇ ਐੱਸਜੀਪੀਸੀ ਨੇ ਦੋ ਆਪਣੇ ਨੌਮਿਨੀ ਪਾਏ ਸੀ।"

"ਉਨ੍ਹਾਂ ਦਾ ਸਿੱਟਾ ਸੀ ਕਿ ਕਾਫ਼ੀ ਚੀਜ਼ਾਂ ਜਿਵੇਂ ਪਵਿੱਤਰ ਗ੍ਰੰਥ, ਇਤਿਹਾਸਕ ਰਿਕਾਰਡ ਤਾਂ ਅੱਗ ਵਿੱਚ ਸੜ ਗਿਆ ਸੀ। ਜਿਹੜੀਆਂ ਚੀਜ਼ਾਂ ਰਹਿ ਗਈਆਂ ਸੀ ਉਹ ਆਰਮੀ ਨੇ ਬਾਅਦ ਵਿੱਚ ਹੈਂਡਓਵਰ ਕਰ ਦਿੱਤੀਆਂ ਸਨ।"

"ਪਰ ਅੱਗ ਕਿਵੇਂ ਲੱਗੀ, ਕਿਸ ਸਮੇਂ ਲੱਗੀ ਇਸ ਦੇ ਬਾਰੇ ਉਨ੍ਹਾਂ ਦਾ ਕੋਈ ਸਰਬਸੰਮਤੀ ਵਾਲਾ ਸਿੱਟਾ ਨਹੀਂ ਸੀ।"



ਆਪ ਦੇ ਵਿਚਾਰਾਂ ਦੀ ਉਡੀਕ

ਸਾਕਾ ਨੀਲਾ ਤਾਰਾ ਨੂੰ ਵਾਪਰਿਆਂ 42 ਸਾਲ ਹੋ ਗਏ ਹਨ। ਰੋਜ਼ਾਨਾ ਚੜ੍ਹਦੀਕਲਾ ਨੇ ਇਸ ਦਰਦਨਾਕ ਸਾਕੇ ਨੂੰ ਯਾਦ ਕਰਦਿਆਂ ਪਿਛਲੇ ਕਈ ਦਿਨਾਂ ਤੋਂ ਇੱਕ ਯਤਨ ਕਰਕੇ ਬਹੁਤ ਸਾਰੇ ਲੇਖ ਛਾਪੇ ਹਨ।

ਜਿੱਥੇ ਅਲੱਗ-ਅਲੱਗ ਪਹਿਲੂਆਂ ਨੂੰ ਛੂਹਣ ਦੀ ਕੋਸ਼ਿਸ਼ ਕੀਤੀ ਹੈ ਅਤੇ ਪੱਤਰਕਾਰੀ ਦੇ ਨਜ਼ਰੀਏ ਤੋਂ ਸਾਰੇ ਪੱਖਾਂ ਦੇ ਵਿਚਾਰ ਵੀ ਰੱਖੇ ਗਏ ਹਨ। ਇਹ ਯਤਨ ਕਿਹੋ ਜਿਹਾ ਲੱਗਾ, ਇਸ ਸਬੰਧ ਵਿੱਚ ਆਪ ਦੀ ਪ੍ਰਤੀਕ੍ਰਿਆ ਦਾ ਸਵਾਗਤ ਹੋਵੇਗਾ। ਆਪ ਆਪਣੇ ਵਿਚਾਰ ਲਿਖ ਕੇ ਭੇਜ ਸਕਦੇ ਹੋ।

ਦਰਸ਼ਨ ਸਿੰਘ ਦਰਸ਼ਕ
98555-08918

ਕਿਸ ਤਰ੍ਹਾਂ ਕੀਤਾ ਗਿਆ ਲਾਸ਼ਾਂ ਦਾ ਨਿਪਟਾਰਾ

ਇਸ ਕਾਰਵਾਈ ਦੇ ਚਸ਼ਮਦੀਦ ਗਵਾਹ ਸਫ਼ਾਈ ਸੇਵਕ ਦੀ ਜ਼ੁਬਾਨੀ

ਹਰਮਨਦੀਪ ਸਿੰਘ

"ਦਰਬਾਰ ਸਾਹਿਬ ਤਾਂ ਛੱਡੋ ਮੈਂ ਉਨ੍ਹਾਂ ਦਿਨਾਂ ਤੋਂ ਬਾਅਦ ਦਰਬਾਰ ਸਾਹਿਬ ਦੇ ਨੇੜਲੇ ਇਲਾਕੇ ਵਿੱਚ ਵੀ ਨਹੀਂ ਗਿਆ। ਉਹ ਭਿਆਨਕ ਮੰਜ਼ਰ ਅਤੇ ਮਨੁੱਖੀ ਲਾਸ਼ਾਂ ਦੇ ਸੜਨ ਦੀ ਦੁਰਗੰਧ ਮੈਨੂੰ ਅੱਜ ਵੀ ਨਹੀਂ ਭੁੱਲਦੀ।"

ਸ੍ਰੀ ਹਰਿਮੰਦਰ ਸਾਹਿਬ, ਅੰਮ੍ਰਿਤਸਰ ਸਿੱਖਾਂ ਦਾ ਸਿਰਮੌਰ ਰੂਹਾਨੀ ਅਸਥਾਨ ਹੈ। ਜਿਸ ਨੂੰ ਗੋਲਡਨ ਟੈਂਪਲ ਅਤੇ ਦਰਬਾਰ ਸਾਹਿਬ ਵੀ ਕਿਹਾ ਜਾਂਦਾ ਹੈ।

ਅੰਮ੍ਰਿਤਸਰ ਦਾ ਵਾਸੀ ਹੋ ਕੇ ਜੇਕਰ ਕੋਈ ਵਿਅਕਤੀ 41 ਸਾਲਾਂ ਤੋਂ ਬਾਅਦ ਵੀ ਸ੍ਰੀ ਹਰਿਮੰਦਰ ਸਾਹਿਬ ਕੰਪਲੈਕਸ ਵੱਲ ਜਾਣ ਦੀ ਹਿੰਮਤ ਨਾ ਜੁਟਾ ਸਕਿਆ ਹੋਵੇ ਤਾਂ ਇੱਥੋਂ ਅੰਦਾਜ਼ਾ ਲਗਾਇਆ ਜਾ ਸਕਦਾ ਹੈ ਕਿ ਉਸ ਸਖ਼ਸ਼ ਦੇ ਦਿਲੋ-ਦਿਮਾਗ਼ ਉੱਤੇ 'ਆਪਰੇਸ਼ਨ ਬਲੂ ਸਟਾਰ' ਦੇ ਹਾਲਾਤ ਦਾ ਕਿਹੋ ਜਿਹਾ ਅਸਰ ਪਿਆ ਹੋਵੇਗਾ।

ਮੈਂ ਗੱਲ ਕਰ ਰਿਹਾ ਹਾਂ, ਅੰਮ੍ਰਿਤਸਰ ਨਗਰ ਨਿਗਮ ਦੇ ਸਾਬਕਾ ਸਫਾਈ ਮੁਲਾਜ਼ਮ 73 ਸਾਲਾ ਕੇਵਲ ਕੁਮਾਰ ਦੀ।

ਕੇਵਲ ਕੁਮਾਰ ਉਹ ਸਖ਼ਸ਼ ਹਨ, ਜਿਨ੍ਹਾਂ ਨੇ 'ਆਪਰੇਸ਼ਨ ਬਲੂ ਸਟਾਰ' ਮਗਰੋਂ ਹਰਮਿੰਦਰ ਸਾਹਿਬ ਕੰਪਲੈਕਸ ਦੇ ਅੰਦਰ ਤੇ ਆਸ-ਪਾਸ ਦੇ ਇਲਾਕੇ ਵਿੱਚ ਲਾਸ਼ਾਂ ਦਾ ਨਿਪਟਾਰਾ ਕਰਨ ਦੀ ਡਿਊਟੀ ਨਿਭਾਈ ਸੀ।

ਜੂਨ 1984 ਦੇ ਪਹਿਲੇ ਹਫ਼ਤੇ ਭਾਰਤੀ ਫੌਜ ਦੇ ਦਰਬਾਰ ਸਾਹਿਬ ਕੰਪਲੈਕਸ ਉੱਤੇ ਕੀਤੇ ਹਮਲੇ ਨੂੰ 'ਆਪਰੇਸ਼ਨ ਬਲੂ ਸਟਾਰ' (ਸਾਕਾ ਨੀਲਾ ਤਾਰਾ) ਵਜੋਂ ਜਾਣਿਆ ਜਾਂਦਾ ਹੈ।

ਭਾਰਤ ਸਰਕਾਰ ਦੇ ਦਾਅਵੇ ਮੁਤਾਬਕ ਇਹ ਫੌਜੀ ਕਾਰਵਾਈ ਜਰਨੈਲ ਸਿੰਘ ਭਿੰਡਰਾਂਵਾਲੇ ਅਤੇ ਉਨ੍ਹਾਂ ਦੇ ਹਥਿਆਰਬੰਦ ਸਾਥੀਆਂ ਨੂੰ ਦਰਬਾਰ ਸਾਹਿਬ ਕੰਪਲੈਕਸ ਵਿੱਚੋਂ ਬਾਹਰ ਕੱਢਣ ਲਈ ਕੀਤੀ ਗਈ ਸੀ।

ਸਰਕਾਰ ਦਾ ਦਾਅਵਾ ਹੈ ਕਿ ਭਿੰਡਰਾਵਾਲੇ ਨੇ ਹਥਿਆਰਬੰਦ ਹੋ ਕੇ ਕੰਪਲੈਕਸ ਉੱਤੇ ਕਬਜ਼ਾ ਕਰ ਲਿਆ ਸੀ ਅਤੇ ਉਹ ਅਲੱਗ ਦੇਸ ਖ਼ਾਲਿਸਤਾਨ ਦਾ ਐਲਾਨ ਕਰਨ ਵਾਲੇ ਸਨ।

ਪਰ ਕਈ ਸਿੱਖ ਸਿਆਸਤ ਦੇ ਜਾਣਕਾਰਾਂ ਦਾ ਮੰਨਣਾ ਹੈ ਕਿ ਇਹ ਹਮਲਾ ਇੰਦਰਾ ਗਾਂਧੀ ਸਰਕਾਰ ਦੀ ਧਰੁਵੀਕਰਨ ਦੀ ਸਿਆਸਤ ਦਾ ਨਤੀਜਾ ਸੀ।

ਸਰਕਾਰੀ ਵਾਈਟ ਪੇਪਰ ਮੁਤਾਬਕ 'ਆਪ੍ਰੇਸ਼ਨ ਬਲੂ ਸਟਾਰ' 'ਚ 493 ਆਮ ਲੋਕ ਤੇ 83 ਫੌਜੀ ਮਾਰੇ ਗਏ। ਕੇਂਦਰੀ ਸਿੱਖ ਅਜਾਇਬ ਘਰ ਵਿੱਚ ਹਮਲੇ ਦੇ ਮ੍ਰਿਤਕਾਂ ਦੀ ਸੂਚੀ ਵਿੱਚ 743 ਨਾਂ ਸ਼ਾਮਲ ਹਨ।

ਪੰਜਾਬ ਪੁਲਿਸ ਦੇ ਤਤਕਾਲੀ ਅਧਿਕਾਰੀ ਅਪਾਰ ਸਿੰਘ ਬਾਜਵਾ ਨੇ ਬੀਬੀਸੀ ਨੂੰ 2004 ਵਿੱਚ ਦੱਸਿਆ ਸੀ ਕਿ ਉਨ੍ਹਾਂ 800 ਲਾਸ਼ਾਂ ਆਪ ਗਿਣੀਆਂ ਸਨ।

ਜਦਕਿ ਮਨੁੱਖੀ ਅਧਿਕਾਰ ਕਾਰਕੁਨ ਇੰਦਰਜੀਤ ਸਿੰਘ ਜੇਜੀ ਅਤੇ ਕਈ ਹੋਰ ਮੰਨੇ-ਪ੍ਰਮੰਨੇ ਪੱਤਰਕਾਰ ਤੇ ਵਿਦਵਾਨ ਮ੍ਰਿਤਕਾਂ ਦੀ ਗਿਣਤੀ 4,000 ਤੋਂ 5,000 ਦੱਸਦੇ ਹਨ।

'ਆਪ੍ਰੇਸ਼ਨ ਬਲੂ ਸਟਾਰ' ਦੌਰਾਨ ਹਾਲਾਤ

ਕੇਵਲ ਕੁਮਾਰ ਦੱਸਦੇ ਹਨ ਕਿ ਜਦੋਂ ਸਾਕਾ ਨੀਲਾ ਤਾਰਾ ਵਾਪਰਿਆ, ਉਦੋਂ ਉਹ 32 ਸਾਲ ਦੇ ਸਨ।

ਸਬ- ਇੰਸਪੈਕਟਰ ਵਜੋਂ ਸੇਵਾਮੁਕਤ ਹੋਏ ਕੇਵਲ ਕੁਮਾਰ ਸਾਨੂੰ ਅੰਮ੍ਰਿਤਸਰ ਨਗਰ ਨਿਗਮ ਦੇ ਆਪਣੇ ਪੁਰਾਣੇ ਦਫ਼ਤਰ ਵਿੱਚ ਹੀ ਮਿਲੇ।

ਜਦੋਂ ਉਹ ਆਪਣੀ ਹੱਡਬੀਤੀ ਸਾਡੇ ਨਾਲ ਸਾਂਝੀ ਕਰ ਰਹੇ ਸਨ ਤਾਂ ਉਨ੍ਹਾਂ ਦੇ ਚਿਹਰੇ ਉੱਤੇ ਦਰਦ ਸਾਫ਼ ਝਲਕਦਾ ਸੀ, ਇੰਞ ਲੱਗ ਰਿਹਾ ਸੀ ਜਿਵੇਂ ਉਹ ਅੱਜ ਵੀ ਹਾਲਾਤ ਬਾਰੇ ਦੱਸਣ ਤੋਂ ਹਿਚਕਚਾ ਰਹੇ ਹੋਣ।

ਕੇਵਲ ਕੁਮਾਰ ਕਹਿੰਦੇ ਹਨ, "ਕਿਤੇ ਚਾਰ ਲਾਸ਼ਾਂ ਪਈਆਂ ਸਨ, ਕਿਤੇ ਛੇ ਅਤੇ ਕਿਤੇ ਅੱਠ ਗਰਮੀ ਦਾ ਮੌਸਮ ਸੀ, ਮ੍ਰਿਤਕ ਦੇਹਾਂ ਗਲ਼ ਸੜ ਰਹੀਆਂ ਸਨ, ਬਹੁਤ ਬੁਰਾ ਹਾਲ ਸੀ। ਲਾਸ਼ਾਂ ਫੁੱਲ ਗਈਆਂ ਸਨ।"

ਉਹ ਅੱਗੇ ਦੱਸਦੇ ਹਨ, "ਜਦੋਂ ਅਸੀਂ ਬਾਹਵਾਂ ਜਾਂ ਲੱਤਾਂ ਤੋਂ ਲਾਸ਼ ਨੂੰ ਫੜ੍ਹਦੇ ਸੀ ਤਾਂ ਚਮੜੀ ਹੱਥ ਵਿੱਚ ਰਹਿ ਜਾਂਦੀ ਸੀ, ਆਸ-ਪਾਸ ਬਦਬੂ ਫੈਲੀ ਹੋਈ ਸੀ।"

ਸਫਾਈ ਮੁਲਾਜ਼ਮਾਂ ਦੀ ਲੋੜ ਕਦੋਂ ਤੇ ਕਿਉਂ ਪਈ

ਪੁਲਿਸ ਨੇ ਗਲ਼ ਰਹੀਆਂ ਲਾਸ਼ਾਂ ਚੁੱਕਣ ਤੋਂ ਹੱਥ ਖੜ੍ਹੇ ਕਰ ਦਿੱਤੇ ਸਨ। ਅਜਿਹੇ ਮੁਸ਼ਕਲ ਹਾਲਾਤ ਵਿੱਚ ਲਾਸ਼ਾਂ ਦਾ ਨਿਪਟਾਰਾ ਕਰਨ ਲਈ ਫੌਜ ਤੇ ਪ੍ਰਸ਼ਾਸਨ ਨੇ ਨਿਗਮ ਦੇ ਸਫਾਈ ਮੁਲਾਜ਼ਮਾਂ ਦੀ ਡਿਊਟੀ ਲਾਈ।

ਕੇਵਲ ਕੁਮਾਰ ਦੱਸਦੇ ਹਨ 6 ਜੂਨ 1984 ਦੀ ਸਵੇਰ ਨੂੰ ਫੌਜ ਅਤੇ ਨਗਰ ਨਿਗਮ ਦੇ ਅਧਿਕਾਰੀ ਉਨ੍ਹਾਂ ਨੂੰ ਘਰੋਂ ਇਸ ਕੰਮ ਵਾਸਤੇ ਲੈਣ ਆਏ ਸਨ।

"ਮੈਂ ਆਪਣੇ ਘਰ ਵਿਹੜੇ ਵਿੱਚ ਬਾਹਰ ਸੁੱਤਾ ਹੋਇਆ ਸੀ। ਮੈਨੂੰ ਫੌਜ ਨੇ ਤੜਕੇ ਪੰਜ ਜਾਂ ਸਾਢੇ ਪੰਜ ਵਜੇ ਉਠਾਇਆ, ਨਾਲ ਡਾਕਟਰ ਰਾਜ ਪਾਲ ਭਾਟੀਆ ਵੀ ਸਨ। ਉੱਥੇ ਹੀ ਮੇਰਾ ਪਾਸ ਬਣਾਇਆ ਗਿਆ ਕਿਉਂਕਿ ਕਰਫਿਊ ਲੱਗਾ ਹੋਇਆ ਸੀ। ਕਿਸੇ ਨੂੰ ਆਉਣ ਜਾਣ ਦੀ ਇਜਾਜ਼ਤ ਨਹੀਂ ਸੀ। ਫਿਰ ਸਾਨੂੰ ਲਾਸ਼ਾਂ ਚੁਕਵਾਉਣ ਲਈ ਕੂੜੇ ਵਾਲੀਆਂ ਤਿੰਨ ਚਾਰ ਟਰਾਲੀਆਂ ਮਿਲ ਗਈਆਂ।"

"ਇੰਞ ਦੁਪਹਿਰ ਤੱਕ ਅਸੀਂ ਲਾਸ਼ਾਂ ਨੂੰ ਚੁੱਕਣ ਦਾ ਕੰਮ ਸ਼ੁਰੂ ਕਰ ਦਿੱਤਾ ਸੀ।"

ਅੰਮ੍ਰਿਤਸਰ ਦੇ ਤਤਕਾਲੀ ਡਿਪਟੀ ਕਮਿਸ਼ਨਰ ਰਮੇਸ਼ ਇੰਦਰ ਸਿੰਘ ਵੀ ਇਸ ਗੱਲ ਦੀ ਪੁਸ਼ਟੀ ਕਰਦੇ ਹਨ ਕਿ ਡਾਕਟਰ ਰਾਜ ਪਾਲ ਭਾਟੀਆ ਨਗਰ ਨਿਗਮ ਵਿਭਾਗ ਵਿੱਚ ਬਤੌਰ ਸਿਹਤ ਅਧਿਕਾਰੀ ਤੈਨਾਤ ਸਨ। ਉਨ੍ਹਾਂ ਦੀ ਨਿਗਰਾਨੀ ਹੇਠ ਹੀ ਨਿਗਮ ਕਰਮਚਾਰੀਆਂ ਨੂੰ ਲਾਸ਼ਾਂ ਚੁਕਵਾਉਣ ਲਈ ਸੱਦਿਆ ਗਿਆ ਸੀ।

ਰਮੇਸ਼ ਇੰਦਰ ਸਿੰਘ ਨੇ ਆਪ੍ਰੇਸ਼ਨ ਬਲੂ ਸਟਾਰ ਬਾਰੇ 'ਟਰਮੋਇਲ ਇਨ ਪੰਜਾਬ ਬੀਫੋਰ ਐਂਡ ਆਫਟਰ ਬਲੂ ਸਟਾਰ- ਐਨ ਇਨਸਾਈਡਰਜ਼ ਸਟੋਰੀ' ਨਾਂ ਦੀ ਕਿਤਾਬ ਲਿਖੀ ਹੈ, ਜਿਸ ਵਿੱਚ ਕੇਵਲ ਕੁਮਾਰ ਵਲੋਂ ਦੱਸੀ ਜਾਣਕਾਰੀ ਵਰਗੇ ਕਈ ਹੋਰ ਵੇਰਵੇ ਦਰਜ ਕੀਤੇ ਗਏ ਹਨ।

ਬੀਬੀਸੀ ਪੰਜਾਬੀ ਨਾਲ ਗੱਲਬਾਤ ਦੌਰਾਨ ਰਮੇਸ਼ ਇੰਦਰ ਸਿੰਘ ਨੇ ਦੱਸਿਆ ਕਿ 3 ਜੂਨ ਨੂੰ ਕਰਫਿਊ ਲੱਗਣ ਤੋਂ ਬਾਅਦ ਸ੍ਰੀ ਹਰਿਮੰਦਰ ਸਾਹਿਬ ਕੰਪਲੈਕਸ ਵਿੱਚ ਮੌਤਾਂ ਹੋਣੀਆਂ ਸ਼ੁਰੂ ਹੋ ਗਈਆਂ ਸਨ।

ਉਨ੍ਹਾਂ ਨੇ ਦੱਸਿਆ, "6 ਜੂਨ ਆਪ੍ਰੇਸ਼ਨ ਪੂਰਾ ਹੋਣ ਤੱਕ ਲਾਸ਼ਾਂ ਸੜਨ ਲੱਗ ਪਈਆਂ ਸਨ। ਫਿਰ ਪੰਜਾਬ ਸਰਕਾਰ ਨੇ ਲਾਸ਼ਾਂ ਨੂੰ ਹਟਾਉਣ ਦੀ ਜ਼ਿੰਮੇਵਾਰੀ ਨਗਰ ਨਿਗਮ ਦੇ ਕਾਮਿਆਂ ਨੂੰ ਸੌਂਪੀ। ਲਾਸ਼ਾਂ ਨੂੰ ਹਟਾਉਣ ਦਾ ਪ੍ਰਬੰਧ ਤਤਕਾਲੀ ਮਿਊਂਸੀਪਲ ਕਮਿਸ਼ਨਰ ਗੁਲਵੰਤ ਸਿੰਘ ਦੀ ਦੇਖ ਰੇਖ ਵਿੱਚ ਹੋਇਆ।"

ਲਾਸ਼ਾਂ ਚੁੱਕਣ ਵਾਲਿਆਂ ਦੀ ਮਨੋਦਸ਼ਾ

ਲਾਸ਼ਾਂ ਚੁੱਕਣ ਵਾਲੇ ਦੱਸਦੇ ਹਨ ਕਿ ਮੰਜ਼ਰ ਦੇਖਣ ਤੋਂ ਬਾਅਦ ਉਨ੍ਹਾਂ ਨੂੰ ਨੀਂਦ ਆਉਣੀ ਬੰਦ ਹੋ ਗਈ ਗਈ ਸੀ।

ਉਨ੍ਹਾਂ ਨੂੰ ਵਾਰ-ਵਾਰ ਮੁਰਦਿਆਂ ਦੇ ਕੋਲ ਹੋਣ ਦੇ ਭੁਲੇਖੇ ਪੈਂਦੇ ਸੀ। ਕਈ ਵਾਰੀ ਆਵਾਜ਼ਾਂ ਵੀ ਸੁਣਦੀਆਂ ਸਨ ਅਤੇ ਕੁਝ ਵੀ ਖਾਣ-ਪੀਣ ਦਾ ਦਿਲ ਨਹੀਂ ਕਰਦਾ ਸੀ।

ਕੇਵਲ ਦੱਸਦੇ ਹਨ, "ਰਾਤ ਨੂੰ ਤਾਂ ਨੀਂਦ ਨਹੀਂ ਸੀ ਆਉਂਦੀ ਹੁੰਦੀ। ਚਾਰ ਪੰਜ ਦਿਨ ਤਾਂ ਇੰਞ ਲੱਗਦਾ ਸੀ ਕੋਲ ਕੋਈ (ਮੁਰਦਾ) ਖਲੋਤਾ ਹੈ, ਬੈਠਾ ਹੈ। ਕੋਈ ਪੁੱਛਦਾ ਸੀ ਮੇਰੇ ਵਾਲ ਕਿੱਥੇ ਹਨ।"

ਜਦੋਂ ਉਹ ਇਹ ਕੰਮ ਕਰਨ ਤੋਂ ਇਨਕਾਰ ਕਰਦੇ ਤਾਂ ਉਨ੍ਹਾਂ ਨੂੰ ਸ਼ਰਾਬ ਪਿਆਈ ਜਾਂਦੀ ਸੀ, ਪੁਲਿਸ ਥਾਣਿਆਂ ਵਿੱਚੋਂ ਸ਼ਰਾਬ ਦਿੱਤੀ ਜਾਂਦੀ ਅਤੇ ਸ਼ਰਾਬੀ ਕਰ ਕੇ ਲਾਸ਼ਾਂ ਚੁਕਵਾਈਆਂ ਜਾਂਦੀਆਂ ਸਨ।

ਕੇਵਲ ਕੁਮਾਰ ਕਹਿੰਦੇ ਹਨ, "ਵੈਸੇ ਵੀ ਕੋਈ ਬੰਦਾ ਆਮ ਹਾਲਤ ਵਿੱਚ ਅਜਿਹਾ ਕੰਮ ਕਰ ਹੀ ਨਹੀਂ ਸਕਦਾ, ਕੋਈ ਜਾਣ ਵਾਸਤੇ ਤਿਆਰ ਨਹੀਂ ਸੀ, ਅਸੀਂ ਸਫਾਈ ਵਾਲੇ ਮਜ਼ਦੂਰ ਸੀ, ਅਸੀਂ ਹੁਕਮ ਅਦੂਲੀ ਕਿਵੇਂ ਕਰਦੇ।"

ਕੈਮਰੇ ਉੱਤੇ ਨਾ ਆਉਣ ਦੀ ਸ਼ਰਤ ਉੱਤੇ ਇੱਕ ਹੋਰ ਸਫਾਈ ਸੇਵਕ ਨੇ ਦੱਸਿਆ ਕਿ ਉਹ ਦਰਬਾਰ ਸਾਹਿਬ ਦੇ ਨੇੜਲੇ ਅਖਾੜਿਆਂ ਵਿੱਚ ਕੁਸ਼ਤੀ ਸਿੱਖਦਾ ਸੀ।

ਉਨ੍ਹਾਂ ਨੂੰ ਫੌਜ ਨੇ ਜ਼ਬਰੀ ਇਸ ਕੰਮ ਉੱਤੇ ਲਗਾਇਆ, ਪਰ ਉਹ ਮੌਕਾ ਮਿਲਦਿਆਂ ਹੀ ਭੱਜ ਕੇ ਲੁਕ ਗਿਆ।

ਉਹ ਉਸ ਸਮੇਂ ਬੇਰੁਜ਼ਗਾਰ ਸੀ, ਉਸ ਨੂੰ ਲਾਸ਼ਾਂ ਚੁੱਕਣ ਬਦਲੇ ਨਗਰ ਨਿਗਮ ਵਿੱਚ ਪੱਕੀ ਨੌਕਰੀ ਦਾ ਲਾਲਚ ਦਿੱਤਾ ਗਿਆ ਸੀ। ਪਰ ਉਸ ਨੇ ਭੱਜਣਾ ਹੀ ਬਿਹਤਰ ਸਮਝਿਆ।

ਇਸ ਤਰ੍ਹਾਂ ਦੇ ਕਈ ਹੋਰ ਸਫਾਈ ਮੁਲਾਜ਼ਮਾਂ ਨਾਲ ਸਾਡੀ ਮੁਲਾਕਾਤ ਹੋਈ, ਪਰ ਉਨ੍ਹਾਂ ਇਸ ਮਸਲੇ ਉੱਤੇ ਕੈਮਰੇ ਅੱਗੇ ਕੁਝ ਵੀ ਕਹਿਣ ਤੋਂ ਇਨਕਾਰ ਕਰ ਦਿੱਤਾ।

ਇਨ੍ਹਾਂ ਵਿੱਚੋਂ ਕਈਆਂ ਨੇ ਆਫ਼ ਦਾ ਰਿਕਾਰਡ ਦੱਸਿਆ, "ਅਸੀਂ ਤਾਂ ਫਸੇ ਹੋਏ ਸੀ, ਪਰ ਸਾਡੇ ਉੱਤੇ ਲਾਸ਼ਾਂ ਨੂੰ ਲੁੱਟਣ ਅਤੇ ਸ਼ਰਾਬ ਪੀ ਕੇ ਦਰਬਾਰ ਸਾਹਿਬ ਅੰਦਰ ਦਾਖ਼ਲ ਹੋਣ ਜਿਹੇ ਇਲਜ਼ਾਮ ਲੱਗਦੇ ਹਨ।"

ਇਹੀ ਕਾਰਨ ਹੈ ਕਿ ਇਹ ਲੋਕ ਅੱਜ ਵੀ ਇਸ ਬਾਰੇ ਗੱਲ ਕਰਨ ਤੋਂ ਕੰਨੀ ਕਤਰਾਉਂਦੇ ਹਨ।

ਲਾਸ਼ਾਂ ਕਿੱਥੋਂ-ਕਿੱਥੋਂ ਮਿਲੀਆਂ

ਕੇਵਲ ਕੁਮਾਰ ਦੱਸਦੇ ਹਨ ਕਿ ਲਾਸ਼ਾਂ ਹਰਮਿੰਦਰ ਸਾਹਿਬ ਕੰਪਲੈਕਸ ਦੇ ਅੰਦਰੋਂ ਅਤੇ ਬਾਹਰ ਬਾਜ਼ਾਰਾਂ ਵਿੱਚੋਂ ਵੀ ਮਿਲੀਆਂ ਸਨ। ਦਰਬਾਰ ਸਾਹਿਬ ਵਿੱਚ ਲਾਸ਼ਾਂ ਹੀ ਲਾਸ਼ਾਂ ਸਨ। ਅੰਦਰ ਪਰਿਕਰਮਾ ਵਿੱਚ ਵੀ ਲਾਸ਼ਾਂ ਸਨ।

"ਦਰਬਾਰ ਸਾਹਿਬ ਦੇ ਲੰਗਰ ਹਾਲ ਵਿੱਚ ਵੀ ਲਾਸ਼ਾਂ ਸਨ। ਕਣਕ ਸਾਰੀ ਲਹੂ ਨਾਲ ਭਿੱਜੀ ਹੋਈ ਸੀ। ਸਰੋਵਰ ਵਿੱਚੋਂ ਵੀ ਲਾਸ਼ਾਂ ਮਿਲੀਆਂ ਸਨ। ਪਰ ਉਹ ਫੌਜੀਆਂ ਨੇ ਆਪ ਹੀ ਕਿਸੇ ਢੰਗ ਨਾਲ ਬਾਹਰ ਕੱਢ ਦਿੱਤੀਆਂ ਸਨ। ਕਿਉਂਕਿ ਅਸੀਂ ਕਹਿ ਦਿੱਤਾ ਸੀ ਕਿ ਅਸੀਂ ਅੰਦਰੋਂ ਲਾਸ਼ਾਂ ਨਹੀਂ ਕੱਢਾਂਗੇ। ਸਾਡੇ ਕਿਸੇ ਵੀ ਬੰਦੇ ਨੂੰ ਤੈਰਨਾ ਨਹੀਂ ਆਉਂਦਾ ਸੀ।"

ਕੇਵਲ ਕੁਮਾਰ ਮੁਤਾਬਕ, "ਉਨ੍ਹਾਂ ਨੇ ਮਾਈ ਸੇਵਾ ਬਾਜ਼ਾਰ, ਕਾਠੀਆਂ ਆਲੇ ਬਾਜ਼ਾਰ, ਆਟਾ ਮੰਡੀ ਅਤੇ ਘੰਟਾ ਘਰ ਚੌਕ ਵਿੱਚੋਂ ਵੀ ਲਾਸ਼ਾਂ ਚੁੱਕੀਆਂ ਸਨ। ਇਨ੍ਹਾਂ ਵਿੱਚ ਕਈ ਆਮ ਸ਼ਰਧਾਲੂ ਲੱਗ ਰਹੇ ਸਨ।"

ਕੇਵਲ ਨੇ ਅੱਗੇ ਦੱਸਿਆ ਕਿ ਉਨ੍ਹਾਂ ਕੋਲ ਮਨੁੱਖੀ ਦੇਹਾਂ ਨੂੰ ਕੂੜੇ ਵਾਲੀਆਂ ਟਰਾਲੀਆਂ ਵਿੱਚ ਪਸ਼ੂਆਂ ਵਾਂਗ ਸੁੱਟ ਕੇ ਲੈ ਕੇ ਜਾਣ ਤੋਂ ਇਲਾਵਾ ਹੋਰ ਕੋਈ ਰਸਤਾ ਨਹੀਂ ਸੀ, ਨਾ ਹੀ ਮਨੁੱਖੀ ਸਰੀਰਾਂ ਨੂੰ ਸਾਂਭਣ ਲਈ ਕੋਈ ਕੱਪੜਾ ਵਗੈਰਾ ਦਿੱਤਾ ਜਾਂਦਾ ਸੀ।

"ਸਾਨੂੰ ਹਰ ਰੋਜ਼ ਸਿਰਫ਼ ਦੋ ਮੀਟਰ ਕੱਪੜਾ ਮਿਲਦਾ ਸੀ, ਆਪਣੇ ਮੂੰਹ ਨਾਲ ਬੰਨ੍ਹਣ ਲਈ ਤਾਂ ਜੋ ਅਸੀਂ ਬਦਬੂ ਵਿੱਚ ਕੰਮ ਕਰ ਸਕੀਏ।"

ਲਾਸ਼ਾਂ ਕਿਵੇਂ ਚੁੱਕਦੇ ਸੀ

ਕੇਵਲ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਨੇ ਲਾਸ਼ਾਂ ਫੌਜ ਦੀ ਨਿਗਰਾਨੀ ਵਿੱਚ ਚੁੱਕੀਆਂ ਸਨ। ਫੌਜ ਦੇ ਦੋ-ਚਾਰ ਜਵਾਨ ਸਾਰਾ ਸਮਾਂ ਉਨ੍ਹਾਂ ਨਾਲ ਹੁੰਦੇ ਸੀ।

ਪੂਰੇ ਸ਼ਹਿਰ ਨੂੰ ਸੈਕਟਰਾਂ ਵਿੱਚ ਵੰਡ ਕੇ ਸਫਾਈ ਮੁਲਾਜ਼ਮਾਂ ਦੀਆਂ ਟੋਲੀਆਂ ਬਣਾ ਕੇ ਏਰੀਏ ਅਲਾਟ ਕਰ ਦਿੱਤੇ ਗਏ ਸਨ। ਫੌਜੀ ਉਨ੍ਹਾਂ ਨੂੰ ਲਾਸ਼ਾਂ ਕੋਲ ਲੈ ਕੇ ਜਾਂਦੇ ਅਤੇ ਉਹ ਚੁੱਕ ਕੇ ਟਰਾਲੀਆਂ ਵਿੱਚ ਭਰ ਲੈਂਦੇ।

ਕੇਵਲ ਦੱਸਦੇ ਹਨ ਕਿ ਲਾਸ਼ਾਂ ਚੁੱਕਣ ਵਾਸਤੇ ਤਿੰਨ ਤੋਂ ਚਾਰ ਦਿਨ ਲੱਗੇ। ਇੱਕ ਟਰਾਲੀ ਵਿੱਚ ਲਗਭਗ ਦਸ ਲਾਸ਼ਾਂ ਪੈ ਜਾਂਦੀਆਂ ਸਨ। ਇਹ ਲਾਸ਼ਾਂ ਭਰ ਕੇ ਪੋਸਟਮਾਰਟਮ ਵਾਸਤੇ ਸਰਕਾਰੀ ਮੈਡੀਕਲ ਕਾਲਜ ਵਿੱਚ ਭੇਜੀਆਂ ਜਾਂਦੀਆਂ ਸਨ।

ਕੇਵਲ ਦੱਸਦੇ ਹਨ "ਲਾਸ਼ਾਂ ਇੰਨੀ ਬਦਬੂ ਮਾਰਦੀਆਂ ਸਨ ਕਿ ਪਾਣੀ ਨਾਲ ਫਰਸ਼ ਧੋਣ ਉੱਤੇ ਵੀ ਬਦਬੂ ਨਹੀਂ ਜਾਂਦੀ ਸੀ। ਸਾਡੇ ਆਪਣੇ ਸਰੀਰ ਵਿੱਚੋਂ ਮੁਸ਼ਕ ਆਉਣ ਲੱਗ ਪਈ ਸੀ।"

ਕੇਵਲ ਮੁਤਾਬਕ ਲਾਸ਼ਾਂ ਵਿੱਚ ਬੱਚੇ, ਔਰਤਾਂ ਅਤੇ ਬਜ਼ੁਰਗ ਵੀ ਸ਼ਾਮਲ ਹਨ।

ਰਮੇਸ਼ ਇੰਦਰ ਸਿੰਘ ਮੁਤਾਬਕ ਮਰਨ ਵਾਲੇ ਬੱਚੇ, ਔਰਤਾਂ ਅਤੇ ਬਜ਼ੁਰਗਾਂ ਦੀ ਦਰੁਸਤ ਗਿਣਤੀ ਨਹੀਂ ਹੋ ਸਕੀ ਸੀ ਕਿਉਂਕਿ ਸਫਾਈ ਕਰਮਚਾਰੀ ਕਈ ਲਾਸ਼ਾਂ ਨੂੰ ਸਿੱਧੇ ਸ਼ਮਸ਼ਾਨਘਾਟਾਂ ਵਿੱਚ ਲੈ ਗਏ ਸਨ।

ਉਹ ਆਪਣੀ ਕਿਤਾਬ ਵਿੱਚ ਲਿਖਦੇ ਹਨ ਕਿ 7-18 ਜੂਨ ਤੱਕ ਸਿਰਫ਼ 536 ਲਾਸ਼ਾਂ ਦਾ ਪੋਸਟਮਾਰਟਮ ਕੀਤਾ ਗਿਆ ਸੀ, ਜਿਨ੍ਹਾਂ ਵਿਚੋਂ 495 ਮਰਦ, 33 ਔਰਤਾਂ 8 ਬੱਚੇ ਸਨ।

ਮੁਰਦਿਆਂ ਵਿੱਚੋਂ ਜ਼ਿੰਦਾ ਵੀ ਮਿਲੇ

ਲਾਸ਼ਾਂ ਚੁੱਕਣ ਦੀ ਕਾਰਵਾਈ ਤੋਂ ਪਹਿਲਾਂ ਜਿੰਨੇ ਜ਼ਖ਼ਮੀ ਵਿਅਕਤੀ ਮਿਲੇ ਸਨ, ਉਨ੍ਹਾਂ ਨੂੰ ਹਸਪਤਾਲ ਪਹੁੰਚਾਇਆ ਗਿਆ ਸੀ। ਪਰ ਫਿਰ ਵੀ ਮੁਰਦਿਆਂ ਵਿੱਚੋਂ ਕਈ ਜ਼ਖ਼ਮੀ ਹਾਲਤ ਵਿੱਚ ਕੁਝ ਜ਼ਿੰਦਾ ਸਨ।

ਕੇਵਲ ਕੁਮਾਰ ਕਹਿੰਦੇ ਹਨ ਕਿ ਜਦੋਂ ਉਹ ਲਾਸ਼ਾਂ ਚੁੱਕ ਰਹੇ ਸੀ ਤਾਂ ਉਨ੍ਹਾਂ ਨੂੰ ਥੜ੍ਹਾ ਸਾਹਿਬ ਕੋਲ 1-2 ਵਿਅਕਤੀ ਜ਼ਖ਼ਮੀ ਹਾਲਤ ਵਿੱਚ ਮਿਲੇ ਸਨ। ਜੋ ਪਹਿਲੀ ਨਜ਼ਰੇ ਲਾਸ਼ਾਂ ਪ੍ਰਤੀਤ ਹੋ ਰਹੇ ਸਨ।

ਕੇਵਲ ਦੱਸਦੇ ਹਨ, "ਮਾਈ ਸੇਵਾ ਤੋਂ ਥੜ੍ਹਾ ਸਾਹਿਬ ਨੂੰ ਜਾਂਦੇ ਰਾਸਤੇ ਵਿੱਚ ਪੰਜ-ਛੇ ਵਿਅਕਤੀ ਮੁਰਦਾ ਪਏ ਸਨ। ਪਰ ਉਨ੍ਹਾਂ ਵਿੱਚ ਇੱਕ-ਦੋ ਵਿਅਕਤੀ ਅਜੇ ਜ਼ਿੰਦਾ ਸਨ। ਫੌਜ ਉਨ੍ਹਾਂ ਨੂੰ ਆਪਣੇ ਨਾਲ ਲੈ ਗਈ ਸੀ।"

ਰਮੇਸ਼ ਇੰਦਰ ਸਿੰਘ ਨੇ ਵੀ ਪੁਸ਼ਟੀ ਕੀਤੀ ਕਿ ਉਸ ਸਮੇਂ ਇੱਕ ਜ਼ਖ਼ਮੀ ਵਿਅਕਤੀ ਲਾਸ਼ਾਂ ਦੇ ਨਾਲ ਅੰਮ੍ਰਿਤਸਰ ਮੈਡੀਕਲ ਕਾਲਜ ਦੇ ਮੁਰਦਾਘਰ ਵਿੱਚ ਪਹੁੰਚ ਗਿਆ ਸੀ। ਉਹ ਮੁਰਦਾ ਲੱਗ ਰਿਹਾ ਸੀ।

"ਜਦੋਂ ਡਾਕਟਰਾਂ ਨੇ ਪੋਸਟਮਾਰਟਮ ਕਰਨ ਵਾਸਤੇ ਆਪਣੇ ਔਜ਼ਾਰ ਉਸ ਦੇ ਸਰੀਰ ਵਿੱਚ ਖਭੋਏ, ਉਹ ਚੀਕਿਆ। ਡਾਕਟਰਾਂ ਨੂੰ ਅਹਿਸਾਸ ਹੋਇਆ ਕਿ ਉਹ ਜ਼ਿੰਦਾ ਹੈ। ਫਿਰ ਉਸ ਨੂੰ ਇਲਾਜ ਕਰ ਕੇ ਘਰ ਭੇਜ ਦਿੱਤਾ ਗਿਆ ਸੀ।"

ਰਮੇਸ਼ ਇੰਦਰ ਦੱਸਦੇ ਹਨ ਕਿ ਮੁਰਦਾਘਰ ਵਿੱਚ ਪੋਸਟਮਾਰਟਮ ਵਾਸਤੇ ਅੱਠ ਲਾਸ਼ਾਂ ਅਜਿਹੀਆਂ ਪਹੁੰਚੀਆਂ ਸਨ, ਜਿਨ੍ਹਾਂ ਦੇ ਹੱਥ ਬੰਨੇ ਹੋਏ ਸਨ।

ਉਹ ਕਹਿੰਦੇ ਹਨ, "ਮੈਂ ਅੰਮ੍ਰਿਤਸਰ ਦੇ ਮੈਡੀਕਲ ਅਫਸਰ ਡਾ. ਦਲਬੀਰ ਨੂੰ ਇੱਕ ਚਿੱਠੀ ਲਿਖ ਕੇ ਪੁੱਛਿਆ ਸੀ ਅਤੇ ਉਨ੍ਹਾਂ ਦੱਸਿਆ ਸੀ ਕਿ 8 ਲਾਸ਼ਾਂ ਦੇ ਹੱਥ ਪਿੱਛੇ ਬੰਨੇ ਹੋਏ ਸਨ।"

ਆਪ੍ਰੇਸ਼ਨ ਬਲੂ ਸਟਾਰ ਦੌਰਾਨ ਕਿੰਨੀਆਂ ਮੌਤਾਂ ਹੋਈਆਂ

ਸਾਕਾ ਨੀਲਾ ਤਾਰਾ ਦੇ 42 ਸਾਲ ਬੀਤ ਜਾਣ ਦੇ ਬਾਵਜੂਦ ਵੀ ਇਸ ਦੁਖਾਂਤ ਵਿੱਚ ਮਰਨ ਵਾਲਿਆਂ ਦੀ ਗਿਣਤੀ ਬਾਰੇ ਕਈ ਮਤਭੇਦ ਹਨ। ਇਸ ਸਾਕੇ ਵਿੱਚ ਹੋਈਆਂ ਮੌਤਾਂ ਸਬੰਧੀ ਸਮੇਂ-ਸਮੇਂ ਉੱਤੇ ਵੱਖ-ਵੱਖ ਅੰਕੜੇ ਸਾਹਮਣੇ ਆਏ ਹਨ।

ਭਾਰਤ ਸਰਕਾਰ ਵੱਲੋਂ 'ਆਪ੍ਰੇਸ਼ਨ ਬਲੂ ਸਟਾਰ' ਸਬੰਧੀ ਜਾਰੀ ਕੀਤੇ ਗਏ ਵ੍ਹਾਈਟ ਪੇਪਰ ਵਿੱਚ ਮਰਨ ਵਾਲਿਆਂ ਦੀ ਅਧਿਕਾਰਕ ਗਿਣਤੀ 493 ਦੱਸੀ ਗਈ ਹੈ। ਇਹਨਾਂ ਵਿੱਚ ਖਾੜਕੂ ਅਤੇ ਬੇਕਸੂਰ ਆਮ ਲੋਕ ਵੀ ਸ਼ਾਮਲ ਹਨ।

ਪੰਜਾਬ ਦੇ ਤਤਕਾਲੀ ਗਵਰਨਰ ਬੀਡੀ ਪਾਂਡੇ ਨੇ ਆਪਣੀ ਕਿਤਾਬ 'ਇੰਨ ਦੀ ਸਰਵਿਸ ਆਫ ਫਰੀ ਇੰਡੀਆ' ਵਿੱਚ ਅੰਕੜਾ 1200 ਦੱਸਿਆ ਹੈ।

ਰਮੇਸ਼ ਇੰਦਰ ਸਿੰਘ ਨੇ ਆਪਣੀ ਕਿਤਾਬ ਵਿੱਚ ਮਰਨ ਵਾਲਿਆਂ ਦੀ ਗਿਣਤੀ 783 ਦੱਸੀ ਹੈ। ਉਨ੍ਹਾਂ ਮੁਤਾਬਕ 26 ਮੌਤਾਂ ਆਮ ਨਿਰਦੋਸ਼ ਲੋਕਾਂ ਦੀਆਂ ਸਨ।

ਰਮੇਸ਼ ਇੰਦਰ ਸਿੰਘ ਮੁਤਾਬਕ 763 ਲਾਸ਼ਾਂ ਦਾ ਸਸਕਾਰ ਚਾਟੀਵਿੰਡ ਸ਼ਹੀਦਾਂ ਸ਼ਮਸ਼ਾਨਘਾਟ ਵਿੱਚ ਅਤੇ 20 ਲਾਸ਼ਾਂ ਦਾ ਸਸਕਾਰ ਸ਼ਿਵ ਪੁਰੀ ਸ਼ਮਸ਼ਾਨਘਾਟ ਵਿੱਚ ਕੀਤਾ ਗਿਆ ਸੀ।

ਉਨ੍ਹਾਂ ਮੁਤਾਬਕ 717 ਮੌਤਾਂ ਹਰਿਮੰਦਰ ਸਾਹਿਬ ਕੰਪਲੈਕਸ ਵਿੱਚ ਹੋਈਆਂ ਸਨ ਅਤੇ ਬਾਕੀ ਕੰਪਲੈਕਸ ਤੋਂ ਬਾਹਰ ਹੋਈਆਂ ਸਨ।

ਉਹ ਜ਼ਖ਼ਮੀਆਂ ਦੀ ਗਿਣਤੀ ਵੀ 178 ਦੱਸਦੇ ਹਨ, ਜਿਨ੍ਹਾਂ ਵਿੱਚੋਂ 102 ਜ਼ਖ਼ਮੀ ਆਮ ਸ਼ਰਧਾਲੂ ਸਨ।

ਸ਼੍ਰੋਮਣੀ ਕਮੇਟੀ ਨੇ ਇਸ ਸਾਕੇ ਵਿੱਚ ਮਰਨ ਵਾਲਿਆਂ ਦੇ ਵਾਰਿਸਾਂ ਨੂੰ ਵਿੱਤੀ ਗ੍ਰਾਂਟਾਂ ਦਿੱਤੀਆਂ ਸਨ ਅਤੇ ਇਹ ਗ੍ਰਾਂਟਾਂ ਪ੍ਰਾਪਤ ਕਰਨ ਵਾਲੇ 741 ਲਾਭਪਾਤਰੀਆਂ ਦੀ ਸੂਚੀ ਵੀ ਜਾਰੀ ਕੀਤੀ ਸੀ।

ਕੇਵਲ ਕੁਮਾਰ ਨੇ ਬੀਬੀਸੀ ਨਾਲ ਗੱਲਬਾਤ ਦੌਰਾਨ ਦਾਅਵਾ ਕੀਤਾ ਕਿ ਨਗਰ ਨਿਗਮ ਦੇ ਸਫਾਈ ਕਰਮਚਾਰੀਆਂ ਵੱਲੋਂ 1000 ਦੇ ਕਰੀਬ ਲਾਸ਼ਾਂ ਢੋਈਆਂ ਗਈਆਂ ਸਨ।

ਕੇਵਲ ਕੁਮਾਰ ਕਹਿੰਦੇ ਹਨ, "ਲਾਸ਼ਾਂ ਹਜ਼ਾਰ ਤੋਂ 10-20 ਵੱਧ ਜਾਂ 10-20 ਘੱਟ ਹੋਣਗੀਆਂ। ਜਦੋਂ ਲਾਸ਼ਾਂ ਖਿੱਲਰੀਆਂ ਪਈਆਂ ਸਨ ਤਾਂ 2000 ਦੇ ਕਰੀਬ ਲੱਗਦੀਆਂ ਸਨ ਪਰ ਜਦੋਂ ਗਿਣਤੀ ਹੋਈ ਤਾਂ 1000 ਦੇ ਆਸਪਾਸ ਹੀ ਸੀ।"

ਮ੍ਰਿਤਕਾਂ ਦੀ ਸੰਭਾਲ ਦੇ ਤਰੀਕੇ ਦੀ ਆਲੋਚਨਾ

ਰਮੇਸ਼ ਇੰਦਰ ਸਿੰਘ ਆਪਣੀ ਕਿਤਾਬ ਵਿੱਚ ਲਿਖਦੇ ਹਨ ਕਿ ਲਾਸ਼ਾਂ ਦੇ ਸਸਕਾਰ ਦਾ ਕੰਮ ਅਕਸਰ ਆਲੋਚਨਾ ਦਾ ਕਾਰਨ ਬਣਿਆ।

ਉਹ ਲਿਖਦੇ ਹਨ ਕਿ ਮ੍ਰਿਤਕਾਂ ਨੂੰ ਲੈ ਕੇ ਜਾਣ ਲਈ ਸਫਾਈ ਕਰਮਚਾਰੀਆਂ ਅਤੇ ਮਿਊਂਸੀਪਲ ਟਰੱਕਾਂ ਦੀ ਵਰਤੋਂ ਕਰਨ ਲਈ ਪ੍ਰਸ਼ਾਸਨ ਦੀ ਨਿੰਦਾ ਕੀਤੀ ਗਈ।

ਕੁਝ ਇਤਿਹਾਸਕਾਰਾਂ ਨੇ ਇਸ ਨੂੰ ਦਿਲ ਦਹਿਲਾ ਦੇਣ ਵਾਲਾ ਬਿਰਤਾਂਤ ਦੱਸਿਆ ਕਿ ਕਿਸ ਤਰ੍ਹਾਂ ਮ੍ਰਿਤਕਾਂ ਨੂੰ ਕੂੜੇ ਦੇ ਟਰੱਕਾਂ ਵਿੱਚ ਢੋਇਆ ਗਿਆ ਅਤੇ ਸਮੂਹਿਕ ਸੰਸਕਾਰ ਕੀਤਾ ਗਿਆ।

"ਇਹ ਬਹੁਤ ਭਿਆਨਕ ਦ੍ਰਿਸ਼ ਸੀ। ਮੌਤ ਅਤੇ ਤਬਾਹੀ ਹਰ ਪਾਸੇ ਸੀ। ਅਕਾਲ ਤਖ਼ਤ ਸਾਹਿਬ ਦੀ ਇਮਾਰਤ ਲਗਭਗ ਢਹਿ ਗਈ ਸੀ।"

ਉਹ ਕਹਿੰਦੇ ਹਨ ਕਿ ਉੱਥੇ ਮਲਬਾ ਵੀ ਪਿਆ ਸੀ। ਹੋਰਨਾਂ ਇਮਾਰਤ ਵਿੱਚ ਵੀ ਗੋਲੀਆਂ ਲੱਗੀਆ ਸੀ। ਮਲਬਾ ਵੀ ਸੀ। ਲਾਸ਼ਾਂ ਵੀ ਸਨ। ਫੌਜ ਦੀਆਂ ਲਾਸ਼ਾਂ ਵੀ ਸੀ। ਆਮ ਨਾਗਰਿਕਾਂ ਦੀਆਂ ਲਾਸ਼ਾਂ ਵੀ ਸੀ।

ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਨੇ ਬੀਬੀਸੀ ਪੰਜਾਬੀ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਆਪ੍ਰੇਸ਼ਨ ਬਲੂ ਸਟਾਰ ਤੋਂ ਬਾਅਦ ਲਾਸ਼ਾਂ ਦਾ ਨਿਰਾਦਰ ਕੀਤਾ ਗਿਆ।

"ਆਪ੍ਰੇਸ਼ਨ ਬਲੂ ਸਟਾਰ ਵਿੱਚ ਜਾਨਾਂ ਗੁਆਉਣ ਵਾਲਿਆਂ ਦੀਆਂ ਲਾਸ਼ਾਂ ਦਾ ਨਿਰਾਦਰ ਕੀਤਾ ਗਿਆ। ਉਹ ਵੀ ਕਿਸੇ ਦੇ ਪਰਿਵਾਰ ਦੇ ਮੈਂਬਰ ਸਨ। ਉਨ੍ਹਾਂ ਦਾ ਸਸਕਾਰ ਮਾਣ ਮਰਿਆਦਾ ਨਾਲ ਨਹੀਂ ਹੋਇਆ। ਉਨ੍ਹਾਂ ਦਾ ਸੰਸਕਾਰ ਪਰਿਵਾਰਕ ਮੈਂਬਰਾਂ ਦੇ ਸਾਹਮਣੇ ਹੋਣਾ ਚਾਹੀਦਾ ਸੀ।"

ਕਿਸ ਤਰ੍ਹਾਂ ਕੀਤਾ ਗਿਆ ਲਾਸ਼ਾਂ ਦਾ ਨਿਪਟਾਰਾ

ਇਸ ਕਾਰਵਾਈ ਦੇ ਚਸ਼ਮਦੀਦ ਗਵਾਹ ਸਫ਼ਾਈ ਸੇਵਕ ਦੀ ਜ਼ੁਬਾਨੀ

ਹਰਮਨਦੀਪ ਸਿੰਘ

"ਦਰਬਾਰ ਸਾਹਿਬ ਤਾਂ ਛੱਡੋ ਮੈਂ ਉਨ੍ਹਾਂ ਦਿਨਾਂ ਤੋਂ ਬਾਅਦ ਦਰਬਾਰ ਸਾਹਿਬ ਦੇ ਨੇੜਲੇ ਇਲਾਕੇ ਵਿੱਚ ਵੀ ਨਹੀਂ ਗਿਆ। ਉਹ ਭਿਆਨਕ ਮੰਜ਼ਰ ਅਤੇ ਮਨੁੱਖੀ ਲਾਸ਼ਾਂ ਦੇ ਸੜਨ ਦੀ ਦੁਰਗੰਧ ਮੈਨੂੰ ਅੱਜ ਵੀ ਨਹੀਂ ਭੁੱਲਦੀ।"

ਸ੍ਰੀ ਹਰਿਮੰਦਰ ਸਾਹਿਬ, ਅੰਮ੍ਰਿਤਸਰ ਸਿੱਖਾਂ ਦਾ ਸਿਰਮੌਰ ਰੂਹਾਨੀ ਅਸਥਾਨ ਹੈ। ਜਿਸ ਨੂੰ ਗੋਲਡਨ ਟੈਂਪਲ ਅਤੇ ਦਰਬਾਰ ਸਾਹਿਬ ਵੀ ਕਿਹਾ ਜਾਂਦਾ ਹੈ।

ਅੰਮ੍ਰਿਤਸਰ ਦਾ ਵਾਸੀ ਹੋ ਕੇ ਜੇਕਰ ਕੋਈ ਵਿਅਕਤੀ 41 ਸਾਲਾਂ ਤੋਂ ਬਾਅਦ ਵੀ ਸ੍ਰੀ ਹਰਿਮੰਦਰ ਸਾਹਿਬ ਕੰਪਲੈਕਸ ਵੱਲ ਜਾਣ ਦੀ ਹਿੰਮਤ ਨਾ ਜੁਟਾ ਸਕਿਆ ਹੋਵੇ ਤਾਂ ਇੱਥੋਂ ਅੰਦਾਜ਼ਾ ਲਗਾਇਆ ਜਾ ਸਕਦਾ ਹੈ ਕਿ ਉਸ ਸਖ਼ਸ਼ ਦੇ ਦਿਲੋ-ਦਿਮਾਗ਼ ਉੱਤੇ 'ਆਪਰੇਸ਼ਨ ਬਲੂ ਸਟਾਰ' ਦੇ ਹਾਲਾਤ ਦਾ ਕਿਹੋ ਜਿਹਾ ਅਸਰ ਪਿਆ ਹੋਵੇਗਾ।

ਮੈਂ ਗੱਲ ਕਰ ਰਿਹਾ ਹਾਂ, ਅੰਮ੍ਰਿਤਸਰ ਨਗਰ ਨਿਗਮ ਦੇ ਸਾਬਕਾ ਸਫਾਈ ਮੁਲਾਜ਼ਮ 73 ਸਾਲਾ ਕੇਵਲ ਕੁਮਾਰ ਦੀ।

ਕੇਵਲ ਕੁਮਾਰ ਉਹ ਸਖ਼ਸ਼ ਹਨ, ਜਿਨ੍ਹਾਂ ਨੇ 'ਆਪਰੇਸ਼ਨ ਬਲੂ ਸਟਾਰ' ਮਗਰੋਂ ਹਰਮਿੰਦਰ ਸਾਹਿਬ ਕੰਪਲੈਕਸ ਦੇ ਅੰਦਰ ਤੇ ਆਸ-ਪਾਸ ਦੇ ਇਲਾਕੇ ਵਿੱਚ ਲਾਸ਼ਾਂ ਦਾ ਨਿਪਟਾਰਾ ਕਰਨ ਦੀ ਡਿਊਟੀ ਨਿਭਾਈ ਸੀ।

ਜੂਨ 1984 ਦੇ ਪਹਿਲੇ ਹਫ਼ਤੇ ਭਾਰਤੀ ਫੌਜ ਦੇ ਦਰਬਾਰ ਸਾਹਿਬ ਕੰਪਲੈਕਸ ਉੱਤੇ ਕੀਤੇ ਹਮਲੇ ਨੂੰ 'ਆਪਰੇਸ਼ਨ ਬਲੂ ਸਟਾਰ' (ਸਾਕਾ ਨੀਲਾ ਤਾਰਾ) ਵਜੋਂ ਜਾਣਿਆ ਜਾਂਦਾ ਹੈ।

ਭਾਰਤ ਸਰਕਾਰ ਦੇ ਦਾਅਵੇ ਮੁਤਾਬਕ ਇਹ ਫੌਜੀ ਕਾਰਵਾਈ ਜਰਨੈਲ ਸਿੰਘ ਭਿੰਡਰਾਂਵਾਲੇ ਅਤੇ ਉਨ੍ਹਾਂ ਦੇ ਹਥਿਆਰਬੰਦ ਸਾਥੀਆਂ ਨੂੰ ਦਰਬਾਰ ਸਾਹਿਬ ਕੰਪਲੈਕਸ ਵਿੱਚੋਂ ਬਾਹਰ ਕੱਢਣ ਲਈ ਕੀਤੀ ਗਈ ਸੀ।

ਸਰਕਾਰ ਦਾ ਦਾਅਵਾ ਹੈ ਕਿ ਭਿੰਡਰਾਵਾਲੇ ਨੇ ਹਥਿਆਰਬੰਦ ਹੋ ਕੇ ਕੰਪਲੈਕਸ ਉੱਤੇ ਕਬਜ਼ਾ ਕਰ ਲਿਆ ਸੀ ਅਤੇ ਉਹ ਅਲੱਗ ਦੇਸ ਖ਼ਾਲਿਸਤਾਨ ਦਾ ਐਲਾਨ ਕਰਨ ਵਾਲੇ ਸਨ।

ਪਰ ਕਈ ਸਿੱਖ ਸਿਆਸਤ ਦੇ ਜਾਣਕਾਰਾਂ ਦਾ ਮੰਨਣਾ ਹੈ ਕਿ ਇਹ ਹਮਲਾ ਇੰਦਰਾ ਗਾਂਧੀ ਸਰਕਾਰ ਦੀ ਧਰੁਵੀਕਰਨ ਦੀ ਸਿਆਸਤ ਦਾ ਨਤੀਜਾ ਸੀ।

ਸਰਕਾਰੀ ਵਾਈਟ ਪੇਪਰ ਮੁਤਾਬਕ 'ਆਪ੍ਰੇਸ਼ਨ ਬਲੂ ਸਟਾਰ' 'ਚ 493 ਆਮ ਲੋਕ ਤੇ 83 ਫੌਜੀ ਮਾਰੇ ਗਏ। ਕੇਂਦਰੀ ਸਿੱਖ ਅਜਾਇਬ ਘਰ ਵਿੱਚ ਹਮਲੇ ਦੇ ਮ੍ਰਿਤਕਾਂ ਦੀ ਸੂਚੀ ਵਿੱਚ 743 ਨਾਂ ਸ਼ਾਮਲ ਹਨ।

ਪੰਜਾਬ ਪੁਲਿਸ ਦੇ ਤਤਕਾਲੀ ਅਧਿਕਾਰੀ ਅਪਾਰ ਸਿੰਘ ਬਾਜਵਾ ਨੇ ਬੀਬੀਸੀ ਨੂੰ 2004 ਵਿੱਚ ਦੱਸਿਆ ਸੀ ਕਿ ਉਨ੍ਹਾਂ 800 ਲਾਸ਼ਾਂ ਆਪ ਗਿਣੀਆਂ ਸਨ।

ਜਦਕਿ ਮਨੁੱਖੀ ਅਧਿਕਾਰ ਕਾਰਕੁਨ ਇੰਦਰਜੀਤ ਸਿੰਘ ਜੇਜੀ ਅਤੇ ਕਈ ਹੋਰ ਮੰਨੇ-ਪ੍ਰਮੰਨੇ ਪੱਤਰਕਾਰ ਤੇ ਵਿਦਵਾਨ ਮ੍ਰਿਤਕਾਂ ਦੀ ਗਿਣਤੀ 4,000 ਤੋਂ 5,000 ਦੱਸਦੇ ਹਨ।

'ਆਪ੍ਰੇਸ਼ਨ ਬਲੂ ਸਟਾਰ' ਦੌਰਾਨ ਹਾਲਾਤ

ਕੇਵਲ ਕੁਮਾਰ ਦੱਸਦੇ ਹਨ ਕਿ ਜਦੋਂ ਸਾਕਾ ਨੀਲਾ ਤਾਰਾ ਵਾਪਰਿਆ, ਉਦੋਂ ਉਹ 32 ਸਾਲ ਦੇ ਸਨ।

ਸਬ- ਇੰਸਪੈਕਟਰ ਵਜੋਂ ਸੇਵਾਮੁਕਤ ਹੋਏ ਕੇਵਲ ਕੁਮਾਰ ਸਾਨੂੰ ਅੰਮ੍ਰਿਤਸਰ ਨਗਰ ਨਿਗਮ ਦੇ ਆਪਣੇ ਪੁਰਾਣੇ ਦਫ਼ਤਰ ਵਿੱਚ ਹੀ ਮਿਲੇ।

ਜਦੋਂ ਉਹ ਆਪਣੀ ਹੱਡਬੀਤੀ ਸਾਡੇ ਨਾਲ ਸਾਂਝੀ ਕਰ ਰਹੇ ਸਨ ਤਾਂ ਉਨ੍ਹਾਂ ਦੇ ਚਿਹਰੇ ਉੱਤੇ ਦਰਦ ਸਾਫ਼ ਝਲਕਦਾ ਸੀ, ਇੰਞ ਲੱਗ ਰਿਹਾ ਸੀ ਜਿਵੇਂ ਉਹ ਅੱਜ ਵੀ ਹਾਲਾਤ ਬਾਰੇ ਦੱਸਣ ਤੋਂ ਹਿਚਕਚਾ ਰਹੇ ਹੋਣ।

ਕੇਵਲ ਕੁਮਾਰ ਕਹਿੰਦੇ ਹਨ, "ਕਿਤੇ ਚਾਰ ਲਾਸ਼ਾਂ ਪਈਆਂ ਸਨ, ਕਿਤੇ ਛੇ ਅਤੇ ਕਿਤੇ ਅੱਠ ਗਰਮੀ ਦਾ ਮੌਸਮ ਸੀ, ਮ੍ਰਿਤਕ ਦੇਹਾਂ ਗਲ਼ ਸੜ ਰਹੀਆਂ ਸਨ, ਬਹੁਤ ਬੁਰਾ ਹਾਲ ਸੀ। ਲਾਸ਼ਾਂ ਫੁੱਲ ਗਈਆਂ ਸਨ।"

ਉਹ ਅੱਗੇ ਦੱਸਦੇ ਹਨ, "ਜਦੋਂ ਅਸੀਂ ਬਾਹਵਾਂ ਜਾਂ ਲੱਤਾਂ ਤੋਂ ਲਾਸ਼ ਨੂੰ ਫੜ੍ਹਦੇ ਸੀ ਤਾਂ ਚਮੜੀ ਹੱਥ ਵਿੱਚ ਰਹਿ ਜਾਂਦੀ ਸੀ, ਆਸ-ਪਾਸ ਬਦਬੂ ਫੈਲੀ ਹੋਈ ਸੀ।"

ਸਫਾਈ ਮੁਲਾਜ਼ਮਾਂ ਦੀ ਲੋੜ ਕਦੋਂ ਤੇ ਕਿਉਂ ਪਈ

ਪੁਲਿਸ ਨੇ ਗਲ਼ ਰਹੀਆਂ ਲਾਸ਼ਾਂ ਚੁੱਕਣ ਤੋਂ ਹੱਥ ਖੜ੍ਹੇ ਕਰ ਦਿੱਤੇ ਸਨ। ਅਜਿਹੇ ਮੁਸ਼ਕਲ ਹਾਲਾਤ ਵਿੱਚ ਲਾਸ਼ਾਂ ਦਾ ਨਿਪਟਾਰਾ ਕਰਨ ਲਈ ਫੌਜ ਤੇ ਪ੍ਰਸ਼ਾਸਨ ਨੇ ਨਿਗਮ ਦੇ ਸਫਾਈ ਮੁਲਾਜ਼ਮਾਂ ਦੀ ਡਿਊਟੀ ਲਾਈ।

ਕੇਵਲ ਕੁਮਾਰ ਦੱਸਦੇ ਹਨ 6 ਜੂਨ 1984 ਦੀ ਸਵੇਰ ਨੂੰ ਫੌਜ ਅਤੇ ਨਗਰ ਨਿਗਮ ਦੇ ਅਧਿਕਾਰੀ ਉਨ੍ਹਾਂ ਨੂੰ ਘਰੋਂ ਇਸ ਕੰਮ ਵਾਸਤੇ ਲੈਣ ਆਏ ਸਨ।

"ਮੈਂ ਆਪਣੇ ਘਰ ਵਿਹੜੇ ਵਿੱਚ ਬਾਹਰ ਸੁੱਤਾ ਹੋਇਆ ਸੀ। ਮੈਨੂੰ ਫੌਜ ਨੇ ਤੜਕੇ ਪੰਜ ਜਾਂ ਸਾਢੇ ਪੰਜ ਵਜੇ ਉਠਾਇਆ, ਨਾਲ ਡਾਕਟਰ ਰਾਜ ਪਾਲ ਭਾਟੀਆ ਵੀ ਸਨ। ਉੱਥੇ ਹੀ ਮੇਰਾ ਪਾਸ ਬਣਾਇਆ ਗਿਆ ਕਿਉਂਕਿ ਕਰਫਿਊ ਲੱਗਾ ਹੋਇਆ ਸੀ। ਕਿਸੇ ਨੂੰ ਆਉਣ ਜਾਣ ਦੀ ਇਜਾਜ਼ਤ ਨਹੀਂ ਸੀ। ਫਿਰ ਸਾਨੂੰ ਲਾਸ਼ਾਂ ਚੁਕਵਾਉਣ ਲਈ ਕੂੜੇ ਵਾਲੀਆਂ ਤਿੰਨ ਚਾਰ ਟਰਾਲੀਆਂ ਮਿਲ ਗਈਆਂ।"

"ਇੰਞ ਦੁਪਹਿਰ ਤੱਕ ਅਸੀਂ ਲਾਸ਼ਾਂ ਨੂੰ ਚੁੱਕਣ ਦਾ ਕੰਮ ਸ਼ੁਰੂ ਕਰ ਦਿੱਤਾ ਸੀ।"

ਅੰਮ੍ਰਿਤਸਰ ਦੇ ਤਤਕਾਲੀ ਡਿਪਟੀ ਕਮਿਸ਼ਨਰ ਰਮੇਸ਼ ਇੰਦਰ ਸਿੰਘ ਵੀ ਇਸ ਗੱਲ ਦੀ ਪੁਸ਼ਟੀ ਕਰਦੇ ਹਨ ਕਿ ਡਾਕਟਰ ਰਾਜ ਪਾਲ ਭਾਟੀਆ ਨਗਰ ਨਿਗਮ ਵਿਭਾਗ ਵਿੱਚ ਬਤੌਰ ਸਿਹਤ ਅਧਿਕਾਰੀ ਤੈਨਾਤ ਸਨ। ਉਨ੍ਹਾਂ ਦੀ ਨਿਗਰਾਨੀ ਹੇਠ ਹੀ ਨਿਗਮ ਕਰਮਚਾਰੀਆਂ ਨੂੰ ਲਾਸ਼ਾਂ ਚੁਕਵਾਉਣ ਲਈ ਸੱਦਿਆ ਗਿਆ ਸੀ।

ਰਮੇਸ਼ ਇੰਦਰ ਸਿੰਘ ਨੇ ਆਪ੍ਰੇਸ਼ਨ ਬਲੂ ਸਟਾਰ ਬਾਰੇ 'ਟਰਮੋਇਲ ਇਨ ਪੰਜਾਬ ਬੀਫੋਰ ਐਂਡ ਆਫਟਰ ਬਲੂ ਸਟਾਰ- ਐਨ ਇਨਸਾਈਡਰਜ਼ ਸਟੋਰੀ' ਨਾਂ ਦੀ ਕਿਤਾਬ ਲਿਖੀ ਹੈ, ਜਿਸ ਵਿੱਚ ਕੇਵਲ ਕੁਮਾਰ ਵਲੋਂ ਦੱਸੀ ਜਾਣਕਾਰੀ ਵਰਗੇ ਕਈ ਹੋਰ ਵੇਰਵੇ ਦਰਜ ਕੀਤੇ ਗਏ ਹਨ।

ਬੀਬੀਸੀ ਪੰਜਾਬੀ ਨਾਲ ਗੱਲਬਾਤ ਦੌਰਾਨ ਰਮੇਸ਼ ਇੰਦਰ ਸਿੰਘ ਨੇ ਦੱਸਿਆ ਕਿ 3 ਜੂਨ ਨੂੰ ਕਰਫਿਊ ਲੱਗਣ ਤੋਂ ਬਾਅਦ ਸ੍ਰੀ ਹਰਿਮੰਦਰ ਸਾਹਿਬ ਕੰਪਲੈਕਸ ਵਿੱਚ ਮੌਤਾਂ ਹੋਣੀਆਂ ਸ਼ੁਰੂ ਹੋ ਗਈਆਂ ਸਨ।

ਉਨ੍ਹਾਂ ਨੇ ਦੱਸਿਆ, "6 ਜੂਨ ਆਪ੍ਰੇਸ਼ਨ ਪੂਰਾ ਹੋਣ ਤੱਕ ਲਾਸ਼ਾਂ ਸੜਨ ਲੱਗ ਪਈਆਂ ਸਨ। ਫਿਰ ਪੰਜਾਬ ਸਰਕਾਰ ਨੇ ਲਾਸ਼ਾਂ ਨੂੰ ਹਟਾਉਣ ਦੀ ਜ਼ਿੰਮੇਵਾਰੀ ਨਗਰ ਨਿਗਮ ਦੇ ਕਾਮਿਆਂ ਨੂੰ ਸੌਂਪੀ। ਲਾਸ਼ਾਂ ਨੂੰ ਹਟਾਉਣ ਦਾ ਪ੍ਰਬੰਧ ਤਤਕਾਲੀ ਮਿਊਂਸੀਪਲ ਕਮਿਸ਼ਨਰ ਗੁਲਵੰਤ ਸਿੰਘ ਦੀ ਦੇਖ ਰੇਖ ਵਿੱਚ ਹੋਇਆ।"

ਲਾਸ਼ਾਂ ਚੁੱਕਣ ਵਾਲਿਆਂ ਦੀ ਮਨੋਦਸ਼ਾ

ਲਾਸ਼ਾਂ ਚੁੱਕਣ ਵਾਲੇ ਦੱਸਦੇ ਹਨ ਕਿ ਮੰਜ਼ਰ ਦੇਖਣ ਤੋਂ ਬਾਅਦ ਉਨ੍ਹਾਂ ਨੂੰ ਨੀਂਦ ਆਉਣੀ ਬੰਦ ਹੋ ਗਈ ਗਈ ਸੀ।

ਉਨ੍ਹਾਂ ਨੂੰ ਵਾਰ-ਵਾਰ ਮੁਰਦਿਆਂ ਦੇ ਕੋਲ ਹੋਣ ਦੇ ਭੁਲੇਖੇ ਪੈਂਦੇ ਸੀ। ਕਈ ਵਾਰੀ ਆਵਾਜ਼ਾਂ ਵੀ ਸੁਣਦੀਆਂ ਸਨ ਅਤੇ ਕੁਝ ਵੀ ਖਾਣ-ਪੀਣ ਦਾ ਦਿਲ ਨਹੀਂ ਕਰਦਾ ਸੀ।

ਕੇਵਲ ਦੱਸਦੇ ਹਨ, "ਰਾਤ ਨੂੰ ਤਾਂ ਨੀਂਦ ਨਹੀਂ ਸੀ ਆਉਂਦੀ ਹੁੰਦੀ। ਚਾਰ ਪੰਜ ਦਿਨ ਤਾਂ ਇੰਞ ਲੱਗਦਾ ਸੀ ਕੋਲ ਕੋਈ (ਮੁਰਦਾ) ਖਲੋਤਾ ਹੈ, ਬੈਠਾ ਹੈ। ਕੋਈ ਪੁੱਛਦਾ ਸੀ ਮੇਰੇ ਵਾਲ ਕਿੱਥੇ ਹਨ।"

ਜਦੋਂ ਉਹ ਇਹ ਕੰਮ ਕਰਨ ਤੋਂ ਇਨਕਾਰ ਕਰਦੇ ਤਾਂ ਉਨ੍ਹਾਂ ਨੂੰ ਸ਼ਰਾਬ ਪਿਆਈ ਜਾਂਦੀ ਸੀ, ਪੁਲਿਸ ਥਾਣਿਆਂ ਵਿੱਚੋਂ ਸ਼ਰਾਬ ਦਿੱਤੀ ਜਾਂਦੀ ਅਤੇ ਸ਼ਰਾਬੀ ਕਰ ਕੇ ਲਾਸ਼ਾਂ ਚੁਕਵਾਈਆਂ ਜਾਂਦੀਆਂ ਸਨ।

ਕੇਵਲ ਕੁਮਾਰ ਕਹਿੰਦੇ ਹਨ, "ਵੈਸੇ ਵੀ ਕੋਈ ਬੰਦਾ ਆਮ ਹਾਲਤ ਵਿੱਚ ਅਜਿਹਾ ਕੰਮ ਕਰ ਹੀ ਨਹੀਂ ਸਕਦਾ, ਕੋਈ ਜਾਣ ਵਾਸਤੇ ਤਿਆਰ ਨਹੀਂ ਸੀ, ਅਸੀਂ ਸਫਾਈ ਵਾਲੇ ਮਜ਼ਦੂਰ ਸੀ, ਅਸੀਂ ਹੁਕਮ ਅਦੂਲੀ ਕਿਵੇਂ ਕਰਦੇ।"

ਕੈਮਰੇ ਉੱਤੇ ਨਾ ਆਉਣ ਦੀ ਸ਼ਰਤ ਉੱਤੇ ਇੱਕ ਹੋਰ ਸਫਾਈ ਸੇਵਕ ਨੇ ਦੱਸਿਆ ਕਿ ਉਹ ਦਰਬਾਰ ਸਾਹਿਬ ਦੇ ਨੇੜਲੇ ਅਖਾੜਿਆਂ ਵਿੱਚ ਕੁਸ਼ਤੀ ਸਿੱਖਦਾ ਸੀ।

ਉਨ੍ਹਾਂ ਨੂੰ ਫੌਜ ਨੇ ਜ਼ਬਰੀ ਇਸ ਕੰਮ ਉੱਤੇ ਲਗਾਇਆ, ਪਰ ਉਹ ਮੌਕਾ ਮਿਲਦਿਆਂ ਹੀ ਭੱਜ ਕੇ ਲੁਕ ਗਿਆ।

ਉਹ ਉਸ ਸਮੇਂ ਬੇਰੁਜ਼ਗਾਰ ਸੀ, ਉਸ ਨੂੰ ਲਾਸ਼ਾਂ ਚੁੱਕਣ ਬਦਲੇ ਨਗਰ ਨਿਗਮ ਵਿੱਚ ਪੱਕੀ ਨੌਕਰੀ ਦਾ ਲਾਲਚ ਦਿੱਤਾ ਗਿਆ ਸੀ। ਪਰ ਉਸ ਨੇ ਭੱਜਣਾ ਹੀ ਬਿਹਤਰ ਸਮਝਿਆ।

ਇਸ ਤਰ੍ਹਾਂ ਦੇ ਕਈ ਹੋਰ ਸਫਾਈ ਮੁਲਾਜ਼ਮਾਂ ਨਾਲ ਸਾਡੀ ਮੁਲਾਕਾਤ ਹੋਈ, ਪਰ ਉਨ੍ਹਾਂ ਇਸ ਮਸਲੇ ਉੱਤੇ ਕੈਮਰੇ ਅੱਗੇ ਕੁਝ ਵੀ ਕਹਿਣ ਤੋਂ ਇਨਕਾਰ ਕਰ ਦਿੱਤਾ।

ਇਨ੍ਹਾਂ ਵਿੱਚੋਂ ਕਈਆਂ ਨੇ ਆਫ਼ ਦਾ ਰਿਕਾਰਡ ਦੱਸਿਆ, "ਅਸੀਂ ਤਾਂ ਫਸੇ ਹੋਏ ਸੀ, ਪਰ ਸਾਡੇ ਉੱਤੇ ਲਾਸ਼ਾਂ ਨੂੰ ਲੁੱਟਣ ਅਤੇ ਸ਼ਰਾਬ ਪੀ ਕੇ ਦਰਬਾਰ ਸਾਹਿਬ ਅੰਦਰ ਦਾਖ਼ਲ ਹੋਣ ਜਿਹੇ ਇਲਜ਼ਾਮ ਲੱਗਦੇ ਹਨ।"

ਇਹੀ ਕਾਰਨ ਹੈ ਕਿ ਇਹ ਲੋਕ ਅੱਜ ਵੀ ਇਸ ਬਾਰੇ ਗੱਲ ਕਰਨ ਤੋਂ ਕੰਨੀ ਕਤਰਾਉਂਦੇ ਹਨ।

ਸਿਰਲੇਖਵਾਰ ਇਸ਼ਤਿਹਾਰ /Classified Advertisement

Before the District Consumer Disputes Redressal Commission-II Union Territory Chandigarh Plot No.5 B, Sector 19-B, Madhya Marg, Chandigarh 160019 Phone NO. 0172 2700179
CC/31/2026 Now CC/232/2026
Next Date: 25.06.2026
Ardhana Verma
Versus
Intercontinental Hotels Groups (IHG) & Ors
Notice to: 5. Holiday Inn, Chandigarh-Panchkula. City Centre, Sector 3, Panchkula (Haryana), Through Its General Manager Namely Niraj sinha (niraj.Sinha@Ihg.Com) 6. Daljit Kaur, Authorised Representative Of Holiday Inn, Chandigarh Panchkula, City Centre, Sector 3 Panchkula (Haryana) (daljit Kaur@Ihg.Com) 7.Sanjay K. Pankaj, Director Of Sales & Marketing Of Holiday Inn. Chandigarh-Panchkula, City Centre, Sector 3, Panchkula (Haryana) (Sanjayk Pankaj@ Ihg.Com) 8. Vijay Sharma, Director Of Finance Of Holiday Inn. Chandigarh Panchkula, City Centre, Sector 3, Panchkula (Haryana) (Vijay Sharma1@ Ihg.Com).
.... Opposite Party No.5-8
Whereas in the above noted case, it has been proved to the satisfaction of the commission that the above noted opposite party cannot be served in the ordinary manner of service. hence proclamation is hereby issued for his/her/their appearance in above said commission on 25.06.2026 at 10:30 a.m. in person or through pleader or duly authorized agent failing which ex-parte proceedings shall be taken against him/her in accordance with law.
Given under my hand and seal of this commission on 25/05/2026
Sd/- President District Consumer Disputes Redressal Commission-II, U.T. Chandigarh

---

(U/o 5 Rule 20 CPC)
(Succession Case)
In The Court of Ms. Sonali Singh Civil Judge Senior Division, Chandigarh
CNR No.CHCH02-003144-2026
Next Date: 14.07.2026
Dolly Gulati
Versus
General Public
Notice to: General Public:- Chandigarh
In the above titled case the defendant(s)/respondent(s) could not be served. it is ordered that the defendant(s)/respondent(s) should appear in person or through counsel on 14.07.2026 at 10:00 am. For details logon to https://highcourtchd.gov.in/?trs=district_notice&district=Chandigarh
Dated this day of 30-05-2026
Sd/- Civil Judge Senior Division, Chandigarh

(U/o 5 Rule 20 CPC)
In The Court of Ms. Navjit Pal Kaur Additional Civil Judge (Senior Division), Kapurthala
CNR No.PBKP02-000165-2026
Next Date:17.07.2026
Case No. GW-1-2026
Khushboo Aged About 37 Years Widow Of Santosh Resident Of Village Talwandi Pain, Khera Dona, Kapurthala, Punjab, 144620.
Versus
General Public
Notice to: Respondent General Public
In above titled Petition the defendant(s)/respondent(s) could not be served. It is ordered that the defendant(s)/respondent(s) should appear in person or through counsel on **17.**07.2026 at 10:00 A.M. For details logon to https://highcourtchd.gov.in/?mod=district_notice&district=Kapurthala
Dated this day of 22-04-2026
Sd/- Additional Civil Judge (Senior Division), Kapurthala

No. 312 ` Dated 19/05/2026
(U/o 5 Rule 20 CPC)
In The Court of Smt. Anjana Addl. Distt & Sessions Judge Presiding Officer Industrial Tribunal, Patiala
REF No. 15/2024
Geeta
Versus
PSPCL
Notice to: M/S Hs Ghuman & Company, Village Channo, Bhawanigarh District Sangrur.\
in above titled case, the defendant(s)/respondent(s) could not be served. it is ordered that defendant(s)/respondent(s) should appear in person or through authorized representative on dated 06-07-2026 on 9.00 a.m at industrial tribunal room no.22, 5th floor civil - court complex patiala.
Dated, this day of
Sd/- Presiding Officer Industrial Tribunal Patiala

In The Court of Ms. Surekha Dadwal Chief Judicial Magistrate, Gurdaspur
CNR No:-PBGD03-004769-2023
Next Date: 11.06.2026
Bank of Baroda
Versus
Sahil
Detail of offence:- 138 NI Act
Notice to: Accused Sahil S/O Kashmiri Lal R/O Vpo Ghoman, District Gurdaspur 143528
In above titled case the accused could not be served. It is ordered that accused should appear in person or through counsel on **11.**06.2026 at 10:00 A.M.
For details logon to https://highcourtchd.gov.in/?mod=district_notice&district=Gurdaspur
Dated, this day of
Sd/- Chief Judicial Magistrate, Gurdaspur

(U/o 5 Rule 20 CPC)
(Succession Case)
In The Court of Sh. Jaspreet Singh Additional Civil Judge (Senior Division), Baba Bakala Sahib
CNR No.PBASB0-000603-2022
Next Date: 01.07.2026
1. Jashandeep Singh S/o Late S. Baldev Singh S/o Late Joginder Singh 2. Miss Harmandeep Kaur D/o Late S. Baldev Singh S/O Late S. Joginder Singh Both R/o Village Bhagowal District Gurdaspur At Present VPO Jabbowal Tehsil Baba Bakala Sahib District Amritsar
Versus
General Public
Notice to: General Public
In above titled case the defendant(s)respondent(s) could not be served. It is ordered that defendant(s)respondent(s) should appear in person or through counsel on **01.**07.2026 at 10:00 A.M.
For details logon to https://highcourtchd.gov.in/?trs=district_notice&district=Amritsar
Dated this day of 27-05-2026
Sd/- Additional Civil Judge (Senior Division), Baba Bakala Sahib

---

(U/o 5 Rule 20 CPC)
In The Court of Hon'ble Priyanka Sharma Civil Judge (Junior Division), Amritsar
CNR No.PBAS02-004924-2025
Next Date: 08.07.2026
Naval Kishori Aggarwal
Versus
Rakesh Kumar
Notice to: 1. Rakesh Kumar S/o Late Sh. Prem Nath S/o Sh. Mela Ram, 2. Sh. Narinder Kumar S/o Late Sh. Prem Nath S/o Sh. Mela Ram Both Residents Of House No.229/9, Gali No.3, Bhagtan Wala, Amritsar
In the above titled case the defendant(s)/respondent(s) could not be served. it is ordered that the defendant(s)/respondent(s) should appear in person or through counsel on 08.07.2026 at 10:00 am. For details logon to https://highcourtchd.gov.in/?trs=district_notice&district=Amritsar
Dated this day of 01-06-2026
Sd/- Civil Judge (Junior Division), Amritsar

(U/o 5 Rule 20 CPC)
In The Court of Hon'ble Priyanka Sharma Civil Judge (Junior Division), Amritsar
CNR No.PBAS02-004829-2025
Next Date: 15.07.2026
Punjab National Bank
Versus
MS Nisha Beauty
Notice to: Ms Nisha Beauty Parlour Through Proprietor Anita Morya W/o Sonu Morya At 21 C, Fateh Singh Colony, Amritsar.
In the above titled case the defendant(s)/respondent(s) could not be served. it is ordered that the defendant(s)/respondent(s) should appear in person or through counsel on 15.07.2026 at 10:00 am. For details logon to https://highcourtchd.gov.in/?trs=district_notice&district=Amritsar
Dated this day of 01-06-2026
Sd/- Civil Judge (Junior Division), Amritsar

(U/o 5 Rule 20 CPC)
In The Court of Ms. Minakshi Civil Judge (Junior Division), Batala
CNR No.PBGDA0-000186-2026
Next Date: 06.07.2026
M/s Sant Baba Hazara Singh Gram Udyog Smiti
Versus
M/s Shree Achleshwar Coal Traders Etc.
Notice to: 1. M/s Shree Achleshwar Coal Traders, Head Office At Jalandhar Road, Batala At Present Mall Mandi, Batala And Branch Office At Shop No. 9, Opp, Aggarwal Petrol Pump, Padana Gandhi Dham, Kutch-370207(Gujarat) Through Its Partner Sarve Sh. Ram Dass Malhotra S/O Late Sh. Charanjit Lal And Sh. Deepak Trehan S/o Sh. Keemti Lal Trehan 2. Ram Dass Malhotra S/O Sh. Charanjit Lal Partner Of M/S Shree Achleshwar Coal Traders, Head Office At Jalandhar Road, Batala At Present Mall Mandi, Batala And Branch Office At Shop No. 9, Opp, Aggarwal Petrol Pump, Padana Gandhi Dham, Kutch-370207(Gujarat) 3. Sh. Deepak Trehan S/O Sh. Keemti Lal Partner Of M/S Shree Achleshwar Coal Traders, Head Office At Jalandhar Road, Batala At Present Mall Mandi, Batala And Branch Office At Shop No. 9, Opp, Aggarwal Petrol Pump, Padana Gandhi Dham, Kutch-370207(Gujarat)
In above titled Petition the defendant(s)/respondent(s) could not be served. It is ordered that the defendant(s)/respondent(s) should appear in person or through counsel on **06.**07.2026 at 10:00 A.M. For details logon to https://highcourtchd.gov.in/?mod=district_notice&district=Gurdaspur
Dated this day of 04-06-2026
Sd/- Civil Judge (Junior Division), Batala

(U/o 5 Rule 20 CPC)
In The Court of Ms. Harsimranjit Kaur Additional Civil Judge (Senior Division), Nakodar
CNR No. PBJLA0-000315-2026
Next Date:- 17-07-2026
Purpose: Appearance
Kewal Singh
Versus
Prem Devi Alias Pritam Devi
Notice to: 1. Prem Devi Alias Pritam Devi Widow Of Amar Chand Son Of Ghanpat Rai. 2. Kanta Rani D/O Amar Chand S/O Ghanpat Rai. 3. Pushpa Rani D/O Amar Chand S/O Ghanpat Rai. 4. Kedar Nath S/O Amar Singh Son Of Ghanpat Rai. 5. Ram Nath S/O Amar Singh S/O Ghanpat Rai. 6. Basambar Nath S/O Amar Singh S/O Ghanpat Rai. 7. Dharam Chand S/O Amar Singh S/O Ghanpat Rai. 8. Kapal Dev S/O Amar Singh S/O Ghanpat Rai. 9. Kaushalya Devi @ Kashalya Wati D/O Amar Chand S/O Ghanpat Rai. 10. Raj Rani D/O Amar Chand S/O Ghanpat Rai. 11. Sarla Devi @ Sarla Wati D/O Amar Chand S/O Ghanpat Rai. 12. Ashok Kumar S/O Amar Singh S/O Ghanpat Rai. 13. Malkiat Singh Son Of Hari Singh. All R/O Shankar Road, Nakodar, Distt. Jalandhar
In above titled case the defendant(s)respondent(s) could not be served. It is ordered that defendant(s)respondent(s) should appear in person or through counsel on **17.**07.2026 at 10:00 A.M.
For details logon to https://highcourtchd.gov.in/?mod=district_notice&district=Jalandhar
Dated this day of 11-05-2026
Sd/- Additional Civil Judge (Senior Division), Nakodar

Public Notice

I, Manoj Kumar Son of Bhale Ram R/o Village Bhullan Tehsil Moonak District Sangrur, Punjab, declare that my Army No.is 18006382A I am hav Manoj Kumar in my Army record my Father Bhale Ram DOB is 01/01/1968 but in his Aadhar Card his date of birth is 01/01/1956 his real date of birth is 01/01/1956

ਨਾਮ ਦੀ ਬਦਲੀ

ਮੈਂ, ਰਾਧਾ ਪਤਨੀ ਸੰਦੀਪ ਗੋਇਲ ਵਾਸੀ # 24, ਮਾਲਵਾ ਇਨਕਲੇਵ, ਗਲੀ ਨੰ:3, ਪਟਿਆਲਾ ਨੇ ਆਪਣਾ ਨਾਮ ਬਦਲ ਕੇ ਰਾਧਾ ਗੋਇਲ ਰੱਖ ਲਿਆ ਹੈ।

ਬੇਦਖਲੀ ਸੂਚਨਾ

ਮੈਂ, ਅਜੇ ਕੁਮਾਰ ਸ਼ਰਮਾਂ ਪੁੱਤਰ ਲੇਟ ਸ੍ਰੀ ਪ੍ਰਕਾਸ਼ ਚੰਦ ਵਾਸੀ ਮਕਾਨ ਨੰ:41-ਬੀ, ਬਚਿੱਤਰ ਨਗਰ ਪਟਿਆਲਾ ਤਹਿਸੀਲ ਵਾ ਜ਼ਿਲ੍ਹਾ ਪਟਿਆਲਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਚੰਦਨ ਸ਼ਰਮਾਂ ਅਤੇ ਇਸਦੀ ਪਤਨੀ ਪ੍ਰੀਤੀ ਸ਼ਰਮਾਂ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਚੰਦਨ ਸ਼ਰਮਾ ਅਤੇ ਪ੍ਰੀਤੀ ਸ਼ਰਮਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇ ਦਖਲ ਕਰਦਾ ਹਾਂ। ਅਗਰ ਚੰਦਨ ਸ਼ਰਮਾਂ ਅਤੇ ਪ੍ਰੀਤੀ ਸ਼ਰਮਾਂ ਨਾਲ ਕੋਈ ਲੈਣ ਦੇਣ ਕਰਦਾ ਹੈ ਤਾਂ ਮੈਂ ਜਾਂ ਮੇਰੇ ਪਰਿਵਾਰ ਦਾ ਕੋਈ ਵੀ ਮੈਂਬਰ ਜ਼ਿੰਮੇਵਾਰ ਨਹੀਂ ਹੋਵੇਗਾ।

ਨਾਮ ਦੀ ਬਦਲੀ

ਮੈਂ, ਜਗਦੀਪ ਸਿੰਘ ਸਪੁੱਤਰ ਮਹਿੰਦਰਜੀਤ ਸਿੰਘ ਚੀਮਾ, ਵਾਸੀ ਚੀਮਾ ਹਾਊਸ, ਮੇਹਰ ਸਿੰਘ ਕਲੋਨੀ, ਤ੍ਰਿਪੜੀ, ਪਟਿਆਲਾ, ਪੰਜਾਬ ਨੇ ਆਪਣਾ ਨਾਮ ਬਦਲ ਕੇ ਜਗਦੀਪ ਸਿੰਘ ਚੀਮਾ ਰੱਖ ਲਿਆ ਹੈ।

ਜ਼ਰੂਰੀ ਸੂਚਨਾ

ਰੋਜ਼ਾਨਾ ਚੜ੍ਹਦੀਕਲਾ ਵਿਚ ਛੱਪੇ ਲੇਖ, ਲੇਖਕਾਂ ਦੇ ਆਪਣੇ ਵਿਚਾਰ ਹਨ। ਇਸ ਨਾਲ ਸੰਪਾਦਕ ਦਾ ਸਹਿਮਤ ਹੋਣਾ ਕੋਈ ਜ਼ਰੂਰੀ ਨਹੀਂ। ਇਸ਼ਤਿਹਾਰ (ਡਿਸਪਲੇ/ਕਲਾਸੀਫਾਈਡ) ਦੇ ਤੱਥਾਂ ਲਈ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ ਦੇ ਤੱਥਾਂ ਦੀ ਪੁਸ਼ਟੀ ਕਰ ਲੈਣ।

ਸ਼ਰਨਜੀਤ ਸਿੰਘ ਚਨਾਰਥਲ ਮਾਤਾ ਗੁਜਰੀ ਕਾਲਜ ਦੀ ਗਵਰਨਿੰਗ ਕੌਂਸਲ ਦੇ ਬਣੇ ਮੈਂਬਰ

ਫਤਿਹਗੜ੍ਹ ਸਾਹਿਬ, 5 ਜੂਨ (ਹਰਪ੍ਰੀਤ ਕੌਰ ਟਿਵਾਣਾ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅਗਵਾਈ ਵਿੱਚ ਚੱਲ ਰਹੇ ਉੱਤਰੀ ਭਾਰਤ ਦੀ ਪਹਿਲੇ ਖੁਦ ਮੁਖਤਿਆਰੀ ਮਾਤਾ ਗੁਜਰੀ ਕਾਲਜ ਫਤਿਹਗੜ੍ਹ ਸਾਹਬ ਦੀ ਗਵਰਨਿੰਗ ਕੌਂਸਲ ਦਾ ਟਕਸਾਲੀ ਅਕਾਲੀ ਪਰਿਵਾਰ ਨਾਲ ਸਬੰਧਿਤ ਆਗੂ ਸ਼ਰਨਜੀਤ ਸਿੰਘ ਚਨਾਰਥਲ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਮੈਂਬਰ ਨਿਯੁਕਤ ਕੀਤਾ ਗਿਆ ਹੈ। ਦੱਸ ਦਈਏ ਕਿ ਸ਼ਰਨਜੀਤ ਸਿੰਘ ਚਨਾਰਥਲ ਸ਼੍ਰੋਮਣੀ ਅਕਾਲੀ ਦਲ ਵਿੱਚ ਬਤੌਰ ਜ਼ਿਲ੍ਹਾ ਫਤਿਹਗੜ੍ਹ ਸਾਹਿਬ ਦੇ ਪ੍ਰਧਾਨ ਵਜੋਂ ਆਪਣੀਆਂ ਬਾਖੂਬੀ ਸੇਵਾਵਾਂ ਨਿਭਾਉਂਦੇ ਹੋਏ ਪਾਰਟੀ ਨੂੰ ਮਜਬੂਤ ਕਰਨ ਲਈ ਵਿਸ਼ੇਸ਼ ਯਤਨ ਕਰਦੇ ਆ ਰਹੇ ਹਨ, ਤੇ ਪਾਰਟੀ ਪ੍ਰਤੀ ਇਮਾਨਦਾਰੀ ਨਾਲ ਨਿਭਾਈਆਂ ਜਾ ਰਹੀਆਂ ਸ਼ਾਨਦਾਰ ਸੇਵਾਵਾਂ ਨੂੰ ਦੇਖਦੇ ਹੋਏ ਹੀ ਸ਼੍ਰੋਮਣੀ ਅਕਾਲੀ ਦਲ ਵੱਲੋਂ ਵਿਸ਼ੇਸ਼ ਮਾਨ ਸਨਮਾਨ ਦਿੱਤਾ ਗਿਆ ਹੈ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਨਵੇਂ ਨਿਯੁਕਤ ਹੋਏ ਮਾਤਾ ਗੁਜਰੀ ਕਾਲਜ ਫਤਿਹਗੜ੍ਹ ਸਾਹਿਬ ਜੀ ਗਵਰਨਿੰਗ ਕੌਂਸਲ ਦੇ ਮੈਂਬਰ ਅਤੇ ਜ਼ਿਲ੍ਹਾ ਅਕਾਲੀ ਦਲ ਫਤਿਹਗੜ੍ਹ ਸਾਹਿਬ ਦੇ ਪ੍ਰਧਾਨ ਸ਼ਰਨਜੀਤ ਸਿੰਘ ਚਨਾਰਥਲ ਨੇ ਕਿਹਾ ਕਿ ਜਿੱਥੇ ਉਹ ਪਹਿਲਾਂ ਪਾਰਟੀ ਦੀ ਦਿਨ ਰਾਤ ਇੱਕ ਕਰਕੇ ਸੇਵਾ ਕਰ ਰਹੇ ਹਨ, ਉੱਥੇ ਹੀ ਹੁਣ ਵਿਦਿਅਕ ਖੇਤਰ ਵਿੱਚ ਹੋਰ ਵਿਚਰਦੇ ਹੋਏ ਮਾਤਾ ਗੁਜਰੀ ਕਾਲਜ ਲਈ ਆਪਣੀਆਂ ਹੋਰ ਸੇਵਾਵਾਂ ਪ੍ਰਦਾਨ ਕਰਨਗੇ। ਉਹਨਾਂ ਇਸ ਮੌਕੇ 'ਤੇ ਨਿਯੁਕਤੀ ਲਈ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦਾ ਵਿਸ਼ੇਸ਼ ਧੰਨਵਾਦ ਕੀਤਾ ਹੈ। ਉਹਨਾਂ ਵੱਲੋਂ ਲਗਾਈ ਡਿਊਟੀ ਨੂੰ ਹਰ ਸਮੇਂ ਨਿਭਾਉਣ ਲਈ ਯਤਨਸ਼ੀਲ ਰਹਿਣਗੇ। ਸ਼ਰਨਜੀਤ ਸਿੰਘ ਚਨਾਰਥਲ ਦੇ ਮਾਤਾ ਗੁਜਰੀ ਕਾਲਜ ਫਤਿਹਗੜ੍ਹ ਸਾਹਿਬ ਦੇ ਗਵਰਨਿੰਗ ਕੌਂਸਲ ਮੈਂਬਰ ਬਣਨ 'ਤੇ ਟਕਸਾਲੀ ਅਕਾਲੀ ਵਿੱਚ ਕਾਫੀ ਉਤਸਾਹ ਅਤੇ ਖੁਸ਼ੀ ਪਾਈ ਜਾ ਰਹੀ ਹੈ।

ਕਾਂਗਰਸ ਨੇਤਾ ਅਨਿਲ ਬਿੱਟੂ ਨੇ ਬੱਚਿਆਂ ਨੂੰ ਪੌਦੇ ਲਗਾਉਣ ਲਈ ਕੀਤਾ ਪ੍ਰੇਰਿਤ

ਤਲਵਾੜਾ, 5 ਜੂਨ (ਜਗਮੋਹਨ ਸ਼ਰਮਾ): ਵਿਸ਼ਵ ਵਾਤਾਵਰਨ ਦਿਵਸ ਮੌਕੇ ਕਾਂਗਰਸ ਨੇਤਾ ਅਨਿਲ ਬਿੱਟੂ ਨੇ ਬੱਚਿਆਂ ਅਤੇ ਨੌਜਵਾਨਾਂ ਨੂੰ ਵੱਧ ਤੋਂ ਵੱਧ ਰੁੱਖ ਲਗਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਆਉਣ ਵਾਲੇ ਕੁਝ ਦਿਨਾਂ ਵਿੱਚ ਬਰਸਾਤ ਦਾ ਮੌਸਮ ਸ਼ੁਰੂ ਹੋਣ ਵਾਲਾ ਹੈ ਅਤੇ ਇਹ ਰੁੱਖ ਲਗਾਉਣ ਲਈ ਸਭ ਤੋਂ ਉਚਿਤ ਸਮਾਂ ਹੈ। ਉਨ੍ਹਾਂ ਅਪੀਲ ਕੀਤੀ ਕਿ ਹਰ ਵਿਅਕਤੀ ਨੂੰ ਘੱਟੋ-ਘੱਟ ਪੰਜ ਰੁੱਖ ਜ਼ਰੂਰ ਲਗਾਉਣੇ ਚਾਹੀਦੇ ਹਨ ਅਤੇ ਉਨ੍ਹਾਂ ਦੀ ਸੰਭਾਲ ਦੀ ਜ਼ਿੰਮੇਵਾਰੀ ਵੀ ਨਿਭਾਉਣੀ ਚਾਹੀਦੀ ਹੈ।ਅਨਿਲ ਬਿੱਟੂ ਨੇ ਪੰਜਾਬ ਸਰਕਾਰ ਨੂੰ ਅਪੀਲ ਕਰਦਿਆਂ ਕਿਹਾ ਕਿ ਪਿੰਡਾਂ ਦੀਆਂ ਪੰਚਾਇਤਾਂ ਨੂੰ ਸਖ਼ਤ ਨਿਰਦੇਸ਼ ਜਾਰੀ ਕੀਤੇ ਜਾਣ, ਤਾਂ ਜੋ ਪੰਚਾਇਤੀ ਜ਼ਮੀਨਾਂ ਉੱਪਰ ਵੱਧ ਤੋਂ ਵੱਧ ਰੁੱਖ ਲਗਾਏ ਜਾ ਸਕਣ। ਉਨ੍ਹਾਂ ਕਿਹਾ ਕਿ ਪੰਚਾਇਤਾਂ ਤੋਂ ਪੰਚਾਇਤੀ ਜ਼ਮੀਨਾਂ ਵਿੱਚ ਮੌਜੂਦ ਰੁੱਖਾਂ ਦੀ ਗਿਣਤੀ ਵੀ ਕਰਵਾਈ ਜਾਣੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਜੇਕਰ ਕਿਸੇ ਪਿੰਡ ਦੀ ਪੰਚਾਇਤ ਦੇ ਸਰਪੰਚ ਤੋਂ ਪੁੱਛਿਆ ਜਾਵੇ ਕਿ ਪੰਚਾਇਤੀ ਜ਼ਮੀਨ ਉੱਪਰ ਕਿੰਨੇ ਰੁੱਖ ਲੱਗੇ ਹੋਏ ਹਨ, ਤਾਂ ਬਹੁਤ ਸਾਰੀਆਂ ਪੰਚਾਇਤਾਂ ਕੋਲ ਇਸ ਬਾਰੇ ਕੋਈ ਸਹੀ ਰਿਕਾਰਡ ਨਹੀਂ ਹੋਵੇਗਾ। ਇਸ ਲਈ ਸਰਕਾਰ ਨੂੰ ਰੁੱਖਾਂ ਦੀ ਗਿਣਤੀ ਅਤੇ ਸੰਭਾਲ ਲਈ ਇੱਕ ਪ੍ਰਭਾਵਸ਼ਾਲੀ ਪ੍ਰਣਾਲੀ ਤਿਆਰ ਕਰਨੀ ਚਾਹੀਦੀ ਹੈ।ਉਨ੍ਹਾਂ ਨੇ ਇਹ ਵੀ ਕਿਹਾ ਕਿ ਜੇਕਰ ਕੋਈ ਮਾਫੀਆ ਜਾਂ ਹੋਰ ਤੱਤ ਹਰੇ-ਭਰੇ ਰੁੱਖਾਂ ਦੀ ਨਾਜਾਇਜ਼ ਕਟਾਈ ਕਰਦੇ ਹਨ ਜਾਂ ਕਿਸੇ ਪ੍ਰਸ਼ਾਸਨਿਕ ਅਧਿਕਾਰੀ ਦੀ ਮਿਲੀਭੁਗਤ ਨਾਲ ਅਜਿਹੀਆਂ ਗਤੀਵਿਧੀਆਂ ਨੂੰ ਅੰਜਾਮ ਦਿੱਤਾ ਜਾਂਦਾ ਹੈ, ਤਾਂ ਦੋਸ਼ੀਆਂ ਖ਼ਿਲਾਫ਼ ਸਖ਼ਤ ਤੋਂ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ।ਅਨਿਲ ਬਿੱਟੂ ਨੇ ਕਿਹਾ ਕਿ ਵਾਤਾਵਰਣ ਦੀ ਸੁਰੱਖਿਆ ਅਤੇ ਆਉਣ ਵਾਲੀਆਂ ਪੀੜ੍ਹੀਆਂ ਦੇ ਭਵਿੱਖ ਲਈ ਰੁੱਖ ਲਗਾਉਣਾ ਅਤੇ ਉਨ੍ਹਾਂ ਦੀ ਸੰਭਾਲ ਕਰਨਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ।

ਹਰ ਲਗਾਇਆ ਰੁੱਖ ਆਉਣ ਵਾਲੀਆਂ ਪੀੜ੍ਹੀਆਂ ਲਈ ਇੱਕ ਅਨਮੋਲ ਤੋਹਫ਼ਾ : ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ

ਨਵਾਂਸ਼ਹਿਰ, 5 ਜੂਨ (ਸੁਖਦੇਵ ਸਿੰਘ ਉੜਾਪੜ): ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਦੀ ਯੋਗ ਅਗਵਾਈ ਹੇਠ ਸਰਕਾਰੀ ਨਸ਼ਾ ਮੁਕਤੀ ਕੇਂਦਰ, ਨਵਾਂਸ਼ਹਿਰ ਵਿਖੇ ਸ਼ੁੱਕਰਵਾਰ ਨੂੰ ਵਿਸ਼ਵ ਵਾਤਾਵਰਨ ਦਿਵਸ ਮੌਕੇ ਜਾਗਰੂਕਤਾ ਸਮਾਰੋਹ ਕਰਵਾਇਆ ਗਿਆ। ਇਸ ਮੌਕੇ ਕੇਂਦਰ ਵਿੱਚ ਭਰਤੀ ਨਸ਼ਾ ਪੀੜਤਾਂ, ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਅਤੇ ਅਟੈਂਡੈਂਟਾਂ ਨੂੰ ਵਾਤਾਵਰਨ ਸੁਰੱਖਿਆ ਪ੍ਰਤੀ ਜਾਗਰੂਕ ਕੀਤਾ ਗਿਆ। ਇਸ ਸਾਲ ਵਿਸ਼ਵ ਵਾਤਾਵਰਨ ਦਿਵਸ ਦੀ ਥੀਮ ਕੁਦਰਤ ਤੋਂ ਪ੍ਰੇਰਿਤ, ਜਲਵਾਯੂ ਲਈ, ਸਾਡੇ ਭਵਿੱਖ ਲਈ ਹੈ, ਜੋ ਕੁਦਰਤੀ ਸਰੋਤਾਂ ਦੀ ਸੰਭਾਲ ਅਤੇ ਜਲਵਾਯੂ ਪਰਿਵਰਤਨ ਨਾਲ ਨਜਿੱਠਣ ਲਈ ਕੁਦਰਤ-ਅਧਾਰਿਤ ਹੱਲਾਂ ਨੂੰ ਅਪਣਾਉਣ ਦਾ ਸੰਦੇਸ਼ ਦਿੰਦੀ ਹੈ। ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਨੇ ਕਿਹਾ ਕਿ ਵਾਤਾਵਰਨ ਦੀ ਰੱਖਿਆ ਸਿਰਫ਼ ਸਰਕਾਰੀ ਸੰਸਥਾਵਾਂ ਦੀ ਨਹੀਂ, ਸਗੋਂ ਹਰ ਨਾਗਰਿਕ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਰੁੱਖ ਲਗਾਉਣ, ਪਲਾਸਟਿਕ ਦੀ ਵਰਤੋਂ ਘਟਾਉਣ, ਪਾਣੀ ਅਤੇ ਊਰਜਾ ਦੀ ਬੱਚਤ ਕਰਨ ਵਰਗੇ ਉਪਰਾਲੇ ਸਾਫ਼-ਸੁਥਰੇ ਅਤੇ ਸਿਹਤਮੰਦ ਵਾਤਾਵਰਨ ਦੀ ਸਿਰਜਣਾ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਵਾਤਾਵਰਨ ਦੀ ਸੰਭਾਲ ਲਈ ਸਰਗਰਮ ਭੂਮਿਕਾ ਨਿਭਾਉਣ ਦਾ ਸੱਦਾ ਦਿੱਤਾ।ਇਸ ਮੌਕੇ ਡਿਪਟੀ ਮੈਡੀਕਲ ਕਮਿਸ਼ਨਰ ਡਾ. ਹਰਪ੍ਰੀਤ ਸਿੰਘ ਨੇ ਹਾਜ਼ਰੀਨ ਨੂੰ ਵਾਤਾਵਰਨ ਪੱਖੀ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਸਿਹਤਮੰਦ ਵਾਤਾਵਰਨ ਹੀ ਸਿਹਤਮੰਦ ਸਮਾਜ ਦੀ ਬੁਨਿਆਦ ਹੈ।ਉਨ੍ਹਾਂ ਰੋਜ਼ਾਨਾ ਜੀਵਨ ਵਿੱਚ ਵਾਤਾਵਰਨ ਸੁਰੱਖਿਆ ਸਬੰਧੀ ਆਦਤਾਂ ਅਪਣਾਉਣ ਦੀ ਅਪੀਲ ਕੀਤੀ। ਸਮਾਗਮ ਦੌਰਾਨ ਵਾਤਾਵਰਨ ਸੁਰੱਖਿਆ ਸਬੰਧੀ ਜਾਗਰੂਕਤਾ ਸੰਦੇਸ਼ ਦਿੱਤੇ ਗਏ ਅਤੇ ਅੰਤ ਵਿੱਚ ਪਰਿਵਾਰਕ ਮੈਂਬਰਾਂ ਤੇ ਅਟੈਂਡੈਂਟਾਂ ਨੂੰ ਪੌਦੇ ਵੰਡ ਕੇ ਵਾਤਾਵਰਨ ਸੰਭਾਲ ਦਾ ਸੰਦੇਸ਼ ਦਿੱਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਹਾਇਕ ਸਿਵਲ ਸਰਜਨ ਡਾ ਬਲਜੀਤ ਕਮਲ, ਜ਼ਿਲ੍ਹਾ ਮਨੋਵਿਗਿਆਨੀ ਡਾ ਸੰਦੀਪ ਬਾਂਗੜ, ਮੈਡੀਕਲ ਅਫਸਰ ਡਾ ਰਮਨ ਕੁਮਾਰ, ਨੀਰਜ ਕੁਮਾਰ ਸਮੇਤ ਸਿਹਤ ਵਿਭਾਗ ਦੇ ਹੋਰ ਅਧਿਕਾਰੀ ਤੇ ਕਰਮਚਾਰੀ ਮੌਜੂਦ ਸਨ।

ਪਟਿਆਲਾ ਵਿੱਚ ਬੇਰੁਜ਼ਗਾਰ ਨੌਜਵਾਨਾਂ ਤੇ ਮੁਲਾਜ਼ਮਾਂ 'ਤੇ ਹੋਇਆ ਵਹਿਸ਼ੀਆਨਾ ਲਾਠੀਚਾਰਜ ਬੇਹੱਦ ਸ਼ਰਮਨਾਕ: ਕਰਨੈਲ ਸਿੰਘ ਪੀਰ ਮੁਹੰਮਦ

ਪਟਿਆਲਾ. 5 ਜੂਨ (ਚ.ਨ.ਸ.): ਸ਼੍ਰੋਮਣੀ ਅਕਾਲੀ ਦਲ ਪੁਨਰਸੁਰਜੀਤ ਦੇ ਸੀਨੀਅਰ ਮੀਤ ਪ੍ਰਧਾਨ ਅਤੇ ਮੁੱਖ ਬੁਲਾਰੇ ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਪਟਿਆਲਾ ਵਿਖੇ ਪਾਵਰਕਾਮ ਦੇ ਮੁੱਖ ਦਫ਼ਤਰ ਬਾਹਰ ਆਪਣੀਆਂ ਜਾਇਜ਼ ਮੰਗਾਂ ਨੂੰ ਲੈ ਕੇ ਪ੍ਰਦਰਸ਼ਨ ਕਰ ਰਹੇ ਬੇਰੁਜ਼ਗਾਰ ਨੌਜਵਾਨਾਂ, ਲਾਈਨਮੈਨਾਂ ਅਤੇ ਮੁਲਾਜ਼ਮਾਂ 'ਤੇ ਪੁਲਿਸ ਵੱਲੋਂ ਕੀਤੇ ਗਏ ਅੰਨ੍ਹੇਵਾਹ ਲਾਠੀਚਾਰਜ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਉਨ੍ਹਾਂ ਇਸ ਘਟਨਾ ਨੂੰ ਪੰਜਾਬ ਦੇ ਇਤਿਹਾਸ ਵਿੱਚ ਇੱਕ ਬੇਹੱਦ ਸ਼ਰਮਨਾਕ ਅਤੇ ਅਣਮਨੁੱਖੀ ਕਾਰਵਾਈ ਕਰਾਰ ਦਿੱਤਾ ਹੈ। ਸਰਦਾਰ ਪੀਰ ਮੁਹੰਮਦ ਨੇ ਕਿਹਾ ਕਿ ਜੋ ਨੌਜਵਾਨ ਅਤੇ ਮੁਲਾਜ਼ਮ ਸੂਬੇ ਦੇ ਵਿਕਾਸ ਦੀ ਰੀੜ੍ਹ ਦੀ ਹੱਡੀ ਹਨ, ਅੱਜ ਉਨ੍ਹਾਂ ਨੂੰ ਆਪਣੀਆਂ ਹੱਕੀ ਮੰਗਾਂ ਲਈ ਸੜਕਾਂ 'ਤੇ ਘਸੀਟਿਆ ਜਾ ਰਿਹਾ ਹੈ। ਪੁਲਿਸ ਵੱਲੋਂ ਨੌਜਵਾਨਾਂ ਅਤੇ ਮਹਿਲਾ ਪ੍ਰਦਰਸ਼ਨਕਾਰੀਆਂ ਨੂੰ ਭਜਾ-ਭਜਾ ਕੇ ਬੇਰਹਿਮੀ ਨਾਲ ਕੁੱਟਿਆ ਗਿਆ, ਜਿਸ ਨੇ ਸਿੱਧ ਕਰ ਦਿੱਤਾ ਹੈ ਕਿ ਮੌਜੂਦਾ ਪੰਜਾਬ ਸਰਕਾਰ ਪੂਰੀ ਤਰ੍ਹਾਂ ਤਾਨਾਸ਼ਾਹੀ ਦੇ ਰਾਹ 'ਤੇ ਚੱਲ ਰਹੀ ਹੈ।

ਚੋਣਾਂ ਤੋਂ ਪਹਿਲਾਂ 'ਘਰ-ਘਰ ਰੁਜ਼ਗਾਰ' ਅਤੇ ਨੌਜਵਾਨਾਂ ਨੂੰ ਮਾਣ-ਭੱਤਾ ਦੇਣ ਦੇ ਵੱਡੇ-ਵੱਡੇ ਦਾਅਵੇ ਕਰਨ ਵਾਲੀ ਸਰਕਾਰ ਅੱਜ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਦੀ ਬਜਾਏ ਡਾਂਗਾਂ ਦਾ ਪ੍ਰਸਾਦ ਵੰਡ ਰਹੀ ਹੈ। ਲੋਕਤੰਤਰ ਵਿੱਚ ਹਰ ਨਾਗਰਿਕ ਨੂੰ ਆਪਣੀ ਆਵਾਜ਼ ਬੁਲੰਦ ਕਰਨ ਅਤੇ ਸ਼ਾਂਤਮਈ ਪ੍ਰਦਰਸ਼ਨ ਕਰਨ ਦਾ ਸੰਵਿਧਾਨਕ ਹੱਕ ਹੈ। ਪਰ ਪਟਿਆਲਾ ਵਿੱਚ ਪੁਲਿਸ ਪ੍ਰਸ਼ਾਸਨ ਨੇ ਜਿਸ ਤਰ੍ਹਾਂ ਮਾਨਵਤਾ ਦੀਆਂ ਸਾਰੀਆਂ ਹੱਦਾਂ ਪਾਰ ਕੀਤੀਆਂ, ਉਹ ਬੇਹੱਦ ਨਿੰਦਣਯੋਗ ਹੈ। ਮੁੱਖ ਮੰਤਰੀ ਦੇ ਆਪਣੇ ਜ਼ਿਲ੍ਹੇ ਅਤੇ ਪਾਵਰਕਾਮ ਦੇ ਮੁੱਖ ਦਫ਼ਤਰ ਅੱਗੇ ਅਜਿਹਾ ਗੁੰਡਾਗਰਦੀ ਵਾਲਾ ਮਾਹੌਲ ਸਿਰਜਣਾ ਇਹ ਦਰਸਾਉਂਦਾ ਹੈ ਕਿ ਸਰਕਾਰ ਦਾ ਪ੍ਰਸ਼ਾਸਨ 'ਤੇ ਕੋਈ ਕੰਟਰੋਲ ਨਹੀਂ ਰਿਹਾ। ਆਪਣੇ ਬਜ਼ੁਰਗ ਮਾਪਿਆਂ ਦੀ ਮਿਹਨਤ ਦੀ ਕਮਾਈ ਨਾਲ ਪੜ੍ਹ ਲਿਖ ਕੇ ਰੁਜ਼ਗਾਰ ਮੰਗਣ ਆਏ ਨੌਜਵਾਨਾਂ ਦੇ ਸਿਰ ਪਾੜਨੇ ਅਤੇ ਉਨ੍ਹਾਂ 'ਤੇ ਅੱਥਰੂ ਗੈਸ ਦੇ ਗੋਲੇ ਛੱਡਣਾ ਬੇਹੱਦ ਸ਼ਰਮਨਾਕ ਹੈ। ਸ਼੍ਰੋਮਣੀ ਅਕਾਲੀ ਦਲ ਪੁਨਰਸੁਰਜੀਤ ਇਨ੍ਹਾਂ ਪੀੜਤ ਨੌਜਵਾਨਾਂ ਦੇ ਨਾਲ ਚਟਾਨ ਵਾਂਗ ਖੜ੍ਹਾ ਹੈ। ਜਿਨ੍ਹਾਂ ਪੁਲਿਸ ਮੁਲਾਜ਼ਮਾਂ ਅਤੇ ਅਧਿਕਾਰੀਆਂ ਨੇ ਨੌਜਵਾਨਾਂ ਅਤੇ ਖਾਸ ਕਰਕੇ ਮਹਿਲਾ ਪ੍ਰਦਰਸ਼ਨਕਾਰੀਆਂ 'ਤੇ ਬੇਰਹਿਮੀ ਨਾਲ ਲਾਠੀਆਂ ਵਰ੍ਹਾਈਆਂ ਹਨ, ਉਨ੍ਹਾਂ ਖਿਲਾਫ਼ ਤੁਰੰਤ ਸਖ਼ਤ ਵਿਭਾਗੀ ਅਤੇ ਕਾਨੂੰਨੀ ਕਾਰਵਾਈ ਕੀਤੀ ਜਾਵੇ। ਪੰਜਾਬ ਸਰਕਾਰ ਅਤੇ ਪਾਵਰਕਾਮ ਮੈਨੇਜਮੈਂਟ ਹਠੀ ਪ੍ਰਵਿਰਤੀ ਛੱਡ ਕੇ ਤੁਰੰਤ ਪ੍ਰਦਰਸ਼ਨਕਾਰੀ ਯੂਨੀਅਨਾਂ ਦੇ ਆਗੂਆਂ ਨਾਲ ਮੇਜ਼ 'ਤੇ ਬੈਠ ਕੇ ਗੱਲਬਾਤ ਕਰੇ ਅਤੇ ਉਨ੍ਹਾਂ ਦੀਆਂ ਰੁਜ਼ਗਾਰ ਸੰਬੰਧੀ ਮੰਗਾਂ ਨੂੰ ਪਹਿਲ ਦੇ ਅਧਾਰ 'ਤੇ ਲਾਠੀਚਾਰਜ ਦੌਰਾਨ ਗੰਭੀਰ ਰੂਪ ਵਿੱਚ ਜ਼ਖਮੀ ਹੋਏ ਨੌਜਵਾਨਾਂ ਦੇ ਮੁਫ਼ਤ ਅਤੇ ਵਧੀਆ ਇਲਾਜ ਦਾ ਪ੍ਰਬੰਧ ਸਰਕਾਰ ਆਪਣੇ ਖਰਚੇ 'ਤੇ ਕਰੇ। ਸਰਦਾਰ ਪੀਰ ਮੁਹੰਮਦ ਨੇ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਸਰਕਾਰ ਨੇ ਨੌਜਵਾਨਾਂ ਵਿਰੁੱਧ ਇਹ ਦਮਨਕਾਰੀ ਨੀਤੀ ਤੁਰੰਤ ਬੰਦ ਨਾ ਕੀਤੀ ਅਤੇ ਉਨ੍ਹਾਂ ਦੀਆਂ ਮੰਗਾਂ ਨਾ ਮੰਨੀਆਂ, ਤਾਂ ਸ਼੍ਰੋਮਣੀ ਅਕਾਲੀ ਦਲ ਪੁਨਰਸੁਰਜੀਤ ਪੰਜਾਬ ਦੇ ਇਨਸਾਫ਼ਪਸੰਦ ਲੋਕਾਂ ਅਤੇ ਨੌਜਵਾਨਾਂ ਨੂੰ ਨਾਲ ਲੈ ਕੇ ਸੂਬਾ ਪੱਧਰੀ ਤਿੱਖਾ ਸੰਘਰਸ਼ ਵਿੱਢਣ ਲਈ ਮਜਬੂਰ ਹੋਵੇਗਾ, ਜਿਸ ਦੀ ਪੂਰੀ ਜ਼ਿੰਮੇਵਾਰੀ ਮੌਜੂਦਾ ਸਰਕਾਰ ਦੀ ਹੋਵੇਗੀ।

ਜ਼ਿਲ੍ਹਾ ਪੱਧਰ 'ਤੇ ਮਨੁੱਖੀ ਅਧਿਕਾਰਾਂ ਲਈ ਕੋਰ ਗਰੁੱਪ ਸਰਗਰਮ — ਲੋਕਾਂ ਦੀਆਂ ਆਵਾਜ਼ਾਂ ਨੂੰ ਮਿਲੇਗੀ ਸਿੱਧੀ ਪਹੁੰਚ

ਮਾਲੇਰਕੋਟਲਾ, 5 ਜੂਨ (ਚ.ਨ.ਸ.) : ਜ਼ਿਲ੍ਹਾ ਮਾਲੇਰਕੋਟਲਾ ਵਿੱਚ ਮਨੁੱਖੀ ਅਧਿਕਾਰਾਂ ਦੀ ਸੁਰੱਖਿਆ ਅਤੇ ਜਾਗਰੂਕਤਾ ਨੂੰ ਨਵੇਂ ਪੱਧਰ 'ਤੇ ਲਿਜਾਣ ਲਈ ਬੀਤੇ ਦਿਨੀਂ ਡਿਪਟੀ ਕਮਿਸ਼ਨਰ ਦਫ਼ਤਰ ਵਿਖੇ ਇੱਕ ਮਹੱਤਵਪੂਰਨ ਮੀਟਿੰਗ ਆਯੋਜਿਤ ਕੀਤੀ ਗਈ, ਜਿਸ ਵਿੱਚ ਪੰਜਾਬ ਸਟੇਟ ਅਤੇ ਚੰਡੀਗੜ੍ਹ (ਯੂ.ਟੀ.) ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਨਿਯੁਕਤ ਕੋਰ ਗਰੁੱਪ ਮੈਂਬਰਾਂ ਨੇ ਭਾਗ ਲਿਆ। ਇਹ ਮੀਟਿੰਗ ਸਹਾਇਕ ਕਮਿਸ਼ਨਰ (ਜ) ਮਨਦੀਪ ਕੌਰ ਦੀ ਅਗਵਾਈ ਹੇਠ ਹੋਈ ਅਤੇ ਇਸਨੂੰ ਜ਼ਿਲ੍ਹਾ ਪ੍ਰਸ਼ਾਸਨ ਅਤੇ ਕੋਰ ਗਰੁੱਪ ਵਿਚਕਾਰ ਸਹਿਯੋਗ ਦੇ ਇੱਕ ਨਵੇਂ ਅਧਿਆਇ ਵਜੋਂ ਵੇਖਿਆ ਜਾ ਰਿਹਾ ਹੈ। ਯਾਦ ਰਹੇ ਕਿ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਬਣਾਏ ਗਏ ਕੋਰ ਗਰੁੱਪਾਂ ਦਾ ਮੁੱਖ ਉਦੇਸ਼ ਜ਼ਿਲ੍ਹਾ ਪੱਧਰ 'ਤੇ ਲੋਕਾਂ ਦੀਆਂ ਸਮੱਸਿਆਵਾਂ ਦੀ ਪਛਾਣ ਕਰਨਾ, ਜਾਗਰੂਕਤਾ ਵਧਾਉਣਾ ਅਤੇ ਪ੍ਰਸ਼ਾਸਨ ਨਾਲ ਮਿਲ ਕੇ ਉਨ੍ਹਾਂ ਦਾ ਹੱਲ ਤਲਾਸ਼ਣਾ ਹੈ। ਇਸ ਸੰਬਧੀ ਡਿਪਟੀ ਕਮਿਸ਼ਨਰ ਦਫ਼ਤਰ ਨੂੰ ਪਹਿਲਾਂ ਹੀ ਨਿਰਦੇਸ਼ ਜਾਰੀ ਕੀਤੇ ਗਏ ਸਨ ਕਿ ਕੋਰ ਗਰੁੱਪ ਮੈਂਬਰਾਂ ਨਾਲ ਸਹਿਯੋਗ ਕਰਦੇ ਹੋਏ ਉਨ੍ਹਾਂ ਦੀ ਕਾਰਗੁਜ਼ਾਰੀ ਨੂੰ ਮਜ਼ਬੂਤ ਕੀਤਾ ਜਾਵੇ।ਮੀਟਿੰਗ ਦੌਰਾਨ ਕੋਰ ਗਰੁੱਪ ਮੈਂਬਰਾਂ ਦੀ ਭੂਮਿਕਾ, ਜ਼ਿੰਮੇਵਾਰੀਆਂ ਅਤੇ ਜ਼ਿਲ੍ਹਾ ਪੱਧਰ 'ਤੇ ਕਾਰਗੁਜ਼ਾਰੀ ਨੂੰ ਲੈ ਕੇ ਵਿਸਥਾਰ ਨਾਲ ਚਰਚਾ ਕੀਤੀ ਗਈ। ਪ੍ਰਸ਼ਾਸਨ ਵੱਲੋਂ ਇਹ ਸਪੱਸ਼ਟ ਕੀਤਾ ਗਿਆ ਕਿ ਕੋਰ ਗਰੁੱਪ ਮੈਂਬਰ ਲੋਕਾਂ ਅਤੇ ਪ੍ਰਸ਼ਾਸਨ ਵਿਚਕਾਰ ਇੱਕ ਮਜ਼ਬੂਤ ਪੁਲ ਵਜੋਂ ਕੰਮ ਕਰਨਗੇ ਅਤੇ ਮਨੁੱਖੀ ਅਧਿਕਾਰਾਂ ਨਾਲ ਸੰਬੰਧਿਤ ਮਸਲਿਆਂ ਦਾ ਹੱਲ ਪ੍ਰਸ਼ਾਸਨ ਨਾਲ ਮਿਲ ਕੇ ਕੀਤਾ ਜਾਵੇਗਾ। ਇਸ ਮੌਕੇ ਕੋਰ ਗਰੁੱਪ ਮੈਂਬਰਾਂ ਵੱਲੋਂ ਸਮਾਜਕ ਮੁੱਦਿਆਂ 'ਤੇ ਆਪਣੇ ਸੁਝਾਅ ਵੀ ਪੇਸ਼ ਕੀਤੇ ਗਏ, ਜਿਸ ਵਿੱਚ ਮਨੁੱਖੀ ਅਧਿਕਾਰਾਂ ਬਾਰੇ ਜਾਗਰੂਕਤਾ ਮੁਹਿੰਮਾਂ, ਔਰਤਾਂ ਅਤੇ ਬੱਚਿਆਂ ਦੀ ਸੁਰੱਖਿਆ, ਨਸ਼ਿਆਂ ਦੇ ਖ਼ਾਤਮੇ ਅਤੇ ਸਿਹਤ ਸਹੂਲਤਾਂ ਵਿੱਚ ਸੁਧਾਰ ਵਰਗੇ ਮੁੱਦੇ ਪ੍ਰਮੁੱਖ ਰਹੇ। ਕੋਰ ਗਰੁੱਪ ਮੈਂਬਰ ਨਦੀਮ ਅਨਵਰ ਖਾਂ ਅਤੇ ਲਵਦੀਪ ਸਿੰਘ ਮੰਨਵੀ ਨੇ ਕਿਹਾ ਕਿ, ਮਨੁੱਖੀ ਅਧਿਕਾਰਾਂ ਦੀ ਰਾਖੀ ਸਿਰਫ਼ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਨਹੀਂ, ਸਗੋਂ ਸਮਾਜ ਦੇ ਹਰ ਵਰਗ ਦੀ ਸਾਂਝੀ ਜ਼ਿੰਮੇਵਾਰੀ ਹੈ।

ਉੱਤਰ ਰੇਲਵੇ

ਖੁੱਲ੍ਹੀ ਈ-ਨਿਵਿਦਾ ਸੂਚਨਾ

ਪ੍ਰਮੁੱਖ ਮੁੱਖ ਬਿਜਲੀ ਇੰਜੀਨੀਅਰ/ਪ੍ਰੋਜੈਕਟ, ਅੰਬਾਲਾ ਕੈਂਟ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਕੰਮ ਦੇ ਲਈ ਵੈਬਸਾਈਟ www.ireps.gov.in 'ਤੇ ਖੁੱਲ੍ਹੀ ਈ-ਨਿਵਿਦਾ ਮੰਗ ਕਰਦੇ ਹਨ। ਨਿਵਿਦਾਕਾਰ ਆਪਣਾ ਮੂਲ/ਸੰਸ਼ੋਧਿਤ ਪ੍ਰਸਤਾਵ ਤੈਅ ਸਮਾਪਤੀ ਸਮਾਂ ਅਤੇ ਮਿਤੀ ਤਕ ਪੇਸ਼ ਕਰ ਸਕਦੇ ਹਨ। ਕੋਈ ਵੀ ਨਿਵਿਦਾ ਮੈਨੂੰਅਲ ਰੂਪ ਨਾਲ ਸਵੀਕਾਰ ਨਹੀਂ ਕੀਤੀ ਜਾਵੇਗੀ।

ਨਿਵਿਦਾ ਨੰਬਰ	NR-Pr-UMB-RC-25226		
ਕੰਮ ਦਾ ਨਾਮ	(09 ਨੰਬਰ ਰੇਲ ਕ੍ਰੇਨਾਂ ਦੀ ਮੁਰੰਮਤ ਅਤੇ ਫਿਟਮੇਂਟ, 02 ਸਾਲ ਦੇ ਸਲਾਨਾ ਅਨੁਰਖਸ਼ਣ ਕਾਂਟਰੈਕਟ (AMC) ਸਮੇਤ, ਜਿਸ ਵਿਚ ਵਿਧਮਾਨ BFR ਨਾਲ ਰੇਲ ਕ੍ਰੇਨ ਨੂੰ ਖੋਹਲਣ ਅਤੇ POH/ROH ਦੇ ਉਪਰਾਂਤ ਉਸੇ ਪ੍ਰਕਾਰ ਦੇ ਨਸ਼ਵ ਤੇ ਮੁੜ ਸਥਾਪਿਤ -ਰੀ) ਕਰਨ ਦਾ ਪ੍ਰਾਵਧਾਨ ਸ਼ਾਮਲ ਹੈ। (ਮਾਊਂਟ"		
ਅੰਦਾਜਨ ਲਾਗਤ (₹)	₹2,47,53,828.29	ਬਿਆਨਾ ਰਾਸ਼ੀ (₹)	₹4,95,100/-
ਕੰਮ ਪੂਰਾ ਕਰਨ ਦਾ ਸਮਾਂ	24 ਮਹੀਨੇ	ਪ੍ਰੀ-ਬਿਡ ਕਾਨਫ੍ਰੇਂਸ	ਨਹੀਂ
ਨਿਵਿਦਾ ਬੰਦ ਦੀ ਮਿਤੀ	29.06.2026 at 15:00 hrs	ਨਿਵਿਦਾ ਦਸਤਾਵੇਜ਼ਾਂ ਦੀ ਲਾਗਤ (₹) : Nil	
ਨਿਵਿਦਾ ਖੁਲਣ ਦੀ ਮਿਤੀ	29.06.2026 at 15:30 hrs		

ਕੰਮ ਦੀ ਸਮਾਨ ਨੇਚਰ: "ਰੇਲਵੇ ਜਾਂ ਕੇਂਦਰ/ਰਾਜ ਸਰਕਾਰ ਜਾਂ ਸਾਰਵਜਨਿਕ ਖੇਤਰ ਦੇ ਉਪਕ੍ਰਮ (PSU) ਵਿਚ ਕਿਸੇ ਵੀ ਸਮਰਥਾ ਦੀ ਵੈਗਨ-ਮਾਊਂਟੇਡ ਰੇਲ ਕ੍ਰੇਨਾਂ ਦੇ ਤੈਅ ਅਨੁਰਖਸ਼ਣ (Scheduled Maintenance)/ਮੁਰੰਮਤ/ਮੁੜ ਸੰਸਕਾਰਨ (Reconditioning) ਕੰਮ ਦੇ ਕਾਂਟਰੈਕਟ ਨਿਸ਼ਪਾਦਿਤ ਕਰਨ ਦਾ ਅਨੁਭਵ ਰਖਣ ਵਾਲਾ ਮੂਲ ਉਪਕਰਣ ਨਿਰਮਾਤਾ (OEM) ਜਾਂ OEM ਦਾ ਅਧਿਕ੍ਰਿਤ ਵਿਕ੍ਰੇਤਾ (Authorized Dealer)।" ਜਾਂ "ਰੇਲਵੇ ਜਾਂ ਕੇਂਦਰ/ਰਾਜ ਸਰਕਾਰ ਜਾਂ ਸਾਰਵਜਨਿਕ ਖੇਤਰ ਦੇ ਉਪਕ੍ਰਮ (PSU) ਵਿਚ ਕਿਸੇ ਵੀ ਸਮਰਥਾ ਦੀ ਵੈਗਨਮਾਊਂਟੇਡ ਰੇਲ ਕ੍ਰੇਨਾਂ ਦੇ ਤੈਅ ਅਨੁਰਖਸ਼ਣ (Scheduled Maintenance) / ਮੁਰੰਮਤ/ ਮੁੜ ਸੰਸਕਾਰਨ(Reconditioning) ਕੰਮ ਦੇ ਕਾਂਟਰੈਕਟ ਨੂੰ ਸੰਤੋਸ਼ਜਨਕ ਰੂਪ ਨਾਲ ਨਿਪਟਾਰਾ ਕਰਨ ਦਾ ਅਨੁਭਵ।" ਨਿਵਿਦਾ ਦਸਤਾਵੇਜ ਰੇਲਵੇ ਦੀ ਵੈਬਸਾਈਟ ਯਾਨੀ www.ireps.gov.in 'ਤੇ ਉਪਲਬਧ ਹਨ ਅਤੇ ਇਨ੍ਹਾਂ ਨੂੰ ਉਥੋਂ ਡਾਊਨਲੋਡ ਕੀਤਾ ਜਾ ਸਕਦਾ ਹੈ। ਈ-ਟੈਂਡਰਿੰਗ ਦੇ ਸੰਬਧ ਵਿਚ ਬਿਆਨਾ ਰਾਸ਼ੀ/ ਬਿਆਨਾ ਰਾਸ਼ੀ ਜਮਾ (ਬਿਡ ਸਕਿਊਰਿਟੀ) ਅਤੇ ਨਿਵਿਦਾ ਦਸਤਾਵੇਜ ਲਾਗਤ (TDC) ਕੇਵਲ ਨੈਟ ਬੈਕਿੰਗ ਅਤੇ ਭੁਗਤਾਨ ਗੇਟਵੇ ਦੇ ਮਾਧਿਅਮ ਨਾਲ ਹੀ ਸਵੀਕਾਰ ਕੀਤੀ ਜਾਵੇਗੀ। ਸਾਫਟਵੇਅਰ (ਆਈਆਰਈਪੀਐਸ) ਵਿਚ ਬੈਂਕ ਖਾਤਾ ਨੰਬਰ ਅਤੇ ਤਕਨੀਕੀ ਵੇਰਵੇ ਉਪਲਬਧ ਕਰਾਏ ਗਏ ਹਨ, ਜਿਨ੍ਹਾਂ ਤਕ ਸੰਭਾਵਿਤ ਰਜਿਸਟਰਡ ਨਿਵਿਦਾ ਕਰਤਾਵਾਂ ਨੂੰ ਨਿਵਿਦਾ ਦੇ ਸਮੇਂ ਪਹੁੰਚ ਹੋਵੇਗੀ।

ਨੋਟ: ਤਕਨੀਕੀ ਅਤੇ ਵਿਤੀ ਯੋਗਤਾ ਅਤੇ ਹੋਰ ਸਾਰੇ ਨਿਯਮ ਅਤੇ ਸ਼ਰਤਾਂ, ਨਿਵਿਦਾ ਦਸਤਾਵੇਜ ਵਿਚ ਵੇਖੇ ਜਾ ਸਕਦੇ ਹਨ ਅਤੇ ਰੇਲਵੇ ਦੀ ਵੈਬਸਾਈਟ ਯਾਨੀ www.ireps.gov.in ਤੋਂ ਡਾਊਨਲੋਡ ਕੀਤੇ ਜਾ ਸਕਦੇ ਹਨ।

ਨਿਵਿਦਾ ਸੂਚਨਾ ਕ੍ਰਮਾਂਕ: NR/Proj/UMB/RC/Advt./01
ਮਿਤੀ: 04.06.2026   1919/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

ਚੜ੍ਹਦੀਕਲਾ ਪੜ੍ਹੋ, ਚੜ੍ਹਦੀਕਲਾ ਵਿੱਚ ਰਹੋ।

ਪੰਜਾਬ ਸਰਕਾਰ

ਟੈਂਡਰ ਹਵਾਲਾ ਨੰਬਰ ...NP/Arni/2026/655 (04-06-2026)
ਵਿਭਾਗ: ਨਗਰ ਪੰਚਾਇਤ ਅਰਨੀਵਾਲਾ ਸ਼ੇਖਸੁਭਾਨ

ਬੋਲੀਆਂ ਦੀ ਮੰਗ: ਨਗਰ ਪੰਚਾਇਤ ਅਰਨੀਵਾਲਾ ਸ਼ੇਖਸੁਭਾਨ ਪੀ.ਡਬਲਯੂ.ਡੀ. ਬੀ.ਐਂਡ.ਆਰ., ਨਗਰ ਕੌਂਸਲ, ਰਜਿਸਟਰਾਰ ਸਹਿਕਾਰੀ ਸਭਾਵਾਂ ਦੁਆਰਾ ਸੂਚੀਬੱਧ ਫਰਮਾਂ ਵਜੋਂ ਵੱਖ-ਵੱਖ ਕੰਮਾਂ ਲਈ ਪ੍ਰਤੀਸ਼ਤ ਦਰ ਦੇ ਆਧਾਰ 'ਤੇ ਈ-ਟੈਂਡਰ ਮੰਗਦੀ ਹੈ। ਹੋਰ ਵਿਸਤ੍ਰਿਤ ਨਿਯਮ ਅਤੇ ਸ਼ਰਤਾਂ ਕਿਸੇ ਵੀ ਕੰਮ ਵਾਲੇ ਦਿਨ ਨਗਰ ਪੰਚਾਇਤ ਅਰਨੀਵਾਲਾ ਸ਼ੇਖਸੁਭਾਨ ਦੇ ਦਫ਼ਤਰ ਜਾਂ ਨਗਰ ਪੰਚਾਇਤ ਅਰਨੀਵਾਲਾ ਸ਼ੇਖਸੁਭਾਨ ਦੇ ਨੋਟਿਸ ਬੋਰਡ 'ਤੇ ਵੇਖੀਆਂ ਜਾ ਸਕਦੀਆਂ ਹਨ। ਜੇਕਰ ਟੈਂਡਰ ਨੋਟਿਸ ਵਿੱਚ ਕੋਈ ਸੋਧ ਹੈ, ਤਾਂ ਸੋਧ ਵੈੱਬਸਾਈਟ 'ਤੇ ਅਪਲੋਡ ਕੀਤੀ ਜਾਣੀ ਚਾਹੀਦੀ ਹੈ।
ਮਿਤੀ ਅਤੇ ਸਮਾਂ:

ਬੋਲੀ ਲਈ ਟੈਂਡਰਾਂ ਦੀ ਔਨਲਾਈਨ ਉਪਲਬਧਤਾ	ਬੋਲੀ ਦਸਤਾਵੇਜ਼ ਔਨਲਾਈਨ ਜਮ੍ਹਾਂ ਕਰਨ ਦੀ ਆਖਰੀ ਮਿਤੀ	ਤਕਨੀਕੀ ਬੋਲੀ ਖੋਲ੍ਹਣ ਦੀ ਮਿਤੀ
05-06-2026 (ਸਵੇਰੇ 10:00 ਵਜੇ)	22-06-2026 (ਸਵੇਰੇ 9:00 ਵਜੇ)	22-06-2026 (ਦੁਪਹਿਰ 1:00 ਵਜੇ)

ਵੇਰਵਿਆਂ ਲਈ ਲੌਗ ਆਨ ਕਰੋ: http://www/eproc.punjab.gov.in
ਨੋਟ: ਕੋਈ ਵੀ ਸੋਧ ਟੈਂਡਰ ਨੋਟਿਸ ਸਿਰਫ਼ ਉਪਰੋਕਤ ਵੈੱਬਸਾਈਟ 'ਤੇ ਪ੍ਰਕਾਸ਼ਿਤ ਕੀਤਾ ਜਾਵੇਗਾ।

ਸਹੀ/- ਸਹਾਇਕ ਨਗਰ ਇੰਜੀਨੀਅਰ, ਨਗਰ ਪੰਚਾਇਤ ਅਰਨੀਵਾਲਾ ਸ਼ੇਖਸੁਭਾਨ
ਸਹੀ/- ਕਾਰਜਕਾਰੀ ਅਧਿਕਾਰੀ, ਨਗਰ ਪੰਚਾਇਤ ਅਰਨੀਵਾਲਾ ਸ਼ੇਖਸੁਭਾਨ
Ro No. PA ADVT No. 1496/12/2026-27/12061/Dated CHD 05-06-2026

ਪੰਜਾਬ ਸਰਕਾਰ

ਟੈਂਡਰ ਸੂਚਨਾ ਹਵਾਲਾ ਨੰਬਰ 2026/758 **ਮਿਤੀ** 04.06.2026
ਐਸਪੀਓ ਵਿਭਾਗ, ਪੀਏਯੂ, ਲੁਧਿਆਣਾ ਵੱਲੋਂ ਨਿਮਨਲਿਖਤ ਵਿਕਰੀਆਂ ਦੇ ਲਈ ਆਨਲਾਈਨ ਈ-ਟੈਂਡਰ ਮੰਗੇ ਜਾਂਦੇ ਹਨ:

1.	ਕਣਕ ਭਾਗ, ਪਲਾਂਟ ਬ੍ਰੀਡਿੰਗ ਐਂਡ ਜੈਨੇਟਿਕਸ, ਪੀਏਯੂ ਲੁਧਿਆਣਾ ਵਿਖੇ ਵਾਧੂ ਕਣਕ ਮਿਸ਼ਰਿਤ ਉਤਪਾਦ ਦੀ ਵਿਕਰੀ।
2.	ਕੇਵੀਕੇ ਲੰਗੜੋਆ, ਐਸਬੀਐਸ ਨਗਰ ਵਿਖੇ ਕਣਕ ਦੇ ਅਣਵਿਕੇ ਬੀਜਾਂ ਦੀ ਵਿਕਰੀ

ਬੰਦ ਹੋਣ ਦੀ ਮਿਤੀ ਅਤੇ ਸਮਾਂ : 22.06.2026 ਨੂੰ ਸਵੇਰੇ 11.00 ਵਜੇ
ਵੇਰਵਿਆਂ ਲਈ ਲਾਗ ਆਨ ਕਰੋ : www.eproc.punjab.gov.in ਅਤੇ www.pau.edu
ਨੋਟ : ਈ-ਟੈਂਡਰ ਸੂਚਨਾ ਵਿਚ ਕੋਈ ਵੀ ਸੋਧ (ਾਂ) ਕੇਵਲ ਉਕਤ ਵੈਬਸਾਈਟ 'ਤੇ ਹੀ ਪਾਈ ਜਾਵੇਗੀ।
ਸਹੀ/-ਪ੍ਰਬੰਧਕੀ ਸਹਿ ਲੇਖਾ ਅਧਿਕਾਰੀ, ਸਟੋਰ ਖਰੀਦ ਸੰਗਠਨ
ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ
(ਈ-ਮੇਲ : **spoaao@pau.edu**)
RO.No.PR-Advt.No.: 1583/12/2026-27/12027/Dated CHD : 05/06/2026

ਪੰਜਾਬ ਸਰਕਾਰ

ਟੈਂਡਰ/ਆਰਐਫਪੀ ਹਵਾਲਾ ਨੰਬਰ ਮਿਤੀ :
ਨਗਰ ਨਿਗਮ ਹੁਸ਼ਿਆਰਪੁਰ ਦੇ ਵਿਭਾਗ ਵੱਲੋਂ ਨਿਮਨਲਿਖਤ ਦੇ ਲਈ ਆਨਲਾਈਨ ਬੋਲੀਆਂ ਦੀ ਮੰਗ ਕੀਤੀ ਜਾਂਦੀ ਹੈ: ਸਟ੍ਰੀਟ ਲਾਈਟ, ਐਲਈਡੀ ਸਕ੍ਰੀਨ, ਸਿਵਲ ਬਿਟੂਮਨ ਕੰਮ ਆਦਿ

ਦਿਨ	ਆਨਲਾਈਨ ਵਿਕਰੀ ਦੀ ਮਿਤੀ ਅਤੇ ਸਮਾਂ	ਬੰਦ ਹੋਣ ਦੀ ਮਿਤੀ ਅਤੇ ਸਮਾਂ
14 ਦਿਨ	09.06.2026 (ਸਵੇਰੇ 11.00 ਵਜੇ)	23.06.2026 (ਸ਼ਾਮ 05.00 ਵਜੇ)

ਵੇਰਵਿਆਂ ਲਈ ਲਾਗ ਆਨ ਕਰੋ : https://eproc.punjab.gov.in
ਸੋਧ, ਜੇਕਰ ਕੋਈ ਹੋਵੇ, ਵੈਬਸਾਈਟ https://eproc.punjab.gov.in/ 'ਤੇ ਅਪਲੋਡ ਅਤੇ ਦੇਖੀ ਜਾਵੇਗੀ।
ਸਹੀ/-ਨਿਗਮ ਇੰਜੀਨੀਅਰ, ਨਗਰ ਨਿਗਮ, ਹੁਸ਼ਿਆਰਪੁਰ
RO.No.PR-Advt.No.: 1845/12/2026-27/12057/Dated CHD : 05/06/2026

ਪੰਜਾਬ ਸਰਕਾਰ/Government of Punjab
Advertisement No.
Brief Notice

ਲੋਕ ਨਿਰਮਾਣ ਵਿਭਾਗ ਪਟਿਆਲਾ ਵੱਲੋਂ ਆਈ.ਟੀ.ਆਈ. ਖਰੜਾਕਾਰ (ਸਿਵਲ) ਪਾਸ ਉਮੀਦਵਾਰਾਂ ਨੂੰ https://www.apprenticeshipindia.gov ਰਾਹੀਂ ਖਰੜਾਕਾਰ (ਸਿਵਲ) ਐਪਰੇਟਿਸ਼ਪ ਟ੍ਰੇਨਿੰਗ ਲਈ ਰੱਖਿਆ ਜਾਣਾ ਹੈ। ਜਿਸ ਦਾ ਵੇਰਵਾ ਹੇਠ ਅਨੁਸਾਰ ਹੈ :

ਅਪ੍ਰੈਂਟਿਸ਼ਿਪ ਕੋਰਸ ਦੀ ਮਿਆਦ	ਇੱਕ ਸਾਲ (ਅਗਸਤ 2026 ਤੋਂ ਜੁਲਾਈ 2027)
ਸੀਟਾਂ ਦੀ ਗਿਣਤੀ	ਕੁੱਲ 08 (ਜਨਰਲ-05, ਅਨੁਸੂਚਿਤ ਜਾਤੀ-02, ਪੱਛੜੀ ਸ਼੍ਰੇਣੀ-01)
ਵਿਦਿਅਕ ਯੋਗਤਾ	ਆਈ.ਟੀ.ਆਈ. ਡਰਾਫਟਸਮੈਨ (ਸਿਵਲ) ਪਾਸ
ਚੋਣ ਪ੍ਰਕਿਰਿਆ	1. ਉਮੀਦਵਾਰਾਂ ਨੂੰ www.apprenticeshipindia.gov.in ਤੇ ਪ੍ਰੋਫਾਈਲ ਬਨਾਉਣਾ ਹੋਏਗਾ। 2. ਆਪਣਾ ਬਾਇਓ ਡਾਟਾ, ਬੈਂਕ ਵੇਰਵੇ, ਪੈਨ ਕਾਰਡ, ਅਧਾਰ ਕਾਰਡ, ਫੋਟੋਆਂ ਅਤੇ ਆਈ.ਟੀ.ਆਈ. ਦੇ ਆਖਰੀ ਸਮੈਸਟਰ ਦੀ ਮਾਰਕਸ਼ੀਟ ਅਪਲੋਡ ਕਰਨੀ ਹੋਵੇਗੀ। 3. ਉਮੀਦਵਾਰਾਂ ਨੂੰ ਉਨ੍ਹਾਂ ਦੇ ITI ਸਕੋਰਾਂ ਦੇ ਆਧਾਰ ਤੇ ਸ਼ਾਰਟਲਿਸਟ ਕੀਤਾ ਜਾਵੇਗਾ। ਇਸ ਅਨੁਸਾਰ ਸੀਟਾਂ ਅਲਾਟ ਕੀਤੀਆਂ ਜਾਣਗੀਆਂ।
ਵਜੀਫਾ	10560/- ਪ੍ਰਤੀ ਮਹੀਨਾ
ਤਾਇਨਾਤੀ ਦਾ ਸਥਾਨ	ਦਫਤਰ ਮੁੱਖ ਇੰਜੀਨੀਅਰ, ਲੋਕ ਨਿਰਮਾਣ ਵਿਭਾਗ, (ਭ ਤੇ ਮ ਸ਼ਾਖਾ), ਪਟਿਆਲਾ
ਅਰਜੀਆਂ ਪ੍ਰਾਪਤ ਕਰਨ ਤੇ ਪੋਰਟਲ ਤੇ ਰਜਿਸਟਰ ਕਰਨ ਦੀ ਮਿਤੀ	15.06.2026
ਅਰਜੀਆਂ ਪ੍ਰਾਪਤ ਕਰਨ ਅਤੇ ਪੋਰਟਲ ਤੇ ਰਜਿਸਟਰ ਕਰਨ ਦੀ ਸਮਾਪਤੀ ਮਿਤੀ	30.06.2026
ਦਸਤਾਵੇਜ਼ ਜਾਂਚ ਕਰਨ ਦੀ ਮਿਤੀ ਤੇ ਸਮਾਂ	06.07.2026 (ਸਮਾਂ ਸਵੇਰੇ 09:00 ਤੋਂ ਸ਼ਾਮ 05:00 ਵਜੇ ਤੱਕ) ਜੇਕਰ ਸਰਕਾਰ ਵੱਲੋਂ ਕੋਈ ਛੁੱਟੀ ਅਨਾਊਂਸ ਹੁੰਦੀ ਹੈ ਤਾਂ ਅਗਲੇ ਦਿਨ ਮਿੰਨੀ ਸਕੱਤਰੇਤ ਬਲਾਕ-ਸੀ, ਕਮਰਾ ਨੰ. 412, ਲੋ:ਨਿ:ਵਿ:, (ਭ ਤੇ ਮ ਸ਼ਾਖਾ), ਪਟਿਆਲਾ ਵਿਖੇ ਪਹੁੰਚਣਾ ਹੋਵੇਗਾ।

ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ ਨੰ. 2, ਲੋਕ ਨਿਰਮਾਣ ਵਿਭਾਗ, ਭ ਤੇ ਮ ਸ਼ਾਖਾ, ਪਟਿਆਲਾ।
Ro No.: PR-Advt. No.: 1514/12/2026-27/12080/Dated CHD : 05.06.2026

ਪੈਪਸੂ ਰੋਡ ਟਰਾਂਸਪੋਰਟ ਕਾਰਪੋਰੇਸ਼ਨ ਪਟਿਆਲਾ
ਥੋੜ੍ਹੇ ਸਮੇਂ ਦੀ ਕੁਟੇਸ਼ਨ ਸੂਚਨਾ

ਪੀਡਬਲਯੂਡੀ (ਬੀ ਐਂਡ ਆਰ)/ਪੁਡਾ/ਕੇਂਦਰੀ/ਰਾਜ ਸਰਕਾਰ ਦੇ ਵਿਭਾਗਾਂ/ਪੀਐਸਯੂ ਵਿੱਚ ਸੂਚੀਬੱਧ ਯੋਗ ਠੇਕੇਦਾਰਾਂ/ਐਲ ਐਂਡ ਸੀ ਸੋਸਾਇਟੀਆਂ/ਫਰਮਾਂ ਤੋਂ ਢੁਕਵੀਂ ਸ਼੍ਰੇਣੀ ਅਤੇ ਸ਼੍ਰੇਣੀ ਲਈ ਦੋ ਲਿਫਾਫਿਆਂ ਵਿੱਚ ਹੇਠਾਂ ਦੱਸੇ ਗਏ ਕੰਮਾਂ ਲਈ ਡੀਐਨਆਈਕਿਊ ਰਕਮ 'ਤੇ ਪ੍ਰਤੀਸ਼ਤ ਦਰ ਦੇ ਆਧਾਰ 'ਤੇ ਸੀਲਬੰਦ ਕੁਟੇਸ਼ਨਾਂ ਮੰਗੀਆਂ ਜਾਂਦੀਆਂ ਹਨ: -
1 ਪੀਆਰਟੀਸੀ ਨਿਊ ਵਰਕਸ਼ਾਪ ਪਟਿਆਲਾ ਵਿਖੇ 120-ਲੀਟਰ ਸਮਰੱਥਾ ਦੇ ਨਾਲ ਏਕੀਕ੍ਰਿਤ 500 ਐਲਪੀਐਚ (ਲੀਟਰ ਪ੍ਰਤੀ ਘੰਟਾ) ਵਪਾਰਕ ਆਰਓ ਸਿਸਟਮ ਪ੍ਰਦਾਨ ਕਰਨਾ ਅਤੇ ਫਿਕਸ ਕਰਨਾ (ਕੋਟੇਸ਼ਨ ਲਾਗਤ 4.59 ਲੱਖ ਅਤੇ ਈਐਮਡੀ 9200.00)
2 ਪੀਆਰਟੀਸੀ ਵਰਕਸ਼ਾਪ ਫਰੀਦਕੋਟ ਵਿਖੇ 120-ਲੀਟਰ ਸਮਰੱਥਾ ਦੇ ਨਾਲ ਏਕੀਕ੍ਰਿਤ 500 ਐਲਪੀਐਚ (ਲੀਟਰ ਪ੍ਰਤੀ ਘੰਟਾ) ਵਪਾਰਕ ਆਰਓ ਸਿਸਟਮ ਪ੍ਰਦਾਨ ਕਰਨਾ ਅਤੇ ਫਿਕਸ ਕਰਨਾ (ਕੋਟੇਸ਼ਨ ਲਾਗਤ 4.59 ਲੱਖ ਅਤੇ ਈਐਮਡੀ 9200.00)
"ਕੋਟੇਸ਼ਨ ਸੱਦਾ ਦੇਣ ਲਈ ਵੇਰਵੇ ਨੋਟਿਸ" ਦੇ ਸਾਰੇ ਨਿਯਮ ਅਤੇ ਸ਼ਰਤਾਂ 15.06.2026 ਨੂੰ ਦੁਪਹਿਰ 12:00 ਵਜੇ ਤੱਕ ਪ੍ਰਾਪਤ ਕੀਤੀਆਂ ਜਾ ਸਕਦੀਆਂ ਹਨ ਅਤੇ ਉਸੇ ਦਿਨ ਦੁਪਹਿਰ 3:00 ਵਜੇ ਖੋਲ੍ਹੀਆਂ ਜਾ ਸਕਦੀਆਂ ਹਨ। ਕੋਟੇਸ਼ਨ ਸੰਬੰਧੀ ਸੋਧ/ਜੋੜ, ਜੇਕਰ ਕੋਈ ਹੈ, ਇਸ ਦਫ਼ਤਰ ਦੁਆਰਾ www.pepsurtc.com 'ਤੇ ਜਾਰੀ ਕੀਤਾ ਜਾਵੇਗਾ।
ਸਹੀ/- ਕਾਰਜਕਾਰੀ ਇੰਜੀਨੀਅਰ (3➾)
ਪੀ.ਆਰ.ਟੀ.ਸੀ. ਪਟਿਆਲਾ
RO. No. Advt. No.1044/12/2026-27/12035/Dated CHD 5/6/26

ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ
O/o Assistant Executive Engineer / Enforcement PSPCL Jalandhar
Address : Room No. 317 2nd floor, Shakti Sadan Near LKC College Jalandhar
E-mail : aee-enf2-jal@pspcl.in, Mob.: 96461-37772

ਟੈਂਡਰ ਇਨਕੁਆਇਰੀ ਨੰਬਰ : 01/AEE/ENF/2026-27/PSPCL/Jalandhar, Dated : 10.06.2026

ਬਾਹਰਲੇ ਸੋਮਿਆਂ ਤੋਂ ਇੱਕ ਨੰਬਰ diesel/petrol/CNG vehicle Mahindra Bolero/TUV300/Xylo ਜਾਂ ਇਸ ਦੇ ਬਰਾਬਰ ਦੀ ਕੀਮਤ ਵਾਲੀ ਗੱਡੀ ਸਹਾਇਕ ਕਾਰਜਕਾਰੀ ਇੰਜੀਨੀਅਰ/ਇੰਨਫੋਰਸਮੈਂਟ ਪੀ.ਐਸ.ਪੀ.ਸੀ.ਐਲ. ਜਲੰਧਰ ਦੇ ਦਫਤਰ ਲਈ ਇੱਕ ਸਾਲ (ਸਮਾਂ 06/2026 to 06/2027) (ਗੱਡੀ 5 ਸਾਲ ਪੁਰਾਣੀ ਨਹੀਂ ਹੋਣੀ ਚਾਹੀਦੀ) ਵਾਸਤੇ ਕਿਰਾਏ ਤੇ ਲੈਣ ਸਬੰਧੀ।

ਟੈਂਡਰ ਦਸਤਾਵੇਜ਼ ਵੇਚਣ ਦੀ ਆਖਰੀ ਮਿਤੀ	:26.06.2026 up to 11:00 AM
ਟੈਂਡਰ ਪ੍ਰਾਪਤ ਕਰਨ ਦੀ ਆਖਰੀ ਮਿਤੀ ਅਤੇ ਸਮਾਂ	:26.06.2026, 05:00 PM
ਟੈਂਡਰ ਖੋਲ੍ਹਣ ਦੀ ਮਿਤੀ ਅਤੇ ਸਮਾਂ :	27.06.2026, 11:00 AM
ਟੈਂਡਰ ਦਸਤਾਵੇਜ਼ ਦੀ ਕੀਮਤ :	Rs. 1180/- (ਸਮੇਤ ਜੀ.ਐਸ.ਟੀ.)

ਇਸ ਟੈਂਡਰ ਸਬੰਧੀ ਡਿਟੇਲ PSPCL Website (www.pspcl.in) ਡਾਊਨਲੋਡ ਕੀਤੀ ਜਾ ਸਕਦੀ ਹੈ। ਕਿਸੇ ਸੋਧ ਲਈ ਅਖਬਾਰ ਵਿੱਚ ਵੱਖਰਾ ਇਸ਼ਤਿਹਾਰ ਨਹੀਂ ਦਿੱਤਾ ਜਾਵੇਗਾ। ਇਸ ਲਈ ਚਾਹਵਾਨ ਕਿਸੇ ਵੀ ਅਪਡੇਟ ਲਈ ਵੈੱਬਸਾਈਟ ਰੈਗੂਲਰ ਚੈੱਕ ਕਰਦੇ ਰਹਿਣ।
Detailed NIT/specifications/Terms and conditions may be downloaded from PSPCL website (www.pspcl.in) corrigendum if any, will not be published in news paper as such the website may be Visited regularly for any update.
C 624/26
Ro No. PR-Advt. No.: 1079 / 12 / 2026-27 / 12074 / Dated CHD : 05.06.2026

PSPCL Punjab State Power Corporation Limited
(ਦਫਤਰ - ਸੀਨੀਅਰ ਕਾਰਜਕਾਰੀ ਇੰਜੀਨੀਅਰ ਵੰਡ ਮੰਡਲ ਫਰੀਦਕੋਟ)
66 ਕੇ.ਵੀ. ਸਬ ਸਟੇਸ਼ਨ ਤਲਵੰਡੀ ਰੋਡ, ਫਰੀਦਕੋਟ ਫੋਨ ਨੰ. 96561-14518, ਈ-ਮੇਲ : xendspspclfdk@gmail.com

ਸੀਨੀ. ਕਾ.ਕਾ. ਇੰਜ. ਵੰਡ ਮੰਡਲ ਪੀ.ਐਸ.ਪੀ.ਸੀ.ਐਲ. ਫਰੀਦਕੋਟ ਦੁਆਰਾ ਦਫਤਰ ਨਿਗਰਾਨ ਇੰਜ ਵੰਡ ਹਲਕਾ ਫਰੀਦਕੋਟ ਲਈ ਆਊਟਸੋਰਸਿੰਗ ਰਾਹੀਂ ਹੇਠਾਂ ਦਰਸਾਏ ਅਨੁਸਾਰ 1 ਨੰਬਰ ਗੱਡੀ (ਟਾਊਟਾ ਇਟਓਸ, ਮਾਰੂਤੀ ਸਜੁਕੀ ਬਰੇਜ਼ਾ ਜਾਂ ਉਸ ਦੇ ਬਰਾਬਰ ਦੀ ਗੱਡੀ) ਦੀ ਜ਼ਰੂਰਤ ਹੈ। ਇਹ ਗੱਡੀ ਦਫਤਰੀ ਕੰਮਾਂ ਲਈ ਵਰਤੀ ਜਾਣੀ ਹੈ। ਇਸ ਲਈ ਸੀਮਤ ਟੈਂਡਰ ਇਨਕੁਆਇਰੀ ਨੰ. 02/2026-2027/ਵੰਡ ਮੰਡਲ ਫਰੀਦਕੋਟ ਜਾਰੀ ਕੀਤਾ ਗਿਆ ਹੈ। ਚਾਹਵਾਨ ਆਪਣੀਆਂ ਕੁਟੇਸ਼ਨਾਂ ਮਿਤੀ 04.07.2026 ਦੁਪਹਿਰ 01:30 ਵਜੇ ਤੱਕ ਆਪਣੀਆਂ ਕੁਟੇਸ਼ਨਾ ਸਿਰਫ ਡਾਕ ਰਾਹੀਂ ਜਾਂ ਨਿੱਜੀ ਤੌਰ ਤੇ ਇਸ ਦਫਤਰ ਨੂੰ ਭੇਜ ਸਕਦੇ ਹਨ। ਇਸ ਟੈਂਡਰ ਦੀਆਂ ਕੁਟੇਸ਼ਨਾਂ ਨੂੰ ਮਿਤੀ 05.07.2026 ਨੂੰ ਸਵੇਰੇ 10:00 ਵਜੇ ਖੋਲ੍ਹਿਆ ਜਾਵੇਗਾ। ਵਧੇਰੇ ਜਾਣਕਾਰੀ ਲਈ ਫੋਨ ਨੰ. 96461-14518 ਉਪਰ ਦਫਤਰੀ ਸਮੇਂ ਦੌਰਾਨ ਸੰਪਰਕ ਕੀਤਾ ਜਾ ਸਕਦਾ ਹੈ ਜੀ।
ਨੋਟ : ਜੇਕਰ ਕਿਸੇ ਕਾਰਨ ਕਰਕੇ ਟੈਂਡਰ ਪ੍ਰਕਿਰਿਆ ਪੂਰੀ ਨਹੀਂ ਹੁੰਦੀ ਤਾਂ ਇਸ ਸਬੰਧੀ ਕੋਰੀਜੰਡਮ ਅਖ਼ਬਾਰਾਂ ਵਿੱਚ ਪ੍ਰਕਾਸ਼ਿਤ ਨਹੀਂ ਕੀਤਾ ਜਾਵੇਗਾ।
C 622 / 26
Ro No. PR-Advt. No.: 1079 / 12 / 2026-27 / 12069 / Dated CHD : 05.06.2026

Punjab State Power Corporation Ltd.
(Regd. Office PSEB Head Office, The Mall, Patiala)
Corporate Identification No.: U40109PB2010SGC033813 Website : www.pspcl.in
(Contact : 96461-14535)

ਟੈਂਡਰ ਇਨਕੁਆਇਰੀ ਨੰਬਰ : 04/2026-27   ਮਿਤੀ : 04.06.2026

ਉਪ ਮੁੱਖ ਇੰਜੀਨੀਅਰ/ਪੀ ਅਤੇ ਐਮ ਹਲਕਾ, ਪਟਿਆਲਾ ਸ਼ੈੱਡ ਨੰ:- ਡੀ 1, ਸ਼ਕਤੀ ਵਿਹਾਰ ਪੀ.ਐਸ.ਪੀ.ਸੀ.ਐਲ., ਪਟਿਆਲਾ ਵੱਲੋਂ ਆਪਣੇ ਅਧੀਨ ਪੈਂਦੇ ਵੱਖ-ਵੱਖ ਦਫਤਰਾਂ ਅਤੇ 66 ਕੇ.ਵੀ. ਸਬ-ਸਟੇਸ਼ਨਾਂ ਦੇ ਹਾਊਸਕੀਪਿੰਗ ਦੇ ਕੰਮ ਜਿਵੇਂ ਕਿ ਸਾਫ ਸਫਾਈ, ਝਾੜੂ ਪੋਚਾ ਅਤੇ ਬਗੀਚੇ ਦੀ ਸਾਂਭ ਸੰਭਾਲ ਨੂੰ ਇੱਕ ਸਾਲ ਲਈ ਆਊਟਸੋਰਸਿੰਗ ਰਾਹੀਂ ਕਰਨ ਲਈ ਟੈਂਡਰ ਈ-ਟੈਂਡਰ ਪ੍ਰਣਾਲੀ ਰਾਹੀਂ ਸੱਦੇ ਜਾਂਦੇ ਹਨ।
ਵਿਸਤ੍ਰਿਤ ਟੈਂਡਰ ਮੰਗ ਨੋਟਿਸ ਅਤੇ ਟੈਂਡਰ ਸਪੈਸੀਫਿਕੇਸ਼ਨ https://eproc.punjab.gov.in/ ਮਿਤੀ 04.06.2026 ਸਵੇਰੇ 11:00 ਵਜੇ ਤੋਂ ਵੇਖੇ ਜਾ ਸਕਦੇ ਹਨ।
ਨੋਟ : ਸੋਧ ਸਬੰਧੀ ਵੇਰਵੇ ਵੈੱਬਸਾਈਟ https://eproc.punjab.gov.in/ ਤੇ ਵੇਖੇ ਜਾਣ।
C 621 / 26
Ro No.: PR-Advt. No.: 1079 / 12 / 2026-27 / 12068 / Dated CHD : 05.06.2026

ਵਿਧਾਇਕ ਗਿਆਸਪੁਰਾ ਦੇ ਯਤਨਾਂ ਸਦਕਾ ਪਿੰਡ ਝੱਮਟ ਨੂੰ ਮਿਲਿਆ ਨਹਿਰੀ ਪਾਣੀ

600 ਏਕੜ ਰਕਬੇ ਲਈ ਨਹਿਰ 'ਚੋਂ ਲਾਇਆ ਮੋਘਾ, ਪਾਇਲ ਹਲਕੇ ਵਿੱਚ ਨਹਿਰੀ ਕ੍ਰਾਂਤੀ ਦੀ ਨਵੀਂ ਮਿਸਾਲ

ਪਾਇਲ, ਖੰਨਾ, 5 ਜੂਨ, (ਸੰਜੀਵ ਲਹਿਲ/ਵਿਸ਼ਾਲ ਸ਼ਰਮਾ) : ਪਾਇਲ ਹਲਕੇ ਦੇ ਪਿੰਡ ਝੱਮਟ ਲਈ ਉਹ ਇਤਿਹਾਸਕ ਪਲ ਆ ਗਿਆ, ਜਿਸਦੀ ਉਡੀਕ ਪਿੰਡ ਵਾਸੀ ਅਤੇ ਕਿਸਾਨ ਕਈ ਦਹਾਕਿਆਂ ਤੋਂ ਕਰ ਰਹੇ ਸਨ। ਆਜ਼ਾਦੀ ਤੋਂ ਬਾਅਦ ਪਹਿਲੀ ਵਾਰ ਪਿੰਡ ਦੀ ਕਰੀਬ 600 ਏਕੜ ਜ਼ਮੀਨ ਲਈ ਨਹਿਰੀ ਪਾਣੀ ਦਾ ਮੋਘਾ ਚਾਲੂ ਹੋ ਗਿਆ ਹੈ। ਇਸ ਉਪਲਬਧੀ ਨਾਲ ਪਿੰਡ ਦੇ ਕਿਸਾਨਾਂ ਵਿੱਚ ਖੁਸ਼ੀ ਦਾ ਮਾਹੌਲ ਹੈ ਅਤੇ ਲੋਕ ਇਸਨੂੰ ਪਿੰਡ ਦੇ ਵਿਕਾਸ ਲਈ ਇੱਕ ਨਵੇਂ ਯੁੱਗ ਦੀ ਸ਼ੁਰੂਆਤ ਵਜੋਂ ਦੇਖ ਰਹੇ ਹਨ।

ਇਸ ਮੌਕੇ ਕਿਸਾਨਾਂ ਅਤੇ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਪਾਇਲ ਹਲਕੇ ਦੇ ਵਿਧਾਇਕ ਇੰਜੀਨੀਅਰ ਮਨਵਿੰਦਰ ਸਿੰਘ ਗਿਆਸਪੁਰਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਾਲਾਂ ਤੋਂ ਲਟਕ ਰਹੀ ਇਹ ਮੰਗ ਅੱਜ ਪੂਰੀ ਹੋਈ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਨਹਿਰ ਦਾ ਪਾਣੀ ਪਿੰਡ ਕੋਲੋਂ ਲੰਘਦਾ ਤਾਂ ਸੀ, ਪਰ ਇਸਦਾ ਲਾਭ ਸਥਾਨਕ ਕਿਸਾਨਾਂ ਨੂੰ ਨਹੀਂ ਮਿਲਦਾ ਸੀ।

ਵਿਧਾਇਕ ਇੰਜੀਨੀਅਰ ਮਨਵਿੰਦਰ ਸਿੰਘ ਗਿਆਸਪੁਰਾ ਨੇ ਇਸ ਮੌਕੇ ਕਿਹਾ ਕਿ ਪਾਇਲ ਹਲਕੇ ਦੇ ਹਰ ਪਿੰਡ ਦੇ ਵਿਕਾਸ ਲਈ ਪੰਜਾਬ ਸਰਕਾਰ ਵਚਨਬੱਧ ਹੈ ਅਤੇ ਨਹਿਰੀ ਪਾਣੀ ਨਾਲ ਜੁੜੇ ਪ੍ਰੋਜੈਕਟਾਂ ਨੂੰ ਤਰਜੀਹ ਦਿੱਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਨਗਰ ਝੱਮਟ ਦੇ ਕਿਸਾਨ ਲੰਬੇ ਸਮੇਂ ਤੋਂ ਨਹਿਰੀ ਪਾਣੀ ਦੀ ਮੰਗ ਕਰ ਰਹੇ ਸਨ, ਪਰ ਪਿਛਲੀਆਂ ਸਰਕਾਰਾਂ ਨੇ ਇਸ ਮੰਗ ਵੱਲ ਕੋਈ ਧਿਆਨ ਨਹੀਂ ਦਿੱਤਾ। ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਬਾਅਦ ਇਸ ਮਸਲੇ ਨੂੰ ਗੰਭੀਰਤਾ ਨਾਲ ਲਿਆ ਗਿਆ ਅਤੇ ਲਗਾਤਾਰ ਯਤਨਾਂ ਦੇ ਨਤੀਜੇ ਵਜੋਂ ਅੱਜ ਇਹ ਸੁਪਨਾ ਸਾਕਾਰ ਹੋਇਆ ਹੈ।

ਗਿਆਸਪੁਰਾ ਨੇ ਕਿਹਾ ਕਿ ਪਹਿਲਾਂ ਹਾਲਾਤ ਅਜਿਹੇ ਸਨ ਕਿ ਕਿਸਾਨ ਨਹਿਰ ਵਿੱਚ ਪਾਣੀ ਦੇਖਦੇ ਤਾਂ ਸਨ ਪਰ ਉਸਦੀ ਵਰਤੋਂ ਨਹੀਂ ਕਰ ਸਕਦੇ ਸਨ। ਕਈ ਵਾਰ ਕਿਸਾਨਾਂ ਨੂੰ ਪਾਣੀ ਲੈਣ ਦੀ ਕੋਸ਼ਿਸ਼ ਕਰਨ 'ਤੇ ਪ੍ਰਸ਼ਾਸਨਿਕ ਕਾਰਵਾਈ ਦਾ ਸਾਹਮਣਾ ਵੀ ਕਰਨਾ ਪੈਂਦਾ ਸੀ। ਹੁਣ ਸਰਕਾਰ ਨੇ ਕਿਸਾਨਾਂ ਦੀ ਇਸ ਪੁਰਾਣੀ ਸਮੱਸਿਆ ਦਾ ਹੱਲ ਕਰ ਦਿੱਤਾ ਹੈ ਅਤੇ ਕਰੀਬ 600 ਏਕੜ ਰਕਬੇ ਨੂੰ ਸਿੱਧਾ ਲਾਭ ਮਿਲੇਗਾ।

ਉਨ੍ਹਾਂ ਕਿਹਾ ਕਿ ਨਹਿਰੀ ਪਾਣੀ ਮਿਲਣ ਨਾਲ ਕਿਸਾਨਾਂ ਦੀ ਟਿਊਬਵੈੱਲਾਂ ਉੱਤੇ ਨਿਰਭਰਤਾ ਘਟੇਗੀ, ਬਿਜਲੀ ਦੀ ਬੱਚਤ ਹੋਵੇਗੀ ਅਤੇ ਸਿੰਚਾਈ ਦਾ ਖਰਚਾ ਵੀ ਘੱਟ ਹੋਵੇਗਾ।ਇਸ ਨਾਲ ਨਾ ਸਿਰਫ਼ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਹੋਵੇਗਾ, ਸਗੋਂ ਧਰਤੀ ਹੇਠਲੇ ਪਾਣੀ ਦੀ ਸੰਭਾਲ ਵਿੱਚ ਵੀ ਮੱਦਦ ਮਿਲੇਗੀ। ਇਹ ਕਦਮ ਖੇਤੀਬਾੜੀ ਨੂੰ ਹੋਰ ਮਜ਼ਬੂਤ ਅਤੇ ਲਾਭਕਾਰੀ ਬਣਾਉਣ ਵੱਲ ਇੱਕ ਵੱਡਾ ਯਤਨ ਹੈ।

ਕਿਸਾਨਾਂ ਨੇ ਖੁਸ਼ੀ ਜ਼ਾਹਿਰ ਕਰਦਿਆਂ ਕਿਹਾ ਕਿ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਨੇ ਹਮੇਸ਼ਾ ਲੋਕਾਂ ਦੀਆਂ ਮੁਸ਼ਕਲਾਂ ਨੂੰ ਆਪਣੀ ਪਹਿਲ ਦਿੱਤੀ ਹੈ। ਉਨ੍ਹਾਂ ਦੀ ਲਗਾਤਾਰ ਮਿਹਨਤ ਅਤੇ ਸਰਕਾਰ ਨਾਲ ਪ੍ਰਭਾਵਸ਼ਾਲੀ ਤਾਲਮੇਲ ਕਾਰਨ ਹੀ ਇਹ ਪ੍ਰੋਜੈਕਟ ਸੰਭਵ ਹੋ ਸਕਿਆ ਹੈ। ਕਿਸਾਨਾਂ ਨੇ ਕਿਹਾ ਕਿ ਇਹ ਸਿਰਫ਼ ਇੱਕ ਮੋਘਾ ਨਹੀਂ, ਸਗੋਂ ਪਿੰਡ ਦੇ ਭਵਿੱਖ ਨੂੰ ਰੌਸ਼ਨ ਕਰਨ ਵਾਲਾ ਵਿਕਾਸ ਦਾ ਦਰਵਾਜ਼ਾ ਹੈ।

ਵਿਧਾਇਕ ਗਿਆਸਪੁਰਾ ਨੇ ਅੱਗੇ ਕਿਹਾ ਕਿ ਪਾਇਲ ਹਲਕੇ ਦੇ ਹਰ ਪਿੰਡ ਵਿੱਚ ਪਾਣੀ ਨਾਲ ਸਬੰਧਤ ਪ੍ਰੋਜੈਕਟਾਂ ਉੱਤੇ ਤੇਜ਼ੀ ਨਾਲ ਕੰਮ ਚੱਲ ਰਿਹਾ ਹੈ। ਸਰਕਾਰ ਦਾ ਟੀਚਾ ਹੈ ਕਿ ਕਿਸਾਨਾਂ ਨੂੰ ਸਿੰਚਾਈ ਲਈ ਪੂਰੀਆਂ ਸਹੂਲਤਾਂ ਮਿਲਣ ਅਤੇ ਕਿਸੇ ਵੀ ਪਿੰਡ ਨੂੰ ਵਿਕਾਸ ਪੱਖੋਂ ਪਿੱਛੇ ਨਾ ਰਹਿਣ ਦਿੱਤਾ ਜਾਵੇ। ਉਨ੍ਹਾਂ ਵਿਸ਼ਵਾਸ ਜਤਾਇਆ ਕਿ ਨਗਰ ਝੱਮਟ ਵਿੱਚ ਸ਼ੁਰੂ ਹੋਇਆ ਇਹ ਪ੍ਰੋਜੈਕਟ ਹੋਰ ਪਿੰਡਾਂ ਲਈ ਵੀ ਪ੍ਰੇਰਨਾ ਬਣੇਗਾ।

ਪਿੰਡ ਝੱਮਟ ਵਿੱਚ ਨਹਿਰੀ ਪਾਣੀ ਦੀ ਆਮਦ ਨਾਲ ਕਿਸਾਨਾਂ ਦੇ ਚਿਹਰਿਆਂ ਉੱਤੇ ਖੁਸ਼ੀ ਸਾਫ਼ ਨਜ਼ਰ ਆ ਰਹੀ ਸੀ। ਪਿੰਡ ਵਾਸੀਆਂ ਦਾ ਕਹਿਣਾ ਸੀ ਕਿ ਦਹਾਕਿਆਂ ਪੁਰਾਣੀ ਮੰਗ ਪੂਰੀ ਹੋਣ ਨਾਲ ਉਨ੍ਹਾਂ ਨੂੰ ਮਹਿਸੂਸ ਹੋ ਰਿਹਾ ਹੈ ਕਿ ਹੁਣ ਸਰਕਾਰ ਸੱਚਮੁੱਚ ਜ਼ਮੀਨੀ ਪੱਧਰ 'ਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰ ਰਹੀ ਹੈ। ਇਹ ਪ੍ਰੋਜੈਕਟ ਪਿੰਡ ਦੇ ਵਿਕਾਸ, ਖੇਤੀਬਾੜੀ ਦੀ ਤਰੱਕੀ ਅਤੇ ਕਿਸਾਨਾਂ ਦੀ ਖੁਸ਼ਹਾਲੀ ਲਈ ਇੱਕ ਨਵਾਂ ਅਧਿਆਇ ਸਾਬਤ ਹੋਵੇਗਾ।

ਗੁ: ਸਿੰਘ ਸਭਾ ਵਿਖੇ ਜੂਨ '84 ਦੇ ਸ਼ਹੀਦਾਂ ਦੀ ਯਾਦ ਵਿੱਚ ਕੀਰਤਨ ਸਮਾਗਮ

ਲੁਧਿਆਣਾ, 5 ਜੂਨ (ਰਵਿੰਦਰ ਸਿੰਘ ਨਿੱਝਰ) : ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਨਸ਼ਨ ਵਿਖੇ ਸੱਚਖੰਡ ਸ਼੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਿਖੇ ਜੂਨ '84 ਦੌਰਾਨ ਵਾਪਰੇ ਘੱਲੂਘਾਰੇ ਦੌਰਾਨ ਸ਼ਹੀਦ ਹੋਣ ਵਾਲੇ ਸਮੂਹ ਸਿੰਘਾਂ- ਸਿੰਘਣੀਆਂ ਦੀ ਯਾਦ ਨੂੰ ਸਮਰਪਿਤ ਮਹਾਨ ਕੀਰਤਨ ਸਮਾਗਮ ਕਰਵਾਇਆ ਗਿਆ। ਗੁਰੂ ਘਰ ਦੇ ਕੀਰਤਨੀਏ ਭਾਈ ਸ਼ੌਕੀਨ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ਼੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲਿਆਂ ਦੇ ਕੀਰਤਨੀ ਜੱਥੇ ਨੇ ਇਲਾਹੀ ਬਾਣੀ ਦਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ.ਇੰਦਰਜੀਤ ਸਿੰਘ ਮੱਕੜ ਨੇ ਕਿਹਾ ਕਿ ਸੱਚਖੰਡ ਸ਼੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਮੇਤ ਪ੍ਰਮੁੱਖ ਗੁਰਧਾਮਾਂ ਦੀ ਰਾਖੀ ਕਰਨ ਲਈ ਜੂਨ 84 ਦੌਰਾਨ ਭਾਰਤੀ ਫੌਜ ਹੱਥੋਂ ਸ਼ਹੀਦ ਹੋਣ ਵਾਲੇ ਸਿੰਘ ਸਿੰਘਣੀਆਂ ਕੌਮ ਦਾ ਵੱਡਮੁੱਲਾ ਸਰਮਾਇਆ ਹਨ। ਜਿੰਨ੍ਹਾਂ ਦੀ ਲਾਸਾਨੀ ਕੁਰਬਾਨੀ ਇਤਿਹਾਸ ਅੰਦਰ ਸੁਨਹਿਰੀ ਅੱਖਰਾਂ ਵਿੱਚ ਲਿਖੀ ਗਈ ਹੈ। ਉਨ੍ਹਾਂ ਨੇ ਕਿਹਾ ਕਿ ਮਨੁੱਖੀ ਅਣਖ, ਵਿਚਾਰਾਂ ਦੀ ਸੁਤੰਤਰਤਾ ਅਤੇ ਗੁਰਧਾਮਾਂ ਦੀ ਰੱਖਿਆ ਲਈ ਵਹਿਸ਼ੀ ਹਾਕਮਾਂ ਦੇ ਸਾਹਮਣੇ ਆਤਮਕ ਬਲ ਦੀ ਉੱਚਤਤਾ ਦਰਸਾਉਣ ਦੀ ਖਾਤਰ ਸ਼ਹਾਦਤ ਦਾ ਜਾਮ ਪੀਣ ਵਾਲੇ ਸਮੂਹ ਸਿੰਘ-ਸਿੰਘਣੀਆਂ ਦੀ ਕੁਰਬਾਨੀ ਸਾਡੇ ਸਾਰਿਆਂ ਲਈ ਇੱਕ ਚਾਨਣ ਦਾ ਮੁਨਾਰਾ ਹੈ।ਉਨ੍ਹਾਂ ਨੇ ਕਿਹਾ ਕਿ ਅੱਜ ਸਮੇਂ ਦੀ ਮੁੱਖ ਲੋੜ ਹੈ ਕਿ ਮੌਜੂਦਾ ਸਮੇਂ ਦੀ ਨੌਜਵਾਨ ਪੀੜੀ ਗੁਰੂ ਸਾਹਿਬਾਂ ਵੱਲੋ ਬਖਸ਼ੇ ਭਗਤੀ ਤੇ ਸ਼ਕਤੀ ਦੇ ਸੰਕਲਪ ਤੋਂ ਸੇਧ ਲੈ ਕੇ ਬਾਣੀ ਤੇ ਬਾਣੇ ਦੀ ਧਾਰਨੀ ਬਣੇ। ਕੀਰਤਨ ਸਮਾਗਮ ਦੌਰਾਨ ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਨਸ਼ਨ ਦੇ ਪ੍ਰਧਾਨ ਇੰਦਰਜੀਤ ਸਿੰਘ ਮੱਕੜ, ਮਹਿੰਦਰ ਸਿੰਘ ਡੰਗ, ਅਤੱਰ ਸਿੰਘ ਮੱਕੜ, ਰਜਿੰਦਰ ਸਿੰਘ ਡੰਗ, ਹਰਪਾਲ ਸਿੰਘ ਖਾਲਸਾ, ਬਲਬੀਰ ਸਿੰਘ ਭਾਟੀਆ, ਹਰਮਿੰਦਰ ਸਿੰਘ ਕੋਹਲੀ, ਭੁਪਿੰਦਰ ਸਿੰਘ ਜੁਨੇਜਾ, ਗੁਰਦੀਪ ਸਿੰਘ ਡੀਮਾਰਟੇ, ਐਨ.ਪੀ ਸਿੰਘ ਕਥੂਰੀਆਂ, ਸੁਰਿੰਦਰਪਾਲ ਸਿੰਘ ਭੁਟੀਆਨੀ, ਹਰਮੀਤ ਸਿੰਘ ਡੰਗ, ਪਰਮਜੀਤ ਸਿੰਘ ਸੇਠੀ, ਅਵਤਾਰ ਸਿੰਘ ਬੀ.ਕੇ, ਜੋਗਿੰਦਰ ਸਿੰਘ ਸਲੂਜਾ, ਮਨਮੋਹਨ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਤਰੁਣ ਚੁੱਘ ਨੂੰ ਭਾਜਪਾ ਵੱਲੋਂ ਰਾਜ ਸਭਾ ਮੈਂਬਰ ਲਈ ਐਲਾਨੇ ਜਾਣ 'ਤੇ ਮੋਂਗਾ ਵੱਲੋਂ ਵਧਾਈ

ਲੁਧਿਆਣਾ, 5 ਜੂਨ (ਰਵਿੰਦਰ ਸਿੰਘ ਨਿੱਝਰ) : ਭਾਜਪਾ ਦੇ ਕੌਮੀ ਜਨਰਲ ਸਕੱਤਰ ਤਰੁਣ ਚੁੱਘ ਨੂੰ ਭਾਜਪਾ ਦੁਆਰਾ ਰਾਜ ਸਭਾ ਮੈਂਬਰ ਬਣਾਉਣ ਦਾ ਐਲਾਨ ਕਰਨ ਤੇ ਭਾਜਪਾ ਆਗੂ ਮੋਂਗਾ ਨੇ ਖੁਸ਼ੀ ਜਤਾਈ ਅਤੇ ਕਿਹਾ ਕਿ ਇਹ ਪੰਜਾਬ ਵਾਸੀਆਂ ਲਈ ਮਾਣ ਵਾਲੀ ਗੱਲ ਹੈ । ਭਾਜਪਾ ਪੰਜਾਬ ਦੇ ਸੀਨੀਅਰ ਆਗੂ ਵਿਨੀਤ ਪਾਲ ਸਿੰਘ ਮੋਂਗਾ ਅਤੇ ਲੁਧਿਆਣਾ ਜ਼ਿਲ੍ਹਾ ਸ਼ਹਿਰੀ ਮੀਤ ਪ੍ਰਧਾਨ ਭਾਜਪਾ ਮਹਿਲਾ ਮੋਰਚਾ ਰੁਪਿੰਦਰ ਜੀਤ ਕੌਰ ਮੋਂਗਾ (ਰੂਬੀ) ਨੇ ਕਿਹਾ ਕਿ ਭਾਜਪਾ ਦੇ ਕੌਮੀ ਬੁਲਾਰੇ ਤਰੁਣ ਚੁੱਘ ਜੋ ਪੰਜਾਬ ਦੇ ਸ਼੍ਰੀ ਅੰਮ੍ਰਿਤਸਰ ਸ਼ਹਿਰ ਦੇ ਵਾਸੀ ਹਨ ਨੂੰ ਭਾਜਪਾ ਹਾਈਕਮਾਂਡ ਦੁਆਰਾ ਮੱਧ ਪ੍ਰਦੇਸ਼ ਤੋਂ ਰਾਜ ਸਭਾ ਮੈਂਬਰ ਵਜੋਂ ਚੁਣੇ ਜਾਣ ਦਾ ਫੈਸਲਾ ਕੀਤਾ ਗਿਆ ਹੈ ਇਹ ਫੈਸਲਾ ਪੰਜਾਬ ਵਾਸੀਆਂ ਲਈ ਮਾਣ ਦੀ ਗੱਲ ਹੈ। ਉਹਨਾਂ ਆਖਿਆ ਕਿ ਭਾਜਪਾ ਹਾਈ ਕਮਾਨ ਨੇ ਆਪਣੇ ਅਹੁਦੇਦਾਰਾਂ ਵਰਕਰਾਂ ਅਤੇ ਆਮ ਲੋਕਾਂ ਨੂੰ ਇਹ ਸੁਨੇਹਾ ਦਿੱਤਾ ਹੈ ਕਿ ਭਾਜਪਾ ਹਮੇਸ਼ਾ ਮਿਹਨਤੀ ਵਰਕਰਾਂ ਦਾ ਮੁੱਲ ਪਾਉਂਦੀ ਆਈ ਹੈ ਅਤੇ ਭਵਿੱਖ ਵਿੱਚ ਵੀ ਪਾਉਂਦੀ ਰਹੇਗੀ। ਮੋਂਗਾ ਅਤੇ ਬੀਬੀ ਮੋਂਗਾ ਨੇ ਸ਼੍ਰੀ ਚੁੱਘ ਨੂੰ ਮੱਧ ਪ੍ਰਦੇਸ਼ ਤੋਂ ਭਾਜਪਾ ਦਾ ਰਾਜ ਸਭਾ ਮੈਂਬਰ ਐਲਾਨੇ ਜਾਣ 'ਤੇ ਵਧਾਈਆਂ ਦਿੱਤੀਆਂ ਅਤੇ ਭਾਜਪਾ ਕੇਂਦਰੀ ਹਾਈ ਕਮਾਂਡ ਦਾ ਇਸ ਐਲਾਨ ਲਈ ਧੰਨਵਾਦ ਕੀਤਾ। ਉਹਨਾਂ ਕਿਹਾ ਕਿ ਉਹਨਾਂ ਨੂੰ ਪੂਰਾ ਵਿਸ਼ਵਾਸ ਹੈ ਕਿ ਸ਼੍ਰੀ ਚੁੱਘ ਪੰਜਾਬ ਦੇ ਮਸਲਿਆਂ ਨੂੰ ਰਾਜ ਸਭਾ 'ਚ ਉਠਾ ਕੇ ਪੰਜਾਬ ਦੇ ਮਸਲੇ ਪਹਿਲ ਦੇ ਅਧਾਰ 'ਤੇ ਹੱਲ ਕਰਵਾਉਣਗੇ।

ਨਵਜੋਤ ਕੌਰ ਸਿੱਧੂ ਅਤੇ ਹਾਕਮ ਬਖ਼ਤੜੀ ਵਾਲਾ ਵਿੱਚ ਹੋਈ ਵਿਧਾਨ ਸਭਾ ਚੋਣਾਂ ਬਾਰੇ ਵਿਚਾਰ ਵਟਾਂਦਰਾ

ਲੁਧਿਆਣਾ, 5 ਜੂਨ (ਰਵਿੰਦਰ ਸਿੰਘ ਨਿੱਝਰ) : ਬੇਬਾਕ ਬਿਆਨਾਂ ਕਾਰਨ ਅਕਸਰ ਚਰਚਾ ਵਿੱਚ ਰਹਿਣ ਵਾਲੇ ਪੰਜਾਬ ਦੇ ਸਾਬਕਾ ਸੀਪੀਐਸ ਨਵਜੋਤ ਕੌਰ ਸਿੱਧੂ ਅੱਜ ਸ਼ਿਮਲਾਪੁਰੀ ਵਿਖੇ ਉੱਘੇ ਸਮਾਜ ਸੇਵਕ ਜਗਦੇਵ ਸਿੰਘ ਖਾਲਸਾ ਦੇ ਗ੍ਰਹਿ ਵਿਖੇ ਪਧਾਰੇ। ਉਨਾਂ ਨਾਲ ਪੰਜਾਬ ਦੇ ਗਾਇਕਾਂ, ਗੀਤਕਾਰਾਂ, ਸੰਗੀਤਕਾਰਾਂ ਅਤੇ ਸਾਜਿੰਦਿਆਂ ਆਦਿ ਦੀ ਸਿਰਮੌਰ ਜਥੇਬੰਦੀ ਲੋਕ ਗਾਇਕ ਕਲਾ ਮੰਚ ਇੰਟਰਨੈਸ਼ਨਲ ਦੇ ਬਾਨੀ ਪ੍ਰਧਾਨ ਹਾਕਮ ਬਖਤੜੀ ਵਾਲਾ ਨੇ ਮੁਲਾਕਾਤ ਕੀਤੀ। ਮਿਲੀ ਜਾਣਕਾਰੀ ਅਨੁਸਾਰ ਇਸ ਮੌਕੇ ਅਗਲੇ ਸਾਲ ਪੰਜਾਬ ਵਿੱਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਨਵਜੋਤ ਕੌਰ ਸਿੱਧੂ ਨੇ ਆਖਿਆ ਕਿ ਪੰਜਾਬ ਦੀਆਂ ਰਵਾਇਤੀ ਪਾਰਟੀਆਂ ਕੋਲ ਪੰਜਾਬ ਬਾਰੇ ਕੋਈ ਰੋਡ ਮੈਪ ਨਹੀਂ ਹੈ। ਇਹਨਾਂ ਦਾ ਮਕਸਦ ਸਿਰਫ ਰਾਜਗੱਦੀ ਪ੍ਰਾਪਤ ਕਰਕੇ ਪੰਜ ਸਾਲ ਮੌਜਾਂ ਮਾਨਣਾ ਹੈ। ਉਹਨਾਂ ਕਿਹਾ ਕਿ ਉਹ ਪੰਜਾਬ ਨੂੰ ਹੱਸਦਾ ਖੇਡਣਾ ਵੇਖਣਾ ਚਾਹੁੰਦੇ ਹਨ। ਇਸ ਦੇ ਲਈ ਉਹ ਅਗਲੇ ਸਾਲ ਹਰ ਵਿਧਾਨ ਸਭਾ ਹਲਕੇ ਤੋਂ ਆਪਣਾ ਉਮੀਦਵਾਰ ਖੜ੍ਹਾ ਕਰਨਗੇ ਅਤੇ ਸਰਕਾਰ ਬਣਨ ਤੇ ਪੰਜਾਬ ਨੂੰ ਦੇਸ਼ ਦਾ ਨੰਬਰ ਵਨ ਸੂਬਾ ਬਣਾ ਕੇ ਛੱਡਣਗੇ। ਇਸ ਮੌਕੇ ਹਾਕਮ ਬਖਤੜੀ ਵਾਲਾ ਨੇ ਵੀ ਆਖਿਆ ਕਿ ਪੰਜਾਬ ਅੱਜ ਦੀ ਘੜੀ ਆਰਥਿਕ, ਸਮਾਜਿਕ ਅਤੇ ਰਾਜਨੀਤਿਕ ਪੱਖੋਂ ਬੇਹੱਦ ਨਿਘਾਰ ਵੱਲ ਜਾ ਰਿਹਾ ਹੈ। ਇਸ ਨੂੰ ਸੰਭਾਲਣ ਦੀ ਸਖਤ ਜਰੂਰਤ ਹੈ। ਉਹਨਾਂ ਆਖਿਆ ਕਿ ਪੰਜਾਬ ਨੂੰ ਇੱਕ ਅਜਿਹੀ ਪਾਰਟੀ ਦੀ ਲੋੜ ਹੈ ਜਿਸ ਦੇ ਆਗੂਆਂ ਦਾ ਮੁੱਖ ਮਕਸਦ ਰਾਜ ਗੱਦੀ ਤੇ ਬੈਠ ਕੇ ਐਸ਼ੋਰਾਮ ਕਰਨਾ ਨਹੀਂ ਬਲਕਿ ਪੰਜਾਬ ਦੇ ਮੁੱਦਿਆਂ ਤੇ ਦਿਨ ਰਾਤ ਲੜਾਈ ਲੜਨਾ ਹੋਵੇ ਤਾਂ ਕਿ ਪੰਜਾਬ ਵਿੱਚੋਂ ਨਸ਼ਿਆਂ, ਗੈਂਗਸਟਰਵਾਦ, ਚੋਰੀਆਂ, ਡਾਕੇ, ਲੁੱਟਾਂ, ਖੋਹਾਂ, ਫਿਰੌਤੀਆਂ ਅਤੇ ਮਾਫੀਆ ਗ੍ਰੋਹਾਂ ਨੂੰ ਖਤਮ ਕਰਕੇ ਪੰਜਾਬ ਦੇ ਲੋਕਾਂ ਦਾ ਜੀਵਨ ਸੁਖਾਲਾ ਕੀਤਾ ਜਾਵੇ ਅਤੇ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਦਾ ਭਵਿੱਖ ਵੀ ਸੁਰੱਖਿਅਤ ਹੋ ਸਕੇ। ਇਸ ਮੌਕੇ ਸੁਖਵਿੰਦਰ ਸਿੰਘ ਸੁੱਖਾ, ਪਰਗਟ ਸਿੰਘ ਮਹੇਰਨਾ ਅਤੇ ਤਰਨਦੀਪ ਸਿੰਘ ਗਰੇਵਾਲ ਆਦਿ ਵੀ ਮੌਜੂਦ ਸਨ।

ਰਾਜ ਸਭਾ ਸੀਟ ਨਾ ਮਿਲਣਾ ਬਿੱਟੂ ਦੀ ਨਾਕਾਮੀ ਦਾ ਸਬੂਤ : ਦੀਵਾਨ

ਲੁਧਿਆਣਾ, 5 ਜੂਨ (ਰਵਿੰਦਰ ਸਿੰਘ ਨਿੱਝਰ) : ਸੀਨੀਅਰ ਕਾਂਗਰਸੀ ਆਗੂ ਅਤੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ (ਪੀਪੀਸੀਸੀ) ਦੇ ਸਾਬਕਾ ਜਨਰਲ ਸਕੱਤਰ ਪਵਨ ਦੀਵਾਨ ਨੇ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਦੇ ਉਸ ਬਿਆਨ 'ਤੇ ਤਿੱਖਾ ਸਵਾਲ ਖੜ੍ਹਾ ਕੀਤਾ ਹੈ, ਜਿਸ ਵਿੱਚ ਇਨ੍ਹਾਂ ਨੇ ਕਿਹਾ ਸੀ ਕਿ ਲੋਕ ਸਭਾ ਅਤੇ ਰਾਜ ਸਭਾ ਵਿੱਚ 17 ਸਾਲ ਬਿਤਾਉਣ ਤੋਂ ਬਾਅਦ ਹੁਣ ਉਹ ਪੰਜਾਬ ਦੀ ਸੇਵਾ ਕਰਨਾ ਚਾਹੁੰਦੇ ਹਨ। ਦੀਵਾਨ ਨੇ ਇਸ ਬਿਆਨ ਨੂੰ ਹੈਰਾਨੀਜਨਕ ਕਰਾਰ ਦਿੰਦਿਆਂ, ਕਿਹਾ ਕਿ ਬਿੱਟੂ ਇੱਕ ਵਾਰ ਸ਼੍ਰੀ ਆਨੰਦਪੁਰ ਸਾਹਿਬ ਅਤੇ ਦੋ ਵਾਰ ਲੁਧਿਆਣਾ ਲੋਕ ਸਭਾ ਹਲਕੇ ਦੀ ਨੁਮਾਇੰਦਗੀ ਕਰ ਚੁੱਕੇ ਹਨ। ਉਨ੍ਹਾਂ ਨੇ ਸਵਾਲ ਕੀਤਾ ਕਿ ਕੀ ਸ਼੍ਰੀ ਆਨੰਦਪੁਰ ਸਾਹਿਬ ਜਾਂ ਲੁਧਿਆਣਾ ਮਹਾਰਾਸ਼ਟਰ ਜਾਂ ਤਮਿਲਨਾਡੂ ਵਿੱਚ ਪੈਂਦੇ ਹਨ ? ਕੀ ਉਹ 15 ਸਾਲ ਲੋਕ ਸਭਾ ਵਿੱਚ ਬੈਠ ਕੇ ਪੰਜਾਬ ਦੀ ਸੇਵਾ ਨਹੀਂ ਕਰ ਰਹੇ ਸਨ ? ਉਨ੍ਹਾਂ ਨੇ ਕਿਹਾ ਕਿ ਪੰਜਾਬ ਦੇ ਕਾਂਗਰਸੀ ਸੰਸਦ ਮੈਂਬਰਾਂ ਨੇ ਹਮੇਸ਼ਾ ਸੂਬੇ ਨਾਲ ਸਬੰਧਤ ਹਰ ਅਹਿਮ ਮੁੱਦਾ ਸੰਸਦ ਵਿੱਚ ਉਠਾਇਆ ਹੈ।ਦੀਵਾਨ ਨੇ ਦਾਅਵਾ ਕੀਤਾ ਕਿ ਸੱਚਾਈ ਇਹ ਹੈ ਕਿ ਬਿੱਟੂ ਭਾਜਪਾ ਦੀਆਂ ਉਮੀਦਾਂ 'ਤੇ ਖਰਾ ਉਤਰਣ ਵਿੱਚ ਬੁਰੀ ਤਰ੍ਹਾਂ ਅਸਫਲ ਰਹੇ, ਜਿਸ ਕਾਰਨ ਪਾਰਟੀ ਨੇ ਇਨ੍ਹਾਂ ਨੂੰ ਰਾਜ ਸਭਾ ਦੀ ਸੀਟ ਦੇਣ ਤੋਂ ਇਨਕਾਰ ਕਰ ਦਿੱਤਾ। ਉਸ ਨੂੰ ਆਪਣਾ ਬਿਸਤਰਾ ਗੋਲ ਕਰਕੇ ਪੰਜਾਬ ਆਉਣ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਸੂਬਾ ਇਕਾਈ ਲਈ ਮਿਹਨਤ ਕਰਕੇ ਆਪਣੀ ਯੋਗਤਾ ਸਾਬਤ ਕਰਨ ਦੇ ਹੁਕਮ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ ਇਸ ਸ਼ਰਮਿੰਦਗੀ ਤੋਂ ਬਚਣ ਲਈ ਬਿੱਟੂ ਹੁਣ ਆਪਣੇ ਆਪ ਨੂੰ ਪੰਜਾਬ ਦਾ ਮਸੀਹਾ ਸਾਬਤ ਕਰਨ ਦੀ ਕੋਸ਼ਿਸ਼ ਕਰ ਰਹੇ ਹਨ।ਸਾਬਕਾ ਜ਼ਿਲ੍ਹਾ ਕਾਂਗਰਸ ਕਮੇਟੀ (ਸ਼ਹਿਰੀ) ਪ੍ਰਧਾਨ ਨੇ ਬਿੱਟੂ ਤੋਂ ਇਹ ਵੀ ਪੁੱਛਿਆ ਕਿ ਲੋਕ ਸਭਾ ਵਿੱਚ ਆਪਣੇ 15 ਸਾਲਾਂ ਦੇ ਕਾਰਜਕਾਲ ਦੌਰਾਨ ਇਨ੍ਹਾਂ ਨੇ ਪੰਜਾਬ ਦੀ ਤਰੱਕੀ ਅਤੇ ਖੁਸ਼ਹਾਲੀ ਲਈ ਕੀ ਕੀਤਾ ਹੈ ? ਦੀਵਾਨ ਨੇ ਇਨ੍ਹਾਂ ਨੂੰ ਇੱਕ ਖੋਖਲਾ ਅਤੇ ਮੌਕਾਪ੍ਰਸਤ ਆਗੂ ਕਰਾਰ ਦਿੱਤਾ ਹੈ। ਉਹਨਾਂ ਕਿਹਾ ਕਿ ਬਿੱਟੂ ਪੰਜਾਬ ਦੇ 117 ਵਿੱਚੋਂ ਕਿਸੇ ਵੀ ਵਿਧਾਨ ਸਭਾ ਹਲਕੇ ਤੋਂ ਚੋਣ ਲੜ ਲਵੇ ਇਸ ਦੀ ਹਾਰ ਨਿਸ਼ਚਿਤ ਹੈ।

ਸਾਬਕਾ ਕੌਂਸਲਰ ਕਲੇਰ ਜ਼ਿਲ੍ਹਾ ਕਾਂਗਰਸ ਕਮੇਟੀ ਦੇ ਮੀਤ ਪ੍ਰਧਾਨ ਨਿਯੁਕਤ

ਲੁਧਿਆਣਾ, 5 ਜੂਨ (ਰਵਿੰਦਰ ਸਿੰਘ ਨਿੱਝਰ) : ਸਾਬਕਾ ਕੌਂਸਲਰ ਹਰਵਿੰਦਰ ਸਿੰਘ ਕਲੇਰ ਦੀਆਂ ਪਾਰਟੀ ਪ੍ਰਤੀ ਸੇਵਾਵਾਂ ਨੂੰ ਮੁੱਖ ਰੱਖਦੇ ਹੋਏ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਉਹਨਾਂ ਨੂੰ ਜ਼ਿਲ੍ਹਾ ਕਾਂਗਰਸ ਕਮੇਟੀ ਲੁਧਿਆਣਾ ਸ਼ਹਿਰੀ ਦਾ ਮੀਤ ਪ੍ਰਧਾਨ ਨਿਯੁਕਤ ਕੀਤਾ ਹੈ। ਜਿਕਰਯੋਗ ਹੈ ਕਿ ਕਲੇਰ ਜਿੱਥੇ ਦੋ ਵਾਰ ਨਗਰ ਨਿਗਮ ਲੁਧਿਆਣਾ ਦੇ ਕੌਂਸਲਰ ਵਜੋਂ ਸ਼ਹਿਰ ਵਾਸੀਆਂ ਦੀ ਸੇਵਾ ਕਰ ਚੁੱਕੇ ਹਨ ਉਥੇ ਹੀ ਪਾਰਟੀ ਵਿੱਚ ਕੰਮ ਕਰਦਿਆਂ ਬਲਾਕ ਪ੍ਰਧਾਨ ਅਤੇ ਵੱਖ ਵੱਖ ਅਹੁਦਿਆਂ 'ਤੇ ਨਿਭਾਈ ਜਿੰਮੇਵਾਰੀ ਤੋਂ ਪ੍ਰਭਾਵਿਤ ਹੋ ਕੇ ਕਾਂਗਰਸ ਹਾਈ ਕਮਾਂਡ ਨੇ ਉਹਨਾਂ ਨੂੰ ਜ਼ਿਲ੍ਹੇ ਦਾ ਮੀਤ ਪ੍ਰਧਾਨ ਨਿਯੁਕਤ ਕੀਤਾ ਹੈ। ਕਲੇਰ ਨੇ ਕਾਂਗਰਸ ਹਾਈ ਕਮਾਂਡ ਰਾਹੁਲ ਗਾਂਧੀ, ਕਾਂਗਰਸ ਦੇ ਕੌਮੀ ਪ੍ਰਧਾਨ ਮਲਕਾਅਰਜਨ ਖੜਗੇ, ਸੂਬਾ ਪ੍ਰਧਾਨ ਰਾਜਾ ਵੜਿੰਗ, ਸ਼ਹਿਰੀ ਜਿਲਾ ਪ੍ਰਧਾਨ ਸੰਜੇ ਤਲਵਾੜ, ਆਤਮ ਨਗਰ ਹਲਕਾ ਇੰਚਾਰਜ ਸਿਮਰਜੀਤ ਸਿੰਘ ਬੈਂਸ ਅਤੇ ਹਲਕਾ ਇੰਚਾਰਜ ਦੱਖਣੀ ਜਥੇਦਾਰ ਬਲਵਿੰਦਰ ਸਿੰਘ ਬੈਂਸ ਸਮੇਤ ਸਮੁੱਚੀ ਕਾਂਗਰਸ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਪਾਰਟੀ ਸੰਵਿਧਾਨ ਅਨੁਸਾਰ ਪਾਰਟੀ ਦੀ ਬਿਹਤਰੀ ਲਈ ਦਿਨ ਰਾਤ ਸਖਤ ਮਿਹਨਤ ਕਰਕੇ ਲੋਕਾਂ ਨੂੰ ਪਾਰਟੀ ਨੀਤੀਆਂ ਤੋਂ ਜਾਣੂੰ ਕਰਵਾਉਣਗੇ ਅਤੇ ਕਾਂਗਰਸ ਦੇ ਮਿਸ਼ਨ 2027 ਦੀ ਪੂਰਤੀ ਲਈ ਲੋਕਾਂ ਨੂੰ ਜਾਗਰੂਕ ਕਰਕੇ ਪਾਰਟੀ ਨਾਲ ਜੋੜਨਗੇ।ਉਨ੍ਹਾਂ ਕਿਹਾ ਕਿ ਬੈਂਸ ਭਰਾਵਾਂ ਵੱਲੋਂ ਕੀਤੀ ਜਾ ਰਹੀ ਨਿਸ਼ਕਾਮ ਸੇਵਾ ਦੀ ਬਦੌਲਤ ਵਿਧਾਨ ਸਭਾ ਹਲਕਾ ਆਤਮ ਨਗਰ ਅਤੇ ਹਲਕਾ ਦੱਖਣੀ ਦੀ ਸੀਟ ਵੱਡੀ ਬਹੁਮਤ ਨਾਲ ਜਿੱਤ ਕੇ ਪਾਰਟੀ ਦੀ ਝੋਲੀ ਪਾਈ ਜਾਵੇਗੀ। ਇਸ ਮੌਕੇ ਸਾਬਕਾ ਕੌਂਸਲਰ ਰਜਿੰਦਰ ਸਿੰਘ ਬਾਜਵਾ, ਬਲਵਿੰਦਰ ਸਿੰਘ ਰੰਧਾਵਾ ਸਮੇਤ ਹੋਰ ਵੀ ਪਤਵੰਤੇ ਸੱਜਣ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਤਰਕਸ਼ੀਲ ਆਗੂ ਨੇ ਪਿਤਾ ਦਾ ਮ੍ਰਿਤਕ ਸਰੀਰ ਡਾਕਟਰੀ ਖੋਜ ਕਾਰਜਾਂ ਲਈ ਸੌਂਪਿਆ

ਲੁਧਿਆਣਾ, 5 ਜੂਨ (ਰਵਿੰਦਰ ਸਿੰਘ ਨਿੱਝਰ) : ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਡਾਕਟਰੀ ਖੋਜ ਕਾਰਜਾਂ ਲਈ ਮ੍ਰਿਤਰ ਸਰੀਰ ਹਸਪਤਾਲਾਂ ਨੂੰ ਦੇਣ ਲਈ ਸ਼ੁਰੂ ਕੀਤੀ ਮੁਹਿੰਮ ਨੇ ਲੋਕਾਂ ਨੂੰ ਕਈ ਅੰਧਵਿਸ਼ਵਾਸਾਂ ਅਤੇ ਬੇ ਲੋੜੀਆਂ ਰਸਮਾਂ 'ਚੋਂ ਮੁਕਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀ ਆ ਰਹੀ ਹੈ। ਕੱਲ੍ਹ ਤਰਕਸ਼ੀਲ ਆਗੂ ਮੋਹਨ ਬਡਲਾ ਅਤੇ ਉਸ ਦੇ ਪਰਿਵਾਰ ਵੱਲੋਂ ਆਪਣੇ ਪਿਤਾ ਹਰਪਾਲ ਸਿੰਘ ਦੀ ਮੌਤ ਉਪਰੰਤ ਉਹਨਾਂ ਦਾ ਮ੍ਰਿਤਕ ਸਰੀਰ ਈ ਐਸ ਆਈ ਹਸਪਤਾਲ ਲੁਧਿਆਣਾ ਅਤੇ ਅੱਖਾਂ ਪੁਨਰ ਜੋਤ ਆਈ ਹਸਪਤਾਲ ਡਾ ਰਮੇਸ਼ ਨੂੰ ਲੋੜਵੰਦ ਮਰੀਜ਼ਾਂ ਲਈ ਦਿੱਤੀਆਂ ਗਈਆਂ। ਇਸ ਮੌਕੇ ਤਰਕਸ਼ੀਲ ਸੁਸਾਇਟੀ ਦੇ ਲੁਧਿਆਣਾ ਜ਼ੋਨ ਮੁਖੀ ਜਸਵੰਤ ਜ਼ੀਰਖ ਨੇ ਬਡਲਾ ਪਰਿਵਾਰ ਅਤੇ ਹਸਪਤਾਲ ਵਿੱਚ ਡਾਕਟਰ ਵਿਸ਼ਾਲੀ ਗਾਂਧੀ ਅਤੇ ਉਹਨਾਂ ਦੀ ਟੀਮ ਸਮੇਤ ਹਾਜ਼ਰ ਸਟਾਫ ਅਤੇ ਮਲੇਰਕੋਟਲਾ ਤਰਕਸ਼ੀਲ ਇਕਾਈ ਮੈਂਬਰਾਂ ਦੀ ਪ੍ਰਸੰਸਾ ਕਰਦਿਆਂ ਤਰਕਸ਼ੀਲ ਸੁਸਾਇਟੀ ਵੱਲੋਂ ਸ਼ੁਰੂ ਕੀਤੀ ਇਸ ਮੁਹਿੰਮ ਬਾਰੇ ਜਾਣਕਾਰੀ ਸਾਂਝੀ ਕੀਤੀ। ਉਹਨਾਂ ਸਪਸਟ ਕੀਤਾ ਕਿ ਧਾਰਮਾਂ ਦੇ ਪੁਜਾਰੀ ਵਰਗ ਵੱਲੋਂ ਮਨੁੱਖ ਦੇ ਮਰਨ ਉਪਰੰਤ ਨਰਕਾਂ, ਸਵਰਗਾਂ , ਧਰਮਰਾਜ ਅਤੇ ਅਨੇਕਾਂ ਅੰਧਵਿਸ਼ਵਾਸੀ ਕਰਮਾਂ ਕਾਂਡਾਂ ਰਾਹੀਂ ਲੋਕਾਂ ਨੂੰ ਗੁੰਮਰਾਹ ਕਰਕੇ ਕੀਤੀਆਂ ਜਾਣ ਵਾਲੀਆਂ ਰਸਮਾਂ ਵਿੱਚ ਉਲਝਾ ਕੇ ਮੋਟੀਆਂ ਰਕਮਾਂ ਵਸੂਲੀਆਂ ਜਾਂਦੀਆਂ ਹਨ। ਲੋਕਾਂ ਨੂੰ ਇਹਨਾਂ ਬਾਰੇ ਵਿਗਿਆਨਿਕ ਨਜ਼ਰੀਆ ਅਪਣਾਉਂਦਿਆਂ ਅਜਿਹੇ ਬੇ ਲੋੜੇ ਖ਼ਰਚਿਆਂ ਅਤੇ ਅੰਧਵਿਸ਼ਵਾਸੀ ਵਿਚਾਰਾਂ ਤੋਂ ਮੁਕਤ ਹੋ ਕੇ ਇਸੇ ਧਰਤੀ ਉੱਪਰ ਸਵਰਗ ਉਸਾਰਨ ਵੱਲ ਵਧਣ ਦੀ ਲੋੜ ਹੈ। ਇਸ ਸਮੇਂ ਮਲੇਰਕੋਟਲਾ ਇਕਾਈ ਵੱਲੋਂ ਮਾ ਮੇਜਰ ਸਿੰਘ ਸਿੰਘ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ।ਇਸ ਮੌਕੇ ਮਲੇਰਕੋਟਲਾ ਇਕਾਈ ਦੇ ਮੁਖੀ ਪੂਰਨ ਸਿੰਘ, ਜਗਜੀਤ ਸਿੰਘ ਸਮੇਤ ਹੋਰ ਕਈ ਮੈਂਬਰ ਸ਼ਾਮਲ ਸਨ। ਲੁਧਿਆਣਾ ਜ਼ੋਨ ਦੇ ਵਿੱਤ ਮੁਖੀ ਧਰਮ ਪਾਲ ਅਤੇ ਸਤੀਸ਼ ਸੱਚਦੇਵਾ ਸਮੇਤ ਪਰਿਵਾਰਕ ਮੈਂਬਰ ਹਾਜ਼ਰ ਸਨ।

ਸੇਵਾ ਕੇਂਦਰਾਂ ਦੇ ਮੁਲਾਜ਼ਮਾਂ ਦੇ ਹੱਕੀ ਸੰਘਰਸ਼ ਬਾਰੇ ਮੁੱਖ ਮੰਤਰੀ ਦੇ ਨਾਂ ਮੰਗ ਪੱਤਰ ਦਿੱਤਾ

ਲੁਧਿਆਣਾ, 5 ਜੂਨ (ਰਵਿੰਦਰ ਸਿੰਘ ਨਿੱਝਰ): ਪੰਜਾਬ ਦੇ ਸੇਵਾ ਕੇਂਦਰਾਂ ਦੇ ਮੁਲਾਜ਼ਮ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਪਿਛਲੇ 10 ਦਿਨ ਤੋਂ ਸੰਘਰਸ ਕਰਦੇ ਆ ਰਹੇ ਹਨ। ਲੁਧਿਆਣਾ ਜ਼ਿਲ੍ਹਾ ਕਚਹਿਰੀਆਂ 'ਚ ਸਥਿਤ ਸੇਵਾ ਕੇਂਦਰ ਦੇ ਗੇਟ ਅੱਗੇ ਜਿਲ੍ਹੇ ਦੇ ਸਾਰੇ ਸੇਵਾ ਕੇਂਦਰ ਦੇ ਕੰਟਰੈਕਟ ਮੁਲਾਜ਼ਮ ਪੁਰ-ਅਮਨ ਧਰਨਾ-ਪ੍ਰਦਰਸ਼ਨ ਕਰਦੇ ਆ ਰਹੇ ਹਨ। ਅੱਜ ਏਟਕ, ਇੰਟਕ, ਸੀਟੂ, ਸੀਟੀਯੂ ਪੰਜਾਬ, ਐਕਟੂ, ਮੋਲਡਰ ਐਂਡ ਸਟੀਲ ਵਰਕਰਜ਼ ਯੂਨੀਅਨ,ਕੁਲ ਹਿੰਦ ਕਿਸਾਨ ਸਭਾ 1946, ਜਮਹੂਰੀ ਕਿਸਾਨ ਸਭਾ, ਬੀਕੇਯੂ ਏਕਤਾ ਉਗਰਾਹਾਂ, ਜਮੂਹਰੀ ਅਧਿਕਾਰ ਸਭਾ ਅਤੇ ਪਲਸ ਮੰਚ ਦੇ ਆਗੂਆਂ ਨੇ ਧਰਨੇ 'ਤੇ ਬੈਠੇ ਮੁਲਾਜ਼ਮਾਂ ਨੂੰ ਸੰਬੋਧਨ ਕਰਦੇ ਹੋਏ ਆਪਣਾ ਸਮਰਥਨ ਦਿੱਤਾ।

ਉਸ ਮਗਰੋਂ ਡੀ ਸੀ ਲੁਧਿਆਣਾ ਦਫਤਰ ਵਿੱਚ ਮੁੱਖ ਮੰਤਰੀ ਦੇ ਨਾਂ ਦਾ ਮੰਗ ਪੱਤਰ ਦਿੱਤਾ ਗਿਆ ਜੋ ਕਿ ਖੇਤਰੀ ਅਫਸਰ ਮੈਡਮ ਖੁਸ਼ੀ ਗੁਲਾਟੀ ਨੇ ਪ੍ਰਾਪਤ ਕੀਤਾ। ਇਸ ਸਮੇਂ ਐਮ ਐਸ ਭਾਟੀਆ, ਜਸਵੰਤ ਸਿੰਘ ਜ਼ੀਰਖ,

ਜਗਦੀਸ਼ ਚੰਦ, ਜੈ ਪ੍ਰਕਾਸ਼ ਨਰਾਇਣ, ਹਰਜਿੰਦਰ ਸਿੰਘ, ਕਸਤੂਰੀ ਲਾਲ, ਰਘਬੀਰ ਸਿੰਘ ਬੈਨੀਪਾਲ, ਸੌਦਾਗਰ ਸਿੰਘ ਘੁਡਾਣੀ, ਚਮਕੌਰ ਸਿੰਘ ਬਰਮੀ ਅਤੇ ਅਵਤਾਰ ਛਿੱਬੜ ਆਦਿ ਸ਼ਾਮਿਲ ਸਨ।

ਲਾਪਤਾ ਕੁੜੀਆਂ ਦਾ ਮਾਮਲਾ ਅਗ਼ਵਾ ਰੈਕੇਟ ਦੇ ਕੋਈ ਸਬੂਤ ਨਹੀਂ : ਲੁਧਿਆਣਾ ਪੁਲਿਸ

ਲਾਪਤਾ ਕੁੜੀਆਂ ਮਾਮਲੇ 'ਚ ਜਾਂਚ ਜਾਰੀ

ਲੁਧਿਆਣਾ, 5 ਜੂਨ (ਵਿਸ਼ਾਲ ਸ਼ਰਮਾ): ਲੁਧਿਆਣਾ ਦੇ ਵੱਖ-ਵੱਖ ਇਲਾਕਿਆਂ ਤੋਂ ਕਈ ਨੌਜਵਾਨ ਕੁੜੀਆਂ ਦੇ ਲਾਪਤਾ ਹੋਣ ਸੰਬੰਧੀ ਸੋਸ਼ਲ ਮੀਡੀਆ ਅਤੇ ਹੋਰ ਪਲੇਟਫਾਰਮਾਂ 'ਤੇ ਘੁੰਮ ਰਹੀਆਂ ਕੁਝ ਰਿਪੋਰਟਾਂ ਅਤੇ ਚਰਚਾਵਾਂ ਦੇ ਮੱਦੇਨਜ਼ਰ, ਪੁਲਿਸ ਕਮਿਸ਼ਨਰੇਟ ਲੁਧਿਆਣਾ ਤੱਥਾਂ ਨੂੰ ਸਪੱਸ਼ਟ ਕਰਨਾ ਚਾਹੁੰਦਾ ਹੈ ਅਤੇ ਲੋਕਾਂ ਨੂੰ ਅਪੀਲ ਕਰਦਾ ਹੈ ਕਿ ਉਹ ਗੈਰ-ਪ੍ਰਮਾਣਿਤ ਜਾਣਕਾਰੀ ਫੈਲਾਉਣ ਤੋਂ ਗੁਰੇਜ਼ ਕਰਨ। ਪੁਲਿਸ ਕਮਿਸ਼ਨਰੇਟ ਲੁਧਿਆਣਾ ਵੱਲੋਂ ਜਾਰੀ ਕੀਤੀ ਗਈ ਜਾਣਕਾਰੀ ਮੁਤਾਬਕ ਹਾਲ ਹੀ ਦੇ ਸਮੇਂ ਵਿੱਚ, ਲੁਧਿਆਣਾ ਦੇ ਵੱਖ-ਵੱਖ ਥਾਣਿਆਂ ਵਿੱਚ 13 ਲਾਪਤਾ ਕੁੜੀਆਂ ਦੇ ਸਬੰਧ ਵਿੱਚ 11 ਐਫ.ਆਈ.ਆਰ ਦਰਜ ਕੀਤੀਆਂ ਗਈਆਂ ਹਨ। ਹੁਣ ਤੱਕ ਕੀਤੀ ਗਈ ਜਾਂਚ ਤੋਂ ਪਤਾ ਲੱਗਾ ਹੈ ਕਿ ਜਿਨ੍ਹਾਂ ਕੁੜੀਆਂ ਦੇ ਲਾਪਤਾ ਹੋਣ ਦੀ ਰਿਪੋਰਟ ਕੀਤੀ ਗਈ ਹੈ, ਉਨ੍ਹਾਂ ਨੂੰ ਕਿਸੇ ਵੀ ਵਿਅਕਤੀ ਜਾਂ ਸੰਗਠਿਤ ਸਮੂਹ ਦੁਆਰਾ ਅਗਵਾ ਜਾਂ ਜ਼ਬਰਦਸਤੀ ਨਹੀਂ ਚੁੱਕਿਆ ਗਿਆ ਸੀ। ਮੁੱਢਲੀ ਪੁੱਛਗਿੱਛ ਤੋਂ ਪਤਾ ਚੱਲਦਾ ਹੈ ਕਿ ਇਹ ਕੁੜੀਆਂ ਵੱਖ-ਵੱਖ ਨਿੱਜੀ, ਪਰਿਵਾਰਕ ਜਾਂ ਵਿਅਕਤੀਗਤ ਕਾਰਨਾਂ ਕਰਕੇ ਆਪਣੀ ਮਰਜ਼ੀ ਨਾਲ ਘਰ ਛੱਡ ਕੇ ਗਈਆਂ ਸਨ। ਪੁਲਿਸ ਟੀਮਾਂ ਸਾਰੇ ਲਾਪਤਾ ਵਿਅਕਤੀਆਂ ਦਾ ਪਤਾ ਲਗਾਉਣ ਲਈ ਨਿਰੰਤਰ ਅਤੇ ਮਿਹਨਤ ਨਾਲ ਕੰਮ ਕਰ ਰਹੀਆਂ ਹਨ। ਨਿਰੰਤਰ ਯਤਨਾਂ ਦੇ ਨਤੀਜੇ ਵਜੋਂ, 04 ਲਾਪਤਾ ਕੁੜੀਆਂ ਨੂੰ ਪਹਿਲਾਂ ਹੀ ਲੱਭ ਲਿਆ ਗਿਆ ਹੈ ਅਤੇ ਉਨ੍ਹਾਂ ਨੂੰ ਉਨ੍ਹਾਂ ਦੇ ਪਰਿਵਾਰਾਂ ਨਾਲ ਸੁਰੱਖਿਅਤ ਢੰਗ ਨਾਲ ਮਿਲਾਇਆ ਗਿਆ ਹੈ। ਖਾਸ ਕਰਕੇ, ਪੀ.ਐਸ ਜਮਾਲਪੁਰ ਨਾਲ ਸਬੰਧਤ ਇੱਕ ਮਾਮਲੇ ਵਿੱਚ ਯੂ.ਪੀ ਦੇ ਉਨ੍ਹਾਂ ਦੇ ਜੱਦੀ ਪਿੰਡ ਤੋਂ ਤਿੰਨ ਲਾਪਤਾ ਕੁੜੀਆਂ ਨੂੰ ਬਰਾਮਦ ਕੀਤਾ ਗਿਆ ਸੀ ਜੋ ਪਰਿਵਾਰਕ ਕਾਰਨਾਂ ਕਰਕੇ ਆਪਣੀ ਮਰਜ਼ੀ ਨਾਲ ਛੱਡ ਗਈਆਂ ਸਨ। ਬਾਕੀ ਮਾਮਲਿਆਂ ਦੀ ਤਕਨੀਕੀ ਨਿਗਰਾਨੀ, ਖੇਤਰੀ ਜਾਂਚ ਅਤੇ ਸਬੰਧਤ ਏਜੰਸੀਆਂ ਨਾਲ ਤਾਲਮੇਲ ਰਾਹੀਂ ਸਰਗਰਮੀ ਨਾਲ ਪੈਰਵੀ ਕੀਤੀ ਜਾ ਰਹੀ ਹੈ। ਇਸ ਵੇਲੇ, ਇਨ੍ਹਾਂ ਘਟਨਾਵਾਂ ਪਿੱਛੇ ਕਿਸੇ ਸੰਗਠਿਤ ਅਗਵਾ ਰੈਕੇਟ ਜਾਂ ਅਪਰਾਧਿਕ ਸਾਜ਼ਿਸ਼ ਦਾ ਕੋਈ ਸਬੂਤ ਨਹੀਂ ਹੈ ਹਾਲਾਂਕਿ, ਚੱਲ ਰਹੀ ਜਾਂਚ ਦੇ ਹਿੱਸੇ ਵਜੋਂ ਸਾਰੇ ਪਹਿਲੂਆਂ ਦੀ ਪੂਰੀ ਤਰ੍ਹਾਂ ਜਾਂਚ ਕੀਤੀ ਜਾ ਰਹੀ ਹੈ। ਪੁਲਿਸ ਕਮਿਸ਼ਨਰੇਟ ਲੁਧਿਆਣਾ ਸਾਰੇ ਨਾਗਰਿਕਾਂ ਦੀ ਸੁਰੱਖਿਆ ਅਤੇ ਤੰਦਰੁਸਤੀ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ। ਸਮਰਪਿਤ ਟੀਮਾਂ ਦਿਨ-ਰਾਤ ਕੰਮ ਕਰ ਰਹੀਆਂ ਹਨ ਅਤੇ ਉਮੀਦ ਕੀਤੀ ਜਾਂਦੀ ਹੈ ਕਿ ਬਾਕੀ ਲਾਪਤਾ ਲੜਕੀਆਂ ਨੂੰ ਵੀ ਜਲਦੀ ਤੋਂ ਜਲਦੀ ਲੱਭ ਲਿਆ ਜਾਵੇਗਾ ਅਤੇ ਉਨ੍ਹਾਂ ਦੇ ਪਰਿਵਾਰਾਂ ਨਾਲ ਮਿਲਾਇਆ ਜਾਵੇਗਾ। ਲੋਕਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਘਬਰਾਉਣ ਜਾਂ ਅਫਵਾਹਾਂ ਨਾ ਫੈਲਾਉਣ ਜੋ ਬੇਲੋੜਾ ਡਰ ਅਤੇ ਚਿੰਤਾ ਪੈਦਾ ਕਰ ਸਕਦੀਆਂ ਹਨ।ਨਾਗਰਿਕਾਂ ਨੂੰ ਪੁਲਿਸ ਨਾਲ ਕੋਈ ਵੀ ਭਰੋਸੇਯੋਗ ਜਾਣਕਾਰੀ ਸਾਂਝੀ ਕਰਨ ਅਤੇ ਜਾਂਚ ਵਿੱਚ ਸਹਿਯੋਗ ਕਰਨ ਲਈ ਉਤਸ਼ਾਹਿਤ ਕੀਤਾ ਜਾਂਦਾ ਹੈ। ਪੁਲਿਸ ਕਮਿਸ਼ਨਰੇਟ ਲੁਧਿਆਣਾ ਜਨਤਕ ਸੁਰੱਖਿਆ ਬਣਾਈ ਰੱਖਣ ਲਈ ਆਪਣੀ ਵਚਨਬੱਧਤਾ ਨੂੰ ਦੁਹਰਾਉਂਦਾ ਹੈ ਅਤੇ ਸਾਰੇ ਸਬੰਧਤ ਪਰਿਵਾਰਾਂ ਨੂੰ ਭਰੋਸਾ ਦਿਵਾਉਂਦਾ ਹੈ ਕਿ ਬਾਕੀ ਲੜਕੀਆਂ ਦਾ ਪਤਾ ਲਗਾਉਣ ਅਤੇ ਉਨ੍ਹਾਂ ਦੀ ਸੁਰੱਖਿਅਤ ਵਾਪਸੀ ਨੂੰ ਯਕੀਨੀ ਬਣਾਉਣ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾ ਰਹੀ ਹੈ।

ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਫ਼ੈਸਲਾਕੁੰਨ ਦੌਰ 'ਚ ਪੰਜਾਬ ਬਣੇਗਾ ਨਸ਼ਾ ਮੁਕਤ ਸੂਬਾ : ਸੌਂਦ

ਲੁਧਿਆਣਾ, 5 ਜੂਨ (ਵਿਸ਼ਾਲ ਸ਼ਰਮਾ): ਪੰਜਾਬ ਦੇ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਐਲਾਨ ਕੀਤਾ ਹੈ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਵਿੱਢੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨਾਲ ਲੜਾਈ ਫ਼ੈਸਲਾਕੁੰਨ ਦੌਰ 'ਚ ਪੁੱਜ ਗਈ ਹੈ। ਅੱਜ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਦੇ ਅਧਿਕਾਰੀਆਂ ਨਾਲ ਖੰਨਾ ਦੇ ਇੱਕ ਨਿੱਜੀ ਪੈਲੇਸ ਵਿਖੇ ਵਿਲੇਜ ਡਿਫੈਂਸ ਕਮੇਟੀਆਂ ਤੇ ਵਾਰਡ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਨਾਲ ਇੱਕ ਅਹਿਮ ਬੈਠਕ ਕਰਦਿਆਂ ਮੰਤਰੀ ਸੌਂਦ ਨੇ ਕਿਹਾ ਕਿ ਅੱਜ ਨਸ਼ਿਆਂ ਵਿਰੁੱਧ ਸਾਰਾ ਪੰਜਾਬ ਇੱਕਜੁਟ ਹੋ ਗਿਆ ਹੈ। ਉਨ੍ਹਾਂ ਨੇ ਜੋਰ ਨਾਲ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਨੇ ਜਿੱਥੇ ਨਸ਼ਾ ਤਸਕਰਾਂ ਦੇ ਘਰ ਤੇ ਹੌਸਲੇ ਤੋੜੇ ਹਨ, ਉਥੇ ਹੀ ਪਿਛਲੀਆਂ ਸਰਕਾਰਾਂ ਨੇ ਨਸ਼ਾ ਤਸਕਰ ਪਾਲੇ ਹੋਏ ਸਨ। ਸੌਂਦ ਨੇ ਕਿਹਾ 'ਯੁੱਧ ਨਸ਼ਿਆਂ ਵਿਰੁੱਧ' ਬਣੀ ਲੋਕ ਲਹਿਰ ਨੂੰ ਕਾਮਯਾਬ ਕਰਕੇ ਦੇਸ਼ ਦਾ ਪਹਿਲਾ ਨਸ਼ਾ ਮੁਕਤ ਸੂਬਾ ਬਣਾਇਆ ਜਾਵੇਗਾ। ਪੰਚਾਇਤ ਮੰਤਰੀ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਭਗਵੰਤ ਮਾਨ ਨੇ ਪੱਕੀ ਠਾਣ ਲਈ ਹੈ ਕਿ ਗੁਰੂਆਂ ਪੀਰਾਂ ਦੀ ਧਰਤੀ ਪੰਜਾਬ ਨੂੰ ਨਸ਼ਿਆਂ ਨਾਲ ਬਰਬਾਦ ਨਹੀਂ ਹੋਣ ਦਿੱਤਾ ਜਾਵੇਗਾ। ਪੰਜਾਬ ਸਰਕਾਰ ਦੀ ਨਸ਼ਿਆਂ ਵਿਰੁੱਧ ਜ਼ੀਰੋ ਟਾਲਰੈਂਸ ਨੀਤੀ ਦਾ ਖੁਲਾਸਾ ਕਰਦਿਆਂ ਉਨ੍ਹਾਂ ਦੱਸਿਆ ਕਿ ਨਸ਼ਾ ਤਸਕਰੀ 'ਚ ਕਿਸੇ ਦੀ ਵੀ ਸ਼ਮੂਲੀਅਤ ਸਾਹਮਣੇ ਆਈ ਤਾਂ ਉਹ ਬਖ਼ਸ਼ਿਆ ਨਹੀਂ ਜਾਵੇਗਾ, ਭਾਵੇਂ ਉਹ ਸਿਆਸੀ ਹੋਵੇ ਜਾਂ ਅਫ਼ਸਰਸ਼ਾਹੀ 'ਚੋਂ ਹੋਵੇ। ਮੰਤਰੀ ਸੌਂਦ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦਾ 'ਯੁੱਧ ਨਸ਼ਿਆਂ ਵਿਰੁੱਧ' ਇਹ ਇੱਕ ਵੱਡਾ ਪ੍ਰੋਗਰਾਮ ਸੀ ਕਿ ਅਸੀਂ ਪੰਜਾਬ ਨੂੰ ਨਸ਼ਾ ਮੁਕਤ ਕਰਨਾ ਹੈ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਨੂੰ 'ਯੁੱਧ ਨਸ਼ਿਆਂ ਵਿਰੁੱਧ' ਲੜਾਈ ਪਹਿਲੀ ਵਾਰ ਲੜਨੀ ਪਈ ਹੈ। ਇਹ ਕੰਡੇ ਪਿਛਲੀਆਂ ਸਰਕਾਰਾਂ ਦੇ ਬੀਜੇ ਹੋਏ ਹਨ। ਸਿੰਥੈਟਿਕ ਨਸ਼ਿਆਂ ਦੀ ਇੱਕ ਤਰ੍ਹਾਂ ਨਾਲ ਹਨੇਰੀ ਆਈ ਹੈ। ਸਾਡੇ ਸਾਹਮਣੇ ਇੱਕ ਬਹੁਤ ਵੱਡਾ ਟਾਸਕ ਸੀ ਕਿ ਜੋ ਪੰਜਾਬ ਦੇ ਨੌਜਵਾਨ ਨਸ਼ੇ ਦੇ ਆਦੀ ਹੋ ਗਏ ਹਨ ਉਹਨਾਂ ਦਾ ਇਲਾਜ ਕਰਵਾ ਰਹੇ ਹਾਂ। ਨਸ਼ਾ ਛਡਾਊ ਕੇਂਦਰਾਂ ਵਿੱਚ ਉਹਨਾਂ ਦਾ ਨਸ਼ਾ ਛੁਡਾ ਕੇ ਇਲਾਜ ਕੀਤਾ ਜਾ ਰਿਹਾ ਹੈ। ਪਰ ਇੱਕ ਵੱਡਾ ਡਾਟਾ ਸਾਡੇ ਸਾਹਮਣੇ ਨਿਕਲ ਕੇ ਆਇਆ ਹੈ ਕਿ ਜਿਸ ਦਿਨ ਤੋਂ 'ਯੁੱਧ ਨਸ਼ਿਆਂ ਵਿਰੁੱਧ' ਸ਼ੁਰੂ ਕੀਤਾ ਹੈ ਕਿ ਨਵੀਂ ਨੌਜਵਾਨੀ ਜੋ ਕਾਲਜਾਂ ਵਿੱਚ ਪੜ੍ਹ ਰਹੀ ਹੈ, ਬਹੁਤ ਜਾਗਰੂਕ ਹੋਈ ਹੈ। ਨਸ਼ੇ ਦੇ ਭਿਆਨਕ ਨਤੀਜਿਆਂ ਨੂੰ ਦੇਖਦੇ ਹੋਏ ਨਵੇਂ ਬੱਚੇ ਨਸ਼ਿਆਂ ਤੋਂ ਬਚ ਰਹੇ ਹਨ। ਸੋ ਜਾਗਰੂਕਤਾ ਹੀ ਸਮਾਜ ਵਿੱਚੋਂ ਨਸ਼ੇ ਖਤਮ ਕਰ ਸਕਦੀ ਹੈ। ਇਸ ਮੌਕੇ ਚੇਅਰਮੈਨ ਮਾਰਕੀਟ ਕਮੇਟੀ ਖੰਨਾ ਜਗਤਾਰ ਸਿੰਘ ਗਿੱਲ ਰਤਨਹੇੜੀ, ਚੇਅਰਮੈਨ ਬਲਾਕ ਸੰਮਤੀ ਖੰਨਾ ਲਖਵੀਰ ਸਿੰਘ ਗਿੱਲ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਮਾਸਟਰ ਅਵਤਾਰ ਸਿੰਘ ਦਹਿੜੂ, ਨਸ਼ਾ ਮੁਕਤੀ ਮੋਰਚਾ ਦੇ ਬਲਾਕ ਖੰਨਾ ਤੋਂ ਕੋਆਰਡੀਨੇਟਰ ਅਮਰਿੰਦਰ ਸਿੰਘ ਚਾਹਿਲ, ਬੀ.ਡੀ.ਪੀ.ਓ ਖੰਨਾ ਸਤਵਿੰਦਰ ਸਿੰਘ ਕੰਗ, ਪੰਚਾਇਤ ਅਫਸਰ ਕੁਲਦੀਪ ਸਿੰਘ ਤੋਂ ਇਲਾਵਾ ਹੋਰ ਵਿਭਾਗਾਂ ਦੇ ਅਧਿਕਾਰੀ ਅਤੇ ਪਿੰਡਾਂ ਅਤੇ ਸ਼ਹਿਰ ਦੀਆਂ ਡਿਫੈਂਸ ਕਮੇਟੀਆਂ ਦੇ ਮੈਂਬਰ, ਖੰਨਾ ਸ਼ਹਿਰ ਦੇ ਕੌਂਸਲਰ, ਸਰਪੰਚ, ਪੰਚਾਇਤ ਮੈਂਬਰ ਅਤੇ ਵੱਡੀ ਗਿਣਤੀ ਵਿੱਚ ਹਲਕਾ ਖੰਨਾ ਦੇ ਵਸਨੀਕ ਮੌਜੂਦ ਸਨ।

ਵਿਸ਼ਵ ਵਾਤਾਵਰਨ ਦਿਵਸ ਮੌਕੇ 1300 ਤੋਂ ਵੱਧ ਲੋਕਾਂ ਨੇ ਲਿਆ ਹਿੱਸਾ

ਲੁਧਿਆਣਾ, 5 ਜੂਨ (ਵਿਸ਼ਾਲ ਸ਼ਰਮਾ): ਵਿਸ਼ਵ ਵਾਤਾਵਰਣ ਦਿਵਸ ਮੌਕੇ ਫਿਲੈਂਥਰੋਪੀ ਕਲੱਬ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ, ਨਗਰ ਨਿਗਮ ਲੁਧਿਆਣਾ ਅਤੇ ਸਿਟੀ ਨੀਡਜ਼ ਦੇ ਸਹਿਯੋਗ ਨਾਲ ਆਯੋਜਿਤ ਪਲੌਗਰਜ਼ ਡਰਾਈਵ 2.0 ਰਾਹੀਂ ਸ਼ਹਿਰ ਵਾਸੀਆਂ ਨੇ ਪਲਾਸਟਿਕ ਪ੍ਰਦੂਸ਼ਣ ਖ਼ਿਲਾਫ਼ ਇਕਜੁੱਟ ਹੋ ਕੇ ਸਾਫ਼ ਅਤੇ ਹਰਿਆ-ਭਰਿਆ ਲੁਧਿਆਣਾ ਬਣਾਉਣ ਦਾ ਸੰਦੇਸ਼ ਦਿੱਤਾ। ਇਸ ਮੁਹਿੰਮ ਵਿੱਚ ਮੁੱਖ ਮਹਿਮਾਨ ਵਜੋਂ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ, ਨਗਰ ਨਿਗਮ ਕਮਿਸ਼ਨਰ ਡਾ. ਨੀਰੂ ਕਤਿਆਲ, ਏਡੀਸੀ (ਜਨਰਲ) ਪਾਇਲ ਗੋਇਲ ਅਤੇ ਜੁਆਇੰਟ ਕਮਿਸ਼ਨਰ ਜਸਦੇਵ ਸੇਖੋਂ ਸਮੇਤ ਕਈ ਪ੍ਰਸ਼ਾਸਨਿਕ ਅਧਿਕਾਰੀਆਂ ਨੇ ਸ਼ਮੂਲੀਅਤ ਕੀਤੀ। ਇਸ ਅਭਿਆਨ ਵਿੱਚ 1300 ਤੋਂ ਵੱਧ ਨਾਗਰਿਕਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਸਵੇਰੇ 5:30 ਵਜੇ ਸ਼ਹਿਰ ਦੇ 25 ਤੋਂ ਵੱਧ ਵੱਖ-ਵੱਖ ਰੂਟਾਂ ਤੋਂ ਭਾਗੀਦਾਰਾਂ ਨੇ ਜੌਗਿੰਗ ਕਰਦੇ ਹੋਏ ਪਲਾਸਟਿਕ ਕਚਰਾ ਇਕੱਠਾ ਕੀਤਾ। ਇਕੱਠੇ ਕੀਤੇ ਕਚਰੇ ਨੂੰ ਰੋਜ਼ ਗਾਰਡਨ ਦੇ ਬਾਹਰ ਨਗਰ ਨਿਗਮ ਵੱਲੋਂ ਨਿਰਧਾਰਿਤ ਸਥਾਨ 'ਤੇ ਜਮ੍ਹਾਂ ਕਰਵਾਇਆ ਗਿਆ। ਇਸ ਮੁਹਿੰਮ ਵਿੱਚ ਲਗਭਗ 35 ਐਨਜੀਓਜ਼, ਸਕੂਲਾਂ, ਕਾਲਜਾਂ, ਕਾਰਪੋਰੇਟ ਸੰਸਥਾਵਾਂ ਅਤੇ ਸਿੱਖਿਆ ਸੰਸਥਾਵਾਂ ਨੇ ਭਾਗ ਲਿਆ। ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਸਤਲੁਜ ਕਲੱਬ ਤੋਂ ਇੱਕ ਟੀਮ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਅਤੇ ਵਾਤਾਵਰਣ ਸੰਭਾਲ ਲਈ ਸਮੂਹਿਕ ਭਾਗੀਦਾਰੀ ਦੀ ਲੋੜ 'ਤੇ ਜ਼ੋਰ ਦਿੱਤਾ। ਉੱਥੇ ਹੀ ਨਗਰ ਨਿਗਮ ਕਮਿਸ਼ਨਰ ਡਾ. ਨੀਰੂ ਕਤਿਆਲ ਨੇ ਸ਼੍ਰੀ ਰਾਮ ਗਲੋਬਲ ਪ੍ਰੀ ਸਕੂਲ, ਮਾਲ ਰੋਡ ਤੋਂ ਇੱਕ ਹੋਰ ਟੀਮ ਨੂੰ ਰਵਾਨਾ ਕੀਤਾ। ਹਿਮਾਂਸ਼ੂ ਜੈਨ ਨੇ ਕਿਹਾ ਕਿ ਵਾਤਾਵਰਣ ਦੀ ਰੱਖਿਆ ਸਿਰਫ਼ ਸਰਕਾਰ ਦੀ ਨਹੀਂ, ਸਗੋਂ ਹਰ ਨਾਗਰਿਕ ਦੀ ਜ਼ਿੰਮੇਵਾਰੀ ਹੈ। ਵਿਸ਼ਵ ਵਾਤਾਵਰਣ ਦਿਵਸ 'ਤੇ ਲੋਕਾਂ ਦੀ ਭਰਪੂਰ ਭਾਗੀਦਾਰੀ ਇਹ ਸਾਬਤ ਕਰਦੀ ਹੈ ਕਿ ਲੁਧਿਆਣਾ ਸਾਫ਼ ਅਤੇ ਹਰਿਆਲੇ ਭਵਿੱਖ ਲਈ ਤਿਆਰ ਹੈ।

ਸਮਾਗਮ ਦਾ ਸਮਾਪਨ ਇਸ ਸੰਦੇਸ਼ ਨਾਲ ਕੀਤਾ ਗਿਆ ਕਿ ਸਾਂਝੇ ਯਤਨ ਅਤੇ ਜਨ ਭਾਗੀਦਾਰੀ ਹੀ ਆਉਣ ਵਾਲੀਆਂ ਪੀੜ੍ਹੀਆਂ ਲਈ ਸਾਫ਼ ਅਤੇ ਸਿਹਤਮੰਦ ਵਾਤਾਵਰਣ ਯਕੀਨੀ ਬਣਾ ਸਕਦੇ ਹਨ। ਇਸ ਮੌਕੇ ਵਿਮਮੀ ਬਜਾਜ, ਅਨੂ ਗੁਪਤਾ, ਪ੍ਰੀਤੀ ਕਪੂਰ, ਜੈਜ਼ ਭੋਗਲ, ਅਰਵਿੰਦਰ ਪੱਡਾ, ਸਿਮਰਤ ਕਥੂਰੀਆ, ਸ਼ਵੇਤਾ ਮਿਗਲਾਨੀ, ਰਮਨਦੀਪ, ਜਯੰਤ ਅਰੋੜਾ ਸਮੇਤ ਕਈ ਹੋਰ ਸ਼ਖ਼ਸੀਅਤਾਂ ਅਤੇ ਵਲੰਟੀਅਰ ਹਾਜ਼ਰ ਸਨ।

ਭਾਸ਼ਾ ਵਿਭਾਗ ਵੱਲੋਂ ਉਰਦੂ ਆਮੋਜ਼ ਕੋਰਸ ਜੁਲਾਈ ਤੋਂ ਸ਼ੁਰੂ

ਲੁਧਿਆਣਾ, 5 ਜੂਨ (ਵਿਸ਼ਾਲ ਸ਼ਰਮਾ): ਪੰਜਾਬ ਸਰਕਾਰ ਦੇ ਭਾਸ਼ਾ ਵਿਭਾਗ ਦੁਆਰਾ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਉਰਦੂ ਸਿੱਖਣ ਦੇ ਚਾਹਵਾਨ ਵਿਅਕਤੀਆਂ ਲਈ ਉਰਦੂ ਕੋਰਸ ਦਾ ਅਗਲਾ ਸ਼ੈਸ਼ਨ ਜੁਲਾਈ 2026 ਤੋਂ ਸ਼ੁਰੂ ਕੀਤਾ ਜਾ ਰਿਹਾ ਹੈ। ਇਸ ਕੋਰਸ ਦੀਆਂ ਕਲਾਸਾਂ ਜ਼ਿਲ੍ਹਾ ਭਾਸ਼ਾ ਦਫ਼ਤਰ, ਪੰਜਾਬੀ ਭਵਨ, ਲੁਧਿਆਣਾ ਵਿਖੇ ਲੱਗਣਗੀਆਂ। ਜ਼ਿਲ੍ਹਾ ਭਾਸ਼ਾ ਅਫ਼ਸਰ, ਲੁਧਿਆਣਾ ਡਾ. ਸੰਦੀਪ ਸ਼ਰਮਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਦਾ ਅਦਾਰਾ ਭਾਸ਼ਾ ਵਿਭਾਗ, ਪੰਜਾਬ ਜਿੱਥੇ ਪੰਜਾਬੀ ਭਾਸ਼ਾ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਅਨੇਕ ਉਪਰਾਲੇ ਕਰ ਰਿਹਾ ਹੈ, ਉੱਥੇ ਹੀ ਹੋਰ ਭਾਸ਼ਾਵਾਂ ਦੇ ਕਲਾਸਕੀ ਸਾਹਿਤ ਦੇ ਪੰਜਾਬੀ ਅਨੁਵਾਦ ਰਾਹੀਂ ਪੰਜਾਬੀ ਪਾਠਕਾਂ ਦੀ ਸਾਂਝ ਵਿਸ਼ਵ ਸਾਹਿਤ ਨਾਲ ਵੀ ਪਵਾਉਂਦਾ ਹੈ। ਭਾਸ਼ਾ ਵਿਭਾਗ ਦੁਆਰਾ ਪੰਜਾਬ ਵਿੱਚ ਸਾਹਿਤਿਕ ਅਤੇ ਦਫ਼ਤਰੀ ਲੋੜਾਂ ਲਈ ਉਰਦੂ ਭਾਸ਼ਾ ਦੇ ਗਿਆਨ ਦੇ ਮਹੱਤਵ ਨੂੰ ਧਿਆਨ ਵਿੱਚ ਰੱਖਦੇ ਹੋਏ ਜ਼ਿਲ੍ਹਾ ਭਾਸ਼ਾ ਦਫ਼ਤਰਾਂ ਵਿੱਚ ਉਰਦੂ ਦੀ ਸਿੱਖਿਆ ਦਾ ਪ੍ਰਬੰਧ ਕੀਤਾ ਗਿਆ ਹੈ। ਜ਼ਿਲ੍ਹਾ ਭਾਸ਼ਾ ਅਫ਼ਸਰ ਨੇ ਅੱਗੇ ਦੱਸਿਆ ਕਿ ਉਰਦੂ ਸਿੱਖਣ ਦੇ ਚਾਹਵਾਨ ਵਿਅਕਤੀਆਂ ਲਈ ਉਰਦੂ ਕੋਰਸ ਦਾ ਅਗਲਾ ਸ਼ੈਸ਼ਨ ਜੁਲਾਈ 2026 ਤੋਂ ਸ਼ੁਰੂ ਕੀਤਾ ਜਾ ਰਿਹਾ ਹੈ ਅਤੇ ਇਸ ਕੋਰਸ ਲਈ ਕੇਵਲ 500 ਰੁਪਏ ਪ੍ਰੀਖਿਆ ਫੀਸ ਤੋਂ ਬਿਨਾਂ ਹੋਰ ਕੋਈ ਫੀਸ ਨਹੀਂ ਲਈ ਜਾਂਦੀ। ਉਨ੍ਹਾਂ ਦੱਸਿਆ ਕਿ ਇਸ ਕੋਰਸ ਦੀ ਮਿਆਦ 6 ਮਹੀਨੇ ਹੈ, ਜਿਸ ਲਈ ਕਿਸੇ ਵੀ ਉਮਰ ਵਰਗ ਦਾ ਵਿਅਕਤੀ ਇਸ ਕੋਰਸ ਵਿੱਚ ਦਾਖਲਾ ਲੈ ਸਕਦਾ ਹੈ। ਜਿਕਰਯੋਗ ਹੈ ਕਿ ਪਿਛਲੇ ਸਮੇਂ ਦੌਰਾਨ ਲੁਧਿਆਣਾ ਕੇਂਦਰ ਦੇ ਅਨੇਕ ਸਿਖਿਆਰਥੀਆਂ ਨੇ ਰਾਜ ਪੱਧਰੀ ਪ੍ਰੀਖਿਆ ਵਿੱਚੋਂ ਪੁਜੀਸ਼ਨਾਂ ਵੀ ਹਾਸਲ ਕੀਤੀਆਂ ਹਨ। ਉਰਦੂ ਕਲਾਸ ਲਈ ਵਿਭਾਗ ਵੱਲੋਂ ਕਾਬਿਲ ਉਰਦੂ ਅਧਿਆਪਕ ਦਾ ਪ੍ਰਬੰਧ ਕੀਤਾ ਗਿਆ ਹੈ। ਕਲਾਸ ਦਾ ਸਮਾਂ ਸ਼ਾਮ ਪੰਜ ਵਜੇ ਤੋਂ ਛੇ ਵਜੇ ਦਾ ਹੈ, ਜਿਸ ਕਾਰਨ ਕੰਮ-ਕਾਜ ਅਤੇ ਨੌਕਰੀ ਵਾਲੇ ਲੋਕ ਵੀ ਇਸ ਦਾ ਲਾਭ ਉਠਾ ਸਕਦੇ ਹਨ।

ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਸ਼ਰਮਾ ਨੇ ਦੱਸਿਆ ਕਿ ਉਰਦੂ ਸਿੱਖਣ ਦੇ ਚਾਹਵਾਨ ਇਸ ਕੋਰਸ ਲਈ ਦਾਖਲਾ ਫਾਰਮ ਦਫ਼ਤਰ, ਜ਼ਿਲ੍ਹਾ ਭਾਸ਼ਾ ਅਫ਼ਸਰ, ਲੁਧਿਆਣਾ ਤੋਂ ਕਿਸੇ ਵੀ ਕੰਮ-ਕਾਜ ਵਾਲੇ ਦਿਨ ਮੁਫ਼ਤ ਪ੍ਰਾਪਤ ਕਰ ਸਕਦੇ ਹਨ।

ਪੰਜਗਰਾਈਆਂ ਵਿਖੇ ਪਾਣੀ ਦੀ ਨਿਕਾਸੀ ਦੀ ਗੰਭੀਰ ਸਮੱਸਿਆ ਦਾ ਨਿਪਟਾਰਾ ਹੋਇਆ

ਬਟਾਲਾ, 5 ਜੂਨ (ਬਲਵਿੰਦਰ ਸਿੰਘ ਪੰਜਗਰਾਈਂ): ਹਲਕਾ ਸ੍ਰੀ ਹਰਿਗੋਬਿੰਦਪੁਰ ਸਾਹਿਬ ਦੇ ਵਿਧਾਇਕ ਐਡ. ਅਮਰਪਾਲ ਸਿੰਘ ਕਿਸ਼ਨਕੋਟ ਦੀ ਅਗਵਾਈ ਹੇਠ, ਹਲਕੇ ਦੇ ਪਿੰਡ ਪੰਜਗਰਾਈਆਂ ਵਿਖੇ ਪਿੰਡ ਵਾਸੀਆਂ ਨੂੰ ਆ ਰਹੀ ਪਾਣੀ ਦੇ ਨਿਕਾਸ ਦੀ ਸਮੱਸਿਆ ਨੂੰ ਹੱਲ ਕੀਤਾ ਗਿਆ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਨਗਰ ਦੇ ਸਰਪੰਚ ਗੁਰਦੀਪ ਸਿੰਘ ਹੇਅਰ ਨੇ ਆਪਣੇ ਗ੍ਰਹਿ ਵਿਖੇ ਕੀਤਾ। ਉਨ੍ਹਾਂ ਕਿਹਾ ਕਿ ਪਿੰਡ ਵਾਸੀਆਂ ਦੀਆਂ ਮੁਸ਼ਕਿਲਾਂ ਹੱਲ ਕਰਨ ਲਈ ਉਹ ਵਚਨਬੱਧ ਹਨ। ਇਸ ਮੌਕੇ ਪਿੰਡ ਵਾਸੀਆਂ ਨਾਲ ਗੱਲਬਾਤ ਕਰਦਿਆਂ ਹੋਇਆਂ ਉਨ੍ਹਾਂ ਦੱਸਿਆ ਕਿ ਪਿੰਡ ਦੇ ਚੜ੍ਹਦੇ ਪਾਸੇ ਦੇ ਘਰਾਂ ਨੂੰ ਛੱਡ ਕੇ, ਬਾਕੀ ਸਾਰੇ ਪਿੰਡ ਦਾ ਪਾਣੀ ਪਿੰਡ ਦੇ ਲਹਿੰਦੇ ਪਾਸੇ ਚੱਲ ਰਹੇ ਸੂਏ ਵਿੱਚ ਪੈਂਦਾ ਸੀ, ਪਰ ਹੁਣ ਜਦ ਕੇ ਇਰੀਗੇਸ਼ਨ ਵਿਭਾਗ ਵੱਲੋਂ ਸੂਇਆਂ-ਖਾਲਾਂ ਨੂੰ ਪੱਕਾ ਕੀਤਾ ਜਾ ਰਿਹਾ ਹੈ ਤਾਂ ਪਿੰਡ ਦੇ ਪਾਣੀ ਦੀ ਨਿਕਾਸੀ ਦੀ ਸਮੱਸਿਆ ਆਉਣ ਖੜ੍ਹੀ ਹੋਈ। ਇਸ ਮੁਸ਼ਕਿਲ ਨੂੰ ਲੈ ਕੇ ਨਗਰ ਦੇ ਕਿਸਾਨ ਆਗੂ, ਸਾਬਕਾ ਸਰਪੰਚ ਕਰਮਜੀਤ ਸਿੰਘ ਤੇ ਪਿੰਡ ਵਾਸੀ ਇਕੱਤਰ ਹੋਏ ਤੇ ਨਗਰ ਵਾਸੀਆਂ ਦੀ ਮੁਸ਼ਕਿਲ ਦੇ ਹੱਲ ਲਈ ਸਰਪੰਚ ਗੁਰਦੀਪ ਸਿੰਘ ਕੋਲ ਪੁਹੰਚ ਕੀਤੀ, ਜਿਸ ’ਤੇ ਸਰਪੰਚ ਗੁਰਦੀਪ ਸਿੰਘ ਨੇ ਪਹਿਲ ਕਦਮੀ ਕਰਦਿਆਂ ਹੋਇਆਂ, ਜੇਸੀਬੀ ਲਗਾ ਕੇ ਪਾਣੀ ਦੇ ਨਿਕਾਸ ਲਈ ਛੱਪੜ ਪੁੱਟਣ ਦਾ ਕੰਮ ਆਰੰਭ ਕਰ ਦਿੱਤਾ ਹੈ। ਇਸ ਸਬੰਧੀ ਜਦੋਂ ਅਮਰਪਾਲ ਸਿੰਘ ਕਿਸ਼ਨ ਕੋਟ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਹਲਕੇ ਦੇ ਹਰ ਬਾਸ਼ਿੰਦੇ ਦੀ, ਹਰ ਮੁਸ਼ਕਿਲ ਨੂੰ ਹੱਲ ਕਰਨਾ ਉਨ੍ਹਾਂ ਦਾ ਮੁੱਢਲਾ ਫਰਜ਼ ਹੈ, ਉਨ੍ਹਾਂ ਪੰਜਾਬ ਸਰਕਾਰ ਵੱਲੋਂ ਕੀਤੇ ਗਏ ਕੰਮਾਂ ਬਾਰੇ ਗੱਲ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕ ਹਿੱਤ ਵਿੱਚ ਵੱਡੇ ਉਪਰਾਲੇ ਕੀਤੇ ਗਏ ਹਨ। ਇਸ ਮੌਕੇ ਪੰਚ ਗੁਰਦੀਪ ਸਿੰਘ ਤੋਂ ਇਲਾਵਾ ਬਲਾਕ ਸੰਮਤੀ ਮੈਂਬਰ ਪਰਮਜੀਤ ਸਿੰਘ ਟੀਟਾ ਬਾਜਵਾ, ਸਾਬਕਾ ਸਰਪੰਚ ਕਰਮਜੀਤ ਸਿੰਘ ਬਾਜਵਾ, ਪੰਚ ਬਲਵਿੰਦਰ ਸਿੰਘ, ਚੇਅਰਮੈਨ ਹਰਭਜਨ ਸਿੰਘ, ਕਿਸਾਨ ਆਗੂ ਤਜਿੰਦਰ ਸਿੰਘ ਲਾਲੀ ਬਾਜਵਾ, ਅਨੂਪ ਸਿੰਘ ਹੇਅਰ, ਸੋਨੂੰ ਢਾਬਾ, ਲਾਡੀ, ਹਰਵਿੰਦਰ ਸਿੰਘ, ਸਤਨਾਮ ਸਿੰਘ, ਜੀਵਨ ਕੁਮਾਰ, ਗੁਲਸ਼ਨ ਕੁਮਾਰ ਹਾਜ਼ਰ ਸਨ।

ਸੂਬਾ ਸਰਕਾਰ ਵੱਲੋਂ ਨਸ਼ਾ ਤਸਕਰਾਂ ਖ਼ਿਲਾਫ਼ ਵਿੱਢੀ ਮੁਹਿੰਮ ਦੇ ਹਾਂ-ਪੱਖੀ ਨਤੀਜੇ ਸਾਹਮਣੇ ਆ ਰਹੇ ਨੇ: ਵਿਧਾਇਕ ਸ਼ੈਰੀ ਕਲਸੀ

ਬਟਾਲਾ, 5 ਜੂਨ (ਬਲਵਿੰਦਰ ਸਿੰਘ ਪੰਜਗਰਾਈਂ/ਧੰਨਪਾਲ ਕਲਸੀ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬਾ ਸਰਕਾਰ ਵੱਲੋਂ ਨਸ਼ਿਆਂ ਨੂੰ ਜੜ੍ਹ ਤੋਂ ਖ਼ਤਮ ਲਈ ਯੁੱਧ ਨਸ਼ਿਆਂ ਵਿਰੁੱਧ ਚਲਾਇਆ ਜਾ ਰਿਹਾ ਹੈ ਤੇ ਸੂਬਾ ਸਰਕਾਰ ਵੱਲੋਂ ਨਸ਼ਾ ਤਸਕਰਾਂ ਖ਼ਿਲਾਫ ਵੱਡੀ ਕਾਰਵਾਈ ਕੀਤੀ ਜਾ ਰਹੀ ਹੈ, ਜਿਸ ਦੇ ਹਾਂ-ਪੱਖੀ ਨਤੀਜੇ ਸਾਹਮਣੇ ਆ ਰਹੇ ਹਨ। ਇਹ ਪ੍ਰਗਟਾਵਾ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਵਿਧਾਇਕ ਸ਼ੈਰੀ ਕਲਸੀ ਨੇ ਸਥਾਨਕ ਸ਼ਿਵ ਬਟਾਲਵੀ ਆਡੀਟੋਰੀਅਮ ਵਿਖੇ ਦੂਸਰੇ ਫੇਜ਼ ਤਹਿਤ ਵਿਲੇਜ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਨਾਲ ਕੀਤੀ ਮੀਟਿੰਗ ਦੌਰਾਨ ਕੀਤਾ। ਇਸ ਮੌਕੇ ਸਾਰੰਗਪ੍ਰੀਤ ਸਿੰਘ ਐਸ.ਡੀ.ਐਮ., ਚੇਅਰਮੈਨ ਮਾਨਿਕ ਮਹਿਤਾ ਜ਼ਿਲ੍ਹਾ ਕੋਆਰਡੀਨੇਟਰ ਨਸ਼ਾ ਮੁਕਤੀ ਮੋਰਚਾ, ਡੀ.ਐਸ.ਪੀ. ਸੁਖਇੰਦਰ ਸਿੰਘ, ਨਿਤਿਨ ਸਹੋਤਾ ਨਾਇਬ ਤਹਿਸੀਲਦਾਰ, ਬੀਡੀਪੀਓ ਬਲਜੀਤ ਸਿੰਘ, ਮਨਜੀਤ ਸਿੰਘ ਬੁਮਰਾਹ ਹਲਕਾ ਕੋਆਰਡੀਨੇਟਰ ਨਸ਼ਾ ਮੁਕਤੀ ਮੋਰਚਾ ਬਟਾਲਾ, ਅਨਮੋਲਜੀਤ ਸਿੰਘ ਤੇ ਵੀਡੀਸੀ ਦੇ ਮੈਂਬਰ ਨੁਮਾਇੰਦੇ ਹਾਜ਼ਰ ਸਨ। ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਾ ਮੁਕਤੀ ਮੋਰਚਾ ਦੇ ਸਾਰੇ ਵਲੰਟੀਅਰਜ਼, ਵਿਲੇਜ ਤੇ ਵਾਰਡ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਵੱਲੋਂ ਸੂਬੇ ਨੂੰ ਮੁੜ ਰੰਗਲਾ ਪੰਜਾਬ ਬਣਾਉਣ ਲਈ ਬੜੀ ਸਰਗਰਮੀ ਨਾਲ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਵਕਤ ਪੰਜਾਬ ਸਰਕਾਰ ਸਮਾਜਿਕ ਬੁਰਾਈ ਨਸ਼ਿਆਂ ਨੂੰ ਜੜ੍ਹੋਂ ਖਤਮ ਕਰਨ ਲਈ ਵਚਨਬੱਧ ਹੈ ਤੇ ਸਮੂਹਿਕ ਯਤਨਾਂ ਨਾਲ

ਇਸ ਬਿਮਾਰੀ ਨੂੰ ਖਤਮ ਕੀਤਾ ਜਾਵੇਗਾ। ਮੀਟਿੰਗ ਦੌਰਾਨ ਸਾਰੰਗਪ੍ਰੀਤ ਸਿੰਘ ਐਸ.ਡੀ.ਐਮ. ਬਟਾਲਾ ਨੇ ਕਿਹਾ ਕਿ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਦੂਸਰੇ ਫੇਜ਼ ਤਹਿਤ ਵਿਲੇਜ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਨਾਲ ਮੀਟਿੰਗ ਕੀਤੀ ਗਈ ਹੈ। ਇਸ ਮੌਕੇ ਪੁਸ਼ਪਿੰਦਰ ਸਿੰਘ, ਕੰਸ ਰਾਜ, ਗੁਰਦੇਵ ਸਿੰਘ ਤੇ ਦਲਜੀਤ ਸਿੰਘ ਵਾਹਲਾ ਬਲਾਕ ਕੋਆਰਡੀਨੇਟਰ, ਨਰਿੰਦਰ ਸਿੰਘ, ਅਵਨੀਤ ਸਿੰਘ, ਕਸ਼ਮੀਰ ਸਿੰਘ, ਨਿਰਮਲ ਸਿੰਘ ਮੱਟੂ ਮੌਜੂਦ ਸਨ।

ਰਸਤੇ ’ਤੇ ਨਾਜਾਇਜ਼ ਕਬਜ਼ੇ ਵਿਰੁੱਧ ਜਮਹੂਰੀ ਕਿਸਾਨ ਸਭਾ ਵੱਲੋਂ ਸੰਘਰਸ਼ ਦਾ ਐਲਾਨ

ਅਜਨਾਲਾ, 5 ਜੂਨ (ਚ.ਨ.ਸ): ਕਾਮਰੇਡ ਟਹਿਲ ਸਿੰਘ ਚੇਤਨਪੁਰਾ ਤੇ ਸਾਬਕਾ ਬਲਾਕ ਸੰਮਤੀ ਮੈਂਬਰ ਗੁਰਜੀਤ ਸਿੰਘ ਚੇਤਨਪੁਰਾ ਨੇ ਸਾਂਝੇ ਤੌਰ ’ਤੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਨਤਕ ਰਸਤੇ ਉਪਰ ਕੀਤੇ ਗਏ ਨਾਜਾਇਜ਼ ਕਬਜ਼ੇ ਨੂੰ ਲੈ ਕੇ ਲੋਕਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਉਨ੍ਹਾਂ ਅੱਗੇ ਦੱਸਿਆ ਕਿ ਮਾਲ ਮਹਿਕਮੇ ਵੱਲੋਂ ਮੌਕੇ ’ਤੇ ਨਿਸ਼ਾਨਦੇਹੀ ਕਰਕੇ ਪਿੱਲਰ ਲਗਾਏ ਗਏ ਸਨ ਤੇ ਨਿਸ਼ਾਨਦੇਹੀ ਮੁਤਾਬਿਕ ਤਕਰੀਬਨ 10 ਫੁੱਟ ਚੌੜੇ ਪਹੇ ਉਤੇ ਮਿੱਟੀ ਪਾ ਕੇ ਰਸਤਾ ਤਿਆਰ ਕੀਤਾ ਗਿਆ ਸੀ। ਪ੍ਰੰਤੂ ਕੁਝ ਵਿਅਕਤੀਆਂ ਵੱਲੋਂ ਨਿਸ਼ਾਨਦੇਹੀ ਨੂੰ ਅਣਦੇਖਾ ਕਰਦੇ ਹੋਏ ਪਾਈ ਗਈ ਮਿੱਟੀ ਸਮੇਤ ਪੂਰੇ ਪਹੇ ਨੂੰ ਵਾਹ ਕੇ ਆਪਣੀ ਪੈਲੀ ਵਿੱਚ ਰਲਾ ਲਿਆ ਗਿਆ, ਜੋ ਕਿ ਗੈਰ-ਕਾਨੂੰਨੀ ਕਾਰਵਾਈ ਹੈ। ਆਗੂਆਂ ਨੇ ਕਿਹਾ ਕਿ ਇਹ ਮਾਮਲਾ ਆਮ ਲੋਕਾਂ ਦੇ ਆਵਾਜਾਈ ਅਧਿਕਾਰਾਂ ਨਾਲ ਜੁੜਿਆ ਹੋਇਆ ਹੈ ਏ ਕਿਸੇ ਵੀ ਕੀਮਤ

’ਤੇ ਜਨਤਕ ਰਸਤੇ ਉਪਰ ਕਬਜ਼ਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਅੱਗੇ ਕਿਹਾ ਕਿ ਜੇਕਰ ਪ੍ਰਸ਼ਾਸਨ ਵੱਲੋਂ ਜਲਦ ਕਾਰਵਾਈ ਕਰਕੇ ਰਸਤੇ ਨੂੰ ਬਹਾਲ ਨਾ ਕੀਤਾ ਗਿਆ ਤਾਂ ਜਮਹੂਰੀ ਕਿਸਾਨ ਸਭਾ ਦੀ ਅਗਵਾਈ ਹੇਠ ਤਿੱਖਾ ਸੰਘਰਸ਼ ਸ਼ੁਰੂ ਕੀਤਾ ਜਾਵੇਗਾ, ਜਿਸ ਦੀ ਪੂਰੀ ਜ਼ਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ।

ਦਰਬਾਰ ਮਾਈ ਮਸਤਾਨੀ ਵਿਖੇ ਸਾਲਾਨਾ ਜੋੜ ਮੇਲਾ 7 ਨੂੰ

ਟਾਂਡਾ ਉੜਮੁੜ, 5 ਜੂਨ (ਅਰਜੁਨ ਜੈਨ): ਸੱਲਾ ਰੋਡ ਟਾਂਡਾ ਵਿਖੇ ਦਰਬਾਰ ਮਾਈ ਮਸਤਾਨੀ ਵਿਖੇ ਸਾਲਾਨਾ ਸੂਫ਼ੀਆਨਾ ਜੋੜ ਮੇਲਾ 7 ਜੂਨ ਨੂੰ ਸ਼ਰਧਾ

ਤੇ ਸਤਿਕਾਰ ਨਾਲ ਮਨਾਇਆ ਜਾਵੇਗਾ। ਇਸ ਬਾਰੇ ਪ੍ਰੋਗਰਾਮ ਪੋਸਟਰ ਜਾਰੀ ਕਰਦੇ ਹੋਏ ਪ੍ਰਬੰਧਕਾਂ ਸਰਪ੍ਰਸਤ ਸੁਖਦੇਵ ਸਿੰਘ ਕੰਗ, ਪ੍ਰਧਾਨ ਸੁਰਜੀਤ ਸਿੰਘ, ਰਾਕੇਸ਼ ਕੁਮਾਰ, ਬੂਟਾ ਸਿੰਘ, ਰਾਜ ਕੁਮਾਰ ਆਦਿ ਨੇ ਦੱਸਿਆ ਕਿ ਦਰਬਾਰ ’ਤੇ 6 ਜੂਨ ਨੂੰ ਸ਼ਾਮ 7 ਵਜੇ ਮਹਿੰਦੀ ਦੀ ਰਸਮ ਹੋਵੇਗੀ ਤੇ 7 ਜੂਨ ਨੂੰ ਚਾਦਰ ਤੇ ਝੰਡਾ ਚੜ੍ਹਾਉਣ ਦੀ ਰਸਮ ਸਵੇਰੇ 10 ਵਜੇ ਹੋਵੇਗੀ। ਜਿਸ ਤੋਂ ਬਾਅਦ ਸ਼ਾਮ ਤੱਕ ਸੂਫ਼ੀਆਨਾ ਜੋੜ ਮੇਲਾ ਸ਼ੁਰੂ ਹੋਵੇਗਾ। ਮੇਲੇ ਦੌਰਾਨ ਜਸਪ੍ਰੀਤ ਕੌਰ ਜੱਸ ਬਰਾੜ, ਭੋਟੂ ਸ਼ਾਹ, ਐਲੈਕਸ ਕੋਟੀ, ਲਵੀਸ਼ ਚੌਹਾਨ, ਹਰਮਨ ਸ਼ਾਹ, ਸਾਬੀ ਬਰਾੜ, ਸ਼ੈਲੀ ਨਕਾਲ ਪਾਰਟੀ ਆਦਿ ਕਲਾਕਾਰ ਸੂਫ਼ੀਆਨਾ ਕਲਾਮਾਂ ਦੇ ਨਾਲ ਜਿੱਥੇ ਪੀਰਾਂ ਦੀ ਮਹਿਮਾਂ ਦਾ ਗੁਣਗਾਨ ਕਰਨਗੇ, ਉਥੇ ਸਭਿਆਚਾਰਕ ਗੀਤ ਵੀ ਪੇਸ਼ ਕਰਨਗੇ। ਉਨ੍ਹਾਂ ਦੱਸਿਆ ਕਿ ਮੇਲੇ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਹੋ ਗਈਆਂ ਹਨ। ਇਸ ਮੌਕੇ ’ਤੇ ਹਰਪ੍ਰੀਤ ਸਿੰਘ, ਰਮਨ ਕੁਮਾਰ, ਅਜੇ ਕੁਮਾਰ, ਸੋਨੂੰ, ਅਰਜੁਨ ਜੈਨ ਆਦਿ ਮੌਜੂਦ ਸਨ।

ਹਰਪ੍ਰੀਤ ਸਿੰਘ ਵੱਲੋਂ ਦੋ-ਮਾਸਿਕ ਮੀਟਿੰਗ, ਕੌਮੀ ਲੋਕ ਅਦਾਲਤ 12 ਸਤੰਬਰ ਨੂੰ

ਬਟਾਲਾ, 5 ਜੂਨ (ਡਾ. ਨਰਿੰਦਰ ਸਿੰਘ ਘੁਮਾਣ/ਡਾ. ਸਰਵਣ ਸਿੰਘ): ਮੈਂਬਰ ਸਕੱਤਰ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ. ਨਗਰ ਦੀਆਂ ਹਦਾਇਤਾਂ ਮੁਤਾਬਿਕ ਹਰਪ੍ਰੀਤ ਸਿੰਘ, ਮਾਣਯੋਗ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਦੁਆਰਾ ਸਬ-ਡਵੀਜ਼ਨ, ਬਟਾਲਾ ਵਿਖੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਤੇ ਸਬ-ਡਵੀਜ਼ਨ ਬਟਾਲਾ ਦੀਆਂ ਗਤੀਵਿਧੀਆਂ ਤੇ ਵੱਖ-ਵੱਖ ਸਕੀਮਾਂ ਦੀ ਜਾਗਰੂਕਤਾ ਸਬੰਧੀ ਦੋ-ਮਾਸਿਕ ਮੀਟਿੰਗ ਰੱਖੀ ਗਈ। ਇਹ ਮੀਟਿੰਗ ਬਟਾਲਾ ਦੇ ਵੱਖ-ਵੱਖ ਵਿਭਾਗਾਂ ਵੱਲੋਂ ਮੀਟਿੰਗ ਅਟੈਂਡ ਕੀਤੀ ਗਈ। ਇਸ ਮੌਕੇ ਹਰਜੋਤ ਸਿੰਘ ਗਿੱਲ, ਚੇਅਰਮੈਨ, ਸਬ-ਡਵੀਜ਼ਨਲ ਲੀਗਲ ਸਰਵਿਸਿਜ਼ ਕਮੇਟੀ, ਬਟਾਲਾ ਵੀ ਮੌਜੂਦ ਸਨ। ਇਸ ਮੌਕੇ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਵੱਲੋਂ ਕਰਵਾਏ

ਜਾ ਰਹੇ ਵੱਖ-ਵੱਖ ਜਾਗਰੂਕਤਾ ਪ੍ਰੋਗਰਾਮਾਂ ਬਾਰੇ ਦੱਸਿਆ ਤੇ ਨਾਲ ਹੀ ਇਹ ਦੱਸਿਆ ਕਿ ਸੈਸ਼ਨਜ਼ ਡਵੀਜ਼ਨ, ਗੁਰਦਾਸਪੁਰ ਅਧੀਨ ਸਮੂਹ ਨਿਆਂਇਕ ਅਦਾਲਤਾਂ ਗੁਰਦਾਸਪੁਰ ਤੇ ਸਬ-ਡਵੀਜ਼ਨ, ਬਟਾਲਾ ਵਿਖੇ ਕੇਸਾਂ ਦੇ ਨਿਪਟਾਰੇ ਲਈ ਅਗਲੀ ਨੈਸ਼ਨਲ ਲੋਕ ਅਦਾਲਤ ਮਿਤੀ 12.09.2026 ਨੂੰ ਲਗਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਇਸ ਨੈਸ਼ਨਲ ਲੋਕ ਅਦਾਲਤ ਵਿੱਚ ਫੌਜਦਾਰੀ, ਚੈਕ ਬਾਊਂਸ, ਬੈਂਕਾਂ ਦੇ ਕੇਸ, ਐਕਸੀਡੈਂਟ ਕਲੇਮ ਕੇਸ ਤੇ ਪਰਿਵਾਰਿਕ ਝਗੜੇ ਆਦਿ ਕਿਸਮਾਂ ਦੇ ਕੇਸ ਲਗਾਏ ਜਾਣਗੇ। ਇਸ ਤੋਂ ਇਲਾਵਾ ਪ੍ਰੀ-ਲੀਟੀਗੇਟਿਵ ਕੇਸ ਜਿਵੇਂ ਕਿ ਬੈਂਕ ਰਿਕਵਰੀ ਕੇਸ, ਜਲ ਸਪਲਾਈ, ਲੇਬਰ ਆਦਿ ਕੇਸ ਵੀ ਲਗਾਏ ਜਾਣਗੇ। ਲੋਕ ਅਦਾਲਤ ਦਾ ਮੁੱਖ ਮਨੋਰਥ ਦੋਵੇਂ ਧਿਰਾਂ ਦੀ ਆਪਸੀ ਰਜ਼ਾਮੰਦੀ ਨਾਲ ਝਗੜਿਆਂ ਦਾ ਨਿਪਟਾਰਾ ਕਰਵਾਉਣਾ ਹੈ ਤਾਂ ਜੋ ਧਿਰਾਂ ਦੇ ਕੀਮਤੀ ਸਮੇਂ ਤੇ ਧੰਨ ਦੀ ਬੱਚਤ ਹੋ ਸਕੇ ਤੇ ਆਪਸੀ ਦੁਸ਼ਮਣੀ ਘਟਾਈ ਜਾ ਸਕੇ। ਲੋਕ ਅਦਾਲਤਾਂ ਰਾਹੀਂ ਫੈਸਲੇ ਹੋਏ ਕੇਸਾਂ ਦੇ ਲਾਭਾਂ ’ਤੇ ਚਾਨਣਾ ਪਾਉਂਦੇ ਹੋਏ ਉਨ੍ਹਾਂ ਦੱਸਿਆ ਕਿ ਲੋਕ ਅਦਾਲਤ ਰਾਹੀਂ ਫੈਸਲਾ ਹੋਏ ਕੇਸ ਦੀ ਅੱਗੇ ਕੋਈ ਅਪੀਲ ਨਹੀਂ ਹੋ ਸਕਦੀ ਕਿਉਂਕਿ ਲੋਕ ਅਦਾਲਤ ਵਿੱਚ ਫੈਸਲਾ ਧਿਰਾਂ ਦੀ ਆਪਸੀ ਸਹਿਮਤੀ ਰਾਹੀਂ ਕਰਵਾਇਆ ਜਾਂਦਾ ਹੈ।

ਲਾਇਨਜ਼ ਕਲੱਬ ਗੋਲਡ ਬੰਦਗੀ 321-ਡੀ ਨਵਾਂਸ਼ਹਿਰ ਦੀ ਸਰਬਸੰਮਤੀ ਨਾਲ ਚੋਣ

☛ ਵੈਦ ਲਖਵਿੰਦਰ ਸਿੰਘ ਸੂਰਾਪੁਰੀ ਚੌਥੀ ਵਾਰ ਪ੍ਰਧਾਨ ਬਣੇ

ਨਵਾਂਸ਼ਹਿਰ, 5 ਜੂਨ (ਰੌਸ਼ਨ ਲਾਲ ਸੁਮੰਨ): ਲਾਇਨਜ਼ ਕਲੱਬ ਨਵਾਂਸ਼ਹਿਰ ਗੋਲਡ ਬੰਦਗੀ 321-ਡੀ ਦੀ ਮੀਟਿੰਗ ਕਲੱਬ ਦੇ ਸਰਪ੍ਰਸਤ ਪਾਲ ਸਿੰਘ ਬੰਗਾ ਦੀ ਪ੍ਰਧਾਨਗੀ ਹੇਠ ਡਾਇਮੰਡ ਹੋਟਲ ਅਲਾਚੋਰ ਵਿਖੇ ਹੋਈ। ਮੀਟਿੰਗ ਮੌਕੇ ਵੱਖ-ਵੱਖ ਮੁੱਦਿਆਂ ’ਤੇ ਵਿਚਾਰਾਂ ਕੀਤੀਆਂ ਗਈਆਂ ਤੇ ਕਲੱਬ ਵੱਲੋਂ ਕੀਤੇ ਪ੍ਰੋਜੈਕਟਾਂ ’ਤੇ ਪਾਲ ਸਿੰਘ ਬੰਗਾ ਵੱਲੋਂ ਤਸੱਲੀ ਪ੍ਰਗਟਾਈ ਗਈ। ਮੀਟਿੰਗ ਉਪੰਰਤ ਚੋਣ ਦੀ ਪ੍ਰਕਿਰਿਆ ਸ਼ੁਰੂ ਕੀਤੀ ਗਈ, ਜਿਸ ਵਿੱਚ ਚੋਣ ਆਬਜ਼ਰਵਰ ਬਲਵੀਰ ਸਿੰਘ ਧਮਾਈ ਦੀ ਦੇਖ ਰੇਖ ਚੋਣ ਪ੍ਰਕਿਰਿਆ ਆਰੰਭ ਕਰਵਾਈ ਗਈ। ਜਿਸ ਵਿੱਚ ਵੈਦ ਲਖਵਿੰਦਰ ਸਿੰਘ ਸੂਰਾਪੁਰੀ ਨੂੰ ਚੌਥੀ ਵਾਰ ਸਰਬਸੰਮਤੀ ਨਾਲ ਪ੍ਰਧਾਨ ਚੁਣਿਆ ਗਿਆ। ਇਸੇ ਤਰ੍ਹਾਂ ਬਾਕੀ ਅਹੁਦੇਦਾਰਾਂ ਦੀ ਚੋਣ ਹੋਈ, ਜਿਸ ਵਿੱਚ ਰਜਿੰਦਰ ਸਿੰਘ ਸੈਦਪੁਰੀ ਸੈਕਟਰੀ, ਜਸਪਾਲ ਸਿੰਘ ਲੋਗੀਆ ਫਾਈਨਾਂਸ ਸਕੱਤਰ, ਕੁਲਵਿੰਦਰ ਸਿੰਘ ਚੱਗਰ ਪੀ.ਆਰ.ਓ., ਅਵਤਾਰ ਸਿੰਘ ਸੈਣੀ ਯੂ.ਐਸ.ਏ. ਸੀਨੀਅਰ ਵਾਈਸ ਪ੍ਰਧਾਨ, ਤਰਲੋਚਨ ਸਿੰਘ ਐਕਸਾਈਡ ਬੈਟਰੀ ਵਾਈਸ ਪ੍ਰਧਾਨ, ਪਵਨ ਕੁਮਾਰ ਵਾਈਸ ਪ੍ਰਧਾਨ, ਹਰਦੀਪ ਸਿੰਘ ਪਾਬਲਾ ਵਾਈਸ ਪ੍ਰਧਾਨ, ਬਲਵਿੰਦਰ ਸਿੰਘ ਭੰਗਲ ਚੇਅਰਮੈਨ ਇਨਵਾਇਰਮੈਂਟ ਮਨਜੀਤ ਸਿੰਘ ਚੇਅਰਮੈਨ ਬਲੱਡ ਡੋਨੇਸ਼ਨ ਹਰਮਿੰਦਰ ਸਿੰਘ ਨਵਾਂਸ਼ਹਿਰ ਚੇਅਰਮੈਨ ਮੀਡੀਆ ਵਰਿੰਦਰ ਸਿੰਘ ਚੇਅਰਮੈਨ ਸਪੋਰਟਸ ਵਿੰਗ, ਬਲਵੰਤ ਸਿੰਘ ਲਾਦੀਆ ਚੇਅਰਮੈਨ ਲੀਗਲ ਸੈਲ, ਬਲਵੀਰ ਸਿੰਘ ਧਮਾਈ ਮੈਂਬਰਸ਼ਿਪ ਗਰੋਥ, ਕੁਲਦੀਪ ਸਿੰਘ ਸੈਹਬੀ ਪ੍ਰੋਜੈਕਟ ਚੇਅਰਮੈਨ, ਹਨੀ ਹਰਦੀਪ ਇੰਟਰਟੇਨਮੈਂਟ ਚੇਅਰਮੈਨ ਬਣੇ। ਇਸੇ ਤਰ੍ਹਾਂ ਬੋਰਡ ਆਫ ਡਾਇਰੈਕਟਰ ਦੀ ਚੋਣ ਕੀਤੀ ਗਈ, ਜਿਸ ਵਿੱਚ ਰਵਿੰਦਰ ਸਿੰਘ ਨਾਗਰਾ ਡਾਇਰੈਕਟਰ, ਜਸਵੀਰ ਸਿੰਘ ਡਾਇਰੈਕਟਰ, ਕੁਲਵੰਤ ਸਿੰਘ ਸੈਣੀ ਡਾਇਰੈਕਟਰ, ਭਵਨੇਸ਼ਵਰ ਬਾਵਾ ਡਾਇਰੈਕਟਰ, ਇਕਬਾਲ ਸਿੰਘ ਡਾਇਰੈਕਟਰ, ਦਲਜੀਤ ਸਿੰਘ ਨੌਰਾ ਡਾਇਰੈਕਟਰ, ਬਲਜੀਤ ਸਿੰਘ ਨੌਰਾ ਡਾਇਰੈਕਟਰ ਤੇ ਸੁਖਵਿੰਦਰ ਸਿੰਘ ਸਾਰੇ ਡਾਇਰੈਕਟਰ ਚੁਣੇ ਗਏ। ਇਸ ਮੌਕੇ ਪ੍ਰਧਾਨ ਸੂਰਾਪੁਰੀ ਨੇ ਕਿਹਾ ਕਿ ਜੋ ਮੈਨੂੰ ਚੌਥੀ ਵਾਰੀ ਜ਼ਿੰਮੇਵਾਰੀ ਸੌਂਪੀ ਗਈ ਹੈ ਮੈਂ ਉਸ ਨੂੰ ਤਨਦੇਹੀ ਨਾਲ ਨਿਭਾਵਾਂਗਾ।

ਪ੍ਰਿੰ. ਬਹਾਦਰ ਸਿੰਘ ਗੋਸਲ ਦੀ ਬਾਲ ਪੁਸਤਕ ਬਲਜਿੰਦਰ ਮਾਨ ਵੱਲੋਂ ਜਾਰੀ

ਮਾਹਿਲਪੁਰ, 5 ਜੂਨ (ਰਵੀ ਬੱਗਾ): ਚੰਡੀਗੜ੍ਹ ਦੇ ਉਘੇ ਸਾਹਿਤਕਾਰ ਤੇ ਪ੍ਰਿੰਸੀਪਲ ਬਹਾਦਰ ਸਿੰਘ ਗੋਸਲ ਅੱਜ ਤੱਕ ਸਵਾ ਸੌ ਪੁਸਤਕਾਂ ਦੀ ਸਿਰਜਣਾ ਕਰ ਚੁੱਕੇ ਹਨ। ਇਨ੍ਹਾਂ ਖੋਜ ਭਰਪੂਰ ਪੁਸਤਕਾਂ ਵਿੱਚ ਜਿੱਥੇ ਬਾਲ ਸਾਹਿਤ ਦੀਆਂ 75 ਪੁਸਤਕਾਂ ਹਨ, ਉਥੇ 50 ਪੁਸਤਕਾਂ ਪਰੌੜ ਸਾਹਿਤ ਦੀਆਂ ਹਨ। ਇਹ ਵਿਚਾਰ ਕਰੂੰਬਲਾਂ ਭਵਨ ਮਾਹਿਲਪੁਰ ਵਿੱਚ ਪ੍ਰਿੰਸੀਪਲ ਗੋਸਲ ਦੀ ਬਾਲ ਕਹਾਣੀਆਂ ਦੀ ਪੁਸਤਕ ‘ਦਾਦੀ ਦਾ ਡੱਬੀਦਾਰ ਕੰਬਲ’ ਨੂੰ ਜਾਰੀ ਕਰਦਿਆਂ ਸ਼੍ਰੋਮਣੀ ਸਾਹਿਤਕਾਰ ਬਲਜਿੰਦਰ ਮਾਨ ਨੇ ਆਖੇ। ਉਨ੍ਹਾਂ ਅੱਗੇ ਕਿਹਾ ਕਿ ਅੱਜ ਬਾਲ ਸਾਹਿਤ ਜਗਤ ਵਿੱਚ ਸਭ ਤੋਂ ਵੱਧ ਨਰੋਈ ਤੇ ਰੌਚਿਕ ਸਿਰਜਣਾ ਕਰਨ ਵਾਲੇ ਸਾਹਿਤਕਾਰ ਪ੍ਰਿੰਸੀਪਲ ਗੋਸਲ ਹਨ। ਜਿਨ੍ਹਾਂ ਵੱਲੋਂ ਹਰ ਸਾਲ ਘੱਟੋ-ਘੱਟ ਪੰਜ ਛੇ ਪੁਸਤਕਾਂ ਪ੍ਰਕਾਸ਼ਿਤ ਕੀਤੀਆਂ ਜਾ ਰਹੀਆਂ ਹਨ। ਆਪ ਇੱਕ ਕੁੱਲਵਕਤੀ ਸਾਹਿਤਕਾਰ ਬਣ ਕੇ ਦੇਸ਼ ਵਿਦੇਸ਼ ਦੇ ਅਖ਼ਬਾਰਾਂ ਰਸਾਲਿਆਂ ਵਿੱਚ ਨਿਰੰਤਰ ਪ੍ਰਕਾਸ਼ਿਤ ਹੋ ਰਹੇ ਹਨ। ਇਸ ਮੌਕੇ ਉਨ੍ਹਾਂ ਨਾਲ ਉਚੇਚੇ ਤੌਰ ’ਤੇ ਪੁੱਜੇ ਉਨ੍ਹਾਂ ਦੇ ਵਿਦਿਆਰਥੀ ਬਲਵਿੰਦਰ ਸਿੰਘ ਨੇ ਉਨ੍ਹਾਂ ਦੀ ਸਾਹਿਤ ਸਿਰਜਣਾ ਤੇ ਸ਼ਖ਼ਸੀਅਤ ਬਾਰੇ ਰੋਸ਼ਨੀ ਪਾਈ। ਆਪ ਅੱਜ ਵੀ ਇੱਕ ਸੰਸਥਾ ਵਾਂਗ ਮਾਨਵੀ ਕਾਰਜਾਂ ਨੂੰ ਨਿਭਾਅ ਰਹੇ ਹਨ। ਪ੍ਰਧਾਨਗੀ ਮੰਡਲ ਵਿੱਚ ਸ਼ਾਮਲ ਬੱਗਾ ਸਿੰਘ ਆਰਟਿਸਟ, ਚੈਂਚਲ ਸਿੰਘ ਬੈਂਸ, ਰਘੁਵੀਰ ਸਿੰਘ ਕਲੋਆ, ਬਲਦੇਵ ਕੌਰ ਤੇ ਸਤਿੰਦਰ ਕੌਰ ਨੇ ਕਿਹਾ ਕਿ ਅਜਿਹੇ ਸਾਹਿਤਕਾਰਾਂ ਦੀ ਸਾਡੇ ਸਮਾਜ ਨੂੰ ਵਿਸ਼ੇਸ਼ ਤੌਰ ’ਤੇ ਜ਼ਰੂਰਤ ਹੈ। ਪੁਸਤਕ ਦੀ ਚਿੱਤਰਕਾਰੀ ਕਰਨ ਵਾਲੇ ਆਰਟਿਸਟ ਸੁਖਮਨ ਸਿੰਘ ਨੇ ਇਸ ਪੁਸਤਕ ਵਿੱਚ ਦਰਜ ਚਿਤਰਾਂ ਬਾਰੇ ਚਰਚਾ ਕੀਤੀ। ਇਸ ਮੌਕੇ ਪ੍ਰਿੰਸੀਪਲ ਬਹਾਦਰ ਸਿੰਘ ਗੋਸਲ ਨੇ ਨਿੱਕੀਆਂ ਕਰੂੰਬਲਾਂ ਪ੍ਰਕਾਸ਼ਨ ਵੱਲੋਂ ਬਾਲ ਸਾਹਿਤ ਦੇ ਖੇਤਰ ਵਿੱਚ ਕੀਤੇ ਜਾ ਰਹੇ ਸ਼ਾਨਦਾਰ ਯਤਨਾਂ ਦੀ ਸ਼ਲਾਘਾ ਕੀਤੀ। ਪ੍ਰਿੰਸੀਪਲ ਮਨਜੀਤ ਕੌਰ ਨੇ ਸਭ ਦਾ ਧੰਨਵਾਦ ਕਰਦਿਆਂ ਕਿਹਾ ਕਿ ਪ੍ਰਕਾਸ਼ਨ ਵੱਲੋਂ ਨਰੋਈਆਂ ਤੇ ਬਾਲ ਮਨਾਂ ਦੀਆਂ ਹਾਣੀ ਪੁਸਤਕਾਂ ਦਾ ਪ੍ਰਕਾਸ਼ਨ ਕੀਤਾ ਜਾ ਰਿਹਾ ਹੈ। ਇਸ ਸਮਾਗਮ ਵਿੱਚ ਸਾਹਿਤਕਾਰ ਪਰਮਜੀਤ ਸਿੰਘ ਕਾਤਿਬ, ਗਾਇਕ ਨੀਲ ਕਮਲ, ਬੱਬੂ ਮਾਹਿਲਪੁਰੀ, ਪ੍ਰਿੰ. ਸਰਬਜੀਤ ਸਿੰਘ, ਜਗਜੀਤ ਸਿੰਘ ਗਣੇਸ਼ਪੁਰ, ਹਰਵੀਰ ਮਾਨ, ਪ੍ਰਿੰਸ ਮਹੇ, ਹਰਮਨਪ੍ਰੀਤ ਕੌਰ, ਅਨੀਤਾ ਰਾਣੀ ਸਮੇਤ ਨਿੱਕੀਆਂ ਕਰੂੰਬਲਾਂ ਪਾਠਕ ਮੰਚ ਦੇ ਮੈਂਬਰ ਤੇ ਸਾਹਿਤ ਪ੍ਰੇਮੀ ਸ਼ਾਮਲ ਹੋਏ।

ਰੈਡ ਕਰਾਸ ਡਰੱਗ ਡੀ-ਐਡੀਕਸ਼ਨ ਐਂਡ ਰੀਹੈਬਲੀਟੇਸ਼ਨ ਸੈਂਟਰ ਵਿਖੇ ਵਿਸ਼ਵ ਵਾਤਾਵਰਨ ਦਿਵਸ ਮਨਾਇਆ

ਕਾਹਨੂੰਵਾਨ, 5 ਜੂਨ (ਕੁਲਜੀਤ ਸਿੰਘ ਖੋਖਰ): ਰੈਡ ਕਰਾਸ ਡਰੱਗ ਡੀ-ਐਡੀਕਸ਼ਨ ਐਂਡ ਰੀਹੈਬਲੀਟੇਸ਼ਨ ਸੈਂਟਰ, ਬੱਬੇਹਾਲੀ, ਗੁਰਦਾਸਪੁਰ ਵਿਖੇ ਵਿਸ਼ਵ ਵਾਤਾਵਰਨ ਦਿਵਸ ਮਨਾਇਆ ਗਿਆ। ਇਸ ਸਮਾਗਮ ਨੇ ਵਾਤਾਵਰਨ ਸੰਭਾਲ ਦੀ ਮਹੱਤਤਾ ਨੂੰ ਉਜਾਗਰ ਕੀਤਾ ਤੇ ਭਾਗੀਦਾਰਾਂ ਨੂੰ ਆਪਣੇ ਰੋਜ਼ਾਨਾ ਜੀਵਨ ਵਿੱਚ ਵਾਤਾਵਰਨ-ਅਨੁਕੂਲ ਅਭਿਆਸਾਂ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਮੁੱਖ ਮਹਿਮਾਨ ਤੇਲੰਗਾਨਾ ਤੋਂ ਕਿਸ਼ੋਰ ਕੁਮਾਰ ਸਨ, ਜੋ ਇਸ ਸਮੇਂ 1 ਮਈ 2026 ਨੂੰ ਸ਼ੁਰੂ ਹੋਏ ਇੱਕ ਸ਼ਾਨਦਾਰ ਆਲ-ਇੰਡੀਆ ਮੋਟਰਸਾਈਕਲ ਟੂਰ ’ਤੇ ਹਨ। ਇਸ ਵਿਲੱਖਣ ਯਾਤਰਾ ਰਾਹੀਂ ਉਹ ਜਨਤਾ ਵਿੱਚ ਰਾਸ਼ਟਰੀ ਏਕਤਾ, ਵਾਤਾਵਰਨ ਜਾਗਰੂਕਤਾ ਤੇ ਨੇਤਾਜੀ ਸੁਭਾਸ਼ ਚੰਦਰ ਬੋਸ ਦੇ ਆਦਰਸ਼ਾਂ ਤੇ ਯੋਗਦਾਨ ਦੇ ਸੰਦੇਸ਼ ਫੈਲਾਅ ਰਹੇ ਹਨ। ਇਕੱਠ ਨੂੰ ਸੰਬੋਧਨ ਕਰਦੇ ਹੋਏ ਰਾਸ਼ਟਰੀ ਪੁਰਸਕਾਰ ਜੇਤੂ ਤੇ ਕੇਂਦਰ ਦੇ ਨਿਰਦੇਸ਼ਕ ਰੋਮੇਸ਼ ਮਹਾਜਨ ਨੇ ਵਿਸ਼ਵ ਵਾਤਾਵਰਨ ਦਿਵਸ ਦੀ ਮਹੱਤਤਾ ਤੇ ਇਤਿਹਾਸ ਬਾਰੇ

ਵਿਸਥਾਰ ਨਾਲ ਦੱਸਿਆ। ਉਨ੍ਹਾਂ ਕਿਹਾ, ਵਿਸ਼ਵ ਵਾਤਾਵਰਨ ਦਿਵਸ ਦੀ ਸ਼ੁਰੂਆਤ ਸੰਯੁਕਤ ਰਾਸ਼ਟਰ ਦੁਆਰਾ ਆਯੋਜਿਤ 1972 ਦੇ ਸਟਾਕਹੋਮ ਕਾਨਫਰੰਸ ਤੋਂ ਹੋਈ ਸੀ ਤੇ ਇਹ ਵਾਤਾਵਰਨ ਸੁਰੱਖਿਆ ਤੇ ਟਿਕਾਊ ਜੀਵਨ ਨੂੰ ਉਤਸ਼ਾਹਿਤ ਕਰਨ ਲਈ ਹਰ ਸਾਲ 5 ਜੂਨ ਨੂੰ ਮਨਾਇਆ ਜਾਂਦਾ ਹੈ। ਇਸ ਮੌਕੇ ’ਤੇ ਸਾਰੇ ਭਾਗੀਦਾਰਾਂ ਨੇ ਆਪਣੇ ਰੋਜ਼ਾਨਾ ਜੀਵਨ ਵਿੱਚ ਹਾਨੀਕਾਰਕ ਸਮੱਗਰੀ ਦੀ ਵਰਤੋਂ ਤੋਂ ਬਚਣ ਤੇ ਵਾਤਾਵਰਨ ਦੀ ਰੱਖਿਆ ਤੇ ਸੰਭਾਲ ਲਈ ਸਰਗਰਮੀ ਨਾਲ ਯੋਗਦਾਨ ਪਾਉਣ ਦਾ ਇੱਕ ਗੰਭੀਰ ਪ੍ਰਣ ਲਿਆ। ਇਸ ਮੌਕੇ ਸਮਾਜ ਸੇਵੀ ਇੰਦਰਜੀਤ ਸਿੰਘ ਬਾਜਵਾ ਨੇ ਵੀ ਇਕੱਠ ਨੂੰ ਸੰਬੋਧਨ ਕੀਤਾ ਤੇ ਵਿਸ਼ਵ ਵਾਤਾਵਰਨ ਦਿਵਸ ਦੇ ਵਿਸ਼ਵਵਿਆਪੀ ਮਹੱਤਵ ਨੂੰ ਉਜਾਗਰ ਕੀਤਾ, ਪ੍ਰੋਗਰਾਮ ਵਿੱਚ ਕੇਂਦਰ ਵਿੱਚ ਇਲਾਜ ਅਧੀਨ ਮਰੀਜ਼ਾਂ ਦੀ ਉਤਸ਼ਾਹੀ ਭਾਗੀਦਾਰੀ ਦੇਖੀ ਗਈ, ਜਿਨ੍ਹਾਂ ਨੇ ਚਰਚਾਵਾਂ ਵਿੱਚ ਸਰਗਰਮੀ ਨਾਲ ਹਿੱਸਾ ਲਿਆ ਤੇ ਵਾਤਾਵਰਨ ਸੁਰੱਖਿਆ ਪ੍ਰਤੀ ਆਪਣੀ ਵਚਨਬੱਧਤਾ ਦਾ ਵਾਅਦਾ ਕੀਤਾ। ਇਸ ਮੌਕੇ ਬਖਸ਼ੀ ਰਾਜ, ਕੋਆਰਡੀਨੇਟਰ, ਜ਼ਿਲ੍ਹਾ ਬਾਲ ਭਲਾਈ ਪ੍ਰੀਸ਼ਦ ਗੁਰਦਾਸਪੁਰ, ਇੰਦਰਜੀਤ ਸਿੰਘ ਬਾਜਵਾ, ਭਾਰਤ ਵਿਕਾਸ ਪ੍ਰੀਸ਼ਦ ਰਘਬੀਰ ਸਿੰਘ, ਮੈਡਮ ਆਭਾ ਸ਼ਰਮਾ, ਕੋਮਲ ਪ੍ਰੀਤ ਕੌਰ, ਸੁਰਜੀਤ ਕੌਰ, ਸਰੋਜ ਬਾਲਾ, ਡੌਲੀ ਸ਼ਰਮਾ ਤੇ ਹੋਰ ਮਹਿਮਾਨ ਹਾਜ਼ਰ ਸਨ।

ਬਜ਼ੁਰਗ ਆਨਲਾਈਨ ਠੱਗੀ ਦਾ ਹੋਇਆ ਸ਼ਿਕਾਰ

☛ ਸੋਸ਼ਲ ਮੀਡੀਆ ’ਤੇ ਵੀਡੀਓ ਦੇਖ ਕੇ ਖ੍ਰੀਦੀ ਸੀ ਗਾਂ

ਡੇਰਾ ਬਾਬਾ ਨਾਨਕ, 5 ਜੂਨ (ਹੈਪੀ ਕੋਟਲੀ): ਜਿੱਥੇ ਆਏ ਦਿਨੀਂ ਹੀ ਸੋਸ਼ਲ ਮੀਡੀਆ ’ਤੇ ਆਨਲਾਈਨ ਠੱਗੀ ਦੀਆਂ ਘਟਨਾਵਾਂ ਸਾਹਮਣੇ ਆਉਂਦੀਆਂ ਹਨ, ਉਥੇ ਹੀ ਸਰਹੱਦੀ ਹਲਕਾ ਡੇਰਾ ਬਾਬਾ ਨਾਨਕ ਦੇ ਪਿੰਡ ਧਾਰੋਵਾਲੀ ਤੋਂ ਵੀ ਸੋਸ਼ਲ ਮੀਡੀਆ ਜ਼ਰੀਏ ਠੱਗੀ ਵੱਜਣ ਦਾ ਮਾਮਲਾ ਸਾਹਮਣੇ ਆਇਆ। ਜਾਣਕਾਰੀ ਦਿੰਦੇ ਹੋਏ ਕਸ਼ਮੀਰ ਸਿੰਘ ਨੇ ਦੱਸਿਆ ਕਿ ਉਹ ਅਕਸਰ ਹੀ ਸੋਸ਼ਲ ਮੀਡੀਆ ’ਤੇ ਵੀਡੀਓ ਦੇਖਦੇ ਹਨ। ਉਨ੍ਹਾਂ ਨੇ ਸੋਸ਼ਲ ਮੀਡੀਆ ’ਤੇ ਇੱਕ ਵੀਡੀਓ ਦੇਖੀ ਜਿਸ ਵਿੱਚ ਇੱਕ ਨੌਜਵਾਨ ਜੋ ਆਪਣਾ ਨਾਮ ਗੋਪੀ ਦੱਸ ਰਿਹਾ ਤੇ ਪਿੰਡ ਮੋਹਨ ਭੰਡਾਰੀਆਂ ਦਾ ਰਹਿਣ ਵਾਲਾ ਹੈ ਤੇ ਆਪਣੇ ਕੋਲ ਚੰਗੀ ਨਸਲ ਦੀ ਗਾਂ ਹੋਣ ਦੀ ਮਸ਼ਹੂਰੀ ਕਰ ਰਿਹਾ ਸੀ। ਕਸ਼ਮੀਰ ਸਿੰਘ ਧਾਰੋਵਾਲੀ ਨੇ ਦੱਸਿਆ ਕਿ ਜਦੋਂ ਮੈਂ ਉਸ ਨੌਜਵਾਨ ਤੋਂ ਗਾਂ ਖਰੀਦਣ ਲਈ ਗੱਲਬਾਤ ਕੀਤੀ ਤਾਂ ਉਸਨੇ ਕਿਹਾ ਕਿ ਇਹ ਗਾਂ ਚੰਗੀ ਨਸਲ ਦੀ ਹੈ ਤੇ ਇਹ 10 ਕਿਲੋ ਦੇ ਕਰੀਬ ਦੁੱਧ ਦਿੰਦੀ ਹੈ। ਫੋਨ ’ਤੇ ਹੀ ਉਨ੍ਹਾਂ ਦਾ ਗਾਂ ਖਰੀਦਣ ਦਾ ਸੌਦਾ ਹੋ ਗਿਆ ਤੇ ਮੈਂ ਫੋਨ ਤੋਂ ਹੀ ਉਨ੍ਹਾਂ ਨੂੰ ਗਾਂ ਦਾ 28 ਹਜ਼ਾਰ ਰੁਪਏ ਆਨਲਾਈਨ ਭੁਗਤਾਨ ਕਰ ਦਿੱਤਾ ਸੀ ਤੇ ਗੋਪੀ ਨਾਂ ਦੇ ਵਿਅਕਤੀ ਵੱਲੋਂ ਉਨ੍ਹਾਂ ਨੂੰ ਗਾਂ ਭੇਜ ਦਿੱਤੀ ਗਈ, ਜਦੋਂ ਉਨ੍ਹਾਂ ਕੋਲ ਗਾਂ ਪਹੁੰਚੀ ਤਾਂ ਉਨ੍ਹਾਂ ਨੂੰ ਪਤਾ ਚੱਲ ਗਿਆ ਕਿ ਇਹ ਗਾਂ ਦੁੱਧ ਦੇ ਕਾਬਲ ਨਹੀਂ ਹੈ, ਸਗੋਂ ਉਸ ਵਿਅਕਤੀ ਵੱਲੋਂ ਉਨ੍ਹਾਂ ਨਾਲ ਆਨਲਾਈਨ ਠੱਗੀ ਮਾਰੀ ਗਈ ਹੈ। ਇਸ ਮੌਕੇ ਕਸ਼ਮੀਰ ਸਿੰਘ ਧਾਰੋਵਾਲੀ ਨੇ ਪ੍ਰਸ਼ਾਸਨਿਕ ਅਧਿਕਾਰੀਆਂ ਤੋਂ ਮੰਗ ਕੀਤੀ ਕਿ ਇਹੋ ਜਿਹੇ ਠੱਗਾਂ ਨੂੰ ਨੱਥ ਪਾਈ ਜਾਵੇ ਤਾਂ ਜੋ ਲੋਕ ਇਹੋ ਜਿਹੀ ਠੱਗੀ ਸ਼ਿਕਾਰ ਨਾ ਹੋਣ।

ਕਾਂਗਰਸ ਵਰਕਰਾਂ ਵੱਲੋਂ ਆਪਣੀ ਹੀ ਲਗਵਾਈ ਹੋਈ ਖ਼ਬਰ ਦਾ ਮੰਗਲ ਸਿੰਘ ਨੰਬਰਦਾਰ ਵੱਲੋਂ ਸਪੱਸ਼ਟੀਕਰਨ

ਬਿਆਸ, 5 ਜੂਨ (ਰਾਕੇਸ਼ ਸਲਵਾਨ): ਇੱਕ-ਦੋ ਦਿਨ ਪਹਿਲਾਂ ਇੱਕ ਲਗਵਾਈ ਹੋਈ ਖ਼ਬਰ ਦਾ ਕਾਂਗਰਸ ਵਰਕਰਾਂ ਵੱਲੋਂ ਇੱਕ ਸਪੱਸ਼ਟੀਕਰਨ ਦਿੱਤਾ ਗਿਆ। ਉਨ੍ਹਾਂ ਵੱਲੋਂ ਆਖਿਆ ਗਿਆ ਕਿ ਅਸੀਂ ਕਿਸੇ ਨੂੰ ਨੀਵਾਂ ਦਿਖਾਉਣ ਵਾਸਤੇ ਖ਼ਬਰ ਨਹੀਂ ਲਗਵਾਈ, ਅਸੀਂ ਇੱਕ ਗਰਾਊਂਡ ਜ਼ੀਰੋ ਤੋਂ ਕਾਂਗਰਸ ਦੇ ਵਰਕਰ ਹਾਂ, ਅਸੀਂ ਹੁਣ ਵੀ ਇਹ ਗੱਲ ਆਖਦੇ ਹਾਂ ਕਿ 2027 ਵਿੱਚ ਮੁੱਖ ਮੰਤਰੀ ਦੇ ਚਿਹਰੇ ਤੋਂ ਬਿਨਾਂ ਚੋਣਾਂ ਲੜਨ ਵਿੱਚ ਕਾਂਗਰਸ ਪਾਰਟੀ ਦਾ ਨੁਕਸਾਨ ਹੋ ਸਕਦਾ ਹੈ, ਜੋ ਇਸ ਵੇਲੇ ਲੋਕਾਂ ਦੀ ਆਵਾਜ਼ ਹੈ, ਓਹੀ ਗੱਲ ਅਸੀਂ ਕੀਤੀ। ਬਾਕੀ ਕਾਂਗਰਸ ਪਾਰਟੀ ਦੇ ਪ੍ਰਧਾਨ ਰਾਜਾ ਵੜਿੰਗ ਨੂੰ ਜਾਂ ਪੰਜਾਬ ਇੰਚਾਰਜ ਬਘੇਲ ਨੂੰ ਬਦਲਣ ਦੀ ਜੋ ਗੱਲ ਆਖੀ ਗਈ ਸੀ। ਅਗਰ ਕਾਂਗਰਸ ਹਾਈ ਕਮਾਂਡ ਨੂੰ ਕੋਈ ਇਤਰਾਜ਼ ਨਹੀਂ ਤੇ ਜੇ ਉਨ੍ਹਾਂ ਨੂੰ ਸਹੀ ਲੱਗਦਾ ਤਾਂ ਸਾਨੂੰ ਕੀ ਇਤਰਾਜ਼ ਹੋ ਸਕਦਾ ਕਿਉਂਕਿ ਅਸੀਂ ਕਾਂਗਰਸ ਦੇ ਵਰਕਰ ਹਾਂ ਤੇ ਰਹਾਂਗੇ। ਹਾਈ ਕਮਾਂਡ ਦਾ ਫੈਸਲਾ ਹੀ ਸਾਡਾ ਫੈਸਲਾ ਹੈ, ਬਾਕੀ ਕਾਂਗਰਸ ਪਾਰਟੀ ਇਕਜੁਟ ਹੈ ਤੇ ਆਉਣ ਵਾਲੀਆਂ ਵਿਧਾਨ ਸਭਾ ਵਿੱਚ ਵਧੀਆ ਪ੍ਰਦਰਸ਼ਨ ਕਰੇਗੀ ਤੇ ਕਾਂਗਰਸ ਪਾਰਟੀ ਦੀ ਸਰਕਾਰ ਬਣੇਗੀ ਕਿਉਂਕਿ ਕਾਂਗਰਸ ਪਾਰਟੀ ਇੱਕ ਧਰਮ ਨਿਰਪੱਖ ਪਾਰਟੀ ਹੈ, ਜੋ ਹਰ ਇੱਕ ਧਰਮ ਦਾ ਸਨਮਾਨ ਕਰਦੀ ਹੈ ਤੇ ਸਰਕਾਰ ਬਣਨ ’ਤੇ ਹਰ ਇੱਕ ਧਰਮ ਦਾ ਬਣਦਾ ਸਨਮਾਨ ਦੇਵੇਗੀ। ਬਾਕੀ ਹਲਕਾ ਬਾਬਾ ਬਕਾਲਾ ਸਾਹਿਬ ਤੋਂ ਕਾਂਗਰਸ ਪਾਰਟੀ ਇੱਕ ਵੱਡੀ ਲੀਡ ਨਾਲ ਜਿੱਤ ਹਾਸਲ ਕਰੇਗੀ ਤੇ ਸੀਟ ਜਿੱਤ ਕੇ ਕਾਂਗਰਸ ਪਾਰਟੀ ਦੀ ਝੋਲੀ ਵਿੱਚ ਪਵੇਗੀ। ਆਖਿਰ ਵਿੱਚ ਮੰਗਲ ਸਿੰਘ ਨੰਬਰਦਾਰ ਵੱਲੋਂ ਆਖਿਆ ਗਿਆ ਕਿ ਹਲਕਾ ਬਾਬਾ ਬਕਾਲਾ ਸਾਹਿਬ ਤੋਂ ਸਾਬਕਾ ਵਿਧਾਇਕ ਸੰਤੋਖ ਸਿੰਘ ਭਲਾਈਪੁਰ ਤੇ ਅੰਮ੍ਰਿਤਸਰ ਸਾਹਿਬ ਤੋਂ ਸਾਬਕਾ ਮੈਂਬਰ ਪਾਰਲੀਮੈਂਟ ਜਸਬੀਰ ਸਿੰਘ ਡਿੰਪਾਂ ਇੱਕ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕਰਨਗੇ। ਇਸ ਮੌਕੇ ’ਤੇ ਮੰਗਲ ਸਿੰਘ ਨੰਬਰਦਾਰ, ਲਖਵਿੰਦਰ ਸਿੰਘ ਲੱਖਾ, ਗੁਪਾਲ ਸਿੰਘ ਫੌਜੀ, ਤਰਸੇਮ ਸਿੰਘ, ਮੰਨਾ ਸਿੰਘ ਹਾਜ਼ਰ ਸਨ।

ਵਿਸ਼ਵ ਵਾਤਾਵਰਨ ਦਿਵਸ ਮੌਕੇ ਸਰਕਾਰੀ ਕਾਲਜ ਵਿਖੇ ਸੈਮੀਨਾਰ ਤੇ ਰੁੱਖ ਲਗਾਉਣ ਮੁਹਿੰਮ ਦੀ ਸ਼ੁਰੂਆਤ

ਗੁਰਦਾਸਪੁਰ, 5 ਜੂਨ (ਜਗੀਰ ਸਿੰਘ ਮੰਡ/ਨਾਹਰ): ਵਿਸ਼ਵ ਵਾਤਾਵਰਨ ਦਿਵਸ ਦੇ ਮੌਕੇ ’ਤੇ ਸਰਕਾਰੀ ਕਾਲਜ ਗੁਰਦਾਸਪੁਰ ਵਿਖੇ ਰੈਡ ਰਿਬਨ ਕਲੱਬ, ਅੰਦਰੂਨੀ ਗੁਣਵੱਤਾ ਭਰੋਸਾ ਸੈਲ ਤੇ ਇੰਸਟੀਚਿਊਸ਼ਨਜ਼ ਇਨੋਵੇਸ਼ਨ ਕੌਂਸਲ ਦੇ ਸਾਂਝੇ ਉਪਰਾਲੇ ਹੇਠ “Inspired by Nature, For Climate, For Future” ਵਿਸ਼ੇ ਉਤੇ ਇੱਕ ਵਿਸ਼ੇਸ਼ ਸੈਮੀਨਾਰ ਤੇ ਰੁੱਖ ਲਗਾਉਣ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਪ੍ਰੋਗਰਾਮ ਦੀ ਸ਼ੁਰੂਆਤ ਪ੍ਰੋ. ਸੀਮਾ ਮਹਾਜਨ ਵੱਲੋਂ ਕੀਤੀ ਗਈ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਅਸ਼ਵਨੀ ਭੱਲਾ ਨੇ ਵਿਸ਼ਵ ਵਾਤਾਵਰਨ ਦਿਵਸ ਦੀ ਮਹੱਤਤਾ ਬਾਰੇ ਵਿਸਤ੍ਰਿਤ ਸੰਬੋਧਨ ਕਰਦਿਆਂ ਕਿਹਾ ਕਿ ਵਾਤਾਵਰਨ ਦੀ ਸੁਰੱਖਿਆ ਸਿਰਫ਼ ਵਿਗਿਆਨਕ ਜਾਂ ਸਰਕਾਰੀ ਜ਼ਿੰਮੇਵਾਰੀ ਨਹੀਂ, ਸਗੋਂ ਧਾਰਮਿਕ, ਨੈਤਿਕ ਤੇ ਮਨੁੱਖੀ ਫਰਜ਼ ਵੀ ਹੈ। ਉਨ੍ਹਾਂ ਕਿਹਾ ਕਿ ਮਨੁੱਖ ਦਾ ਜੀਵਨ, ਸਿਹਤ, ਆਰਥਿਕ ਵਿਕਾਸ ਤੇ ਭਵਿੱਖ ਪੂਰੀ ਤਰ੍ਹਾਂ ਵਾਤਾਵਰਨ ਉਤੇ ਨਿਰਭਰ ਕਰਦਾ ਹੈ ਤੇ ਜੇਕਰ ਅਸੀਂ ਅੱਜ



ਕੁਦਰਤ ਦੀ ਸੰਭਾਲ ਨਹੀਂ ਕਰਾਂਗੇ ਤਾਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਇੱਕ ਅਸੁਰੱਖਿਅਤ ਤੇ ਅਸੰਤੁਲਿਤ ਸੰਸਾਰ ਵਿਰਾਸਤ ਵਿੱਚ ਮਿਲੇਗਾ। ਡਾ. ਭੱਲਾ ਨੇ ਕਿਹਾ ਕਿ ਅੱਜ ਸੰਸਾਰ ਜਲਵਾਯੂ ਪਰਿਵਰਤਨ, ਹਵਾ ਪ੍ਰਦੂਸ਼ਣ, ਪਲਾਸਟਿਕ ਪ੍ਰਦੂਸ਼ਣ, ਜੰਗਲਾਂ ਦੀ ਕਟਾਈ ਤੇ ਕੁਦਰਤੀ ਸਰੋਤਾਂ ਦੇ ਬੇਲੋੜੇ ਦੋਹਣ ਵਰਗੀਆਂ ਗੰਭੀਰ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ। ਉਨ੍ਹਾਂ ਪੰਜਾਬ ਵਿੱਚ ਘਟਦੇ ਭੂ-ਜਲ ਪੱਧਰ, ਪਰਾਲੀ ਸਾੜਨ, ਰਸਾਇਣਕ ਖਾਦਾਂ ਦੀ ਵੱਧ ਰਹੀ ਵਰਤੋਂ ਤੇ ਪਲਾਸਟਿਕ ਪ੍ਰਦੂਸ਼ਣ ਬਾਰੇ ਚਿੰਤਾ ਪ੍ਰਗਟ ਕਰਦਿਆਂ ਨੌਜਵਾਨਾਂ ਨੂੰ ਵਾਤਾਵਰਨ ਸੁਰੱਖਿਆ ਵਿੱਚ ਅਗਵਾਈ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਵਿਦਿਆਰਥੀਆਂ ਨੂੰ ਹਰ ਸਾਲ ਘੱਟੋ-ਘੱਟ ਇੱਕ ਰੁੱਖ ਲਗਾਉਣ, ਸਿੰਗਲ ਯੂਜ਼ ਪਲਾਸਟਿਕ ਤੋਂ ਬਚਣ, ਪਾਣੀ ਤੇ ਬਿਜਲੀ ਦੀ ਬੱਚਤ ਕਰਨ, ਵਾਤਾਵਰਨ ਪ੍ਰਤੀ ਜਾਗਰੂਕਤਾ ਫੈਲਾਉਣ ਲਈ ਪ੍ਰੇਰਿਤ ਕੀਤਾ। ਇਸ ਉਪਰੰਤ ਪ੍ਰੋ. ਸੁਗੰਧੀ ਮਹਾਜਨ ਵੱਲੋਂ ਵਿਸ਼ਵ ਵਾਤਾਵਰਨ ਦਿਵਸ ਦੇ ਥੀਮ “Inspired by Nature, For Climate, For Future” ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਇਸ ਮੌਕੇ ਵਾਈਸ-ਪ੍ਰਿੰਸੀਪਲ ਡਾ. ਕਰਨਜੀਤ ਸ਼ਰਮਾ, ਡਾ. ਸਰਬਜੀਤ ਸਿੰਘ ਸਮੇਤ ਕਾਲਜ ਦੇ ਹੋਰ ਸਟਾਫ਼ ਮੈਂਬਰ ਹਾਜ਼ਰ ਸਨ।

ਕਾਂਗਰਸ ਦੇ ਉਮੀਦਵਾਰ ਪਰਮਿੰਦਰ ਸਿੰਘ ਪ੍ਰਿੰਸ ਨੇ ਵਾਰਡ ਨੰਬਰ 7 ਤੋਂ ਭਰੇ ਨਾਮਜ਼ਦਗੀ ਪੱਤਰ

ਗੁਰਦਾਸਪੁਰ, 5 ਜੂਨ (ਜਸਵਿੰਦਰ ਸਿੰਘ): ਨਗਰ ਕੌਂਸਲ ਗੁਰਦਾਸਪੁਰ ਦੀਆਂ ਚੋਣਾਂ ਨੂੰ ਲੈ ਕੇ ਚੋਣ ਸਰਗਰਮੀਆਂ ਤੇਜ਼ ਹੋ ਰਹੀਆਂ ਹਨ। ਇਸੇ ਕੜੀ ਤਹਿਤ ਵਾਰਡ ਨੰਬਰ 7 ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਪਰਮਿੰਦਰ ਸਿੰਘ ਪ੍ਰਿੰਸ ਨੇ ਅੱਜ ਆਪਣੇ ਨਾਮਜ਼ਦਗੀ ਕਾਗਜ਼ ਸਬੰਧਤ ਰਿਟਰਨਿੰਗ ਅਫ਼ਸਰ ਦੇ ਦਫ਼ਤਰ ਵਿੱਚ ਦਾਖਲ ਕਰਵਾਏ। ਇਸ ਮੌਕੇ ਉਨ੍ਹਾਂ ਦੇ ਨਾਲ ਵਿਧਾਇਕ ਬਰਿੰਦਰਮੀਤ ਸਿੰਘ ਪਾਹੜਾ, ਬਲਜੀਤ ਸਿੰਘ ਪਾਹੜਾ ਕਾਂਗਰਸ ਪਾਰਟੀ ਦੇ ਆਗੂ, ਵਰਕਰ, ਪਰਿਵਾਰਕ ਮੈਂਬਰ ਤੇ ਸਮਰਥਕ ਵੀ ਮੌਜੂਦ ਸਨ। ਨਾਮਜ਼ਦਗੀ ਦਾਖਲ ਕਰਨ ਉਪਰੰਤ ਉਨ੍ਹਾਂ ਨੇ ਕਿਹਾ ਕਿ ਜੇਕਰ ਵਾਰਡ ਦੇ ਲੋਕ ਉਨ੍ਹਾਂ ਨੂੰ ਸੇਵਾ ਦਾ ਮੌਕਾ ਦਿੰਦੇ ਹਨ ਤਾਂ ਉਹ ਇਲਾਕੇ ਦੇ ਵਿਕਾਸ, ਸਫ਼ਾਈ ਪ੍ਰਬੰਧ, ਪੀਣ ਵਾਲੇ ਪਾਣੀ, ਸੜਕਾਂ ਤੇ ਹੋਰ ਬੁਨਿਆਦੀ ਸਹੂਲਤਾਂ ਨੂੰ ਪਹਿਲ ਦੇ ਆਧਾਰ ’ਤੇ ਯਕੀਨੀ ਬਣਾਉਣਗੇ। ਉਨ੍ਹਾਂ ਕਿਹਾ ਕਿ ਉਹ ਲੋਕਾਂ ਦੇ ਭਰੋਸੇ

’ਤੇ ਖਰਾ ਉਤਰਨ ਲਈ ਪੂਰੀ ਇਮਾਨਦਾਰੀ ਤੇ ਸਮਰਪਣ ਨਾਲ ਕੰਮ ਕਰਨਗੇ। ਇਸ ਮੌਕੇ ਕਾਂਗਰਸ ਪਾਰਟੀ ਆਗੂਆਂ ਨੇ ਵੀ ਵਾਰਡ ਨੰਬਰ 7 ਵਿੱਚ ਪਾਰਟੀ ਦੀ ਜਿੱਤ ਦਾ ਦਾਅਵਾ ਕਰਦਿਆਂ ਕਿਹਾ ਕਿ ਲੋਕ ਕਾਂਗਰਸ ਦੀਆਂ ਨੀਤੀਆਂ ਤੇ ਵਿਕਾਸ ਪੱਖੀ ਸੋਚ ਨੂੰ ਸਮਰਥਨ ਦੇ ਰਹੇ ਹਨ।

ਡੇਰਾ ਬਾਬਾ ਬਲਵੰਤ ਸ਼ਾਹ ਜੀ ਦਾਰਾਪੁਰ ਵਿਖੇ ਮੇਲਾ 18 ਨੂੰ, ਤਿਆਰੀਆਂ ਸ਼ੁਰੂ

ਗੜ੍ਹਦੀਵਾਲਾ, 5 ਜੂਨ (ਗੌਰਵ): ਧੰਨ-ਧੰਨ ਬਾਬਾ ਜਾਹਿਰਾ ਪੀਰ ਜੀ ਡੇਰਾ ਬਾਬਾ ਬਲਵੰਤ ਸ਼ਾਹ ਜੀ ਪਿੰਡ ਦਾਰਾਪੁਰ ਵਿਖੇ ਦਰਬਾਰ ’ਤੇ ਸਲਾਨਾ ਜੋੜ ਮੇਲਾ ਮਿਤੀ 18 ਜੂਨ ਦਿਨ ਵੀਰਵਾਰ ਨੂੰ ਧੰਨ-ਧੰਨ ਬਾਬਾ ਜਾਹਿਰਾ ਪੀਰ ਜੀ ਦਰਬਾਰ ’ਤੇ ਦਾਰਾਪੁਰ ਵਿਖੇ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਨਾਲ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ’ਤੇ ਜਾਣਕਾਰੀ ਦਿੰਦੇ ਹੋਏ ਗੱਦੀਨਸ਼ੀਨ ਲਾਡੀ ਸ਼ਾਹ ਨੇ ਦੱਸਿਆ ਕਿ ਮੇਲੇ ਦੀਆਂ ਤਿਆਰੀਆਂ ਪੂਰੇ ਜ਼ੋਰਾਂ-ਸ਼ੋਰਾਂ ਨਾਲ ਚੱਲ ਰਹੀਆਂ ਹਨ। ਉਨ੍ਹਾਂ ਨੇ ਦੱਸਿਆ ਕਿ ਸਵੇਰੇ 7 ਵਜੇ ਸਭ ਤੋਂ ਪਹਿਲਾਂ ਸੰਗਤਾਂ ਦੀ ਹਾਜ਼ਰੀ ਵਿੱਚ ਝੰਡੇ ਦੀ ਰਸਮ ਹੋਵੇਗੀ, ਉਸ ਦੇ ਉਪਰੰਤ 9 ਵਜੇ ਸੰਗਤਾਂ ਦੀ ਹਾਜ਼ਰੀ ਵਿੱਚ ਪੀਰਾਂ ਦੀ ਚਾਦਰ ਦੀ ਰਸਮ ਅਦਾ ਕੀਤੀ ਜਾਵੇਗੀ। ਉਸ ਦੇ ਉਪਰੰਤ ਪਹੁੰਚ ਰਹੇ ਕਲਾਕਾਰ ਅਜਮੇਰ ਐਂਡ ਪਾਰਟੀ ਗੜ੍ਹਦੀਵਾਲਾ, ਪੰਜਾਬ ਦੇ ਮਸ਼ਹੂਰ ਗਾਇਕ ਜਰਨੈਲ ਸੋਨੀ, ਕਮਲ ਕੀਤਾ ਐਂਡ ਪਾਰਟੀ ਝੰਬੋਵਾਲ ਸੂਫੀਆਨਾ ਪ੍ਰੋਗਰਾਮ ਪੇਸ਼ ਕਰਨਗੇ। ਬਿੱਲੋ ਬਠਿੰਡਾ ਐਂਡ ਨਕਾਲ ਪਾਰਟੀ ਨਕਲਾਂ ਦਾ ਪ੍ਰੋਗਰਾਮ ਪੇਸ਼ ਕਰਨਗੇ। ਉਸ ਦੇ ਉਪਰੰਤ ਆਈਆਂ ਹੋਈਆਂ ਸੰਗਤਾਂ ਲਈ ਭੰਡਾਰਾ ਖੁੱਲ੍ਹਾ ਚੱਲੇਗਾ। ਇਸ ਮੌਕੇ ’ਤੇ ਮੁਫਤ ਮੈਡੀਕਲ ਜਾਂਚ ਕੈਂਪ ਵੀ ਲਗਾਇਆ ਜਾਵੇਗਾ। ਇਸ ਮੌਕੇ ਨਰੇਸ਼ ਕੁਮਾਰ, ਸੁੱਖਾ, ਹਰਪ੍ਰੀਤ ਸਿੰਘ, ਭਗਵਾਨ ਦਾਸ, ਸੰਜੂ ਮਾਸਟਰ, ਕੁਨਾਲ, ਜੱਸੀ, ਕਰਨ, ਰਾਜੂ ਤੇ ਭਾਰੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

ਵਿਸ਼ਵ ਵਾਤਾਵਰਨ ਦਿਵਸ ’ਤੇ ਪੰਜਾਬ ਨੂੰ ਮਾਰੂਥਲ ਬਣਨ ਤੋਂ ਬਚਾਉਣ ਲਈ ਪ੍ਰਿੰਸੀਪਲ ਗੁਰਮੀਤ ਸਿੰਘ ਵੱਲੋਂ ਅਪੀਲ

ਬਟਾਲਾ, 5 ਜੂਨ (ਬਲਵਿੰਦਰ ਸਿੰਘ ਪੰਜਗਰਾਈਂ): ਜਲੰਧਰ ਰੋਡ ਉਪਰ ਸਥਿਤ ਦਾ ਮਿਲੇਨੀਅਮ ਸਕੂਲ, ਬਟਾਲਾ ਦੇ ਪ੍ਰਿੰਸੀਪਲ ਗੁਰਮੀਤ ਨੇ ਵਿਸ਼ਵ ਵਾਤਾਵਰਨ ਦਿਵਸ ’ਤੇ ਪੌਦੇ ਲਗਾ ਕੇ ਵਾਤਾਵਰਨ ਪ੍ਰਤੀ ਆਪਣਾ ਬਣਦਾ ਫਰਜ਼ ਨਿਭਾਇਆ ਹੈ ਤੇ ਸਮਾਜ ਵਿੱਚ ਰਹਿੰਦੇ ਹਰ ਮਨੁੱਖ ਨੂੰ ਵੱਧ ਤੋਂ ਵੱਧ ਪੌਦੇ ਲਗਾਉਣ ਦੀ ਅਪੀਲ ਕੀਤੀ ਹੈ।ਇਤਿਹਾਸਕ ਦਿਹਾੜੇ ’ਤੇ ਜੈਕਾਰਾਡਾ ਦੇ ਰੁੱਖ ਲਗਾਉਣ ਮੌਕੇ ਉਨ੍ਹਾਂ ਕਿਹਾ ਕਿ ਇਹ ਪੌਦੇ, ਸੜਕ ਨੂੰ ਸੁੰਦਰ, ਨੀਲੇ ਫੁੱਲਾਂ ਤੇ ਬੇਅੰਤ ਛਾਂ ਨਾਲ ਭਰ ਦੇਣਗੇ। ਉਨ੍ਹਾਂ ਕਿਹਾ ਕਿ ਰੁੱਖ ਲਗਾਉਣਾ ਹੁਣ ਕੁਝ ਗੈਰ-ਸਰਕਾਰੀ ਸੰਗਠਨਾਂ ਜਾਂ ਸਰਕਾਰੀ ਵਿਭਾਗਾਂ ਤੱਕ ਸੀਮਿਤ ਨਹੀਂ ਰਿਹਾ, ਬਲਕਿ ਇਹ ਉਨ੍ਹਾਂ ਪੰਜਾਬੀਆਂ ਲਈ ਇੱਕ ਸਖ਼ਤ ਲੋੜ ਬਣ ਗਈ ਹੈ, ਜੋ ਦਰਿਆਵਾਂ ’ਤੇ ਮਾਣ ਕਰਦੇ ਹਨ, ਪਰ ਇਸਨੂੰ ਸੰਭਾਲਣ ਲਈ ਬਹੁਤ ਅਵੇਸਲੇ ਹਨ। ਉਨ੍ਹਾਂ ਹੋਰ ਕਿਹਾ ਕਿ ਮਾਪਿਆਂ, ਵਿਦਿਅਕ ਸੰਸਥਾਵਾਂ, ਭਾਈਚਾਰਕ ਆਗੂਆਂ, ਧਾਰਮਿਕ ਤੇ ਸਮਾਜਿਕ ਸੰਗਠਨਾਂ ਦਾ ਫਰਜ਼ ਬਣਦਾ ਹੈ ਕਿ ਉਹ ਇਸ ਪਹਿਲ ਨੂੰ ਜੰਗੀ ਪੱਧਰ ’ਤੇ ਚੁੱਕਣ ਤੇ ਵਾਤਾਵਰਨ ਨੂੰ ਬਚਾਉਣ ਲਈ ਅੱਗੇ ਹੋ ਕੇ ਮਦਦ ਕਰਨ। ਗੁਰਮੀਤ ਸਿੰਘ ਨੇ ਦੱਸਿਆ ਕਿ ਅਸੀਂ ਪਾਣੀ ਦੇ ਡਿੱਗਦੇ ਪੱਧਰ ਤੇ ਇਸਦੀ ਗੁਣਵੱਤਾ ਪ੍ਰਤੀ ਮੂਕ ਦਰਸ਼ਕ ਬਣ ਕੇ ਨਹੀਂ ਰਹਿ ਸਕਦੇ। ਅਸੀਂ ਆਪਣੀਆਂ ਆਉਣ ਵਾਲੀਆਂ ਪੀੜ੍ਹੀਆਂ ਦੇ ਕਰਜ਼ਦਾਰ ਹਾਂ। ਇਹ ਧਰਤੀ ਸਿਰਫ ਸਾਡੀ ਹੀ ਨਹੀਂ ਹੈ, ਇਹ ਹਰ ਵਿਅਕਤੀ ਦੀ ਹੈ। ਉਨ੍ਹਾਂ ਹੋਰ ਦੱਸਿਆ ਕਿ ਇੱਕ ਤਾਜ਼ਾ ਅਧਿਐਨ ਦੇ ਅਨੁਸਾਰ, 2039 ਤੱਕ ਪੰਜਾਬ ਮਾਰੂਥਲ ਬਣ ਸਕਦਾ ਹੈ ਤੇ ਜੇ ਅਸੀਂ ਸਾਰੇ ਇਸ ਵਿਸ਼ੇ ਪ੍ਰਤੀ ਗੰਭੀਰ ਹੋਈਏ ਤਾਂ ਇਸਨੂੰ ਮਾਰੂਥਲ ਹੋਣ ਤੋਂ ਬਚਾਅ ਸਕਦੇ ਹਾਂ। ਉਨ੍ਹਾਂ ਅਜੋਕੇ ਸਮਾਜ ਵਿੱਚ ਰਹਿੰਦੇ ਹਰ ਪ੍ਰਾਣੀ ਨੂੰ ਅਪੀਲ ਕਰਦਿਆਂ ਹੋਇਆਂ ਕਿਹਾ ਕਿ ਆਓ! ਅਸੀਂ ਘੱਟੋ-ਘੱਟ ਆਪਣੇ ਸ਼ਹਿਰ ਨੂੰ, ਆਪਣੇ ਚੌਗਿਰਦੇ ਨੂੰ ਹਰਿਆ-ਭਰਿਆ ਤੇ ਸਾਫ਼ ਸੁਥਰਾ ਬਣਾਉਣ ਦਾ ਪ੍ਰਣ ਕਰੀਏ।

ਜੁਡੀਸ਼ੀਅਲ ਕੋਰਟ ਕੰਪਲੈਕਸ ਵਿਖੇ ਵਿਸ਼ਵ ਵਾਤਾਵਰਨ ਦਿਵਸ ਮਨਾਇਆ

ਬਟਾਲਾ/ਨੌਸ਼ਹਿਰਾ ਮੱਝਾ ਸਿੰਘ, 5 ਜੂਨ (ਬਲਵਿੰਦਰ ਸਿੰਘ ਪੰਜਗਰਾਈਂ/ਡਾ. ਸਤਨਾਮ ਸਿੰਘ ਸੰਧੂ): ਮੈਂਬਰ ਸਕੱਤਰ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ. ਨਗਰ ਦੀਆਂ ਹਦਾਇਤਾਂ ਮੁਤਾਬਿਕ ਤੇ ਦਿਲਬਾਗ ਸਿੰਘ ਜੌਹਲ, ਮਾਣਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ-ਸਹਿਤ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਹਰਪ੍ਰੀਤ ਸਿੰਘ, ਮਾਣਯੋਗ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਦੁਆਰਾ ਸੈਸ਼ਨਜ਼ ਡਵੀਜ਼ਨ, ਗੁਰਦਾਸਪੁਰ ਜ਼ਿਲ੍ਹਾ ਕੋਰਟ ਕੰਪਲੈਕਸ ਗੁਰਦਾਸਪੁਰ ਤੇ ਸਬ-ਡਵੀਜ਼ਨ, ਬਟਾਲਾ ਵਿਖੇ ਵਿਸ਼ਵ ਵਾਤਾਵਰਨ ਦਿਵਸ ਮਨਾਇਆ ਗਿਆ। ਇਹ ਦਿਵਸ ਹਰ ਸਾਲ 5 ਜੂਨ ਨੂੰ ਸਾਰੇ ਵਿਸ਼ਵ ਵਿੱਚ ਮਨਾਇਆ ਜਾਂਦਾ ਹੈ। ਇਸ ਮੌਕੇ ਜ਼ਿਲ੍ਹਾ ਕਚਹਿਰੀਆਂ, ਗੁਰਦਾਸਪੁਰ

ਤੇ ਬਟਾਲਾ ਵਿਖੇ ਸਮੂਹ ਜੁਡੀਸ਼ੀਅਲ ਅਫਸਰ ਸਾਹਿਬਾਨ ਮੌਜੂਦ ਸਨ। ਇਹ ਦਿਵਸ ਅੱਜ ਬਹੁਤ ਹੀ ਉਤਸ਼ਾਹ ਤੇ ਵਚਨਬੱਧਤਾ ਨਾਲ ਮਨਾਇਆ ਗਿਆ। ਇਸ ਮੌਕੇ ਵਾਤਾਵਰਨ ਦੀ ਸੁਰੱਖਿਆ ਤੇ ਹਰਿਆਵਲ ਨੂੰ ਵਧਾਉਣ ਲਈ ਇਹ ਵਿਸ਼ੇਸ਼ ਜਾਗਰੂਕਤਾ ਪ੍ਰੋਗਰਾਮ ਰੱਖਿਆ ਗਿਆ ਤੇ ਪੌਦੇ ਲਗਾਉਣ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਸਮੂਹ ਜੁਡੀਸ਼ੀਅਲ ਅਫਸਰਾਂ ਦੁਆਰਾ ਪੌਦੇ ਲਗਾਏ ਗਏ। ਇਸ ਮੌਕੇ ਮੋਹਿਤ ਬਾਂਸਲ, ਵਧੀਕ ਜ਼ਿਲ੍ਹਾ ਤੇ ਸੈਸ਼ਨ ਜੱਜ, ਗੁਰਦਾਸਪੁਰ ਨੇ ਦੱਸਿਆ ਕਿ ਸਾਨੂੰ ਵੱਧ ਤੋਂ ਵੱਧ ਪੌਦੇ ਲਗਾਉਣੇ ਚਾਹੀਦੇ ਹਨ ਤਾਂ ਜੋ ਸਾਡਾ ਵਾਤਾਵਰਨ ਵੱਧ ਤੋਂ ਵੱਧ ਸਾਫ-ਸੁਥਰਾ ਰਹਿ ਸਕੇ। ਉਨ੍ਹਾਂ ਇਹ ਵੀ ਕਿਹਾ ਕਿ ਵਾਤਵਾਰਨ ਦਿਵਸ ਮਨਾਉਣ ਦਾ ਮੁੱਖ ਉਦੇਸ਼ ਕੁਦਰਤ ਤੇ ਧਰਤੀ ਦੀ ਰੱਖਿਆ ਕਰਨਾ ਤੇ ਵਾਤਾਵਰਨ ਵਿੱਚ ਸੁਧਾਰ ਕਰਨਾ ਹੈ। ਇਸ ਤੋਂ ਇਲਾਵਾ ਉਨ੍ਹਾਂ ਨੇ ਕੁਦਰਤੀ ਸਰੋਤਾਂ ਜਿਵੇਂ ਕਿ ਪਾਣੀ, ਹਵਾ ਤੇ ਧਰਤੀ ਨੂੰ ਬਚਾਉਣ ਲਈ ਹਰ ਨਾਗਰਿਕ ਨੂੰ ਆਪਣੀ ਜ਼ਿੰਮੇਵਾਰੀ ਸਮਝਣ ਦਾ ਸੱਦਾ ਦਿੱਤਾ।

ਰੋਜ਼ਾਨਾ ਚੜ੍ਹਦੀਕਲਾ
ਸਿਹਤ ਖ਼ਬਰਨਾਮਾ

ਖਰਬੂਜੇ ਦੇ ਬੀਜ ਸਰੀਰ ਨੂੰ ਐਕਟਿਵ ਰੱਖਣ ਵਿੱਚ ਕਰਦੇ ਹਨ ਮਦਦ

ਖਰਬੂਜੇ ਦੀ ਗਿਰੀ ਵਿੱਚ ਪ੍ਰੋਟੀਨ, ਹੈਲਦੀ ਫੈਟ, ਫਾਈਬਰ, ਆਇਰਨ, ਮੈਗਨੀਸ਼ੀਅਮ ਅਤੇ ਕਈ ਜ਼ਰੂਰੀ ਮਿਨਰਲ ਹੁੰਦੇ ਹਨ, ਜੋ ਸਰੀਰ ਨੂੰ ਪੋਸ਼ਣ ਦੇਣ ਵਿੱਚ ਮਦਦ ਕਰ ਸਕਦੇ ਹਨ। ਇਸੇ ਕਰਕੇ ਇਹਨਾਂ ਨੂੰ ਕੋਲਡ ਡਰਿੰਕਸ, ਮਿਠਾਈਆਂ, ਸ਼ੇਕ ਅਤੇ ਕਈ ਸਿਹਤਮੰਦ ਪਕਵਾਨਾਂ ਵਿੱਚ ਸ਼ਾਮਲ ਕੀਤਾ ਜਾਂਦਾ ਹੈ। ਇਹਨਾਂ ਨੂੰ ਸਹੀ ਮਾਤਰਾ ਵਿੱਚ ਖਾਣ ਨਾਲ ਊਰਜਾ ਪ੍ਰਦਾਨ ਕਰਨ, ਪਾਚਨ ਕਰਿਆ ਨੂੰ ਬਿਹਤਰ ਬਣਾਉਣ ਅਤੇ ਗਰਮੀਆਂ ਦੌਰਾਨ ਸਰੀਰ ਨੂੰ ਠੰਡਾ ਕਰਨ ਵਿੱਚ ਮਦਦ ਮਿਲਦੀ ਹੈ।

ਦਿਲ ਦੀ ਸਿਹਤ ; ਖਰਬੂਜੇ ਦੀਆਂ ਗਿਰੀਆਂ ਵਿੱਚ ਮੌਜੂਦ ਹੈਲਦੀ ਫੈਟ ਅਤੇ ਮੈਗਨੀਸ਼ੀਅਮ ਦਿਲ ਦੀ ਸਿਹਤ ਲਈ ਲਾਭਦਾਇਕ ਮੰਨਿਆ ਜਾਂਦਾ ਹੈ। ਇਹਨਾਂ ਨੂੰ ਸੀਮਤ ਮਾਤਰਾ ਵਿਚ ਖਾਣ ਨਾਲ ਸਰੀਰ ਨੂੰ ਜ਼ਰੂਰੀ ਪੌਸ਼ਟਿਕ ਤੱਤ ਮਿਲ ਸਕਦੇ ਹਨ। ਹਾਲਾਂਕਿ, ਇਸ ਨੂੰ ਕਿਸੇ ਵੀ ਇਲਾਜ ਦਾ ਬਦਲ ਨਹੀਂ ਮੰਨਿਆ ਜਾਂਦਾ।

ਹੱਡੀਆਂ ਨੂੰ ਮਜ਼ਬੂਤ ਕਰਨ ਵਿੱਚ ਮਦਦ ; ਇਸ ਵਿੱਚ ਮੈਗਨੀਸ਼ੀਅਮ ਅਤੇ ਹੋਰ ਖਣਿਜ ਹੁੰਦੇ ਹਨ, ਜੋ ਹੱਡੀਆਂ ਦੀ ਸਿਹਤ ਲਈ ਜ਼ਰੂਰੀ ਮੰਨੇ ਜਾਂਦੇ ਹਨ। ਇਹਨਾਂ ਨੂੰ ਰੈਗੂਲਰ ਅਤੇ ਸੀਮਤ ਮਾਤਰਾ ਵਿੱਚ ਖਾਣ ਨਾਲ ਸਰੀਰ ਨੂੰ ਜ਼ਰੂਰੀ ਪੌਸ਼ਟਿਕ ਤੱਤ ਮਿਲ ਸਕਦੇ ਹਨ।

ਪ੍ਰੋਟੀਨ ਦਾ ਚੰਗਾ ਸਰੋਤ ; ਖਰਬੂਜੇ ਦੀ ਗਿਰੀ ਸ਼ਾਕਾਹਾਰੀਆਂ ਲਈ ਪ੍ਰੋਟੀਨ ਦਾ ਇੱਕ ਚੰਗਾ ਸਰੋਤ ਮੰਨੀ ਜਾਂਦੀ ਹੈ। ਇਹਨਾਂ ਨੂੰ ਦੁੱਧ, ਸਮੂਦੀ, ਸ਼ਰਬਤ ਅਤੇ ਮਠਿਆਈਆਂ ਵਿੱਚ ਮਿਲਾ ਕੇ ਆਸਾਨੀ ਨਾਲ ਖਾਧਾ ਜਾ ਸਕਦਾ ਹੈ। ਬਹੁਤ ਸਾਰੇ ਲੋਕ ਇਹਨਾਂ ਨੂੰ ਸੁੱਕੇ ਮੇਵਿਆਂ ਨਾਲ ਖਾਣਾ ਵੀ ਪਸੰਦ ਕਰਦੇ ਹਨ।

ਭਾਰ ਕੰਟਰੋਲ ਵਿੱਚ ਮਦਦ ; ਇਸਦੇ ਫਾਈਬਰ ਅਤੇ ਹੈਲਦੀ ਫੈਟ ਕਾਰਨ ਇਹ ਪੇਟ ਨੂੰ ਲੰਬੇ ਸਮੇਂ ਤੱਕ ਭਰਿਆ ਰੱਖਣ ਵਿੱਚ ਮਦਦ ਕਰ ਸਕਦਾ ਹੈ। ਵਾਰ-ਵਾਰ ਭੁੱਖ ਲੱਗਣ ਦੀ ਸਮੱਸਿਆ ਘੱਟ ਹੋ ਸਕਦੀ ਹੈ ਤੇ ਅਨਹੈਲਦੀ ਸਨੈਕਿੰਗ ਤੋਂ ਬਚਣ ਵਿਚ ਮਦਦ ਮਿਲਦੀ ਹੈ।

ਵਾਤਾਵਰਣ ਸੁਰੱਖਿਆ ਨੂੰ ਜਨ ਅੰਦੋਲਨ ਬਣਾਓ :ਚੌਹਾਨ

ਭੋਪਾਲ, 5 ਜੂਨ (ਚ.ਨ.ਸ.) : ਵਿਸ਼ਵ ਵਾਤਾਵਰਣ ਦਿਵਸ ਦੇ ਮੌਕੇ 'ਤੇ, ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਸੱਦੇ 'ਤੇ ਸ਼ੁਰੂ ਕੀਤੀ ਗਈ ਮਾਂ ਦੇ ਨਾਮ 'ਤੇ ਇੱਕ ਰੁੱਖ ਮੁਹਿੰਮ ਦੇ ਹਿੱਸੇ ਵਜੋਂ ਭੋਪਾਲ ਦੇ ਸਮਾਰਟ ਸਿਟੀ ਪਾਰਕ ਵਿੱਚ ਇੱਕ ਪੌਦਾ ਲਗਾਇਆ। ਵਿਸ਼ਵ ਵਾਤਾਵਰਣ ਦਿਵਸ 'ਤੇ ਰਾਜ ਅਤੇ ਦੇਸ਼ ਦੇ ਲੋਕਾਂ ਨੂੰ ਆਪਣੀਆਂ ਸ਼ੁਭਕਾਮਨਾਵਾਂ ਦਿੰਦੇ ਹੋਏ, ਕੇਂਦਰੀ ਮੰਤਰੀ ਨੇ ਕਿਹਾ ਕਿ ਜੇਕਰ ਵਾਤਾਵਰਣ ਸੁਰੱਖਿਅਤ ਰਹੇਗਾ, ਤਾਂ ਧਰਤੀ 'ਤੇ ਜੀਵਨ ਸੁਰੱਖਿਅਤ ਰਹੇਗਾ। ਰੁੱਖ ਲਗਾਉਣਾ ਸਿਰਫ਼ ਇੱਕ ਰੁੱਖ ਲਗਾਉਣ ਦਾ ਕੰਮ ਨਹੀਂ ਹੈ, ਸਗੋਂ ਮਨੁੱਖਤਾ, ਕੁਦਰਤ ਅਤੇ ਆਉਣ ਵਾਲੀਆਂ ਪੀੜ੍ਹੀਆਂ ਦੀ ਰੱਖਿਆ ਲਈ ਇੱਕ ਮੁਹਿੰਮ ਹੈ। ਉਨ੍ਹਾਂ ਕਿਹਾ ਕਿ ਜੇਕਰ ਰੁੱਖ ਬਚੇ ਰਹਿਣਗੇ, ਤਾਂ ਪਾਣੀ, ਜੰਗਲ, ਜ਼ਮੀਨ ਅਤੇ ਜੈਵ ਵਿਭਿੰਨਤਾ ਦੀ ਰੱਖਿਆ ਕੀਤੀ ਜਾਵੇਗੀ। ਮੀਂਹ ਪਵੇਗਾ, ਨਦੀਆਂ ਬਚ ਜਾਣਗੀਆਂ, ਮਿੱਟੀ ਦੀ ਸੰਭਾਲ ਹੋਵੇਗੀ ਅਤੇ ਜੀਵਨ ਜਾਰੀ ਰਹੇਗਾ। ਉਨ੍ਹਾਂ ਨੇ ਸਾਰੇ ਨਾਗਰਿਕਾਂ ਨੂੰ ਵਾਤਾਵਰਣ ਸੁਰੱਖਿਆ ਨੂੰ ਆਪਣੀ ਨਿੱਜੀ ਜ਼ਿੰਮੇਵਾਰੀ ਸਮਝਣ ਅਤੇ ਰੁੱਖ ਲਗਾਉਣ ਨੂੰ ਆਪਣੇ ਜੀਵਨ ਦਾ ਨਿਯਮਤ ਹਿੱਸਾ ਬਣਾਉਣ ਦਾ ਸੱਦਾ ਦਿੱਤਾ, ਕਿਉਂਕਿ ਰੁੱਖਾਂ ਕਾਰਨ ਹੀ ਅਸੀਂ ਮੌਜੂਦ ਹਾਂ। 2021 ਵਿੱਚ ਸਮਾਰਟ ਸਿਟੀ ਪਾਰਕ ਵਿੱਚ ਲਗਾਏ ਗਏ ਬਰਗਦ ਦੇ ਰੁੱਖ ਨੂੰ ਵੇਖਦੇ ਹੋਏ, ਕੇਂਦਰੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ, ਪੰਜ ਸਾਲ ਪਹਿਲਾਂ, ਮੈਂ ਅਮਰਕੰਟਕ ਵਿੱਚ ਹਰ ਰੋਜ਼ ਇੱਕ ਰੁੱਖ ਲਗਾਉਣ ਦਾ ਪ੍ਰਣ ਲਿਆ ਸੀ, ਅਤੇ ਉਸ ਤੋਂ ਬਾਅਦ, ਭੋਪਾਲ ਵਾਪਸ ਆਉਣ 'ਤੇ, ਮੈਂ ਪਹਿਲਾਂ ਇਹ ਰੁੱਖ ਲਗਾਇਆ ਸੀ। ਉਨ੍ਹਾਂ ਕਿਹਾ, ਅੱਜ, ਇਹ ਰੁੱਖ ਇੱਕ ਵੱਡੇ ਬੋਹੜ ਦੇ ਰੁੱਖ ਵਿੱਚ ਵਧਿਆ ਹੈ। ਮੈਨੂੰ ਪੰਛੀਆਂ ਦੀ ਚਹਿਕ, ਜਾਨਵਰਾਂ ਦੀਆਂ ਗਤੀਵਿਧੀਆਂ ਅਤੇ ਉਸ ਰੁੱਖ 'ਤੇ ਕੁਦਰਤ ਦੀ ਜੀਵੰਤ ਪ੍ਰਕਿਰਤੀ ਦੇਖ ਕੇ ਬਹੁਤ ਸੰਤੁਸ਼ਟੀ ਅਤੇ ਖੁਸ਼ੀ ਮਹਿਸੂਸ ਹੋਈ।÷ ਰੁੱਖਾਂ ਅਤੇ ਬੱਚਿਆਂ ਵਿੱਚ ਸਮਾਨਤਾ ਦਾ ਜ਼ਿਕਰ ਕਰਦੇ ਹੋਏ, ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਬੱਚਿਆਂ ਦਾ ਪਾਲਣ-ਪੋਸ਼ਣ ਉਨ੍ਹਾਂ ਨੂੰ ਵਧਣ ਵਿੱਚ ਮਦਦ ਕਰਦਾ ਹੈ, ਉਸੇ ਤਰ੍ਹਾਂ ਇੱਕ ਪੌਦਾ ਸਮੇਂ ਦੇ ਨਾਲ ਇੱਕ ਵੱਡਾ ਰੁੱਖ ਬਣ ਜਾਂਦਾ ਹੈ, ਸਮਾਜ ਅਤੇ ਕੁਦਰਤ ਦੀ ਸੇਵਾ ਕਰਦਾ ਹੈ। ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਜੇਕਰ ਹਰ ਰੋਜ਼ ਰੁੱਖ ਲਗਾਉਣਾ ਸੰਭਵ ਨਹੀਂ ਹੈ, ਤਾਂ ਘੱਟੋ ਘੱਟ ਜ਼ਿੰਦਗੀ ਦੇ ਖਾਸ ਮੌਕਿਆਂ @ਤੇ ਰੁੱਖ ਲਗਾਉਣੇ ਚਾਹੀਦੇ ਹਨ। ਜਨਮਦਿਨ, ਬੱਚਿਆਂ ਦੇ ਜਨਮਦਿਨ, ਵਿਆਹ, ਵਿਆਹ ਦੀ ਵਰ੍ਹੇਗੰਢ, ਮਾਪਿਆਂ ਦੀਆਂ ਯਾਦਗਾਰਾਂ ਅਤੇ ਹੋਰ ਪਰਿਵਾਰਕ ਮੌਕਿਆਂ ਨੂੰ ਰੁੱਖ ਲਗਾਉਣ ਨਾਲ ਜੋੜਿਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਮਾਂ ਦੇ ਨਾਮ 'ਤੇ ਇੱਕ ਰੁੱਖ ਮੁਹਿੰਮ ਰਾਹੀਂ, ਦੇਸ਼ ਭਰ ਵਿੱਚ ਲੱਖਾਂ ਲੋਕ ਆਪਣੀਆਂ ਮਾਵਾਂ ਦੇ ਸਨਮਾਨ ਵਿੱਚ ਰੁੱਖ ਲਗਾ ਰਹੇ ਹਨ। ਉਨ੍ਹਾਂ ਕਿਹਾ, ÷ਮੈਂ ਆਪਣੀ ਮਾਂ, ਸਵਰਗੀ ਸ਼੍ਰੀਮਤੀ ਸੁੰਦਰ ਦੇਵੀ ਦੀ ਯਾਦ ਵਿੱਚ ਇੱਕ ਰੁੱਖ ਵੀ ਲਗਾਇਆ। ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ ਵਾਤਾਵਰਣ ਨੂੰ ਸਿਰਫ਼ ਭਾਸ਼ਣਾਂ ਅਤੇ ਚਰਚਾਵਾਂ ਰਾਹੀਂ ਸੁਰੱਖਿਅਤ ਨਹੀਂ ਕੀਤਾ ਜਾ ਸਕਦਾ; ਜ਼ਮੀਨੀ ਕਾਰਵਾਈ ਜ਼ਰੂਰੀ ਹੈ। ਇਸ ਸੋਚ ਨੂੰ ਧਿਆਨ ਵਿੱਚ ਰੱਖਦੇ ਹੋਏ, ਮੈਂ ਕਈ ਸਾਲ ਪਹਿਲਾਂ ਹਰ ਰੋਜ਼ ਇੱਕ ਰੁੱਖ ਲਗਾਉਣ ਦਾ ਪ੍ਰਣ ਲਿਆ ਸੀ, ਅਤੇ ਇਹ ਅੱਜ ਵੀ ਜਾਰੀ ਹੈ। ਉਨ੍ਹਾਂ ਕਿਹਾ ਕਿ ਪਿਛਲੇ ਸਾਢੇ ਪੰਜ ਸਾਲਾਂ ਵਿੱਚ, ਇੱਕ ਵੀ ਦਿਨ ਅਜਿਹਾ ਨਹੀਂ ਰਿਹਾ ਜਦੋਂ ਉਨ੍ਹਾਂ ਨੇ ਰੁੱਖ ਨਾ ਲਗਾਇਆ ਹੋਵੇ। ਹੁਣ, ਵੱਡੀ ਗਿਣਤੀ ਵਿੱਚ ਬੱਚੇ, ਨੌਜਵਾਨ ਅਤੇ ਨਾਗਰਿਕ ਰੁੱਖ ਲਗਾਉਣ ਦੀ ਮੁਹਿੰਮ ਵਿੱਚ ਉਨ੍ਹਾਂ ਨਾਲ ਸ਼ਾਮਲ ਹੋ ਰਹੇ ਹਨ। ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ, ÷ਮੈਨੂੰ ਖੁਸ਼ੀ ਹੈ ਕਿ ਸਮਾਜ ਵਿੱਚ ਵਾਤਾਵਰਣ ਸੁਰੱਖਿਆ ਪ੍ਰਤੀ ਜਾਗਰੂਕਤਾ ਵਧ ਰਹੀ ਹੈ ਅਤੇ ਨਵੀਂ ਪੀੜ੍ਹੀ ਵੀ ਇਸਨੂੰ ਆਪਣੇ ਜੀਵਨ ਦਾ ਹਿੱਸਾ ਬਣਾ ਰਹੀ ਹੈ।

ਸੈਂਟਰਲ ਬੈਂਕ ਆਫ਼ ਇੰਡੀਆ ਦੀ ਮੈਗਾ ਐਗਰੀਕਲਚਰ ਕ੍ਰੈਡਿਟ ਆਊਟਰੀਚ ਮੁਹਿੰਮ ਅੱਜ

ਲੁਧਿਆਣਾ/ਸੰਗਰੂਰ, 5 ਜੂਨ (ਚ.ਨ.ਸ.) : ਸੈਂਟਰਲ ਬੈਂਕ ਆਫ਼ ਇੰਡੀਆ, ਇੱਕ ਪ੍ਰਮੁੱਖ ਜਨਤਕ ਖੇਤਰ ਦਾ ਬੈਂਕ, ਅੱਜ, 6 ਜੂਨ ਨੂੰ ਇੱਕ ਦੇਸ਼ ਵਿਆਪੀ ਮੈਗਾ ਐਗਰੀਕਲਚਰ ਕ੍ਰੈਡਿਟ ਆਊਟਰੀਚ ਮੁਹਿੰਮ ਦਾ ਆਯੋਜਨ ਕਰ ਰਿਹਾ ਹੈ। ਇਸ ਪਹਿਲਕਦਮੀ ਦੇ ਹਿੱਸੇ ਵਜੋਂ, ਇਹ ਸਮਾਗਮ ਬੈਂਕ ਦੇ ਲੁਧਿਆਣਾ ਖੇਤਰੀ ਦਫ਼ਤਰ ਦੁਆਰਾ ਸੰਗਰੂਰ ਦੇ ਘਾਬਦਾਂ ਪਿੰਡ ਦੇ ਸ਼ਿਵ ਮੰਦਰ ਵਿਖੇ ਕਰਵਾਇਆ ਜਾ ਰਿਹਾ ਹੈ। ਇਹ ਜਾਣਕਾਰੀ ਦਿੰਦੇ ਹੋਏ, ਬੈਂਕ ਦੇ ਲੁਧਿਆਣਾ ਖੇਤਰੀ ਮੁਖੀ ਮਨੀਸ਼ ਵਰਮਾ ਨੇ ਦੱਸਿਆ ਕਿ ਇਸ ਸਮਾਗਮ ਵਿੱਚ ਖੇਤਰ ਦੇ ਪਿੰਡਾਂ ਦੇ ਸਰਪੰਚ, ਪੰਚ, ਕਿਸਾਨ ਅਤੇ ਖੇਤੀਬਾੜੀ ਅਤੇ ਸਹਾਇਕ ਖੇਤਰਾਂ ਨਾਲ ਜੁੜੇ ਵਿਅਕਤੀ ਹਿੱਸਾ ਲੈਣਗੇ। ਉਨ੍ਹਾਂ ਅੱਗੇ ਕਿਹਾ ਕਿ ਇਸ ਮੁਹਿੰਮ ਦਾ ਉਦੇਸ਼ ਖੇਤੀਬਾੜੀ ਅਤੇ ਡੇਅਰੀ/ਪਸ਼ੂ ਪਾਲਣ ਖੇਤਰਾਂ ਨਾਲ ਜੁੜੇ ਉੱਦਮੀਆਂ, ਵਪਾਰੀਆਂ, ਨਿਰਮਾਤਾਵਾਂ, ਸੇਵਾ ਪ੍ਰਦਾਤਾਵਾਂ ਅਤੇ ਸਵੈ-ਰੁਜ਼ਗਾਰ ਵਾਲੇ ਵਿਅਕਤੀਆਂ ਲਈ ਕਰਜ਼ੇ ਤੱਕ ਪਹੁੰਚ ਵਧਾਉਣਾ; ਖੇਤੀਬਾੜੀ ਕਰਜ਼ਾ ਉਤਪਾਦਾਂ ਬਾਰੇ ਜਾਗਰੂਕਤਾ ਪੈਦਾ ਕਰਨਾ ਅਤੇ ਯੋਗ ਕਰਜ਼ਾ ਪ੍ਰਸਤਾਵਾਂ ਦੀ ਪ੍ਰਕਿਰਿਆ ਨੂੰ ਤੇਜ਼ ਕਰਨਾ ਹੈ।

ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਜਨਰਲ ਸਕੱਤਰ ਕੁਸ਼ਲਪਾਲ ਸਿੰਘ ਮਾਨ ਜੋ ਅੱਜ ਚੜ੍ਹਦੀਕਲਾ ਕੰਪਲੈਕਸ ਵਿਖੇ ਪਹੁੰਚੇ ਜਿੱਥੇ ਉਨ੍ਹਾਂ ਨਾਲ ਵੋਟਰ ਸੂਚੀ ਸ਼ੁੱਧੀਕਰਨ ਪ੍ਰਕ੍ਰਿਆ ਭਾਵ ਐੱਸ ਆਈ ਆਰ ਮੁੱਦੇ ਉੱਤੇ ਇੰਟਰਵਿਊ ਕੀਤੀ ਗਈ। ਇਸ ਮੌਕੇ ਉਹ ਚੜ੍ਹਦੀਕਲਾ ਗਰੁੱਪ ਦੇ ਚੇਅਰਮੈਨ ਸ੍ਰ. ਜਗਜੀਤ ਸਿੰਘ ਦਰਦੀ ਨੂੰ ਮਿਲੇ। ਤਸਵੀਰ ਵਿੱਚ ਸ੍ਰ. ਦਰਦੀ ਸ੍ਰ. ਕੁਸ਼ਲਪਾਲ ਸਿੰਘ ਮਾਨ ਨੂੰ ਕਿਤਾਬਾਂ ਦਾ ਸੈੱਟ ਭੇਟ ਕਰਦੇ ਹੋਏ। ਤਸਵੀਰ ਵਿੱਚ ਚੜ੍ਹਦੀਕਲਾ ਦੇ ਸੰਪਾਦਕ ਦਰਸ਼ਨ ਸਿੰਘ ਦਰਸ਼ਕ ਵੀ ਦਿਖਾਈ ਦੇ ਰਹੇ ਹਨ।

ਪਤੰਜਲੀ ਅਤੇ ਇੰਡੋਨੇਸ਼ੀਆ ਦੀ ਹਿੰਦੂ ਯੂਨੀਵਰਸਿਟੀ ਵਿਚਕਾਰ ਇਤਿਹਾਸਕ ਸਮਝੌਤਾ

ਹਰਿਦੁਆਰ, 5 ਜੂਨ: ਸਨਾਤਨ ਸੱਭਿਆਚਾਰ, ਯੋਗਾ ਅਤੇ ਆਧੁਨਿਕ ਸਿੱਖਿਆ ਦੇ ਵਿਸ਼ਵਵਿਆਪੀ ਵਿਸਥਾਰ ਵਿੱਚ ਇੱਕ ਨਵਾਂ ਸੁਨਹਿਰੀ ਅਧਿਆਇ ਜੋੜਿਆ ਗਿਆ ਹੈ। ਇੰਡੋਨੇਸ਼ੀਆ ਵਿੱਚ ਪਤੰਜਲੀ ਯੋਗਪੀਠ ਅਤੇ ਇੰਡੋਨੇਸ਼ੀਆ ਦੀ ਇਕਲੌਤੀ ਹਿੰਦੂ ਯੂਨੀਵਰਸਿਟੀ, ਯੂਨੀਵਰਸਿਟੀਸ ਹਿੰਦੂ ਨੇਗੇਰੀ ਵਿਚਕਾਰ ਇੱਕ ਇਤਿਹਾਸਕ ਸਮਝੌਤਾ 'ਤੇ ਹਸਤਾਖਰ ਕੀਤੇ ਗਏ ਹਨ। ਇਹ ਸਾਂਝੇਦਾਰੀ ਨਾ ਸਿਰਫ਼ ਦੋਵਾਂ ਦੇਸ਼ਾਂ ਵਿਚਕਾਰ ਵਿਦਿਅਕ ਅਤੇ ਖੋਜ ਪੁਲ ਬਣਾਏਗੀ ਬਲਕਿ ਬਾਲੀ ਦੀ ਧਰਤੀ 'ਤੇ ਸਨਾਤਨ ਅਤੇ ਯੋਗ ਦੀ ਮਹਿਮਾ ਨੂੰ ਮੁੜ ਸੁਰਜੀਤ ਕਰਨ ਵਿੱਚ ਇੱਕ ਮੀਲ ਪੱਥਰ ਵੀ ਸਾਬਤ ਹੋਵੇਗੀ। ਪਤੰਜਲੀ ਯੂਨੀਵਰਸਿਟੀ ਦੇ ਵਾਈਸ ਚਾਂਸਲਰ, ਪ੍ਰੋ.ਜਨੀਕ ਆਚਾਰੀਆ ਬਾਲਕ੍ਰਿਸ਼ਨ ਦੀ ਅਗਵਾਈ ਵਿੱਚ ਇਹ ਸਮਝੌਤਾ ਵਿਸ਼ਵ ਪੱਧਰ 'ਤੇ ਸੱਭਿਆਚਾਰ-ਅਧਾਰਤ ਵਿਕਾਸ ਦਾ ਇੱਕ ਵਿਲੱਖਣ ਮਾਡਲ ਪੇਸ਼ ਕਰਦਾ ਹੈ। ਇਸ ਸਮਝੌਤੇ ਦੇ ਤਹਿਤ, ਦੋਵਾਂ ਯੂਨੀਵਰਸਿਟੀਆਂ ਦੇ ਵਿਦਿਆਰਥੀਆਂ ਲਈ ਸਿੱਧੇ ਸੈਸ਼ਨ ਦੇ ਨਾਲ-ਨਾਲ ਖੋਜ ਅਤੇ ਯੋਗ ਮੁਕਾਬਲੇ ਆਯੋਜਿਤ ਕਰਨ ਲਈ ਇੱਕ ਸਮਝੌਤਾ ਹੋਇਆ ਹੈ। ਇਹ ਵੱਕਾਰੀ ਇੰਡੋਨੇਸ਼ੀਆਈ ਯੂਨੀਵਰਸਿਟੀ 35 ਵੱਖ-ਵੱਖ ਫੈਕਲਟੀ ਚਲਾਉਂਦੀ ਹੈ।

ਪ੍ਰੋਫੈਸਰ ਡਾ. ਗੁਸਤੀ ਨਗੁਰਾਹ ਸੁਡਿਆਨਾ ਅਤੇ ਪ੍ਰੋਫੈਸਰ ਮੇਡ ਪੂਰਨਾਮਾ (ਯੂ.ਐੱਚ.ਐੱਨ.) ਦੀ ਅਗਵਾਈ ਵਾਲੀ ਪ੍ਰਬੰਧਕੀ ਕਮੇਟੀ ਨੇ ਸਤਿਕਾਰਯੋਗ ਆਚਾਰੀਆ ਬਾਲਕ੍ਰਿਸ਼ਨ ਅਤੇ ਪਤੰਜਲੀ ਟੀਮ ਦਾ ਨਿੱਘਾ ਸਵਾਗਤ ਕੀਤਾ। ਇਸ ਸਦਭਾਵਨਾ 'ਤੇ ਖੁਸ਼ੀ ਪ੍ਰਗਟ ਕਰਦੇ ਹੋਏ, ਆਚਾਰੀਆ ਸ਼੍ਰੀ ਨੇ ਕਿਹਾ ਕਿ ਪਤੰਜਲੀ ਜਲਦੀ ਹੀ ਇੰਡੋਨੇਸ਼ੀਆ ਵਿੱਚ ਸਿੱਖਿਆ, ਯੋਗਾ ਅਤੇ ਸਨਾਤਨ ਸੱਭਿਆਚਾਰ ਨੂੰ ਬਹਾਲ ਕਰਨ ਲਈ ਵੱਡੇ ਪੱਧਰ 'ਤੇ ਕੰਮ ਸ਼ੁਰੂ ਕਰੇਗੀ। ਭਾਰਤੀ ਪਰੰਪਰਾ ਦੇ ਬਾਲੀ ਦੇ ਇਕਲੌਤੇ ਵਿਧਾਇਕ ਡਾ. ਸੋਮਵੀਰ ਵੀ ਇਸ ਮੌਕੇ 'ਤੇ ਮੌਜੂਦ ਸਨ।

ਇੰਡੋਨੇਸ਼ੀਆਈ ਵਿਧਾਨ ਸਭਾ ਦੇ ਸਪੀਕਰ ਨੇ ਪਤੰਜਲੀ ਦਾ ਦੌਰਾ ਕਰਨ ਦੀ ਇੱਛਾ ਪ੍ਰਗਟ ਕੀਤੀ ਬਾਲੀ ਰਾਜ ਵਿਧਾਨ ਸਭਾ ਦੇ ਸਪੀਕਰ ਦੇਵਾ ਮੇਡ ਮਹਾਯਦਨਿਆ ਨੇ ਪਤੰਜਲੀ ਦੇ ਉੱਚ-ਗੁਣਵੱਤਾ ਵਾਲੇ ਉਤਪਾਦਾਂ ਦੀ ਬਹੁਤ ਪ੍ਰਸ਼ੰਸਾ ਕੀਤੀ। ਆਚਾਰੀਆ ਸ਼੍ਰੀ ਪ੍ਰਤੀ ਆਪਣੀ ਨਿੱਘਤਾ ਪ੍ਰਗਟ ਕਰਦੇ ਹੋਏ, ਉਨ੍ਹਾਂ ਨੇ ਭਾਰਤ (ਪਤੰਜਲੀ ਯੋਗਪੀਠ, ਹਰਿਦੁਆਰ) ਦੀ ਯਾਤਰਾ ਕਰਨ ਦੀ ਇੱਛਾ ਪ੍ਰਗਟ ਕੀਤੀ, ਜੋ ਕਿ ਭਾਰਤ ਪ੍ਰਤੀ ਉਨ੍ਹਾਂ ਦੇ ਡੂੰਘੇ ਸੱਭਿਆਚਾਰਕ ਪਿਆਰ ਨੂੰ ਦਰਸਾਉਂਦੀ ਹੈ। ਸਤਿਕਾਰਯੋਗ ਆਚਾਰੀਆ ਬਾਲਕ੍ਰਿਸ਼ਨ ਦੀ ਮੌਜੂਦਗੀ ਵਿੱਚ, ਉਨ੍ਹਾਂ ਨੇ ਸਿੱਖਿਆ, ਸਿਹਤ ਅਤੇ ਖੇਤੀਬਾੜੀ ਦੇ ਖੇਤਰਾਂ ਵਿੱਚ ਪਤੰਜਲੀ ਨਾਲ ਕੰਮ ਕਰਨ ਦੀ ਇੱਛਾ ਪ੍ਰਗਟ ਕੀਤੀ। ਪਤੰਜਲੀ ਵੱਲੋਂ, ਸਤਿਕਾਰਯੋਗ ਆਚਾਰੀਆ ਬਾਲਕ੍ਰਿਸ਼ਨ ਨੇ ਬਾਲੀ ਵਿੱਚ ਇਸਦੇ ਸੱਭਿਆਚਾਰ-ਅਧਾਰਤ ਵਿਕਾਸ ਤਰੀਕਿਆਂ ਨੂੰ ਅੱਗੇ ਵਧਾਉਣ ਲਈ ਵੀ ਸਹਿਮਤੀ ਦਿੱਤੀ।

ਸਤਿਕਾਰਯੋਗ ਆਚਾਰੀਆ ਬਾਲਕ੍ਰਿਸ਼ਨ ਨੇ ਬਾਲੀ ਟਾਪੂ ਦੀ ਸੱਭਿਆਚਾਰ, ਸਭਿਅਤਾ ਅਤੇ ਵਾਤਾਵਰਣ ਦਾ ਡੂੰਘਾਈ ਨਾਲ ਅਧਿਐਨ ਕੀਤਾ। ਉਨ੍ਹਾਂ ਨੇ ਖਾਸ ਤੌਰ @ਤੇ ਦੇਖਿਆ ਕਿ ਕੁਦ੨ਰਤ ਨੂੰ ਨੁਕਸਾਨ ਪਹੁੰਚਾਏ ਬਿਨਾਂ ਸੁੰਦਰਤਾ ਅਤੇ ਵਿਕਾਸ ਕਿਵੇਂ ਪ੍ਰਾਪਤ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਉਹ ÷ਵਾਤਾਵਰਣ-ਅਨੁਕੂਲ ਵਿਕਾਸ ਮਾਡਲ÷ ਦੀ ਪਾਲਣਾ ਕਰਦੇ ਹੋਏ, ਉੱਤਰਾਖੰਡ ਦੇ ਪੌੜੀ ਜ਼ਿਲ੍ਹੇ ਵਿੱਚ ਧਨਵੰਤਰੀ ਧਾਮ ਮਾਲਾ ਪਿੰਡ ਦਾ ਵੀ ਵਿਕਾਸ ਕਰਨਗੇ।

ਇਸ ਇਤਿਹਾਸਕ ਮੌਕੇ 'ਤੇ, ਪਤੰਜਲੀ ਦੀਆਂ ਸਾਧਵੀਆਂ ਨੇ ਭਜਨਾਂ ਦੀ ਇੱਕ ਸੁੰਦਰ ਪੇਸ਼ਕਾਰੀ ਪੇਸ਼ ਕੀਤੀ, ਜਦੋਂ ਕਿ ਇੰਡੋਨੇਸ਼ੀਆਈ ਕਲਾਕਾਰਾਂ ਨੇ ਆਪਣੇ ਰਵਾਇਤੀ ਸ਼ੈਲੀ ਵਿੱਚ ਯੋਗਾ ਅਤੇ ਮਨਮੋਹਕ ਨਾਚ ਪੇਸ਼ ਕਰਕੇ ਦੋਵਾਂ ਦੇਸ਼ਾਂ ਦੀ ਸਾਂਝੀ ਸੱਭਿਆਚਾਰਕ ਵਿਰਾਸਤ ਨੂੰ ਜ਼ਿੰਦਾ ਕੀਤਾ। ਪਤੰਜਲ

ਗਰਮੀ ਨਾਲ ਨਜਿੱਠਣ ਲਈ ਸਿਹਤ ਵਿਭਾਗ ਪੂਰੀ ਤਰਾਂ ਤਿਆਰ : ਚੇਅਰਮੈਨ ਛੀਨਾ

ਅੰਮ੍ਰਿਤਸਰ, 5 ਜੂਨ (ਗੁਰਦਿਆਲ ਸਿੰਘ): ਸੂਬੇ ਭਰ ਵਿੱਚ ਅਤਿ ਦੀ ਗਰਮੀ ਕਾਰਨ ਵੱਧ ਰਹੀਆਂ ਮੁਸ਼ਕਿਲ ਸਥਿਤੀਆਂ ਦੇ ਮੱਦੇਨਜ਼ਰ ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਵੱਲੋਂ ਭਾਰੀ ਗਰਮੀ ਦੇ ਪ੍ਰਭਾਵਾਂ ਨੂੰ ਰੋਕਣ, ਘੱਟ ਕਰਨ ਅਤੇ ਸੁਚੱਜੇ ਪ੍ਰਬੰਧਨ ਲਈ ਸਹੂਲਤਾਂ ਪ੍ਰਦਾਨ ਕਰਨ ਲਈ ਸਰਗਰਮ ਕਦਮ ਚੁੱਕੇ ਗਏ ਹਨ। ਅਤਿ ਦੀ ਗਰਮੀ ਕਾਰਨ ਹੀਟ ਸਟ੍ਰੈਸ, ਹੀਟ ਇਗਜ਼ੌਸ਼ਨ ਅਤੇ ਹੀਟ ਸਟ੍ਰੋਕ ਦਾ ਜੋਖਮ ਕਾਫ਼ੀ ਵੱਧ ਜਾਂਦਾ ਹੈ ਅਤੇ ਦਿਲ ਅਤੇ ਸਾਹ ਸਬੰਧੀ ਦਿੱਕਤਾਂ ਵਿੱਚ ਵੀ ਵਾਧਾ ਹੁੰਦਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਗੁਰਸ਼ਰਨ ਸਿੰਘ ਛੀਨਾ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਸੂਬੇ ਦੇ ਨਾਗਰਿਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਸਾਰੇ ਜ਼ਿਲ੍ਹਾ ਹਸਪਤਾਲਾਂ, ਸਬ-ਡਵੀਜ਼ਨ ਹਸਪਤਾਲਾਂ ਅਤੇ ਕਮਿਊਨਿਟੀ ਹੈਲਥ ਸੈਂਟਰਾਂ ਵਿੱਚ ਸਮਰਪਿਤ ਹੀਟ ਸਟ੍ਰੋਕ ਮੈਨੇਜਮੈਂਟ ਯੂਨਿਟਾਂ ਨੂੰ ਕਾਰਜਸ਼ੀਲ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਵਾਰਡ ਸਰਗਰਮ ਕੂਲਿੰਗ ਉਪਾਵਾਂ ਨਾਲ ਲੈਸ ਹਨ, ਜਿਸ ਵਿੱਚ ਆਈਸ ਪੈਕ ਅਤੇ ਕੋਲਡ ਆਈ.ਵੀ. ਫਲੂਇਡਜ਼ ਸ਼ਾਮਲ ਹਨ। ਹਰੇਕ ਹਸਪਤਾਲ ਵਿੱਚ ਜ਼ਰੂਰੀ ਡਾਕਟਰੀ ਸਪਲਾਈ, ਜਿਵੇਂ ਕਿ ਓ.ਆਰ.ਐਸ. ਅਤੇ ਐਮਰਜੈਂਸੀ ਦਵਾਈਆਂ ਦਾ ਲੋੜੀਂਦਾ ਸਟਾਕ ਯਕੀਨੀ ਬਣਾਇਆ ਗਿਆ ਹੈ।ਚੇਅਰਮੈਨ ਗੁਰਸ਼ਰਨ ਸਿੰਘ ਛੀਨਾ ਨੇ ਅੱਗੇ ਕਿਹਾ ਕਿ ਮਰੀਜ਼ਾਂ ਨੂੰ ਹਸਪਤਾਲ ਲਿਆਉਂਦੇ ਸਮੇਂ ਰਾਸਤੇ ਵਿੱਚ ਕੂਲਿੰਗ ਪ੍ਰਦਾਨ ਕਰਨ ਲਈ ਐਂਬੂਲੈਂਸਾਂ ਵਿੱਚ ਲੋੜੀਂਦੀ ਸਹੂਲਤ ਦਿੱਤੀ ਗਈ ਹੈ। ਸੂਬੇ ਵੱਲੋਂ ਗਰਮੀ ਸਬੰਧੀ ਬਿਮਾਰੀ (ਐਚ.ਆਰ.ਆਈ.) ਦੇ ਮਾਮਲਿਆਂ ਦੀ ਅਸਲ-ਸਮੇਂ ਦੀ ਨਿਗਰਾਨੀ ਲਈ ਆਈਐਚਆਈਪੀ ਪੋਰਟਲ ਦੀ ਵਰਤੋਂ ਕੀਤੀ ਜਾ ਰਹੀ ਹੈ ਅਤੇ ਹੀਟ ਐਕਸ਼ਨ ਪਲਾਨ ਸਬੰਧੀ ਜ਼ਿਲ੍ਹਾ ਟਾਸਕ ਫੋਰਸ ਵੱਲੋਂ ਸਿੱਖਿਆ, ਕਿਰਤ ਅਤੇ ਟਰਾਂਸਪੋਰਟ ਵਿਭਾਗ ਨਾਲ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ।ਚੇਅਰਮੈਨ ਛੀਨਾ ਨੇ ਸੂਬਾ ਵਾਸੀਆਂ ਖਾਸ ਕਰਕੇ ਬਜ਼ੁਰਗਾਂ ਅਤੇ ਬੱਚਿਆਂ ਨੂੰ ਅੱਤ ਦੀ ਗਰਮੀ ਤੋਂ ਬਚਣ ਦੀ ਅਪੀਲ ਕਰਦਿਆਂ ਕਿਹਾ ਕਿ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਵੱਲੋਂ ਆਮ ਲੋਕਾਂ ਲਈ ਹੀਟਵੇਵ ਸੇਫਟੀ ਐਡਵਾਈਜ਼ਰੀ ਜਾਰੀ ਕੀਤੀ ਹੈ।

ਸਰਹੱਦ ਪਾਰੋਂ ਚੱਲ ਰਹੇ ਹਥਿਆਰਾਂ ਅਤੇ ਨਸ਼ਿਆਂ ਦੇ ਨੈੱਟਵਰਕ ਦਾ ਪਰਦਾਫਾਸ਼

ਅਫ਼ਗਾਨ ਨਾਗਰਿਕ ਸਮੇਤ ਛੇ ਵਿਅਕਤੀ 1 ਕਿਲੋ ਹੈਰੋਇਨ, 5 ਪਿਸਤੌਲਾਂ ਅਤੇ ਡਰੱਗ ਮਨੀ ਨਾਲ ਗ੍ਰਿਫ਼ਤਾਰ

ਅੰਮ੍ਰਿਤਸਰ, 5 ਜੂਨ (ਬਬਲੂ ਮਹਾਜਨ) : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਜਾਰੀ ਮੁਹਿੰਮ ਦੌਰਾਨ ਵੱਡੀ ਸਫਲਤਾ ਤਹਿਤ ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਛੇ ਵਿਅਕਤੀਆਂ, ਜਿਨ੍ਹਾਂ ਵਿੱਚ ਇੱਕ ਅਫਗਾਨ ਨਾਗਰਿਕ ਅਤੇ ਦੋ ਨਾਬਾਲਗ ਸ਼ਾਮਲ ਹਨ, ਨੂੰ ਗ੍ਰਿਫ਼ਤਾਰ ਕਰਕੇ ਸਰਹੱਦ ਪਾਰ ਦੇ ਹਥਿਆਰਾਂ, ਨਸ਼ਿਆਂ ਅਤੇ ਹਵਾਲਾ ਨੈੱਟਵਰਕ ਦਾ ਪਰਦਾਫਾਸ਼ ਕਰਕੇ ਮੁਲਜ਼ਮਾਂ ਦੇ ਕਬਜ਼ੇ ਵਿੱਚੋਂ 1.035 ਕਿਲੋ ਹੈਰੋਇਨ, ਪੰਜ ਆਧੁਨਿਕ ਪਿਸਤੌਲ ਅਤੇ 5 ਲੱਖ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਹੈ। ਇਹ ਜਾਣਕਾਰੀ ਅੱਜ ਇਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤਾ।ਗ੍ਰਿਫ਼ਤਾਰ ਮੁਲਜ਼ਮਾਂ ਦੀ ਪਛਾਣ ਬਾਜ਼ ਮੁਹੰਮਦ (62), ਜੋ ਕਿ ਅਫਗਾਨਿਸਤਾਨ ਦਾ ਨਾਗਰਿਕ ਹੈ ਅਤੇ ਪਹਿਲਾਂ ਹਰਿਆਣਾ ਦੇ ਸੋਨੀਪਤ ਵਿੱਚ ਰਹਿ ਰਿਹਾ ਸੀ ਤੇ ਹਾਲ ਹੀ ਵਿੱਚ ਨਵੀਂ ਦਿੱਲੀ ਦੇ ਲਾਜਪਤ ਨਗਰ ਰਹਿਣ ਲੱਗਾ ਸੀ; ਨਵਾਂਸ਼ਹਿਰ ਦੀ ਗੁਰੂ ਅੰਗਦ ਦੇਵ ਕਲੋਨੀ ਦੇ ਰਹਿਣ ਵਾਲੇ ਅੰਕੁਸ਼ ਬਰਥਵਾਲ (33), ਜਲੰਧਰ ਦੇ ਪਿੰਡ ਭੱਟੀਆਂ ਦੇ ਰਹਿਣ ਵਾਲੇ ਦੇਸ ਰਾਜ ਉਰਫ਼ ਵਿੱਕੀ (32), ਲੋਪੋਕੇ ਦੇ ਪਿੰਡ ਰਣੀਆ ਦੇ ਰਹਿਣ ਵਾਲੇ ਰਾਜਨਦੀਪ ਸਿੰਘ ਉਰਫ਼ ਰਾਜਾ (26), ਜੋ ਵਰਤਮਾਨ ਵਿੱਚ ਅੰਮ੍ਰਿਤਸਰ ਦੇ ਸੰਨੀ ਐਨਕਲੇਵ ਵਿੱਚ ਰਹਿ ਰਿਹਾ ਹੈ ਵਜੋਂ ਹੋਈ ਹੈ। ਇਸ ਤੋਂ ਇਲਾਵਾ ਗ੍ਰਿਫ਼ਤਾਰ ਮੁਲਜ਼ਮਾਂ ਵਿੱਚ ਦੋ ਨਾਬਾਲਗ ਵੀ ਸ਼ਾਮਲ ਹਨ। ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਬਾਜ਼ ਮੁਹੰਮਦ, ਅੰਕੁਸ਼ ਬਰਥਵਾਲ ਅਤੇ ਦੇਸ ਰਾਜ ਉਰਫ਼ ਵਿੱਕੀ ਆਦਤਨ ਅਪਰਾਧੀ ਹਨ ਜਿਨ੍ਹਾਂ ਦਾ ਪੁਰਾਣਾ ਅਪਰਾਧਕ ਰਿਕਾਰਡ ਹੈ।ਬਰਾਮਦ ਕੀਤੇ ਗਏ ਪਿਸਤੌਲਾਂ ਵਿੱਚ ਤਿੰਨ 9 ਐਮਐਮ ਗਲੋਕ (ਆਸਟ੍ਰੀਆ ਦੇ ਬਣੇ), ਇੱਕ .30 ਬੋਰ ਜ਼ਿਗਾਨਾ ਪਿਸਤੌਲ, ਇੱਕ .30 ਬੋਰ ਪਿਸਤੌਲ ਅਤੇ ਦੋ ਜ਼ਿੰਦਾ ਕਾਰਤੂਸ ਸ਼ਾਮਲ ਹਨ।ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਮੁਲਜ਼ਮ ਆਪਣੇ ਵਿਦੇਸ਼ੀ ਸਾਥੀਆਂ ਨਾਲ ਮਿਲ ਕੇ ਵੱਖ-ਵੱਖ ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਸਥਾਪਤ ਸੰਪਰਕਾਂ ਜ਼ਰੀਏ ਗੈਰ-ਕਾਨੂੰਨੀ ਹਥਿਆਰਾਂ ਅਤੇ ਨਸ਼ਿਆਂ ਦੀਆਂ ਖੇਪਾਂ ਪ੍ਰਾਪਤ ਕਰਕੇ ਫਿਰ ਆਪਣੇ ਵਿਦੇਸ਼ੀ ਹੈਂਡਲਰਾਂ ਦੇ ਨਿਰਦੇਸ਼ਾਂ ਤੇ ਇਨ੍ਹਾਂ ਨੂੰ ਅੱਗੇ ਸਪਲਾਈ ਕਰਦੇ ਸਨ। ਉਨ੍ਹਾਂ ਕਿਹਾ ਕਿ ਇਹ ਨੈੱਟਵਰਕ ਮਾਝਾ ਅਤੇ ਦੋਆਬਾ ਖੇਤਰਾਂ ਵਿੱਚ ਸਰਗਰਮੀ ਨਾਲ ਕੰਮ ਕਰ ਰਿਹਾ ਸੀ।ਡੀਜੀਪੀ ਨੇ ਕਿਹਾ ਕਿ ਨੈੱਟਵਰਕ ਨਾਲ ਜੁੜੇ ਹੋਰ ਵਿਅਕਤੀਆਂ ਦੀ ਪਛਾਣ ਕਰਨ ਅਤੇ ਹੋਰ ਜਾਣਕਾਰੀ ਦਾ ਪਤਾ ਲਗਾਉਣ ਲਈ ਇਸ ਕੇਸ ਵਿੱਚ ਅਗਲੇ-ਪਿਛਲੇ ਸਬੰਧਾਂ ਦੀ ਜਾਂਚ ਕੀਤੀ ਜਾ ਰਹੀ ਹੈ।ਕਾਰਵਾਈ ਸੰਬੰਧੀ ਵੇਰਵੇ ਸਾਂਝੇ ਕਰਦਿਆਂ ਪੁਲਿਸ ਕਮਿਸ਼ਨਰ (ਸੀਪੀ) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਸ਼ੁਰੂ ਵਿੱਚ, ਪੁਲਿਸ ਟੀਮਾਂ ਨੇ ਦੋ ਨਾਬਾਲਗਾਂ ਨੂੰ ਇੱਕ ਗਲੌਕ ਪਿਸਤੌਲ ਅਤੇ ਦੋ ਜ਼ਿੰਦਾ ਕਾਰਤੂਸਾਂ ਸਮੇਤ ਫੜਿਆ ਸੀ ਅਤੇ ਫਿਰ ਉਨ੍ਹਾਂ ਵੱਲੋਂ ਕੀਤੇ ਖੁਲਾਸਿਆਂ ਦੇ ਅਧਾਰ 'ਤੇ 500 ਗ੍ਰਾਮ ਹੈਰੋਇਨ ਅਤੇ ਇੱਕ ਹੋਰ ਪਿਸਤੌਲ ਬਰਾਮਦ ਕੀਤਾ।ਉਨ੍ਹਾਂ ਕਿਹਾ ਕਿ ਜਾਂਚ ਜਾਰੀ ਰੱਖਦਿਆਂ ਪੁਲਿਸ ਟੀਮਾਂ ਨੇ ਮੁਲਜ਼ਮ ਬਾਜ ਮੁਹੰਮਦ, ਅੰਕੁਸ਼ ਬਰਥਵਾਲ ਅਤੇ ਦੇਸ ਰਾਜ ਉਰਫ਼ ਵਿੱਕੀ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਤਿੰਨ ਪਿਸਤੌਲ, 535 ਗ੍ਰਾਮ ਹੈਰੋਇਨ ਅਤੇ 5 ਲੱਖ ਰੁਪਏ ਦੀ ਡਰੱਗ ਮਨੀ ਬਰਾਮਦ ਹੋਈ। ਉਨ੍ਹਾਂ ਕਿਹਾ ਕਿ ਗ੍ਰਿਫ਼ਤਾਰ ਮੁਲਜ਼ਮਾਂ ਤੋਂ ਹੋਰ ਪੁੱਛਗਿੱਛ ਦੌਰਾਨ ਉਨ੍ਹਾਂ ਦੇ ਦੂਜੇ ਸਾਥੀ ਰਾਜਨਦੀਪ ਸਿੰਘ ਉਰਫ਼ ਰਾਜਾ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ।

ਜ਼ਿਲ੍ਹਾ ਅੰਮ੍ਰਿਤਸਰ ਦੇ ਵੋਟਰਾਂ ਲਈ ਭਲਕੇ ਲਗਾਇਆ ਜਾਵੇਗਾ ਵਿਸ਼ੇਸ਼ ਕੈਂਪ

ਅੰਮ੍ਰਿਤਸਰ, 5 ਜੂਨ (ਗੁਰਦਿਆਲ ਸਿੰਘ/ਬਬਲੂ ਮਹਾਜਨ) - ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਐੱਸ.ਆਈ.ਆਰ. ਤਹਿਤ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਕੁੱਲ 19,71,604 ਵੋਟਰਾਂ ਵਿੱਚੋਂ ਹੁਣ ਤੱਕ 17,38,253 ਵੋਟਰਾਂ (88.16 ਫ਼ੀਸਦੀ) ਦੀ ਵੋਟਰ ਸੂਚੀ 2003 ਨਾਲ ਮੈਪਿੰਗ ਸਫ਼ਲਤਾ ਪੂਰਵਕ ਕੀਤੀ ਜਾ ਚੁੱਕੀ ਹੈ। ਜ਼ਿਲ੍ਹੇ ਦੇ ਜਿਹੜੇ 2,33,351 ਵੋਟਰ ਅਨ-ਮੈਪਡ ਹਨ, ਉਸ ਨੂੰ ਕਵਰ ਕਰਨ ਲਈ ਯਤਨ ਜਾਰੀ ਹਨ।ਜ਼ਿਲ੍ਹਾ ਚੋਣ ਅਧਿਕਾਰੀ-ਕਮ-ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀ ਦਲਵਿੰਦਰਜੀਤ ਸਿੰਘ, ਆਈ.ਏ.ਐੱਸ. ਨੇ ਦੱਸਿਆ ਕਿ ਮੁੱਖ ਚੋਣ ਅਫ਼ਸਰ, ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਵੋਟਰ ਸੂਚੀ 2003 ਦੇ ਮੌਜੂਦਾ ਵੋਟਰਾਂ ਦੀ ਮੈਪਿੰਗ ਦੇ ਕੰਮ ਨੂੰ ਤੇਜ਼ੀ ਨਾਲ ਮੁਕੰਮਲ ਕਰਨ ਲਈ ਜ਼ਿਲ੍ਹਾ ਅੰਮ੍ਰਿਤਸਰ ਵਿੱਚ 7 ਜੂਨ, 2026 (ਦਿਨ ਐਤਵਾਰ) ਨੂੰ ਸਵੇਰੇ 10:00 ਵਜੇ ਤੋਂ ਸ਼ਾਮ 04:00 ਵਜੇ ਇੱਕ ਵਿਸ਼ੇਸ਼ ਕੈਂਪ ਲਗਾਇਆ ਜਾ ਰਿਹਾ ਹੈ। ਇਸ ਵਿਸ਼ੇਸ਼ ਮੁਹਿੰਮ ਦਾ ਮੁੱਖ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਜ਼ਿਲ੍ਹੇ ਦਾ ਕੋਈ ਵੀ ਯੋਗ ਵੋਟਰ ਇਸ ਪ੍ਰਕਿਰਿਆ ਤੋਂ ਵਾਂਝਾ ਨਾ ਰਹੇ। ਉਨ੍ਹਾਂ ਦੱਸਿਆ ਕਿ ਕੈਂਪ ਵਾਲੇ ਦਿਨ ਸਾਰੇ ਬੂਥ ਲੈਵਲ ਅਫ਼ਸਰ (ਬੀ.ਐੱਲ.ਓ.) ਆਪਣੇ-ਆਪਣੇ ਨਿਰਧਾਰਤ ਪੋਲਿੰਗ ਬੂਥਾਂ ਤੇ ਮੌਜੂਦ ਰਹਿਣਗੇ ਅਤੇ ਵੋਟਰਾਂ ਦੀ ਸਹਾਇਤਾ ਕਰਨਗੇ। ਸਾਲ 2003 ਦੀ ਵੋਟਰ ਸੂਚੀ ਦੇ ਆਧਾਰ ਤੇ ਵੋਟਰਾਂ ਦੀ ਮੈਪਿੰਗ ਦੀ ਸਹੂਲਤ ਲਈ ਨਾਗਰਿਕ ਆਪਣੇ ਬੂਥ ਤੇ ਜਾ ਕੇ ਇਸ ਦਾ ਲਾਭ ਉਠਾ ਸਕਦੇ ਹਨ। ਜ਼ਿਲ੍ਹਾ ਚੋਣ ਅਧਿਕਾਰੀ ਸ੍ਰੀ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਸੂਬੇ ਦੀ ਮੁੱਖ ਚੋਣ ਅਧਿਕਾਰੀ ਸ੍ਰੀਮਤੀ ਅਨੰਦਿਤਾ ਮਿੱਤਰਾ 7 ਜੂਨ ਨੂੰ ਅੰਮ੍ਰਿਤਸਰ ਦੇ ਪੋਲਿੰਗ ਬੂਥਾਂ ਉੱਪਰ ਵੋਟਰਾਂ ਦੀ ਮੈਪਿੰਗ ਦੇ ਕੰਮ ਦਾ ਜਾਇਜ਼ਾ ਲੈਣਗੇ। ਜ਼ਿਲ੍ਹਾ ਚੋਣ ਅਧਿਕਾਰੀ ਨੇ ਸਾਰੀਆਂ ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਅਤੇ ਉਨ੍ਹਾਂ ਦੇ ਬੂਥ ਲੈਵਲ ਏਜੰਟਾਂ (ਬੀ.ਐੱਲ.ਓਜ਼.) ਨੂੰ ਵੀ ਅਪੀਲ ਕੀਤੀ ਹੈ ਕਿ ਉਹ 7 ਜੂਨ ਨੂੰ ਲੱਗ ਰਹੇ ਇਸ ਇੱਕ ਰੋਜ਼ਾ ਵਿਸ਼ੇਸ਼ ਕੈਂਪ ਨੂੰ ਸਫ਼ਲ ਬਣਾਉਣ ਲਈ ਆਪਣਾ ਪੂਰਨ ਸਹਿਯੋਗ ਦੇਣ। ਉਨ੍ਹਾਂ ਸਮੂਹ ਜ਼ਿਲ੍ਹਾ ਨਿਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਇਸ ਵਿਸ਼ੇਸ਼ ਕੈਂਪ ਦਾ ਵੱਧ ਤੋਂ ਵੱਧ ਲਾਭ ਉਠਾਉਣ ਅਤੇ ਆਪਣੀ ਵੋਟਰ ਪਾਤਰਤਾ ਨੂੰ ਯਕੀਨੀ ਬਣਾਉਣ।

'84' ਦੇ ਸ਼ਹੀਦ ਪੁੱਤਰਾਂ ਦੀਆਂ ਤਸਵੀਰਾਂ ਵੇਖ ਭਾਵੁਕ ਹੋਈ ਮਾਤਾ ਜਗੀਰ ਕੌਰ

ਮਾਂ ਤੇ ਜਥੇਦਾਰ ਗੜਗੱਜ ਦੀ ਮੁਲਾਕਾਤ, ਸਿਰੋਪਾਓ ਨਾਲ ਕੀਤਾ ਸਨਮਾਨ

ਅੰਮ੍ਰਿਤਸਰ, 5 ਜੂਨ (ਬਬਲੂ ਮਹਾਜਨ) : ਜੂਨ 1984 ਦੇ ਸ਼ਹੀਦਾਂ ਨੂੰ ਨਮਨ, ਮਾਤਾ ਜਗੀਰ ਕੌਰ ਦਾ ਸਨਮਾਨ ਅੰਮ੍ਰਿਤਸਰ : ਜੂਨ 1984 ਦੇ ਸ਼ਹੀਦਾਂ ਦੀ ਯਾਦ ਨੂੰ ਸਮਰਪਿਤ ਸ੍ਰੀ ਦਰਬਾਰ ਸਾਹਿਬ ਵਿਖੇ ਬਣਾਈ ਗਈ ਸ਼ਹੀਦੀ ਗੈਲਰੀ ਵਿੱਚ ਉਸ ਵੇਲੇ ਭਾਵੁਕ ਮਾਹੌਲ ਬਣ ਗਿਆ ਜਦੋਂ ਅਤਿ ਸਤਿਕਾਰਯੋਗ ਮਾਤਾ ਬੀਬੀ ਜਗੀਰ ਕੌਰ ਆਪਣੇ ਦੋ ਸ਼ਹੀਦ ਪੁੱਤਰਾਂ ਦੀਆਂ ਤਸਵੀਰਾਂ ਦੇਖਣ ਲਈ ਉੱਥੇ ਪਹੁੰਚੇ। ਮਾਤਾ ਜਗੀਰ ਕੌਰ ਦੇ ਪੁੱਤਰ ਭਾਈ ਮਨਜੀਤ ਸਿੰਘ ਅਤੇ ਭਾਈ ਹਰਦੀਪ ਸਿੰਘ, ਵਾਸੀ ਪਿੰਡ ਸ਼ਾਹਪੁਰ ਜਾਜਨ, ਜ਼ਿਲ੍ਹਾ ਗੁਰਦਾਸਪੁਰ, ਜੂਨ 1984 ਦੌਰਾਨ ਸ੍ਰੀ ਦਰਬਾਰ ਸਾਹਿਬ ਤੇ ਹੋਏ ਫੌਜੀ ਹਮਲੇ ਸਮੇਂ ਸ਼ਹੀਦ ਹੋ ਗਏ ਸਨ।ਸ਼ਹੀਦੀ ਗੈਲਰੀ ਵਿੱਚ ਆਪਣੇ ਪੁੱਤਰਾਂ ਦੀਆਂ ਤਸਵੀਰਾਂ ਨੂੰ ਨਿਹਾਰਦਿਆਂ ਮਾਤਾ ਜੀ ਦੀਆਂ ਭਾਵਨਾਵਾਂ ਸਪੱਸ਼ਟ ਤੌਰ ਤੇ ਝਲਕ ਰਹੀਆਂ ਸਨ। ਇਸ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੀ ਉੱਥੇ ਪਹੁੰਚੇ ਅਤੇ ਮਾਤਾ ਜੀ ਨਾਲ ਮੁਲਾਕਾਤ ਕਰਕੇ ਉਨ੍ਹਾਂ ਦਾ ਹਾਲ-ਚਾਲ ਪੁੱਛਿਆ।ਜਥੇਦਾਰ ਸਾਹਿਬ ਨੇ ਮਾਤਾ ਜਗੀਰ ਕੌਰ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ ਅਤੇ ਸ਼ਹੀਦ ਪਰਿਵਾਰ ਦੇ ਯੋਗਦਾਨ ਨੂੰ ਨਮਨ ਕੀਤਾ। ਉਨ੍ਹਾਂ ਮਾਤਾ ਜੀ ਨਾਲ ਕੁਝ ਸਮਾਂ ਗੱਲਬਾਤ ਵੀ ਕੀਤੀ ਅਤੇ ਉਨ੍ਹਾਂ ਦਾ ਸੰਪਰਕ ਨੰਬਰ ਲਿਆ। ਇਸ ਮੌਕੇ ਜਥੇਦਾਰ ਗੜਗੱਜ ਨੇ ਮਾਤਾ ਜੀ ਦੇ ਗ੍ਰਹਿ ਵਿਖੇ ਜਾ ਕੇ ਮਿਲਣ ਦੀ ਇੱਛਾ ਵੀ ਪ੍ਰਗਟ ਕੀਤੀ।ਸੰਗਤਾਂ ਵੱਲੋਂ ਇਸ ਭਾਵੁਕ ਪਲ ਨੂੰ ਸ਼ਹੀਦਾਂ ਦੀ ਕੁਰਬਾਨੀ ਪ੍ਰਤੀ ਸਤਿਕਾਰ ਅਤੇ ਯਾਦਗਾਰ ਵਜੋਂ ਦੇਖਿਆ ਗਿਆ। ਜੂਨ 1984 ਦੇ ਸ਼ਹੀਦਾਂ ਦੀ ਯਾਦ ਵਿੱਚ ਸ੍ਰੀ ਦਰਬਾਰ ਸਾਹਿਬ ਵਿਖੇ ਚੱਲ ਰਹੇ ਸਮਾਗਮਾਂ ਦੌਰਾਨ ਅਜਿਹੇ ਪਲ ਸੰਗਤਾਂ ਨੂੰ ਇਤਿਹਾਸ ਨਾਲ ਜੋੜਨ ਦਾ ਕੰਮ ਕਰ ਰਹੇ ਹਨ।

ਗੁਰਪ੍ਰੀਤ ਸਿੰਘ ਨੇ ਤਿਆਰ ਕੀਤਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜੂਨ 84 ਵਾਲੇ ਸਰੂਪ ਦਾ ਵਿਲੱਖਣ ਮਾਡਲ

ਅੰਮ੍ਰਿਤਸਰ, 5 ਜੂਨ (ਬਬਲੂ ਮਹਾਜਨ) : ਅੰਮ੍ਰਿਤਸਰ ਦੇ ਪ੍ਰਸਿੱਧ ਪੇਪਰ ਆਰਟਿਸਟ ਗੁਰਪ੍ਰੀਤ ਸਿੰਘ ਵੱਲੋਂ ਜੂਨ 1984 ਦੇ ਸਾਕਾ ਨੀਲਾ ਤਾਰਾ (ਅਪਰੇਸ਼ਨ ਬਲੂ ਸਟਾਰ) ਦੀ ਬਰਸੀ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਉਸ ਸਰੂਪ ਦਾ ਇੱਕ ਵਿਲੱਖਣ ਅਤੇ ਇਤਿਹਾਸਕ ਮਹੱਤਵ ਵਾਲਾ ਪੇਪਰ ਮਾਡਲ ਤਿਆਰ ਕੀਤਾ ਗਿਆ ਹੈ, ਜੋ ਉਸ ਸਮੇਂ ਦੀਆਂ ਘਟਨਾਵਾਂ ਤੋਂ ਬਾਅਦ ਨਜ਼ਰ ਆਇਆ ਸੀ। ਇਹ ਮਾਡਲ ਨਾ ਸਿਰਫ਼ ਇੱਕ ਕਲਾਤਮਕ ਨਮੂਨਾ ਹੈ, ਸਗੋਂ ਸਿੱਖ ਇਤਿਹਾਸ ਦੇ ਇੱਕ ਅਹਿਮ ਅਤੇ ਦਰਦਨਾਕ ਅਧਿਆਇ ਨੂੰ ਵੀ ਦਰਸਾਉਂਦਾ ਹੈ।ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਇਸ ਮਾਡਲ ਨੂੰ ਤਿਆਰ ਕਰਨ ਲਈ ਉਨ੍ਹਾਂ ਨੇ ਇਤਿਹਾਸਕ ਤਸਵੀਰਾਂ, ਦਸਤਾਵੇਜ਼ਾਂ ਅਤੇ ਉਪਲਬਧ

ਅਧਿਐਨ ਕੀਤਾ। ਉਨ੍ਹਾਂ ਕਿਹਾ ਕਿ ਮਾਡਲ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਉਸ ਸਰੂਪ ਨੂੰ ਬਹੁਤ ਹੀ ਬਾਰੀਕੀ ਨਾਲ ਦਰਸਾਉਣ ਦੀ ਕੋਸ਼ਿਸ਼ ਕੀਤੀ ਗਈ ਹੈ, ਜੋ ਜੂਨ 1984 ਦੀਆਂ ਘਟਨਾਵਾਂ ਤੋਂ ਬਾਅਦ ਸਾਹਮਣੇ ਆਇਆ ਸੀ।ਉਨ੍ਹਾਂ ਕਿਹਾ ਕਿ ਇਸ ਕਲਾ ਰਾਹੀਂ ਉਹ ਨੌਜਵਾਨ ਪੀੜ੍ਹੀ ਨੂੰ ਆਪਣੇ ਇਤਿਹਾਸ ਨਾਲ ਜੋੜਨਾ ਚਾਹੁੰਦੇ ਹਨ ਤਾਂ ਜੋ ਉਹ ਪਿਛਲੀਆਂ ਘਟਨਾਵਾਂ ਨੂੰ ਸਮਝ ਸਕਣ ਅਤੇ ਆਪਣੀ ਵਿਰਾਸਤ ਬਾਰੇ ਜਾਣੂ ਹੋ ਸਕਣ। ਗੁਰਪ੍ਰੀਤ ਸਿੰਘ ਅਨੁਸਾਰ ਕਲਾ ਇੱਕ ਅਜਿਹਾ ਮਾਧਿਅਮ ਹੈ ਜੋ ਇਤਿਹਾਸ ਨੂੰ ਜੀਵੰਤ ਰੂਪ ਵਿੱਚ ਲੋਕਾਂ ਤੱਕ ਪਹੁੰਚਾਉਣ ਦੀ ਸਮਰੱਥਾ ਰੱਖਦਾ ਹੈ।ਇਸ ਵਿਲੱਖਣ ਪੇਪਰ ਮਾਡਲ ਨੂੰ ਵੇਖਣ ਵਾਲੇ ਲੋਕਾਂ ਨੇ ਗੁਰਪ੍ਰੀਤ ਸਿੰਘ ਦੀ ਮਿਹਨਤ, ਲਗਨ ਅਤੇ ਕਲਾ ਦੀ ਭਰਪੂਰ ਸ਼ਲਾਘਾ ਕੀਤੀ। ਦਰਸ਼ਕਾਂ ਦਾ ਕਹਿਣਾ ਹੈ ਕਿ ਇਹ ਮਾਡਲ ਇਤਿਹਾਸ ਦੀ ਇੱਕ ਮਹੱਤਵਪੂਰਨ ਯਾਦ ਨੂੰ ਸੰਜੋ ਕੇ ਰੱਖਣ ਦਾ ਸਰਾਹਣਯੋਗ ਯਤਨ ਹੈ। ਕਲਾ ਪ੍ਰੇਮੀਆਂ ਅਤੇ ਇਤਿਹਾਸ ਵਿੱਚ ਦਿਲਚਸਪੀ ਰੱਖਣ ਵਾਲਿਆਂ ਲਈ ਇਹ ਮਾਡਲ ਖਾਸ ਆਕਰਸ਼ਣ ਦਾ ਕੇਂਦਰ ਬਣਿਆ ਹੋਇਆ ਹੈ।

ਸ਼ੇਰੇ ਪੰਜਾਬ ਪ੍ਰੈੱਸ ਕਲੱਬ ਦੇ ਪ੍ਰਧਾਨ ਬਲਜੀਤ ਬਿੱਟੂ ਦੀ ਪ੍ਰਧਾਨਗੀ ਹੇਠ ਮੀਟਿੰਗ ਹੋਈ

ਜੰਡਿਆਲਾ ਗੁਰੂ, 5 ਜੂਨ (ਰਾਮ ਸ਼ਰਨਜੀਤ ਸਿੰਘ): ਸ਼ੇਰੇ ਪੰਜਾਬ ਪ੍ਰੈੱਸ ਕਲੱਬ ਜੰਡਿਆਲਾ ਗੁਰੂ ਦੇ ਪ੍ਰਧਾਨ ਬਲਜੀਤ ਸਿੰਘ ਬਿੱਟੂ ਦੀ ਪ੍ਰਧਾਨਗੀ ਹੇਠ ਮਹੀਨੇਵਾਰ ਮੀਟਿੰਗ ਨਿੱਜੀ ਰੈਸਟੋਰੈਂਟ ਵਿਖੇ ਹੋਈ ਇਸ ਮੀਟਿੰਗ ਦੌਰਾਨ ਪੱਤਰਕਾਰਾਂ ਨੂੰ ਆ ਰਹੀਆਂ ਮੁਸ਼ਕਿਲਾਂ ਦੌਰਾਨ ਉਹਨਾਂ ਦੇ ਹੱਲ ਕੱਢਣ ਲਈ ਵਿਚਾਰਾਂ ਸਾਂਝੀਆਂ ਹੋਈਆਂ ਇਸ ਮੌਕੇ ਸ਼ੇਰੇ ਪੰਜਾਬ ਪ੍ਰੈੱਸ ਕਲੱਬ ਦੇ ਚੇਅਰਮੈਨ ਰਾਮ ਸ਼ਰਨਜੀਤ ਸਿੰਘ ਨੇ ਕਲੱਬ ਨੂੰ ਇਕਜੁੱਟਤਾ ਚ ਰਹਿਣ ਕੇ ਸਮਾਜਿਕ ਚ ਬਣਦਾ ਆਪਣਾ ਯੋਗਦਾਨ ਪਾਉਣ ਦੀ ਅਪੀਲ ਕੀਤੀ ਤਾ ਜੋ ਪੱਤਰਕਾਰਾਂ ਦਾ ਜੋ ਮੁੱਖ ਕਰਤਵ ਹੈ ਕਿ ਸਮਾਜ ਦੇ ਦੱਬੇ ਕੁਚਲੇ ਲੋਕਾਂ ਦੀ ਆਵਾਜ਼ ਪ੍ਰਸ਼ਾਸਨ ਤੱਕ ਨਿੱਧੜਕ ਤੇ ਨਿਰਸਵਾਰਥ ਹੋ ਕੇ ਪਹੁੰਚਾਈਏ ਜਿਸ ਨਾਲ ਸਮਾਜ ਵਿੱਚ ਪ੍ਰੈਸ ਦਾ ਰੁਤਬਾ ਕਾਇਮ ਰਹੇ ਪਰ ਅੱਜ ਜੰਡਿਆਲਾ ਗੁਰੂ ਚ ਚਿੰਤਾ ਜਨਕ ਮਾਹੌਲ ਹੈ ਕਿ ਪੱਤਰਕਾਰਾਂ ਦੇ ਵਿੱਚ ਕੁਝ ਕਾਲੀਆਂ ਭੇਡਾਂ ਵਾੜ ਚੁੱਕੀਆਂ ਹਨ ਜੋ ਆਪਣੀਆਂ ਕਾਲੀਆਂ ਕਰਤੂਤਾਂ ਰਹੀ ਸਮਾਜ ਵਿੱਚ ਸਮੂਹ ਪੱਤਰਕਾਰਾਂ ਦਾ ਨਾਮ ਬਦਨਾਮ ਕਰ ਰਹੀਆਂ ਹਨ ਸਾਨੂੰ ਸਾਰਿਆਂ ਨੂੰ ਉਹਨਾਂ ਕਾਲੀਆਂ ਭੇਡਾਂ ਤੋਂ ਸੁਚੇਤ ਹੋਣ ਦੀ ਸਮੇਂ ਦੀ ਮੁੱਖ ਲੋੜ ਹੈ। ਇਸ ਮੌਕੇ ਪ੍ਰਧਾਨ ਬਲਜੀਤ ਸਿੰਘ ਬਿੱਟੂ, ਚੇਅਰਮੈਨ ਰਾਮ ਸ਼ਰਨਜੀਤ ਸਿੰਘ, ਹਰਿੰਦਰ ਸਿੰਘ ਡੱਡਵਾਲ, ਜਸਬੀਰ ਸਿੰਘ ਭੋਲਾ, ਮਨਦੀਪ ਸਿੰਘ ਜੰਮੂ, ਮਲਕੀਤ ਸਿੰਘ ਸੱਗੂ, ਗੁਰਦੇਵ ਸਿੰਘ ਮੱਲ੍ਹੀ, ਗੁਰਦੇਵ ਸਿੰਘ ਮਨਜੋਤਰਾਂ, ਕੁਲਦੀਪ ਸਿੰਘ ਡੱਡਵਾਲ, ਸਰਦੂਲ ਸਿੰਘ ਆਦਿ ਹਾਜ਼ਰ ਸਨ

ਬਾਬਾ ਕਰੀਮ ਸ਼ਾਹ ਦੀ ਦਰਗਾਹ 'ਤੇ ਸੱਭਿਆਚਾਰਕ ਮੇਲਾ ਤੇ ਕਬੱਡੀ ਟੂਰਨਾਮੈਂਟ

ਚੋਗਾਵਾਂ, 5 ਜੂਨ (ਸੁਬੇਗ ਸਿੰਘ ਸੋਨਾ): ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਹਲਕਾ ਰਾਜਾਸਾਂਸੀ ਦੇ ਅਧੀਨ ਆਉਂਦੇ ਸਰਹੱਦੀ ਪਿੰਡ ਵਣੀਏਕੇ ਵਿਖੇ ਬਾਬਾ ਕਰੀਮ ਸ਼ਾਹ ਦੀ ਦਰਗਾਹ 'ਤੇ ਸਾਲਾਨਾ ਸੱਭਿਆਚਾਰਕ ਮੇਲਾ ਤੇ ਕਬੱਡੀ ਟੂਰਨਾਮੈਂਟ ਸਮੂਹ ਪਿੰਡ ਵਾਸੀ ਤੇ ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਕਰਵਾਇਆ ਗਿਆ। ਮੇਲੇ ਦੀ ਸ਼ੁਰੂਆਤ ਪ੍ਰਬੰਧਕਾਂ ਵਲੋਂ ਦਰਗਾਹ ਤੇ ਚਾਦਰ ਚੜ੍ਹਾ ਕੇ ਕੀਤੀ ਗਈ। ਸੰਗਤਾਂ ਵੱਲੋਂ ਵੱਡੀ ਗਿਣਤੀ ਦੇ ਵਿੱਚ ਦਰਗਾਹ ਦੇ ਮੱਥਾ ਟੇਕਿਆ ਗਿਆ। ਜ਼ਿਕਰਯੋਗ ਹੈ ਕੀ ਬਾਬਾ ਕਰੀਮ ਸ਼ਾਹ ਦੀ ਦਰਗਾਹ ਤੇ ਜਿਹੜੀਆਂ ਵੀ ਸੰਗਤਾਂ ਆਸਾ ਮੁਰਾਦਾਂ ਲੈ ਕੇ ਆਉਂਦੀਆਂ ਹਨ, ਉਹ ਝੋਲੀਆਂ ਭਰ ਕੇ ਘਰਾਂ ਨੂੰ ਵਾਪਸ ਜਾਂਦੀਆਂ ਹਨ। ਖੁੱਲੇ ਅਖਾੜੇ ਵਿਚ ਪੰਜਾਬੀ ਗਾਇਕ ਗੁਰਮੀਤ ਪੰਜਾਬੀ ਅਤੇ ਗਾਇਕ ਜੋੜੀ ਮੀਤ ਬਰਾੜ ਤੇ ਹਰਮਨਦੀਪ ਨੇ ਆਪਣੇ ਮਨ ਮੋਹਨ ਗੀਤਾਂ ਰਾਹੀਂ ਸਰੋਤਿਆਂ ਦਾ ਭਰਪੂਰ ਮਨੋਰੰਜਨ ਕੀਤਾ। ਮੇਲਾ ਪ੍ਰਬੰਧਕਾਂ ਵਲੋਂ ਆਏ ਕਲਾਕਾਰਾਂ ਤੇ ਸੇਵਾਦਾਰਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ ਸ਼ਾਮ ਨੂੰ ਕਬੱਡੀ ਟੂਰਨਾਮੈਂਟ ਕਰਵਾਇਆ ਗਿਆ। ਜਿਸ ਵਿੱਚ ਨਾਮੀ ਟੀਮਾ ਨੇ ਭਾਗ ਲਿਆ। ਇਸ ਮੌਕੇ ਮੇਲਾ ਕਮੇਟੀ ਪ੍ਰਧਾਨ ਕੁਲਦੀਪ ਸਿੰਘ ਸਿੱਧੂ, ਸਾਬਕਾ ਸਰਪੰਚ ਬਲਜਿੰਦਰ ਸਿੰਘ, ਜੱਸਾ ਸਿੰਘ ਯੂ.ਕੇ., ਡਾ. ਨਿੰਦਰ ਸਿੰਘ, ਬਾਬਾ ਕਸ਼ਮੀਰਾ ਸਿੰਘ, ਬਾਬਾ ਦਿਆਲ ਸਿੰਘ, ਜੋਬਨ ਪ੍ਰੀਤ ਕੈਨੇਡਾ, ਮੁਬਾਰਕਜੀਤ ਸਿੰਘ ਆਸਟਰੇਲੀਆ, ਬਾਜ ਸਿੰਘ ਠੱਠੀ ਸ਼ੇਰਾ ਸਿੰਘ ਆਦਿ ਹਾਜ਼ਰ ਸਨ।

ਹੈਨਰੀ ਨੋਵਾਕ ਮਾਮਲੇ ਵਿੱਚ ਦੋਸ਼ੀ ਨੂੰ ਮਿਲੀ ਸਜ਼ਾ ਜਾਇਜ਼, ਸਿੱਖ ਕੌਮ ਨੂੰ ਨਿਸ਼ਾਨਾ ਬਣਾਉਣਾ ਸਾਜ਼ਿਸ਼ : ਜਥੇਦਾਰ ਗੜਗੱਜ

ਅੰਮ੍ਰਿਤਸਰ, 5 ਜੂਨ (ਬਬਲੂ ਮਹਾਜਨ) :ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਯੂਕੇ ਦੇ ਨੌਜਵਾਨ ਹੈਨਰੀ ਨੋਵਾਕ ਦੇ ਮਾਮਲੇ ਵਿੱਚ ਉਨ੍ਹਾਂ ਦਾ ਪਰਿਵਾਰ ਨਾਲ ਦਿਲੋਂ ਹਮਦਰਦੀ ਪ੍ਰਗਟ ਕਰਦਿਆਂ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਕਿ ਉਹ ਵਿੱਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ਣ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਯੂਕੇ ਦੀ ਅਦਾਲਤ ਵੱਲੋਂ ਵਿਕਰਮ ਸਿੰਘ ਦਿਗਵਾ ਨਾਮ ਦੇ ਇੱਕ ਸਿੱਖ ਨੂੰ ਉਮਰ ਕੈਦ ਦੀ ਸਜ਼ਾ ਦਿੱਤੀ ਗਈ ਹੈ, ਉਹ ਉਸ ਵੱਲੋਂ ਕੀਤੇ ਅਪਰਾਧ ਦੀ ਬਣਦੀ ਸਜ਼ਾ ਹੈ ਜੋ ਕਾਨੂੰਨ ਮੁਤਾਬਕ ਦੇਣੀ ਬਣਦੀ ਵੀ ਸੀ। ਉਨ੍ਹਾਂ ਕਿਹਾ ਕਿ ਅਪਰਾਧ ਦੀ ਕਾਨੂੰਨ ਮੁਤਾਬਕ ਸਜ਼ਾ ਦੇਣੀ ਜ਼ਰੂਰੀ ਹੈ, ਪਰੰਤੂ ਇਸ ਮਾਮਲੇ ਉੱਤੇ ਕੁਝ ਤਾਕਤਾਂ ਵੱਲੋਂ ਸਮੁੱਚੀ ਸਿੱਖ ਕੌਮ ਨੂੰ ਨਿਸ਼ਾਨਾ ਬਣਾਉਣਾ, ਸਿੱਖ ਕਕਾਰ ਕਿਰਪਾਨ ਉੱਤੇ ਪਾਬੰਦੀ ਦੀ ਮੰਗ ਕਰਨਾ ਅਤੇ ਨਫ਼ਰਤ ਦੇ ਸ਼ਿਕਾਰ ਹੋ ਕੇ ਸਿਆਸਤ ਕਰਨਾ ਗਹਿਰੀ ਸਾਜ਼ਸ਼ ਲੱਗਦੀ ਹੈ। ਉਨ੍ਹਾਂ ਕਿਹਾ ਕਿ ਯੂਕੇ ਵਿੱਚ ਕਾਨੂੰਨੀ ਪ੍ਰਕਿਰਿਆ ਨੇ ਦਿਗਵਾ ਨੂੰ ਸਹੀ ਸਜ਼ਾ ਦਿੱਤੀ ਹੈ, ਉਸ ਦੇ ਧਰਮ ਕਰਕੇ ਉਸ ਨੂੰ ਵਿਸ਼ੇਸ਼ ਛੋਟ ਨਹੀਂ ਦਿੱਤੀ ਗਈ ਅਤੇ ਕਾਨੂੰਨ ਰਾਹੀਂ ਨਿਆਂ ਦਿੱਤਾ ਗਿਆ ਹੈ ਅਤੇ ਸਿੱਖ ਭਾਈਚਾਰਾ ਇਸ ਨਾਲ ਸਹਿਮਤ ਹੈ।ਉਨ੍ਹਾਂ ਕਿਹਾ ਕਿ ਇਸ ਮਾਮਲੇ ਨੂੰ ਅਧਾਰ ਬਣਾ ਕੇ ਸਿੱਖਾਂ ਨੂੰ ਵਿਦੇਸ਼ਾਂ ਅੰਦਰ ਬਦਨਾਮ ਕਰਨ ਦੀ ਵੱਡੀ ਸਾਜ਼ਸ਼ ਘੜੀ ਜਾ ਰਹੀ ਹੈ ਜਿਸ ਨੂੰ ਹਰ ਸਿੱਖ ਸਮਝੇ। ਉਨ੍ਹਾਂ ਯੂਕੇ ਦੀਆਂ ਸਮੂਹ ਸਿੱਖ ਜਥੇਬੰਦੀਆਂ ਨੂੰ ਤਾਕੀਦ ਕੀਤੀ ਕਿ ਉਹ ਹੈਨਰੀ ਨੋਵਾਕ ਦੇ ਪਰਿਵਾਰ ਨਾਲ ਖੜ੍ਹਣ ਅਤੇ ਉਨ੍ਹਾਂ ਦਾ ਸਾਥ ਦੇਣ।ਉਨ੍ਹਾਂ ਕਿਹਾ ਕਿ ਯੂਕੇ ਦੇ ਪ੍ਰਮੁੱਖ ਸਿੱਖਾਂ ਰਾਹੀਂ ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਹੈਨਰੀ ਨੋਵਾਕ ਕਤਲ ਮਾਮਲੇ ਵਿੱਚ ਦੋਸ਼ੀ ਵੱਲੋਂ ਪੇਸ਼ ਕਬਜ਼ ਦੀ ਵਰਤੋਂ ਕੀਤੀ ਹੈ ਜੋ ਕਿ ਸਿੱਖ ਕਕਾਰ ਕਿਰਪਾਨ ਨਹੀਂ ਹੈ। ਉਨ੍ਹਾਂ ਕਿਹਾ ਕਿ ਸਿੱਖੀ ਸਿਧਾਂਤ ਅਨੁਸਾਰ ਸਿੱਖ ਕਿਰਪਾਨ ਮਜ਼ਲੂਮਾਂ ਦੀ ਰਾਖੀ ਲਈ ਪਹਿਨਦੇ ਹਨ ਨਾ ਕਿ ਕਿਸੇ ਉੱਤੇ ਅਨਿਆਂ ਕਰਨ ਲਈ। ਉਨ੍ਹਾਂ ਕਿਹਾ ਕਿ ਸਮੁੱਚੀ ਦੁਨੀਆ ਅੰਦਰ ਸਿੱਖ ਸ਼ਾਂਤਮਈ, ਇਕਜੁੱਟ ਅਤੇ ਕਾਨੂੰਨ ਦੀ ਪਾਲਣਾ ਕਰਨ ਵਾਲੀ ਕੌਮ ਹੈ ਅਤੇ ਉਹ ਜਿੱਥੇ ਕਿਤੇ ਵੀ ਵੱਸਦੇ ਹਨ ਉੱਥੋਂ ਦੀ ਚੜ੍ਹਦੀ ਕਲਾ ਅਤੇ ਮਨੁੱਖਤਾ ਦੀ ਭਲਾਈ ਦੇ ਕਾਰਜ ਕਰਦੇ ਹਨ।ਜਥੇਦਾਰ ਗੜਗੱਜ ਨੇ ਕਿਹਾ ਕਿ ਸਿੱਖ ਕੌਮ ਹਰ ਰੋਜ਼ ਅਰਦਾਸ ਵਿੱਚ ਸਰਬੱਤ ਦਾ ਭਲਾ ਮੰਗਣ ਵਾਲੀ ਕੌਮ ਹੈ, ਜਿਸ ਨੇ ਦੁਨੀਆ ਅੰਦਰ ਮਨੁੱਖਤਾ ਦੀ ਸੇਵਾ ਕਰਕੇ ਵੱਡਾ ਨਾਮ ਹਾਸਲ ਕੀਤਾ ਹੈ।ਉਨ੍ਹਾਂ ਕਿਹਾ ਕਿ ਸਿੱਖਾਂ ਦੇ ਬਰਤਾਨੀਆ ਨਾਲ ਸਬੰਧ ਕੋਈ ਨਵੇਂ ਨਹੀਂ ਬਲਕਿ ਲਗਭਗ 200 ਸਾਲ ਪੁਰਾਣੇ ਹਨ। ਸਿੱਖਾਂ ਨੇ ਵਿਸ਼ਵ ਯੁੱਧਾਂ ਦੇ ਸਮੇਂ ਬਰਤਾਨੀਆ ਲਈ ਜੰਗਾਂ ਲੜੀਆਂ ਹਨ, ਉੱਥੋਂ ਦੀ ਤਰੱਕੀ ਲਈ ਕਰੜੀ ਮਿਹਨਤ ਕੀਤੀ ਤੇ ਯੋਗਦਾਨ ਪਾਇਆ, ਇਸ ਲਈ ਉੱਥੋਂ ਦੀ ਸਰਕਾਰ ਸਿੱਖਾਂ ਨੂੰ ਪੂਰਾ ਮਾਨ ਸਨਮਾਨ ਅਤੇ ਸਤਿਕਾਰ ਦਿੰਦੀ ਹੈ। ਉਨ੍ਹਾਂ ਕਿਹਾ ਕਿ ਹੈਨਰੀ ਨੋਵਾਕ ਵਾਲੇ ਮਸਲੇ ਨੂੰ ਸਿਆਸੀ ਲਾਹੇ ਲਈ ਵਰਤ ਕੇ ਇੱਕ ਵਿਅਕਤੀ ਦੀ ਗਲਤੀ ਨੂੰ ਸਮੁੱਚੀ ਕੌਮ ਦੇ ਸਿਰ ਪਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਜਥੇਦਾਰ ਗੜਗੱਜ ਨੇ ਯੂਕੇ ਦੇ ਭਾਈਚਾਰਿਆਂ, ਸਰਕਾਰ ਅਤੇ ਸਿੱਖਾਂ ਨੂੰ ਅਪੀਲ ਕੀਤੀ ਕਿ ਆਪਸ ਵਿੱਚ ਮਿਲਜੁਲ ਕੇ ਰਹੀਏ ਅਤੇ ਅਜਿਹੀ ਸਾਜ਼ਸ਼ ਨੂੰ ਅਤੇ ਲੋਕਾਂ ਨੂੰ ਪਛਾਨਣ ਦੀ ਲੋੜ ਹੈ ਆਪਸੀ ਭਾਈਚਾਰਕ ਸਾਂਝ ਵਿੱਚ ਦੋਫਾੜ ਪਾਉਣ ਦੀ ਕੋਸ਼ਿਸ਼ ਕਰਦੇ ਹਨ ਅਤੇ ਜਾਣਬੁੱਝ ਕੇ ਨਫ਼ਰਤ ਫੈਲਾ ਰਹੇ ਹਨ।

ਭਗਤ ਪੂਰਨ ਸਿੰਘ ਦਾ ਜਨਮ ਦਿਹਾੜਾ ਮਨਾਇਆ

ਅੰਮ੍ਰਿਤਸਰ, 5 ਜੂਨ (ਗੁਰਦਿਆਲ ਸਿੰਘ) : ਅੱਜ ਆਲ ਇੰਡੀਆ ਪਿੰਗਲਵਾੜਾ ਚੈਰੀਟੇਬਲ ਸੋਸਾਇਟੀ(ਰਜਿ.), ਅੰਮ੍ਰਿਤਸਰ ਦੇ ਬਾਨੀ ਭਗਤ ਪੂਰਨ ਸਿੰਘ ਜੀ ਦੇ 122ਵੇਂ ਜਨਮ ਦਿਹਾੜੇ ਨੂੰ ਸਮਰਪਿਤ ਤਿੰਨ ਰੋਜ਼ਾ ਪ੍ਰੋਗਰਾਮਾਂ ਦੀ ਲੜੀ ਤਹਿਤ ਤੀਸਰੀ ਅਤੇ ਆਖਰੀ ਦਿਨ ਸੰਸਥਾ ਵੱਲੋਂ ਰੱਖੇ ਗਏ ਸਹਿਜ ਪਾਠ ਅਤੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠਾਂ ਦੇ ਭੋਗ ਪਾਏ ਗਏ ਅਤੇ ਪਿੰਗਲਵਾੜਾ ਸੰਸਥਾ ਦੇ ਬੱਚਿਆਂ ਵੱਲੋਂ ਗੁਰਬਾਣੀ ਦਾ ਰਸ ਭਿੰਨਾ ਕੀਰਤਨ ਕਰਕੇ ਪੰਡਾਲ ਵਿੱਚ ਬੈਠੀਆਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਉਪਰੰਤ ਗੁਰਬਾਣੀ ਦੇ ਰਸੀਏ ਭਾਈ ਜਸਬੀਰ ਸਿੰਘ ਪੰਜਾਬ ਐਂਡ ਸਿੰਧ ਬੈਂਕ ਵਾਲਿਆਂ ਦੇ ਜੱਥੇ ਵੱਲੋਂ ਗੁਰਬਾਣੀ ਦੇ ਇਲਾਹੀ ਕੀਰਤਨ ਨਾਲ ਸੰਗਤਾਂ ਨੂੰ ਵਾਹਿਗੁਰੂ ਦੇ ਧਿਆਨ ਨਾਲ ਜੋੜਿਆ ਗਿਆ। ਇਸ ਮੌਕੇ ਡਾ. ਇੰਦਰਜੀਤ ਕੌਰ ਮੁੱਖ ਸੇਵਾਦਾਰ ਨੇ ਆਈਆਂ ਸੰਗਤਾਂ ਨੂੰ ਜੀ ਆਇਆਂ ਆਖਦੇ ਹੋਏ ਆਪਣੇ ਸੰਬੋਧਨ ਵਿੱਚ ਕਿਹਾ ਕਿ ਭਗਤ ਪੂਰਨ ਸਿੰਘ ਜੀ ਨੇ ਸਮਾਜ ਪ੍ਰਤੀ ਜੋ ਉੱਚੀ ਸੋਚ ਰੱਖੀ ਉਸਦੀ ਉਦਾਹਰਣ ਕਿਤੇ ਨਹੀਂ ਮਿਲਦੀ। ਉਹਨਾਂ ਭਗਤ ਜੀ ਦੇ ਜੀਵਨ ਦੀਆਂ ਕਈ ਯਾਦਾਂ ਸਾਂਝੇ ਕਰਦੇ ਹੋਏ ਕਿਹਾ ਕਿ ਉਹ ਅਸਲ ਅਰਥਾਂ ਵਿੱਚ ਸੱਚੇ ਦੇਸ਼ ਭਗਤ ਸਨ, ਕਿਉਂਕਿ ਉਹਨਾਂ ਨੂੰ ਹਰ ਜੀਵ-ਜੰਤੂਆਂ ਦੀ ਹੋਂਦ ਦੀ ਚਿੰਤਾ ਸੀ, ਉਹ ਹਮੇਸ਼ਾ ਕੁਦਰਤੀ ਸਾਧਨਾਂ ਦੀ ਦੁਰਵਰਤੋਂ ਲਈ ਲੋਕਾਂ ਨੂੰ ਸੁਚੇਤ ਕਰਦੇ ਰਹਿੰਦੇ ਸਨ। ਉਹਨਾਂ ਕਿਹਾ ਕਿ ਭਗਤ ਪੂਰਨ ਸਿੰਘ ਜੀ ਦੀ ਵਾਤਾਵਰਨ ਪ੍ਰਤੀ ਜਾਗਰੂਕਤਾ ਸ਼ਤਾਬਦੀ ਪੂਰਾ ਸਾਲ ਮਨਾਈ ਜਾਵੇਗੀ,ਕਿਉਂਕਿ ਅਜੋਕੇ ਸਮੇਂ

ਨੂੰ ਜਾਗਰੂਕਤਾ ਦੀ ਲੋੜ ਹੈ, ਇਸ ਲਈ ਪ੍ਰਚਾਰ ਦੇ ਵੱਖ-ਵੱਖ ਢੰਗਾਂ ਨਾਲ ਆਉਂਦੇ ਦਿਨਾਂ ਵਿੱਚ ਜਾਗਰੂਕਤਾ ਲੋਕਾਂ ਵਿੱਚ ਜਾਵੇਗੀ। ਇਸ ਮੌਕੇ ਖੇਤੀਬਾੜੀ ਤੇ ਆਰਥਿਕ ਮਸਲਿਆਂ ਤੇ ਡੂੰਘੀ ਸਮਝ ਰੱਖਣ ਵਾਲੇ ਵਿਦਵਾਨ ਸ਼੍ਰੀ ਦਵਿੰਦਰ ਸ਼ਰਮਾ ਨੇ ਸੰਗਤਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਭਾਰਤ ਵਿੱਚ ਛੋਟੀ ਕਿਸਾਨੀ ਦੀ ਖਾਸ ਕਰਕੇ ਹਾਲਤ ਬਹੁਤ ਤਰਸਯੋਗ ਹੋ ਰਹੀ ਹੈ, ਪਰੰਤੂ ਅਫ਼ਸੋਸ ਕਿ ਸਰਕਾਰਾਂ ਕਿਸਾਨ ਦੀ ਹਾਲਤ ਪ੍ਰਤੀ ਗੰਭੀਰ ਨਹੀਂ ਹਨ, ਉਹਨਾਂ ਕਿਹਾ ਕਿ ਅੰਨੇਵਾਹ ਖੇਤੀਬਾੜੀ ਵਿੱਚ ਵਰਤੇ ਜਾ ਰਹੇ ਕੀਟਨਾਸ਼ਕਾ, ਰਸਾਇਣਾਂ ਦੀ ਵਰਤੋਂ ਲੋਕਾਂ ਵਿੱਚ ਕਈ ਤਰ੍ਹਾਂ ਦੀਆਂ ਬਿਮਾਰੀਆਂ ਜਾਨ ਲੇਵਾ ਪੈਦਾ ਕਰ ਰਹੇ ਹਨ।

ਅਡਾਨੀ ਫਾਊਂਡੇਸ਼ਨ ਨੇ ਰੈੱਡ ਕਰਾਸ ਸੁਸਾਇਟੀ ਦੇ ਸਹਿਯੋਗ ਨਾਲ ਲਗਾਇਆ ਖ਼ੂਨਦਾਨ ਕੈਂਪ

ਅੰਮ੍ਰਿਤਸਰ, 5 ਜੂਨ (ਬਬਲੂ ਮਹਾਜਨ) : ਅਡਾਨੀ ਫਾਊਂਡੇਸ਼ਨ ਵੱਲੋਂ ਜ਼ਿਲ੍ਹਾ ਰੈਡ ਕਰਾਸ ਸੁਸਾਇਟੀ ਅਤੇ ਕੇਵੀ ਵਿਊਜ਼ ਵੱਲੋਂ ਸਾਂਝੇ ਤੌਰ ਤੇ ਹੋਟਲ ਹੌਲੀਡੇ ਇੰਨ ਵਿਖੇ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਸ੍ਰੀ ਕੁਨਾਲ ਵਿੱਜ, ਰੀਜਨਲ ਹੈੱਡ ਟੈਕਨੀਕਲ ਸਰਵਿਸਿਜ਼, ਅਡਾਨੀ ਗਰੁੱਪ ਅੰਮ੍ਰਿਤਸਰ ਨੇ ਦੱਸਿਆ ਕਿ ਅਡਾਨੀ ਫਾਊਂਡੇਸ਼ਨ ਵੱਲੋਂ 18 ਮਈ 2026 ਤੋਂ 24 ਜੂਨ 2026 ਤੱਕ ਜ਼ਿਲ੍ਹਾ ਰੈਡ ਕਰਾਸ ਸੁਸਾਇਟੀ, ਅੰਮ੍ਰਿਤਸਰ ਅਤੇ ਕੇਵੀ ਵਿਊਜ਼ ਦੇ ਸਹਿਯੋਗ ਨਾਲ ਇੱਕ ਮੇਗਾ ਖ਼ੂਨਦਾਨ ਮੁਹਿੰਮ ਚਲਾਈ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਤਹਿਤ 40,000 ਯੂਨਿਟ ਖ਼ੂਨ ਇਕੱਤਰ ਕਰਨ ਦਾ ਟੀਚਾ ਰੱਖਿਆ ਗਿਆ ਹੈ, ਜਿਸ ਵਿੱਚੋਂ 20,000 ਯੂਨਿਟ ਅਡਾਨੀ ਗਰੁੱਪ ਦੇ ਠੇਕੇਦਾਰਾਂ ਰਾਹੀਂ ਅਤੇ ਬਾਕੀ 20,000 ਯੂਨਿਟ ਵੱਖ-ਵੱਖ ਸਮਾਜਿਕ ਅਤੇ ਸੇਵਾਮੁਖੀ ਚੈਨਲਾਂ ਰਾਹੀਂ ਇਕੱਠੇ ਕੀਤੇ ਜਾਣਗੇ।ਸ੍ਰੀ ਕੁਨਾਲ ਵਿੱਜ ਨੇ ਕਿਹਾ ਕਿ ਖ਼ੂਨਦਾਨ ਇੱਕ ਮਹਾਨ ਮਨੁੱਖੀ ਸੇਵਾ ਹੈ, ਜੋ ਅਨੇਕਾਂ ਜ਼ਿੰਦਗੀਆਂ ਨੂੰ ਬਚਾਉਣ ਵਿੱਚ ਸਹਾਈ ਸਾਬਤ ਹੁੰਦੀ ਹੈ। ਉਨ੍ਹਾਂ ਲੋਕਾਂ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਖ਼ੂਨਦਾਨ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਕੇਵੀ ਵਿਊਜ਼ ਦੇ ਡਾਇਰੈਕਟਰ ਅਤੇ ਰੈਡ ਕਰਾਸ ਸੁਸਾਇਟੀ ਨਾਲ ਜੁੜੇ ਇਵੈਂਟ ਮੈਨੇਜਰ ਸ੍ਰੀ ਬਿਕਰਮਜੀਤ ਸਿੰਘ ਨੇ ਦੱਸਿਆ ਕਿ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਲੱਗ ਰਹੇ ਇਨ੍ਹਾਂ ਖ਼ੂਨਦਾਨ ਕੈਂਪਾਂ ਦੇ ਆਯੋਜਨ ਦੀ ਜ਼ਿੰਮੇਵਾਰੀ ਕੇਵੀ ਵਿਊਜ਼ ਵੱਲੋਂ ਨਿਭਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸੰਸਥਾ ਦੇ ਸਾਰੇ ਵਲੰਟੀਅਰ ਇਸ ਮੁਹਿੰਮ ਨੂੰ ਸਫ਼ਲ ਬਣਾਉਣ ਲਈ ਪੂਰੀ ਤਨਦੇਹੀ ਨਾਲ ਆਪਣਾ ਯੋਗਦਾਨ ਪਾ ਰਹੇ ਹਨ।ਕੈਂਪ ਦੌਰਾਨ ਵੱਡੀ ਗਿਣਤੀ ਵਿੱਚ ਖ਼ੂਨਦਾਤਾਵਾਂ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਸਮਾਜ ਸੇਵਾ ਪ੍ਰਤੀ ਆਪਣੀ ਵਚਨਬੱਧਤਾ ਦਾ ਪ੍ਰਗਟਾਵਾ ਕੀਤਾ।

ਖ਼ਾਲਸਾ ਕਾਲਜ ਵੈਟਰਨਰੀ ਵੱਲੋਂ ਦੁਧਾਰੂ ਪਸ਼ੂਆਂ ਦੀ ਸੰਭਾਲ ਸਬੰਧੀ ਸੈਮੀਨਾਰ

ਅੰਮ੍ਰਿਤਸਰ, 5 ਜੂਨ (ਬਬਲੂ ਮਹਾਜਨ)—ਖਾਲਸਾ ਕਾਲਜ ਆਫ ਵੈਟਰਨਰੀ ਐਂਡ ਐਨੀਮਲ ਸਾਇੰਸਿਜ਼ ਵੱਲੋਂ ਪੰਜਾਬ ਦੇ ਗਰਮੀ ਦੇ ਮੌਸਮ ਦੌਰਾਨ ਦੁੱਧ ਵਾਲੇ ਪਸ਼ੂਆਂ ਦੀ ਸਾਂਭ-ਸੰਭਾਲ ਸਬੰਧੀ ਸੈਮੀਨਾਰ ਕਰਵਾਇਆ ਗਿਆ। ਕਾਲਜ ਪ੍ਰਿੰਸੀਪਲ ਡਾ. ਹਰੀਸ਼ ਕੁਮਾਰ ਵਰਮਾ ਦੇ ਦਿਸ਼ਾ-ਨਿਰਦੇਸ਼ਾਂ 'ਤੇ ਕਰਵਾਏ ਗਏ ਉਕਤ ਸੈਮੀਨਾਰ ਦਾ ਉਦੇਸ਼ ਪਸ਼ੂ ਪਾਲਕਾਂ ਨੂੰ ਗਰਮੀਆਂ 'ਚ ਪਸ਼ੂਆਂ ਦੀ ਸਹੀ ਦੇਖਭਾਲ ਅਤੇ ਹੀਟ ਸਟਰੈੱਸ ਤੋਂ ਬਚਾਅ ਲਈ ਜਾਗਰੂਕ ਕਰਨਾ ਸੀ।ਉਕਤ ਸੈਮੀਨਾਰ ਦਾ ਉਦਘਾਟਨ ਕਰਨ ਉਪਰੰਤ ਪ੍ਰਿੰ: ਡਾ. ਵਰਮਾ ਨੇ ਕਿਹਾ ਕਿ ਪੰਜਾਬ 'ਚ ਗਰਮੀਆਂ ਦੌਰਾਨ ਬਹੁਤ ਜ਼ਿਆਦਾ ਤਾਪਮਾਨ, ਗਰਮ ਹਵਾਵਾਂ (ਲੂ) ਅਤੇ ਨਮੀ ਕਾਰਨ ਦੁੱਧ ਵਾਲੇ ਪਸ਼ੂਆਂ ਨੂੰ ਹੀਟ ਸਟਰੈੱਸ ਦਾ ਸਾਹਮਣਾ ਕਰਨਾ ਪੈਂਦਾ ਹੈ, ਜਿਸ ਨਾਲ ਦੁੱਧ ਉਤਪਾਦਨ 'ਚ 5 ਤੋਂ 15 ਫੀਸਦੀ ਤੱਕ ਕਮੀ ਆ ਸਕਦੀ ਹੈ। ਇਸ ਕਾਰਨ ਡੇਅਰੀ ਕਿਸਾਨਾਂ ਨੂੰ ਆਰਥਿਕ ਨੁਕਸਾਨ ਝੱਲਣਾ ਪੈਂਦਾ ਹੈ। ਉਨ੍ਹਾਂ ਕਿਹਾ ਕਿ 20 ਦੁੱਧਾਰੂ ਪਸ਼ੂਆਂ ਵਾਲੇ ਫਾਰਮ ਨੂੰ ਇਕ ਦਿਨ 'ਚ ਲਗਭਗ 2 ਤੋਂ 4 ਹਜ਼ਾਰ ਰੁਪਏ ਤੱਕ ਦਾ ਨੁਕਸਾਨ ਹੋ ਸਕਦਾ ਹੈ।ਇਸ ਸਬੰਧੀ ਉਨ੍ਹਾਂ ਕਿਹਾ ਕਿ ਸੈਮੀਨਾਰ ਦੌਰਾਨ ਡਾ. ਹੈਪਲਰਾਜ ਸਿੰਘ ਅਤੇ ਲਾਈਵਸਟਾਕ ਫਾਰਮ ਕੰਪਲੈਕਸ ਦੀ ਟੀਮ ਨੇ ਪਸ਼ੂ ਪਾਲਕਾਂ ਲਈ ਸੁਝਾਅ ਸਾਂਝੇ ਕਰਦਿਆਂ ਕਿਹਾ ਕਿ ਮੱਝਾਂ ਅਤੇ ਗਾਂਵਾਂ ਨੂੰ ਗਰਮੀਆਂ 'ਚ ਵਾਰ-ਵਾਰ ਪਾਣੀ ਦੀ ਲੋੜ ਹੁੰਦੀ ਹੈ, ਜਿਸ ਲਈ ਠੰਢਾ ਅਤੇ ਸਾਫ਼ ਪਾਣੀ ਹਰੇਕ ਸਮੇਂ ਉਪਲਬਧ ਕਰਵਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਧੁੱਪ ਤੋਂ ਬਚਾਅ ਲਈ ਖਾਸ ਕਰਕੇ ਸਵੇਰੇ 11:00 ਵਜੇ ਤੋਂ ਸ਼ਾਮ 4 ਵਜੇ ਤੱਕ ਪਸ਼ੂਆਂ ਨੂੰ ਛਾਂਦਾਰ ਸ਼ੈਡਾਂ, ਦਰੱਖਤਾਂ ਜਾਂ ਹਰੇ ਸ਼ੈਡ ਨੈੱਟ ਹੇਠ ਰੱਖੋ।ਉਨ੍ਹਾਂ ਕਿਹਾ ਕਿ ਪੱਖੇ, ਫੌਗਰ ਅਤੇ ਸਪ੍ਰਿੰਕਲਰ ਦੀ ਵਰਤੋ ਨਾਲ ਸ਼ੈਡਾਂ 'ਚ ਠੰਢਕ ਅਤੇ ਹਵਾਦਾਰੀ ਨਾਲ ਹੀਟ ਸਟਰੈੱਸ ਘੱਟਦਾ ਹੈ ਅਤੇ ਦੁੱਧ ਉਤਪਾਦਨ ਬਰਕਰਾਰ ਰਹਿੰਦਾ ਹੈ। ਉਨ੍ਹਾਂ ਮੱਝਾਂ ਨੂੰ ਨਹਾਉਣ ਜਾਂ ਛੱਪੜ 'ਚ ਬੈਠਣ ਸਬੰਧੀ ਗੱਲ ਕਰਦਿਆਂ ਕਹਾ ਕਿ ਇਸ ਨਾਲ ਉਨ੍ਹਾਂ ਦਾ ਸਰੀਰਿਕ ਤਾਪਮਾਨ ਨਿਯੰਤਰਿਤ ਰਹਿੰਦਾ ਹੈ ਅਤੇ ਖ਼ੁਰਾਕ ਖਾਣ ਦੀ ਸਮਰੱਥਾ ਵੱਧਦੀ ਹੈ। ਇਸ ਤੋਂ ਇਲਾਵਾ ਸਵੇਰੇ ਅਤੇ ਸ਼ਾਮ ਦੇ ਸਮੇਂ ਖੁਰਾਕ 'ਚ ਹਰਾ ਚਾਰਾ, ਸਾਈਲੇਜ ਅਤੇ ਦਾਣਾ ਠੰਢੇ ਸਮੇਂ ਦੇਣ ਨਾਲ ਪਾਚਣ ਸ਼ਕਤੀ ਬਿਹਤਰ ਰਹਿੰਦੀ ਹੈ।ਉਨ੍ਹਾਂ ਕਿਹਾ ਕਿ ਪਸੀਨੇ ਅਤੇ ਹਾਫਣ ਕਾਰਨ ਸਰੀਰ 'ਚ ਲੂਣ ਅਤੇ ਖਣਿਜਾਂ ਦੀ ਘਾਟ ਪੂਰੀ ਕਰਨ ਲਈ ਵੈਟਰਨਰੀ ਡਾਕਟਰ ਦੀ ਸਲਾਹ ਅਨੁਸਾਰ ਖਣਿਜ ਮਿਸ਼ਰਣ ਅਤੇ ਇਲੈਕਟ੍ਰੋਲਾਈਟ ਦੀ ਵਰਤੋਂ ਕਰੋ। ਇਸ ਸਮੇਂ ਹਿਮੋਰੈਜਿਕ ਸੈਪਟੀਸੀਮੀਆ (ਐੱਚ. ਐੱਸ.) ਜਾਂ 'ਗਲ ਘੋਟੂ' ਬਿਮਾਰੀ ਤੋਂ ਬਚਾਅ ਲਈ ਟੀਕਾਕਰਨ ਕਰਵਾਉਣਾ ਬਹੁਤ ਜ਼ਰੂਰੀ ਹੈ ਤਾਂ ਜੋ ਬਰਸਾਤੀ ਮੌਸਮ ਤੋਂ ਪਹਿਲਾਂ ਪਸ਼ੂਆਂ 'ਚ ਰੋਗ-ਰੋਧਕ ਸਮਰੱਥਾ ਵਿਕਸਿਤ ਹੋ ਸਕੇ। ਉਨ੍ਹਾਂ ਹੀਟ ਸਟਰੈੱਸ ਦੇ ਲੱਛਣਾਂ 'ਤੇ ਸਬੰਧੀ ਕਿਹਾ ਕਿ ਤੇਜ਼ ਸਾਹ ਲੈਣਾ, ਵੱਧ ਲਾਰ ਆਉਣਾ, ਕਮਜ਼ੋਰੀ, ਦੁੱਧ ਉਤਪਾਦਨ 'ਚ ਕਮੀ ਅਤੇ ਭੁੱਖ ਘੱਟਣਾ ਆਦਿ ਲੱਛਣ ਦਿਖਾਈ ਦੇਣ 'ਤੇ ਤੁਰੰਤ ਨਜ਼ਦੀਕੀ ਵੈਟਰਨਰੀ ਡਾਕਟਰ ਜਾਂ ਸਰਕਾਰੀ ਪਸ਼ੂ ਹਸਪਤਾਲ ਨਾਲ ਸੰਪਰਕ ਕਰੋ।

ਜੀ.ਜੀ.ਡੀ.ਐਸ.ਡੀ. ਕਾਲਜੀਏਟ ਸਕੂਲ ਵਿਖੇ ਵਿਸ਼ਵ ਵਾਤਾਵਰਣ ਦਿਵਸ ਮਨਾਇਆ

ਹਰਿਆਣਾ, 5 , ਜੂਨ ਚੰਦਰ ਪ੍ਰਕਾਸ਼ ਵਿਸ਼ਵ ਵਾਤਾਵਰਣ ਦਿਵਸ ਦੇ ਮੌਕੇ ਤੇ ਜੀ.ਜੀ.ਡੀ.ਐਸ.ਡੀ. ਕਾਲਜੀਏਟ ਸਕੂਲ ਹਰਿਆਣਾ ਵਿਖੇ ਮੈਨੇਜਿੰਗ ਕਮੇਟੀ ਦੇ ਪ੍ਰਧਾਨ ਡਾ. ਦੇਸ਼ ਬੰਧੂ ਜੀ ਅਤੇ ਸਕੱਤਰ

ਡਾ. ਗੁਰਦੀਪ ਕੁਮਾਰ ਸ਼ਰਮਾ ਜੀ ਦੇ ਦਿਸ਼ਾ - ਨਿਰਦੇਸ਼ਾਂ ਅਧੀਨ ਤੇ ਪ੍ਰਿੰਸੀਪਲ ਡਾ. ਰਾਜੀਵ ਕੁਮਾਰ ਦੀ ਯੋਗ ਅਗਵਾਈ ਹੇਠ ਤੇ ਸਕੂਲ ਦੀ ਇੰਚਾਰਜ ਡਾ. ਸੂਚੀ ਸ਼ਰਮਾ ਦੀ ਨਿਗਰਾਨੀ ਵਿੱਚ ਵਿਸ਼ਵ ਵਾਤਾਵਰਣ ਦਿਵਸ ਨੂੰ ਮਨਾਉਣ ਸੰਬੰਧੀ ਵਿਸ਼ੇਸ਼ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਵਿਸ਼ਵ ਵਾਤਾਵਰਣ ਮਨਾਉਣ ਸੰਬੰਧੀ ਵਿਦਿਆਰਥੀਆਂ ਨੇ ਆਪਣੇ-ਆਪਣੇ ਘਰ ਪੌਦੇ ਲਗਾਏ ਅਤੇ ਇਸ ਮੌਕੇ ਵਿਦਿਆਰਥੀਆਂ ਵਿੱਚ ਵਾਤਾਵਰਣ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ ਪੋਸਟਰ ਮੇਕਿੰਗ ਮੁਕਾਬਲਾ ਕਰਵਾਇਆ ਗਿਆ। ਵਿਦਿਆਰਥੀਆਂ ਨੇ ਵਾਤਾਵਰਣ ਦੀ ਸੰਭਾਲ, ਰੁੱਖ ਲਗਾਉਣ, ਪਲਾਸਟਿਕ ਦੀ ਵਰਤੋਂ ਘਟਾਉਣ ਅਤੇ ਕੁਦਰਤੀ ਸਰੋਤਾਂ ਦੀ ਰੱਖਿਆ ਨਾਲ ਸਬੰਧਿਤ ਸੁੰਦਰ ਅਤੇ ਸਾਰਥਕ ਪੋਸਟਰ ਤਿਆਰ ਕੀਤੇ।

ਕਾਲਜੀਏਟ ਸਕੂਲ ਦੇ ਪ੍ਰਿੰਸੀਪਲ ਡਾ. ਰਾਜੀਵ ਕੁਮਾਰ ਜੀ ਨੇ ਵਿਦਿਆਰਥੀਆਂ ਨੂੰ ਵਾਤਾਵਰਣ ਦੀ ਮਹੱਤਤਾ ਬਾਰੇ ਜਾਣੂ ਕਰਵਾਉਂਦਿਆਂ ਕਿਹਾ ਕਿ ਸਾਫ਼-ਸੁਥਰਾ ਅਤੇ ਹਰਿਆ-ਭਰਿਆ ਵਾਤਾਵਰਣ ਹੀ ਸਿਹਤਮੰਦ ਜੀਵਨ ਦੀ ਬੁਨਿਆਦ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਆਲੇ-ਦੁਆਲੇ ਵੱਧ ਤੋਂ ਵੱਧ ਰੁੱਖ ਲਗਾਉਣ ਅਤੇ ਵਾਤਾਵਰਣ ਦੀ ਸੁਰੱਖਿਆ ਲਈ ਯੋਗਦਾਨ ਪਾਉਣ ਦੀ ਅਪੀਲ ਕੀਤੀ। ਇਸ ਸਮੇਂ ਕਾਲਜੀਏਟ ਸਕੂਲ ਦੀ ਇੰਚਾਰਜ ਡਾ. ਸੂਚੀ ਸ਼ਰਮਾ ਨੇ ਕਿਹਾ ਕਿ ਇਸ ਪ੍ਰੋਗਰਾਮ ਦਾ ਉਦੇਸ਼ ਵਿਦਿਆਰਥੀਆਂ ਵਿੱਚ ਵਾਤਾਵਰਣ ਸੰਭਾਲ ਪ੍ਰਤੀ ਜ਼ਿੰਮੇਵਾਰ ਬਣਾਉਣਾ ਅਤੇ ਜਾਗਰੂਕਤਾ ਪੈਦਾ ਕਰਨਾ ਹੈ ਅਤੇ ਉਹਨਾਂ ਕਿਹਾ ਕਿ ਧਰਤੀ ਨੂੰ ਹਰਿਆ-ਭਰਿਆ ਅਤੇ ਪ੍ਰਦੂਸ਼ਣ-ਮੁਕਤ ਬਣਾਉਣ ਲਈ ਨੌਜਵਾਨ ਪੀੜ੍ਹੀ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਵਾਤਾਵਰਣ ਸੁਰੱਖਿਆ ਨੂੰ ਆਪਣਾ ਫਰਜ਼ ਸਮਝਣ ਲਈ ਪ੍ਰੇਰਿਤ ਕੀਤਾ। ਮੈਨੇਜਿੰਗ ਕਮੇਟੀ ਦੇ ਪ੍ਰਧਾਨ ਡਾ. ਦੇਸ਼ ਬੰਧੂ ਜੀ ਅਤੇ ਸਕੱਤਰ ਡਾ. ਗੁਰਦੀਪ ਕੁਮਾਰ ਸ਼ਰਮਾ ਜੀ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਕਿਤਾਬੀ ਗਿਆਨ ਦੇ ਨਾਲ-ਨਾਲ ਕੁਦਰਤ ਅਤੇ ਸਮਾਜ ਪ੍ਰਤੀ ਆਪਣੇ ਫਰਜ਼ਾਂ ਦੀ ਸਮਝ ਹੋਣੀ ਵੀ ਜ਼ਰੂਰੀ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਅਜਿਹੇ ਪ੍ਰੋਗਰਾਮ ਵਿਦਿਆਰਥੀਆਂ ਵਿੱਚ ਸਕਾਰਾਤਮਕ ਸੋਚ ਅਤੇ ਜ਼ਿੰਮੇਵਾਰੀ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਦੇ ਹਨ। ਇਸ ਸਮੇਂ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਵੀ ਕੀਤਾ ਗਿਆ ਅਤੇ ਵਿਦਿਆਰਥੀਆਂ ਨੇ ਵਾਤਾਵਰਣ ਦੀ ਰੱਖਿਆ ਲਈ ਹਮੇਸ਼ਾ ਯਤਨਸ਼ੀਲ ਰਹਿਣ ਦਾ ਸੰਕਲਪ ਲਿਆ। ਇਸ ਪ੍ਰੋਗਰਾਮ ਨੂੰ ਨੇਪਰੇ ਚਾੜ੍ਹਨ ਵਿੱਚ ਡਾ. ਹਰਵਿੰਦਰ ਕੌਰ, ਮੈਡਮ ਰਣਜੀਤ ਕੌਰ, ਮੈਡਮ ਵਿਧੀ, ਮੈਡਮ ਦੀਪਿਕਾ ਸੈਣੀ, ਸ਼੍ਰੀ ਵਿਜੇ ਪਟਿਆਲਾ ਅਤੇ ਸ਼੍ਰੀ ਮਨੀ ਸ਼ਰਮਾ ਨੇ ਆਪਣਾ ਵਿਸ਼ੇਸ਼ ਯੋਗਦਾਨ ਪਾਇਆ।

ਦਿੱਲੀ ਦੇ ਇੱਕ ਹੋਰ ਹੋਟਲ 'ਚ ਅੱਗ....

ਸਫ਼ਦਰਜੰਗ ਇਨਕਲੇਵ ਕੋਲ ਬੇਸਮੈਂਟ 'ਚ ਉੱਠੇ ਭਾਂਬੜ, ਫਾਇਰ ਬ੍ਰਿਗੇਡ ਨੇ ਸੰਭਾਲਿਆ ਮੋਰਚਾ

ਨਵੀਂ ਦਿੱਲੀ, 5 ਜੂਨ (ਚ.ਨ.ਸ): ਦੱਖਣੀ ਦਿੱਲੀ ਦੇ ਮਾਲਵੀਆ ਨਗਰ ਵਿੱਚ ਬੁੱਧਵਾਰ ਨੂੰ ਇੱਕ ਹੋਟਲ ਵਿੱਚ ਅੱਗ ਲੱਗਣ ਤੋਂ ਇੱਕ ਦਿਨ ਬਾਅਦ, 21 ਲੋਕਾਂ ਦੀ ਮੌਤ ਹੋ ਗਈ। ਵੀਰਵਾਰ ਨੂੰ ਰਾਜਧਾਨੀ ਦੇ ਇੱਕ ਹੋਰ ਹੋਟਲ ਵਿੱਚ ਅੱਗ ਲੱਗ ਗਈ। ਰਾਜਧਾਨੀ ਦਿੱਲੀ ਵਿੱਚ ਹੋਟਲ ਦੀ ਅੱਗ ਸੁਰੱਖਿਆ ਬਾਰੇ ਸਵਾਲਾਂ ਦੇ ਵਿੱਚਕਾਰ ਵੀਰਵਾਰ ਸ਼ਾਮ ਨੂੰ ਸਫਦਰਜੰਗ ਇਨਕਲੇਵ ਦੇ ਨੇੜੇ ਹੁਮਾਯੂੰਪੁਰ ਪਿੰਡ ਵਿੱਚ ਇੱਕ ਹੋਟਲ ਵਿੱਚ ਅੱਗ ਲੱਗ ਗਈ। ਸੂਚਨਾ ਮਿਲਦੇ ਹੀ ਫਾਇਰ ਬ੍ਰਿਗੇਡ ਦੀਆਂ ਕਈ ਗੱਡੀਆਂ ਮੌਕੇ 'ਤੇ ਪਹੁੰਚੀਆਂ ਤੇ ਬਚਾਅ ਅਤੇ ਰਾਹਤ ਕਾਰਜ ਸ਼ੁਰੂ ਕਰ ਦਿੱਤੇ। ਦਿੱਲੀ ਫਾਇਰ ਸਰਵਿਸਿਜ਼ ਦੇ ਅਨੁਸਾਰ ਹੋਟਲ ਦੇ ਬੇਸਮੈਂਟ ਵਿੱਚ ਅੱਗ ਲੱਗਣ ਬਾਰੇ ਸ਼ਾਮ 7:06 ਵਜੇ ਇੱਕ ਕਾਲ ਆਈ। ਸ਼ੁਰੂਆਤੀ ਜਾਣਕਾਰੀ ਤੋਂ ਪਤਾ ਚੱਲਦਾ ਹੈ ਕਿ ਅੱਗ ਬੇਸਮੈਂਟ ਵਿੱਚ ਸਟੋਰ ਕੀਤੇ ਫਰਨੀਚਰ ਤੋਂ ਲੱਗੀ, ਜਿਸ ਕਾਰਨ

ਧੂੰਆਂ ਤੇਜ਼ੀ ਨਾਲ ਫੈਲ ਗਿਆ। ਸੂਚਨਾ ਮਿਲਣ ਤੋਂ ਤੁਰੰਤ ਬਾਅਦ ਪੰਜ ਫਾਇਰ ਟੈਂਡਰ ਮੌਕੇ 'ਤੇ ਭੇਜੇ ਗਏ। ਫਾਇਰਫਾਈਟਰਾਂ ਨੇ ਤੇਜ਼ੀ ਨਾਲ ਕਾਰਵਾਈ ਕਰਦਿਆਂ ਅੱਗ ਨੂੰ ਬੇਸਮੈਂਟ ਤੱਕ ਕਾਬੂ ਕਰ ਲਿਆ ਤੇ ਇਸਨੂੰ ਫੈਲਣ ਤੋਂ ਰੋਕ ਦਿੱਤਾ। **ਹੋਟਲ ਵਿੱਚ ਲੋਕਾਂ ਦੇ ਫਸੇ ਹੋਣ ਦੀ ਸੰਭਾਵਨਾ:** ਅੱਗ ਲੱਗਣ ਦੀ ਸੂਚਨਾ ਮਿਲਣ ਤੋਂ ਬਾਅਦ ਇਹ ਖਦਸ਼ਾ ਸੀ ਕਿ ਕੁਝ ਲੋਕ ਹੋਟਲ ਦੇ ਅੰਦਰ ਫਸੇ ਹੋਏ ਹਨ। ਹਾਲਾਂਕਿ, ਬਚਾਅ ਕਾਰਜ ਦੌਰਾਨ ਸਥਿਤੀ 'ਤੇ ਨਜ਼ਰ ਰੱਖੀ ਗਈ ਸੀ ਤੇ ਫਾਇਰ ਵਿਭਾਗ ਨੇ ਅੱਗ 'ਤੇ ਕਾਬੂ ਪਾ ਲਿਆ। ਅੱਗ ਲੱਗਣ ਦੇ ਕਾਰਨਾਂ ਦੀ ਫਿਲਹਾਲ ਜਾਂਚ ਕੀਤੀ ਜਾ ਰਹੀ ਹੈ। ਸ਼ੁਰੂਆਤੀ ਤੌਰ 'ਤੇ ਕੋਈ ਵੱਡਾ ਨੁਕਸਾਨ ਜਾਂ ਜਾਨੀ ਨੁਕਸਾਨ ਦੀ ਰਿਪੋਰਟ ਨਹੀਂ ਹੈ। ਇਸ ਘਟਨਾ ਕਾਰਨ ਇਲਾਕੇ ਵਿੱਚ ਥੋੜ੍ਹੀ ਦੇਰ ਲਈ ਦਹਿਸ਼ਤ ਫੈਲ ਗਈ।

ਭਗਤ ਪੂਰਨ ਸਿੰਘ ਦੇ ਜੀਵਨ ਤੋਂ ਪ੍ਰੇਰਨਾ ਲੈਣ ਦਾ ਸੱਦਾ

☛122ਵੇਂ ਜਨਮ ਦਿਹਾੜੇ ਨੂੰ ਸਮਰਪਿਤ ਤਿੰਨ ਰੋਜ਼ਾ ਸਮਾਗਮ ਸਮਾਪਤ

ਅੰਮ੍ਰਿਤਸਰ, 5 ਜੂਨ (ਗੁਰਦਿਆਲ ਸਿੰਘ): ਟੇਬਲ ਸੁਸਾਇਟੀ, ਅੰਮ੍ਰਿਤਸਰ ਦੇ ਬਾਨੀ ਭਗਤ ਪੂਰਨ ਸਿੰਘ ਦੇ 122ਵੇਂ ਜਨਮ ਦਿਹਾੜੇ ਨੂੰ ਸਮਰਪਿਤ ਤਿੰਨ ਰੋਜ਼ਾ ਸਮਾਗਮ ਅੱਜ ਸਮਾਪਤ ਹੋ ਗਏ। ਇਹ ਸਮਾਗਮ ਭਗਤ ਪੂਰਨ ਸਿੰਘ ਦੀ ਵਾਤਾਵਰਨ ਜਾਗਰੂਕਤਾ ਸਬੰਧੀ ਸ਼ਤਾਬਦੀ ਨੂੰ ਸਮਰਪਿਤ ਸਨ। ਆਖ਼ਰੀ ਦਿਨ ਸੰਸਥਾ ਵੱਲੋਂ ਰੱਖੇ ਗਏ ਸਹਿਜ ਪਾਠ ਤੇ ਸੁਖਮਨੀ ਸਾਹਿਬ ਦੇ ਪਾਠਾਂ ਦੇ ਭੋਗ ਪਾਏ ਗਏ। ਪਿੰਗਲਵਾੜਾ ਸੰਸਥਾ ਦੇ ਬੱਚਿਆਂ ਤੇ

ਭਾਈ ਜਸਬੀਰ ਸਿੰਘ ਪੰਜਾਬ ਐਂਡ ਸਿੰਧ ਬੈਂਕ ਵਾਲਿਆਂ ਦੇ ਜੱਥੇ ਵੱਲੋਂ ਕੀਰਤਨ ਕੀਤਾ ਗਿਆ। ਇਸ ਮੌਕੇ ਸੰਸਥਾ ਦੀ ਮੁਖੀ ਡਾ. ਇੰਦਰਜੀਤ ਕੌਰ ਨੇ ਸੰਗਤ ਨੂੰ ਕਿਹਾ ਕਿ ਭਗਤ ਪੂਰਨ ਸਿੰਘ ਨੇ ਸਮਾਜ ਪ੍ਰਤੀ ਜੋ ਉਚੀ ਸੋਚ ਰੱਖੀ, ਉਸ ਦੀ ਮਿਸਾਲ ਕਿਧਰੇ ਨਹੀਂ ਮਿਲਦੀ। ਉਨ੍ਹਾਂ ਭਗਤ ਜੀ ਦੇ ਜੀਵਨ ਦੀਆਂ ਕਈ ਯਾਦਾਂ ਸਾਂਝੀਆਂ ਕਰਦਿਆਂ ਕਿਹਾ ਕਿ ਉਹ ਅਸਲ ਅਰਥਾਂ ਵਿੱਚ ਸੱਚੇ ਦੇਸ਼ ਭਗਤ ਸਨ, ਕਿਉਂਕਿ ਉਨ੍ਹਾਂ ਨੂੰ ਹਰ ਜੀਵ-ਜੰਤੂ ਦੀ ਹੋਂਦ ਦੀ ਚਿੰਤਾ ਸੀ। ਉਹ ਹਮੇਸ਼ਾ ਕੁਦਰਤੀ ਸਾਧਨਾਂ ਦੀ ਦੁਰਵਰਤੋਂ ਬਾਰੇ ਸੁਚੇਤ ਕਰਦੇ ਰਹਿੰਦੇ ਸਨ। ਭਗਤ ਜੀ ਦੀ ਵਾਤਾਵਰਨ ਪ੍ਰਤੀ ਜਾਗਰੂਕਤਾ ਸ਼ਤਾਬਦੀ ਪੂਰਾ ਸਾਲ ਮਨਾਈ ਜਾਵੇਗੀ। ਇਸ ਮੌਕੇ ਖੇਤੀਬਾੜੀ ਤੇ ਆਰਥਿਕ ਮਾਹਿਰ ਦਵਿੰਦਰ ਸ਼ਰਮਾ ਨੇ ਕਿਹਾ ਕਿ ਭਾਰਤ ਵਿੱਚ ਛੋਟੀ ਕਿਸਾਨੀ ਦੀ ਹਾਲਤ ਤਰਸਯੋਗ ਹੈ ਪਰ ਅਫ਼ਸੋਸ ਕਿ ਸਰਕਾਰਾਂ ਇਸ ਪ੍ਰਤੀ ਗੰਭੀਰ ਨਹੀਂ ਹਨ। ਖੇਤੀਬਾੜੀ ਵਿੱਚ ਵਰਤੇ ਜਾ ਰਹੇ ਕੀਟਨਾਸ਼ਕਾਂ ਤੇ ਰਸਾਇਣਾਂ ਦੀ ਵਰਤੋਂ ਕਾਰਨ ਲੋਕ ਬਿਮਾਰੀਆਂ ਦਾ ਸ਼ਿਕਾਰ ਹੋ ਰਹੇ ਹਨ। ਪਿੰਗਲਵਾੜਾ ਵੱਲੋਂ ਕੀਤੀ ਜਾ ਰਹੀ ਕੁਦਰਤੀ ਖੇਤੀ ਦੁਨੀਆਂ ਵਿੱਚ ਮਾਡਲ ਹੈ, ਜਿਸ ਤੋਂ ਸਰਕਾਰਾਂ ਤੇ ਕਿਸਾਨਾਂ ਨੂੰ ਚੰਗੀ ਸੇਧ ਲੈਣ ਦੀ ਜ਼ਰੂਰਤ ਹੈ।ਇਸ ਮੌਕੇ ਪੁੱਜੇ ਮਹਿਮਾਨਾਂ, ਵਿਦਵਾਨਾਂ ਤੇ ਡਾ. ਇੰਦਰਜੀਤ ਕੌਰ ਦੀ ਅਗਵਾਈ ਵਿੱਚ ਪਿੰਗਲਵਾੜਾ ਸੰਸਥਾ ਦਾ ਸੋਵੀਨਰ, ਦਵਿੰਦਰ ਸ਼ਰਮਾ ਦੀ ਹਿੰਦੀ ਪੁਸਤਕ 'ਜ਼ਮੀਨੀ ਸੱਚਾਈ' ਤੇ ਅੰਗਰੇਜ਼ੀ ਭਾਸ਼ਾ ਵਿੱਚ ਪ੍ਰਕਾਸ਼ਿਤ ਕਿਤਾਬ 'ਪਲਾਸਟਿਕ ਥਰੈਟ ਟੂ ਹੈਲਥ ਐਂਡ ਇਨਵਾਇਰਮੈਂਟ' ਰਿਲੀਜ਼ ਕੀਤੀਆਂ ਗਈਆਂ।

ਨਹਿਰ 'ਚ ਨਹਾਉਣ ਗਿਆ ਵਿਦਿਆਰਥੀ ਰੁੜ੍ਹਿਆ, ਭਾਲ ਜਾਰੀ

ਫਰੀਦਕੋਟ, 5 ਜੂਨ (ਚ.ਨ.ਸ): ਨੇੜਲੇ ਪਿੰਡ ਮਚਾਕੀ ਮੱਲ ਸਿੰਘ ਵਾਲਾ ਦੇ ਪੁਲ ਕੋਲ ਬੁੱਧਵਾਰ ਦੁਪਹਿਰ ਸਮੇਂ ਸਰਹਿੰਦ ਨਹਿਰ ਵਿੱਚ ਨਹਾਉਣ ਗਿਆ ਇੱਕ 8ਵੀਂ ਜਮਾਤ ਦਾ 14 ਸਾਲਾ ਵਿਦਿਆਰਥੀ ਪਾਣੀ ਦੇ ਤੇਜ਼ ਵਹਾਅ ਵਿੱਚ ਰੁੜ੍ਹ ਗਿਆ। ਸੂਚਨਾ ਮਿਲਦਿਆਂ ਹੀ ਪੁਲਿਸ, ਮਾਪਿਆਂ, ਰਿਸ਼ਤੇਦਾਰਾਂ ਤੇ ਗੋਤਾਖੋਰਾਂ ਦੀ ਟੀਮ ਨੇ ਮੌਕੇ 'ਤੇ ਪਹੁੰਚ ਕੇ ਵਿਦਿਆਰਥੀ ਦੀ ਭਾਲ ਸ਼ੁਰੂ ਕਰ ਦਿੱਤੀ ਪਰ ਖ਼ਬਰ ਲਿਖੇ ਜਾਣ ਤੱਕ ਵਿਦਿਆਰਥੀ ਦਾ ਕੋਈ ਸੁਰਾਗ ਨਹੀਂ ਲੱਗ ਸਕਿਆ ਸੀ। ਪ੍ਰਾਪਤ ਜਾਣਕਾਰੀ ਅਨੁਸਾਰ ਨਹਿਰ ਵਿੱਚ ਰੁੜ੍ਹਨ ਵਾਲੇ ਵਿਦਿਆਰਥੀ ਦੀ ਪਛਾਣ ਨੀਰਜ ਬਜਾਜ ਉਰਫ ਸਹਿਜ ਵਾਸੀ ਗੁਰੂ ਤੇਗ ਬਹਾਦਰ ਨਗਰ ਫਰੀਦਕੋਟ ਦੇ ਰੂਪ ਵਿੱਚ ਹੋਈ ਹੈ। ਦੱਸਿਆ ਜਾ ਰਿਹਾ ਹੈ ਕਿ ਸਕੂਲਾਂ ਵਿੱਚ ਛੁੱਟੀਆਂ ਹੋਣ ਕਾਰਨ ਨੀਰਜ ਆਪਣੇ ਕੁਝ ਦੋਸਤਾਂ ਨਾਲ ਮਚਾਕੀ ਮੱਲ ਸਿੰਘ ਵਾਲੇ ਪੁਲ ਨੇੜੇ ਖੇਡਣ ਤੇ ਗਰਮੀ ਤੋਂ ਰਾਹਤ ਲਈ ਸਰਹਿੰਦ ਨਹਿਰ ਵਿੱਚ ਨਹਾਉਣ ਗਿਆ ਸੀ।

ਪ੍ਰਤੱਖਦਰਸ਼ੀਆਂ ਮੁਤਾਬਿਕ ਨਹਾਉਂਦੇ ਸਮੇਂ ਅਚਾਨਕ ਨੀਰਜ ਪਾਣੀ ਦੇ ਤੇਜ਼ ਵਹਾਅ ਦੀ ਲਪੇਟ 'ਚ ਆ ਗਿਆ। ਉਸ ਦੇ ਦੋਸਤਾਂ ਨੇ ਰੌਲਾ ਪਾਇਆ ਤਾਂ ਆਸ-ਪਾਸ ਖੇਤਾਂ ਵਿੱਚ ਕੰਮ ਕਰ ਰਹੇ ਲੋਕ ਤੁਰੰਤ ਮੌਕੇ 'ਤੇ ਪਹੁੰਚੇ ਤੇ ਉਸ ਨੂੰ ਬਚਾਉਣ ਦੇ ਯਤਨ ਕੀਤੇ ਪਰ ਉਹ ਦੇਖਦੇ ਹੀ ਦੇਖਦੇ ਨੀਰਜ ਅੱਖਾਂ ਤੋਂ ਓਹਲੇ ਹੋ ਗਿਆ। ਥਾਣਾ ਮੁਖੀ ਐਸਐਚਓ ਰਾਜਵੰਤ ਮੁਤਾਬਿਕ ਗੋਤਾਖੋਰਾਂ ਵੱਲੋਂ ਵਿਦਿਆਰਥੀ ਦੀ ਭਾਲ ਜਾਰੀ ਹੈ।

ਹਲਕਾ ਅਮਲੋਹ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੇਵਾ ਲਈ ਵੱਡਾ ਮਾਨ

☛ਰਾਜੂ ਖੰਨਾ ਮਾਤਾ ਗੁਜਰੀ ਕਾਲਜ ਦੇ ਐਡੀਸ਼ਨਲ ਸਕੱਤਰ, ਹਰਬੰਸ ਬਡਾਲੀ, ਜਰਨੈਲ ਮਾਜਰੀ ਮੈਂਬਰ ਤੇ ਐਡ. ਭਗੜਾਣਾ ਬਾਬਾ ਬੰਦਾ ਸਿੰਘ ਬਹਾਦਰ ਕਾਲਜ ਦੇ ਟਰੱਸਟੀ ਮੈਂਬਰ ਬਣੇ

ਅਮਲੋਹ, 5 ਜੂਨ (ਜਸਵੰਤ ਸਿੰਘ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ਼੍ਰੋਮਣੀ ਕਮੇਟੀ ਅਧੀਨ ਚੱਲ ਰਹੇ ਕਾਲਜਾਂ ਦੀਆਂ ਪ੍ਰਬੰਧਕ ਕਮੇਟੀਆਂ ਵਿੱਚ

ਹਲਕਾ ਅਮਲੋਹ ਨੂੰ ਵੱਡਾ ਮਾਣ ਦਿੱਤਾ ਹੈ। ਇਸ ਮੁਤਾਬਿਕ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਤੇ ਹਲਕਾ ਅਮਲੋਹ ਦੇ ਮੁੱਖ ਸੇਵਾਦਾਰ ਗੁਰਪ੍ਰੀਤ ਸਿੰਘ ਰਾਜੂ ਖੰਨਾ ਨੂੰ ਮਾਤਾ ਗੁਜਰੀ ਕਾਲਜ ਦਾ ਐਡੀਸ਼ਨਲ ਸਕੱਤਰ, ਜਥੇ. ਹਰਬੰਸ ਸਿੰਘ ਬਡਾਲੀ ਤੇ ਜਥੇ. ਜਰਨੈਲ ਸਿੰਘ ਮਾਜਰੀ ਨੂੰ ਕਾਲਜ ਦਾ ਮੈਂਬਰ ਨਿਯੁਕਤ ਕੀਤਾ ਹੈ, ਜਦੋਂ ਕਿ ਐਡ. ਸਤਨਾਮ ਸਿੰਘ ਭਗੜਾਣਾ ਨੂੰ ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ ਫਤਹਿਗੜ੍ਹ ਸਾਹਿਬ ਦਾ ਟਰੱਸਟੀ ਮੈਂਬਰ ਨਿਯੁਕਤ ਕੀਤਾ ਹੈ। ਇਲਾਕੇ ਵਿੱਚ ਇਨ੍ਹਾਂ ਨਿਯੁਕਤੀਆਂ ਨੂੰ ਲੈ ਕੇ ਲੋਕਾਂ ਵਿੱਚ ਖੁਸ਼ੀ ਦੀ ਲਹਿਰ ਹੈ। ਆਗੂਆਂ ਨੇ ਇਨ੍ਹਾਂ ਨਿਯੁਕਤੀਆਂ ਲਈ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡ. ਹਰਜਿੰਦਰ ਸਿੰਘ ਧਾਮੀ ਤੇ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕੀਤਾ।

ਵਿਧਾਇਕ ਭੁੱਲਰ ਵੱਲੋਂ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਜਾ ਰਹੇ ਨਵੇਂ ਸਮਾਰਟ ਰਾਸ਼ਨ ਕਾਰਡਾਂ ਦੀ ਵੰਡ ਦਾ ਸ਼ੁਭ ਆਰੰਭ

ਫਿਰੋਜ਼ਪੁਰ, 5 ਜੂਨ (ਤਿਵਾੜੀ): ਖੁਰਾਕ, ਸਿਵਲ ਸਪਲਾਈਜ਼ ਤੇ ਖਪਤਕਾਰ ਮਾਮਲੇ ਵਿਭਾਗ ਪੰਜਾਬ ਕੋਲ ਰਜਿਸਟਰਡ ਸਮੂਹ ਲਾਭਪਾਤਰੀ ਪਰਿਵਾਰਾਂ ਨੂੰ ਪੰਜਾਬ ਸਰਕਾਰ ਵੱਲੋਂ ਨਵੇਂ ਸਮਾਰਟ ਰਾਸ਼ਨ ਕਾਰਡ ਜਾਰੀ ਕੀਤੇ ਜਾ ਰਹੇ ਹਨ। ਇਸ ਸਬੰਧੀ ਵਿਧਾਨ ਸਭਾ ਹਲਕਾ ਫਿਰੋਜ਼ਪੁਰ ਸ਼ਹਿਰੀ ਦੇ ਵਿਧਾਇਕ ਰਣਬੀਰ ਸਿੰਘ ਭੁੱਲਰ ਵੱਲੋਂ ਪਿੰਡ ਦੁਲਚੀ ਕੇ ਵਿਖੇ ਲਾਭਪਾਤਰੀ ਪਰਿਵਾਰਾਂ ਨੂੰ ਨਵੇਂ ਸਮਾਰਟ ਰਾਸ਼ਨ ਕਾਰਡ ਵੰਡਣ ਦਾ ਸ਼ੁਭ ਆਰੰਭ ਕੀਤਾ ਗਿਆ। ਇਸ ਮੌਕੇ ਪਿੰਡ ਦੇ ਯੋਗ ਲਾਭਪਾਤਰੀ ਪਰਿਵਾਰਾਂ ਨੂੰ ਸਮਾਰਟ ਰਾਸ਼ਨ ਕਾਰਡ ਵੰਡੇ ਗਏ।ਇਸ ਦੌਰਾਨ ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਲਾਭਪਾਤਰੀਆਂ ਨੂੰ ਪੰਜਾਬ ਸਰਕਾਰ ਦੀ ਨਵੀਂ ਸਕੀਮ ਮੇਰੀ ਰਸੋਈ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਸਕੀਮ ਤਹਿਤ ਰਾਜ ਦੇ ਸਮੂਹ ਰਜਿਸਟਰਡ ਲਾਭਪਾਤਰੀ ਪਰਿਵਾਰਾਂ ਨੂੰ ਹਰ ਤਿੰਨ ਮਹੀਨਿਆਂ ਬਾਅਦ ਕਣਕ ਦੇ ਨਾਲ ਇੱਕ ਜ਼ਰੂਰੀ ਘਰੇਲੂ ਵਸਤਾਂ

ਵਾਲੀ ਕਿੱਟ ਵੀ ਮੁਹੱਈਆ ਕਰਵਾਈ ਜਾਵੇਗੀ। ਉਨ੍ਹਾਂ ਦੱਸਿਆ ਕਿ ਇਹ ਸਕੀਮ ਅਪ੍ਰੈਲ 2026 ਤੋਂ ਜੂਨ 2026 ਲਈ ਸ਼ੁਰੂ ਹੋ ਚੁੱਕੀ ਹੈ, ਜਿਸ ਅਧੀਨ ਦਾਲਾਂ, ਨਮਕ, ਖਾਣ ਵਾਲਾ ਤੇਲ, ਮਿਰਚ, ਹਲਦੀ ਤੇ ਹੋਰ ਲੋੜੀਂਦੀਆਂ ਵਸਤਾਂ ਲਾਭਪਾਤਰੀ ਪਰਿਵਾਰਾਂ ਨੂੰ ਮੁਫ਼ਤ ਮੁਹੱਈਆ ਕਰਵਾਈਆਂ ਜਾਣਗੀਆਂ। ਵਿਧਾਇਕ ਭੁੱਲਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਰਾਜ ਦੇ ਲੋੜਵੰਦ ਪਰਿਵਾਰਾਂ ਦੀ ਭਲਾਈ ਲਈ ਵਚਨਬੱਧ ਹੈ ਤੇ ਸਰਕਾਰ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਛੇਤੀ ਹੀ ਔਰਤਾਂ ਦੀ ਭਲਾਈ ਲਈ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਮਹਿਲਾਵਾਂ ਨੂੰ ਹਰ ਮਹੀਨੇ 1000 ਰੁਪਏ ਤੇ ਅਨੁਸੂਚਿਤ ਜਾਤੀ ਮਹਿਲਾਵਾਂ ਲਈ 1500 ਰੁਪਏ ਵਿੱਤੀ ਸਹਾਇਤਾ ਵਜੋਂ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਪਾਏ ਜਾਣਗੇ। ਇਸ ਮੌਕੇ ਸਹਾਇਕ ਖੁਰਾਕ ਤੇ ਸਪਲਾਈਜ਼ ਅਫ਼ਸਰ ਸੋਨਾ ਸਿੰਘ, ਬਲਾਕ ਸੰਮਤੀ ਚੇਅਰਮੈਨ ਦਿਲਬਾਗ ਸਿੰਘ, ਬਲਾਕ ਸੰਮਤੀ ਚੇਅਰਮੈਨ ਹਰਮੇਸ਼ ਸਿੰਘ ਤੇ ਹੋਰ ਪਤਵੰਤੇ ਵਿਅਕਤੀ ਹਾਜ਼ਰ ਸਨ।

ਜਾਲਖੇੜੀ ਤੋਂ ਗੁਰਦੁਆਰਾ ਸਾਹਿਬ ਚੌਕ ਤੱਕ ਬਣਨ ਵਾਲੀ ਸੜਕ ਦਾ ਨੀਂਹ ਪੱਥਰ ਰੱਖਿਆ

ਸ੍ਰੀ ਫਤਹਿਗੜ੍ਹ ਸਾਹਿਬ, 5 ਜੂਨ (ਨਰਿੰਦਰ ਸਿੰਘ): ਫਤਹਿਗੜ੍ਹ ਸਾਹਿਬ ਦੇ ਵਿਧਾਇਕ ਐਡ. ਲਖਬੀਰ ਸਿੰਘ ਰਾਏ ਨੇ ਬਲਾਕ ਸਰਹੰਦ ਦੇ ਅਧੀਨ ਆਉਂਦੇ ਪਿੰਡ ਜਾਲਖੇੜੀ ਤੋਂ ਗੁਰਦੁਆਰਾ ਸਾਹਿਬ ਚੌਕ ਤੱਕ ਬਣਨ ਵਾਲੀ 1.60 ਕਿਲੋਮੀਟਰ ਲੰਮੀ ਸੜਕ ਦਾ ਨੀਂਹ ਪੱਥਰ ਰੱਖਿਆ। ਵਿਧਾਇਕ ਦੇ ਇਸ ਕਾਰਜ ਨਾਲ ਇਲਾਕੇ ਦੇ ਵਿੱਚ ਖੁਸ਼ੀ ਦਾ ਮਾਹੌਲ ਹੈ, ਇਲਾਕਾ ਨਿਵਾਸੀਆਂ ਅਨੁਸਾਰ ਉਨ੍ਹਾਂ ਦੀ ਲੰਬੇ ਸਮੇਂ ਤੋਂ ਲਟਕੀ ਮੰਗ ਪੂਰੀ ਹੋਈ ਹੈ। ਇਸ ਮੌਕੇ ਵਿਧਾਇਕ ਲਖਬੀਰ ਸਿੰਘ ਰਾਏ ਨੇ ਸੰਬੋਧਨ ਕਰਦਿਆਂ ਕਿਹਾ ਇਸ ਇਲਾਕੇ ਦੀਆਂ ਸੜਕਾਂ ਪਿਛਲੇ ਲੰਬੇ ਸਮੇਂ ਤੋਂ ਨਹੀਂ ਬਣੀਆਂ ਸਨ। ਜਿਸ ਕਾਰਨ ਇਲਾਕੇ ਦੇ ਲੋਕਾਂ ਨੂੰ ਲੰਬੇ ਸਮੇਂ ਤੋਂ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਮਾਣਯੋਗ ਮੁੱਖ ਮੰਤਰੀ ਭਗਵੰਤ ਮਾਨ ਦੀ ਯੋਗ ਅਗਵਾਈ ਦੇ ਵਿੱਚ ਹਲਕਾ ਫਤਹਿਗੜ੍ਹ ਸਾਹਿਬ ਦੀਆਂ 90 ਫੀਸਦੀ ਸੜਕਾਂ ਦਾ ਨਵੀਨੀਕਰਨ ਹੋ ਰਿਹਾ ਹੈ।

ਉਸ ਦੇ ਤਹਿਤ ਪਿੰਡ ਜਾਲਖੇੜੀ ਤੋਂ ਗੁਰਦੁਆਰਾ ਸਾਹਿਬ ਚੌਕ ਤੱਕ ਇਸ ਸੜਕ ਨੂੰ ਵੀ ਬਣਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਉਹ ਸੜਕਾਂ ਬਣਾਉਣ ਤੱਕ ਸੀਮਿਤ ਨਹੀਂ ਹਾਂ, ਆਉਣ ਵਾਲੇ ਪੰਜ ਸਾਲਾਂ ਤੱਕ ਸੜਕ ਦੀ ਮੈਂਟੀਨੈਂਸ ਦੀ ਜ਼ਿੰਮੇਵਾਰੀ ਵੀ ਠੇਕੇਦਾਰ ਦੀ ਹੋਵੇਗੀ। ਉਨ੍ਹਾਂ ਕਿਹਾ ਕਿ ਪਿੰਡ ਜਾਲਖੇੜੀ, ਰਜਿੰਦਰ ਨਗਰ, ਚਲੈਲਾ, ਸੂਬੇਦਾਰ ਫਾਰਮ ਇਲਾਕੇ ਦੀਆਂ ਸੜਕਾਂ ਕਾਫੀ ਲੰਬੇ ਸਮੇਂ ਤੋਂ ਨਹੀਂ ਬਣੀਆਂ ਸਨ, ਇਨ੍ਹਾਂ ਸੜਕਾਂ ਦੇ ਬਣਨ ਨਾਲ ਭਾਦਸੋਂ ਤੋਂ ਪਟਿਆਲਾ ਜਾਣਾ ਸੌਖਾ ਹੋ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮਨਦੀਪ ਪੋਲਾ, ਗੁਰਪ੍ਰੀਤ ਭਿੰਡਰ, ਸਰਪੰਚ ਰਣਜੋਤ ਕੌਰ, ਗੁਰਦੇਵ ਸਿੰਘ, ਪਰਮਜੀਤ ਸਿੰਘ, ਰਾਜਵੀਰ ਰਾਜੂ, ਗੁਰਤੇਜਮਾਨ, ਸ਼ੁਕਰਦੀਨ, ਦਵਿੰਦਰ ਮਾਨ , ਜਰਨੈਲ ਚਣੋ, ਦਵਿੰਦਰ ਚਣੋ, ਰੋਹੀ ਰਾਮ ਧਤੌਂਦਾ, ਨੰਬਰਦਾਰ ਜਗਰੂਪ ਸਿੰਘ, ਸਰਪੰਚ ਰਾਜਦੀਪ ਰਾਜੂ ਆਦਿ ਹਾਜ਼ਰ ਸਨ।

ਰਣਬੀਰ ਭੁੱਲਰ ਦੀ ਅਗਵਾਈ 'ਚ ਵਿਲੇਜ/ਵਾਰਡ ਡਿਫੈਂਸ ਕਮੇਟੀਆਂ ਦੀ ਭੂਮਿਕਾ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਮੀਟਿੰਗ

ਫਿਰੋਜ਼ਪੁਰ, 5 ਜੂਨ (ਤਿਵਾੜੀ): ਵਿਧਾਇਕ ਹਲਕਾ ਫ਼ਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ ਵੀ ਅਗਵਾਈ ਵਿੱਚ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਹੋਰ ਮਜ਼ਬੂਤੀ ਦੇਣ ਤੇ ਪਿੰਡ ਪੱਧਰ 'ਤੇ ਜਾਗਰੂਕਤਾ ਵਧਾਉਣ ਦੇ ਮਕਸਦ ਨਾਲ ਅੱਜ ਸਥਾਨਕ ਪੰਚਵਟੀ ਰਿਜ਼ੋਰਟ ਵਿਖੇ ਵਿਲੇਜ ਡਿਫੈਂਸ ਕਮੇਟੀਆਂ ਤੇ

ਵਾਰਡ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਨਾਲ ਵਿਸ਼ੇਸ਼ ਮੀਟਿੰਗ ਦਾ ਆਯੋਜਨ ਕੀਤਾ ਗਿਆ। ਮੀਟਿੰਗ ਦੌਰਾਨ ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਕਿਹਾ ਕਿ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਵਿਲੇਜ/ਵਾਰਡ ਡਿਫੈਂਸ ਕਮੇਟੀਆਂ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਸੂਬੇ ਭਰ ਵਿੱਚ ਵਿੱਢੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਚਲਾਈ ਗਈ ਜਿਸ ਦੇ ਬਹੁਤ ਹੀ ਸਾਰਥਿਕ ਨਤੀਜੇ ਮਿਲੇ। ਇਸ ਮੁਹਿੰਮ ਨੂੰ ਕਾਮਯਾਬ ਬਣਾਉਣ ਲਈ ਲੋਕਾਂ ਦੀ ਵੀ ਭਾਗੀਦਾਰੀ ਬਹੁਤ ਅਹਿਮ ਹੈ। ਵਿਧਾਇਕ ਭੁੱਲਰ ਨੇ ਵੀ.ਡੀ.ਸੀ. ਮੈਂਬਰਾਂ ਨੂੰ ਆਪਣੇ-ਆਪਣੇ ਖੇਤਰਾਂ ਵਿੱਚ ਨਸ਼ਿਆਂ ਵਿਰੁੱਧ ਜਾਗਰੂਕਤਾ ਫੈਲਾਉਣ, ਸ਼ੱਕੀ ਗਤੀਵਿਧੀਆਂ ਸਬੰਧੀ ਪ੍ਰਸ਼ਾਸਨ ਨੂੰ ਸੂਚਿਤ ਕਰਨ ਤੇ ਨੌਜਵਾਨਾਂ ਨੂੰ ਖੇਡਾਂ ਤੇ ਰਚਨਾਤਮਕ ਗਤੀਵਿਧੀਆਂ ਨਾਲ ਜੋੜਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਐਸ.ਡੀ.ਐਮ. ਫਿਰੋਜ਼ਪੁਰ ਅਭਿਸ਼ੇਕ ਸ਼ਰਮਾ, ਡੀ.ਐਸ.ਪੀ. ਸੁਖਵਿੰਦਰ ਸਿੰਘ ਤੇ ਕੋਆਰਡੀਨੇਟਰ ਨਸ਼ਾ ਮੁਕਤੀ ਮੋਰਚਾ (ਹਲਕਾ ਫਿਰੋਜ਼ਪੁਰ ਸ਼ਹਿਰੀ) ਡਾ. ਅਮਨਦੀਪ ਕੌਰ ਗੋਸਲ ਭੁੱਲਰ ਵੀ ਹਾਜ਼ਰ ਸਨ। ਅਧਿਕਾਰੀਆਂ ਵੱਲੋਂ ਵੀ.ਡੀ.ਸੀ. ਮੈਂਬਰਾਂ ਨੂੰ ਉਨ੍ਹਾਂ ਦੀਆਂ ਜ਼ਿੰਮੇਵਾਰੀਆਂ ਤੇ ਸਰਕਾਰ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਬਾਰੇ ਜਾਣੂੰ ਕਰਵਾਇਆ ਗਿਆ। ਮੀਟਿੰਗ ਦੌਰਾਨ ਹਾਜ਼ਰ ਮੈਂਬਰਾਂ ਨੇ ਨਸ਼ਾ ਮੁਕਤ ਤੇ ਸੁਰੱਖਿਅਤ ਸਮਾਜ ਦੀ ਸਿਰਜਣਾ ਲਈ ਪ੍ਰਸ਼ਾਸਨ ਤੇ ਸਰਕਾਰ ਨੂੰ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ।

ਨਗਰ ਕੌਂਸਲ ਚੋਣ ਜਿੱਤ 'ਤੇ ਅਸ਼ਵਨੀ ਕੁਮਾਰ ਦੁੱਗਲ ਨੂੰ ਸਨਾਤਨ ਧਰਮ ਸਭਾ ਗੁਰਦਾਸਪੁਰ ਵੱਲੋਂ ਵਧਾਈ

ਧਾਰੀਵਾਲ, 5 ਜੂਨ (ਅਸ਼ੋਕ ਕੁਮਾਰ): ਨਗਰ ਕੌਂਸਲ ਧਾਰੀਵਾਲ ਦੀ ਹਾਲ ਹੀ ਵਿੱਚ ਹੋਈ ਚੋਣ ਵਿੱਚ ਜਿੱਤ ਹਾਸਲ ਕਰਨ ਵਾਲੇ ਅਸ਼ਵਨੀ ਕੁਮਾਰ ਦੁੱਗਲ ਨੂੰ ਸਨਾਤਨ ਧਰਮ ਸਭਾ ਗੁਰਦਾਸਪੁਰ ਵੱਲੋਂ ਵਿਸ਼ੇਸ਼ ਵਧਾਈ ਦਿੱਤੀ ਗਈ। ਇਸ ਮੌਕੇ ਸਨਾਤਨ ਧਰਮ ਸਭਾ ਗੁਰਦਾਸਪੁਰ ਤੋਂ ਪਵਨ ਤੇ ਸਮੁੱਚੀ ਟੀਮ ਵੱਲੋਂ ਉਨ੍ਹਾਂ ਦੇ ਨਿਵਾਸ ਸਥਾਨ 'ਤੇ ਪਹੁੰਚ ਕੇ ਫੁੱਲਾਂ ਦੇ ਗੁਲਦਸਤੇ ਭੇਟ ਕਰਕੇ ਮੁਬਾਰਕਬਾਦ ਦਿੱਤੀ ਗਈ ਤੇ ਉਨ੍ਹਾਂ ਦੀ ਜਿੱਤ'ਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ। ਇਸ ਮੌਕੇ ਪਵਨ ਨੇ ਕਿਹਾ ਕਿ ਅਸ਼ਵਨੀ ਕੁਮਾਰ ਦੁੱਗਲ ਦੀ ਜਿੱਤ ਲੋਕਾਂ ਦੇ ਭਰੋਸੇ ਤੇ ਉਨ੍ਹਾਂ ਦੀ ਜਨਸੇਵਾ ਪ੍ਰਤੀ ਸਮਰਪਣ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੇ ਵੋਟਾਂ ਰਾਹੀਂ ਇਹ ਸਾਬਤ ਕੀਤਾ ਹੈ ਕਿ ਉਹ ਇਮਾਨਦਾਰ ਤੇ ਵਿਕਾਸਸ਼ੀਲ ਸੋਚ ਵਾਲੇ ਉਮੀਦਵਾਰਾਂ ਨਾਲ ਖੜ੍ਹੇ ਹਨ। ਸਮੁੱਚੀ ਟੀਮ ਨੇ ਵੀ ਨਵੀਂ ਕੌਂਸਲ ਨੂੰ ਵਧਾਈ ਦਿੰਦਿਆਂ ਆਸ ਜਤਾਈ ਕਿ ਆਉਣ ਵਾਲੇ ਸਮੇਂ ਵਿੱਚ ਧਾਰੀਵਾਲ ਸ਼ਹਿਰ ਵਿੱਚ ਵਿਕਾਸ ਕਾਰਜਾਂ ਨੂੰ ਹੋਰ ਤੇਜ਼ੀ ਮਿਲੇਗੀ। ਅਸ਼ਵਨੀ ਕੁਮਾਰ ਦੁੱਗਲ ਨੇ ਸਨਾਤਨ ਧਰਮ ਸਭਾ ਗੁਰਦਾਸਪੁਰ ਤੇ ਪਵਨ ਸਮੇਤ ਪੂਰੀ ਟੀਮ ਦਾ ਧੰਨਵਾਦ ਕੀਤਾ। ਇਸ ਮੌਕੇ ਸੈਨੇਟਰੀ ਇੰਸਪੈਕਟਰ ਸੰਜੀਵ ਸੋਨੀ, ਸਨਾਤਨ ਧਰਮ ਸਭਾ ਸਮੁੱਚੀ ਟੀਮ ਤੋਂ ਇਲਾਵਾ ਹੋਰ ਮੌਜੂਦ ਸਨ।

ਪੈਨਸ਼ਨਰ ਅਦਾਲਤ 10 ਨੂੰ

ਹੁਸ਼ਿਆਰਪੁਰ, 5 ਜੂਨ (ਪਰਮਿੰਦਰ ਘੁੰਮਣ): ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਵੱਖ-ਵੱਖ ਵਿਭਾਗਾਂ ਵਿਚੋਂ ਸੇਵਾਮੁਕਤ ਹੋਏ ਪੈਨਸ਼ਨਰਾਂ/ਫੈਮਲੀ ਪੈਨਸ਼ਨਰਾਂ ਵੱਲੋਂ ਪ੍ਰਾਪਤ ਹੋਈਆਂ ਸ਼ਿਕਾਇਤਾਂ ਦੇ ਨਿਪਟਾਰੇ ਲਈ ਪੈਨਸ਼ਨਰ ਅਦਾਲਤ ਲਗਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਇਹ ਪੈਨਸ਼ਨਰ ਅਦਾਲਤ 10 ਜੂਨ ਨੂੰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਅਸ਼ੋਕ ਚੱਕਰਾ ਹਾਲ ਵਿਖੇ ਲਗਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵਿਭਾਗ ਦੇ ਸੇਵਾਮੁਕਤ ਹੋਏ ਕਰਮਚਾਰੀ ਨੂੰ ਆਪਣੀ ਪੈਨਸ਼ਨ ਸਬੰਧੀ ਕੋਈ ਸ਼ਿਕਾਇਤ ਹੋਵੇ ਤਾਂ ਉਹ 10 ਜੂਨ ਨੂੰ ਨਿੱਜੀ ਤੌਰ 'ਤੇ ਸਮੇਤ ਦਸਤਾਵੇਜ਼ ਲਿਖਤੀ ਦਰਖਾਸਤ ਲੈ ਕੇ ਹਾਜ਼ਰ ਹੋ ਸਕਦੇ ਹਨ।

ਮਾਤਾ ਗੁਜਰੀ ਕਾਲਜ ਦੇ ਨਤੀਜੇ ਘੋਸ਼ਿਤ ਕਰਨ ਦੀ ਪ੍ਰਕਿਰਿਆ ਸ਼ੁਰੂ

ਸ੍ਰੀ ਫ਼ਤਹਿਗੜ੍ਹ ਸਾਹਿਬ, 5 ਜੂਨ (ਹਰਪ੍ਰੀਤ ਕੌਰ ਟਿਵਾਣਾ): ਮਾਤਾ ਗੁਜਰੀ ਕਾਲਜ ਦੀਆਂ ਪੋਸਟਗ੍ਰੈਜੂਏਟ ਤੇ ਅੰਡਰਗ੍ਰੈਜੂਏਟ ਕਲਾਸਾਂ ਦੇ ਨਤੀਜੇ ਰਿਕਾਰਡ ਸਮੇਂ ਵਿੱਚ ਘੋਸ਼ਿਤ ਕੀਤੇ ਜਾ ਰਹੇ ਹਨ। ਕਾਲਜ ਦੇ ਐਡੀਸ਼ਨਲ ਸਕੱਤਰ ਗੁਰਪ੍ਰੀਤ ਸਿੰਘ ਖੰਨਾ (ਅਮਲੋਹ) ਨੇ ਆਪਣੀ ਖੁਸ਼ੀ ਜ਼ਾਹਿਰ ਕਰਦਿਆਂ ਕਿਹਾ ਕਿ ਨਤੀਜਿਆਂ ਦੇ ਜਲਦ ਐਲਾਨ ਹੋਣ ਨਾਲ ਵਿਦਿਆਰਥੀਆਂ ਨੂੰ ਉਚੇਰੀ ਸਿੱਖਿਆ, ਪ੍ਰਤੀਯੋਗੀ ਪ੍ਰੀਖਿਆਵਾਂ ਤੇ ਵੱਖ-ਵੱਖ ਅਸਾਮੀਆਂ ਲਈ ਸਮੇਂ ਸਿਰ ਅਪਲਾਈ ਕਰਨ ਵਿੱਚ ਵੱਡੀ ਸਹੂਲਤ ਮਿਲਦੀ ਹੈ। ਕਾਲਜ ਦੇ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਕੰਟਰੋਲਰ ਪ੍ਰੀਖਿਆਵਾਂ ਡਾ. ਹਰਜੀਤ ਸਿੰਘ ਤੇ ਪ੍ਰੀਖਿਆ ਸ਼ਾਖਾ ਦੀ ਸਮੁੱਚੀ ਟੀਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਸੁਚੱਜੀ ਯੋਜਨਾਬੰਦੀ, ਸਮਰਪਣ ਤੇ ਟੀਮ ਵਰਕ ਸਦਕਾ ਬਹੁਤ ਜਲਦ ਨਤੀਜੇ ਘੋਸ਼ਿਤ ਕੀਤੇ ਜਾ ਰਹੇ ਹਨ ਜੋ ਕਾਲਜ ਦੀ ਕਾਰਜਕੁਸ਼ਲਤਾ ਤੇ ਵਿਦਿਆਰਥੀ-ਹਿਤੈਸ਼ੀ ਸੋਚ ਦਾ ਪ੍ਰਤੀਕ ਹੈ। ਕਾਲਜ ਦੇ ਕੰਟਰੋਲਰ ਪ੍ਰੀਖਿਆਵਾਂ ਡਾ. ਹਰਜੀਤ ਸਿੰਘ ਨੇ ਦੱਸਿਆ ਕਿ ਕਾਲਜ ਦੀ ਪ੍ਰੀਖਿਆ ਸ਼ਾਖਾ ਵੱਲੋਂ ਲਗਭਗ ਸਾਰੀਆਂ ਜਮਾਤਾਂ ਦੇ ਨਤੀਜੇ ਪ੍ਰੀਖਿਆਵਾਂ ਸਮਾਪਤ ਹੋਣ ਤੋਂ ਮਹਿਜ਼ 30 ਦਿਨਾਂ ਦੇ ਅੰਦਰ ਐਲਾਨੇ ਜਾ ਰਹੇ ਹਨ।

ਉਨ੍ਹਾਂ ਇਹ ਵੀ ਜਾਣਕਾਰੀ ਦਿੱਤੀ ਕਿ ਕਾਲਜ ਵਿਖੇ ਨਵੀਂ ਸਿੱਖਿਆ ਨੀਤੀ-2020 ਅਨੁਸਾਰ ਚਲਾਏ ਜਾ ਰਹੇ 18 ਅੰਡਰਗ੍ਰੈਜੂਏਟ ਤੇ 23 ਪੋਸਟਗ੍ਰੈਜੂਏਟ ਕੋਰਸ ਸਫ਼ਲਤਾਪੂਰਵਕ ਸੰਚਾਲਿਤ ਹੋ ਰਹੇ ਹਨ। ਉਨ੍ਹਾਂ ਕਾਲਜ ਦੇ ਡਿਪਟੀ ਕੰਟਰੋਲਰ ਪ੍ਰੀਖਿਆਵਾਂ ਡਾ. ਤੇਜਿੰਦਰ ਸਿੰਘ, ਡਿਪਟੀ ਰਜਿਸਟਰਾਰ ਡਾ. ਜਗਪਾਲ ਸਿੰਘ, ਡਿਪਟੀ ਰਜਿਸਟਰਾਰ ਡਾ. ਸੌਰਭ ਗੁਪਤਾ, ਡਾ. ਸ਼ਿਵਾਨੀ ਬੈਕਟਰ ਤੇ ਪ੍ਰੀਖਿਆ ਸ਼ਾਖਾ ਦੇ ਸਮੂਹ ਸਟਾਫ਼ ਦਾ ਵਿਸ਼ੇਸ਼ ਧੰਨਵਾਦ ਕੀਤਾ।

ਅਸੀਂ ਇਮਾਨਦਾਰੀ ਨਾਲ ਕਣਕ ਵੰਡ ਰਹੇ ਹਾਂ: ਲੜੋਆ ਵਰਕਰ

ਆਦਮਪੁਰ, 5 ਜੂਨ (ਅਮਰਜੀਤ ਸਿੰਘ ਸੈਣੀ): ਆਦਮਪੁਰ ਭੋਗਪੁਰ ਦੇ ਨਾਲ ਲੱਗਦੇ ਪਿੰਡ ਲੜੋਏ ਵਿੱਚ ਉਸ ਵੇਲੇ ਰੌਲਾ ਪੈ ਗਿਆ, ਜਦ ਲੜੋਏ ਪਿੰਡ ਤੋਂ ਕਣਕ ਵੰਡਦੇ ਸਮੇਂ ਕਿਸੇ ਨੇ ਆਮ

ਆਦਮੀ ਪਾਰਟੀ ਦੇ ਅਧਿਕਾਰੀਆਂ ਨੂੰ ਫੋਨ ਕਰ ਦਿੱਤਾ ਕਿ ਲੜੋਆ ਪਿੰਡ ਵਿੱਚ ਕਣਕ ਵੰਡਣ ਵੇਲੇ ਡਿਪੂ ਵਾਲੇ ਪੈਸੇ ਲੈ ਰਹੇ ਹਨ ਤਾਂ ਆਮ ਆਦਮੀ ਪਾਰਟੀ ਦੇ ਅਧਿਕਾਰੀਆਂ ਨੇ ਤੁਰੰਤ ਚੜ੍ਹਦੀਕਲਾ ਟਾਈਮ ਟੀਵੀ ਦਫਤਰ ਭੋਗਪੁਰ ਫੋਨ ਕੀਤਾ। ਮੌਕਾ ਦੇਖਿਆ ਗਿਆ ਤਾਂ ਮੌਜੂਦ ਮੁਲਾਜ਼ਮਾਂ ਨੇ ਦੱਸਿਆ ਕਿ ਉਹ ਇਮਾਨਦਾਰੀ ਨਾਲ ਕਣਕ ਵੰਡ ਰਹੇ ਹਨ ਤੇ 80 ਦੇ ਕਰੀਬ ਪਰਚੀਆਂ ਟੋਟਲ ਹਨ ਤੇ 70 ਪਰਚੀਆਂ ਦੇ ਕਰੀਬ ਕਣਕ ਵੰਡ ਚੁੱਕੇ ਹਨ। ਜਦ ਉਨ੍ਹਾਂ ਨੂੰ ਪੈਸਿਆਂ ਵਾਰੇ ਪੁੱਛਿਆ ਗਿਆ ਕਿ ਲੋਕਾਂ ਕੋਲੋਂ ਪੈਸੇ ਕੌਣ ਲੈ ਰਿਹਾ ਹੈ ਤਾਂ ਵਰਕਰਾਂ ਨੇ ਕਿਹਾ ਕਿ ਲੋਕਾਂ ਕੋਲੋਂ ਦਸ ਜਾਂ 20 ਰੁਪਏ ਲੈਣ ਵਾਲਾ ਕੋਈ ਬਾਹਰ ਦਾ ਬੰਦਾ ਹੈ, ਜੋ ਲੋਕਾਂ ਕੋਲੋਂ ਕਣਕ ਦੀ ਬੋਰੀ ਚੁੱਕਣ ਦੇ 10 ਜਾਂ 20 ਰੁਪਏ ਲੈ ਲੈਂਦਾ ਹੈ ਤੇ ਇਸ ਵਿੱਚ ਲੋਕ ਦੀ ਆਪਣੀ ਮਰਜ਼ੀ ਹੈ। ਲੋਕ ਕਣਕ ਦੀ ਬੋਰੀ ਆਪ ਚੁੱਕ ਲੈਂਦੇ ਹਨ ਤੇ ਜੋ ਲੋਕ ਕਣਕ ਦੀ ਬੋਰੀ ਨਹੀਂ ਚੁੱਕ ਸਕਦੇ, ਉਹ ਲੇਬਰ ਦੇ ਬੰਦੇ ਨੂੰ 10-20 ਰੁਪਏ ਦੇ ਕੇ ਕੰਮ ਕਰਵਾ ਲੈਂਦੇ ਹਨ। ਵਰਕਰਾਂ ਨੇ ਕਿਹਾ ਕਿ ਇਸ ਵਿੱਚ ਮੁਲਾਜ਼ਮਾਂ ਦਾ ਕੋਈ ਲੈਣ ਦੇਣ ਨਹੀਂ ਹੈ। ਉਨ੍ਹਾਂ ਕਿਹਾ ਕਿ ਕਣਕ ਵੰਡਣ ਦਾ ਕੰਮ ਬਿਲਕੁੱਲ ਇਮਾਨਦਾਰੀ ਨਾਲ ਚੱਲ ਰਿਹਾ ਹੈ।

ਵਿਸ਼ਵ ਵਾਤਾਵਰਨ ਦਿਵਸ ਮੌਕੇ ਸ੍ਰੀ ਹੇਮਕੁੰਟ ਸਕੂਲ 'ਚ 'ਰੁੱਖ ਲਗਾਓ ਵਾਤਾਵਰਨ ਬਚਾਓ' ਮੁਹਿੰਮ ਦਾ ਆਯੋਜਨ

ਜ਼ੀਰਾ, 5 ਜੂਨ (ਦੀਪਕ ਭਾਰਗੋ): ਇਲਾਕੇ ਦੀ ਪ੍ਰਸਿੱਧ ਵਿਦਿਅਕ ਸੰਸਥਾ ਸ੍ਰੀ ਹੇਮਕੁੰਟ ਸੀਨੀ.ਸੈਕੰ.ਸਕੂਲ ਵੱਲੋਂ ਵਿਸ਼ਵ ਵਾਤਾਵਰਨ ਦਿਵਸ ਮੌਕੇ ਰੁੱਖ ਲਗਾਓ-ਵਾਤਾਵਰਨ ਬਚਾਓ ਮੁਹਿੰਮ ਦਾ ਆਯੋਜਨ ਕੀਤਾ ਗਿਆ। ਸਕੂਲ ਜੋ ਕਿ ਵਿਦਿਆਰਥੀਆਂ ਨੂੰ ਗੁਣਵੱਤਾ ਭਰਭੂਰ ਸਿੱਖਿਆ ਦੇ ਨਾਲ-ਨਾਲ ਸਮਾਜਿਕ ਤੇ ਨੈਤਿਕ ਕਦਰਾਂ-ਕੀਮਤਾ ਨਾਲ ਜੋੜਨ ਲਈ ਹਮੇਸ਼ਾ ਯਤਨਸ਼ੀਲ ਰਹਿੰਦਾ ਹੈ। ਇਸ ਮੌਕੇ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਵਿਭਾਗ ਮੋਗਾ ਦੇ ਦਵਿੰਦਰ ਸਿੰਘ ਲੋਟੇ ਤੇ 13 ਪੰਜਾਬ ਬਟਾਲੀਅਨ ਐਨ.ਸੀ.ਸੀ. ਫਿਰੋਜ਼ਪੁਰ ਦੇ ਕਮਾਂਡਿੰਗ ਅਫਸਰ ਕਰਨਲ ਚੰਦਰ ਸੇਖਰ ਦੇ ਦਿਸ਼ਾ-ਨਿਰਦੇਸ਼ ਹੇਠ ਵਿਸ਼ਵ ਵਾਤਾਵਰਨ ਦਿਵਸ ਮਨਾਇਆ। ਵਿਦਿਆਰਥੀਆਂ ਨੂੰ ਵਾਤਾਵਰਨ ਦੀ ਸੰਭਾਲ ਲਈ ਪ੍ਰੇਰਿਤ ਕੀਤਾ ਗਿਆ। ਐਨ.ਸੀ.ਸੀ. ਕੈਡਿਟਸ ਤੇ ਐਨ.ਐਸ.ਐਸ. ਵਲੰਟੀਅਰਜ਼ ਨੇ ਗੁਰਦੁਆਰਾ ਬਾਬਾ ਸਾਹਿਬ ਸਿੰਘ ਜੀ ਸ਼ਹੀਦ, ਖੋਸਾ ਪਾਂਡੋ ਵਿਖੇ ਬਾਬਾ ਅਜੀਤ ਸਿੰਘ ਦੀ ਨਿਗਰਾਨੀ ਹੇਠ ਵੱਖ-ਵੱਖ ਕਿਸਮ ਦੇ ਪੌਦੇ ਲਗਾ ਕੇ ਵਾਤਾਵਰਨ ਸੰਭਾਲ ਦਾ ਸ਼ੰਦੇਸ਼ ਦਿੱਤਾ। ਇਸ ਦੇ ਨਾਲ ਹੀ ਗੁਰਦੁਆਰਾ ਸਾਹਿਬ ਦੀ ਸਫ਼ਾਈ ਕਰਕੇ ਸੇਵਾ ਭਾਵਨਾ ਦਾ ਪ੍ਰਗਟਾਵਾ ਕੀਤਾ ਤੇ ਲੰਗਰ ਦੀ ਸੇਵਾ ਵਿੱਚ ਵੀ ਆਪਣਾ ਯੋਗਦਾਨ ਪਾਇਆ। ਇਸ ਮੌਕੇ ਚੇਅਰਮੈਨ ਕੁਲਵੰਤ ਸਿੰਘ ਸੰਧੂ ਤੇ ਐਮ.ਡੀ. ਰਣਜੀਤ ਕੌਰ ਸੰਧੂ ਨੇ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਵਾਤਾਵਰਨ ਦੀ ਸੁਰੱਖਿਆਂ ਸਾਡੀ ਸਭ ਦੀ ਸਾਂਝੀ ਜ਼ਿੰਮੇਵਾਰੀ ਹੈ। ਹਰ ਵਿਆਕਤੀ ਨੂੰ ਆਪਣੀ ਜ਼ਿੰਦਗੀ ਵਿੱਚ ਘੱਟੋ-ਘੱਟ

ਇੱਕ ਰੁੱਖ ਜ਼ਰੂਰ ਲਗਾਉਣਾ ਚਾਹੀਦਾ ਹੈ ਤੇ ਉਸ ਦੀ ਸੰਭਾਲ ਕਰਨੀ ਚਾਹੀਦੀ ਹੈ ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਨੂੰ ਹਰਿਆ-ਭਰਿਆ ਵਾਤਾਵਰਨ ਮਿਲ ਸਕੇ। ਪ੍ਰਿੰਸੀਪਲ ਰਮਨਜੀਤ ਕੌਰ ਨੇ ਵਿਦਿਆਰਥੀਆ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਰੁੱਖ ਧਰਤੀ ਦਾ ਅਨਮੋਲ ਖਜ਼ਾਨਾ ਹਨ। ਸਾਨੂੰ ਰੁੱਖ ਲਗਾਉਣ ਤੱਕ ਸੀਮਿਤ ਨਹੀਂ ਰਹਿਣਾ ਚਾਹੀਦਾ, ਸਗੋਂ ਉਨ੍ਹਾਂ ਦੀ ਸੰਭਾਲ ਦਾ ਵੀ ਪ੍ਰਣ ਲੈਣਾ ਚਾਹੀਦਾ ਹੈ। ਇਸ ਮੌਕੇ ਪ੍ਰੋਗਰਾਮ ਅਫਸਰ ਅਮੀਰ ਸਿੰਘ ਤੇ ਏ.ਐਨ.ਓ. ਮਹੇਸ਼ ਕੁਮਾਰ ਹਾਜ਼ਰ ਸਨ।

ਪ੍ਰਾਈਵੇਟ ਹਸਪਤਾਲ ਅੱਗੇ ਹੰਗਾਮਾ, ਡਾਕਟਰ 'ਤੇ ਗਲਤ ਆਪ੍ਰੇਸ਼ਨ ਕਰਨ ਦੇ ਲੱਗੇ ਦੋਸ਼

☛ਪਰਿਵਾਰ ਵੱਲੋਂ ਸੜਕ ਜਾਮ ਕਰਕੇ ਰੋਸ ਪ੍ਰਦਰਸ਼ਨ, ਡਾਕਟਰ ਵੱਲੋਂ ਦੋਸ਼ ਖਾਰਜ

ਮੋਗਾ, 5 ਜੂਨ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਮੋਗਾ ਦੇ ਅੰਮ੍ਰਿਤਸਰ ਰੋਡ 'ਤੇ ਸਥਿਤ ਇੱਕ ਪ੍ਰਾਈਵੇਟ ਹਸਪਤਾਲ ਅੱਗੇ ਉਸ ਸਮੇਂ ਤਣਾਅਪੂਰਨ ਮਾਹੌਲ ਬਣ ਗਿਆ, ਜਦੋਂ ਇੱਕ ਮਹਿਲਾ ਮਰੀਜ਼ ਦੀ ਮੌਤ ਤੋਂ ਬਾਅਦ ਪਰਿਵਾਰਕ ਮੈਂਬਰਾਂ ਨੇ ਹਸਪਤਾਲ ਦੇ ਡਾਕਟਰ 'ਤੇ ਗਲਤ ਆਪ੍ਰੇਸ਼ਨ ਕਰਨ ਦੇ ਦੋਸ਼ ਲਗਾਉਂਦੇ ਹੋਏ ਜ਼ੋਰਦਾਰ ਹੰਗਾਮਾ ਕੀਤਾ। ਰੋਸ ਪ੍ਰਗਟਾਉਂਦੇ ਹੋਏ ਪਰਿਵਾਰਕ ਮੈਂਬਰਾਂ ਨੇ ਕੁਝ ਸਮੇਂ ਲਈ ਸੜਕ ਜਾਮ ਕਰ ਦਿੱਤੀ ਤੇ ਪ੍ਰਸ਼ਾਸਨ ਖ਼ਿਲਾਫ਼ ਨਾਅਰੇਬਾਜ਼ੀ ਕੀਤੀ। ਪਰਿਵਾਰਕ ਮੈਂਬਰਾਂ ਦਾ ਦੋਸ਼ ਹੈ ਕਿ ਹਸਪਤਾਲ ਦੇ ਡਾਕਟਰ ਦੀ ਕਥਿਤ ਲਾਪ੍ਰਵਾਹੀ ਕਾਰਨ ਉਨ੍ਹਾਂ ਦੇ ਪਰਿਵਾਰਕ ਮੈਂਬਰ ਦੀ ਮੌਤ ਹੋਈ ਹੈ। ਉਨ੍ਹਾਂ ਕਿਹਾ ਕਿ ਡਾਕਟਰ ਵੱਲੋਂ ਆਪ੍ਰੇਸ਼ਨ ਦੌਰਾਨ ਗੰਭੀਰ ਗਲਤੀਆਂ ਕੀਤੀਆਂ ਗਈਆਂ, ਜਿਸ ਕਾਰਨ ਮਰੀਜ਼ ਦੀ ਹਾਲਤ ਵਿਗੜ ਗਈ ਤੇ ਆਖ਼ਰਕਾਰ ਉਸ ਦੀ ਮੌਤ ਹੋ ਗਈ। ਪਰਿਵਾਰ ਨੇ ਮੰਗ ਕੀਤੀ ਕਿ ਮਾਮਲੇ ਦੀ ਨਿਰਪੱਖ ਜਾਂਚ ਕਰਵਾਈ ਜਾਵੇ ਤੇ ਦੋਸ਼ੀ ਪਾਏ ਜਾਣ 'ਤੇ ਡਾਕਟਰ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ। ਹੰਗਾਮੇ ਦੀ ਸੂਚਨਾ ਮਿਲਣ 'ਤੇ ਪੁਲਿਸ ਤੇ ਪ੍ਰਸ਼ਾਸਨਿਕ ਅਧਿਕਾਰੀ ਮੌਕੇ 'ਤੇ ਪਹੁੰਚੇ ਤੇ ਪ੍ਰਦਰਸ਼ਨਕਾਰੀਆਂ ਨੂੰ ਸ਼ਾਂਤ ਕਰਨ ਦੀ ਕੋਸ਼ਿਸ਼ ਕੀਤੀ। ਅਧਿਕਾਰੀਆਂ ਨੇ ਪਰਿਵਾਰ ਨੂੰ ਭਰੋਸਾ ਦਿਵਾਇਆ ਕਿ ਮਾਮਲੇ ਦੀ ਜਾਂਚ ਕਰਕੇ ਬਣਦੀ ਕਾਰਵਾਈ ਕੀਤੀ ਜਾਵੇਗੀ। ਉਧਰ, ਇਸ ਸਬੰਧੀ ਜਦੋਂ ਹਸਪਤਾਲ ਦੇ ਡਾ. ਹਰਜਿੰਦਰ ਸਿੰਘ ਸਿੱਧੂ ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਨੇ ਆਪਣੇ ਉਪਰ ਲੱਗੇ ਸਾਰੇ ਦੋਸ਼ਾਂ ਨੂੰ ਸਿਰੇ ਤੋਂ ਰੱਦ ਕਰ ਦਿੱਤਾ। ਡਾ. ਸਿੱਧੂ ਨੇ ਕਿਹਾ ਕਿ ਮਰੀਜ਼ ਦਾ ਆਪ੍ਰੇਸ਼ਨ ਪੂਰੀ ਮੈਡੀਕਲ ਪ੍ਰਕਿਰਿਆ ਤੇ ਨਿਯਮਾਂ ਅਨੁਸਾਰ ਕੀਤਾ ਗਿਆ ਸੀ। ਉਨ੍ਹਾਂ ਦਾਅਵਾ ਕੀਤਾ ਕਿ ਮਰੀਜ਼ ਦੀ ਮੌਤ ਕਿਸੇ ਵੀ ਤਰ੍ਹਾਂ ਦੀ ਲਾਪ੍ਰਵਾਹੀ ਕਾਰਨ ਨਹੀਂ, ਸਗੋਂ ਕੁਦਰਤੀ ਕਾਰਨਾਂ ਕਰਕੇ ਹੋਈ ਹੈ। ਫਿਲਹਾਲ ਮਾਮਲੇ ਨੂੰ ਲੈ ਕੇ ਜਾਂਚ ਜਾਰੀ ਹੈ ਤੇ ਪਰਿਵਾਰ ਇਨਸਾਫ਼ ਦੀ ਮੰਗ 'ਤੇ ਅੜਿੱਗ ਹੈ।

ਵਿਦਿਆਰਥੀਆਂ ਦੀ ਮਾਨਸਿਕ ਸਿਹਤ ਤੇ ਤੰਦਰੁਸਤੀ ਨੂੰ ਉਤਸ਼ਾਹਿਤ ਕਰਨ ਲਈ ਸੀ.ਬੀ.ਐਸ.ਈ. ਟ੍ਰੇਨਿੰਗ ਸੈਸ਼ਨ

ਮੰਡੀ ਗੋਬਿੰਦਗੜ੍ਹ, 5 ਜੂਨ (ਰੂਪਲ ਸੂਦ): ਗੋਬਿੰਦਗੜ੍ਹ ਪਬਲਿਕ ਸਕੂਲ ਵਿਖੇ ਸੀ.ਬੀ.ਐਸ.ਈ. ਵੱਲੋਂ 'ਵਿਦਿਆਰਥੀਆਂ ਵਿੱਚ ਮਾਨਸਿਕ ਸਿਹਤ ਤੇ ਤੰਦਰੁਸਤੀ ਨੂੰ ਉਤਸ਼ਾਹਿਤ ਕਰਨਾ' ਵਿਸ਼ੇ 'ਤੇ ਇੱਕ ਵਿਸ਼ੇਸ਼ ਸਮਰੱਥਾ ਨਿਰਮਾਣ ਟ੍ਰੇਨਿੰਗ ਸੈਸ਼ਨ ਆਯੋਜਿਤ ਕੀਤਾ ਗਿਆ। ਇਸ ਸੈਸ਼ਨ ਦਾ ਉਦੇਸ਼ ਅਧਿਆਪਕਾਂ ਨੂੰ ਵਿਦਿਆਰਥੀਆਂ ਦੀਆਂ ਮਾਨਸਿਕ, ਭਾਵਨਾਤਮਕ ਤੇ ਸਮਾਜਿਕ ਲੋੜਾਂ ਨੂੰ ਬਿਹਤਰ ਢੰਗ ਨਾਲ ਸਮਝਣ ਤੇ ਉਨ੍ਹਾਂ ਦੀ ਸਹਾਇਤਾ ਲਈ ਪ੍ਰਭਾਵਸ਼ਾਲੀ ਤਰੀਕਿਆਂ ਨਾਲ ਜਾਣੂੰ ਕਰਵਾਉਣਾ ਸੀ। ਸਰੋਤ ਵਕਤਾ ਡੀ.ਏ.ਵੀ. ਪਬਲਿਕ ਸਕੂਲ ਲੁਧਿਆਣਾ ਤੋਂ ਗੁਰਦੀਪ ਕੌਰ ਸਨ, ਜੋ ਸਿੱਖਿਆ ਖੇਤਰ ਵਿੱਚ 23 ਸਾਲਾਂ ਦਾ ਤਜਰਬਾ ਰੱਖਦੇ ਹਨ। ਉਨ੍ਹਾਂ ਮਾਨਸਿਕ ਤੰਦਰੁਸਤੀ, ਸਕਾਰਾਤਮਕ ਸੋਚ, ਤਣਾਅ ਪ੍ਰਬੰਧਨ ਤੇ ਵਿਦਿਆਰਥੀ-ਕੇਂਦਰਿਤ ਸਿੱਖਣ ਦੇ ਮਹੱਤਵ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਇਸ ਤਰ੍ਹਾਂ ਅਰਥ ਸ਼ਾਸਤਰ ਦੇ ਐਮ.ਫ਼ਿਲ ਕਿਰਨਦੀਪ ਕੌਰ ਖਰਬੰਦਾ ਜਿਨ੍ਹਾਂ ਕੋਲ ਸਕੂਲ ਤੇ ਕਾਲਜ ਪੱਧਰ 'ਤੇ 23 ਸਾਲਾਂ ਦੇ ਅਧਿਆਪਨ ਅਨੁਭਵ ਹੈ ਤੇ ਉਹ ਟੀਚਰ ਟ੍ਰੇਨਿੰਗ ਫਾਊਂਡੇਸ਼ਨ, ਬੈਂਗਲੁਰੂ ਦੀ ਪ੍ਰਮਾਣਿਤ ਸਿੱਖਿਅਕ ਹਨ ਤੇ ਸੀਬੀਐਸਈ ਦੀਆਂ ਵਰਕਸ਼ਾਪਾਂ ਦੀ ਵਿਸ਼ਾ ਮਾਹਿਰ ਵਜੋਂ ਸੇਵਾਵਾਂ ਨਿਭਾ ਰਹੇ ਹਨ ਨੇ ਤਕਨੀਕੀ ਯੁੱਗ ਵਿੱਚ ਵਿਦਿਆਰਥੀਆਂ ਦੀ ਮਾਨਸਿਕ ਸਿਹਤ ਨਾਲ ਜੁੜੀਆਂ ਚੁਣੌਤੀਆਂ ਤੇ ਉਨ੍ਹਾਂ ਦੇ ਹੱਲਾਂ ਬਾਰੇ ਜਾਣਕਾਰੀ ਦਿੱਤੀ। ਸੈਸ਼ਨ ਦੌਰਾਨ ਭਾਗੀਦਾਰਾਂ ਨੇ ਵੱਖ-ਵੱਖ ਗਤੀਵਿਧੀਆਂ, ਸਮੂਹ ਚਰਚਾਵਾਂ ਤੇ ਕੇਸ ਅਧਿਐਨਾਂ ਰਾਹੀਂ ਵਿਦਿਆਰਥੀਆਂ ਲਈ ਸੁਰੱਖਿਅਤ, ਸਹਿਯੋਗੀ ਤੇ ਪ੍ਰੇਰਨਾਦਾਇਕ ਸਿੱਖਣ ਵਾਤਾਵਰਨ ਸਿਰਜਣ ਦੇ ਤਰੀਕਿਆਂ ਬਾਰੇ ਸਿੱਖਿਆ ਪ੍ਰਾਪਤ ਕੀਤੀ। ਸਕੂਲ ਪ੍ਰਿੰਸੀਪਲ ਡਾ. ਨੀਰੂ ਅਰੋੜਾ ਨੇ ਸਰੋਤ ਵਿਅਕਤੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਅੱਜ ਦੇ ਪ੍ਰਤੀਯੋਗੀ ਯੁੱਗ ਵਿੱਚ ਵਿਦਿਆਰਥੀਆਂ ਦੀ ਮਾਨਸਿਕ ਸਿਹਤ ਦੀ ਸੰਭਾਲ ਬਹੁਤ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਅਜਿਹੇ ਟ੍ਰੇਨਿੰਗ ਸੈਸ਼ਨ ਅਧਿਆਪਕਾਂ ਨੂੰ ਵਿਦਿਆਰਥੀਆਂ ਦੀਆਂ ਭਾਵਨਾਤਮਕ ਲੋੜਾਂ ਨੂੰ ਸਮਝਣ ਤੇ ਉਨ੍ਹਾਂ ਨੂੰ ਸਹੀ ਮਾਰਗਦਰਸ਼ਨ ਦੇਣ ਲਈ ਸਮਰੱਥ ਬਣਾਉਂਦੇ ਹਨ।

ਐਮਬਰੋਜ਼ੀਅਲ ਸਕੂਲ ਦੇ ਖਿਡਾਰੀਆਂ ਨੇ ਫੁੱਟਬਾਲ ਖੇਡ 'ਚ ਮਾਰੀਆਂ ਮੱਲਾਂ

ਜ਼ੀਰਾ, 5 ਜੂਨ (ਦੀਪਕ ਭਾਰਗੋ): ਪਿਛਲੇ ਦਿਨੀਂ ਜੋਗਿੰਦਰਾ ਕਾਨਵੈਂਟ ਸਕੂਲ ਫਿਰੋਜ਼ਪੁਰ ਵਿਖੇ ਆਈ.ਸੀ.ਐਸ.ਈ. ਵੱਲੋਂ ਕਰਵਾਏ ਗਏ ਜ਼ੋਨਲ ਫੁੱਟਬਾਲ ਮੁਕਾਬਲਿਆਂ ਵਿੱਚ ਅਵਾਨ ਰੋਡ ਜ਼ੀਰਾ ਵਿਖੇ ਸਥਿਤ ਐਮਬਰੋਜ਼ੀਅਲ ਪਬਲਿਕ ਸਕੂਲ ਦੇ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਆਪਣੀ ਖੇਡ ਪ੍ਰਤਿਭਾ ਦਾ ਲੋਹਾ ਮਨਵਾਇਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਚੇਅਰਮੈਨ ਸਤਨਾਮ ਸਿੰਘ ਬੁੱਟਰ ਪ੍ਰਿੰਸੀਪਲ ਤੇਜ ਸਿੰਘ ਠਾਕੁਰ ਨੇ ਦੱਸਿਆ ਕਿ ਇਨ੍ਹਾਂ ਮੁਕਾਬਲਿਆਂ ਵਿੱਚ ਸਕੂਲ ਦੀ ਅੰਡਰ-14 ਗਰਲਜ਼ ਟੀਮ ਨੇ ਕਪਤਾਨ ਹਰਗੁਨੀਤ ਕੌਰ ਅੰਡਰ-17 ਗਰਲਜ਼ ਟੀਮ ਨੇ ਕਪਤਾਨ ਨਵਦੀਪ ਕੌਰ ਦੀ ਅਗਵਾਈ ਹੇਠ ਸ਼ਾਨਦਾਰ ਖੇਡ ਦਿਖਾਉਂਦਿਆਂ ਪਹਿਲਾ ਸਥਾਨ ਹਾਸਲ ਕੀਤਾ। ਜਦ ਕਿ ਅੰਡਰ-19 ਗਰਲਜ਼ ਟੀਮ ਨੇ ਕਪਤਾਨ ਸ਼ਮਨਵੀਰ ਕੌਰ ਦੀ ਅਗਵਾਈ ਵਿੱਚ ਸਖ਼ਤ ਮੁਕਾਬਲਿਆਂ ਦੌਰਾਨ ਬਿਹਤਰੀਨ ਖੇਡ ਦਾ ਪ੍ਰਦਰਸ਼ਨ ਕਰਦਿਆਂ ਦੂਜਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਅੰਡਰ-19 ਲੜਕਿਆਂ ਟੀਮ ਨੇ ਕਪਤਾਨ ਪ੍ਰਭਪ੍ਰੀਤ ਪਾਲ ਸਿੰਘ ਦੀ ਕਪਤਾਨੀ ਹੇਠ ਸ਼ਾਨਦਾਰ ਖੇਡ ਦਿਖਾਉਂਦਿਆਂ ਦੂਜਾ ਅੰਡਰ-17 ਲੜਕਿਆਂ ਟੀਮ ਨੇ ਕਪਤਾਨ ਕਮਲਜੀਤ ਸਿੰਘ ਦੀ ਅਗਵਾਈ ਹੇਠ ਖੇਡਦਿਆਂ ਤੀਜਾ ਸਥਾਨ ਹਾਸਲ ਕੀਤਾ। ਜਦਕਿ ਅੰਡਰ-14 ਬੋਇਜ਼ ਟੀਮ ਨੇ ਕਪਤਾਨ ਹਰਜਾਪ ਸਿੰਘ ਦੀ ਅਗਵਾਈ ਵਿੱਚ ਮੁਕਾਬਲਿਆਂ ਵਿੱਚ ਭਾਗ ਲੈ ਕੇ ਆਪਣੀ ਖੇਡ ਪ੍ਰਤਿਭਾ ਤੇ ਭਵਿੱਖ ਦੀਆਂ ਸੰਭਾਵਨਾਵਾਂ ਦੀ ਪ੍ਰਭਾਵਸ਼ਾਲੀ ਝਲਕ ਪੇਸ਼ ਕੀਤੀ। ਸਕੂਲ ਦੀ ਇਸ ਮਹੱਤਵਪੂਰਨ ਉਪਲਬਧੀ ਉਤੇ ਖਿਡਾਰੀਆਂ, ਕੋਚਾਂ ਤੇ ਮਾਪਿਆਂ ਵਿੱਚ ਖੁਸ਼ੀ ਦੀ ਲਹਿਰ ਹੈ। ਸਕੂਲ ਪ੍ਰਬੰਧਕਾਂ ਨੇ ਖਿਡਾਰੀਆਂ ਦੀ ਸਖ਼ਤ ਮਿਹਨਤ, ਕੋਚਾਂ ਦੀ ਸਮਰਪਿਤ ਟ੍ਰੇਨਿੰਗ ਤੇ ਮਾਪਿਆਂ ਦੇ ਸਹਿਯੋਗ ਨੂੰ ਇਸ ਸਫਲਤਾ ਦਾ ਮੁੱਖ ਆਧਾਰ ਦੱਸਿਆ। ਨਿਰੰਤਰ ਮਿਹਨਤ, ਸਕਾਰਾ-ਤਮਿਕ ਸੋਚ ਤੇ ਦ੍ਰਿੜ੍ਹ ਸੰਕਲਪ ਦੇ ਬਲ 'ਤੇ ਵਿਦਿਆਰਥੀ ਆਉਣ ਵਾਲੇ ਸਮੇਂ ਵਿੱਚ ਹੋਰ ਵੀ ਵੱਡੀਆਂ ਕਾਮਯਾਬੀਆਂ ਹਾਸਲ ਕਰਨਗੇ। ਇਸ ਮੌਕੇ ਕੋਆਰਡੀਨੇਟਰ ਰੀਨਾ ਠਾਕੁਰ, ਸੁਰਿੰਦਰ ਕਟੋਚ, ਦਵਿੰਦਰ, ਅਨੁਪਮਾ ਠਾਕੁਰ ਤੇ ਡੀ.ਪੀ. ਸੰਜੇ ਭਾਰਦਵਾਜ, ਰੇਣੂਕਾ ਠਾਕੁਰ, ਅਸ਼ਵਨੀ ਕੁਮਾਰ, ਅਸ਼ੋਕ ਕੁਮਾਰ ਤੇ ਰਮਨਦੀਪ ਕੌਰ ਹਾਜ਼ਰ ਸਨ।

ਸ੍ਰੀ ਸੁੰਦਰਕਾਂਡ ਦਾ ਪਵਿੱਤਰ ਪਾਠ ਪ੍ਰਾਚੀਨ ਸ੍ਰੀ ਰਾਮ ਮੰਦਰ ਵਿਖੇ ਕੀਤਾ

ਮੰਡੀ ਗੋਬਿੰਦਗੜ੍ਹ, 5 ਜੂਨ (ਰੂਪਲ ਸੂਦ): ਸ੍ਰੀ ਸੁੰਦਰਕਾਂਡ ਦਾ ਪਵਿੱਤਰ ਪਾਠ ਸਨਾਤਨ ਧਰਮ ਮਹਾਂਵੀਰ ਮੰਦਰ ਚੈਰੀਟੇਬਲ ਟਰੱਸਟ ਸ੍ਰੀ ਰਾਮ ਮੰਦਰ, ਜੀ.ਟੀ. ਰੋਡ ਵਿਖੇ ਧਾਰਮਿਕ ਸੰਗਠਨ ਸ੍ਰੀ ਸੁੰਦਰਕਾਂਡ ਸੇਵਾ ਮੰਡਲ ਵੱਲੋਂ ਸੁਰੇਸ਼ ਸਿੰਗਲਾ ਬਬਲੀ ਦੀ ਪ੍ਰਧਾਨਗੀ ਹੇਠ ਕੀਤਾ ਗਿਆ। ਮੰਦਰ ਦੇ ਪੁਜਾਰੀ ਪੰਡਤ

ਸੱਤਿਆ ਪ੍ਰਕਾਸ਼ ਨੇ ਮੁੱਖ ਮੇਜ਼ਬਾਨ ਪੂਜਾ ਸਿੰਗਲਾ, ਸ਼ਸ਼ੀ ਸਿੰਗਲਾ ਤੇ ਅੰਜਨੀ ਸਿੰਗਲਾ ਕੋਲੋਂ ਸ੍ਰੀ ਹਨੂੰਮਾਨ ਜੀ ਤੇ ਸ੍ਰੀ ਰਾਮਾਇਣ ਜੀ ਦੀ ਪੂਜਾ ਕਰਵਾਈ। ਇਸ ਮੌਕੇ ਸੰਕੀਰਤਨ ਕਰਦੇ ਹੋਏ ਮੰਡਲ ਦੇ ਸਰਪ੍ਰਸਤ ਅਰੁਣ ਸ਼ਰਮਾ, ਪ੍ਰਧਾਨ ਨਰਿੰਦਰ ਭਾਟੀਆ, ਓਮ ਸੈਨ ਤੇ ਰਾਜੂ ਪਾਂਡੇ ਨੇ ਸ੍ਰੀ ਹਨੂੰਮਾਨ ਚਾਲੀਸਾ ਉਪਰੰਤ ਸ੍ਰੀ ਸੁੰਦਰ ਕਾਂਡ ਪਾਠ ਸ਼ੁਰੂ ਕੀਤਾ। ਇਸ ਮੌਕੇ ਭੇਟਾਂ ਦਾ ਗੁਣਗਾਨ ਕੀਤਾ ਗਿਆ, ਜਿਸ ਵਿੱਚ 'ਦੁਨੀਆ ਮੈਂ ਤੇਰਾ ਹੈ ਵੱਡਾ ਨਾਮ', 'ਹਨੂੰਮਾਨ ਤੋਂ ਬਿਨਾਂ ਰਾਮ ਨਹੀਂ ਮਿਲੇਗਾ', ਤੇ 'ਸਾਰਾ ਕੰਮ ਸਿੰਦੂਰ ਚੜ੍ਹਾਉਣ' ਨਾਲ ਹੁੰਦਾ ਸ਼ਾਮਲ ਸਨ। ਆਰਤੀ ਅਰਦਾਸ ਉਪਰੰਤ ਹਾਜ਼ਰ ਸੰਗਤਾਂ ਨੂੰ ਫਲ ਤੇ ਲੱਡੂ ਪ੍ਰਸ਼ਾਦ ਵੰਡਿਆ ਗਿਆ। ਇਸ ਮੌਕੇ ਸ਼ਸ਼ੀ ਸਿੰਗਲਾ, ਆਸ਼ਾ ਸਿੰਗਲਾ, ਸੋਫੀਆ ਸਿੰਗਲਾ, ਅਭਿਜੀਤ ਸਿੰਗਲਾ, ਰੀਟਾ ਮੋਦੀ, ਮੀਨੂੰ ਗਰਗ, ਸੁਨੀਤਾ ਸ਼ਰਮਾ, ਰੇਣੂ ਚੰਨੀ, ਪਰਮਿੰਦਰ ਕੌਰ, ਲਤਾ ਸਵਰਨ, ਉਮਾ ਪੁਰੀ ਮੰਡਲ ਦੇ ਸਰਪ੍ਰਸਤ ਅਰੁਣ ਸ਼ਰਮਾ, ਪ੍ਰਧਾਨ ਨਰਿੰਦਰ ਭਾਟੀਆ, ਓਮ ਸੈਨ, ਸੰਜੇ ਗਰਗ, ਡਾ. ਕ੍ਰਿਸ਼ਨਾ ਭਾਰਦਵਾਜ, ਮਲਜੀਤ ਸਿੰਘ ਵਿੱਜ, ਮਲਜੀਤ ਸਿੰਘ ਵਿੱਕੀ, ਸੰਜੇ ਗਰਗ, ਡਾ. ਭਾਟੀਆ, ਅਨੀਤਾ ਦੇਵੀ, ਮੋਤੀ ਦੇਵੀ, ਗਾਇਤਰੀ ਦੇਵੀ ਤੇ ਸੁਨੀਤਾ ਦੇਵੀ ਹਾਜ਼ਰ ਸਨ।

ਜਰਨਲਿਸਟ ਯੂਨੀਅਨ ਨੇ ਪੱਤਰਕਾਰ ਰਤਨਦੀਪ ਧਾਲੀਵਾਲ ਦਾ ਮਾਮਲਾ ਡੀ.ਜੀ.ਪੀ. ਕੋਲ ਉਠਾਇਆ

ਬਠਿੰਡਾ , 5 ਜੂਨ (ਜਗਸੀਰ ਭੁੱਲਰ) : ਪੰਜਾਬ ਤੇ ਚੰਡੀਗੜ੍ਹ ਜਰਨਲਿਸਟ ਯੂਨੀਅਨ ਦੇ ਸੂਬਾਈ ਪ੍ਰਧਾਨ ਜੈ ਸਿੰਘ ਛਿੱਬਰ ਦੀ ਅਗਵਾਈ ਹੇਠ ਉੱਚ-ਪੱਧਰੀ ਵਫ਼ਦ ਸਪੈਸ਼ਲ ਡੀ.ਜੀ.ਪੀ (ਸ਼ਿਕਾਇਤਾਂ) ਏ.ਐਸ ਰਾਏ ਨੂੰ ਮਿਲਿਆ। ਇੰਡੀਅਨ ਜਰਨਲਿਸਟ ਯੂਨੀਅਨ ਦੇ ਕੌਮੀ ਪ੍ਰਧਾਨ ਬਲਵਿੰਦਰ ਸਿੰਘ ਜੰਮੂ, ਸੀਨੀਅਰ ਪੱਤਰਕਾਰ ਹਮੀਰ ਸਿੰਘ, ਜਗਤਾਰ ਸਿੰਘ ਭੁੱਲਰ, ਸਕੱਤਰ ਜਨਰਲ ਸੰਤੋਖ ਗਿੱਲ, ਦੀਪਕ ਸ਼ਰਮਾ ਚਨਾਰਥਲ, ਕੌਮੀ ਕੌਂਸਲ ਦੇ ਮੈਂਬਰ ਸੁਖਨੈਬ ਸਿੱਧੂ, ਬਖਤੌਰ ਢਿੱਲੋਂ, ਰਤਨਦੀਪ ਧਾਲੀਵਾਲ, ਮਨਿੰਦਰ ਸਿੰਘ ਸਿੱਧੂ ਅਤੇ ਜੱਸ ਗਰੇਵਾਲ ਵੀ ਵਫ਼ਦ ਵਿੱਚ ਸ਼ਾਮਲ ਸਨ। ਆਗੂਆਂ ਨੇ ਵੱਖ ਵੱਖ ਜ਼ਿਲ੍ਹਿਆਂ ਦੀ ਪੁਲੀਸ ਵੱਲੋਂ ਪੱਤਰਕਾਰ ਰਤਨਦੀਪ ਧਾਲੀਵਾਲ ਦੇ ਘਰ ਛਾਪੇਮਾਰੀ ਦਾ ਸਖ਼ਤ ਵਿਰੋਧ ਕਰਦਿਆਂ ਮੰਗ-ਪੱਤਰ ਵੀ ਸੌਂਪਿਆ। ਉਨ੍ਹਾਂ ਪੁਲੀਸ ਦੀ ਇਸ ਕਾਰਵਾਈ ਨੂੰ ਲੋਕਤੰਤਰ ਅਤੇ ਪ੍ਰੈੱਸ ਦੀ ਅਜ਼ਾਦੀ 'ਤੇ ਹਮਲਾ ਦੱਸਦਿਆਂ ਅਤੇ ਇਸ ਮਾਮਲੇ ਦੀ ਨਿਰਪੱਖ ਜਾਂਚ ਲਈ ਸੀਨੀਅਰ ਪੁਲੀਸ ਅਧਿਕਾਰੀ ਦੀ ਅਗਵਾਈ ਹੇਠ ਕਮੇਟੀ ਗਠਿਤ ਕਰਨ ਦੀ ਮੰਗ ਕੀਤੀ।ਯੂਨੀਅਨ ਨੇ ਜ਼ੋਰ ਦੇ ਕੇ ਕਿਹਾ ਕਿ ਆਪਣੀ ਡਿਊਟੀ ਨਿਭਾ ਰਹੇ ਕਿਸੇ ਵੀ ਪੱਤਰਕਾਰ ਨੂੰ ਪੁਲੀਸ ਵੱਲੋਂ ਬਿਨਾਂ ਵਜ੍ਹਾ ਤੰਗ-ਪ੍ਰੇਸ਼ਾਨ ਨਾ ਕੀਤਾ ਜਾਵੇ। ਜੇਕਰ ਕਿਸੇ ਪੱਤਰਕਾਰ ਵਿਰੁੱਧ ਕੋਈ ਸ਼ਿਕਾਇਤ ਮਿਲਦੀ ਹੈ, ਤਾਂ ਪਹਿਲਾਂ ਐੱਸ.ਪੀ ਰੈਂਕ ਦੇ ਅਧਿਕਾਰੀ ਤੋਂ ਨਿਰਪੱਖ ਜਾਂਚ ਕਰਵਾਈ ਜਾਵੇ। ਡੀ.ਜੀ.ਪੀ ਏ.ਐੱਸ. ਰਾਏ ਨੇ ਯੂਨੀਅਨ ਦੀਆਂ ਮੰਗਾਂ ਨੂੰ ਗੰਭੀਰਤਾ ਨਾਲ ਸੁਣਿਆ ਅਤੇ ਭਰੋਸਾ ਦਿਵਾਇਆ ਕਿ ਇਸ ਮਾਮਲੇ ਦੀ ਨਿਰਪੱਖ ਜਾਂਚ ਕੀਤੀ ਜਾਵੇਗੀ ਅਤੇ ਪੱਤਰਕਾਰਾਂ ਦੇ ਜਮਹੂਰੀ ਹੱਕਾਂ ਦੀ ਰਾਖੀ ਲਈ ਜ਼ਰੂਰੀ ਕਦਮ ਚੁੱਕੇ ਜਾਣਗੇ।

ਮੰਗਾਂ ਨਾ ਮੰਨਣ ਦੀ ਸੂਰਤ 'ਚ 9 ਜੂਨ ਨੂੰ ਤਲਵੰਡੀ ਸਾਬੋ 'ਚ ਰੋਸ ਮਾਰਚ ਕਰਨਗੇ ਸਿਹਤ ਮੁਲਾਜ਼ਮ

ਬਠਿੰਡਾ, 5 ਜੂਨ (ਦੀਪਕ ਸ਼ਰਮਾ) :ਜ਼ਿਲ੍ਹੇ ਦੇ ਇੱਕ ਹਸਪਤਾਲ ਦੇ ਐਸਐਮਓ ਖਿਲਾਫ਼ ਪਿਛਲੇ ਕਈ ਦਿਨਾਂ ਤੋਂ ਚੱਲ ਰਹੀ ਹੜਤਾਲ ਅਤੇ ਸਿਵਲ ਸਰਜਨ ਦਫ਼ਤਰ ਅੱਗੇ ਲੱਗਿਆ ਧਰਨਾ ਡਿਪਟੀ ਕਮਿਸ਼ਨਰ ਨਾਲ ਹੋਈ ਮੀਟਿੰਗ ਤੋਂ ਬਾਅਦ ਮੁਲਤਵੀ ਕਰ ਦਿੱਤਾ ਗਿਆ ਹੈ, ਜਿਸ ਨਾਲ ਹਸਪਤਾਲ ਆਉਣ ਵਾਲੇ ਮਰੀਜ਼ਾਂ ਨੂੰ ਵੱਡੀ ਰਾਹਤ ਮਿਲੇਗੀ। ਜ਼ਿਕਰਯੋਗ ਹੈ ਕਿ ਹੜਤਾਲ ਕਾਰਨ ਮਰੀਜ਼ਾਂ ਦੀ ਹਾਲਤ ਨੂੰ ਦੇਖਦਿਆਂ ਜ਼ਿਲ੍ਹਾ ਹਸਪਤਾਲ ਦੇ ਡਾਕਟਰਾਂ ਨੇ ਆਪਣੇ ਪੱਧਰ ਤੇ ਅੱਗੇ ਆ ਕੇ ਮਰੀਜ਼ਾਂ ਦੀ ਤਾਮੀਰਦਾਰੀ ਸ਼ੁਰੂ ਕੀਤੀ ਸੀ ਅਤੇ ਖੁਦ ਹੀ ਪਰਚੀਆਂ ਕੱਟਣ ਸਮੇਤ ਮਰੀਜ਼ ਚੈੱਕ ਕਰਨ ਦਾ ਕੰਮ ਵੀ ਸੰਭਾਲਿਆ ਸੀ। ਪਰ ਇਸ ਦਾ ਪਤਾ ਲੱਗਣ ਤੇ ਜਥੇਬੰਦੀ ਨੇ ਡਾਕਟਰਾਂ ਵੱਲੋਂ ਕੀਤਾ ਜਾ ਰਹੀ ਇਹ ਬਦਲਵੀਂ ਵਿਵਸਥਾ ਵੀ ਮੌਕੇ 'ਤੇ ਰੁਕਵਾ ਦਿੱਤੀ ਸੀ। ਹੁਣ ਡਿਪਟੀ ਕਮਿਸ਼ਨਰ ਵੱਲੋਂ ਮੁਲਾਜ਼ਮਾਂ ਦੀਆਂ ਬਦਲੀਆਂ ਰੱਦ ਕਰਨ ਅਤੇ ਨੌਕਰੀ ਤੋਂ ਫ਼ਾਰਗ ਕੀਤੇ ਮੁਲਾਜ਼ਮ ਨੂੰ ਬਹਾਲ ਕਰਵਾਉਣ ਦੇ ਦਿੱਤੇ ਭਰੋਸੇ ਤੋਂ ਬਾਅਦ ਇਹ ਸੰਘਰਸ਼ ਆਰਜ਼ੀ ਤੌਰ ਤੇ ਰੋਕਿਆ ਗਿਆ ਹੈ। ਜਥੇਬੰਦੀ ਨੇ ਚਿਤਾਵਨੀ ਦਿੱਤੀ ਹੈ ਕਿ ਜੇਕਰ 8 ਜੂਨ ਤੱਕ ਮੰਗਾਂ ਦਾ ਹੱਲ ਨਾ ਹੋਇਆ, ਤਾਂ 9 ਜੂਨ ਨੂੰ ਵਿਧਾਨ ਸਭਾ ਹਲਕਾ ਤਲਵੰਡੀ ਸਾਬੋ ਦੇ ਪਿੰਡਾਂ ਵਿੱਚ ਭਾਰੀ ਗਿਣਤੀ ਨਾਲ ਰੋਸ ਮਾਰਚ ਕੱਢਿਆ ਜਾਵੇਗਾ।ਵੇਰਵਿਆਂ ਅਨੁਸਾਰ ਐੱਸ.ਐੱਮ.ਓ ਵੱਲੋਂ ਪ੍ਰਸ਼ਾਸਨਿਕ ਪੱਧਰ ਤੇ ਮੁਲਾਜ਼ਮਾਂ ਨਾਲ ਕਥਿਤ ਧੱਕੇਸ਼ਾਹੀ, ਗ਼ਲਤ ਸ਼ਬਦਾਵਲੀ ਦੀ ਵਰਤੋਂ ਅਤੇ ਖਹਿਬਾਜ਼ੀ ਤਹਿਤ ਤਿੰਨ ਰੈਗੂਲਰ ਮੁਲਾਜ਼ਮਾਂ ਦੀਆਂ ਬਦਲੀਆਂ, ਦੋ ਆਊਟਸੋਰਸ ਮੁਲਾਜ਼ਮਾਂ ਦੀਆਂ ਬਦਲੀਆਂ ਅਤੇ ਇੱਕ ਆਊਟਸੋਰਸ ਮੁਲਾਜ਼ਮ ਨੂੰ ਨੌਕਰੀ ਤੋਂ ਫ਼ਾਰਗ ਕਰ ਦਿੱਤਾ ਗਿਆ ਸੀ। ਇਸ ਦੇ ਵਿਰੋਧ ਵਿੱਚ ਤਾਲਮੇਲ ਕਮੇਟੀ ਪੈਰਾਮੈਡੀਕਲ ਤੇ ਸਿਹਤ ਕਰਮਚਾਰੀ ਯੂਨੀਅਨ ਅਤੇ ਆਊਟਸੋਰਸ ਸਿਹਤ ਵਿਭਾਗ ਮੁਲਾਜ਼ਮ ਯੂਨੀਅਨ ਵੱਲੋਂ ਸਿਵਲ ਸਰਜਨ ਦਫ਼ਤਰ ਅੱਗੇ ਜ਼ਿਲ੍ਹਾ ਪੱਧਰੀ ਧਰਨਾ ਦਿੱਤਾ ਜਾ ਰਿਹਾ ਸੀ। ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਆਗੂਆਂ ਨਾਲ ਮੀਟਿੰਗ ਕਰਕੇ ਵਿਸ਼ਵਾਸ ਦਿਵਾਇਆ ਕਿ ਬਦਲੀਆਂ ਜਲਦ ਰੱਦ ਕੀਤੀਆਂ ਜਾਣਗੀਆਂ ਅਤੇ ਫ਼ਾਰਗ ਮੁਲਾਜ਼ਮ ਨੂੰ ਬਿਨਾਂ ਕਿਸੇ ਬਰੇਕ ਬਹਾਲ ਕੀਤਾ ਜਾਵੇਗਾ। ਇਸ ਤੋਂ ਬਾਅਦ ਭਰਾਤਰੀ ਕਿਸਾਨ ਅਤੇ ਮੁਲਾਜ਼ਮ ਜਥੇਬੰਦੀਆਂ ਨਾਲ ਕੀਤੀ ਬੈਠਕ ਵਿੱਚ ਫ਼ੈਸਲਾ ਲਿਆ ਗਿਆ ਕਿ ਜੇਕਰ 8 ਜੂਨ ਤੱਕ ਇਹ ਵਾਅਦਾ ਵਫ਼ਾ ਨਾ ਹੋਇਆ, ਤਾਂ 9 ਜੂਨ ਨੂੰ ਹਲਕੇ ਦੇ ਪਿੰਡਾਂ ਵਿੱਚ ਐੱਸ.ਐੱਮ.ਓ ਦੀ ਧੱਕੇਸ਼ਾਹੀ ਅਤੇ ਉੱਥੋਂ ਦੀ ਵਿਧਾਇਕਾ ਵੱਲੋਂ ਕਥਿਤ ਤੌਰ ਤੇ ਅਧਿਕਾਰੀ ਨੂੰ ਦਿੱਤੀ ਜਾ ਰਹੀ ਸ਼ਹਿ ਦੇ ਵਿਰੋਧ ਵਿੱਚ ਰੋਸ ਮਾਰਚ ਕੱਢ ਕੇ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ, ਕਿਉਂਕਿ ਰਾਜਨੀਤਿਕ ਧਿਰਾਂ ਮੁਲਜ਼ਮ ਅਧਿਕਾਰੀ ਨੂੰ ਬਚਾਉਣ ਦੀ ਕੋਸ਼ਿਸ਼ ਕਰ ਰਹੀਆਂ ਹਨ। ਮੀਟਿੰਗ ਵਿੱਚ ਕਿਸਾਨ ਅਤੇ ਮੁਲਾਜ਼ਮ ਜਥੇਬੰਦੀਆਂ ਦੇ ਪ੍ਰਮੁੱਖ ਆਗੂ ਹਾਜ਼ਰ ਸਨ।

ਨਾਜਾਇਜ਼ ਕਬਜ਼ੇ ਹਟਾਉਣ ਗਈ ਨਗਰ ਨਿਗਮ ਦੀ ਟੀਮ ਅਤੇ ਦੁਕਾਨਦਾਰਾਂ ਵਿਚਾਲੇ ਤਲਖੀ

ਬਠਿੰਡਾ, 5 ਜੂਨ (ਦੀਪਕ ਸ਼ਰਮਾ) : ਸ਼ਹਿਰ ਦੇ ਸਭ ਤੋਂ ਵਿਅਸਤ ਅਤੇ ਵਪਾਰਕ ਖੇਤਰ ਧੋਬੀ ਬਾਜ਼ਾਰ ਵਿੱਚ ਪੈਂਦੀ ਮਿੱਠੂ ਮਲ ਸਟ੍ਰੀਟ ਅੰਦਰ ਵੀਰਵਾਰ ਨੂੰ ਨਾਜਾਇਜ਼ ਕਬਜ਼ੇ ਹਟਾਉਣ ਗਈ ਨਗਰ ਨਿਗਮ ਦੀ ਟੀਮ ਅਤੇ ਸਥਾਨਕ ਦੁਕਾਨਦਾਰਾਂ ਵਿਚਾਲੇ ਜ਼ਬਰਦਸਤ ਟਕਰਾਅ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਦੇਖਦੇ ਹੀ ਦੇਖਦੇ ਇਹ ਵਿਵਾਦ ਇੰਨਾ ਜ਼ਿਆਦਾ ਵਧ ਗਿਆ ਕਿ ਦੋਵਾਂ ਧਿਰਾਂ ਵਿਚਾਲੇ ਨਾ ਸਿਰਫ਼ ਤਿੱਖੀ ਬਹਿਸਬਾਜ਼ੀ ਹੋਈ, ਬਲਕਿ ਆਪਸ ਵਿੱਚ ਹੱਥੋਪਾਈ ਅਤੇ ਕੁੱਟਮਾਰ ਹੋਣ ਦੇ ਗੰਭੀਰ ਦੋਸ਼ ਵੀ ਲਗਾਏ ਗਏ ਹਨ।ਮੌਕੇ ਤੋਂ ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਬਾਜ਼ਾਰ ਦੇ ਕੁਝ ਦੁਕਾਨਦਾਰਾਂ ਨੇ ਆਪਣੀਆਂ ਦੁਕਾਨਾਂ ਦੇ ਬਾਹਰ ਸੜਕ ਤੇ ਸਾਮਾਨ ਸਜਾ ਕੇ ਜਨਤਕ ਥਾਂ ਤੇ ਸ਼ਰੇਆਮ ਨਾਜਾਇਜ਼ ਕਬਜ਼ਾ ਕੀਤਾ ਹੋਇਆ ਸੀ, ਜਿਸ ਕਾਰਨ ਲੰਘਣ ਵਾਲੇ ਰਾਹਗੀਰਾਂ ਨੂੰ ਭਾਰੀ ਦਿੱਕਤ ਹੁੰਦੀ ਸੀ। ਨਗਰ ਨਿਗਮ ਦੀ ਤਹਿਬਾਜ਼ਾਰੀ ਸ਼ਾਖਾ ਦੀ ਟੀਮ ਪਿਛਲੇ ਕਈ ਦਿਨਾਂ ਤੋਂ ਇਨ੍ਹਾਂ ਦੁਕਾਨਦਾਰਾਂ ਨੂੰ ਬਾਹਰ ਪਿਆ ਸਾਮਾਨ ਅੰਦਰ ਕਰਨ ਲਈ ਲਗਾਤਾਰ ਚੇਤਾਵਨੀਆਂ ਦੇ ਰਹੀ ਸੀ। ਦੱਸਿਆ ਜਾ ਰਿਹਾ ਹੈ ਕਿ ਵੀਰਵਾਰ ਨੂੰ ਜਦੋਂ ਨਿਗਮ ਦੇ ਮੁਲਾਜ਼ਮਾਂ ਨੇ ਮੌਕੇ 'ਤੇ ਪਹੁੰਚ ਕੇ ਇੱਕ ਦੁਕਾਨਦਾਰ ਨੂੰ ਮੁੜ ਤੋਂ ਆਪਣਾ ਸਾਮਾਨ ਹਟਾਉਣ ਲਈ ਆਖਿਆ, ਤਾਂ ਦੋਵਾਂ ਧਿਰਾਂ ਵਿਚਾਲੇ ਤਕਰਾਰ ਸ਼ੁਰੂ ਹੋ ਗਈ।ਮੀਡੀਆ ਨਾਲ ਗੱਲਬਾਤ ਕਰਦਿਆਂ ਇੰਸਪੈਕਟਰ ਸਾਹਿਲ ਨੇ ਸਪੱਸ਼ਟ ਸ਼ਬਦਾਂ ਵਿੱਚ ਆਖਿਆ ਕਿ ਨਗਰ ਨਿਗਮ ਦੇ ਕਰਮਚਾਰੀ ਸਿਰਫ਼ ਆਪਣੀ ਸਰਕਾਰੀ ਡਿਊਟੀ ਨਿਭਾ ਰਹੇ ਹਨ ਅਤੇ ਸ਼ਹਿਰ ਦੀ ਆਵਾਜਾਈ ਨੂੰ ਸੁਚਾਰੂ ਬਣਾਉਣ ਲਈ ਕੰਮ ਕਰ ਰਹੇ ਹਨ। ਉਨ੍ਹਾਂ ਸਖ਼ਤ ਲਹਿਜੇ ਵਿੱਚ ਚੇਤਾਵਨੀ ਦਿੱਤੀ ਕਿ ਜੇਕਰ ਕੋਈ ਵੀ ਵਿਅਕਤੀ ਨਿਗਮ ਦੇ ਮੁਲਾਜ਼ਮਾਂ ਤੇ ਹੱਥ ਚੁੱਕਣ ਦੀ ਹਿੰਮਤ ਕਰੇਗਾ ਜਾਂ ਉਨ੍ਹਾਂ ਨੂੰ ਸਰਕਾਰੀ ਕੰਮ ਵਿੱਚ ਰੁਕਾਵਟ ਪਾ ਕੇ ਨੁਕਸਾਨ ਪਹੁੰਚਾਉਣ ਦੀ ਕੋਸ਼ਿਸ਼ ਕਰੇਗਾ, ਤਾਂ ਉਸ ਖ਼ਿਲਾਫ਼ ਕਾਨੂੰਨ ਮੁਤਾਬਕ ਸਖ਼ਤ ਤੋਂ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।ਦੂਜੇ ਪਾਸੇ, ਪੀੜਤ ਦੁਕਾਨਦਾਰ ਨੇ ਨਿਗਮ ਦੇ ਅਮਲੇ ਤੇ ਉਲਟਾ ਦੋਸ਼ ਲਗਾ ਉਂਦਿਆਂ ਆਖਿਆ ਕਿ ਨਗਰ ਨਿਗਮ ਦੇ ਇੱਕ ਕਰਮਚਾਰੀ ਨੇ ਬਿਨਾਂ ਕਿਸੇ ਵਜ੍ਹਾ ਉਸ ਨਾਲ ਬਦਸਲੂਕੀ ਕੀਤੀ ਅਤੇ ਹੱਥੋਪਾਈ ਕਰਕੇ ਉਸ ਨੂੰ ਸੱਟਾਂ ਮਾਰੀਆਂ।

ਐਸ.ਐਸ.ਪੀ.ਵੱਲੋਂ ਜ਼ਿਲ੍ਹੇ ਦੇ ਦੁਕਾਨਦਾਰਾਂ ਤੇ ਕਾਰੋਬਾਰੀਆਂ ਨਾਲ ਮੀਟਿੰਗ

ਮੀਟਿੰਗ ਵਿੱਚ ਮੌਜੂਦ ਵਿਅਕਤੀਆ ਵੱਲੋ ਨਸ਼ਾ ਵਿਰੋਧੀ ਮੁਹਿੰਮ ਵਿਚ ਹਰ ਸੰਭਵ ਸਹਿਯੋਗ ਦਾ ਭਰੋਸਾ

ਫਰੀਦਕੋਟ, 5 ਜੂਨ (ਅਵਤਾਰ ਸਿੰਘ ਮੱਲਾ) : ਸ਼੍ਰੀ ਗੁਰਬੰਸ ਸਿੰਘ ਬੈਂਸ, ਐਸ.ਐਸ.ਪੀ ਫਰੀਦਕੋਟ ਵੱਲੋਂ ਅੱਜ ਜ਼ਿਲ੍ਹਾ ਫਰੀਦਕੋਟ ਦੇ ਆੜਤੀਆਂ, ਕਾਰੋਬਾਰੀਆਂ, ਦੁਕਾਨਦਾਰਾਂ ਅਤੇ ਵੱਖ-ਵੱਖ ਐਨ.ਜੀ.ਓਜ਼ ਦੇ ਮੁਖੀਆਂ ਅਤੇ ਹੋਰ ਮੋਹਤਬਾਰ ਵਿਅਕਤੀਆਂ ਨਾਲ ਇੱਕ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਪੁਲਿਸ ਵਿਭਾਗ ਦੀ ਕਾਰਗੁਜ਼ਾਰੀ ਅਤੇ ਵੱਖ-ਵੱਖ ਲੋਕ-ਭਲਾਈ ਪਹਿਲਕਦਮੀਆਂ ਸਬੰਧੀ ਵਿਸਥਾਰਪੂਰਵਕ ਚਰਚਾ ਕੀਤੀ ਗਈ। ਇਸ ਮੌਕੇ ਉਹਨਾ ਨਾਲ ਤਰਲੋਚਨ ਸਿੰਘ ਡੀ.ਐਸ.ਪੀ (ਸਬ-ਡਵੀਜਨ) ਫਰੀਦਕੋਟ ਵੀ ਮੌਜੂਦ ਰਹੇ। ਮੀਟਿੰਗ ਦੌਰਾਨ ਐਸ.ਐਸ.ਪੀ, ਫਰੀਦਕੋਟ ਗੁਰਬੰਸ ਸਿੰਘ ਬੈਂਸ ਵੱਲੋਂ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਨਸ਼ਾ ਵਿਰੋਧੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਲੋਕਾਂ ਤੋਂ ਵੱਧ ਤੋਂ ਵੱਧ ਸਹਿਯੋਗ ਦੀ ਮੰਗ ਕੀਤੀ। ਉਨ੍ਹਾਂ ਨੇ ਹਾਜ਼ਰ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਉਹ ਪੁਲਿਸ ਪ੍ਰਸ਼ਾਸਨ, ਵੀ.ਡੀ.ਸੀ. ਅਤੇ ਡਬਲਯੂ.ਡੀ.ਸੀ. ਮੈਂਬਰਾਂ ਦੇ ਸਹਿਯੋਗ ਨਾਲ ਨਸ਼ਿਆਂ ਦੀ ਲਤ ਤੋਂ ਪ੍ਰਭਾਵਿਤ ਵੱਧ ਤੋਂ ਵੱਧ ਨੌਜਵਾਨਾਂ ਨੂੰ ਨਸ਼ਾ ਛੁਡਾਊ ਕੇਂਦਰਾਂ ਅਤੇ ਓ.ਏ.ਟੀ. ਸੈਂਟਰਾਂ ਵਿੱਚ ਦਾਖ਼ਲ ਕਰਵਾਉਣ ਲਈ ਪ੍ਰੇਰਿਤ ਕਰਨ ਅਤੇ ਉਨ੍ਹਾਂ ਦੀ ਹਰ ਸੰਭਵ ਮਦਦ ਕਰਨ। ਇਸ ਦੇ ਨਾਲ ਹੀ ਉਹਨਾ ਸਪੱਸ਼ਟ ਕੀਤਾ ਕਿ ਫਰੀਦਕੋਟ ਪੁਲਿਸ ਪਬਲਿਕ ਦੇ ਸਹਿਯੋਗ ਨਾਲ ਨਸ਼ਿਆਂ, ਅਪਰਾਧ ਅਤੇ ਸਮਾਜ ਵਿਰੋਧੀ ਅਨਸਰਾਂ ਖ਼ਿਲਾਫ਼ ਆਪਣੀ ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਜਾਰੀ ਰੱਖੇਗੀ। ਇਸ ਮੀਟਿੰਗ ਵਿੱਚ ਸ਼੍ਰੀ ਰਾਜਨ ਠਾਕੁਰ (ਪ੍ਰਧਾਨ, ਵਪਾਰ ਮੰਡਲ, ਫਰੀਦਕੋਟ ਅਤੇ ਪ੍ਰਧਾਨ ਸਵਰਨਕਾਰ ਯੂਨੀਅਨ, ਫਰੀਦਕੋਟ), ਉੱਘੇ ਸਮਾਜਸੇਵੀ ਸ਼੍ਰੀ ਪ੍ਰਵੀਨ ਕਾਲਾ, ਸ਼੍ਰੀ ਲੱਕੀ ਕਟਾਰੀਆ (ਸਪ੍ਰਸਤ ਆਪਣਾ ਘਰ ਆਪਣਾ ਆਸ਼ਰਮ), ਸ਼੍ਰੀ ਰਿਸ਼ਭ ਜੈਨ (ਪ੍ਰਧਾਨ ਐਸ.ਐਸ. ਜੈਨ ਸਭਾ, ਫਰੀਦਕੋਟ), ਸੰਤਵਿੰਦਰ ਸਿੰਘ (ਸਲਾਹਕਾਰ, ਵਪਾਰ ਮੰਡਲ), ਸਮਾਜਸੇਵੀ ਰਾਜੂ ਜੈਨ, ਸ਼੍ਰੀ ਪ੍ਰਦੀਪ ਕੁਮਾਰ (ਪੀ.ਆਰ.ਓ ਵਪਾਰ ਮੰਡਲ) ਸਮੇਤ ਸਹਾਰਾ ਕਲੱਬ ਸਮੇਤ ਵੱਡੀ ਗਿਣਤੀ ਵਿੱਚ ਵਪਾਰੀ ਵਰਗ ਨੇ ਭਾਗ ਲਿਆ।

ਐਡਵੋਕੇਟ ਚੰਦਨ ਗੁਪਤਾ ਦੀ ਅਗਵਾਈ ਹੇਠ ਪੌਦੇ ਲਗਾਏ

ਬੁਢਲਾਡਾ, 5 ਜੂਨ (ਦਵਿੰਦਰ ਸਿੰਘ ਕੋਹਲੀ, ਜੀਵਨ ਕੁਮਾਰ) : ਵਿਸ਼ਵ ਵਾਤਾਵਰਨ ਦਿਵਸ ਦੇ ਮੌਕੇ ਤੇ ਐਡਵੋਕੇਟ ਚੰਦਨ ਗੁਪਤਾ ਦੀ ਅਗਵਾਈ ਹੇਠ ਸ਼ਹਿਰ ਦੀਆਂ ਵੱਖ-ਵੱਖ ਥਾਵਾਂ ਤੇ ਪੌਧਾਰੋਪਣ ਕੀਤਾ ਗਿਆ ਅਤੇ ਲੋਕਾਂ ਨੂੰ ਵਾਤਾਵਰਨ ਦੀ ਸੰਭਾਲ ਲਈ ਪ੍ਰੇਰਿਤ ਕੀਤਾ ਗਿਆ।ਇਸ ਮੁਹਿੰਮ ਦੀ ਸ਼ੁਰੂਆਤ ਜੀ.ਆਈ.ਐਮ.ਟੀ. ਕਾਲਜ ਤੋਂ ਕੀਤੀ ਗਈ, ਜਿੱਥੇ ਕਾਲਜ ਦੇ ਚੇਅਰਮੈਨ ਡਾ. ਨਵੀਨ ਸਿੰਗਲਾ ਦੀ ਅਗਵਾਈ ਹੇਠ ਵੱਖ-ਵੱਖ ਕਿਸਮਾਂ ਦੇ ਪੌਦੇ ਲਗਾਏ ਗਏ। ਇਸ ਮੌਕੇ ਪੱਤਰਕਾਰ ਅਮਿਤ ਜਿੰਦਲ ਨੇ ਕਿਹਾ ਕਿ ਵਾਤਾਵਰਨ ਦੀ ਰੱਖਿਆ ਅੱਜ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ ਅਤੇ ਹਰ ਵਿਅਕਤੀ ਨੂੰ ਘੱਟੋ-ਘੱਟ ਇੱਕ ਪੌਦਾ ਜ਼ਰੂਰ ਲਗਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਰੁੱਖ-ਬੂਟੇ ਹੀ ਸਾਨੂੰ ਸ਼ੁੱਧ ਹਵਾ, ਸਾਫ਼ ਵਾਤਾਵਰਨ ਅਤੇ ਸਿਹਤਮੰਦ ਜੀਵਨ ਪ੍ਰਦਾਨ ਕਰਦੇ ਹਨ।ਸਮਾਗਮ ਦੌਰਾਨ ਵਾਤਾਵਰਨ ਪ੍ਰੇਮੀਆਂ ਅਤੇ ਸਮਾਜ ਸੇਵੀਆਂ ਨੇ ਵੀ ਵਿਸ਼ੇਸ਼ ਤੌਰ ਤੇ ਹਿੱਸਾ ਲਿਆ। ਵਦੀਆਂਸ਼ੀ ਵੱਲੋਂ ਵੀ ਪੌਦੇ ਲਗਾਉਣ ਅਤੇ ਵਾਤਾਵਰਨ ਸੰਭਾਲ ਸੰਬੰਧੀ ਜਾਗਰੂਕਤਾ ਫੈਲਾਉਣ ਵਿੱਚ ਵਿਸ਼ੇਸ਼ ਭੂਮਿਕਾ ਨਿਭਾਈ ਗਈ। ਜੀ.ਆਈ.ਐਮ.ਟੀ. ਕਾਲਜ ਕੈਂਪਸ ਵਿੱਚ ਪੌਦੇ ਲਗਾਏ ਗਏ ।ਡਾ. ਨਵੀਨ ਸਿੰਗਲਾ ਦੀ ਸਮਾਜਿਕ ਅਤੇ ਸਿੱਖਿਆਕ ਖੇਤਰ ਵਿੱਚ ਨਿਭਾਈ ਜਾ ਰਹੀ ਭੂਮਿਕਾ ਦੀ ਵੀ ਸ਼ਲਾਘਾ ਕੀਤੀ ਗਈ।

ਸਿਵਲ ਸਰਜਨ ਵੱਲੋਂ ਬਲੱਡ ਬੈਂਕ ਦੀ ਅਚਨਚੇਤ ਚੈਕਿੰਗ ਦੌਰਾਨ ਪ੍ਰਬੰਧਾਂ ਦਾ ਲਿਆ ਜਾਇਜ਼ਾ

ਬਠਿੰਡਾ, 5 ਜੂਨ (ਦੀਪਕ ਸ਼ਰਮਾ) :ਸਥਾਨਕ ਸਿਵਲ ਹਸਪਤਾਲ ਵਿੱਚ ਬਣੇ ਬਲੱਡ ਬੈਂਕ ਦੀਆਂ ਸਿਹਤ ਸੇਵਾਵਾਂ ਅਤੇ ਸੁਰੱਖਿਆ ਪ੍ਰਬੰਧਾਂ ਨੂੰ ਹੋਰ ਮਜ਼ਬੂਤ ਕਰਨ ਦੇ ਮਕਸਦ ਨਾਲ ਸਿਵਲ ਸਰਜਨ ਬਠਿੰਡਾ ਨੇ ਅੱਜ ਉੱਥੋਂ ਦਾ ਅਚਨਚੇਤ ਦੌਰਾ ਕੀਤਾ। ਇਸ ਚੈਕਿੰਗ ਦੌਰਾਨ ਉਨ੍ਹਾਂ ਨੇ ਹਸਪਤਾਲ ਆਉਣ ਵਾਲੇ ਮਰੀਜ਼ਾਂ ਨੂੰ ਮਿਲ ਰਹੀਆਂ ਸਹੂਲਤਾਂ, ਖ਼ੂਨ ਦੀ ਮੌਜੂਦਗੀ, ਭੰਡਾਰਨ ਦੇ ਪ੍ਰਬੰਧਾਂ, ਸਾਫ਼-ਸਫ਼ਾਈ ਅਤੇ ਦਫ਼ਤਰੀ ਰਿਕਾਰਡ ਦੀ ਬਾਰੀਕੀ ਨਾਲ ਜਾਂਚ ਕੀਤੀ। ਸਿਵਲ ਸਰਜਨ ਡਾ. ਤਪਿੰਦਰਜੋਤ ਨੇ ਮੌਕੇ 'ਤੇ ਹਾਜ਼ਰ ਬਲੱਡ ਬੈਂਕ ਦੇ ਸਮੂਹ ਸਟਾਫ਼ ਅਤੇ ਕਰਮਚਾਰੀਆਂ ਨੂੰ ਸਖ਼ਤ ਹਦਾਇਤਾਂ ਜਾਰੀ ਕਰਦਿਆਂ ਆਖਿਆ ਕਿ ਖ਼ੂਨ ਦੀ ਲੋੜ ਵਾਲੇ ਕਿਸੇ ਵੀ ਮਰੀਜ਼ ਜਾਂ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਸਮੇਂ ਸਿਰ ਸੇਵਾਵਾਂ ਮਿਲਣੀਆਂ ਚਾਹੀਦੀਆਂ ਹਨ ਅਤੇ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਖੱਜਲ-ਖੁਆਰੀ ਜਾਂ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।ਇਸ ਮੌਕੇ ਤੇ ਮੌਜੂਦ ਬਲੱਡ ਬੈਂਕ ਇੰਚਾਰਜ ਡਾ. ਰੀਤਿਕਾ ਅਤੇ ਡਾ. ਗੁੰਜਨ ਨੇ ਸਿਵਲ ਸਰਜਨ ਨੂੰ ਬਲੱਡ ਬੈਂਕ ਵੱਲੋਂ ਚਲਾਈਆਂ ਜਾ ਰਹੀਆਂ ਰੋਜ਼ਾਨਾ ਦੀਆਂ ਗਤੀਵਿਧੀਆਂ ਅਤੇ ਮੌਜੂਦਾ ਸਮੇਂ ਉਪਲੱਬਧ ਖ਼ੂਨ ਦੇ ਸਟਾਕ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ।

ਡੀ.ਏ.ਵੀ. ਸਕੂਲ ਵੱਲੋਂ ਵਿਸ਼ਵ ਵਾਤਾਵਰਨ ਦਿਵਸ ਮਨਾਇਆ ਗਿਆ

ਬਰੇਟਾ, 5 ਜੂਨ (ਵਿਨੋਦ ਸਿੰਗਲਾ , ਨਰਿੰਦਰ ਬਾਂਸਲ) : ਨੇੜਲੇ ਪਿੰਡ ਅਕਬਰਪੁਰ ਖੁਡਾਲ ਡੀ. ਏ. ਵੀ. ਸਕੂਲ ਵੱਲੋਂ ਵਿਸ਼ਵ ਵਾਤਾਵਰਨ ਦਿਵਸ ਮੌਕੇ ਨੁੱਕੜ ਨਾਟਕ ਪੇਸ਼ ਕੀਤਾ ਗਿਆ ਇਸ ਮੌਕੇ ਤੇ ਸਕੂਲ ਦੇ ਪ੍ਰਿੰਸੀਪਲ ਸੁਖਪਾਲ ਕੌਰ ਨੇ ਸੰਬੋਧਨ ਕਰਦਿਆਂ ਦੱਸਿਆ ਹੈ ਕਿ ਵਿਸ਼ਵ ਵਾਤਾਵਰਨ ਦਿਵਸ ਦੇ ਮੌਕੇ 'ਤੇ ਡੀ.ਏ.ਵੀ. ਪਬਲਿਕ ਸਕੂਲ ਅਕਬਰਪੁਰ ਖੁਡਾਲ ਦੇ ਵਿਦਿਆਰਥੀਆਂ ਵੱਲੋਂ ਪਿੰਡ ਦੇ ਪੰਚਾਇਤ ਘਰ ਵਿੱਚ ਇੱਕ ਪ੍ਰਭਾਵਸ਼ਾਲੀ ਨੁੱਕੜ ਨਾਟਕ ਪੇਸ਼ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਪਿੰਡ ਦੀ ਪੰਚਾਇਤ, ਪਤਵੰਤੇ ਵਿਅਕਤੀਆਂ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਸ਼ਮੂਲੀਅਤ ਕੀਤੀ।ਨੁੱਕੜ ਨਾਟਕ ਰਾਹੀਂ ਵਿਦਿਆਰਥੀਆਂ ਨੇ ਵਾਤਾਵਰਣ ਪ੍ਰਦੂਸ਼ਣ, ਪਲਾਸਟਿਕ ਦੀ ਵੱਧ ਰਹੀ ਵਰਤੋਂ, ਰੁੱਖਾਂ ਦੀ ਕਟਾਈ ਅਤੇ ਪਾਣੀ ਦੀ ਬਰਬਾਦੀ ਵਰਗੀਆਂ ਸਮੱਸਿਆਵਾਂ ਨੂੰ ਉਜਾਗਰ ਕੀਤਾ। ਇਸ ਦੇ ਨਾਲ ਹੀ ਲੋਕਾਂ ਨੂੰ ਵੱਧ ਤੋਂ ਵੱਧ ਰੁੱਖ ਲਗਾਉਣ, ਸਫ਼ਾਈ ਬਣਾਈ ਰੱਖਣ ਅਤੇ ਕੁਦਰਤੀ ਸਰੋਤਾਂ ਦੀ ਸੰਭਾਲ ਕਰਨ ਲਈ ਪ੍ਰੇਰਿਤ ਕੀਤਾ ਗਿਆ। ਪੰਚਾਇਤ ਅਤੇ ਪਿੰਡ ਦੇ ਲੋਕਾਂ ਵੱਲੋਂ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਵਾਤਾਵਰਨ ਦੀ ਸੁਰੱਖਿਆ ਲਈ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਪਿੰਡ ਦੇ ਲੋਕਾਂ ਨੇ ਵੀ ਵਾਤਾਵਰਣ ਨੂੰ ਸਾਫ਼-ਸੁਥਰਾ ਅਤੇ ਹਰਿਆ-ਭਰਿਆ ਬਣਾਉਣ ਲਈ ਆਪਣਾ ਯੋਗਦਾਨ ਪਾਉਣ ਦਾ ਸੰਕਲਪ ਲਿਆ।ਇਹ ਪ੍ਰੋਗਰਾਮ ਲੋਕਾਂ ਵਿੱਚ ਵਾਤਾਵਰਣ ਪ੍ਰਤੀ ਜਾਗਰੂਕਤਾ ਫੈਲਾਉਣ ਵਿੱਚ ਸਫ਼ਲ ਰਿਹਾ ਅਤੇ ਪੰਚਾਇਤ ਘਰ ਵਿੱਚ ਰੁੱਖ ਲਗਾ ਕੇ ਸਭ ਨੂੰ ਕੁਦਰਤ ਦੀ ਸੰਭਾਲ ਦਾ ਮਹੱਤਵਪੂਰਨ ਸੰਦੇਸ਼ ਦੇ ਗਿਆ।

ਜੇਜੀ ਕਾਲਜ ਵਿਖੇ ਵਾਤਾਵਰਨ ਦਿਵਸ ਮਨਾਇਆ

ਲਹਿਰਾਗਾਗਾ, 5 ਜੂਨ (ਗੁਰਦੀਪ ਸਿੰਘ) : ਬਾਬਾ ਨਾਨਕ ਐਜੂਕੇਸ਼ਨਲ ਸੋਸਾਇਟੀ ਦੇ ਚੇਅਰਮੈਨ ਇੰਦਰਜੀਤ ਸਿੰਘ ਜੇਜੀ ਅਤੇ ਹਰਮਨ ਜੇਜੀ ਜੀ ਵੱਲੋਂ ਚਲਾਏ ਜਾ ਰਹੇ ਜਸਮੇਰ ਸਿੰਘ ਜੇਜੀ ਕਾਲਜ ਗੁਰਨੇ ਕਲਾਂ ਵੱਲੋਂ ਕਾਲਜ ਵਿਖੇ ਪੇੜ ਪੌਦੇ ਲਗਾ ਕੇ ਵਾਤਾਵਰਨ ਦਿਵਸ ਮਨਾਇਆ ਗਿਆ।ਇਸ ਮੌਕੇ ਕਾਲਜ ਪ੍ਰਿੰਸੀਪਲ ਪ੍ਰੋ.ਅਮਨਦੀਪ ਸਿੰਘ ਨੇ ਦੱਸਿਆ ਕਿ ਅੱਜ ਦੇ ਸਮੇਂ ਰੁੱਖਾਂ ਦੇ ਅੰਨੇ ਵਾਹ ਕਟਾਈ ਕਾਰਨ ਗਰਮੀ ਦਾ ਪ੍ਰਭਾਵ ਦਿਨੋ ਦਿਨ ਵੱਧ ਰਿਹਾ ਹੈ ਜਿਸਦਾ ਮੁੱਖ ਕਾਰਨ ਰੁੱਖਾਂ ਦੀ ਅੰਨੇਵਾਹ ਕਟਾਈ ਦੇ ਨਾਲ ਨਾਲ ਦੇਸ਼ ਵਾਸੀਆਂ ਦਾ ਨਵੇਂ ਰੁੱਖ ਲਗਾਉਣ ਵੱਲ ਕੋਈ ਧਿਆਨ ਨਾਂ ਦੇਣਾ ਵੀ ਹੈ, ਜਦੋਂ ਕਿ ਹਰ ਨਾਗਰਿਕ ਨੂੰ ਘਟੋ ਘੱਟ ਦਸ ਬੂਟੇ ਲਗਾ ਕੇ ਉਨਾਂ ਸਹੀ ਸੇਵਾ ਸੰਭਾਲ ਕਰਨੀ ਚਾਹੀਦੀ ਹੈ, ਤਾਂ ਕਿ ਸਾਡਾ ਵਾਤਾਵਰਨ ਸਾਫ ਸੁਥਰਾ ਬਣ ਸਕੇ ,ਪਰ ਰੁੱਖ ਲਗਾਉਣ ਵਾਲੇ ਪਾਸੇ ਸਾਡੇ ਲੋਕਾਂ ਦਾ ਖਿਆਲ ਜਾਂਦਾ ਨਹੀਂ, ਜਿਸ ਕਰਕੇ ਦਿਨ ਪ੍ਰਤੀ ਦਿਨ ਤਾਪਮਾਨ ਚ ਵਾਧਾ ਹੋ ਰਿਹਾ ਹੈ।ਕਾਲਜ ਦੇ ਮੁੱਖ ਸਲਾਹਕਾਰ ਪ੍ਰੋ.ਹਰਦੀਪ ਸਿੰਘ ਨੇ ਕਿਹਾ ਕਿ ਰੁੱਖ ਹੀ ਸਾਡਾ ਜੀਵਨ ਹਨ ਇਹਨਾਂ ਤੋਂ ਬਿਨਾਂ ਸਾਡਾ ਜੀਵਨ ਸੰਭਵ ਨਹੀਂ,ਕਿਉਂਕਿ ਸਾਨੂੰ ਸਾਹ ਲੈਣ ਲਈ ਆਕਸੀਜਨ ਦੀ ਅਤਿ ਜ਼ਰੂਰਤ ਹੈ,ਜਦੋਂ ਕਿ ਜਦੋਂ ਕਿ ਰੁੱਖ ਆਕਸੀਜਨ ਦਾ ਇੱਕ ਵਧੀਆ ਸਰੋਤ ਹਨ, ਕਾਲਜ ਸੁਪਰਡੈਂਟ ਜਸਵਿੰਦਰ ਸਿੰਘ ਨੇ ਕਿਹਾ ਕਿ ਸਾਨੂੰ ਸਭਨਾਂ ਨੂੰ ਪਾਣੀ ਅਤੇ ਰੁੱਖਾਂ ਸੰਭਾਲ ਦੀ ਸੰਭਾਲ ਕਰਨੀ ਚਾਹੀਦੀ ਹੈ,ਕਿਉਂਕਿ ਸਾਡਾ ਜੀਵਨ ਇਹਨਾਂ ਨਾਲ ਹੀ ਹੈ ।ਇਸ ਮੌਕੇ ਕਾਲਜ ਸਟਾਫ ਮੈਂਬਰ ਪ੍ਰੋ .ਬਲਕਾਰ ਸਿੰਘ ,,ਅੰਮ੍ਰਿਤਪਾਲ ਕੌਰ ,ਗੀਤਾ ਰਾਣੀ ਅਤੇ ਰਵਿੰਦਰ ਕੌਰ ਮੌਜੂਦ ਸਨ।

ਬ੍ਰਹਮਾ ਕੁਮਾਰੀ ਸੈਂਟਰ ਵਿਖੇ ਸਮਰ ਕੈਂਪ ਦੀ ਸ਼ੁਰੂਆਤ

ਸੁਨਾਮ, 5 ਜੂਨ (ਮੋਹਣ ਸ਼ਰਮਾ/ਰਾਊਵਰਿੰਦਰ ਮਠਾੜੂ) : ਬ੍ਰਹਮਾ ਕੁਮਾਰੀ ਸੈਂਟਰ ਵਿਖੇ ਸਮਰ ਕੈਂਪ ਦਾ ਪਹਿਲਾ ਦਿਨ ਬਹੁਤ ਉਤਸ਼ਾਹ ਨਾਲ ਮਨਾਇਆ ਗਿਆ, ਜਿਸ ਵਿੱਚ ਲਗਭਗ 100 ਬੱਚਿਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਪ੍ਰੋਗਰਾਮ ਦਾ ਲਾਭ ਉਠਾਇਆ। ਬੱਚਿਆਂ ਦਾ ਤਿਲਕ ਬੈਜ ਅਤੇ ਪ੍ਰਸ਼ਾਦ ਨਾਲ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਤੇ ਵਾਰਡ ਨੰਬਰ 17 ਦੀ ਐਮਸੀ ਮੋਨਿਕਾ ਗੋਇਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਨੇ ਜੋਯਤੀ ਪ੍ਰਚੰਡ ਕਰਕੇ ਕੇ ਪ੍ਰੋਗਰਾਮ ਦਾ ਉਦਘਾਟਨ ਕੀਤਾ। ਵਿਸ਼ਵ ਵਾਤਾਵਰਣ ਦਿਵਸ ਮਨਾਉਣ ਲਈ ਇੱਕ ਰੁੱਖ ਵੀ ਲਗਾਇਆ, ਜਿਸ ਨਾਲ ਬੱਚਿਆਂ ਨੂੰ ਵਾਤਾਵਰਣ ਸੁਰੱਖਿਆ ਦਾ ਸੰਦੇਸ਼ ਦਿੱਤਾ ਗਿਆ।ਸਮਰ ਕੈਂਪ ਵਿੱਚ ਸੁੰਦਰ ਨਾਚ, ਮਨੋਰੰਜਕ ਖੇਡਾਂ, ਨੈਤਿਕ ਕਦਰਾਂ-ਕੀਮਤਾਂ, ਧਿਆਨ, ਗਣਿਤ ਅਤੇ ਹੋਰ ਜਾਣਕਾਰੀ ਭਰਪੂਰ ਗਤੀਵਿਧੀਆਂ ਸ਼ਾਮਲ ਸਨ। ਸਵੇਰੇ 9 ਵਜੇ ਤੋਂ 11 ਵਜੇ ਤੱਕ ਚੱਲੇ ਇਸ ਪ੍ਰੋਗਰਾਮ ਵਿੱਚ ਬੱਚਿਆਂ ਨੇ ਬਹੁਤ ਉਤਸ਼ਾਹ ਅਤੇ ਖੁਸ਼ੀ ਨਾਲ ਸ਼ਿਰਕਤ ਕੀਤੀ।ਮੀਰਾ ਦੀਦੀ (ਸੈਂਟਰ ਡਾਇਰੈਕਟਰ), ਮਾਧੁਰੀ ਦੀਦੀ, ਰਿਤੂ ਦੀਦੀ, ਕੰਚਨ ਦੀਦੀ, ਦੀਕਸ਼ਾ ਅਤੇ ਹਿਮਾਂਸ਼ੀ ਨੇ ਪ੍ਰੋਗਰਾਮ ਨੂੰ ਸਫਲ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਈ। ਉਨ੍ਹਾਂ ਸਾਰਿਆਂ ਨੇ ਪ੍ਰੇਰਨਾਦਾਇਕ ਕਹਾਣੀਆਂ ਸਾਂਝੀਆਂ ਕਰਕੇ ਅਤੇ ਵੱਖ-ਵੱਖ ਗਤੀਵਿਧੀਆਂ ਵਿੱਚ ਸ਼ਾਮਲ ਹੋ ਕੇ ਬੱਚਿਆਂ ਦਾ ਹੌਸਲਾ ਵਧਾਇਆ।ਅੰਤ ਵਿੱਚ, ਸਾਰੇ ਬੱਚਿਆਂ ਨੂੰ ਰਿਫਰੈਸ਼ਮੈਂਟ ਅਤੇ ਪ੍ਰਸ਼ਾਦ ਵੰਡਿਆ ਗਿਆ। ਪ੍ਰੋਗਰਾਮ ਤੋਂ ਬਾਅਦ, ਸਾਰੇ ਬੱਚੇ ਅਤੇ ਉਨ੍ਹਾਂ ਦੇ ਮਾਪੇ ਖੁਸ਼, ਉਤਸ਼ਾਹਿਤ ਅਤੇ ਪ੍ਰੇਰਿਤ ਮਹਿਸੂਸ ਕਰਦੇ ਹੋਏ ਘਰ ਵਾਪਸ ਪਰਤੇ। ਇਸ ਮੌਕੇ 'ਤੇ ਵੱਡੀ ਗਿਣਤੀ ਵਿੱਚ ਬੱਚੇ ਮੌਜੂਦ ਸਨ।

ਡੇਂਗੂ ਡੇਅ ਤਹਿਤ ਜਾਗਰੂਕਤਾ ਰੈਲੀ ਕੱਢੀ

ਬੁਢਲਾਡਾ, 5 ਜੂਨ (ਦਵਿੰਦਰ ਸਿੰਘ ਕੋਹਲੀ, ਜੀਵਨ ਕੁਮਾਰ):ਅੱਜ ਸਿਹਤ ਵਿਭਾਗ ਪੰਜਾਬ ਵੱਲੋਂ ਚਲਾਈ ਜਾ ਰਹੀ ਡੇਂਗੂ ਰੋਕਥਾਮ ਮੁਹਿੰਮ ਤਹਿਤ ਡ੍ਰਾਈ ਡੇ ਫ੍ਰਾਈਡੇ - ਡੇਂਗੂ ਡੇ ਮਨਾਇਆ ਗਿਆ। ਇਸ ਮੌਕੇ ਸਿਵਲ ਹਸਪਤਾਲ ਬੁਢਲਾਡਾ ਦੇ ਸਿਹਤ ਕਰਮਚਾਰੀਆਂ ਅਤੇ ਰੋਯਲ ਕਾਲਜ ਬੋੜਾਵਾਲ ਦੇ ਵਿਦਿਆਰਥੀਆਂ ਵੱਲੋਂ ਇੱਕ ਵਿਸ਼ਾਲ ਜਾਗਰੂਕਤਾ ਰੈਲੀ ਕੱਢੀ ਗਈ।ਰੈਲੀ ਨੂੰ ਸਿਵਲ ਹਸਪਤਾਲ ਬੁਢਲਾਡਾ ਤੋਂ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਇਸ ਦੌਰਾਨ ਵਿਦਿਆਰਥੀਆਂ ਅਤੇ ਸਿਹਤ ਕਰਮਚਾਰੀਆਂ ਨੇ ਹੱਥਾਂ ਵਿੱਚ ਜਾਗਰੂਕਤਾ ਸਬੰਧੀ ਤਖ਼ਤੀਆਂ ਫੜ ਕੇ ਲੋਕਾਂ ਨੂੰ ਡੇਂਗੂ ਬੁਖਾਰ ਤੋਂ ਬਚਾਅ ਬਾਰੇ ਜਾਣਕਾਰੀ ਦਿੱਤੀ। ਰੈਲੀ ਦੌਰਾਨ ਹਰ ਸ਼ੁੱਕਰਵਾਰ - ਡ੍ਰਾਈ ਡੇ ਮਨਾਓ, ਡੇਂਗੂ ਮੱਛਰ ਨੂੰ ਦੂਰ ਭਜਾਓ, ਆਪਣੇ ਆਲੇ-ਦੁਆਲੇ ਪਾਣੀ ਨਾ ਖੜ੍ਹਨ ਦਿਓ, ਡੇਂਗੂ ਤੋਂ ਬਚਣਾ ਹੈ ਤਾਂ ਸਫ਼ਾਈ ਅਪਣਾਉਣੀ ਹੈ ਵਰਗੇ ਨਾਅਰੇ ਲਗਾਏ ਗਏ।ਸਿਹਤ ਅਧਿਕਾਰੀਆਂ ਨੇ ਲੋਕਾਂ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਡੇਂਗੂ ਇੱਕ ਮੱਛਰ ਰਾਹੀਂ ਫੈਲਣ ਵਾਲੀ ਬਿਮਾਰੀ ਹੈ, ਜੋ ਸਾਫ਼ ਅਤੇ ਖੜ੍ਹੇ ਪਾਣੀ ਵਿੱਚ ਪੈਦਾ ਹੋਣ ਵਾਲੇ ਏਡੀਜ਼ ਮੱਛਰ ਦੇ ਕੱਟਣ ਨਾਲ ਫੈਲਦੀ ਹੈ। ਉਨ੍ਹਾਂ ਕਿਹਾ ਕਿ ਘਰਾਂ, ਸਕੂਲਾਂ, ਦਫ਼ਤਰਾਂ ਅਤੇ ਆਲੇ-ਦੁਆਲੇ ਦੇ ਇਲਾਕਿਆਂ ਵਿੱਚ ਕੂਲਰਾਂ, ਗਮਲਿਆਂ, ਟਾਇਰਾਂ, ਫਰਿੱਜ ਦੀਆਂ ਟਰੇਆਂ ਅਤੇ ਹੋਰ ਬਰਤਨਾਂ ਵਿੱਚ ਪਾਣੀ ਇਕੱਠਾ ਨਾ ਹੋਣ ਦਿੱਤਾ ਜਾਵੇ। ਹਰ ਸ਼ੁੱਕਰਵਾਰ ਨੂੰ ਡ੍ਰਾਈ ਡੇ ਮਨਾਉਂਦਿਆਂ ਪਾਣੀ ਵਾਲੇ ਬਰਤਨਾਂ ਨੂੰ ਖਾਲੀ ਕਰਕੇ ਸਾਫ਼ ਕਰਨਾ ਚਾਹੀਦਾ ਹੈ।ਰੋਯਲ ਕਾਲਜ ਬੋੜਾਵਾਲ ਦੇ ਵਿਦਿਆਰਥੀਆਂ ਨੇ ਰੈਲੀ ਦੌਰਾਨ ਲੋਕਾਂ ਨੂੰ ਡੇਂਗੂ ਦੇ ਲੱਛਣਾਂ ਜਿਵੇਂ ਤੇਜ਼ ਬੁਖਾਰ, ਸਿਰ ਦਰਦ, ਅੱਖਾਂ ਦੇ ਪਿੱਛੇ ਦਰਦ, ਸਰੀਰ ਦਰਦ ਅਤੇ ਚਮੜੀ ਉੱਤੇ ਲਾਲ ਚੱਕਤੇ ਆਦਿ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਕਿਸੇ ਨੂੰ ਇਹ ਲੱਛਣ ਨਜ਼ਰ ਆਉਣ ਤਾਂ ਤੁਰੰਤ ਨਜ਼ਦੀਕੀ ਸਿਹਤ ਕੇਂਦਰ ਨਾਲ ਸੰਪਰਕ ਕੀਤਾ ਜਾਵੇ।ਇਸ ਮੌਕੇ ਸਿਹਤ ਵਿਭਾਗ ਦੇ ਕਰਮਚਾਰੀਆਂ ਨੇ ਕਿਹਾ ਕਿ ਡੇਂਗੂ ਦੀ ਰੋਕਥਾਮ ਲਈ ਲੋਕਾਂ ਦਾ ਸਹਿਯੋਗ ਬਹੁਤ ਜ਼ਰੂਰੀ ਹੈ। ਹਰ ਵਿਅਕਤੀ ਆਪਣੇ ਘਰ ਅਤੇ ਆਲੇ-ਦੁਆਲੇ ਸਫ਼ਾਈ ਦਾ ਧਿਆਨ ਰੱਖੇ।

ਸਮਾਜ ਦਾ ਹਰੇਕ ਵਰਗ ਨਸ਼ਿਆਂ ਦੇ ਖ਼ਾਤਮੇ ਲਈ ਆਪਣਾ ਯੋਗਦਾਨ ਜ਼ਰੂਰ ਪਾਵੇ : ਚੱਠਾ

ਧੂਰੀ, 5 ਜੂਨ (ਰਾਜੇਸ਼ਵਰ ਪਿੰਟੂ, ਅਮਨ ਗਰਗ) :ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਦੇ ਮਕਸਦ ਨਾਲ ਅੱਜ ਧੂਰੀ ਵਿਖੇ ਇੱਕ ਸਮੀਖਿਆ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਪਿੰਡਾਂ ਦੇ ਸਰਪੰਚਾਂ, ਪੰਚਾਂ, ਵਿਲੇਜ ਡਿਫੈਂਸ ਕਮੇਟੀਆਂ ਅਤੇ ਵਾਰਡ ਡਿਫੈਂਸ ਕਮੇਟੀਆਂ ਦੇ ਨੁਮਾਇੰਦਿਆਂ ਨੇ ਸ਼ਮੂਲੀਅਤ ਕੀਤੀ।ਇਸ ਮੌਕੇ ਸੀਨੀਅਰ ਆਗੂ ਸਤਿੰਦਰ ਸਿੰਘ ਚੱਠਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਨਸ਼ਿਆਂ ਦੇ ਖਾਤਮੇ ਲਈ ਪੂਰੀ ਦ੍ਰਿੜਤਾ ਨਾਲ ਕੰਮ ਕਰ ਰਹੀ ਹੈ ਅਤੇ ਇਸ ਮੁਹਿੰਮ ਦੀ ਸਫਲਤਾ ਲਈ ਸਮਾਜ ਦੇ ਹਰ ਵਰਗ ਦਾ ਸਹਿਯੋਗ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਖ਼ਿਲਾਫ਼ ਲੜਾਈ ਸਿਰਫ਼ ਸਰਕਾਰ ਜਾਂ ਪੁਲਿਸ ਦੀ ਨਹੀਂ, ਸਗੋਂ ਪੂਰੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਇਲਾਕਿਆਂ ਵਿੱਚ ਨਸ਼ਾ ਤਸਕਰੀ ਅਤੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕਤਾ ਫੈਲਾਉਣ ਅਤੇ ਨੌਜਵਾਨਾਂ ਨੂੰ ਇਸ ਬੁਰਾਈ ਤੋਂ ਦੂਰ ਰੱਖਣ ਲਈ ਸਰਗਰਮ ਭੂਮਿਕਾ ਨਿਭਾਉਣ।ਮੀਟਿੰਗ ਦੌਰਾਨ ਜ਼ਿਲ੍ਹਾ ਪਰਿਸ਼ਦ ਦੇ ਚੇਅਰਮੈਨ ਰਛਪਾਲ ਸਿੰਘ ਭੁੱਲਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਕੀਤੇ ਜਾ ਰਹੇ ਉਪਰਾਲਿਆਂ ਨੂੰ ਲੋਕਾਂ ਦਾ ਭਰਪੂਰ ਸਮਰਥਨ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਪਿੰਡ ਪੱਧਰ ਤੇ ਬਣੀਆਂ ਵਿਲੇਜ ਡਿਫੈਂਸ ਕਮੇਟੀਆਂ ਅਤੇ ਸ਼ਹਿਰੀ ਖੇਤਰਾਂ ਦੀਆਂ ਵਾਰਡ ਡਿਫੈਂਸ ਕਮੇਟੀਆਂ ਇਸ ਮੁਹਿੰਮ ਨੂੰ ਸਫਲ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾ ਰਹੀਆਂ ਹਨ। ਉਨ੍ਹਾਂ ਕਮੇਟੀਆਂ ਦੇ ਨੁਮਾਇੰਦਿਆਂ ਨੂੰ ਆਪਣੇ-ਆਪਣੇ ਖੇਤਰਾਂ ਵਿੱਚ ਚੌਕਸੀ ਵਧਾਉਣ ਅਤੇ ਨਸ਼ਿਆਂ ਵਿਰੁੱਧ ਜਾਗਰੂਕਤਾ ਮੁਹਿੰਮਾਂ ਚਲਾਉਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਹਲਕਾ ਵਾਈਸ ਕੋਰਡੀਨੇਟਰ ਹਰਪ੍ਰੀਤ ਸਿੰਘ ਗਿੱਲ , ਸੁਖਵਿੰਦਰ ਸਿੰਘ ਸਿੱਧੂ (ਬੀਡੀਪੀਓ ਧੂਰੀ ਬਲੋਕ) ਸੰਜੀਵ ਕੁਮਾਰ। ਸਮੂਹ ਬਲਾਕ ਕੋਆਰਡੀਨੇਟਰ, ਵਿਲੇਜ ਡਿਫੈਂਸ ਕਮੇਟੀਆਂ ਅਤੇ ਵਾਰਡ ਡਿਫੈਂਸ ਕਮੇਟੀਆਂ ਦੇ ਨੁਮਾਇੰਦੇ ਅਤੇ ਹੋਰ ਪਤਵੰਤੇ ਵਿਅਕਤੀ ਵੀ ਹਾਜ਼ਰ ਸਨ।

ਸ਼ਹਿਦ ਉਤਪਾਦਨ, ਪ੍ਰੋਸੈਸਿੰਗ ਅਤੇ ਗੁਣਵੱਤਾ ਵਿਸ਼ਲੇਸ਼ਣ ਬਾਰੇ ਪੰਜ ਰੋਜ਼ਾ ਵੈਲਿਊ ਐਡੀਸ਼ਨ ਕੋਰਸ ਸ਼ੁਰੂ

ਲੌਂਗੋਵਾਲ, 5 ਜੂਨ (ਭਗਵੰਤ ਸ਼ਰਮਾ) : ਸੰਤ ਲੌਂਗੋਵਾਲ ਇੰਜੀਨੀਅਰਿੰਗ ਅਤੇ ਤਕਨਾਲੋਜੀ ਸੰਸਥਾਨ ਲੌਂਗੋਵਾਲ ਦੇ ਖੁਰਾਕ ਇੰਜੀਨੀਅਰਿੰਗ ਅਤੇ ਤਕਨਾਲੋਜੀ ਵਿਭਾਗ ਵੱਲੋਂ 1 ਤੋਂ 5 ਜੂਨ 2026 ਤੱਕ ਸ਼ਹਿਦ ਉਤਪਾਦਨ, ਪ੍ਰੋਸੈਸਿੰਗ ਅਤੇ ਗੁਣਵੱਤਾ ਵਿਸ਼ਲੇਸ਼ਣ ਉੱਤੇ ਮੁੱਲ ਸੰਵਰਧਨ ਕੋਰਸ ਦਾ ਆਯੋਜਨ ਕੀਤਾ ਗਿਆ । ਇਸ ਪੰਜ ਰੋਜ਼ਾ ਕੋਰਸ ਦਾ ਉਦਘਾਟਨ ਸੰਸਥਾਨ ਦੇ ਨਿਰਦੇਸ਼ਕ ਪ੍ਰੋ. ਮਣੀ ਕਾਂਤ ਪਾਸਵਾਨ ਨੇ ਮੁੱਖ ਮਹਿਮਾਨ ਵਜੋਂ ਕੀਤਾ। ਇਸ ਮੌਕੇ ਪ੍ਰੋ. ਸੁਰਿੰਦਰ ਸਿੰਘ (ਡੀਨ, ਖੋਜ ਅਤੇ ਸਲਾਹਕਾਰਤਾ), ਸ੍ਰੀ ਹਰੀ ਮੋਹਨ ਅਰੋੜਾ (ਰਜਿਸਟਰਾਰ) ਅਤੇ ਪ੍ਰੋ. ਸੀ. ਐਸ. ਰਿਆਰ (ਵਿਭਾਗ ਮੁਖੀ, ਖੁਰਾਕ ਇੰਜੀਨੀਅਰਿੰਗ ਅਤੇ ਤਕਨਾਲੋਜੀ ਵਿਭਾਗ) ਵਿਸ਼ੇਸ਼ ਮਹਿਮਾਨਾਂ ਵਜੋਂ ਮੰਚ ਤੇ ਹਾਜ਼ਰ ਸਨ। ਕੋਰਸ ਦੇ ਸਹਿ-ਸੰਯੋਜਕ ਪ੍ਰੋ. ਵਿਕਾਸ ਨੰਦਾ ਨੇ ਆਏ ਹੋਏ ਮਹਿਮਾਨਾਂ ਅਤੇ ਭਾਗੀਦਾਰਾਂ ਦਾ ਸਵਾਗਤ ਕੀਤਾ।ਇਸ ਕੋਰਸ ਵਿੱਚ ਸੰਸਥਾਨ ਦੇ ਖੁਰਾਕ ਇੰਜੀਨੀਅਰਿੰਗ ਅਤੇ ਤਕਨਾਲੋਜੀ ਵਿਭਾਗ ਦੇ ਵਿਦਿਆਰਥੀਆਂ ਦੇ ਨਾਲ-ਨਾਲ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ, ਫਗਵਾੜਾ ਅਤੇ ਗੁਰੂ ਜੰਭੇਸ਼ਵਰ ਵਿਗਿਆਨ ਅਤੇ ਤਕਨਾਲੋਜੀ ਯੂਨੀਵਰਸਿਟੀ, ਹਿਸਾਰ ਦੇ ਵਿਦਿਆਰਥੀਆਂ ਨੇ ਭਾਗ ਲਿਆ। ਇਸ ਤੋਂ ਇਲਾਵਾ ਪੰਜਾਬ ਦੇ ਅਗਾਂਹਵਧੂ ਮਧੂਮੱਖੀ ਪਾਲਕਾਂ ਨੇ ਵੀ ਸਰਦਾਰ ਜਗਤਾਰ ਸਿੰਘ ਕਾਂਝਲਾ ਦੀ ਅਗਵਾਈ ਹੇਠ ਕੋਰਸ ਵਿੱਚ ਭਾਗ ਲਿਆ।ਆਪਣੇ ਉਦਘਾਟਨੀ ਭਾਸ਼ਣ ਵਿੱਚ ਪ੍ਰੋ. ਮਣੀ ਕਾਂਤ ਪਾਸਵਾਨ ਨੇ ਕਿਹਾ ਕਿ ਸੰਸਥਾਨ ਦਾ ਮੁੱਖ ਉਦੇਸ਼ ਪੰਜਾਬ ਦੇ ਮਧੂਮੱਖੀ ਪਾਲਕਾਂ ਨੂੰ ਘੱਟ ਤੋਂ ਘੱਟ ਲਾਗਤ ਤੇ ਉੱਚ ਪੱਧਰੀ ਤਕਨੀਕੀ ਸਲਾਹ, ਗੁਣਵੱਤਾ ਜਾਂਚ ਅਤੇ ਵਿਸ਼ਲੇਸ਼ਣ ਸਹੂਲਤਾਂ ਪ੍ਰਦਾਨ ਕਰਨਾ ਹੈ, ਤਾਂ ਜੋ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਵਿਗਿਆਨਕ ਹੱਲ ਕੀਤਾ ਜਾ ਸਕੇ। ਉਨ੍ਹਾਂ ਨੇ ਸ਼ਹਿਦ ਉਤਪਾਦਨ ਅਤੇ ਪ੍ਰੋਸੈਸਿੰਗ ਖੇਤਰ ਵਿੱਚ ਨਵੀਨਤਾ, ਮੁੱਲ ਸੰਵਰਧਨ ਅਤੇ ਉਦਯੋਗਿਕ ਪੱਧਰ ਉੱਤੇ ਤਕਨੀਕੀ ਵਿਕਾਸ ਦੀ ਲੋੜ 'ਤੇ ਜ਼ੋਰ ਦਿੱਤਾ।

ਅਮਨ ਅਰੋੜਾ ਨੇ ਵਿਕਾਸ ਕਾਰਜਾਂ ਲਈ 2.50 ਕਰੋੜ ਦੇ ਮਨਜ਼ੂਰੀ ਪੱਤਰ ਵੰਡੇ

ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਪੰਜਾਬ ਸਰਕਾਰ ਵਚਨਬੱਧ : ਅਮਨ ਅਰੋੜਾ

ਸੁਨਾਮ, 5 ਜੂਨ (ਮੋਹਨ ਸ਼ਰਮਾ/ਰਾਊਵਰਿੰਦਰ ਮਠਾੜੂ) : ਪੰਜਾਬ ਦੇ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਨੇ ਅਰਬਨ ਕਰੇਵ, ਸੁਨਾਮ ਵਿਖੇ ਕਰਵਾਏ ਇੱਕ ਵਿਸ਼ੇਸ਼ ਸਮਾਗਮ ਦੌਰਾਨ ਹਲਕਾ ਸੁਨਾਮ ਦੇ 43 ਪਿੰਡਾਂ ਨੂੰ 69 ਵਿਕਾਸ ਕਾਰਜਾਂ ਲਈ ਕਰੀਬ 2.50 ਕਰੋੜ ਰੁਪਏ ਦੇ ਮਨਜ਼ੂਰੀ ਪੱਤਰ ਵੰਡੇ। ਇਨ੍ਹਾਂ ਵਿਕਾਸ ਕਾਰਜਾਂ ਵਿੱਚ ਪਿੰਡਾਂ ਦੀਆਂ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਅਤੇ ਲੋਕਾਂ ਦੀਆਂ ਰੋਜ਼ਾਨਾ ਲੋੜਾਂ ਨਾਲ ਸਬੰਧਤ ਕੰਮਾਂ ਨੂੰ ਤਰਜੀਹ ਦਿੱਤੀ ਗਈ ਹੈ।ਇਸ ਮੌਕੇ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਿੰਡਾਂ ਅਤੇ ਸ਼ਹਿਰਾਂ ਦੇ ਸਰਵਪੱਖੀ ਵਿਕਾਸ ਲਈ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨਾ ਸਰਕਾਰ ਦੀ ਪ੍ਰਮੁੱਖ ਤਰਜੀਹ ਹੈ ਅਤੇ ਇਸੇ ਉਦੇਸ਼ ਤਹਿਤ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਲਈ ਫੰਡ ਜਾਰੀ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਮਨਜ਼ੂਰ ਕੀਤੇ ਗਏ ਵਿਕਾਸ ਕਾਰਜਾਂ ਦੇ ਮੁਕੰਮਲ ਹੋਣ ਨਾਲ ਪਿੰਡਾਂ ਦੇ ਵਸਨੀਕਾਂ ਨੂੰ ਬਿਹਤਰ ਸਹੂਲਤਾਂ ਪ੍ਰਾਪਤ ਹੋਣਗੀਆਂ ਅਤੇ ਪਿੰਡਾਂ ਦੀ ਸਮੁੱਚੀ ਤਸਵੀਰ ਵਿੱਚ ਵੀ ਸੁਧਾਰ ਆਵੇਗਾ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਾਰੇ ਕੰਮ ਨਿਰਧਾਰਿਤ ਸਮੇਂ ਅੰਦਰ ਅਤੇ ਉੱਚ ਗੁਣਵੱਤਾ ਨਾਲ ਮੁਕੰਮਲ ਕਰਵਾਏ ਜਾਣ ਤਾਂ ਜੋ ਲੋਕਾਂ ਨੂੰ ਇਨ੍ਹਾਂ ਦਾ ਵੱਧ ਤੋਂ ਵੱਧ ਲਾਭ ਮਿਲ ਸਕੇ।ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਘਾਟ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਲੋਕਾਂ ਦੀਆਂ ਜ਼ਰੂਰਤਾਂ ਅਨੁਸਾਰ ਵਿਕਾਸ ਪ੍ਰੋਜੈਕਟਾਂ ਨੂੰ ਤਰਜੀਹ ਦਿੱਤੀ ਜਾ ਰਹੀ ਹੈ। ਉਨ੍ਹਾਂ ਪਿੰਡਾਂ ਦੇ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਉਹ ਵਿਕਾਸ ਕਾਰਜਾਂ ਦੀ ਨਿਗਰਾਨੀ ਕਰਕੇ ਪਾਰਦਰਸ਼ਤਾ ਅਤੇ ਗੁਣਵੱਤਾ ਨੂੰ ਯਕੀਨੀ ਬਣਾਉਣ ਅਤੇ ਸਮੇਂ ਸਿਰ ਵਿਕਾਸ ਕਾਰਜ ਪੂਰੇ ਕੀਤੇ ਜਾਣ। ਇਸ ਮੌਕੇ ਵੱਖ ਵੱਖ ਅਧਿਕਾਰੀ, ਵੱਖ-ਵੱਖ ਪਿੰਡਾਂ ਦੇ ਸਰਪੰਚ, ਪੰਚ, ਪੰਚਾਇਤੀ ਨੁਮਾਇੰਦੇ, ਪਾਰਟੀ ਆਗੂ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।

ਦੂਸ਼ਿਤ ਪਾਣੀ ਤੋਂ ਬਾਅਦ ਹੁਣ ਸਪਲਾਈ ਵੀ ਬੰਦ ਕਰਨ ਖ਼ਿਲਾਫ਼ ਸੜਕਾਂ 'ਤੇ ਉੱਤਰੇ ਲੋਕ

ਬਠਿੰਡਾ, 5 ਜੂਨ (ਦੀਪਕ ਸ਼ਰਮਾ) : ਸ਼ਹਿਰ ਦੇ ਵਾਰਡ ਨੰਬਰ 23 ਵਿੱਚ ਪਿਛਲੇ ਤਿੰਨ ਮਹੀਨਿਆਂ ਤੋਂ ਪੀਣ ਵਾਲੇ ਪਾਣੀ ਦੀ ਸਪਲਾਈ ਪੂਰੀ ਤਰ੍ਹਾਂ ਠੱਪ ਹੋਣ ਕਾਰਨ ਅੱਕੇ ਹੋਏ ਲੋਕਾਂ ਦੇ ਸਬਰ ਦਾ ਬੰਨ੍ਹ ਆਖ਼ਰਕਾਰ ਟੁੱਟ ਗਿਆ। ਇਸ ਭਿਆਨਕ ਗਰਮੀ ਦੇ ਮੌਸਮ ਵਿੱਚ ਪਾਣੀ ਦੀ ਬੂੰਦ-ਬੂੰਦ ਨੂੰ ਤਰਸ ਰਹੇ ਇਲਾਕਾ ਨਿਵਾਸੀਆਂ ਨੇ ਵੀਰਵਾਰ ਨੂੰ ਮੁਲਤਾਨੀਆ ਪੁਲ ਦੇ ਨਜ਼ਦੀਕ ਸੜਕ ਦੇ ਵਿਚਕਾਰ ਧਰਨਾ ਲਗਾ ਕੇ ਆਵਾਜਾਈ ਨੂੰ ਮੁਕੰਮਲ ਰੂਪ ਵਿੱਚ ਜਾਮ ਕਰ ਦਿੱਤਾ। ਪ੍ਰਦਰਸ਼ਨਕਾਰੀਆਂ ਨੇ ਗੰਭੀਰ ਦੋਸ਼ ਲਗਾਉਂਦਿਆਂ ਆਖਿਆ ਕਿ ਪਹਿਲਾਂ ਤਾਂ ਉਨ੍ਹਾਂ ਦੇ ਇਲਾਕੇ ਵਿੱਚ ਗੰਦਾ ਅਤੇ ਦੂਸ਼ਿਤ ਪਾਣੀ ਭੇਜਿਆ ਜਾ ਰਿਹਾ ਸੀ ਅਤੇ ਜਦੋਂ ਇਸਦੀ ਸ਼ਿਕਾਇਤ ਕੀਤੀ ਗਈ ਤਾਂ ਵਿਭਾਗ ਨੇ ਪਿਛਲੇ ਤਿੰਨ ਮਹੀਨਿਆਂ ਤੋਂ ਸਪਲਾਈ ਹੀ ਬਿਲਕੁਲ ਬੰਦ ਕਰ ਦਿੱਤੀ। ਅਚਾਨਕ ਲਗਾਏ ਗਏ ਇਸ ਜਾਮ ਕਾਰਨ ਸੜਕ ਦੇ ਦੋਵੇਂ ਪਾਸੇ ਵਾਹਨਾਂ ਦੀਆਂ ਲੰਮੀਆਂ ਕਤਾਰਾਂ ਲੱਗ ਗਈਆਂ, ਜਿਸ ਨਾਲ ਆਮ ਲੋਕਾਂ ਨੂੰ ਭਾਰੀ ਪ੍ਰੇਸ਼ਾਨੀ ਝੱਲਣੀ ਪਈ। ਮਾਮਲੇ ਦੀ ਸੂਚਨਾ ਮਿਲਦਿਆਂ ਹੀ ਸਥਾਨਕ ਪੁਲਿਸ ਪ੍ਰਸ਼ਾਸਨ ਦੇ ਅਧਿਕਾਰੀ ਮੌਕੇ ਤੇ ਪਹੁੰਚੇ ਅਤੇ ਲੋਕਾਂ ਨੂੰ ਸਮਝਾ-ਬੁਝਾ ਕੇ ਜਾਮ ਖੁੱਲ੍ਹਵਾਉਣ ਦੀ ਕੋਸ਼ਿਸ਼ ਕੀਤੀ, ਪਰ ਲੋਕ ਇਸ ਗੱਲ ਤੇ ਅੜੇ ਰਹੇ ਕਿ ਜਿੰਨਾ ਚਿਰ ਪਾਣੀ ਦੀ ਨਿਯਮਤ ਸਪਲਾਈ ਸ਼ੁਰੂ ਨਹੀਂ ਹੁੰਦੀ, ਉੰਨਾ ਚਿਰ ਰੋਸ ਪ੍ਰਦਰਸ਼ਨ ਖ਼ਤਮ ਨਹੀਂ ਹੋਵੇਗਾ।ਇਸ ਜਨਤਕ ਰੋਸ ਪ੍ਰਦਰਸ਼ਨ ਦੀ ਅਗਵਾਈ ਕਰ ਰਹੇ ਕਾਂਗਰਸੀ ਆਗੂ ਅਤੇ ਮੌਜੂਦਾ ਕੌਂਸਲਰ ਦੇ ਪਤੀ ਗੁਰਪ੍ਰੀਤ ਬੰਟੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਆਖਿਆ ਕਿ ਵਾਰਡ ਵਿੱਚ ਪਾਣੀ ਦਾ ਸੰਕਟ ਬਹੁਤ ਲੰਮੇ ਸਮੇਂ ਤੋਂ ਚੱਲ ਰਿਹਾ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਇਸ ਗੰਭੀਰ ਸਮੱਸਿਆ ਦੇ ਹੱਲ ਲਈ ਕਈ ਵਾਰ ਸਬੰਧਤ ਵਿਭਾਗ ਅਤੇ ਉੱਚ ਅਧਿਕਾਰੀਆਂ ਦੇ ਬੂਹੇ ਖੜਕਾਏ ਗਏ, ਪਰ ਅਜੇ ਤੱਕ ਕੋਈ ਠੋਸ ਕਾਰਵਾਈ ਅਮਲ ਵਿੱਚ ਨਹੀਂ ਲਿਆਂਦੀ ਗਈ।

ਸੰਗਰੂਰ ਤੋਂ ਨਾਮਵਰ ਗਾਇਕ ਅਰਜਨ ਢਿੱਲੋਂ ਦੇ ਘਰ ਭਦੌੜ ਤੱਕ ਦੌੜ ਕੇ ਪੁੱਜਾ ਅਨੀਕੇਤ

ਭਦੌੜ, 5 ਜੂਨ (ਸੁਖਵਿੰਦਰ ਪਲਾਹਾ) : ਆਪਣੀ ਇੰਸਟਾਗ੍ਰਾਮ ਆਈ.ਡੀ. ਉੱਪਰ ਨੌਜਵਾਨ ਅਨੀਕੇਤ ਨੇ ਐਲਾਨ ਕੀਤਾ ਸੀ ਕਿ ਜੇਕਰ ਪੰਜਾਬੀ ਗਾਇਕ ਅਰਜਨ ਢਿੱਲੋਂ ਉਸਦੀ ਰੀਲ 'ਤੇ ਕੁਮੈਂਟ ਕਰੇਗਾ ਤਾਂ ਉਹ ਸੰਗਰੂਰ ਤੋਂ ਭਦੌੜ ਉਨ੍ਹਾਂ ਦੇ ਘਰ ਤੱਕ ਦੌੜ ਕੇ ਪਹੁੰਚੇਗਾ । ਪ੍ਰਸਿੱਧ ਗਾਇਕ ਅਰਜਨ ਢਿੱਲੋਂ ਨੂੰ ਦਿੱਤੀ ਗਈ ਇਹ ਚੁਣੌਤੀ ਉਸ ਵੇਲੇ ਹਕੀਕਤ ਬਣ ਗਈ ਜਦੋਂ ਗਾਇਕ ਅਰਜਨ ਢਿੱਲੋਂ ਨੇ ਉਸ ਦੀ ਰੀਲ 'ਤੇ ਕੁਮੈਂਟ ਕਰਦਿਆਂ ਲਿਖਿਆ 'ਦੱਸ ਦਿਓ ਕਿਸ ਦਿਨ ਜਾਣਾ ਭਦੌੜ ਹੈ, ਚਾਹ ਪਾਣੀ ਦਾ ਕਰਦੇ ਹਾਂ ਬੰਦੋਬਸਤ' ਇਸ ਤੋਂ ਬਾਅਦ ਅਨੀਕੇਤ ਨੇ ਆਪਣਾ ਵਾਅਦਾ ਨਿਭਾਉਂਦਿਆਂ ਸੰਗਰੂਰ ਤੋਂ ਭਦੌੜ ਗਾਇਕ ਅਰਜਨ ਢਿੱਲੋਂ ਦੇ ਘਰ ਤੱਕ ਦੀ ਦੌੜ ਸਫ਼ਲਤਾਪੂਰਵਕ ਪੂਰੀ ਕਰ ਵਿਖਾਈ। ਅਭੈ ਇੰਮੀਗ੍ਰੇਸ਼ਨ ਪ੍ਰਾਈਵੇਟ ਲਿਮਟਿਡ ਭਦੌੜ ਦੇ ਫਾਉਂਡਰ ਅਭੈ ਕੁਮਾਰ ਨੇ ਕਿਹਾ ਕਿ ਜਜ਼ਬਾ ਹੋਵੇ ਮਜ਼ਬੂਤ ਤਾਂ ਕੋਈ ਵੀ ਚੁਣੌਤੀ ਵੱਡੀ ਨਹੀਂ ਹੁੰਦੀ। ਖੇਡ ਪ੍ਰੇਮੀ ਅਭੈ ਕੁਮਾਰ ਗਰਗ ਨੇ ਨੌਜਵਾਨ ਅਨੀਕੇਤ ਅਤੇ ਦੋ ਸਾਥੀਆਂ ਨੂੰ ਆਪਣੇ ਦਫਤਰ 'ਚ ਬੁਲਾਕੇ ਉਹਨਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ। ਇਸ ਸਮੇ ਖੇਡ ਪ੍ਰੇਮੀ ਅਭੈ ਕੁਮਾਰ ਗਰਗ ਅਤੇ ਉਨ੍ਹਾਂ ਦੇ ਪੁੱਤਰ ਪ੍ਰਿੰਸ ਗਰਗ (ਐਮ.ਡੀ. ਅਭੈ ਇੰਮੀਗ੍ਰੇਸ਼ਨ ਪ੍ਰਾਈਵੇਟ ਲਿਮਟਿਡ ਭਦੌੜ) ਨੇ ਨੌਜਵਾਨ ਅਨੀਕੇਤ ਨੂੰ ਉਸਦੀ ਵਧੀਆ ਸੋਚ ਦੇ ਲਈ ਵਧਾਈ ਦਿੱਤੀ ਅਤੇ ਜ਼ਿੰਦਗੀ ਵਿੱਚ ਤਰੱਕੀ ਕਰਨ ਦੀ ਕਾਮਨਾ ਕੀਤੀ। ਇਸ ਮੌਕੇ ਨੌਜਵਾਨ ਅਨੀਕੇਤ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਮੈ ਆਪਣੇ ਸਾਥੀਆਂ ਨਾਲ ਸੰਗਰੂਰ ਤੋਂ ਰਾਤੀ 1:30 ਚੱਲਿਆ ਸੀ ਅਤੇ ਸਵੇਰੇ 11:30 ਵਜੇ ਗਾਇਕ ਅਰਜਨ ਢਿੱਲੋਂ ਦੀ ਕੋਠੀ ਭਦੌੜ ਪਹੁੰਚ ਗਿਆ ਸੀ । ਨੌਜਵਾਨ ਅਨੀਕੇਤ ਨੇ ਅੱਗੇ ਕਿਹਾ ਕਿ ਭਦੌੜ ਵਿੱਚ ਨੌਜਵਾਨਾ ਅਤੇ ਪਤਵੰਤੇ ਸੱਜਣਾਂ ਵੱਲੋਂ ਸਾਨੂੰ ਇਨ੍ਹਾਂ ਮਾਣ-ਸਤਿਕਾਰ ਦਿੱਤਾ ਗਿਆ ਹੈ, ਜਿਸ ਨੂੰ ਅਸੀ ਕਦੇ ਵੀ ਭੁਲਾ ਨਹੀ ਸਕਦੇ। ਕਿਉਂਕਿ ਭਦੌੜ ਸੱਭਿਆਚਾਰ ਸ਼ਖ਼ਸੀਅਤਾਂ ਗਾਇਕਾਂ, ਕਵੀਆਂ ਗੀਤਕਾਰਾਂ, ਸਮਾਜ ਸੇਵੀਆਂ ਦੀ ਧਰਤੀ ਹੈ, ਇਸ ਕਰਕੇ ਭਦੌੜ ਦੇ ਲੋਕ ਵਧਾਈ ਦੇ ਪਾਤਰ ਹਨ, ਜਿਨ੍ਹਾਂ ਨੇ ਭਦੌੜ ਦੀ ਭੂਮੀ 'ਤੇ ਜਨਮ ਲਿਆ ਹੈ।

ਨੀਤੀ ਆਯੋਗ ਵੱਲੋਂ ਵਾਈ.ਐੱਸ. ਸਕੂਲ ਨੂੰ 40ਵੀਂ ਵਾਰ ਚੁਣਿਆ ਗਿਆ 'ਏ.ਟੀ.ਐਲ. ਸਕੂਲ ਆਫ਼ ਦ ਮੰਥ'

ਬਰਨਾਲਾ, 5 ਜੂਨ (ਇਸ਼ੇਨ ਕੰਗ) : ਵਾਈ.ਐੱਸ. ਸਕੂਲ ਆਪਣੇ ਖੇਤਰ ਵਿੱਚ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਵਿੱਚ ਯੋਗਦਾਨ ਲਈ ਪੂਰੇ ਇਲਾਕੇ ਵਿੱਚ ਪ੍ਰਸਿੱਧ ਹੈ। ਨੀਤੀ ਆਯੋਗ, ਭਾਰਤ ਵੱਲੋਂ ਏ.ਆਈ.ਐਮ. ਅਟਲ ਇਨੋਵੇਸ਼ਨ ਮਿਸ਼ਨ ਤਹਿਤ ਰਾਸ਼ਟਰੀ ਪੱਧਰ 'ਤੇ ਸਕੂਲ ਵਿੱਚ ਕਰਵਾਈਆਂ ਜਾ ਰਹੀਆਂ ਵੱਖ-ਵੱਖ ਤਰ੍ਹਾਂ ਦੀਆਂ ਤਕਨੀਕੀ ਗਤੀਵਿਧੀਆਂ ਲਈ ਵਾਈ.ਐੱਸ. ਸਕੂਲ ਨੂੰ 40ਵੀਂ ਵਾਰ ਏ.ਟੀ.ਐਲ. ਸਕੂਲ ਆਫ਼ ਦ ਮੰਥ ਚੁਣਿਆ ਗਿਆ ਹੈ। ਪੰਜਾਬ ਦੇ ਚੋਟੀ ਦੇ ਸਕੂਲਾਂ ਵਿੱਚ ਵਾਈ.ਐੱਸ. ਸਕੂਲ ਬਰਨਾਲਾ ਨੂੰ ਇਹ ਸਨਮਾਨ ਪ੍ਰਾਪਤ ਹੋਇਆ ਹੈ। ਵਰਣਨਯੋਗ ਹੈ ਕਿ ਵਾਈ.ਐੱਸ. ਸੰਸਥਾ ਗਤੀਵਿਧੀਆਂ ਰਾਹੀਂ ਤਕਨੀਕ ਦੇ ਖੇਤਰ ਵਿੱਚ ਹਰ ਰੋਜ਼ ਨਵੇਂ ਮਾਪਦੰਡ ਸਥਾਪਿਤ ਕਰ ਰਹੀ ਹੈ। ਇੱਥੇ ਇਹ ਵੀ ਵਰਣਨਯੋਗ ਹੈ ਕਿ ਸਕੂਲ ਵਿੱਚ ਵਿਦਿਆਰਥੀਆਂ ਨੂੰ ਤਕਨੀਕ ਨਾਲ ਜੋੜਨ ਲਈ ਉਨ੍ਹਾਂ ਤੋਂ ਕਈ ਵਰਕਿੰਗ-ਪ੍ਰੋਜੈਕਟ ਤਿਆਰ ਕਰਵਾਏ ਜਾਂਦੇ ਹਨ। ਹਾਲ ਹੀ ਵਿੱਚ ਤਕਨੀਕੀ ਦਿਵਸ ਅਤੇ ਕਮਿਊਨਿਟੀ ਦਿਵਸ ਦੇ ਮੌਕੇ 'ਤੇ ਬੱਚਿਆਂ ਵੱਲੋਂ ਬਣਾਏ ਪ੍ਰੋਜੈਕਟਾਂ ਨੂੰ ਇਕੱਠਾ ਕਰਕੇ ਸ਼ਾਨਦਾਰ ਪ੍ਰਦਰਸ਼ਨੀ ਦਾ ਆਯੋਜਨ ਕੀਤਾ ਗਿਆ। ਏ.ਟੀ.ਐਲ. ਦੇ ਮਾਧਿਅਮ ਰਾਹੀਂ ਵਾਈ.ਐੱਸ. ਗਰੁੱਪ ਆਪਣੇ ਵਿਦਿਆਰਥੀਆਂ ਨੂੰ ਤਕਨੀਕ ਨਾਲ ਜੋੜ ਕੇ ਉਨ੍ਹਾਂ ਨੂੰ ਭਵਿੱਖ ਵਿੱਚ ਆਤਮ-ਨਿਰਭਰ ਬਣਨ ਲਈ ਤਿਆਰ ਕਰ ਰਿਹਾ ਹੈ।

ਮਦਰ ਟੀਚਰ ਸਕੂਲ ਵਿਖੇ ਜੈਂਡਰ ਸੈਂਸੀਵਿਟੀ ਵਿਸ਼ੇ ਉੱਤੇ ਸੀ.ਬੀ.ਐਸ.ਈ. ਵਰਕਸ਼ਾਪ ਦੀ ਕਰਵਾਈ

ਬਰਨਾਲਾ, 5 ਜੂਨ (ਹਮੀਰ ਸਿੰਘ) : ਮਦਰ ਟੀਚਰ ਸਕੂਲ, ਬਰਨਾਲਾ ਵਿਖੇ ਜੈਂਡਰ ਸੈਂਸਿਟਿਵਿਟੀ ਵਿਸ਼ੇ ਉੱਤੇ ਇੱਕ ਰੋਜ਼ਾ ਸੀ.ਬੀ.ਐਸ.ਈ. ਸਮਰੱਥਾ ਨਿਰਮਾਣ ਪ੍ਰੋਗਰਾਮ ਸਫਲਤਾਪੂਰਵਕ ਆਯੋਜਿਤ ਕੀਤਾ ਗਿਆ। ਇਸ ਵਰਕਸ਼ਾਪ ਦਾ ਮੁੱਖ ਉਦੇਸ਼ ਸਕੂਲਾਂ ਵਿੱਚ ਜਾਗਰੂਕਤਾ, ਸਮਾਵੇਸ਼ਤਾ ਅਤੇ ਸਮਾਨਤਾ ਨੂੰ ਉਤਸ਼ਾਹਿਤ ਕਰਨਾ ਸੀ। ਪ੍ਰੋਗਰਾਮ ਵਿੱਚ ਸਕੂਲ ਦੇ ਅਧਿਆਪਕਾਂ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਜੈਂਡਰ-ਸੰਵੇਦਨਸ਼ੀਲ ਸਿੱਖਣ ਮਾਹੌਲ ਦੇ ਨਿਰਮਾਣ ਨਾਲ ਸੰਬੰਧਿਤ ਵੱਖ-ਵੱਖ ਵਿਸ਼ਿਆਂ ਉੱਤੇ ਵਿਚਾਰ-ਵਟਾਂਦਰਾ ਕੀਤਾ। ਵਰਕਸ਼ਾਪ ਦਾ ਸੰਚਾਲਨ ਸੀ.ਬੀ.ਐਸ.ਈ. ਦੇ ਮਾਣਯੋਗ ਸਰੋਤ ਵਿਅਕਤੀਆਂ ਹਰਵੰਤ ਸਿੰਘ ਅਤੇ ਡਾ. ਰੇਹਾਨਾ ਸਲੀਮ ਵੱਲੋਂ ਕੀਤਾ ਗਿਆ। ਸਮੂਹ ਚਰਚਾਵਾਂ, ਕੇਸ ਸਟਡੀਜ਼ ਅਤੇ ਵੱਖ-ਵੱਖ ਭਾਗੀਦਾਰ ਗਤੀਵਿਧੀਆਂ ਰਾਹੀਂ ਅਧਿਆਪਕਾਂ ਨੇ ਜੈਂਡਰ ਅਧਾਰਿਤ ਰੂੜ੍ਹੀਵਾਦੀ ਧਾਰਣਾਵਾਂ ਨੂੰ ਦੂਰ ਕਰਨ, ਸਮਾਨ ਮੌਕਿਆਂ ਨੂੰ ਉਤਸ਼ਾਹਿਤ ਕਰਨ ਅਤੇ ਸੁਰੱਖਿਅਤ ਅਤੇ ਸਹਿਯੋਗੀ ਕਲਾਸਰੂਮ ਮਾਹੌਲ ਤਿਆਰ ਕਰਨ ਲਈ ਵਿਹਾਰਕ ਰਣਨੀਤੀਆਂ ਬਾਰੇ ਵਿਚਾਰ ਸਾਂਝੇ ਕੀਤੇ। ਸਰੋਤ ਵਿਅਕਤੀਆਂ ਨੇ ਇਸ ਗੱਲ ਉੱਤੇ ਵਿਸ਼ੇਸ਼ ਜ਼ੋਰ ਦਿੱਤਾ ਕਿ ਜੈਂਡਰ-ਸੰਵੇਦਨਸ਼ੀਲ ਦ੍ਰਿਸ਼ਟੀਕੋਣ ਵਿਦਿਆਰਥੀਆਂ ਨੂੰ ਜ਼ਿੰਮੇਵਾਰ, ਸੰਵੇਦਨਸ਼ੀਲ ਅਤੇ ਸਮਾਜਿਕ ਤੌਰ 'ਤੇ ਜਾਗਰੂਕ ਨਾਗਰਿਕ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ। ਵਰਕਸ਼ਾਪ ਨੇ ਸਮਾਵੇਸ਼ੀ ਸਿੱਖਿਆ ਨੂੰ ਉਤਸ਼ਾਹਿਤ ਕਰਨ ਅਤੇ ਸਮਾਨਤਾ ਅਤੇ ਆਪਸੀ ਸਨਮਾਨ ਦੇ ਮੁੱਲਾਂ ਨੂੰ ਮਜ਼ਬੂਤ ਕਰਨ ਪ੍ਰਤੀ ਸੀ.ਬੀ.ਐਸ.ਈ. ਦੀ ਵਚਨਬੱਧਤਾ ਨੂੰ ਵੀ ਉਜਾਗਰ ਕੀਤਾ। ਸਕੂਲ ਪ੍ਰਬੰਧਕ ਕਮੇਟੀ ਅਤੇ ਪ੍ਰਿੰਸੀਪਲ ਨੇ ਹਰਵੰਤ ਸਿੰਘ ਅਤੇ ਡਾ. ਰੇਹਾਨਾ ਸਲੀਮ ਦਾ ਉਨ੍ਹਾਂ ਦੇ ਪ੍ਰੇਰਨਾਦਾਇਕ ਅਤੇ ਗਿਆਨਵਰਧਕ ਮਾਰਗਦਰਸ਼ਨ ਲਈ ਹਿਰਦੇ ਤੋਂ ਧੰਨਵਾਦ ਕੀਤਾ ਅਤੇ ਸਾਰੇ ਭਾਗੀਦਾਰ ਅਧਿਆਪਕਾਂ ਦਾ ਉਨ੍ਹਾਂ ਦੀ ਸਰਗਰਮ ਭਾਗੀਦਾਰੀ ਲਈ ਆਭਾਰ ਪ੍ਰਗਟਾਇਆ।

ਸਰਕਾਰੀ ਪ੍ਰਾਇਮਰੀ ਸਕੂਲ ਹਮੀਦੀ ਵਿਖੇ ਮਨਾਇਆ ਵਿਸ਼ਵ ਵਾਤਾਵਰਨ ਦਿਵਸ

ਬਰਨਾਲਾ, 5 ਜੂਨ (ਸੁਖਵਿੰਦਰ ਸਿੰਘ ਭੰਡਾਰੀ) : ਸਰਕਾਰੀ ਪ੍ਰਾਇਮਰੀ ਸਕੂਲ ਹਮੀਦੀ ਵਿਖੇ ਵਿਸ਼ਵ ਵਾਤਾਵਰਨ ਦਿਵਸ ਉਤਸ਼ਾਹ ਅਤੇ ਜਾਗਰੂਕਤਾ ਨਾਲ ਮਨਾਇਆ ਗਿਆ। ਇਸ ਸਾਲ ਦਾ ਸੰਦੇਸ਼ ਕੁਦਰਤ ਤੋਂ ਪ੍ਰੇਰਿਤ, ਜਲਵਾਯੂ ਅਤੇ ਸਾਡੇ ਭਵਿੱਖ ਲਈ ਸਮਰਪਿਤ ਰਿਹਾ, ਜਿਸ ਦੇ ਤਹਿਤ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਵਾਤਾਵਰਨ ਦੀ ਸੰਭਾਲ ਦਾ ਸੰਕਲਪ ਲਿਆ। ਸਕੂਲ ਦੇ ਮੁੱਖ ਅਧਿਆਪਕ ਅਤੇ ਈਕੋ ਕਲੱਬ ਦੇ ਇੰਚਾਰਜ਼ ਅਸ਼ਵਨੀ ਕੁਮਾਰ ਨੇ ਦੱਸਿਆ ਕਿ ਵਿਸ਼ਵ ਵਾਤਾਵਰਨ ਦਿਵਸ ਹਰ ਸਾਲ 5 ਜੂਨ ਨੂੰ ਮਨਾਇਆ ਜਾਂਦਾ ਹੈ। ਇਸ ਦਾ ਉਦੇਸ਼ ਲੋਕਾਂ ਨੂੰ ਵਾਤਾਵਰਨ ਪ੍ਰਤੀ ਜਾਗਰੂਕ ਕਰਨਾ ਅਤੇ ਧਰਤੀ ਨੂੰ ਪ੍ਰਦੂਸ਼ਨ, ਗਲੋਬਲ ਵਾਰਮਿੰਗ ਅਤੇ ਕੁਦਰਤੀ ਸਰੋਤਾਂ ਦੇ ਨੁਕਸਾਨ ਤੋਂ ਬਚਾਉਣ ਲਈ ਪ੍ਰੇਰਿਤ ਕਰਨਾ ਹੈ। ਇਸ ਮੌਕੇ ਵਿਦਿਆਰਥੀਆਂ ਵੱਲੋਂ ਛਾਂਦਾਰ ਅਤੇ ਫ਼ਲਦਾਰ ਬੂਟੇ ਲਗਾਏ ਗਏ। ਬੱਚਿਆਂ ਨੇ ਰੁੱਖਾਂ ਦੀ ਸੰਭਾਲ ਕਰਨ ਅਤੇ ਆਪਣੇ ਆਲੇ-ਦੁਆਲੇ ਦੇ ਲੋਕਾਂ ਨੂੰ ਵੀ ਵੱਧ ਤੋਂ ਵੱਧ ਰੁੱਖ ਲਗਾਉਣ ਲਈ ਪ੍ਰੇਰਿਤ ਕਰਨ ਦਾ ਸੰਕਲਪ ਲਿਆ। ਇਸ ਦੇ ਨਾਲ ਨਾਅਰਾ ਲੇਖਨ ਅਤੇ ਚਾਰਟ-ਮੇਕਿੰਗ ਮੁਕਾਬਲੇ ਵੀ ਕਰਵਾਏ ਗਏ, ਜਿਨ੍ਹਾਂ ਰਾਹੀਂ ਬੱਚਿਆਂ ਨੇ ਵਾਤਾਵਰਨ ਸੰਭਾਲ ਦਾ ਸੰਦੇਸ਼ ਦਿੱਤਾ। ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਅਤੇ ਮੁੱਖ ਅਧਿਆਪਕ ਵੱਲੋਂ ਬੂਟਾ ਲਗਾ ਕੇ ਇਹ ਵਚਨ ਲਿਆ ਗਿਆ ਕਿ ਧਰਤੀ ਦੇ ਵਧਦੇ ਤਾਪਮਾਨ ਅਤੇ ਪ੍ਰਦੂਸ਼ਣ ਨੂੰ ਘਟਾਉਣ ਲਈ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ। ਮੈਡਮ ਸਰਬਜੀਤ ਕੌਰ ਨੇ ਬੱਚਿਆਂ ਨੂੰ ਵਾਤਾਵਰਨ ਦੀ ਸੰਭਾਲ ਦੇ ਮਹੱਤਵ ਅਤੇ ਇਸ ਦੇ ਲਾਭਾਂ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਮੈਡਮ ਜਸਪ੍ਰੀਤ ਕੌਰ, ਚਮਕੌਰ ਸਿੰਘ, ਜਗਸੀਰ ਸਿੰਘ, ਗੁਰਦੀਪ ਸਿੰਘ, ਵਿਦਿਆਰਥੀਆਂ ਦੇ ਮਾਤਾ-ਪਿਤਾ ਆਦਿ ਹਾਜ਼ਰ ਸਨ।

ਸਿਵਲ ਹਸਪਤਾਲ ਬਰਨਾਲਾ ਵਿਖੇ ਬਲੱਡ ਬੈਂਕ ਨੂੰ ਚਾਲੂ ਕਰਵਾਉਣ ਲਈ ਏ.ਡੀ.ਸੀ. ਨੂੰ ਦਿੱਤਾ ਮੰਗ ਪੱਤਰ

ਬਰਨਾਲਾ, 5 ਜੂਨ (ਸੁਖਵਿੰਦਰ ਸਿੰਘ ਭੰਡਾਰੀ) : ਸਿਵਲ ਹਸਪਤਾਲ ਬਰਨਾਲਾ ਵਿਖੇ ਮਿਤੀ 26 ਜਨਵਰੀ 2026 ਤੋਂ ਬਲੱਡ ਬੈਂਕ ਬੰਦ ਚਲਿਆ ਆ ਰਿਹਾ ਹੈ। ਲੋੜਵੰਦ ਮਰੀਜ਼ਾਂ ਨੂੰ ਖ਼ੂਨ ਲੈਣ ਅਤੇ ਖ਼ੂਨਦਾਨੀਆਂ ਨੂੰ ਖ਼ੂਨ ਦਾਨ ਕਰਨ ਲਈ ਔਕੜਾਂ ਦਾ ਸਾਹਮਣਾ ਕਰਨਾ ਕਰਨਾ ਪੈ ਰਿਹਾ ਹੈ। ਜ਼ਿਲ੍ਹਾ ਬਰਨਾਲਾ ਦੀਆਂ ਅਨੇਕਾਂ ਸੰਸਥਾਵਾਂ ਜਿਵੇਂ ਕਿ ਸ਼੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸਭਾ ਦੇ ਪ੍ਰਧਾਨ ਜਗਵਿੰਦਰ ਸਿੰਘ ਭੰਡਾਰੀ, ਲੋਕ ਭਲਾਈ ਕਲੱਬ ਮੌੜਾਂ ਦੇ ਪ੍ਰਧਾਨ ਸੀਰਾ ਮੌੜ, ਨੇਚਰ ਫਾਊਂਡੇਸ਼ਨ ਟਰੱਸਟ ਪੰਜਾਬ ਦੇ ਪ੍ਰਧਾਨ ਨਿਰਮਲ ਸਿੰਘ ਝਿੰਜਰ, ਬਲੱਡ ਡੋਨਰ ਐਸੋਸੀਏਸ਼ਨ ਬਰਨਾਲਾ ਦੇ ਪ੍ਰਧਾਨ ਜਗਜੀਤ ਸਿੰਘ ਅਤੇ ਖ਼ੂਨਦਾਨ ਇਕਾਈ ਫਤਿਹਗੜ੍ਹ ਛੰਨਾ ਦੇ ਪ੍ਰਧਾਨ ਬਸੰਤ ਸਿੰਘ ਦੀ ਅਗਵਾਈ ਵਿੱਚ ਇੱਕ ਭਰਵੇਂ ਵਫ਼ਦ ਨੇ ਵਧੀਕ ਡਿਪਟੀ ਕਮਿਸ਼ਨਰ ਬਰਨਾਲਾ ਵਿਵੇਕ ਕੁਮਾਰ ਮੋਦੀ ਨੂੰ ਮੰਗ ਪੱਤਰ ਪੇਸ਼ ਕਰਦਿਆਂ ਜ਼ੋਰਦਾਰ ਮੰਗ ਕੀਤੀ ਕਿ ਲੋਕਾਂ ਦੀਆਂ ਸਮੱਸਿਆਵਾਂ ਨੂੰ ਮੁੱਖ ਰੱਖਦਿਆਂ ਸਿਵਲ ਹਸਪਤਾਲ ਬਰਨਾਲਾ ਦੇ ਬਲੱਡ ਬੈਂਕ ਨੂੰ ਮੁੜ ਚਾਲੂ ਕਰਵਾਇਆ ਜਾਵੇ। ਵਧੀਕ ਡਿਪਟੀ ਕਮਿਸ਼ਨਰ ਨੇ ਵਫ਼ਦ ਨੂੰ ਲੋੜੀਂਦੀ ਕਾਰਵਾਈ ਕਰਨ ਦਾ ਭਰੋਸਾ ਦਿੱਤਾ। ਇਸ ਉਪਰੰਤ ਉਪਰੋਕਤ ਸੰਸਥਾਵਾਂ ਦੇ ਅਹੁਦੇਦਾਰਾਂ ਨੇ ਕਿਹਾ ਕਿ ਉਹ ਬਿਨ੍ਹਾਂ ਕਿਸੇ ਲਾਲਚ ਦੇ ਮਾਨਵਤਾ ਦੀ ਸੇਵਾ ਨੂੰ ਮੁੱਖ ਰੱਖਦਿਆਂ ਖ਼ੂਨਦਾਨ ਕਰਨ ਦਾ ਪਰਉਪਕਾਰੀ ਕਾਰਜ ਕਰ ਰਹੀਆਂ ਹਨ। ਇਸ ਦੌਰਾਨ ਰਮਨਦੀਪ ਸਿੰਘ ਸਦਿਓੜਾ, ਸ਼ਮਸ਼ੇਰ ਸਿੰਘ, ਓਮ ਪ੍ਰਕਾਸ਼, ਧਿਆਨ ਸਿੰਘ ਜੋਗਾ ਆਦਿ ਹਾਜ਼ਰ ਸਨ।

ਅੱਖਾਂ ਦਾ ਮੁਫ਼ਤ ਜਾਂਚ ਅਤੇ ਆਪ੍ਰੇਸ਼ਨ ਕੈਂਪ ਲਗਾਇਆ

ਤਪਾ ਮੰਡੀ, 5 ਜੂਨ (ਰਾਜੂ ਮਹਿਰਾ) : ਪ੍ਰੇਮ ਅੱਖਾਂ ਦਾ ਅਤੇ ਜਨਾਨਾ ਰੋਗਾਂ ਦਾ ਹਸਪਤਾਲ ਬਰਨਾਲਾ ਵੱਲੋਂ ਪਿੰਡ ਕੁਰੜ ਵਿਖੇ ਅੱਖਾਂ ਦਾ ਮੁਫ਼ਤ ਚੈਕਅੱਪ ਅਤੇ ਆਪਰੇਸ਼ਨ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਮਰੀਜਾਂ ਨੇ ਵੱਡੀ ਗਿਣਤੀ ਵਿਚ ਪਹੁੰਚ ਕੇ ਕੈਂਪ ਦਾ ਲਾਹਾ ਤੱਕਿਆ। ਕੈਂਪ ਦੌਰਾਨ ਅੱਖਾਂ ਦੇ ਮਾਹਿਰ ਡਾ. ਰੁਪੇਸ਼ ਸਿੰਗਲਾ ਅਤੇ ਉਨ੍ਹਾਂ ਦੀ ਟੀਮ ਵੱਲੋਂ ਮਰੀਜ਼ਾਂ ਦੀਆਂ ਅੱਖਾਂ ਦਾ ਮੁਫ਼ਤ ਚੈਕਅੱਪ ਕੀਤਾ ਗਿਆ। ਇਸ ਤੋਂ ਇਲਾਵਾ ਲੋੜਵੰਦ ਮਰੀਜ਼ਾਂ ਨੂੰ ਅੱਖਾਂ ਦੀਆਂ ਦਵਾਈਆਂ ਅਤੇ ਐਨਕਾਂ ਵੀ ਮੁਫ਼ਤ ਵੰਡੀਆਂ ਗਈਆਂ। ਡਾਕਟਰਾਂ ਦੀ ਟੀਮ ਵੱਲੋਂ ਲੱਗਭੱਗ 220 ਮਰੀਜ਼ਾਂ ਦੀ ਜਾਂਚ ਕੀਤੀ ਗਈ, ਜਿਨ੍ਹਾਂ ਵਿਚੋਂ 35 ਮਰੀਜ਼ਾਂ ਨੂੰ ਚਿੱਟੇ ਮੋਤੀਏ ਦੇ ਆਪਰੇਸ਼ਨ ਲਈ ਚੁਣਿਆ ਗਿਆ। ਕੈਂਪ ਦੌਰਾਨ ਮਰੀਜ਼ਾਂ ਨੂੰ ਅੱਖਾਂ ਦੀ ਸੰਭਾਲ ਅਤੇ ਸਮੇਂ-ਸਿਰ ਇਲਾਜ ਸੰਬੰਧੀ ਜਾਗਰੂਕ ਵੀ ਕੀਤਾ ਗਿਆ। ਇਸ ਮੌਕੇ ਸਮੂਹ ਨਗਰ ਪੰਚਾਇਤ, ਸੁਖਵਿੰਦਰ ਦਾਸ (ਸਰਪੰਚ), ਗੁਰਤੇਜ ਸਿੰਘ ਮਾਸਟਰ, ਹਰਬੋਲ ਸਿੰਘ, ਸਮਨਦੀਪ ਸਿੰਘ, ਦਿਲਜੋਤ ਸਿੰਘ, ਬੇਅੰਤ ਸਿੰਘ, ਤਜਿੰਦਰ ਜਗਦੇ, ਜਗਸੀਰ ਸਿੰਘ, ਆਤਮਾ ਸਿੰਘ, ਬਲਰਾਜ ਸਿੰਘ ਦਾ ਵਿਸ਼ੇਸ਼ ਸਹਿਯੋਗ ਰਿਹਾ। ਡਾਕਟਰ ਰੂਪੇਸ਼ ਸਿੰਗਲਾ ਨੇ ਕਿਹਾ ਕਿ ਸਮਾਜ ਸੇਵਾ ਦੇ ਉਦੇਸ਼ ਨਾਲ ਇਸ ਤਰ੍ਹਾਂ ਦੇ ਮੁਫ਼ਤ ਮੈਡੀਕਲ ਕੈਂਪ ਲਗਾਤਾਰ ਲਗਾਏ ਜਾਂਦੇ ਰਹਿਣਗੇ, ਤਾਂ ਜੋ ਲੋੜਵੰਦ ਅਤੇ ਗਰੀਬ ਮਰੀਜ਼ ਸਮੇਂ ਸਿਰ ਆਪਣਾ ਇਲਾਜ ਕਰਵਾ ਸਕਣ। ਉਨ੍ਹਾਂ ਕਿਹਾ ਕਿ ਅੱਖਾਂ ਦੀਆਂ ਬਿਮਾਰੀਆਂ ਨੂੰ ਅਣਡਿੱਠਾ ਨਹੀਂ ਕਰਨਾ ਚਾਹੀਦਾ ਅਤੇ ਸਮੇਂ-ਸਮੇਂ 'ਤੇ ਅੱਖਾਂ ਦੀ ਜਾਂਚ ਕਰਵਾਉਣੀ ਬਹੁਤ ਜ਼ਰੂਰੀ ਹੈ।

ਈਸ਼ਵਰ ਆਸ਼ਾ ਟਰੱਸਟ ਦੇ ਮੰਚ ਤੋਂ ਗੂੰਜੀ ਵਾਤਾਵਰਨ ਸੰਭਾਲ ਦੀ ਆਵਾਜ਼

ਬਰਨਾਲਾ, 5 ਜੂਨ (ਸੁਖਵਿੰਦਰ ਸਿੰਘ ਭੰਡਾਰੀ) : ਮਨੁੱਖੀ ਹੋਂਦ ਅਤੇ ਕੁਦਰਤ ਦੇ ਆਪਸੀ ਰਿਸ਼ਤੇ ਨੂੰ ਮਜ਼ਬੂਤ ਕਰਨ ਅਤੇ ਧਰਤੀ ਨੂੰ ਪ੍ਰਦੂਸ਼ਨ ਮੁਕਤ ਬਣਾਉਣ ਦੇ ਉਦੇਸ਼ ਨਾਲ ਅੱਜ 'ਈਸ਼ਵਰ ਆਸ਼ਾ ਇਨਵਾਇਰਮੈਂਟ ਟਰੱਸਟ ਬਰਨਾਲਾ' ਵੱਲੋਂ ਸਥਾਨਕ ਬਰਨਾਲਾ ਕਲੱਬ ਵਿਖੇ ਵਿਸ਼ਵ ਵਾਤਾਵਰਣ ਦਿਵਸ ਬੜੀ ਗੰਭੀਰਤਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਵਿਸ਼ੇਸ਼ ਸਮਾਗਮ ਵਿੱਚ ਸ਼ਹਿਰ ਦੀਆਂ ਪ੍ਰਮੁੱਖ ਸਮਾਜਿਕ ਸ਼ਖਸੀਅਤਾਂ ਅਤੇ ਵਾਤਾਵਰਣ ਪ੍ਰੇਮੀਆਂ ਨੇ ਹਿੱਸਾ ਲੈ ਕੇ ਭਵਿੱਖ ਦੀ ਰਣਨੀਤੀ 'ਤੇ ਵਿਚਾਰ ਵਟਾਂਦਰਾ ਕੀਤਾ। ਸਮਾਗਮ ਦੀ ਪ੍ਰਧਾਨਗੀ 'ਗਰੀਨ ਮੈਨ ਆਫ਼ ਬਰਨਾਲਾ' ਵਜੋਂ ਜਾਣੇ ਜਾਂਦੇ ਇੰਜ. ਐਸ. ਪੀ. ਕੌਸਲ ਨੇ ਕੀਤੀ, ਜਦੋਂ ਕਿ 'ਖੇਤੀ ਵਿਰਾਸਤ ਮਿਸ਼ਨ' ਦੇ ਪ੍ਰਧਾਨ ਉਮਿੰਦਰ ਦੱਤ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਸਮਾਗਮ ਦੌਰਾਨ ਸੰਬੋਧਨ ਕਰਦਿਆਂ ਮੁੱਖ ਮਹਿਮਾਨ ਉਮਿੰਦਰ ਦੱਤ ਨੇ ਕਿਹਾ ਕਿ ਅੱਜ ਵਾਤਾਵਰਣ ਦੀ ਸੰਭਾਲ ਸਿਰਫ਼ ਭਾਸ਼ਣਾਂ ਤੱਕ ਸੀਮਤ ਨਹੀਂ ਰਹਿਣੀ ਚਾਹੀਦੀ, ਬਲਕਿ ਹਰ ਨਾਗਰਿਕ ਨੂੰ ਪਾਣੀ ਦੀ ਬਚਤ ਅਤੇ ਜੈਵਿਕ ਰਹਿਣ-ਸਹਿਣ ਅਪਣਾ ਕੇ ਜ਼ਮੀਨੀ ਪੱਧਰ 'ਤੇ ਕੰਮ ਕਰਨਾ ਪਵੇਗਾ। ਇਸ ਮੌਕੇ ਬਰਨਾਲਾ ਵੈਲਫ਼ੇਅਰ ਕਲੱਬ ਦੇ ਚੇਅਰਮੈਨ ਵਿਵੇਕ ਸਿੰਧਵਾਨੀ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਵਾਤਾਵਰਣ ਸੰਭਾਲ ਦੀਆਂ ਸਥਾਨਕ ਮੁਹਿੰਮਾਂ ਵਿੱਚ ਕਲੱਬ ਵੱਲੋਂ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ। 'ਸੀਨੀਅਰ ਸਿਟੀਜਨ ਸੋਸਾਇਟੀ' ਵੱਲੋਂ ਵਿਜੇ ਗੋਇਲ, ਦਿਨੇਸ਼ ਕੌਸਲ ਅਤੇ ਸੁਰਿੰਦਰ ਕੁਮਾਰ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਸਮਾਗਮ ਨੂੰ ਸਫ਼ਲ ਬਣਾਉਣ ਵਿੱਚ ਵਾਤਾਵਰਣ ਪ੍ਰੇਮੀ ਸਕੁਲ ਕੌਸ਼ਲ, ਸੰਦੀਪ ਧੌਲਾ, ਰਾਜੇਸ਼ ਭੁਟਾਨੀ, ਜੋਸ਼ੀ ਗੋਇਲ, ਪੁਸ਼ਪ ਬਾਂਸਲ, ਸੁਮਿਤ ਬਾਂਸਲ, ਸਤੀਸ਼ ਕੁਮਾਰ, ਨਵਦੀਪ ਸਿੰਘ, ਸਨੀ ਗੋਇਲ, ਵਿਸ਼ਣੂ ਗੋਇਲ, ਸਿਨੇਸ, ਕੈਲਾਸ਼ ਗੋਇਲ, ਰਾਜ ਕੁਮਾਰ ਸ਼ਰਮਾ, ਸੰਗੀਤ ਸ਼ਰਮਾ, ਸੰਦੀਪ ਮਲਿਕ, ਮੱਖਣ ਸਿੰਘ ਅਤੇ ਸੁਰਿੰਦਰ ਮਿੱਤਲ ਸਮੇਤ ਭਾਰੀ ਗਿਣਤੀ ਵਿੱਚ ਹਾਜ਼ਰ ਪਤਵੰਤੇ ਸੱਜਣਾਂ ਨੇ ਅਹਿਮ ਯੋਗਦਾਨ ਪਾਇਆ। ਹਾਜ਼ਰੀਨ ਨੇ ਪ੍ਰਣ ਲਿਆ, ਕਿ ਉਹ ਪਲਾਸਟਿਕ ਦਾ ਤਿਆਗ ਕਰਕੇ ਹਰਿਆਵਲ ਵਧਾਉਣ ਲਈ ਨਿਰੰਤਰ ਕਾਰਜਸ਼ੀਲ ਰਹਿਣਗੇ।

ਧਨੌਲਾ ਵਿੱਚ ਵਿਸ਼ਵ ਵਾਤਾਵਰਨ ਦਿਵਸ ਮਨਾਇਆ

ਧਨੌਲਾ, 5 ਜੂਨ (ਚਮਕੌਰ ਸਿੰਘ ਗੱਗੀ) : ਵਿਸ਼ਵ ਵਾਤਾਵਰਨ ਦਿਵਸ ਦੇ ਮੌਕੇ 'ਤੇ ਮਾਈ ਭਾਰਤ ਬਰਨਾਲਾ ਵੱਲੋਂ ਜ਼ਿਲ੍ਹਾ ਯੂਥ ਅਫ਼ਸਰ ਮੈਡਮ ਆਭਾ ਸੋਨੀ ਦੀ ਪ੍ਰਧਾਨਗੀ ਹੇਠ ਗੁਰਦੇਵ ਫੁੱਟਬਾਲ ਅਕੈਡਮੀ ਧਨੌਲਾ ਦੇ ਸਹਿਯੋਗ ਨਾਲ ਵਾਤਾਵਰਨ ਸੰਭਾਲ ਅਤੇ ਹਰਿਆਵਲੀ ਨੂੰ ਉਤਸ਼ਾਹਿਤ ਕਰਨ ਲਈ ਵਿਸ਼ੇਸ਼ ਜਾਗਰੂਕਤਾ ਪ੍ਰੋਗਰਾਮ ਕਰਾਇਆ ਗਿਆ। ਇਸ ਮੌਕੇ ਨੌਜਵਾਨਾਂ, ਸਵੈ ਸੇਵਕਾਂ ਅਤੇ ਸਮਾਜ ਸੇਵੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਜ਼ਿਲ੍ਹਾ ਯੂਥ ਅਫ਼ਸਰ ਆਭਾ ਸੋਨੀ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਵਾਤਾਵਰਨ ਦੀ ਸਾਂਭ ਸੰਭਾਲ ਲਈ ਅੱਗੇ ਆਉਣਾ ਚਾਹੀਦਾ ਹੈ। ਸਪੋਰਟਸ ਕੋਚ ਕਿਰਪਾਲ ਸਿੰਘ ਨੇ ਪ੍ਰੋਗਰਾਮ ਦੌਰਾਨ ਵਾਤਾਵਰਨ ਦੀ ਸੁਰੱਖਿਆ, ਪਲਾਸਟਿਕ ਪ੍ਰਦੂਸ਼ਨ ਨੂੰ ਘਟਾਉਣ ਅਤੇ ਵੱਧ ਤੋਂ ਵੱਧ ਰੁੱਖ ਲਗਾਉਣ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ। ਵਲੰਟੀਅਰ ਜੀਵਨ ਸਿੰਘ ਨੇ ਕਿਹਾ ਕਿ ਸਾਫ਼-ਸੁਥਰਾ ਅਤੇ ਹਰਿਆ-ਭਰਿਆ ਵਾਤਾਵਰਨ ਹੀ ਆਉਣ ਵਾਲੀਆਂ ਪੀੜ੍ਹੀਆਂ ਲਈ ਇੱਕ ਸੁਰੱਖਿਅਤ ਭਵਿੱਖ ਦੀ ਗਾਰੰਟੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇੱਕ ਰੁੱਖ ਜ਼ਰੂਰ ਲਗਾਉਣ ਅਤੇ ਪਲਾਸਟਿਕ ਦੀ ਵਰਤੋਂ ਨੂੰ ਘੱਟ ਤੋਂ ਘੱਟ ਕਰਨ। ਪ੍ਰੋਗਰਾਮ ਦੇ ਅੰਤ ਵਿੱਚ ਵਾਤਾਵਰਨ ਸੰਭਾਲ ਪ੍ਰਤੀ ਯੋਗਦਾਨ ਪਾਉਣ ਵਾਲੇ ਨੌਜਵਾਨਾਂ ਅਤੇ ਸਵੈ ਸੇਵਕਾਂ ਦੀ ਸ਼ਲਾਘਾ ਕੀਤੀ ਗਈ ਅਤੇ ਸਾਰਿਆਂ ਨੇ ਮਿਲ ਕੇ ਵਾਤਾਵਰਨ ਦੀ ਰੱਖਿਆ ਲਈ ਨਿਰੰਤਰ ਯਤਨ ਕਰਨ ਦਾ ਸੰਕਲਪ ਦੁਹਰਾਇਆ।

ਕੇਵਲ ਸਿੰਘ ਢਿੱਲੋਂ ਪੰਜਾਬ ਭਾਜਪਾ ਨੂੰ ਨਵੀਆਂ ਬੁਲੰਦੀਆਂ ਤੱਕ ਲੈ ਕੇ ਜਾਣਗੇ : ਰਕੇਸ਼ ਕੁਮਾਰ ਟੀਟੂ



ਭਦੌੜ, 5 ਜੂਨ (ਸੁਖਵਿੰਦਰ ਪਲਾਹਾ) : ਭਾਰਤੀ ਜਨਤਾ ਪਾਰਟੀ ਪੰਜਾਬ ਦੇ ਨਵ ਨਿਯੁਕਤ ਪ੍ਰਧਾਨ ਕੇਵਲ ਸਿੰਘ ਢਿੱਲੋਂ ਦੇ ਭਾਰਤੀ ਜਨਤਾ ਪਾਰਟੀ ਦੇ ਪੰਜਾਬ ਪ੍ਰਧਾਨ ਬਣਦਿਆਂ ਹੀ ਪੰਜਾਬ ਵਿੱਚੋਂ ਹੀ ਨਹੀਂ ਬਲਕਿ ਪੰਜਾਬ ਤੋਂ ਬਾਹਰ ਬੈਠੇ ਉਹਨਾਂ ਦੇ ਮਿੱਤਰ ਸਨੇਹੀਆਂ ਵੱਲੋਂ ਵਧਾਈਆਂ ਦੇਣ ਵਾਲਿਆਂ ਦੀ ਲਾਈਨ ਹਰ ਰੋਜ਼ ਲੰਬੀ ਹੁੰਦੀ ਜਾ ਰਹੀ ਹੈ। ਕਿਉਂਕਿ ਕੇਵਲ ਸਿੰਘ ਢਿੱਲੋਂ ਨੂੰ ਵਿਕਾਸ ਪੁਰਸ ਦਾ ਦਰਜਾ ਦਿੱਤਾ ਜਾ ਚੁੱਕਾ ਹੈ। ਇਸ ਕਰਕੇ ਕੇਵਲ ਸਿੰਘ ਢਿੱਲੋਂ ਭਾਰਤੀ ਜਨਤਾ ਪਾਰਟੀ ਪੰਜਾਬ ਦੇ ਹੀ ਪ੍ਰਧਾਨ ਨਹੀਂ ਸਗੋਂ ਇਹ ਪੂਰੇ ਭਾਰਤ ਵਿੱਚ ਭਾਰਤੀ ਜਨਤਾ ਪਾਰਟੀ ਦੇ ਲਈ ਦਿਨ ਰਾਤ ਇੱਕ ਕਰ ਦੇਣਗੇ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਭਾਰਤੀ ਜਨਤਾ ਪਾਰਟੀ ਦੇ ਮੰਡਲ ਪ੍ਰਧਾਨ ਭਦੌੜ ਰਕੇਸ਼ ਕੁਮਾਰ ਟੀਟੂ ਨੇ ਪੱਤਰਕਾਰਾਂ ਕੋਲ ਕੀਤਾ। ਉਹਨਾਂ ਕਿਹਾ ਕਿ ਪੰਜਾਬ ਵਿੱਚ ਬਹੁਤ ਹੀ ਤੇਜ਼ੀ ਨਾਲ ਭਾਰਤੀ ਜਨਤਾ ਪਾਰਟੀ ਦਾ ਵੋਟ ਬੈਂਕ ਵਧ ਰਿਹਾ ਹੈ ਅਤੇ ਕੇਵਲ ਸਿੰਘ ਢਿੱਲੋਂ ਦੀ ਪ੍ਰਧਾਨਗੀ ਹੇਠ ਭਾਰਤੀ ਜਨਤਾ ਪਾਰਟੀ 2027 ਵਿੱਚ ਪੰਜਾਬ ਅੰਦਰ ਆਪਣੀ ਸਰਕਾਰ ਬਣਾਏਗੀ। ਉਹਨਾਂ ਕਿਹਾ ਕਿ ਪੰਜਾਬ ਵਿੱਚ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਲੋਕ ਬੁਰੀ ਤਰ੍ਹਾਂ ਅੱਕ ਚੁੱਕੇ ਹਨ, ਕਿਉਂਕਿ ਆਮ ਆਦਮੀ ਪਾਰਟੀ ਵੱਲੋਂ ਪੰਜਾਬ ਦੇ ਲੋਕਾਂ ਨਾਲ ਕੀਤੇ ਵਾਅਦਿਆਂ ਵਿੱਚੋਂ ਕੋਈ ਵੀ ਵਾਅਦਾ ਪੂਰਾ ਨਹੀਂ ਕਰ ਸਕੀ। ਉਹਨਾਂ ਕਿਹਾ ਕਿ 2027 ਵਿੱਚ ਆਉਂਦੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਰਤੀ ਜਨਤਾ ਪਾਰਟੀ ਆਪਣੇ ਸਹਿਯੋਗੀ ਦਲਾਂ ਨੂੰ ਨਾਲ ਲੈ ਕੇ ਚੱਲੇਗੀ ਅਤੇ ਪੰਜਾਬ ਵਿੱਚ ਆਪਣੀ ਸਰਕਾਰ ਬਣਾ ਕੇ ਪੰਜਾਬ ਦੇ ਲੋਕਾਂ ਨੂੰ ਮਹਾਰਾਜਾ ਰਣਜੀਤ ਸਿੰਘ ਦੇ ਰਾਜ ਵਰਗਾ ਰਾਜ ਮੁਹੱਈਆ ਕਰਵਾਏਗੀ। ਉਹਨਾਂ ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਜੇਕਰ ਪੰਜਾਬ ਵਿੱਚ ਅਮਨ ਸ਼ਾਂਤੀ ਅਤੇ ਖੁਸ਼ਹਾਲੀ ਚਾਹੁੰਦੇ ਹੋ ਤਾਂ, ਭਾਰਤੀ ਜਨਤਾ ਪਾਰਟੀ ਦਾ ਜ਼ਰੂਰ ਸਾਥ ਦਿਓ ਤਾਂ ਕਿ ਪੰਜਾਬ ਤਰੱਕੀ ਦੀਆਂ ਲੀਹਾਂ ਤੇ ਦੁਬਾਰਾ ਚੜ੍ਹ ਸਕੇ।

ਚੋਣਾਂ ਦੌਰਾਨ ਭਾਜਪਾ ਆਗੂ ਦੇ ਪਰਿਵਾਰ ਨਾਲ ਬਦਸਲੂਕੀ ਦਾ ਮਾਮਲਾ, ਐੱਸ.ਐੱਸ.ਪੀ. ਕੋਲ ਪੁੱਜਾ ਭਾਜਪਾ ਵਫ਼ਦ

ਬਰਨਾਲਾ, 5 ਜੂਨ (ਹਮੀਰ ਸਿੰਘ) : ਭਾਰਤੀ ਜਨਤਾ ਪਾਰਟੀ ਦਾ ਬਫਦ ਜ਼ਿਲ੍ਹਾ ਪ੍ਰਧਾਨ ਭਾਰਤੀ ਜਨਤਾ ਪਾਰਟੀ ਯਾਦਵਿੰਦਰ ਸ਼ੈਂਟੀ ਦੀ ਅਗਵਾਈ ਵਿੱਚ ਐਸਐਸਪੀ ਸਾਹਿਬ ਬਰਨਾਲਾ ਨੂੰ ਮਿਲਿਆ। ਨਗਰ ਨਿਗਮ ਦੀਆਂ ਚੋਣਾਂ ਵਾਲੇ ਦਿਨ 26-05-2026 ਨੂੰ ਵਾਰਡ ਨੰਬਰ 38 ਤੋਂ ਭਾਜਪਾ ਉਮੀਦਵਾਰ ਸ਼ਵਾਨੀ ਉੱਪਲ ਦੇ ਪਤੀ ਇਲੈਕਸ਼ਨ ਏਜੰਟ ਰਜਿੰਦਰ ਉੱਪਲ (ਸੀਨੀਅਰ ਭਾਜਪਾ ਆਗੂ) ਦੀ, ਉਹਨਾਂ ਦੇ ਮਾਤਾ ਕਾਂਤਾ ਰਾਣੀ ਅਤੇ ਪਿਤਾ ਮੰਗਤ ਰਾਏ ਉੱਪਲ (ਰਿਟਾਇਰਡ ਇੰਸਪੈਕਟਰ ਪੰਜਾਬ ਪੁਲਿਸ) ਦੇ ਪਰਿਵਾਰ ਨਾਲ ਡੀਐਸਪੀ ਬਰਨਾਲਾ ਸਤਬੀਰ ਸਿੰਘ ਬੈਂਸ ਅਤੇ ਐਸਐਚ ਓ ਸਿਟੀ 1 ਲਖਵਿੰਦਰ ਸਿੰਘ ਵੱਲੋਂ ਕੀਤੀ ਗਈ ਨਜਾਇਜ਼ ਕੁੱਟਮਾਰ ਅਤੇ ਦੋ ਘੰਟੇ ਦੇ ਕਰੀਬ ਨਜਾਇਜ਼ ਇਸਰਾਸਤ ਵਿੱਚ ਰੱਖਣ ਦੇ ਸਬੰਧ ਦੇ ਵਿੱਚ ਐਸਐਸਪੀ ਸਾਹਿਬ ਨਾਲ ਗੱਲਬਾਤ ਕੀਤੀ। ਸਾਰੀ ਗੱਲਬਾਤ ਐਸਐਸਪੀ ਸਾਹਿਬ ਦੇ ਧਿਆਨ ਵਿੱਚ ਲਿਆਂਦੀ ਅਤੇ ਉਹਨਾਂ ਨੂੰ ਬੇਨਤੀ ਕੀਤੀ ਕਿ ਸੰਬੰਧਿਤ ਦੋਨੋਂ ਪੁਲਿਸ ਅਧਿਕਾਰੀਆਂ ਅਤੇ ਉਹਨਾਂ ਦੇ ਸਾਥੀ 'ਤੇ ਬਣਦੀ ਕਾਰਵਾਈ ਕੀਤੀ ਜਾਵੇ। ਪਰਿਵਾਰ ਨੂੰ ਇਨਸਾਫ ਦਿੱਤਾ ਜਾਵੇ। ਅਸੀਂ ਪੁਲਿਸ ਪ੍ਰਸ਼ਾਸਨ ਅੱਗੇ ਮੰਗ ਕਰਦੇ ਹਾਂ ਕਿ ਜਲਦ ਤੋਂ ਜਲਦ ਪੀੜਿਤ ਪਰਿਵਾਰ ਨੂੰ ਇਨਸਾਫ ਦਿੱਤਾ ਜਾਵੇ ਅਤੇ ਸਬੰਧਤ ਪੁਲਿਸ ਅਫਸਰਾਂ ਖਿਲਾਫ ਕਾਰਵਾਈ ਕੀਤੀ ਜਾਵੇ, ਅਗਰ ਇਨਸਾਫ ਨਹੀਂ ਮਿਲਦਾ ਤਾਂ ਪਾਰਟੀ ਵੱਡੇ ਲੈਵਲ 'ਤੇ ਸੜਕਾਂ ਉੱਪਰ ਉਤਰੇਗੀ ਅਤੇ ਇਨਸਾਫ ਲੈ ਕੇ ਰਹੇਗੀ। ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਯਾਦਵਿੰਦਰ ਸ਼ੈਂਟੀ ਨੇ ਕਿਹਾ ਕਿ ਸਾਰਾ ਮਸਲਾ ਪਾਰਟੀ ਹਾਈ ਕਮਾਨ ਦੇ ਧਿਆਨ ਵਿੱਚ ਲਿਆਂਦਾ ਜਾ ਚੁੱਕਿਆ ਹੈ।

ਅੰਤਾਂ ਦੀ ਗਰਮੀ ਵਿੱਚ ਸਰਕਾਰੀ ਰਾਸ਼ਨ ਲੈਣ ਲਈ ਡਿੱਪੂ ਹੋਲਡਰ ਅਤੇ ਲਾਭਪਾਤਰੀ ਹੋ ਰਹੇ ਨੇ ਪ੍ਰੇਸ਼ਾਨ

ਇਸਦੇ ਹੱਲ ਲਈ ਹਰ ਮਹੀਨੇ ਸਰਕਾਰ ਜਾਰੀ ਕਰੇ ਰਾਸ਼ਨ : ਸਿੱਧੂ

ਬਰਨਾਲਾ, 5 ਜੂਨ (ਹਮੀਰ ਸਿੰਘ) : ਐਨ ਐੱਫ ਐੱਸ ਏ ਵਾਲਾ ਰਾਸ਼ਨ ਹਰ ਮਹੀਨੇ ਕੇਂਦਰ ਸਰਕਾਰ ਸੂਬਾ ਸਰਕਾਰਾ ਨੂੰ ਜਾਰੀ ਕਰਦੀ ਹੈ ਅਤੇ ਹਰ ਮਹੀਨੇ ਦੀ ਕਣਕ ਲੈਣ ਲਈ ਵੱਖਰੇ ਤੌਰ 'ਤੇ ਅਗੂੰਠਾ ਲਗਾ ਕੇ ਡਿਪੂ ਹੋਲਡਰ ਲਾਭਪਾਤਰੀ ਨੂੰ ਜਾਰੀ ਕਰਦਾ ਹੈ, ਪਰ ਪੰਜਾਬ ਸਰਕਾਰ ਆਪਣੇ ਪੁਰਾਣੇ ਪੈਟਰਨ 'ਤੇ ਹੀ ਤਿੰਨ ਮਹੀਨੇ ਦੀ ਕਣਕ ਜਾਰੀ ਕਰ ਰਹੀ ਹੈ, ਜਿਸ ਕਰਕੇ ਇਕ ਲਾਭਪਾਤਰੀ ਨੂੰ ਤਿੰਨ ਤਿੰਨ ਵਾਰ ਅੰਗੂਠੇ ਲਗਾ ਕੇ ਆਪਣਾ ਪੂਰਾ ਕੋਟਾ ਲੈਣਾ ਪੈ ਰਿਹਾ ਹੈ। ਮੌਸਮ ਬੇਹੱਦ ਖਰਾਬ ਹੈ, ਤਾਪਮਾਨ 45 ਡਿਗਰੀ 'ਤੇ ਹੈ, ਲੋਕ ਤਿੰਨ ਤਿੰਨ ਗੁਣਾ ਵੱਧ ਸਮਾਂ ਡਿਪੂਆਂ ਮੂਹਰੇ ਲਾਈਨਾਂ ਲਗਾਉਣ ਨੂੰ ਮਜਬੂਰ ਹਨ ਅਤੇ ਇਸ ਦਾ ਖਮਿਆਜ਼ਾ ਗਰੀਬ ਡਿਪੂ ਹੋਲਡਰ ਭੁਗਤ ਰਹੇ ਹਨ। ਕਿਉਂਕਿ ਲੋਕ ਤਾਂ ਇਹ ਸਮਝ ਰਹੇ ਹਨ ਕਿ ਡਿਪੂ ਹੋਲਡਰ ਜਾਣ ਬੁੱਝ ਕੇ ਲੋਕਾ ਨੂੰ ਤੰਗ ਪ੍ਰੇਸ਼ਾਨ ਕਰ ਰਹੇ ਹਨ, ਇਹ ਵਿਚਾਰ ਪੰਜਾਬ ਰਾਜ ਡਿਪੂ ਹੋਲਡਰ ਦੇ ਸੂਬਾ ਪ੍ਰਧਾਨ ਅਤੇ ਆਲ ਇੰਡੀਆਂ ਫੇਅਰ ਪ੍ਰਾਇਸ ਫੈਡਰੇਸ਼ਨ ਦੇ ਵਾਈਸ ਪ੍ਰਧਾਨ ਕੈਪਟਨ ਗੁਰਜਿੰਦਰ ਸਿੰਘ ਸਿੱਧੂ ਨੇ ਪ੍ਰੈਸ ਨੋਟ ਜਾਰੀ ਕਰਦਿਆ ਦੱਸਿਆ ਪੰਜਾਬ ਸਰਕਾਰ ਦੋ ਮਹੀਨੇ ਲੇਟ ਇਹ ਕਣਕ ਵੰਡ ਰਹੀ ਹੈ ਅਤੇ ਡਿਪੂ ਹੋਲਡਰ ਅੰਤਾ ਦੀ ਤਕਲੀਫ ਝੱਲ ਰਿਹਾ ਹੈ, ਕਿਉਂਕਿ ਜਿੱਥੇ ਮਿਹਨਤਾਨੇ ਦਾ ਸੁਆਲ ਹੈ ਉਸ ਬਾਬਤ ਗੱਲ ਕਰੀਏ ਤਾਂ ਇੱਕ ਡਿਪੂ ਹੋਲਡਰ ਦਾ ਕਮਿਸ਼ਨ ਸਿਰਫ 6 ਹਜ਼ਾਰ ਰੁਪਏ ਮਹੀਨਾ ਬਣਦਾ ਹੈ। ਸਰਕਾਰ ਨੇ ਤਿੰਨ ਤਿੰਨ ਮਹੀਨੇ ਦਾ ਰਾਸ਼ਨ ਵੰਡਣ ਲਈ ਤਿੰਨ ਤਿੰਨ ਵਾਰ ਅੰਗੂਠੇ ਲਵਾਉਣੇ ਕੋਈ ਸੌਖਾ ਕੰਮ ਨਹੀਂ। ਸਿੱਧੂ ਨੇ ਪੰਜਾਬ ਸਰਕਾਰ ਤੋਂ ਪੁਰਜ਼ੋਰ ਮੰਗ ਕੀਤੀ ਕੇ ਐਨ ਐੱਫ ਐੱਸ ਏ ਰਾਸ਼ਨ ਹਰ ਮਹੀਨੇ ਵੰਡਿਆ ਜਾਵੇ ਅਤੇ ਡਿਪੂ ਹੋਲਡਰਾ ਦਾ ਕਮਿਸ਼ਨ ਵਿੱਚ ਵਾਧਾ ਕਰਕੇ ਇਸ ਨੂੰ 90 ਰੁਪਏ ਪ੍ਰਤੀ ਕੁਇੰਟਲ ਤੋਂ 200 ਰੁਪਏ ਪ੍ਰਤੀ ਕੁਇੰਟਲ ਕੀਤਾ ਜਾਵੇ। ਇਸ ਮੌਕੇ ਫੈਡਰੇਸ਼ਨ ਦੇ ਸਕੱਤਰ ਕਰਮਜੀਤ ਸਿੰਘ ਦੋਰਾਹਾ ਹਾਜ਼ਰ ਸਨ।

ਵਿਸ਼ਵ ਵਾਤਾਵਰਨ ਦਿਵਸ ਮੌਕੇ ਆਰਿਆਭੱਟਾ ਗਰੁੱਪ ਵੱਲੋਂ ਵਿਸ਼ਾਲ ਰੁੱਖ ਲਗਾਓ ਮੁਹਿੰਮ

ਬਰਨਾਲਾ, 5 ਜੂਨ (ਹਮੀਰ ਸਿੰਘ) : ਵਿਸ਼ਵ ਵਾਤਾਵਰਨ ਦਿਵਸ ਦੇ ਮੌਕੇ 'ਤੇ ਆਰਿਆਭੱਟਾ ਗਰੁੱਪ ਆਫ ਇੰਸਟੀਚਿਊਟਸ, ਬਰਨਾਲਾ ਦੇ ਐਨ.ਐਸ.ਐਸ. ਵਿਭਾਗ ਵੱਲੋਂ ਵਿਸ਼ਾਲ ਰੁੱਖ ਲਗਾਓ ਮੁਹਿੰਮ ਅਤੇ ਵਾਤਾਵਰਣ ਸੰਭਾਲ ਸਬੰਧੀ ਜਾਗਰੂਕਤਾ ਲੈਕਚਰ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਕਾਲਜ ਕੈਂਪਸ ਵਿੱਚ ਛਾਂਦਾਰ, ਫਲਦਾਰ ਅਤੇ ਔਸ਼ਧੀ ਪੌਦੇ ਲਗਾ ਕੇ ਹਰਿਆਲੀ ਵਧਾਉਣ ਅਤੇ ਵਾਤਾਵਰਣ ਦੀ ਰੱਖਿਆ ਦਾ ਸੰਦੇਸ਼ ਦਿੱਤਾ ਗਿਆ। ਸਮਾਗਮ ਵਿੱਚ ਐਨ.ਐਸ.ਐਸ. ਵਲੰਟੀਅਰਾਂ, ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਉਤਸ਼ਾਹ ਨਾਲ ਭਾਗ ਲੈਂਦਿਆਂ ਵੱਧ ਤੋਂ ਵੱਧ ਰੁੱਖ ਲਗਾਉਣ ਅਤੇ ਉਨ੍ਹਾਂ ਦੀ ਸੰਭਾਲ ਕਰਨ ਦਾ ਅਹਿਦ ਕੀਤਾ। ਇਸ ਮੌਕੇ ਕਰਵਾਏ ਗਏ ਜਾਗਰੂਕਤਾ ਲੈਕਚਰ ਦੌਰਾਨ ਵਾਤਾਵਰਣ ਸੁਰੱਖਿਆ, ਜਲਵਾਯੂ ਪਰਿਵਰਤਨ, ਪਾਣੀ ਦੀ ਸੰਭਾਲ ਅਤੇ ਪਲਾਸਟਿਕ ਪ੍ਰਦੂਸ਼ਨ ਵਰਗੇ ਅਹਿਮ ਵਿਸ਼ਿਆਂ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ। ਸੰਸਥਾ ਦੇ ਚੇਅਰਮੈਨ ਇੰਜੀ. ਆਰ.ਕੇ. ਗੁਪਤਾ, ਵਾਈਸ ਚੇਅਰਮੈਨ ਰਣਜੀਵ ਮੰਗਲਾ, ਜਨਰਲ ਸਕੱਤਰ ਇੰਜੀ. ਵਿੱਕੀ ਸਿੰਗਲਾ, ਜਾਇੰਟ ਸਕੱਤਰ ਇੰਜੀ. ਇੰਦਰਪਾਲ ਗੋਇਲ, ਖਜ਼ਾਨਚੀ ਅਸ਼ਵਨੀ ਸਿੰਗਲਾ, ਐਡੀਸ਼ਨਲ ਸਕੱਤਰ ਇੰਜੀ. ਮੋਹਿਤ ਮੰਗਲਾ, ਐਗਜ਼ਿਕਿਊਟਿਵ ਮੈਂਬਰ ਹਰਭਜਨ ਸਿੰਘ ਅਤੇ ਡਾਇਰੈਕਟਰ ਡਾ. ਅਜੈ ਕੁਮਾਰ ਮਿੱਤਲ ਨੇ ਵਿਸ਼ਵ ਵਾਤਾਵਰਣ ਦਿਵਸ ਦੀਆਂ ਵਧਾਈਆਂ ਦਿੰਦਿਆਂ ਕਿਹਾ ਕਿ ਵਾਤਾਵਰਣ ਦੀ ਸੁਰੱਖਿਆ ਹਰ ਨਾਗਰਿਕ ਦੀ ਸਾਂਝੀ ਜ਼ਿੰਮੇਵਾਰੀ ਹੈ ਅਤੇ ਸਿੱਖਿਆ ਸੰਸਥਾਵਾਂ ਨੂੰ ਇਸ ਮੁਹਿੰਮ ਵਿੱਚ ਅਗਵਾਈ ਭੂਮਿਕਾ ਨਿਭਾਉਣੀ ਚਾਹੀਦੀ ਹੈ। ਡਾਇਰੈਕਟਰ ਡਾ. ਅਜੈ ਕੁਮਾਰ ਮਿੱਤਲ ਨੇ ਕਿਹਾ ਕਿ ਮੌਜੂਦਾ ਸਮੇਂ ਵਿੱਚ ਵਾਤਾਵਰਣ ਦੀ ਰੱਖਿਆ ਸਭ ਤੋਂ ਵੱਡੀ ਲੋੜ ਬਣ ਚੁੱਕੀ ਹੈ ਅਤੇ ਨੌਜਵਾਨ ਪੀੜ੍ਹੀ ਨੂੰ ਹਰਿਆਲੀ ਵਧਾਉਣ ਅਤੇ ਪ੍ਰਦੂਸ਼ਨ ਘਟਾਉਣ ਲਈ ਸਰਗਰਮ ਯੋਗਦਾਨ ਪਾਉਣਾ ਚਾਹੀਦਾ ਹੈ। ਇਸ ਮੌਕੇ ਡੀਨ ਅਕਾਦਮਿਕ ਡਾ. ਭਵੇਤ, ਡੀਨ ਇੰਜੀਨੀਅਰਿੰਗ ਰਜਨੀਸ਼ ਨਰੂਲਾ, ਐਨ.ਐਸ.ਐਸ. ਕੋਆਰਡੀਨੇਟਰ ਅਤੇ ਇਲੈਕਟ੍ਰਾਨਿਕਸ ਐਂਡ ਕਮਿਊਨੀਕੇਸ਼ਨ ਇੰਜੀਨੀਅਰਿੰਗ ਵਿਭਾਗ ਦੇ ਮੁਖੀ ਨਵਦੀਪ ਬਾਂਸਲ, ਮਕੈਨੀਕਲ ਇੰਜੀਨੀਅਰਿੰਗ ਵਿਭਾਗ ਦੇ ਮੁਖੀ ਵਿਜੈ ਕੁਮਾਰ, ਡਾ. ਜਸ਼ਨਜੋਤ ਅਤੇ ਭਾਵੁਕਤਾ ਸ਼ਰਮਾ ਸਮੇਤ ਵੱਡੀ ਗਿਣਤੀ ਵਿੱਚ ਵਿਦਿਆਰਥੀ ਅਤੇ ਸਟਾਫ਼ ਮੈਂਬਰ ਹਾਜ਼ਰ ਸਨ। ਸਮਾਗਮ ਦੇ ਅੰਤ ਵਿੱਚ ਐਨ.ਐਸ.ਐਸ. ਵਲੰਟੀਅਰਾਂ ਅਤੇ ਵਿਦਿਆਰਥੀਆਂ ਨੇ 'ਹਰ ਵਿਅਕਤੀ ਇੱਕ ਰੁੱਖ' ਲਗਾਉਣ ਅਤੇ ਉਸ ਦੀ ਸੰਭਾਲ ਕਰਨ ਦਾ ਸੰਕਲਪ ਦੁਹਰਾਇਆ। ਨਾਲ ਹੀ ਲਗਾਏ ਗਏ ਪੌਦਿਆਂ ਦੀ ਦੇਖਭਾਲ ਦੀ ਜ਼ਿੰਮੇਵਾਰੀ ਵੀ ਵਿਦਿਆਰਥੀਆਂ ਨੂੰ ਸੌਂਪੀ ਗਈ।

ਬਰਨਾਲਾ ਵਿੱਚ ਵਿਸ਼ਵ ਵਾਤਾਵਰਨ ਦਿਵਸ ਮੌਕੇ ਸਿਹਤ ਵਿਭਾਗ ਦੀ ਹਰਿਆਲੀ ਮੁਹਿੰਮ

ਬਰਨਾਲਾ, 5 ਜੂਨ (ਬਘੇਲ ਸਿੰਘ ਧਾਲੀਵਾਲ): ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਅਤੇ ਡਿਪਟੀ ਕਮਿਸ਼ਨਰ ਬਰਨਾਲਾ ਹਰਪ੍ਰੀਤ ਸਿੰਘ ਆਈ ਏ ਐਸ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸਿਹਤ ਵਿਭਾਗ ਬਰਨਾਲਾ ਵੱਲੋਂ ਸਿਹਤ ਸੰਸਥਾਵਾਂ ਵਿੱਚ ਪੌਦੇ ਲਗਾ ਕੇ ਅਤੇ ਜਾਗਰੂਕਤਾ ਗਤੀਵਿਧੀਆਂ ਕਰਕੇ ਵਿਸ਼ਵ ਵਾਤਾਵਰਨ ਦਿਵਸ ਮਨਾਇਆ ਗਿਆ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਿਵਲ ਸਰਜਨ ਬਰਨਾਲਾ ਡਾ. ਹਰੀਪਾਲ ਸਿੰਘ ਸਿੱਧੂ ਵੱਲੋਂ ਵੱਲੋਂ ਕੀਤਾ ਗਿਆ। ਜ਼ਿਲ੍ਹਾ ਬਰਨਾਲਾ ਦੀਆਂ ਸਿਹਤ ਸੰਸਥਾਵਾਂ ਵਿੱਚ ਵਿਸ਼ਵ ਵਾਤਾਵਰਨ ਦਿਵਸ ਕੁਦਰਤ ਤੋਂ ਪ੍ਰੇਰਿਤ, ਜਲਵਾਯੂ ਲਈ ਅਤੇ ਸਾਡੇ ਭਵਿੱਖ ਲਈ ਵਿਸ਼ੇ ਸਬੰਧੀ ਜਾਗਰੂਕ ਕਰਕੇ ਅਤੇ ਬੂਟੇ ਲਗਾ ਕੇ ਮਨਾਇਆ ਗਿਆ। ਸੀਨੀਅਰ ਮੈਡੀਕਲ ਅਫਸਰ ਡਾ. ਇੰਦੂ ਬਾਂਸਲ ਨੇ ਸਿਵਲ ਹਸਪਤਾਲ ਦੇ ਸਟਾਫ ਨਾਲ ਪੌਦੇ ਲਗਾਉਣ ਸਮੇਂ ਦੱਸਿਆ ਕਿ ਵਾਤਾਵਰਨ ਦੀ ਸਾਂਭ-ਸੰਭਾਲ ਸਾਡੀ ਸਭ ਦੀ ਜ਼ਿੰਮੇਵਾਰੀ ਬਣਦੀ ਹੈ। ਡਾ. ਮੁਨੀਸ਼ ਕੁਮਾਰ ਅਤੇ ਡਾ. ਸਾਕਸ਼ੀ ਸੋਨੀ ਨੇ ਦੱਸਿਆ ਕਿ ਪਾਣੀ, ਹਵਾ, ਧਰਤੀ, ਪ੍ਰਕਾਸ਼ ਅਤੇ ਜੰਗਲ ਸਾਡੇ ਕੁਦਰਤੀ ਸਰੋਤ ਹਨ, ਇਨ੍ਹਾਂ ਦੀ ਸਾਂਭ-ਸੰਭਾਲ ਕਰਨੀ ਸਾਡੀ ਤਰਜੀਹੀ ਜ਼ਿੰਮੇਵਾਰੀ ਬਣਦੀ ਹੈ। ਜ਼ਿਲ੍ਹਾ ਮਾਸ ਮੀਡੀਆ 'ਤੇ ਸੂਚਨਾ ਅਫਸਰ ਕੁਲਦੀਪ ਸਿੰਘ ਮਾਨ ਨੇ ਦੱਸਿਆ ਨੇ ਦੱਸਿਆ ਕਿ ਵੱਧ ਰਹੇ ਸ਼ਹਿਰੀਕਰਨ ਕਾਰਨ ਦਰੱਖਤਾਂ ਦੀ ਕਟਾਈ, ਫਾਲਤੂ ਕੂੜਾ ਕਰਕਟ, ਪਲਾਸਟਿਕ ਦੇ ਢੇਰ ਜੋ ਛੇਤੀ ਨਸ਼ਟ ਨਹੀਂ ਹੁੰਦੇ ਜਾਂ ਜਦੋਂ ਇਹ ਸਾੜੇ ਜਾਂਦੇ ਹਨ ਤਾਂ ਬਹੁਤ ਸਾਰੀਆਂ ਜ਼ਹਿਰੀਲੀਆਂ ਗੈਸਾਂ ਵਾਤਾਵਰਨ ਪ੍ਰਦੂਸ਼ਨ ਕਾਰਨ ਬਹੁਤ ਸਾਰੀਆਂ ਬਿਮਾਰੀਆਂ ਸਾਹ ਦੇ ਰੋਗ, ਕੰਨਾਂ, ਚਮੜੀ ਦੇ ਰੋਗ ਤੇ ਤਣਾਅ ਦਾ ਕਾਰਨ ਬਣਦੀਆਂ ਹਨ। ਗੁਰਮੇਲ ਸਿੰਘ ਢਿੱਲੋਂ, ਗੁਰਪ੍ਰੀਤ ਸਿੰਘ ਸਹਿਣਾ ਤੇ ਸੁਰਿੰਦਰ ਸਿੰਘ ਸਿਹਤ ਸੁਪਰਵਾਈਜ਼ਰ ਅਪੀਲ ਕੀਤੀ ਕਿ ਰਲ ਕੇ ਵਾਤਾਵਰਨ ਦੀ ਸੰਭਾਲ ਲਈ ਵੱਧ ਤੋਂ ਵੱਧ ਪੌਦੇ ਲਗਾਏ ਜਾਣ।

ਐੱਸ.ਆਈ.ਆਰ.-2026 ਤਹਿਤ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰੀ ਸੁਧਾਈ ਲਈ ਪ੍ਰਸ਼ਾਸਨ ਤਿਆਰ

ਬਰਨਾਲਾ, 5 ਜੂਨ (ਬਘੇਲ ਸਿੰਘ ਧਾਲੀਵਾਲ) : ਜ਼ਿਲ੍ਹਾ ਚੋਣ ਅਫ਼ਸਰ-ਕਮ- ਡਿਪਟੀ ਕਮਿਸ਼ਨਰ ਬਰਨਾਲਾ ਨੇ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਪੰਜਾਬ ਰਾਜ ਵਿੱਚ ਹੋਣ ਵਾਲੀ ਵਿਸ਼ੇਸ਼ ਗਹਿਰੀ ਸੁਧਾਈ (SIR) ਲਈ ਸੋਧੇ ਦਿਸ਼ਾ-ਨਿਰਦੇਸ਼ ਅਤੇ ਸਮਾਂ ਸਾਰਨੀ ਜਾਰੀ ਕੀਤੀ ਗਈ ਹੈ, ਜਿਸ ਤਹਿਤ ਆਉਂਦੇ ਦਿਨਾਂ ਵਿੱਚ ਐੱਸ ਆਈ ਆਰ ਦਾ ਕੰਮ ਕੀਤਾ ਜਾਣਾ ਹੈ। ਇਸ ਤੋਂ ਇਲਾਵਾ 7 ਜੂਨ ਦਿਨ ਐਤਵਾਰ ਨੂੰ ਪ੍ਰੀ ਐੱਸ ਆਈ ਆਰ ਮੈਪਿੰਗ ਕੈਂਪ ਸਾਰੇ ਪੋਲਿੰਗ ਸਟੇਸ਼ਨਾਂ ਉੱਤੇ ਲਗਾਏ ਜਾਣੇ ਹਨ। ਜ਼ਿਲ੍ਹਾ ਚੋਣ ਅਫ਼ਸਰ ਦੇ ਦਿਸ਼ਾ ਨਿਰਦੇਸ਼ ਤਹਿਤ ਅੱਜ ਵਧੀਕ ਜ਼ਿਲ੍ਹਾ ਚੋਣ ਅਫ਼ਸਰ ਸਹਿਤ ਵਧੀਕ ਡਿਪਟੀ ਕਮਿਸ਼ਨਰ (ਜ) ਵਿਵੇਕ ਕੁਮਾਰ ਮੋਦੀ ਵਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਬਰਨਾਲਾ ਵਿਖੇ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਕਰਕੇ ਭਾਰਤ ਚੋਣ ਕਮਿਸ਼ਨ ਵੱਲੋਂ ਵੋਟਰ ਸੂਚੀਆਂ ਦੀ ਐੱਸ ਆਈ ਆਰ-2026 ਦੀ ਸੋਧੀ ਸਮਾਂ ਸਾਰਨੀ ਸਾਂਝੀ ਕੀਤੀ ਗਈ। ਇਸ ਦਿਨ ਬੀ.ਐਲ.ਓ. ਸਵੇਰੇ 10:00 ਵਜੇ ਤੋਂ ਸ਼ਾਮ 4:00 ਵਜੇ ਤੱਕ ਆਪਣੇ-ਆਪਣੇ ਪੋਲਿੰਗ ਸਟੇਸ਼ਨਾਂ 'ਤੇ ਮੌਜੂਦ ਰਹਿਣਗੇ ਅਤੇ ਅਣ-ਮੈਪਡ ਵੋਟਰਾਂ ਦੀ ਮੈਪਿੰਗ ਕਰਨਗੇ। ਐਸ.ਆਈ.ਆਰ.-2026 ਦੇ ਰਿਵਾਈਜ਼ਡ ਸ਼ਡਿਊਲ ਅਨੁਸਾਰ ਪਹਿਲਾਂ 31 ਜੁਲਾਈ 2026 ਨੂੰ ਹੋਣ ਵਾਲੀ ਡਰਾਫਟ ਪ੍ਰਕਾਸ਼ਨਾ ਹੁਣ 3 ਅਗਸਤ 2026 ਨੂੰ ਕੀਤੀ ਜਾਵੇਗੀ। ਦਾਅਵੇ ਅਤੇ ਇਤਰਾਜ਼ ਪ੍ਰਾਪਤ ਕਰਨ ਦਾ ਸਮਾਂ 3 ਅਗਸਤ ਤੋਂ 2 ਸਤੰਬਰ-2026 ਤੱਕ ਰਹੇਗਾ, ਜਦਕਿ ਦਾਅਵਿਆਂ ਅਤੇ ਇਤਰਾਜ਼ਾਂ ਦਾ ਨਿਪਟਾਰਾ 28 ਸਤੰਬਰ 2026 ਤੱਕ ਕੀਤਾ ਜਾਵੇਗਾ। ਅੰਤਿਮ ਵੋਟਰ ਸੂਚੀ 1 ਅਕਤੂਬਰ 2026 ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ। ਮੀਟਿੰਗ ਵਿੱਚ ਆਮ ਆਦਮੀ ਪਾਰਟੀ, ਸ਼੍ਰੋਮਣੀ ਅਕਾਲੀ ਦਲ, ਭਾਰਤੀ ਜਨਤਾ ਪਾਰਟੀ, ਇੰਡੀਅਨ ਨੈਸ਼ਨਲ ਕਾਂਗਰਸ ਅਤੇ ਸੀ.ਪੀ.ਆਈ. (ਐਮ) ਦੇ ਨੁਮਾਇੰਦੇ ਹਾਜ਼ਰ ਸਨ। ਇਸ ਮੌਕੇ ਰਾਮ ਜੀ ਲਾਲ ਚੋਣ ਤਹਿਸੀਲਦਾਰ, ਮਨਜੀਤ ਸਿੰਘ ਚੋਣ ਕਾਨੂੰਗੋ ਅਤੇ ਦਫਤਰ ਦੇ ਹੋਰ ਕਰਮਚਾਰੀ ਵੀ ਮੌਜੂਦ ਰਹੇ।

ਪਟਿਆਲਾ-ਆਸ/ਪਾਸ

ਪੀ.ਡੀ.ਏ. ਅਥਾਰਟੀ ਵੱਲੋਂ ਅਣ-ਅਧਿਕਾਰਤ ਕਲੋਨੀਆਂ ਨੂੰ ਰੋਕਣ ਦੀ ਕਾਰਵਾਈ ਸ਼ੁਰੂ

➢ਲੋਕਾਂ ਨੂੰ ਅਪੀਲ, ਆਪਣੀ ਮਿਹਨਤ ਦੀ ਕਮਾਈ ਅਣ-ਅਧਿਕਾਰਤ ਕਲੋਨੀਆਂ 'ਚ ਨਾ ਲਗਾਉਣ : ਅਪਰਨਾ ਐਮ.ਬੀ.

ਪਟਿਆਲਾ, 5 ਜੂਨ (ਰੁਪਾਣਾ/ਅਮਰਜੀਤ) : ਪਟਿਆਲਾ ਡਿਵੈਲਪਮੈਂਟ ਅਥਾਰਿਟੀ, ਪਟਿਆਲਾ (ਪੀ.ਡੀ.ਏ.) ਦੇ ਮੁੱਖ ਪ੍ਰਸ਼ਾਸਕ ਅਪਰਨਾ ਐਮ.ਬੀ. ਨੇ ਦੱਸਿਆ ਹੈ ਕਿ ਪੀ.ਡੀ.ਏ ਵੱਲੋਂ ਜ਼ਿਲ੍ਹਾ ਪਟਿਆਲਾ ਅੰਦਰ ਬਿਨਾਂ ਪ੍ਰਵਾਨਗੀ ਦੇ ਹੋਂਦ ਵਿਚ ਆਈਆਂ ਅਣ-ਅਧਿਕਾਰਤ ਕਲੋਨੀਆਂ ਵਿਰੁੱਧ ਪਾਪਰਾ ਐਕਟ, 1995 ਦੀਆਂ ਧਾਰਾਵਾਂ ਤਹਿਤ ਬਣਦੀ ਕਾਰਵਾਈ ਕੀਤੀ ਜਾ ਰਹੀ ਹੈ। ਮੁੱਖ ਪ੍ਰਸ਼ਾਸਕ ਨੇ ਦੱਸਿਆ ਕਿ ਇਸ ਸਬੰਧੀ ਕਈ ਅਣ-ਅਧਿਕਾਰਤ ਕਲੋਨੀਆਂ ਨੂੰ ਢਾਹੁਣ ਦੀ ਕਾਰਵਾਈ ਕੀਤੀ ਗਈ ਹੈ ਅਤੇ ਸਬੰਧਤ ਸਬ-ਰਜਿਸਟਰਾਰਾਂ ਨੂੰ ਇਨਾਂ 100 ਤੋਂ ਜ਼ਿਆਦਾ ਅਣ-ਅਧਿਕਾਰਤ ਕਲੋਨੀਆਂ ਵਿਚ ਪਲਾਟਾਂ ਦੀਆਂ ਰਜਿਸਟਰੀਆਂ ਦਰਜ ਨਾ ਕਰਨ ਸਬੰਧੀ ਵੀ ਲਿਖਿਆ ਗਿਆ ਹੈ।ਅਪਰਨਾ ਐਮ.ਬੀ. ਨੇ ਅੱਗੇ ਦੱਸਿਆ ਕਿ ਕਲੋਨੀਕਾਰਾਂ, ਪ੍ਰੋਮੋਟਰਾਂ ਵੱਲੋਂ ਇਨ੍ਹਾਂ ਅਣ-ਅਧਿਕਾਰਤ ਕਲੋਨੀਆਂ ਵਿਚ ਬੁਨਿਆਦੀ ਸਹੂਲਤਾਂ ਜਿਵੇਂਕਿ ਪਾਣੀ, ਸੀਵਰੇਜ਼, ਬਿਜਲੀ ਦੀ ਸਹੂਲਤਾਂ ਪ੍ਰਦਾਨ ਨਹੀਂ ਕੀਤੀ ਜਾਂਦੀਆਂ।ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਮਿਹਨਤ ਦੀ ਕਮਾਈ ਇਨ੍ਹਾਂ ਅਣ-ਅਧਿਕਾਰਤ ਕਲੋਨੀਆਂ ਵਿਚ ਨਾ ਲਗਾਉਣ ਅਤੇ ਇਨਾਂ ਅਣ-ਅਧਿਕਾਰਤ ਕਲੋਨੀਆਂ ਵਿਚ ਪੈਂਦੇ ਪਲਾਟਾਂ ਦੀ ਕੋਈ ਖਰੀਦੋ-ਫਰੋਖਤ ਨਾ ਕਰਨ। ਪੀ.ਡੀ.ਏ ਦੇ ਮੁੱਖ ਪ੍ਰਸ਼ਾਸਕ ਨੇ ਲੋਕਾਂ ਨੂੰ ਸੂਚਿਤ ਕੀਤਾ ਕਿ ਇਨ੍ਹਾਂ ਅਣ-ਅਧਿਕਾਰਤ ਕਲੋਨੀਆਂ ਵਿਚ ਪੈਂਦੇ ਪਲਾਟਾਂ ਨੂੰ ਪੀਡੀਏ ਦਫਤਰ ਵੱਲੋਂ ਐਨ.ਓ.ਸੀ. ਜਾਰੀ ਨਹੀਂ ਕੀਤੇ ਜਾਂਦੇ। ਇਹਨਾਂ ਅਣ-ਅਧਿਕਾਰਤ ਕਲੋਨੀਆਂ ਦੀ ਸਾਰੀ ਸੂਚੀ ਪੀ.ਡੀ.ਏ. ਪਟਿਆਲਾ ਦਫਤਰ ਦੀ ਵੈਬਸਾਈਟ https://www.pdapatiala.in/ ਉਪਰ ਵੀ ਵੇਖੀ ਜਾ ਸਕਦੀ ਹੈ। ਉਨ੍ਹਾਂ ਨੇ ਅਜਿਹੇ ਕਲੋਨੀਕਾਰਾਂ ਅਤੇ ਪ੍ਰੋਮੋਟਰਾਂ ਨੂੰ ਵੀ ਸੁਚੇਤ ਕੀਤਾ ਹੈ ਕਿ ਉਹ ਕਿਸੇ ਤਰ੍ਹਾਂ ਦੀ ਕਲੋਨੀ ਡਿਵੈਲਪ ਕਰਨ ਤੋਂ ਪਹਿਲਾਂ ਪੁੱਡਾ ਦੇ ਨਿਯਮਾਂ ਅਨੁਸਾਰ ਸਮਰੱਥ ਅਧਿਕਾਰੀ ਤੋਂ ਲਾਇਸੈਂਸ ਪ੍ਰਾਪਤ ਕਰਨ, ਨਹੀਂ ਤਾਂ ਉਨ੍ਹਾਂ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ ਅਤੇ ਅਣ-ਅਧਿਕਾਰਤ ਕਲੋਨੀ ਨੂੰ ਢਾਹ ਦਿੱਤਾ ਜਾਵੇਗਾ।

ਵਿਧਾਇਕ ਸ਼ੁਤਰਾਣਾ ਨੇ ਘੱਗਰ ਦਰਿਆ ਦੇ ਬੰਨ੍ਹਾਂ ਦਾ ਲਿਆ ਜਾਇਜ਼ਾ

ਪਾਤੜਾਂ,5 ਜੂਨ (ਹਰਮਿੰਦਰ ਕਰਤਾਰਪੁਰ): ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਵੱਲੋਂ ਅੱਜ ਘੱਗਰ ਦਰਿਆ ਦੇ ਬੰਨ੍ਹਾਂ ਦਾ ਜਾਇਜ਼ਾ ਲੈਂਦਿਆਂ ਸਥਾਨਕ ਲੋਕਾਂ ਨਾਲ ਮੁਲਾਕਾਤ ਕੀਤੀ ਗਈ। ਘੱਗਰ ਦਰਿਆ ਦੀ ਨਾਲ ਲੱਗਦੇ ਸਾਗਰਾ, ਮਤੌਲੀ, ਤੇਈਪੁਰ, ਕਰੀਮਨਗਰ ਆਦਿ ਪਿੰਡਾਂ ਦੇ ਕਿਸਾਨਾਂ ਨੂੰ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਵੱਲੋਂ ਵਿਸ਼ਵਾਸ ਦਿਵਾਇਆ ਗਿਆ ਕਿ ਘੱਗਰ ਦਰਿਆ ਦੇ ਬੰਨ੍ਹਾਂ ਨੂੰ ਮਜ਼ਬੂਤ ਕਰਨ ਲਈ ਉਨ੍ਹਾਂ ਵੱਲੋਂ ਸਬੰਧਤ ਅਧਿਕਾਰੀਆਂ ਨਾਲ ਗੱਲਬਾਤ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਬਰਸਾਤੀ ਸੀਜ਼ਨ ਨੂੰ ਧਿਆਨ ਵਿੱਚ ਰੱਖਦਿਆਂ ਸੰਭਾਵਿਤ ਹੜ੍ਹਾਂ ਤੋਂ ਬਚਾਅ ਲਈ ਭਗਵੰਤ ਮਾਨ ਸਰਕਾਰ ਵੱਲੋਂ ਪੁਖਤਾ ਪ੍ਰਬੰਧ ਕੀਤੇ ਜਾ ਰਹੇ ਹਨ। ਉਨ੍ਹਾਂ ਮੌਕੇ ਉੱਪਰ ਹੀ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਹਰ ਤਰ੍ਹਾਂ ਦੇ ਪੁਖ਼ਤਾ ਪ੍ਰਬੰਧ ਬਰਸਾਤਾਂ ਸ਼ੁਰੂ ਹੋਣ ਤੋਂ ਪਹਿਲਾਂ ਹੀ ਮੁਕੰਮਲ ਕੀਤੇ ਜਾਣ।ਇਸ ਮੌਕੇ ਉਨ੍ਹਾਂ ਨਾਲ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਮੇਜਰ ਸਿੰਘ ਮਤੌਲੀ,ਸਰਪੰਚ ਬਲਜਿੰਦਰ ਸਿੰਘ ਜੋਗੇਵਾਲਾ, ਕੌਂਸਲਰ ਕੁਲਦੀਪ ਸਿੰਘ ਬਿੰਦ, ਕੌਂਸਲਰ ਅਮ੍ਰਿਤਪਾਲ ਸਿੰਘ ਕਾਲੇਕਾ, ਕੌਂਸਲਰ ਕੁਲਦੀਪ ਸਿੰਘ ਬਿੱਟੂ ਬਦੇਸ਼ਾ, ਕੌਂਸਲਰ ਮਨਵੀਰ ਸਿੰਘ ਮੰਨਾ ਸੰਧੂ ਮੌਲਵੀਵਾਲਾ, ਡਾਕਟਰ ਡੀਡੀ ਸਿੰਗਲਾ, ਸਰਪੰਚ ਹਰਦੀਪ ਸਿੰਘ ਸੰਧੂ, ਸਰਪੰਚ ਸੰਦੀਪ ਸਿੰਘ ਤੇਈਪੁਰ ਆਦਿ ਪ੍ਰਮੁੱਖ ਤੌਰ 'ਤੇ ਹਾਜ਼ਰ ਸਨ।

ਇੰਜੀ: ਬਰਾੜ ਨੇ ਪੀ.ਐੱਸ.ਪੀ.ਸੀ.ਐੱਲ. ਦੇ ਡਾਇਰੈਕਟਰ/ਜਨਰੇਸ਼ਨ ਵਜੋਂ ਅਹੁਦਾ ਸੰਭਾਲਿਆ

ਪਟਿਆਲਾ, 5 ਜੂਨ (ਰੁਪਾਣਾ) : ਇੰਜੀਨੀਅਰ ਪੁਨਰਦੀਪ ਸਿੰਘ ਬਰਾੜ ਨੇ ਸ਼ੁੱਕਰਵਾਰ ਨੂੰ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (PSPCL) ਵੱਲੋਂ ਇਸ ਅਹਿਮ ਅਹੁਦੇ 'ਤੇ ਕੀਤੀ ਨਿਯੁਕਤੀ ਤੋਂ ਬਾਅਦ ਡਾਇਰੈਕਟਰ/ਜਨਰੇਸ਼ਨ ਵਜੋਂ ਅਹੁਦਾ ਸੰਭਾਲ ਲਿਆ ਹੈ।ਇਸ ਅਹੁਦੇ 'ਤੇ ਤਾਇਨਾਤ ਹੋਣ ਤੋਂ ਪਹਿਲਾਂ, ਇੰਜੀਨੀਅਰ ਬਰਾੜ ਲੁਧਿਆਣਾ ਵਿਖੇ ਇੰਜੀਨੀਅਰ-ਇਨ-ਚੀਫ਼ (P&M) ਵਜੋਂ ਸੇਵਾ ਨਿਭਾ ਰਹੇ ਸਨ ਅਤੇ ਪੀ.ਐੱਸ.ਪੀ.ਸੀ.ਐੱਲ. ਵਿੱਚ ਸੇਵਾ ਕਰ ਰਹੇ ਚੀਫ਼ ਇੰਜੀਨੀਅਰਾਂ ਵਿੱਚੋਂ ਸਭ ਤੋਂ ਸੀਨੀਅਰ ਸਨ। ਬਿਜਲੀ ਖੇਤਰ ਵਿੱਚ 34 ਸਾਲਾਂ ਤੋਂ ਵੱਧ ਦੇ ਤਜਰਬੇ ਦੇ ਨਾਲ, ਉਹ ਇਸ ਅਹੁਦੇ ਲਈ ਵਿਆਪਕ ਤਕਨੀਕੀ ਅਤੇ ਪ੍ਰਸ਼ਾਸਨਿਕ ਮਾਹਰਤਾ ਰੱਖਦੇ ਹਨ। ਅਹੁਦਾ ਸੰਭਾਲਣ ਤੋਂ ਬਾਅਦ, ਇੰਜੀਨੀਅਰ ਬਰਾੜ ਨੇ ਉਨ੍ਹਾਂ ਵਿੱਚ ਭਰੋਸਾ ਪ੍ਰਗਟਾਉਣ ਅਤੇ ਇਹ ਜ਼ਿੰਮੇਵਾਰੀ ਸੌਂਪਣ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ. ਅਤੇ ਸੈਕਟਰੀ ਪਾਵਰ-ਕਮ-ਚੇਅਰਮੈਨ ਅਤੇ ਮੈਨੇਜਿੰਗ ਡਾਇਰੈਕਟਰ (ਸੀ.ਐੱਮ.ਡੀ.) ਪੀ.ਐੱਸ.ਪੀ.ਸੀ.ਐੱਲ. ਡਾ. ਬਸੰਤ ਗਰਗ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਉਹ ਉਨ੍ਹਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਅਤੇ ਸੂਬੇ ਦੇ ਬਿਜਲੀ ਉਤਪਾਦਨ (ਜਨਰੇਸ਼ਨ) ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਤਨਦੇਹੀ ਨਾਲ ਕੰਮ ਕਰਨ ਦਾ ਯਤਨ ਕਰਨਗੇ। ਜ਼ਿਕਰਯੋਗ ਹੈ ਕਿ ਉਹ ਖੇਤੀਬਾੜੀ ਸੀਜ਼ਨ ਦੌਰਾਨ ਕਿਸਾਨਾਂ ਨੂੰ ਦਿਨ ਵੇਲੇ ਨਿਰਵਿਘਨ ਅੱਠ ਘੰਟੇ ਬਿਜਲੀ ਸਪਲਾਈ ਯਕੀਨੀ ਬਣਾਉਣ ਲਈ ਪੀ.ਐੱਸ.ਪੀ.ਸੀ.ਐੱਲ. ਵੱਲੋਂ ਗਠਿਤ ਕੀਤੀ ਗਈ ਟੀਮ ਦੇ ਮੈਂਬਰ ਵੀ ਸਨ। ਬਿਜਲੀ ਖੇਤਰ ਵਿੱਚ ਉਨ੍ਹਾਂ ਦੇ ਵਿਆਪਕ ਤਜਰਬੇ ਨਾਲ ਪੂਰੇ ਸੂਬੇ ਵਿੱਚ ਭਰੋਸੇਯੋਗ ਅਤੇ ਕੁਸ਼ਲ ਬਿਜਲੀ ਸੇਵਾਵਾਂ ਪ੍ਰਦਾਨ ਕਰਨ ਦੇ ਪੀ.ਐੱਸ.ਪੀ.ਸੀ.ਐੱਲ. ਦੇ ਯਤਨਾਂ ਨੂੰ ਹੋਰ ਮਜ਼ਬੂਤੀ ਮਿਲਣ ਦੀ ਉਮੀਦ ਹੈ। ਫਰੀਦਕੋਟ ਦੇ ਰਹਿਣ ਵਾਲੇ ਇੰਜੀਨੀਅਰ ਬਰਾੜ ਨੇ ਆਪਣੇ ਲੰਬੇ ਕਰੀਅਰ ਦੌਰਾਨ ਵੱਖ-ਵੱਖ ਅਹੁਦਿਆਂ 'ਤੇ ਸੇਵਾਵਾਂ ਨਿਭਾਈਆਂ ਹਨ ਅਤੇ ਉਨ੍ਹਾਂ ਕੋਲ ਪੀ.ਐੱਸ.ਪੀ.ਸੀ.ਐੱਲ. ਦੇ ਥਰਮਲ ਜਨਰੇਸ਼ਨ, ਡਿਸਟ੍ਰੀਬਿਊਸ਼ਨ, ਇਨਫੋਰਸਮੈਂਟ, ਮਟੀਰੀਅਲ ਸਰਵਿਸਿਜ਼ ਅਤੇ ਕਮਰਸ਼ੀਅਲ ਆਰਗੇਨਾਈਜ਼ੇਸ਼ਨ ਵਿੱਚ ਕੰਮ ਕਰਨ ਦਾ ਵਧੀਆ ਤਜਰਬਾ ਹੈ।

ਬਿਕਰਮ ਕਾਲਜ ਆਫ਼ ਕਾਮਰਸ ਵਿਖੇ ਵਿਸ਼ਵ ਵਾਤਾਵਰਨ ਦਿਵਸ ਮਨਾਇਆ

ਪਟਿਆਲਾ, 5 ਜੂਨ (ਚ.ਨ.ਸ) : ਸਰਕਾਰੀ ਬਿਕਰਮ ਕਾਲਜ ਆਫ਼ ਕਾਮਰਸ, ਪਟਿਆਲਾ ਦੇ ਈਕੋ ਕਲੱਬ ਅਤੇ ਐਨ.ਐਸ.ਐਸ. ਵਿਭਾਗ ਵੱਲੋਂ ਮਿਤੀ 5 ਜੂਨ 2026 ਨੂੰ ਕਾਲਜ ਦੀ ਪ੍ਰਿੰਸੀਪਲ ਪ੍ਰੋ. ਸਕਿੰਦਰ ਕੌਰ ਦੀ ਅਗਵਾਈ ਹੇਠ ਵਿਸ਼ਵ ਵਾਤਾਵਰਨ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਹ ਗਤੀਵਿਧੀਆਂ ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨਾਲੋਜੀ ਵੱਲੋਂ ਆਯੋਜਿਤ ਵਾਤਾਵਰਨ ਸਿੱਖਿਆ ਪ੍ਰੋਗਰਾਮ (ਈ.ਈ.ਪੀ.) ਅਧੀਨ ਪ੍ਰਾਪਤ ਗ੍ਰਾਂਟ ਦੇ ਸਹਿਯੋਗ ਨਾਲ ਕਰਵਾਈਆਂ ਗਈਆਂ। ਇਨ੍ਹਾਂ ਗਤੀਵਿਧੀਆਂ ਦਾ ਸੰਚਾਲਨ ਈਕੋ ਕਲੱਬ ਦੀ ਇੰਚਾਰਜ ਡਾ. ਜਸਪ੍ਰੀਤ ਕੌਰ ਨੇ ਡਾ. ਤਰਨਦੀਪ ਕੌਰ, ਡਾ. ਸਪਨਾ ਧੀਮਾਨ ਅਤੇ ਪ੍ਰੋ. ਹਰਮਨਦੀਪ ਕੌਰ ਦੇ ਸਹਿਯੋਗ ਨਾਲ ਕੀਤਾ। ਇਸ ਮੌਕੇ ਸੰਬੋਧਨ ਕਰਦਿਆਂ ਪ੍ਰਿੰਸੀਪਲ ਪ੍ਰੋ. ਸਕਿੰਦਰ ਕੌਰ ਨੇ ਵਾਤਾਵਰਨ ਦੀ ਰੱਖਿਆ ਲਈ ਸਾਂਝੇ ਯਤਨਾਂ ਦੀ ਮਹੱਤਤਾ ਉੱਤੇ ਜ਼ੋਰ ਦਿੱਤਾ ਅਤੇ ਵਿਦਿਆਰਥੀਆਂ ਨੂੰ ਆਪਣੇ ਰੋਜ਼ਾਨਾ ਜੀਵਨ ਵਿੱਚ ਟਿਕਾਊ ਅਮਲ ਅਪਣਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਈਕੋ ਕਲੱਬ ਵੱਲੋਂ ਕੀਤੀਆਂ ਪਹਿਲਕਦਮੀਆਂ ਦੀ ਸ਼ਲਾਘਾ ਕੀਤੀ। ਸਮਾਗਮ ਦੌਰਾਨ ਕਾਲਜ ਕੈਂਪਸ ਵਿੱਚ ਉਤਸ਼ਾਹ ਨਾਲ ਭਾਗ ਲੈਂਦਿਆਂ ਵੱਖ-ਵੱਖ ਕਿਸਮਾਂ ਦੇ ਪੌਦੇ ਲਗਾਏ। ਇਸ ਗਤੀਵਿਧੀ ਦਾ ਉਦੇਸ਼ ਵਾਤਾਵਰਨ ਸੰਭਾਲ ਨੂੰ ਉਤਸ਼ਾਹਿਤ ਕਰਨਾ ਅਤੇ ਕੈਂਪਸ ਦੀ ਹਰਿਆਵਲੀ ਵਿੱਚ ਵਾਧਾ ਕਰਨਾ ਸੀ। ਇਸ ਪ੍ਰੋਗਰਾਮ ਵਿੱਚ ਸ਼੍ਰੀ ਰਾਹੁਲ ਮਲਿਕ, ਸਹਾਇਕ ਪ੍ਰਬੰਧਕ, ਨਾਬਾਰਡ, ਸ਼੍ਰੀ ਰਾਹੁਲ ਪਟੀਦਾਰ, ਸਹਾਇਕ ਪ੍ਰਬੰਧਕ, ਨਾਬਾਰਡ, ਸ਼੍ਰੀ ਜੈਦੀਪ ਚੌਗੁਲੇ, ਸੀਨੀਅਰ ਮੈਨੇਜਰ, ਪੰਜਾਬ ਗ੍ਰਾਮੀਣ ਬੈਂਕ, ਅਤੇ ਸ਼੍ਰੀ ਅਮਨਦੀਪ ਬੈਂਸ, ਚੀਫ਼ ਮੈਨੇਜਰ, ਪੰਜਾਬ ਗ੍ਰਾਮੀਣ ਬੈਂਕ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਡਾ. ਕੁਲਦੀਪ ਕੁਮਾਰ, ਡੀਨ ਲਾਈਫ ਸਾਇੰਸਿਜ਼ ਅਤੇ ਇੰਚਾਰਜ, ਈਕੋ ਕਲੱਬ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਵਾਤਾਵਰਨ ਦੀ ਸੰਭਾਲ ਵਿਅਕਤੀਗਤ ਜ਼ਿੰਮੇਵਾਰੀ ਤੋਂ ਸ਼ੁਰੂ ਹੁੰਦੀ ਹੈ ਅਤੇ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਰੋਜ਼ਾਨਾ ਜੀਵਨ ਵਿੱਚ ਵਾਤਾਵਰਨ-ਅਨੁਕੂਲ ਅਮਲ ਅਪਣਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਡਾ. ਅਜੀਤ ਕੁਮਾਰ, ਡਾ. ਗਣੇਸ਼ ਕੁਮਾਰ, ਡਾ. ਹਰਮੋਹਨ ਸ਼ਰਮਾ, ਡਾ. ਰੋਹਿਤ ਸਚਦੇਵਾ, ਡਾ. ਸੰਜੇ ਕੁਮਾਰ, ਡਾ. ਵਰੁਣ ਜੈਨ, ਡਾ. ਦੀਪਿਕਾ ਸਿੰਗਲਾ, ਡਾ. ਭਾਨਵੀ ਵਧਾਵਨ, ਡਾ. ਸੰਤੋਸ਼, ਡਾ. ਕਵਿਤਾ, ਡਾ.ਮਨੀਸ਼ ਕੁਮਾਰ ਅਤੇ ਡਾ.ਨਿਧੀ ਰਾਣੀ ਗੁਪਤਾ ਵੀ ਮੌਜੂਦ ਸਨ।

ਡੀ.ਸੀ. ਨੇ ਜਨਗਣਨਾ-2027 ਦੇ ਪਹਿਲੇ ਪੜਾਅ ਦਾ ਲਿਆ ਜਾਇਜ਼ਾ

ਪਟਿਆਲਾ, 5 ਜੂਨ (ਰੁਪਾਣਾ) : ਪਟਿਆਲਾ ਦੇ ਡਿਪਟੀ ਕਮਿਸ਼ਨਰ-ਕਮ-ਪ੍ਰਿੰਸੀਪਲ ਸੈਂਸਸ ਅਫ਼ਸਰ ਡਾ. ਹਿਮਾਂਸ਼ੂ ਅਗਰਵਾਲ ਨੇ ਜਨਗਣਨਾ-2027 ਦੇ ਪਹਿਲੇ ਪੜਾਅ ਹੇਠ ਚੱਲ ਰਹੇ ਕੰਮ ਦਾ ਜਾਇਜ਼ਾ ਲੈਂਦਿਆਂ ਸਮੂਹ ਗਿਣਤੀਕਾਰਾਂ ਅਤੇ ਸੁਪਰਵਾਈਜ਼ਰਾਂ ਨੂੰ ਅੰਕੜਿਆਂ ਦੀ ਸਟੀਕਤਾ, ਸੰਪੂਰਨਤਾ ਅਤੇ ਉੱਚ ਗੁਣਵੱਤਾ ਨੂੰ ਕਾਇਮ ਰੱਖਣ ਦੇ ਨਾਲ-ਨਾਲ ਨਿਰਧਾਰਿਤ ਸਮੇਂ ਵਿੱਚ ਕੰਮ ਮੁਕੰਮਲ ਕਰਨ ਦੀ ਹਦਾਇਤ ਕੀਤੀ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਸ਼ੁਰੂ ਕੀਤੇ ਗਏ ਡਰੱਗ ਅਤੇ ਸਮਾਜਿਕ-ਆਰਥਿਕ ਸਰਵੇਖਣ ਦਾ ਵੀ ਜਾਇਜ਼ਾ ਲਿਆ। ਉਨ੍ਹਾਂ ਨੇ ਹਲਕਾ-ਵਾਰ ਨਿਗੀਖਣ ਕਰਦਿਆਂ ਕਿਹਾ ਕਿ ਇਸ ਤਹਿਤ ਜ਼ਿਲ੍ਹੇ ਦੇ 1787 ਬੂਥਾਂ 'ਤੇ ਸਰਵੇਖਣ ਕਰਵਾਇਆ ਜਾ ਰਿਹਾ ਹੈ, ਜਿਸ ਨੂੰ ਸਮੇਂ ਸਿਰ ਮੁਕੰਮਲ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ। ਡਾ. ਹਿਮਾਂਸ਼ੂ ਅਗਰਵਾਲ ਨੇ ਬੈਠਕ ਦੌਰਾਨ ਦੱਸਿਆ ਕਿ ਜਨਗਣਨਾ-2027 ਦੇ ਪਹਿਲੇ ਪੜਾਅ ਤਹਿਤ 15 ਮਈ ਤੋਂ 13 ਜੂਨ 2026 ਤੱਕ ਹਾਊਸ ਲਿਸਟਿੰਗ ਕਾਰਜ ਵਜੋਂ ਚੱਲ ਰਿਹਾ ਹੈ, ਜਿਸ ਤਹਿਤ ਗਿਣਤੀਕਾਰ ਲੋਕਾਂ ਦੇ ਘਰ-ਘਰ ਜਾ ਕੇ ਹਾਊਸ ਲਿਸਟਿੰਗ ਦਾ ਕੰਮ ਕਰ ਰਹੇ ਹਨ ਅਤੇ ਨਾਗਰਿਕਾਂ ਤੋਂ 33 ਸਵਾਲਾਂ ਸਬੰਧੀ ਜਾਣਕਾਰੀ ਇਕੱਤਰ ਕਰ ਰਹੇ ਹਨ। ਉਨ੍ਹਾਂ ਨੇ ਦੇਵੀਗੜ੍ਹ ਅਤੇ ਰਾਜਪੁਰਾ ਵਿੱਚ ਕੀਤੇ ਗਏ ਚੰਗੇ ਕੰਮ ਲਈ ਸਬੰਧਤ ਚਾਰਜ ਅਧਿਕਾਰੀਆਂ ਦੀ ਪ੍ਰਸ਼ੰਸਾ ਕਰਦਿਆਂ ਬਾਕੀ ਅਧਿਕਾਰੀਆਂ ਨੂੰ ਵੀ ਕੰਮ ਵਿੱਚ ਹੋਰ ਤੇਜ਼ੀ ਲਿਆਉਣ ਦੀ ਹਦਾਇਤ ਕੀਤੀ। ਉਨ੍ਹਾਂ ਕਿਹਾ ਕਿ ਵਧੀਆ ਕੰਮ ਕਰਨ ਵਾਲੇ ਗਿਣਤੀਕਾਰਾਂ ਅਤੇ ਚਾਰਜ ਅਫ਼ਸਰਾਂ ਦਾ ਸਨਮਾਨ ਵੀ ਕੀਤਾ ਜਾਵੇਗਾ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜਨਗਣਨਾ-2027 ਦੇ ਪਹਿਲੇ ਪੜਾਅ ਦੌਰਾਨ ਇਕੱਤਰ ਕੀਤੇ ਜਾ ਰਹੇ ਡੇਟਾ ਦੀ ਸਟੀਕਤਾ, ਸੰਪੂਰਨਤਾ ਅਤੇ ਉੱਚ ਗੁਣਵੱਤਾ ਨੂੰ ਯਕੀਨੀ ਬਣਾਉਣ ਲਈ ਜ਼ਿਲ੍ਹਾ ਅਤੇ ਚਾਰਜ ਪੱਧਰ 'ਤੇ ਨਿਯਮਤ ਤੌਰ 'ਤੇ ਚੈਕਿੰਗ ਕੀਤੀ ਜਾ ਰਹੀ ਹੈ। ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਜਨਗਣਨਾ ਦੇ ਅੰਕੜੇ ਇਕੱਠੇ ਕਰਨ ਦੇ ਕੰਮ ਨੂੰ ਸਮੇਂ ਸਿਰ ਨੇਪਰੇ ਚੜ੍ਹਾਉਣ ਲਈ ਲਗਭਗ 3000 ਗਿਣਤੀਕਾਰਾਂ ਅਤੇ ਸੁਪਰਵਾਈਜ਼ਰਾਂ ਦਾ ਸਟਾਫ਼ ਜ਼ਮੀਨੀ ਪੱਧਰ 'ਤੇ ਤਾਇਨਾਤ ਕੀਤਾ ਗਿਆ ਹੈ। ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਸਮੂਹ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਵੱਲੋਂ ਕਰਵਾਏ ਜਾ ਰਹੇ ਜਨਗਣਨਾ ਦੇ ਇਸ ਮਹੱਤਵਪੂਰਨ ਕਾਰਜ ਵਿੱਚ ਪੂਰਨ ਸਹਿਯੋਗ ਕਰਨ। ਬੈਠਕ ਦੌਰਾਨ ਜ਼ਿਲ੍ਹੇ ਦੇ ਸੈਂਸਸ ਨੋਡਲ ਅਫ਼ਸਰ ਅਤੇ ਏ.ਡੀ.ਸੀ. (ਪੇਂਡੂ ਵਿਕਾਸ) ਦਮਨਜੀਤ ਸਿੰਘ ਮਾਨ, ਏ.ਡੀ.ਸੀ. (ਸ਼ਹਿਰੀ ਵਿਕਾਸ) ਨਵਗੀਤ ਕੌਰ ਸੇਖੋਂ, ਨਗਰ ਨਿਗਮ ਦੇ ਸੰਯੁਕਤ ਕਮਿਸ਼ਨਰ ਮਨਰੀਤ ਰਾਣਾ, ਸਮੂਹ ਐਸ.ਡੀ.ਐਮਜ਼, ਉਪ ਅਰਥ ਅਤੇ ਅੰਕੜਾ ਸਲਾਹਕਾਰ-ਕਮ-ਵਧੀਕ ਜ਼ਿਲ੍ਹਾ ਸੈਂਸ

ਪਟਿਆਲਾ-ਆਸ/ਪਾਸ

ਨਗਰ ਨਿਗਮ ਵੱਲੋਂ ਵਿਸ਼ੇਸ਼ ਸੁਵਿਧਾ ਕੈਂਪ ਦੀ ਸ਼ੁਰੂਆਤ

ਐਨ. ਓ.ਸੀ. ਅਤੇ ਨਕਸ਼ਿਆਂ ਸਬੰਧੀ 32 ਫਾਈਲਾਂ ਦਾ ਮੌਕੇ 'ਤੇ ਨਿਪਟਾਰਾ

ਪਟਿਆਲਾ, 5 ਜੂਨ (ਰੁਪਾਣਾ) : ਸ਼ਹਿਰ ਵਾਸੀਆਂ ਨੂੰ ਬਿਹਤਰ, ਪਾਰਦਰਸ਼ੀ ਅਤੇ ਤੇਜ਼ ਪ੍ਰਸ਼ਾਸਨਿਕ ਸੇਵਾਵਾਂ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਨਗਰ ਨਿਗਮ ਪਟਿਆਲਾ ਵੱਲੋਂ ਇੱਕ ਬੇਹੱਦ ਸ਼ਲਾਘਾਯੋਗ ਉਪਰਾਲਾ ਕੀਤਾ ਗਿਆ ਹੈ। ਮਾਨਯੋਗ ਮੇਅਰ ਕੁੰਦਨ ਗੋਗੀਆ ਅਤੇ ਕਮਿਸ਼ਨਰ ਪਰਮਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅੱਜ ਡਾ. ਅੰਬੇਦਕਰ ਹਾਲ ਵਿਖੇ ਪਲਾਟਾਂ ਦੀਆਂ ਐਨ.ਓ.ਸੀ. ਅਤੇ ਰਿਹਾਇਸ਼ੀ ਨਕਸ਼ੇ ਪਾਸ ਕਰਨ ਸਬੰਧੀ ਇੱਕ ਵਿਸ਼ੇਸ਼ ਸੁਵਿਧਾ ਕੈਂਪ ਲਗਾਇਆ ਗਿਆ। ਇਸ ਕੈਂਪ ਦਾ ਮੁੱਖ ਮੰਤਵ ਲੋਕਾਂ ਨੂੰ ਦਫ਼ਤਰੀ ਪ੍ਰਕਿਰਿਆ ਵਿੱਚ ਆ ਰਹੀਆਂ ਮੁਸ਼ਕਲਾਂ ਤੋਂ ਰਾਹਤ ਦੇਣਾ ਅਤੇ ਲੰਬਿਤ ਪਏ ਮਾਮਲਿਆਂ ਦਾ ਮੌਕੇ 'ਤੇ ਨਿਪਟਾਰਾ ਕਰਨਾ ਸੀ। ਕੈਂਪ ਦੌਰਾਨ ਨਗਰ ਨਿਗਮ ਦੇ ਉੱਚ ਅਧਿਕਾਰੀਆਂ ਅਤੇ ਤਕਨੀਕੀ ਸਟਾਫ਼ ਨੇ ਲੋਕਾਂ ਵੱਲੋਂ ਲਗਾਈਆਂ ਗਈਆਂ ਅਰਜ਼ੀਆਂ ਦੀ ਮੌਕੇ 'ਤੇ ਹੀ ਬਾਰੀਕੀ ਨਾਲ ਜਾਂਚ ਕੀਤੀ। ਵੱਖ-ਵੱਖ ਮਾਮਲਿਆਂ ਨਾਲ ਸਬੰਧਤ ਦਸਤਾਵੇਜ਼ਾਂ ਦੀ ਪੜਤਾਲ ਕਰਨ ਤੋਂ ਬਾਅਦ ਕੁੱਲ 32 ਫਾਈਲਾਂ ਦਾ ਮੌਕੇ 'ਤੇ ਹੀ ਨਿਪਟਾਰਾ ਕਰਕੇ ਪ੍ਰਵਾਨਗੀ ਦਿੱਤੀ ਗਈ, ਜਿਨ੍ਹਾਂ ਵਿੱਚ ਪਲਾਟਾਂ ਦੀਆਂ ਐਨ.ਓ.ਸੀ. ਅਤੇ ਰਿਹਾਇਸ਼ੀ ਮਕਾਨਾਂ ਦੇ ਨਕਸ਼ੇ ਸ਼ਾਮਲ ਸਨ। ਨਿਗਮ ਦੀ ਇਸ ਤੁਰੰਤ ਕਾਰਵਾਈ ਨਾਲ ਜਿੱਥੇ ਲੋਕਾਂ ਨੂੰ ਵੱਡੀ ਰਾਹਤ ਮਿਲੀ, ਉੱਥੇ ਹੀ ਉਨ੍ਹਾਂ ਦੇ ਸਮੇਂ ਅਤੇ ਖਰਚੇ ਦੀ ਵੀ ਭਾਰੀ ਬਚਤ ਹੋਈ। ਨਗਰ ਨਿਗਮ ਪ੍ਰਸ਼ਾਸਨ ਵੱਲੋਂ ਜਾਣਕਾਰੀ ਦਿੱਤੀ ਗਈ ਕਿ ਲੋਕ ਹਿੱਤ ਨੂੰ ਮੁੱਖ ਰੱਖਦਿਆਂ ਇਹ ਸੁਵਿਧਾ ਕੈਂਪ ਸਿਰਫ਼ ਅੱਜ ਤੱਕ ਹੀ ਸੀਮਤ ਨਹੀਂ ਰਹੇਗਾ, ਸਗੋਂ ਭਵਿੱਖ ਵਿੱਚ ਵੀ ਨਿਰੰਤਰ ਜਾਰੀ ਰਹੇਗਾ। ਪ੍ਰਸ਼ਾਸਨ ਵੱਲੋਂ ਬਣਾਈ ਗਈ ਨਵੀਂ ਯੋਜਨਾ ਤਹਿਤ ਹੁਣ ਹਰ ਸ਼ੁੱਕਰਵਾਰ ਨਗਰ ਨਿਗਮ ਪਟਿਆਲਾ ਦੇ ਦਫ਼ਤਰ ਵਿੱਚ ਅਜਿਹਾ ਵਿਸ਼ੇਸ਼ ਕੈਂਪ ਲਗਾਇਆ ਜਾਵੇਗਾ, ਤਾਂ ਜੋ ਨਾਗਰਿਕਾਂ ਨੂੰ ਆਪਣੇ ਨਕਸ਼ੇ ਅਤੇ ਐਨ.ਓ.ਸੀ. ਪਾਸ ਕਰਵਾਉਣ ਲਈ ਬਾਰ-ਬਾਰ ਦਫ਼ਤਰਾਂ ਦੇ ਗੇੜੇ ਨਾ ਮਾਰਨੇ ਪੈਣ ਅਤੇ ਇੱਕ ਹੀ ਥਾਂ 'ਤੇ ਸਾਰੀਆਂ ਸੇਵਾਵਾਂ ਮਿਲ ਸਕਣ। ਜਿਨ੍ਹਾਂ ਅਰਜ਼ੀਕਾਰਾਂ ਦੇ ਦਸਤਾਵੇਜ਼ ਅਧੂਰੇ ਸਨ, ਉਨ੍ਹਾਂ ਨੂੰ ਅਧਿਕਾਰੀਆਂ ਵੱਲੋਂ ਲੋੜੀਂਦੇ ਕਾਗਜ਼ਾਤ ਜਲਦ ਪੂਰੇ ਕਰਨ ਲਈ ਗਾਈਡ ਕੀਤਾ ਗਿਆ ਤਾਂ ਜੋ ਅਗਲੀ ਵਾਰ ਉਨ੍ਹਾਂ ਦਾ ਨਿਪਟਾਰਾ ਕੀਤਾ ਜਾ ਸਕੇ। ਇਸ ਵਿਸ਼ੇਸ਼ ਕੈਂਪ ਦੌਰਾਨ ਮੇਅਰ ਅਤੇ ਕਮਿਸ਼ਨਰ ਤੋਂ ਇਲਾਵਾ ਬਿਲਡਿੰਗ ਬ੍ਰਾਂਚ ਦੀ ਸਮੁੱਚੀ ਸੀਨੀਅਰ ਟੀਮ ਮੌਜੂਦ ਰਹੀ, ਜਿਨ੍ਹਾਂ ਵਿੱਚ ਨੀਰਜ ਭੱਟੀ (ਐਮ ਟੀ ਪੀ), ਕਮਲਪ੍ਰੀਤ ਸਿੰਘ (ਏ ਟੀ ਪੀ)), ਸਿਵਾਜੀਤ ਸਿੰਘ (ਏ ਟੀ ਪੀ) ਅਤੇ ਗਗਨਦੀਪ ਕੌਰ (ਏ ਟੀ ਪੀ)) ਵਿਸ਼ੇਸ਼ ਤੌਰ 'ਤੇ ਸ਼ਾਮਲ ਸਨ।

ਡੀ.ਸੀ. ਦੇ ਨਿਰਦੇਸ਼: ਗ਼ੈਰ-ਕਾਨੂੰਨੀ ਸ਼ਰਾਬ ਕਾਰੋਬਾਰ ਬਰਦਾਸ਼ਤ ਨਹੀਂ

➢ਮੀਥੇਨੌਲ ਦੀ ਖਰੀਦ-ਫਰੋਖ਼ਤ ਅਤੇ ਮੂਵਮੈਂਟ 'ਤੇ ਰਹੇਗੀ ਸਖ਼ਤ ਨਿਗਰਾਨੀ

ਨਕਲੀ ਸ਼ਰਾਬ ਵੇਚਣ ਵਾਲਿਆਂ ਖ਼ਿਲਾਫ਼ ਹੋਵੇਗੀ ਕਾਨੂੰਨੀ ਕਾਰਵਾਈ: ਡਾ. ਹਿਮਾਂਸ਼ੂ ਅਗਰਵਾਲ

ਪਟਿਆਲਾ 5 ਜੂਨ (ਰੁਪਾਣਾ/ ਵਿਨੋਦ ਸ਼ਰਮਾ): ਪੰਜਾਬ ਸਰਕਾਰ ਵੱਲੋਂ ਗ਼ੈਰ-ਕਾਨੂੰਨੀ ਅਤੇ ਨਕਲੀ ਸ਼ਰਾਬ ਦੇ ਕਾਰੋਬਾਰ ਨੂੰ ਰੋਕਣ ਲਈ ਜਾਰੀ ਹੁਕਮਾਂ ਦੇ ਤਹਿਤ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਇਕ ਵਿਸ਼ੇਸ਼ ਮੀਟਿੰਗ ਕਰਦਿਆਂ ਕਿਹਾ ਕਿ ਸਿਹਤ ਵਿਭਾਗ , ਪੁਲਿਸ ਵਿਭਾਗ, ਆਬਕਾਰੀ ਵਿਭਾਗ ਅਤੇ ਡਰੱਗ ਕੰਟਰੋਲਰ ਵਿਭਾਗ ਦੀਆਂ ਜੁਆਇੰਟ ਟੀਮਾਂ ਦਾ ਗਠਨ ਕਰਕੇ ਲਗਾਤਾਰ ਚੈਕਿੰਗ ਅਮਲ ਵਿੱਚ ਲਿਆਂਦੀ ਜਾਵੇ ਅਤੇ ਸਾਂਝੇ ਤੌਰ 'ਤੇ ਕਾਰਵਾਈ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਮੀਥੇਨੌਲ ਦੀ ਦੁਰਵਰਤੋਂ ਨਾ ਸਿਰਫ਼ ਕਾਨੂੰਨੀ ਉਲੰਘਣਾ ਹੈ, ਸਗੋਂ ਇਹ ਲੋਕਾਂ ਦੀ ਜਾਨ ਲਈ ਵੀ ਗੰਭੀਰ ਖ਼ਤਰਾ ਬਣ ਸਕਦੀ ਹੈ। ਇਸ ਲਈ ਨਕਲੀ ਸ਼ਰਾਬ ਵੇਚਣ ਵਾਲਿਆਂ ਅਤੇ ਇਸ ਧੰਦੇ ਨਾਲ ਜੁੜੇ ਵਿਅਕਤੀਆਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਡੀ ਸੀ ਨੇ ਕਿਹਾ ਕਿ ਮੀਥੇਨੌਲ (ਮਿਥਾਈਲ ਅਲਕੋਹਲ) ਇੱਕ ਜ਼ਹਿਰੀਲਾ ਕੈਮੀਕਲ ਪਦਾਰਥ ਹੈ ਅਤੇ ਇਸਦੀ ਦੁਰਵਰਤੋਂ ਨਾਲ ਅਣਸੁਖਾਵੀਂ ਘਟਨਾ ਵਾਪਰਨ ਦਾ ਖਦਸ਼ਾ ਬਣਿਆ ਰਹਿੰਦਾ ਹੈ। ਇਸ ਲਈ ਸੰਵੇਦਨਸ਼ੀਲ ਇਲਾਕਿਆਂ ਭਾਵ ਨਜਾਇਜ ਸ਼ਰਾਬ ਦੀ ਵਿਕਰੀ ਵਾਲੇ ਇਲਾਕਿਆਂ, ਲੇਬਰ ਕਲੋਨੀਆਂ, ਅਤੇ ਸਲੱਮ ਏਰੀਆਜ਼ ਆਦਿ ਖੇਤਰਾਂ ਵਿੱਚ ਚੈਕਿੰਗ ਕੀਤੀ ਜਾਵੇ ਅਤੇ ਇਸ ਸੰਬੰਧੀ ਆਮ ਜਨਤਾ ਨੂੰ ਜਾਗਰੂਕ ਕਰਨ ਲਈ ਜਾਗਰੂਕਤਾ ਮੁਹਿੰਮ ਚਲਾਈ ਜਾਵੇ। ਡਿਪਟੀ ਕਮਿਸ਼ਨਰ ਨੇ ਆਬਕਾਰੀ ਵਿਭਾਗ ਨੂੰ ਕਿਹਾ ਕਿ ਮੀਥੇਨੌਲ (ਮਿਥਾਈਲ ਅਲਕੋਹਲ) ਦੇ ਡੀਲਰਾਂ/ਅਦਾਰਿਆਂ ਦੀ ਨਿਗਰਾਨੀ ਰੱਖਣ ਲਈ ਸੰਬਧਤ ਵਿਭਾਗਾਂ ਦੀ ਜੁਆਇੰਟ ਟੀਮਾਂ ਦਾ ਗਠਨ ਕੀਤਾ ਜਾਵੇ ਤਾਂ ਜੋ ਮੀਥੇਨੌਲ (ਮਿਥਾਈਲ ਅਲਕੋਹਲ) ਦੀ ਖਰੀਦ, ਵਿਕਰੀ ਅਤੇ ਮੂਵਮੈਂਟ 'ਤੇ ਨਿਗਰਾਨੀ ਰੱਖੀ ਜਾ ਸਕੇ। ਡੀ ਸੀ ਨੇ ਸਮੂਹ ਐਸ.ਡੀ.ਐਮਜ਼ ਨੂੰ ਆਪਣੇ-ਆਪਣੇ ਖੇਤਰਾਂ ਵਿੱਚ ਮੀਥੇਨੌਲ ਅਤੇ ਹੋਰ ਰਸਾਇਣਕ ਪਦਾਰਥਾਂ ਦੇ ਲਾਇਸੈਂਸ ਜਾਰੀ ਕਰਵਾਉਣ ਵਾਲੀਆਂ ਇਕਾਈਆਂ ਦੀ ਜਾਂਚ ਕਰਨ ਦੇ ਨਿਰਦੇਸ਼ ਵੀ ਦਿੱਤੇ।ਡਾ. ਹਿਮਾਂਸ਼ੂ ਅਗਰਵਾਲ ਨੇ ਐਕਸਾਈਜ਼ ਵਿਭਾਗ ਨੂੰ ਹਦਾਇਤ ਕੀਤੀ ਕਿ ਮੀਥੇਨੌਲ ਲਈ ਜ਼ਹਿਰ ਲਾਇਸੈਂਸ ਰੱਖਣ ਵਾਲੀਆਂ ਫਰਮਾਂ ਅਤੇ ਸ਼ਰਾਬ ਨਾਲ ਸਬੰਧਤ ਲਾਇਸੈਂਸਧਾਰਕ ਇਕਾਈਆਂ ਦੀ ਵੱਖ-ਵੱਖ ਸੂਚੀ ਤਿਆਰ ਕਰਕੇ ਸਬੰਧਤ ਵਿਭਾਗਾਂ ਨਾਲ ਸਾਂਝੀ ਕੀਤੀ ਜਾਵੇ, ਤਾਂ ਜੋ ਨਿਗਰਾਨੀ ਅਤੇ ਜਾਂਚ ਪ੍ਰਕਿਰਿਆ ਨੂੰ ਹੋਰ ਪ੍ਰਭਾਵਸ਼ਾਲੀ ਬਣਾਇਆ ਜਾ ਸਕੇ। ਇਸ ਮੌਕੇ ਐਸ.ਪੀ. ਵੈਭਵ ਚੌਧਰੀ ਨੇ ਦੱਸਿਆ ਕਿ ਪੁਲਿਸ ਵੱਲੋਂ ਸਮੇਂ-ਸਮੇਂ 'ਤੇ ਚੈਕਿੰਗ ਅਤੇ ਛਾਪੇਮਾਰੀ ਕੀਤੀ ਜਾਂਦੀ ਹੈ ਅਤੇ ਭਵਿੱਖ ਵਿੱਚ ਵੀ ਅਜਿਹੀਆਂ ਕਾਰਵਾਈਆਂ ਹੋਰ ਤੇਜ਼ ਕੀਤੀਆਂ ਜਾਣਗੀਆਂ। ਸਿਵਲ ਸਰਜਨ ਡਾ. ਸ਼ੈਲੀ ਜੇਟਲੀ ਨੇ ਕਿਹਾ ਕਿ ਮੀਥੇਨੌਲ ਵਾਲੀ ਸ਼ਰਾਬ ਦੇ ਸੇਵਨ ਨਾਲ ਚੱਕਰ ਆਉਣਾ, ਉਲਟੀਆਂ, ਸਿਰ ਦਰਦ, ਧੁੰਦਲੀ ਨਜ਼ਰ, ਪੇਟ ਦਰਦ ਅਤੇ ਬੇਹੋਸ਼ੀ ਵਰਗੇ ਲੱਛਣ ਪੈਦਾ ਹੋ ਸਕਦੇ ਹਨ। ਅਜਿਹੀ ਸਥਿਤੀ ਵਿੱਚ ਤੁਰੰਤ ਡਾਕਟਰੀ ਸਹਾਇਤਾ ਲੈਣੀ ਲਾਜ਼ਮੀ ਹੈ। ਉਨ੍ਹਾਂ ਇਹ ਵੀ ਅਪੀਲ ਕੀਤੀ ਕਿ ਮੀਥੇਨੌਲ ਯੁਕਤ ਉਦਯੋਗਿਕ ਉਤਪਾਦਾਂ ਦੀ ਸੰਭਾਲ ਅਤੇ ਸਟੋਰੇਜ ਸੁਰੱਖਿਅਤ ਢੰਗ ਨਾਲ ਕੀਤੀ ਜਾਵੇ ਅਤੇ ਇਨ੍ਹਾਂ ਨੂੰ ਬੱਚਿਆਂ ਦੀ ਪਹੁੰਚ ਤੋਂ ਦੂਰ ਰੱਖਿਆ ਜਾਵੇ। ਡਿਪਟੀ ਕਮਿਸ਼ਨਰ ਨੇ ਦੁਹਰਾਇਆ ਕਿ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਪ੍ਰਸ਼ਾਸਨ ਵਚਨਬੱਧ ਹੈ ਅਤੇ ਨਕਲੀ ਸ਼ਰਾਬ ਦੇ ਕਾਰੋਬਾਰ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਮੌਕੇ ਸਹਾਇਕ ਕਮਿਸ਼ਨਰ ਐਕਸਾਈਜ਼ ਰਾਜੇਸ਼ ਐਰੀ, ਐਕਸਾਈਜ਼ ਅਫ਼ਸਰ ਰੁਪਿੰਦਰ ਜੀਤ , ਡਰੱਗ ਵਿਭਾਗ ਤੋਂ ਇਲਾਵਾ ਹੋਰ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ।

31 ਲੱਖ 50 ਹਜ਼ਾਰ ਦੇ ਧੋਖਾਧੜੀ ਮਾਮਲੇ 'ਚ ਦੋ ਵਿਅਕਤੀਆਂ ਵਿਰੁੱਧ ਮਾਮਲਾ ਦਰਜ

ਬਲਬੇੜ੍ਹਾ/ਡਕਾਲਾ, 5 ਜੂਨ (ਗੁਰਸੇਵਕ ਸਿੰਘ ਕਰਹਾਲੀ ਸਾਹਿਬ) : ਪਾਰਟਨਰਸ਼ਿਪ 'ਚ ਸਾਂਝਾ ਕਾਰੋਬਾਰ ਕਰ ਰਹੇ ਜਗਜੀਤ ਸਿੰਘ ਪੁੱਤਰ ਸੁਖਦੇਵ ਸਿੰਘ ਵਾਸੀ ਪਿੰਡ ਮਾਨਾ ਧੂਰੀ ਵੱਲੋਂ ਪੁਲਿਸ ਸਟੇਸ਼ਨ ਥਾਣਾ ਸਦਰ ਸਮਾਣਾ ਕੋਲ ਸ਼ਿਕਾਇਤ ਦਰਜ ਕਰਾਉਂਦੇ ਹੋਏ ਆਪਣੇ ਬਿਆਨ ਕਲਮਬੰਦ ਕਰਾਏ ਗਏ, ਜਿਸ 'ਚ ਉਹਨਾਂ ਦੋਸ਼ ਲਗਾਇਆ ਕਿ ਕੁਝ ਸਮਾਂ ਪਹਿਲਾਂ ਸਮਾਣਾ ਰੋਡ ਸਥਿਤ ਪਿੰਡ ਕਲਬੁਰਛਾਂ ਵਿਖੇ ਆਪਣੀ ਖਰੀਦ ਕੀਤੀ ਦੋ ਏਕੜ ਜ਼ਮੀਨ 'ਚ ਦੋਸ਼ੀ ਵਿਅਕਤੀਆਂ ਹਰਿੰਦਰ ਸਿੰਘ ਅਤੇ ਬਲਜਿੰਦਰ ਸਿੰਘ ਵਾਸੀ ਪਿੰਡ ਖੇੜਕੀ ਥਾਣਾ (ਪਸਿਆਣਾ) ਨਾਲ ਸਾਂਝੀ ਪਾਰਟਨਰਸ਼ਿਪ 'ਚ ਇੱਕ ਰਾਈਸ ਸ਼ੈਲਰ ਹਿੱਸੇਦਾਰੀ 'ਚ ਲਗਾਇਆ ਸੀ, ਜਿਸ ਵਿੱਚ ਉਹ ਖੁਦ 50% ਅਤੇ ਹਰਿੰਦਰ ਸਿੰਘ 25% ਤੇ ਬਲਜਿੰਦਰ ਸਿੰਘ 25% ਦੇ ਹਿੱਸੇਦਾਰੀ ਦੇ ਮਾਲਕ ਹਨ, ਜਗਜੀਤ ਸਿੰਘ ਨੇ ਦੱਸਿਆ ਕਿ ਹਰਿੰਦਰ ਸਿੰਘ 'ਤੇ ਬਲਜਿੰਦਰ ਸਿੰਘ ਨਾਲ ਆਪਸੀ ਸਹਿਮਤੀ ਤਹਿਤ ਸ਼ੈਲਰ ਨੂੰ ਰਜਿਸਟਰ ਕਰਾਉਣ, ਕਾਰੋਬਾਰ ਚਲਾਉਣ ਅਤੇ ਬੈਂਕ ਅਕਾਊਂਟ ਉਪਰੇਟ ਕਰਾਉਣ ਦੇ ਨਾਲ ਹਰ ਤਰ੍ਹਾਂ ਦੇ ਅਧਿਕਾਰ, ਉਨ੍ਹਾਂ ਵੱਲੋਂ ਹਰਿੰਦਰ ਸਿੰਘ ਅਤੇ ਬਲਜਿੰਦਰ ਸਿੰਘ ਨੂੰ ਦਿੱਤੇ ਹੋਏ ਸਨ, ਅਤੇ ਉਹ ਆਪਣੇ ਕਾਰੋਬਾਰ ਅਤੇ ਨਿਜੀ ਕੰਮਾਂ ਵਿੱਚ ਮਸਰੂਫ ਹੋ ਗਿਆ, ਅਤੇ ਉਕਤ ਕਥਿਤ ਦੋਸ਼ੀਆਂ ਨੇ ਮਿਲ ਕੇ ਸ਼ੈਲਰ ਦੀ ਕ੍ਰੈਡਿਟ ਲਿਮਿਟ ਵਿੱਚੋਂ ਕੈਸ਼ ਅਤੇ ਗੂਗਲ ਪੇਅ ਐਪ ਰਾਹੀਂ 31 ਲੱਖ 50 ਹਜ਼ਾਰ ਰੁਪਏ ਬਿਨਾਂ ਦੱਸੇ ਕਢਵਾ ਕੇ ਮੇਰੇ ਨਾਲ ਧੋਖਾਧੜੀ ਕੀਤੀ ਹੈ, ਜਦੋਂ ਇਸ ਸਬੰਧੀ ਉਹਨਾਂ ਤੋਂ ਹਿਸਾਬ ਕਿਤਾਬ ਪੁੱਛਿਆ ਗਿਆ ਤਾਂ ਉਹਨਾਂ ਨੇ ਮੈਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਵੀ ਦਿੱਤੀਆਂ। ਇਸ ਸਾਰੇ ਮਾਮਲੇ ਦਾ ਪੱਖ ਲੈਣ ਲਈ ਜਦੋਂ ਹਰਿੰਦਰ ਦਿਓਲ ਖੇੜਕੀ ਨਾਲ ਸੰਪਰਕ ਕੀਤਾ ਤਾਂ ਉਹਨਾਂ ਦੱਸਿਆ ਕਿ ਜਗਜੀਤ ਸਿੰਘ ਉਹਨਾਂ ਦੇ ਰਿਸ਼ਤੇਦਾਰੀ ਵਿੱਚੋ ਹਨ, ਜਿਨਾਂ ਦੇ ਨਾਲ ਉਹਨਾਂ ਵੱਲੋਂ ਤਕਰੀਬਨ 2007 ਵਿੱਚ ਹਿੱਸੇਦਾਰੀ ਵਿੱਚ ਰਾਈਸ ਮਿਲ ਲਗਾਇਆ ਗਿਆ ਸੀ, ਜਿਸ ਤੋਂ ਬਾਅਦ ਛੋਟੀਆਂ ਮੋਟੀਆਂ ਗੱਲਾਂ ਨੂੰ ਲੈ ਕੇ ਤਕਰਾਰ ਹੁੰਦਾ ਰਿਹਾ ਪਰ ਉਹਨਾਂ ਇਹਨਾਂ ਸਾਰੇ ਦੋਸ਼ਾਂ ਨੂੰ ਮੁੱਢ ਤੋਂ ਨਕਾਰਦਿਆਂ ਕਿਹਾ ਕਿ ਉਹਨਾਂ ਵੱਲੋਂ ਅਜਿਹੀ ਕੋਈ ਵੀ ਧੋਖਾਧੜੀ ਨਹੀਂ ਕੀਤੀ ਗਈ। ਹਾਲਾਂਕਿ ਇਸ ਮਾਮਲੇ ਨੂੰ ਲੈ ਕੇ ਸਥਾਨਕ ਪੁਲਿਸ ਵੱਲੋਂ ਪੁਲਿਸ ਥਾਣਾ ਸਦਰ ਸਮਾਣਾ ਵਿਖੇ ਉਕਤ ਵਿਅਕਤੀਆਂ ਖਿਲਾਫ ਅੰਡਰ ਸੈਕਸ਼ਨ 316(2) 318(4) ਅਤੇ 351 ਬੀ ਐਨਐਸ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ।

2027 'ਚ ਮੁੜ ਬਣੇਗੀ 'ਆਪ' ਦੀ ਸਰਕਾਰ : ਰੱਖੜਾ

ਨਾਭਾ, 5 ਜੂਨ (ਗੁਰਚਰਨ ਸਿੰਘ ਚੌਧਰੀ ਮਾਜਰਾ) : ਸਾਬਕਾ ਕੈਬਨਿਟ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸਾਬਕਾ ਮੰਤਰੀ ਸੁਰਜੀਤ ਸਿੰਘ ਰੱਖੜਾ ਨਾਭਾ ਵਿਖੇ ਮਲਕੀਤ ਇੰਡਸਟਰੀ ਪਹੁੰਚੇ। ਇਸ ਮੌਕੇ ਉਨ੍ਹਾਂ ਨੇ ਕਿਹਾ ਕਿ ਪੰਜਾਬ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਮੁੜ ਆਮ ਆਦਮੀ ਪਾਰਟੀ ਦੀ ਸਰਕਾਰ ਬਣੇਗੀ। ਰੱਖੜਾ ਨੇ ਬੇਅਦਬੀ ਸਬੰਧੀ ਬਣਾਏ ਗਏ ਕਾਨੂੰਨ ਬਾਰੇ ਕਿਹਾ ਕਿ ਇਸ ਮਾਮਲੇ ਨੂੰ ਲੈ ਕੇ ਉਨ੍ਹਾਂ ਦੀ ਮੁੱਖ ਮੰਤਰੀ ਨਾਲ ਗੱਲਬਾਤ ਹੋਈ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਕਿਸਾਨਾਂ ਦੇ ਖੇਤਾਂ ਤੱਕ ਨਹਿਰੀ ਪਾਣੀ ਪਹੁੰਚਾ ਕੇ ਵੱਡਾ ਉਪਰਾਲਾ ਕੀਤਾ ਹੈ, ਜਿਸ ਨਾਲ ਧਰਤੀ ਹੇਠਲੇ ਪਾਣੀ ਦੀ ਬਚਤ ਹੋ ਰਹੀ ਹੈ ਅਤੇ ਕਿਸਾਨਾਂ ਨੂੰ ਵੀ ਲਾਭ ਮਿਲ ਰਿਹਾ ਹੈ। ਇਸ ਦੌਰਾਨ ਮਲਕੀਤ ਕੰਬਾਇਨ ਦੇ ਐਮ.ਡੀ. ਚਰਨ ਸਿੰਘ ਵੱਲੋਂ ਸੁਰਜੀਤ ਸਿੰਘ ਰੱਖੜਾ ਦਾ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਇੰਡਸਟਰੀ ਨਾਲ ਜੁੜੀਆਂ ਕਈ ਪ੍ਰਮੁੱਖ ਸ਼ਖ਼ਸੀਅਤਾਂ ਵੀ ਹਾਜ਼ਰ ਸਨ।

ਵਾਤਾਵਰਨ ਸੰਭਾਲਣ ਲਈ ਹੰਭਲਾ ਮਾਰਨ ਦੀ ਲੋੜ : ਮੇਅਰ

ਪਟਿਆਲਾ, 5 ਜੂਨ (ਰੁਪਾਣਾ) : ਵਿਸ਼ਵ ਵਾਤਾਵਰਨ ਦਿਵਸ ਦੇ ਮੌਕੇ 'ਤੇ ਸ਼ਹਿਰ ਦੇ ਪ੍ਰਮੁੱਖ ਨਹਿਰੂ ਪਾਰਕ ਵਿੱਚ ਗਿਆਨ ਜਯੋਤੀ ਐਜੂਕੇਸ਼ਨ ਸੁਸਾਇਟੀ ਪਟਿਆਲਾ ਵੱਲੋ ਸਿਹਤ ਵਿਭਾਗ ਪਟਿਆਲਾ ਦੇ ਸਹਿਯੋਗ ਨਾਲ ' ਵਿਸ਼ਵ ਵਾਤਾਵਰਨ' ਦਿਵਸ ਦਾ ਉਪਕਾਰ ਸਿੰਘ,ਪ੍ਰਧਾਨ, ਗਿਆਨ ਜਯੋਤੀ ਐਜੂਕੇਸ਼ਨ ਸੋਸਾਇਟੀ ਅਤੇ ਸਿਵਲ ਸਰਜਨ ਪਟਿਆਲਾ ਦੀ ਅਗਵਾਈ ਵਿੱਚ ਵਿੱਚ ਵਿਸ਼ਵ ਵਾਤਾਵਰਨ ਦਿਵਸ ਮਨਾਇਆ ਗਿਆ। ਜਿਸ ਵਿੱਚ ਮੁੱਖ ਮਹਿਮਾਨ ਸ਼ਾਹੀ ਸਹਿਰ ਪਟਿਆਲਾ ਦੇ ਮੇਅਰ ਕੁੰਦਨ ਗੋਗੀਆ ਸਨ, ਪ੍ਰਧਾਨਗੀ ਡਾ. ਕੁਸ਼ਲਦੀਪ ਗਿਲ ਜਿਲ੍ਹਾ ਟੀਕਾਕਰਨ ਅਫ਼ਸਰ ਪਟਿਆਲਾ ਅਤੇ ਵਿਸ਼ਸ਼ ਮਹਿਮਾਨ ਡਾ ਸੁਮੀਤ ਸਿੰਘ ਜ਼ਿਲ੍ਹਾ ਐਪੀਡੀਮੋਲੋਜਿਸਟ ਦਫ਼ਤਰ ਸਿਵਲ ਸਰਜਨ ਪਟਿਆਲਾ ਸਨ। ਗਿਆਨ ਜਯੋਤੀ ਐਜੂਕੇਸ਼ਨ ਸੁਸਾਇਟੀ ਪਟਿਆਲਾ ਦੇ ਪ੍ਰਧਾਨ ਉਪਕਾਰ ਸਿੰਘ ਵੱਲੋ ਕੀਤੇ ਸਾਝੇ ਯਤਨਾ ਵਿੱਚ ਪਟਿਆਲਾ ਸ਼ਹਿਰ ਦੇ ਪ੍ਰਮੁੱਖ ਵਾਤਾਵਰਨ ਪ੍ਰੇਮੀਆ ਅਤੇ ਸਮਾਜਿਕ ਸੰਸਥਾਵਾ ਨੂੰ ਇੱਕ ਮੰਚ 'ਤੇ ਇਕੱਤਰ ਕੀਤਾ। ਡਾ ਹਰਨੇਕ ਸਿੰਘ ਢੋਟ ਸਹਾਇਕ ਡਾਇਰੈਕਟਰ (ਸੇਵਾਮੁਕਤ) ਭਾਸ਼ਾ ਵਿਭਾਗ ਪੰਜਾਬ ਪਟਿਆਲਾ ਵੱਲੋਂ ਸਟੇਜ ਸੰਚਾਲਨ ਦਾ ਕਾਰਜ ਨਿਭਾਇਆ ਗਿਆ। ਇਸ ਮੌਕੇ 'ਤੇ ਪ੍ਰਸਿੱਧ ਕਵਿੱਤਰੀ ਆਸ਼ਾ ਸ਼ਰਮਾ, ਜਤਵਿੰਦਰ ਗਰੇਵਾਲ, ਪਰਮਿੰਦਰ ਭਲਵਾਨ, ਅੰਗਰੇਜ ਸਿੰਘ ਵਿਰਕ,ਸੰਤ ਰਾਮ ਬਾਂਗਾ ਸਾਬਕਾ ਚੇਅਰਮੈਨ ਇੰਪਰੂਵਮੈਂਟ ਟਰੱਸਟ ਹਾਜ਼ਰ ਰਹੇ। ਏਕਮਜੋਤ ਕੌਰ ਸਟੇਟ ਐਵਾਰਡੀ, ਹਰਨਿਆਜ ਬੀਰ ਸਿੰਘ ਫੂਲਕਾ (ਵਾਤਾਵਰਨ ਪ੍ਰੇਮੀ) ਕਾਰਪੋਰੇਸ਼ਨ ਦੇ ਬਲਜਿੰਦਰ ਪੁਰੀ ਜੇਈ ਅਤੇ ਪਾਰਕ ਦੇ ਸਾਂਭ-ਸੰਭਾਲ ਕਰਨ ਵਾਲੇ ਕਰਮਚਾਰੀ ਨੂੰ ਪ੍ਰਸੰਸਾ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪੰਜਾਬ ਪੁਲਿਸ ਦੇ ਸਾਂਝ ਕੇਂਦਰ ਤੋ ਸੁਖਜਿੰਦਰ ਸਿੰਘ ਬਾਜਵਾ, ਜਸਪਾਲ ਸਿੰਘ, ਜਸਵੰਤ ਸਿੰਘ ਐਸ ਆਈ ਤੇ ਸਾਂਝ ਕੇਂਦਰ ਦੀ ਸਮੁੱਚੀ ਟੀਮ ਵਲੋ ਸਿਰਕਤ ਕੀਤੀ।ਇਸ ਮੌਕੇ ਬਲਵਿੰਦਰ ਕੌਰ ਸੰਧੂ ਜਨਰਲ ਸਕੱਤਰ, ਗੁਰਪ੍ਰੀਤ ਕੌਰ ਕਾਲੇਕਾ, ਰਾਣਾ ਸਿੱਧੂ, ਜਰਨੈਲ ਸਿੰਘ ਧਾਲੀਵਾਲ, ਸਤਵੀਰ ਧਾਲੀਵਾਲ, ਪਵਨ ਗੋਇਲ, ਮੀਨਾ ਸਰਮਾ ਸਾਬਕਾ ਐਮ ਸੀ ਮੋਹਨ ਖੰਨਾ,ਚਰਨਪਾਲ ਸਿੰਘ ਗੁਰਵਿੰਦਰ ਪਾਲ ਸੰਧੂ ਲੱਖਾ, ਦੇਵ ਰਾਜ, ਬੇਦੀ, ਸੰਟੀ ਦੀਪਕ ਕਪੂਰ, ਸ਼ਾਇਰ ਟੋਨੀ ਪਰਮਜੀਤ ਸਿੰਘ, ਨਰਿੰਦਰ ਸਰਮਾ ਅਖੀਰ ਵਿੱਚ ਮਨਜੀਤ ਕੌਰ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ।

ਭਾਜਪਾ ਵੱਲੋਂ ਵਿਧਾਨ ਸਭਾ ਹਲਕਾ ਸ਼ੁਤਰਾਣਾ 'ਚ ਬੂਥ ਕਮੇਟੀਆਂ ਦਾ ਗਠਨ

ਪਾਤੜਾਂ, 5 ਜੂਨ (ਹਰਮਿੰਦਰ ਕਰਤਾਰਪੁਰ): ਅਗਾਮੀ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਭਾਜਪਾ ਵਲੋਂ ਵਿਧਾਨ ਸਭਾ ਹਲਕਾ ਸ਼ੁਤਰਾਣਾ ਅੰਦਰ ਜ਼ਬਰਦਸਤ ਤਿਆਰੀਆ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਵਿਧਾਨ ਸਭਾ ਹਲਕਾ ਸ਼ੁਤਰਾਣਾ ਭਾਜਪਾ ਦੇ ਇੰਚਾਰਜ਼ ਨਰਾਇਣ ਸਿੰਘ ਨਰਸੋਤ ਵਲੋਂ ਅੱਜ ਪਾਤੜਾਂ 'ਚ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪਾਰਟੀ ਦੇ ਨਵ ਨਿਯੁਕਤ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਅਤੇ ਸਾਬਕਾ ਕੇਂਦਰੀ ਮੰਤਰੀ ਪ੍ਰਨੀਤ ਕੌਰ ਦੀ ਅਗਵਾਈ 'ਚ ਭਾਜਪਾ ਦੇ ਆਗੂਆਂ ਅਤੇ ਵਰਕਰਾਂ ਵਲੋਂ ਇੱਕਮੁੱਠ ਹੋ ਕੇ ਵਿਧਾਨ ਸਭਾ ਹਲਕਾ ਸ਼ੁਤਰਾਣਾ ਸ਼ਹਿਰ ਪਾਤੜਾਂ ਅਤੇ ਪਿੰਡਾਂ ਵਿੱਚ ਬੂਥ ਕਮੇਟੀਆਂ ਦਾ ਗਠਨ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਹਰ ਬੂਥ ਉੱਪਰ ਭਾਜਪਾ ਦੇ ਵਰਕਰਾਂ ਵਲੋਂ ਦਿਨ ਰਾਤ ਸਖ਼ਤ ਮਿਹਨਤ ਕੀਤੀ ਜਾ ਰਹੀ ਤਾਂ ਜੋ 2027 ਵਿੱਚ ਸੂਬੇ ਅੰਦਰ ਭਾਜਪਾ ਦੀ ਸਰਕਾਰ ਬਣਾਈ ਜਾ ਸਕੇ। ਇਸ ਮੌਕੇ ਉਨ੍ਹਾਂ ਨਾਲ ਬਾਬੂ ਕੀਮਤ ਲਾਲ ਸਿੰਗਲਾ,ਬਾਬੂ ਤਰਸੇਮ ਚੰਦ ਬਾਂਸਲ, ਸਾਬਕਾ ਚੇਅਰਮੈਨ ਤਰਲੋਚਨ ਸਿੰਘ ਸ਼ੇਰਗੜ,ਸਤੀਸ਼ ਕੁਮਾਰ ਗਰਗ,ਠੋਲੂ ਗਰਗ, ਬਗੀਚਾ ਸਿੰਘ ਦੁਤਾਲ, ਯੂਥ ਆਗੂ ਨਿਰੰਕਾਰ ਸਿੰਘ ਸੰਧੂ ਸ਼ੁਤਰਾਣਾ ਆਦਿ ਹਾਜ਼ਰ ਸਨ।

ਜੀ.ਐਸ.ਟੀ. ਨਾ ਭਰਨ 'ਤੇ ਫਰਮ ਖ਼ਿਲਾਫ਼ ਮਾਮਲਾ ਦਰਜ

ਸਮਾਣਾ, 5 ਜੂਨ (ਵਿਜੇ ਕੁਮਾਰ): ਐਕਸਾਈਜ ਐਂਡ ਟੈਕਸੇਸ਼ਨ ਅਫਸਰ ਪਟਿਆਲਾ ਵੱਲੋਂ ਸਮਾਣਾ ਦੀ ਇੱਕ ਫਰਮ 'ਤੇ ਕਰੋੜਾਂ ਰੁਪਏ ਦਾ ਜੀ.ਐਸ.ਟੀ. ਅਦਾ ਨਾ ਕਰਨ ਦੇ ਦੋਸ਼ ਹੇਠ ਥਾਣਾ ਸਿਟੀ ਸਮਾਣਾ ਨੂੰ ਇੱਕ ਦਰਖਾਸਤ ਦੇ ਕੇ ਫਾਰਮ ਦੇ ਮਾਲਕ ਖਿਲਾਫ ਮਾਮਲਾ ਦਰਜ ਕਰ ਕਾਰਵਾਈ ਕਰਨ ਦੀ ਮੰਗ ਕੀਤੀ ਹੈ। ਜਾਣਕਾਰੀ ਦਿੰਦਿਆਂ ਐਕਸਾਈਜ਼ ਐਂਡ ਟੈਕਸੇਸ਼ਨ ਅਫਸਰ ਨੇ ਦਰਖਾਸਤ ਰਾਹੀਂ ਦੱਸਿਆ ਕਿ ਪ੍ਰਿਯਾ ਟ੍ਰੇਨਿੰਗ ਕੰਪਨੀ ਭਵਾਨੀਗੜ੍ਹ ਰੋਡ ਸਮਾਣਾ ਦੇ ਮਾਲਕ ਜੈ ਪ੍ਰਕਾਸ਼ ਪੁੱਤਰ ਫੂਲ ਚੰਦ ਵਾਸੀ ਇੰਦਰਪੁਰੀ ਨੇ 2017 ਵਿੱਚ ਆਪਣਾ ਕਾਰੋਬਾਰ ਜੀ.ਐਸ.ਟੀ. ਨੰਬਰ ਲੈ ਕੇ ਸ਼ੁਰੂ ਕੀਤਾ ਸੀ। ਜਿਸ ਨੇ 1 ਕਰੋੜ 58 ਲੱਖ 54 ਹਜਾਰ 337 ਰੁਪਏ ਟੈਕਸ ਨਾ ਭਰ ਕੇ ਮਹਿਕਮੇ ਅਤੇ ਸਰਕਾਰ ਨਾਲ ਧੋਖਾਧੜੀ ਕੀਤੀ ਹੈ। ਪੁਲਸ ਅਧਿਕਾਰੀ ਏ.ਐਸ.ਆਈ. ਧਰਮਿੰਦਰ ਸਿੰਘ ਅਨੁਸਾਰ ਉੱਚ ਅਫਸਰਾਂ ਦੇ ਹੁਕਮਾਂ 'ਤੇ ਉਕਤ ਮੁਲਜਮ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ।

'ਬੋਲੇਗਾ ਘਨੌਰ, ਬਦਲੇਗਾ ਦੌਰ' ਪੈਦਲ ਮਾਰਚ ਸੱਤਵੇਂ ਦਿਨ 'ਚ ਦਾਖ਼ਲ

ਘਨੌਰ, 5 ਜੂਨ (ਮਦਨ ਲਾਲ): ਯੂਥ ਅਕਾਲੀ ਦਲ ਦੇ ਪ੍ਰਧਾਨ ਅਤੇ ਘਨੌਰ ਹਲਕਾ ਇੰਚਾਰਜ ਸਰਬਜੀਤ ਸਿੰਘ ਝਿੰਜਰ ਦਾ ਜਾਰੀ ਪੈਦਲ ਮਾਰਚ 'ਬੋਲੇਗਾ ਘਨੌਰ, ਬਦਲੇਗਾ ਦੌਰ' ਸ਼ੁੱਕਰਵਾਰ ਨੂੰ ਆਪਣੇ ਸੱਤਵੇਂ ਲਗਾਤਾਰ ਦਿਨ ਵਿੱਚ ਦਾਖਲ ਹੋ ਗਿਆ। ਮਾਰਚ ਘਨੌਰ ਹਲਕੇ ਵਿੱਚ ਘੱਗਰ ਬੈਲਟ ਦੇ ਪਿੰਡਾਂ ਵਿੱਚੋਂ ਲੰਘਦਾ ਰਿਹਾ, ਜਿਸ ਨੂੰ ਲੋਕਾਂ ਦਾ ਭਾਰੀ ਹੁੰਗਾਰਾ ਮਿਲਿਆ ਅਤੇ ਅਹਿਮ ਜ਼ਮੀਨੀ ਮੁੱਦੇ ਸਾਹਮਣੇ ਆਏ। ਸ਼ੁੱਕਰਵਾਰ ਦਾ ਮਾਰਚ ਪਿੰਡ ਲੋਹਸਿੰਬਲੀ ਤੋਂ ਸ਼ੁਰੂ ਹੋਇਆ ਅਤੇ ਉਂਟਸਰ, ਸਮਸਪੁਰ, ਜੰਡ ਮੰਗੋਲੀ, ਕਾਮੀ ਖੁਰਦ, ਚਮਾਰੂ, ਲਾਛੜੂ ਕਲਾਂ, ਕਾਮੀ ਕਲਾਂ, ਪਿੱਪਲ ਮੰਗੋਲੀ, ਸੰਧਾਰਸੀ ਅਤੇ ਮਿਰਜ਼ਾਪੁਰ ਤੋਂ ਹੁੰਦਾ ਹੋਇਆ ਕਬੂਲਪੁਰ ਵਿਖੇ ਸਮਾਪਤ ਹੋਇਆ, ਜਿੱਥੇ ਝਿੰਜਰ ਨੇ ਵੱਡੀ ਗਿਣਤੀ ਵਿੱਚ ਇਕੱਠੇ ਹੋਏ ਵਸਨੀਕਾਂ ਨੂੰ ਸੰਬੋਧਿਤ ਕੀਤਾ। 30 ਮਈ ਨੂੰ ਸ਼ੁਰੂ ਹੋਣ ਤੋਂ ਬਾਅਦ ਇਹ ਪੈਦਲ ਮਾਰਚ ਹਲਕੇ ਦੇ 60 ਤੋਂ ਵੱਧ ਪਿੰਡਾਂ ਨੂੰ ਕਵਰ ਕਰ ਚੁੱਕਾ ਹੈ। ਝਿੰਜਰ ਨੇ ਦੱਸਿਆ ਕਿ ਉਹ ਰੋਜ਼ਾਨਾ ਔਸਤਨ 26 ਤੋਂ 28 ਕਿਲੋਮੀਟਰ ਪੈਦਲ ਚੱਲ ਰਹੇ ਹਨ ਅਤੇ ਸੱਤ ਦਿਨਾਂ ਵਿੱਚ 150 ਕਿਲੋਮੀਟਰ ਤੋਂ ਵੱਧ ਦਾ ਸਫ਼ਰ ਪੈਦਲ ਤੈਅ ਕੀਤਾ ਹੈ। ਮਾਰਚ ਦਾ ਪਹਿਲਾ ਪੜਾਅ 8 ਜੂਨ ਨੂੰ ਸਮਾਪਤ ਹੋਣਾ ਨਿਰਧਾਰਿਤ ਹੈ। ਸ਼ੁੱਕਰਵਾਰ ਨੂੰ ਜਦੋਂ ਝਿੰਜਰ ਦਾ ਮਾਰਚ ਘੱਗਰ ਪੱਟੀ ਦੇ ਨਾਲ-ਨਾਲ ਲੋਹਸਿੰਬਲੀ ਤੋਂ ਉਂਟਸਰ ਵੱਲ ਵਧ ਰਿਹਾ ਸੀ, ਤਾਂ ਉਹ ਉਸ ਥਾਂ ਰੁਕੇ ਜਿੱਥੇ 2023 ਦੇ ਤਬਾਹਕੁੰਨ ਹੜ੍ਹਾਂ ਦੌਰਾਨ ਵੱਡਾ ਬੰਨ੍ਹ ਟੁੱਟਿਆ ਸੀ। ਮੌਕੇ 'ਤੇ ਮੀਡੀਆ ਨੂੰ ਸੰਬੋਧਿਤ ਕਰਦਿਆਂ ਝਿੰਜਰ ਨੇ ਦਿਖਾਇਆ ਕਿ ਇਹ ਬੰਨ੍ਹ ਤਿੰਨ ਸਾਲ ਬੀਤਣ ਦੇ ਬਾਵਜੂਦ ਅਜੇ ਵੀ ਓਥੇ ਹੀ ਪਿਆ ਹੈ ਅਤੇ ਸਥਾਨਕ ਵਸਨੀਕਾਂ ਲਈ ਵੱਡਾ ਖ਼ਤਰਾ ਬਣਿਆ ਹੋਇਆ ਹੈ। ਉਨ੍ਹਾਂ ਦੱਸਿਆ ਕਿ 2023 ਦੇ ਹੜ੍ਹਾਂ ਦੌਰਾਨ ਇਸ ਖੇਤਰ ਵਿੱਚ ਹਜ਼ਾਰਾਂ ਏਕੜ ਖੇਤੀਬਾੜੀ ਜ਼ਮੀਨ ਡੁੱਬ ਗਈ ਸੀ ਅਤੇ ਪਾਣੀ 6 ਫੁੱਟ ਤੋਂ ਵੱਧ ਚੜ੍ਹ ਗਿਆ ਸੀ, ਜਿਸ ਨਾਲ ਕਿਸਾਨਾਂ ਅਤੇ ਵਸਨੀਕਾਂ ਨੂੰ ਨਾ ਪੂਰਾ ਹੋਣ ਵਾਲਾ ਨੁਕਸਾਨ ਹੋਇਆ ਸੀ। ਇਸ ਮੌਕੇ ਸ.ਜਸਮੇਰ ਸਿੰਘ ਲਾਛੜੂ ਮੈਂਬਰ ਐਸਜੀਪੀਸੀ, ਗੁਰਜਿੰਦਰ ਸਿੰਘ ਕਬੂਲਪੁਰ ਸਰਕਲ ਪ੍ਰਧਾਨ, ਸਰਦੂਲ ਸਿੰਘ ਸਾਬਕਾ ਸਰਪੰਚ, ਨੰਬਰਦਾਰ ਕਰਮਜੀਤ ਸਿੰਘ, ਬਲਵਿੰਦਰ ਸਿੰਘ, ਮਲਕੀਤ ਸਿੰਘ, ਗੁਰਜੰਟ ਸਿੰਘ, ਜਸਵਿੰਦਰ ਸਿੰਘ, ਬਲਵਿੰਦਰ ਸਿੰਘ ਚਮਾਰੂ, ਗੁਰਮੀਤ ਸਿੰਘ, ਜਗਤਾਰ ਸਿੰਘ, ਦਵਿੰਦਰ ਸਿੰਘ, ਪਰਵਿੰਦਰ ਸਿੰਘ ਸਰਵਾਰਾ, ਕੁਲਦੀਪ ਸਿੰਘ, ਰਾਮ ਸਿੰਘ, ਬਲਜੀਤ ਸਿੰਘ ਸਾਬਕਾ ਸਰਪੰਚ, ਆਜ਼ਾਦ ਲਾਛੜੂ, ਜਗਦੇਵ ਸਿੰਘ ਜੱਸੀ, ਜਤਿੰਦਰ ਸਿੰਘ ਲੱਕੀ, ਲਖਬੀਰ ਸਿੰਘ ਮਾਹਰੀਆਂ ਮੌਕੇ 'ਤੇ ਹਾਜ਼ਰ ਸਨ।

ਹਲਕਾ ਇੰਚਾਰਜ ਰਣਜੋਧ ਸਿੰਘ ਹਡਾਨਾ ਦੀ ਅਗਵਾਈ 'ਚ ਪਿੰਡ ਜਲਬੇੜਾ ਦੇ ਸੈਂਕੜੇ ਪਿੰਡ ਵਾਸੀ 'ਆਪ' 'ਚ ਸ਼ਾਮਲ

ਭੁਨਰਹੇੜੀ, 5 ਜੂਨ (ਗੁਰਜੀਤ ਸਿੰਘ ਢੋਟ) : ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀਆਂ ਇਮਾਨਦਾਰ ਨੀਤੀਆਂ ਅਤੇ ਹਲਕਾ ਸਨੌਰ ਵਿੱਚ ਕਰਵਾਏ ਜਾ ਰਹੇ ਚੌਤਰਫ਼ਾ ਵਿਕਾਸ ਕਾਰਜਾਂ ਸਦਕਾ ਆਮ ਆਦਮੀ ਪਾਰਟੀ ਦਾ ਕਾਫ਼ਲਾ ਦਿਨ-ਬ-ਦਿਨ ਹੋਰ ਵੱਡਾ ਹੁੰਦਾ ਜਾ ਰਿਹਾ ਹੈ। ਇਸੇ ਲਹਿਰ ਤਹਿਤ ਅੱਜ ਹਲਕੇ ਵਿੱਚ ਪਾਰਟੀ ਨੂੰ ਉਸ ਸਮੇਂ ਬਹੁਤ ਵੱਡੀ ਸੰਗਠਨਾਤਮਕ ਮਜ਼ਬੂਤੀ ਮਿਲੀ, ਜਦੋਂ ਹਲਕਾ ਇੰਚਾਰਜ ਅਤੇ ਚੇਅਰਮੈਨ ਸਰਦਾਰ ਰਣਜੋਧ ਸਿੰਘ ਹਡਾਨਾ ਦੀ ਯੋਗ ਅਗਵਾਈ ਹੇਠ ਅਤੇ ਬਲਾਕ ਸੰਮਤੀ ਮੈਂਬਰ ਰਾਮ ਸਿੰਘ ਜਲਬੇੜਾ ਦੀ ਯੋਗ ਅਗਵਾਈ ਵਿੱਚ ਸੈਂਕੜੇ ਪਿੰਡ ਵਾਸੀ ਰਵਾਇਤੀ ਪਾਰਟੀਆਂ ਦੇ ਝੂਠੇ ਲਾਰਿਆਂ ਨੂੰ ਨਕਾਰ ਕੇ 'ਆਪ' ਪਰਿਵਾਰ ਵਿੱਚ ਸ਼ਾਮਲ ਹੋ ਗਏ। ਇਸ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਨਾ ਨੇ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਸੈਂਕੜੇ ਪਿੰਡ ਵਾਸੀਆਂ ਨੂੰ ਸਿਰੋਪਾਓ ਭੇਟ ਕਰਕੇ ਜੱਥੇਬੰਦੀ ਵਿੱਚ ਨਿੱਘਾ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਪੰਜਾਬ ਦੇ ਹਜ਼ਾਰਾਂ ਗੱਭਰੂਆਂ ਨੂੰ ਬਿਨਾਂ ਕਿਸੇ ਰਿਸ਼ਵਤ ਜਾਂ ਸਿਫ਼ਾਰਸ਼ ਦੇ ਸਰਕਾਰੀ ਨੌਕਰੀਆਂ ਦਿੱਤੀਆਂ ਹਨ ਅਤੇ ਹਲਕੇ ਦੇ ਵਿਕਾਸ ਲਈ ਗ੍ਰਾਂਟਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।ਇਸ ਮੌਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਅਹੁਦੇਦਾਰ, ਵੱਖ-ਵੱਖ ਪਿੰਡਾਂ ਦੇ ਪੰਚ-ਸਰਪੰਚ, ਪਾਰਟੀ ਦੇ ਮਿਹਨਤੀ ਵਲੰਟੀਅਰ ਅਤੇ ਇਲਾਕੇ ਦੇ ਪਤਵੰਤੇ ਸੱਜਣ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਸਰਕਾਰੀ ਕਾਲਜ ਲੜਕੀਆਂ ਵਿਖੇ ਪੌਦੇ ਲਗਾਏ

ਪਟਿਆਲਾ, 5 ਜੂਨ (ਚ.ਨ.ਸ) : ਵਿਸ਼ਵ ਵਾਤਾਵਰਨ ਦਿਵਸ ਦੇ ਮੌਕੇ 'ਤੇ ਸਰਕਾਰੀ ਕਾਲਜ ਲੜਕੀਆਂ ਪਟਿਆਲਾ ਦੇ ਈਕੋ ਕਲੱਬ ਵੱਲੋਂ ਵਾਤਾਵਰਨ ਸਿੱਖਿਆ ਪ੍ਰੋਗਰਾਮ ਤਹਿਤ 'ਇੱਕ ਪੇੜ ਮਾਂ ਦੇ ਨਾਮ' ਮੁਹਿੰਮ ਅਧੀਨ ਰੁੱਖ ਲਗਾਓ ਅਭਿਆਨ ਦਾ ਆਯੋਜਨ ਕੀਤਾ ਗਿਆ। ਕਾਲਜ ਦੇ ਪ੍ਰਿੰਸੀਪਲ ਡਾ. ਐਸ. ਐਸ. ਰੇਖੀ ਨੇ ਇਸ ਮੌਕੇ ਸੰਬੋਧਨ ਕਰਦਿਆਂ ਕਿਹਾ ਕਿ ਰੁੱਖ ਮਨੁੱਖੀ ਜੀਵਨ ਦਾ ਅਟੁੱਟ ਅੰਗ ਹਨ। ਇਹ ਨਾ ਸਿਰਫ਼ ਸਾਨੂੰ ਸ਼ੁੱਧ ਹਵਾ ਪ੍ਰਦਾਨ ਕਰਦੇ ਹਨ, ਸਗੋਂ ਜੈਵ ਵਿਭਿੰਨਤਾ ਦੀ ਸੰਭਾਲ, ਜਲਵਾਯੂ ਪਰਿਵਰਤਨ ਦੇ ਪ੍ਰਭਾਵਾਂ ਨੂੰ ਘਟਾਉਣ ਅਤੇ ਵਾਤਾਵਰਨ ਸੰਤੁਲਨ ਬਣਾਈ ਰੱਖਣ ਵਿੱਚ ਵੀ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਇਸ ਮੌਕੇ ਕਾਲਜ ਦੇ ਅਧਿਆਪਕਾਂ, ਵਿਦਿਆਰਥਣਾਂ ਅਤੇ ਈਕੋ ਕਲੱਬ ਦੇ ਮੈਂਬਰਾਂ ਵੱਲੋਂ ਕਾਲਜ ਕੈਂਪਸ ਵਿੱਚ ਵੱਖ-ਵੱਖ ਕਿਸਮਾਂ ਦੇ ਪੌਦੇ ਲਗਾਏ ਗਏ। ਈਕੋ ਕਲੱਬ ਦੇ ਇੰਚਾਰਜ ਨੇ ਕਿਹਾ ਕਿ ਰੁੱਖ ਲਗਾਉਣਾ ਕੁਦਰਤ ਨੂੰ ਮੁੜ ਸੁਰਜੀਤ ਕਰਨ, ਜੈਵ ਵਿਭਿੰਨਤਾ ਨੂੰ ਵਧਾਉਣ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਸਾਫ਼-ਸੁਥਰਾ ਅਤੇ ਸੁਰੱਖਿਅਤ ਵਾਤਾਵਰਣ ਯਕੀਨੀ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਹੈ।

ਆਪਣਾ ਕਲੱਬ ਸਮਾਣਾ ਵੱਲੋਂ ਕਪੂਰ ਚੰਦ ਬਾਂਸਲ ਦਾ ਸਨਮਾਨ

ਸਮਾਣਾ, 5 ਜੂਨ (ਵਿਜੇ ਕੁਮਾਰ) : ਨਗਰ ਕੌਂਸਲ ਚੋਣਾਂ ਵਿੱਚ ਸਾਨਦਾਰ ਜਿੱਤ ਪ੍ਰਾਪਤ ਕਰਨ 'ਤੇ ਕਪੂਰ ਚੰਦ ਬਾਂਸਲ ਨੂੰ ਆਪਣਾ ਕਲੱਬ ਸਮਾਣਾ ਵੱਲੋਂ ਸਨਮਾਨਿਤ ਕੀਤਾ ਗਿਆ। ਇਸ ਮੌਕੇ ਕਲੱਬ ਦੇ ਮੈਂਬਰਾਂ ਨੇ ਬਾਂਸਲ ਨੂੰ ਹਾਰਦਿਕ ਵਧਾਈ ਅਤੇ ਸ਼ੁਭਕਾਮਨਾਵਾਂ ਦਿੰਦੇ ਹੋਏ ਉਨ੍ਹਾਂ ਦੇ ਉੱਜਵਲ ਭਵਿੱਖ ਅਤੇ ਜਨ-ਸੇਵਾ ਪ੍ਰਤੀ ਸਮਰਪਣ ਦੀ ਭਰਪੂਰ ਸਲਾਘਾ ਕੀਤੀ। ਇਸ ਸਨਮਾਨ ਸਮਾਰੋਹ ਵਿੱਚ ਕਲੱਬ ਦੇ ਮੈਂਬਰ ਅਰੁਣ ਬਾਂਸਲ,. ਜੀ.ਸੀ. ਗੋਇਲ, ਨਵਨੀਤ ਜੈਨ, ਮਨੀਸ ਸਿੰਗਲਾ (ਰੌਕੀ), ਪੁਨੀਤ ਸਿੰਗਲਾ, ਮੁਨੀਸ ਗੋਇਲ, ਅਜੇ ਗਰਗ, ਦਿਨੇਸ਼ ਜੈਨ, ਰਾਜੀਵ ਗੋਇਲ (ਸੈਂਟੀ), ਮਨੀਸ਼ ਗਰਗ (ਕਾਲਾ), ਵਨੀਤ ਗੁਪਤਾ (ਮੋਂਟੀ) ਅਤੇ ਯਸ਼ ਸਿੰਗਲਾ ਵਿਸੇਸ ਤੌਰ 'ਤੇ ਹਾਜ਼ਰ ਰਹੇ। ਇਸ ਮੌਕੇ ਕੌਂਸਲਰ ਸੁਰਜੀਤ ਰਾਮ ਪੱਪੀ ਅਤੇ ਹੁਸਨਦੀਪ ਬਾਂਸਲ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਵੀ.ਡੀ.ਸੀ. ਮੀਟਿੰਗਾਂ ਸਦਕਾ ਨਸ਼ਾ ਤਸਕਰਾਂ ਸਬੰਧੀ 12 ਹਜ਼ਾਰ ਤੋਂ ਵੱਧ ਸੂਚਨਾਵਾਂ ਪ੍ਰਾਪਤ : ਕੋਹਲੀ

'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਮਿਲ ਰਿਹੈ ਲੋਕਾਂ ਦਾ ਭਰਪੂਰ ਸਹਿਯੋਗ : ਵਿਧਾਇਕ



ਪਟਿਆਲਾ, 5 ਜੂਨ (ਰੁਪਾਣਾ) : ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਨੂੰ ਹੋਰ ਮਜ਼ਬੂਤ ਬਣਾਉਣ ਦੇ ਮੰਤਵ ਨਾਲ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੀ.ਡੀ.ਸੀ. (ਵਿਲੇਜ ਡਿਫੈਂਸ ਕਮੇਟੀ) ਮੈਂਬਰਾਂ ਅਤੇ ਪਿੰਡਾਂ ਦੇ ਨੁਮਾਇੰਦਿਆਂ ਦੀ ਇਕ ਮਹੱਤਵਪੂਰਨ ਮੀਟਿੰਗ ਆਯੋਜਿਤ ਕੀਤੀ ਗਈ। ਇਸ ਮੌਕੇ ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਵੀ.ਡੀ.ਸੀ. ਮੈਂਬਰਾਂ ਅਤੇ ਪਿੰਡਾਂ ਦੇ ਨੁਮਾਇੰਦਿਆਂ ਵੱਲੋਂ ਨਸ਼ਿਆਂ ਖ਼ਿਲਾਫ਼ ਕੀਤੇ ਜਾ ਰਹੇ ਯਤਨਾਂ ਦੀ ਭਰਪੂਰ ਸ਼ਲਾਘਾ ਕੀਤੀ। ਵਿਧਾਇਕ ਕੋਹਲੀ ਨੇ ਆਪਣੇ ਸੰਬੋਧਨ ਦੌਰਾਨ ਦੱਸਿਆ ਕਿ ਵੀ.ਡੀ.ਸੀ.ਮੀਟਿੰਗਾਂ ਦੇ ਸਫਲ ਆਯੋਜਨ ਸਦਕਾ ਹੁਣ ਤੱਕ ਨਸ਼ਾ ਤਸਕਰਾਂ ਨਾਲ ਸੰਬੰਧਿਤ 12,000 ਤੋਂ ਵੱਧ ਸੂਚਨਾਵਾਂ ਪ੍ਰਾਪਤ ਹੋ ਚੁੱਕੀਆਂ ਹਨ, ਜਦਕਿ ਨਸ਼ਾ ਕਰਨ ਵਾਲੇ ਵਿਅਕਤੀਆਂ ਸਬੰਧੀ 2,500 ਤੋਂ ਵੱਧ ਸੂਚਨਾਵਾਂ ਵੀ ਮਿਲੀਆਂ ਹਨ। ਉਨ੍ਹਾਂ ਕਿਹਾ ਕਿ ਇਹ ਅੰਕੜੇ ਦਰਸਾਉਂਦੇ ਹਨ ਕਿ ਲੋਕ ਨਸ਼ਿਆਂ ਦੇ ਖ਼ਾਤਮੇ ਲਈ ਸਰਕਾਰ ਅਤੇ ਪ੍ਰਸ਼ਾਸਨ ਨਾਲ ਪੂਰੀ ਤਰ੍ਹਾਂ ਸਹਿਯੋਗ ਕਰ ਰਹੇ ਹਨ। ਇਸ ਮੌਕੇ ਐਸ ਡੀ ਐਮ ਗੁਰਦੇਵ ਸਿੰਘ ਧਮ ਅਤੇ ਉਪ ਕਪਤਾਨ ਪੁਲਿਸ ਪਟਿਆਲਾ (ਸਿਟੀ-1) ਨੇ ਵੀ ਮੀਟਿੰਗ ਨੂੰ ਸੰਬੋਧਨ ਕੀਤਾ। ਉਨ੍ਹਾਂ ਦੱਸਿਆ ਕਿ ਵੀ.ਡੀ.ਸੀ. ਮੈਂਬਰਾਂ ਵੱਲੋਂ ਦਫ਼ਤਰ ਨੂੰ ਦਿੱਤੀਆਂ ਜਾਣ ਵਾਲੀਆਂ ਸਾਰੀਆਂ ਸ਼ਿਕਾਇਤਾਂ ਅਤੇ ਸੂਚਨਾਵਾਂ ਨੂੰ ਪੂਰੀ ਗੁਪਤਤਾ ਨਾਲ ਸੰਭਾਲਿਆ ਜਾਂਦਾ ਹੈ। ਦਰਖ਼ਾਸਤਕਰਤਾਵਾਂ ਦੀ ਪਹਿਚਾਣ ਕਿਸੇ ਵੀ ਹਾਲਤ ਵਿੱਚ ਜਨਤਕ ਨਹੀਂ ਕੀਤੀ ਜਾਂਦੀ। ਉਨ੍ਹਾਂ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਸਿਵਲ ਪ੍ਰਸ਼ਾਸਨ ਅਤੇ ਪੁਲਿਸ ਪ੍ਰਸ਼ਾਸਨ ਪੰਜਾਬ ਸਰਕਾਰ ਦੀ ਇਸ ਮੁਹਿੰਮ ਨੂੰ ਸਫਲ ਬਣਾਉਣ ਲਈ ਹਮੇਸ਼ਾ ਤਤਪਰ ਹਨ ਅਤੇ ਪ੍ਰਾਪਤ ਹੋਣ ਵਾਲੀ ਹਰ ਸੂਚਨਾ 'ਤੇ ਤੁਰੰਤ ਕਾਰਵਾਈ ਕੀਤੀ ਜਾਂਦੀ ਹੈ। ਮੀਟਿੰਗ ਦੌਰਾਨ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਵੱਲੋਂ ਦੋ ਕਨਵੀਨਰਾਂ ਅਤੇ ਦੋ ਸਰਗਰਮ ਪ੍ਰਧਾਨਾਂ ਨੂੰ ਆਈ.ਡੀ. ਕਾਰਡ ਵੀ ਜਾਰੀ ਕੀਤੇ ਗਏ। ਉਨ੍ਹਾਂ ਕਿਹਾ ਕਿ ਇਹ ਆਈ.ਡੀ. ਕਾਰਡ ਵੀ.ਡੀ.ਸੀ. ਮੈਂਬਰਾਂ ਦੀ ਪਛਾਣ ਅਤੇ ਕਾਰਜਕੁਸ਼ਲਤਾ ਨੂੰ ਹੋਰ ਮਜ਼ਬੂਤ ਕਰਨ ਵਿੱਚ ਸਹਾਇਕ ਸਾਬਤ ਹੋਣਗੇ। ਉਨ੍ਹਾਂ ਆਈ.ਡੀ. ਕਾਰਡਾਂ ਦੀ ਮਹੱਤਤਾ ਅਤੇ ਇਸ ਨਾਲ ਜੁੜੇ ਲਾਭਾਂ ਬਾਰੇ ਵੀ ਵਿਸਥਾਰ ਨਾਲ ਜਾਣਕਾਰੀ ਦਿੱਤੀ। ਵਿਧਾਇਕ ਕੋਹਲੀ ਨੇ ਵੀ.ਡੀ.ਸੀ. ਮੈਂਬਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਇਲਾਕਿਆਂ ਵਿੱਚ ਸਰਗਰਮ ਨਸ਼ਾ ਤਸਕਰਾਂ ਸਬੰਧੀ ਵੱਧ ਤੋਂ ਵੱਧ ਸੂਚਨਾਵਾਂ ਸਾਂਝੀਆਂ ਕਰਨ ਤਾਂ ਜੋ ਉਨ੍ਹਾਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਨਸ਼ਾ ਮੁਕਤ ਪੰਜਾਬ ਦੀ ਸਿਰਜਣਾ ਲਈ ਸਮਾਜ ਦੇ ਹਰ ਵਰਗ ਦੀ ਭਾਗੀਦਾਰੀ ਬਹੁਤ ਜ਼ਰੂਰੀ ਹੈ। ਉਨ੍ਹਾਂ ਅੱਗੇ ਦੱਸਿਆ ਕਿ ਆਮ ਲੋਕਾਂ ਦੀਆਂ ਸਮੱਸਿਆਵਾਂ, ਸ਼ਿਕਾਇਤਾਂ ਅਤੇ ਸੁਝਾਵਾਂ ਨੂੰ ਸਿੱਧੇ ਤੌਰ 'ਤੇ ਇਕੱਠਾ ਕਰਨ ਲਈ ਹਰ ਵਿਧਾਨ ਸਭਾ ਹਲਕੇ ਦੇ 40 ਪਿੰਡਾਂ ਜਾਂ ਵਾਰਡਾਂ ਲਈ ਇੱਕ ਈ-ਰਿਕਸ਼ਾ ਤਾਇਨਾਤ ਕੀਤਾ ਜਾਵੇਗਾ। ਇਹ ਵਿਸ਼ੇਸ਼ ਪਹਿਲ ਲੋਕਾਂ ਅਤੇ ਪ੍ਰਸ਼ਾਸਨ ਵਿਚਕਾਰ ਸਿੱਧਾ ਸੰਪਰਕ ਸਥਾਪਿਤ ਕਰਨ ਵਿੱਚ ਮਦਦਗਾਰ ਸਾਬਤ ਹੋਵੇਗੀ।

ਪਟਿਆਲਾ ਸੋਸ਼ਲ ਵੈਲਫੇਅਰ ਸੁਸਾਇਟੀ ਨੇ ਬੂਟੇ ਲਗਾਏ

ਪਟਿਆਲਾ, 5 ਜੂਨ (ਚ.ਨ.ਸ) : ਪਟਿਆਲਾ ਸੋਸ਼ਲ ਵੈਲਫੇਅਰ ਸੋਸਾਇਟੀ 25 ਸਾਲਾ ਤੋਂ ਲਗਾਤਾਰ ਕੰਮ ਕਰ ਹੀ ਹੈ, ਇਸ ਸਾਲ ਉਹਨਾਂ ਦਾ ਸਿਲਵਰ ਜੁਬਲੀ ਸਾਲ ਵੀ ਚਲ ਰਿਹਾ ਹੈ। ਤੇਜਿੰਦਰ ਸਿੰਘ ਚੇਅਰਮੈਨ ਪਟਿਆਲਾ ਡਿਵੈਲਪਮੈਂਟ ਨੇ ਕਿਹਾ ਕਿ ਸਭ ਨੂੰ ਬੂਟੇ ਵੱਧ ਤੋਂ ਵੱਧ ਲਗਾਉਣੇ ਚਾਹੀਦੇ ਹਨ। ਹਰ ਪਰਿਵਾਰ ਨੂੰ ਜਿੱਥੇ ਵੀ ਰਹਿੰਦਾ ਹੋਵੇ ਉੱਥੇ ਹਰਾ ਭਰਾ ਰੱਖਣਾ ਸਾਡਾ ਸਭ ਦਾ ਫਰਜ਼ ਹੈ, ਤਾਂ ਕਿ ਸ਼ੁੱਧ ਆਕਸੀਜਨ ਪ੍ਰਾਪਤ ਹੋ ਸਕੇ ਅਤੇ ਜੀਵਨ ਸੁਚਾਰੂ ਰੂਪ ਨਾਲ ਚਲ ਸਕੇ। ਇਸ ਦੇ ਨਾਲ ਨਾਲ ਪਲਾਸਟਿਕ ਦੀ ਵਰਤੋ ਨਾ ਕੀਤੀ ਜਾਵੇ ਸਗੋਂ ਕੱਪੜੇ ਦੇ ਥੈਲੇ ਜਾਂ ਜੂਟ ਦੇ ਥੈਲੇ ਵਰਤੇ ਜਾਣ। ਸ੍ਰੀ ਵਿਜੇ ਕੁਮਾਰ ਗੋਇਲ ਨੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆ ਕਿਹਾ ਅਤੇ ਦੱਸਿਆ ਕਿ ਪਟਿਆਲਾ ਸ਼ੋਸ਼ਲ ਵੈਲਫੇਅਰ ਸੋਸਾਇਟੀ ਹੁਣ ਤੱਕ ਲਗਭਗ ਇੱਕ ਲੱਖ 50 ਹਜ਼ਾਰ ਤੋਂ ਵੱਧ ਕੱਪੜੇ ਦੇ ਥੈਲੇ ਵੰਡ ਚੁੱਕੀ ਹੈ। ਅੱਜ ਵਾਤਾਵਰਨ ਦਿਵਸ 'ਤੇ ਬੂਟੇ ਲਗਾਏ ਗਏ ਅਤੇ ਕੱਪੜੇ ਦੇ ਥੈਲੇ ਵੀ ਵੰਡੀ ਗਏ ਅਤੇ ਸੰਦੇਸ਼ ਵੀ ਦਿੱਤਾ ਗਿਆ ਕਿ ਵਾਤਾਵਰਨ ਨੂੰ ਸ਼ੁੱਧ ਰੱਖਣ ਅਤੇ ਬੂਟੇ ਲਗਾਉਣ ਲਈ ਜਾਗਰੂਕ ਕੀਤਾ ਗਿਆ। ਇਸ ਅਵਸਰ 'ਤੇ ਆਈ.ਟੀ.ਆਈ. ਦੇ ਅਧਿਆਪਕਾਂ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਨੀਨਾ ਰਾਣੀ, ਜਸਦੀਪ ਕੌਰ, ਗੁਰਵੀਰ ਕੌਰ, ਬਲਵੀਰ ਕੌਰ, ਸੀਨੂੰ ਸੈਨੀ, ਸੋਨੂੰ ਸਤੀਜਾ, ਰਾਜੋ ਰਾਣੀ, ਰੀਤੀਕਾ ਸ਼ਰਮਾ, ਅਮਰਜੀਤ ਸਿੰਘ, ਉਮੇਸ਼ ਗਹਿਰਾ, ਮਲਕੀਅਤ ਸਿੰਘ, ਜਤਿੰਦਰ ਕੁਮਾਰ, ਪਰਵੀਨ ਕੁਮਾਰ, ਇੰਦਰਜੀਤ ਸਿੰਘ, ਬਲਬੀਰ ਸਿੰਘ, ਸਾਮ ਲਾਲ ਵੀ ਉਚੇਚੇ ਤੌਰ ਤੇ ਸਨਮਾਨ ਕੀਤਾ ਗਿਆ। ਸੋਸਾਇਟੀ ਵਲੋਂ ਆਈ.ਟੀ.ਆਈ. 'ਚ ਬੂਟੇ ਵੀ ਲਗਾਏ ਅਤੇ ਇੱਕ ਏ.ਸੀ. ਦੇਣ ਦਾ ਵੀ ਫੈਸਲਾ ਕੀਤਾ ਗਿਆ। ਇਸ ਅਵਸਰ ਤੇ ਸਤੀਸ਼ ਵਿਦਰੋਹੀ ਅਤੇ ਬਰਜਿੰਦਰ ਠਾਕੁਰ ਨੇ ਆਪਣੀਆਂ ਰਚਨਾਵਾਂ ਨਾਲ ਸਭ ਦਾ ਮਨ ਮੋਹ ਲਿਆ। ਇਸ ਅਵਸਰ ਤੇ ਹਰਬੰਸ ਬਾਂਸਲ, ਰਾਜੇਸ਼ ਵਰਮਾ, ਅਜੀਤ ਸਿੰਘ ਭੱਟੀ, ਸਤਿੰਦਰ ਕੁਮਾਰ ਗੁਪਤਾ, ਸੰਜੇ ਧੀਰ, ਸੋਹਨ ਲਾਲ ਕਾਂਸਲ, ਕਮਲ ਗੋਇਲ, ਰਵਿੰਦਰ ਸਿੰਘ ਸਭਰਵਾਲ ਆਦਿ ਹਾਜ਼ਰ ਸਨ।